ਸੋਮਵਾਰ, 20 ਜੁਲਾਈ, 2026

5 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 49

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 20 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12


# ਸੰਸਦ ਮਾਰਚ ਰੋਕਣ ਲਈ ਕਿਸਾਨ ਅੰਦੋਲਨ ਵਰਗੀਆਂ ਪੇਸ਼ਬੰਦੀਆਂ

## ਅੱਜ ਦਾ ਮਾਰਚ 'ਦੂਜੀ ਆਜ਼ਾਦੀ ਦੀ ਲੜਾਈ' : ਵਾਂਗਚੁਕ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਸਫਦਰਗੰਜ ਹਸਪਤਾਲ ਦੇ ਬਿਸਤਰੇ ਤੋਂ ਹੀ ਲਦਾਖ ਦੇ ਉੱਘੇ ਵਾਤਾਵਰਣ ਪ੍ਰੇਮੀ ਅਤੇ ਸਮਾਜਿਕ ਕਾਰਕੁਨ ਸੋਨਮ ਵਾਂਗਚੁੱਕ ਨੇ ਆਪਣੀ ਪਤਨੀ ਗੀਤਾਂਜਲੀ ਜੇ. ਅੰਗਮੋ ਰਾਹੀਂ ਦੇਸ਼ ਵਾਸੀਆਂ ਦੇ ਨਾਂਅ ਇੱਕ ਅਹਿਮ ਹੱਥ ਲਿਖਤ ਸੁਨੇਹਾ ਭੇਜਿਆ ਹੈ। ਉਨ੍ਹਾਂ ਦੇ ਅਧਿਕਾਰਤ 'ਐਕਸ' ਖਾਤੇ 'ਤੇ ਸਾਂਝੇ ਕੀਤੇ ਗਏ ਇਸ ਨੋਟ ਵਿੱਚ ਉਨ੍ਹਾਂ ਨੇ 20 ਜੁਲਾਈ ਨੂੰ ਪ੍ਰਦਰਸ਼ਨਕਾਰੀਆਂ ਵੱਲੋਂ ਕੀਤੇ ਜਾ ਰਹੇ 'ਸੰਸਦ ਮਾਰਚ' ਨੂੰ ਭਾਰਤ ਦੀ 'ਦੂਜੀ ਆਜ਼ਾਦੀ ਦੀ ਲੜਾਈ' ਕਰਾਰ ਦਿੱਤਾ ਹੈ। ਵਾਂਗਚੁੱਕ ਨੇ ਆਪਣੇ ਸੁਨੇਹੇ ਵਿੱਚ ਲਿਖਿਆ, "20 ਜੁਲਾਈ, ਭਾਰਤ ਦੀ ਦੂਜੀ ਆਜ਼ਾਦੀ ਦੀ ਮੁਹਿੰਮ। ਬੇਇਨਸਾਫ਼ੀ (ਜਿਵੇਂ ਕਿ ਪੇਪਰ ਲੀਕ) ਤੋਂ ਆਜ਼ਾਦੀ ਅਤੇ ਡਰ (ਮੇਰੀ ਗ਼ੈਰ-ਕਾਨੂੰਨੀ ਹਿਰਾਸਤ) ਤੋਂ ਆਜ਼ਾਦੀ।" ਉਨ੍ਹਾਂ ਨੇ ਦੇਸ਼ ਭਰ ਦੇ ਨੌਜਵਾਨਾਂ ਅਤੇ ਸਮਰਥਕਾਂ ਨੂੰ ਅਪੀਲ ਕਰਦਿਆਂ ਅੱਗੇ ਲਿਖਿਆ, "ਸੰਸਦ ਵੱਲ ਮਾਰਚ ਕਰੋ। ਕਿਰਪਾ ਕਰਕੇ ਇਸ ਮੁਹਿੰਮ ਨੂੰ ਇੱਕ ਵੱਡੀ ਅਤੇ ਇਤਿਹਾਸਕ ਸਫ਼ਲਤਾ ਬਣਾਓ।" ਸੋਨਮ ਵਾਂਗਚੁੱਕ ਨੂੰ ਹਸਪਤਾਲ ਦਾਖ਼ਲ ਕੀਤੇ ਜਾਣ ਅਤੇ ਦੇਸ਼ ਭਰ ਵਿੱਚ ਪੇਪਰ ਲੀਕ ਮਾਮਲੇ ਨੂੰ ਲੈ ਕੇ ਬਣੇ ਗੁੱਸੇ ਦਰਮਿਆਨ ਸਵੇਰੇ ਸੋਮਵਾਰ ਨੂੰ ਹੋਣ ਵਾਲੇ ਇਸ ਸੰਸਦ ਮਾਰਚ ਕਾਰਨ ਦਿੱਲੀ ਦੀਆਂ ਸਰਹੱਦਾਂ ਅਤੇ ਜੰਤਰ-ਮੰਤਰ ਦੇ ਆਲੇ-ਦੁਆਲੇ ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਹਨ। ਵਾਂਗਚੁੱਕ ਨੂੰ ਸ਼ਨੀਵਾਰ ਤੜਕੇ ਉਨ੍ਹਾਂ ਦੀ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਦੇ 21ਵੇਂ ਦਿਨ ਦਿੱਲੀ ਪੁਲਸ ਵੱਲੋਂ ਜ਼ਬਰਦਸਤੀ ਸਫ਼ਦਰਜੰਗ ਹਸਪਤਾਲ ਦਾਖ਼ਲ ਕਰਵਾਏ ਜਾਣ ਦੇ ਬਾਵਜੂਦ ਜੰਤਰ-ਮੰਤਰ 'ਤੇ ਚੱਲ ਰਿਹਾ ਪ੍ਰਦਰਸ਼ਨ ਖ਼ਤਮ ਹੋਣ ਦਾ ਨਾਂਅ ਨਹੀਂ ਲੈ ਰਿਹਾ।

ਨਗੀਨਾ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਚੰਦਰਸ਼ੇਖਰ ਆਜ਼ਾਦ ਐਤਵਾਰ ਦੁਪਹਿਰ ਢਾਈ ਵਜੇ ਦੇ ਕਰੀਬ ਆਪਣੇ ਸਾਥੀਆਂ ਅਤੇ ਲੱਗਭੱਗ 50 ਸਮਰਥਕਾਂ ਦੀ ਟੀਮ ਸਮੇਤ ਜੰਤਰ-ਮੰਤਰ ਪ੍ਰਦਰਸ਼ਨ ਵਾਲੀ ਥਾਂ 'ਤੇ ਪਹੁੰਚੇ।

ਹਾਲਾਂਕਿ ਦਿੱਲੀ ਪੁਲਸ ਸੋਨਮ ਵਾਂਗਚੁੱਕ ਨੂੰ ਚੁੱਕ ਕੇ ਲੈ ਗਈ, ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਏ ਆਈ ਐੱਸ ਏ) ਦੇ ਤਿੰਨ ਕਾਰਕੁੰਨ ਨੇਹਾ, ਅਮੀਨ ਅਮਿਤੋਜ ਅਤੇ ਮਨੀਸ਼ ਕੁਮਾਰ ਨੇ ਆਪਣੀ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਐਤਵਾਰ 22ਵੇਂ ਦਿਨ ਵੀ ਜਾਰੀ ਰੱਖੀ।

ਏ ਆਈ ਐੱਸ ਏ ਦੀ ਪ੍ਰਧਾਨ ਅਤੇ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ ਐੱਨ ਯੂ) ਵਿੱਚ ਥੀਏਟਰ ਐਂਡ ਪ੍ਰਫਾਰਮੈਂਸ ਸਟੱਡੀਜ਼ ਵਿੱਚ ਪੀ ਐੱਚ ਡੀ ਸਕਾਲਰ ਨੇਹਾ ਨੇ 66 ਕਿੱਲੋ ਤੋਂ ਵਰਤ ਸ਼ੁਰੂ ਕੀਤਾ ਸੀ ਅਤੇ ਉਸ ਦਾ 7.5 ਕਿੱਲੋ ਭਾਰ ਘਟ ਚੁੱਕਾ ਹੈ। ਦਿੱਲੀ ਦੀ ਡਾ. ਬੀ ਆਰ ਅੰਬੇਡਕਰ ਯੂਨੀਵਰਸਿਟੀ ਵਿੱਚ ਸ਼ਹਿਰੀ ਅਧਿਐਨ ਦੇ ਪੀ ਐੱਚ ਡੀ ਸਕਾਲਰ ਅਮੀਨ ਅਮਿਤੋਜ, ਜਿਸ ਨੇ 2020 ਤੋਂ 2021 ਦੇ ਕਿਸਾਨ ਅੰਦੋਲਨ ਵਿੱਚ ਵੀ ਹਿੱਸਾ ਲਿਆ ਸੀ, ਨੇ 69.3 ਕਿੱਲੋ ਤੋਂ ਸ਼ੁਰੂਆਤ ਕੀਤੀ ਅਤੇ ਉਸ ਦਾ ਭਾਰ 9.3 ਕਿੱਲੋ ਘਟ ਚੁੱਕਾ ਹੈ। ਏ ਆਈ ਐੱਸ ਏ ਦੇ ਯੂ ਪੀ ਦੇ ਪ੍ਰਧਾਨ ਅਤੇ ਇਲਾਹਾਬਾਦ ਯੂਨੀਵਰਸਿਟੀ ਵਿੱਚ ਰਾਜਨੀਤੀ ਸ਼ਾਸਤਰ ਵਿੱਚ ਪੀ ਐੱਚ ਡੀ ਸਕਾਲਰ ਮਨੀਸ਼ ਕੁਮਾਰ ਨੇ 85.7 ਕਿੱਲੋ ਭਾਰ ਨਾਲ ਵਰਤ ਸ਼ੁਰੂ ਕੀਤਾ ਸੀ ਅਤੇ ਉਸ ਦਾ 10.4 ਕਿੱਲੋ ਭਾਰ ਘਟ ਚੁੱਕਾ ਹੈ।

ਇਸ ਦੌਰਾਨ, ਕਾਕਰੋਚ ਜਨਤਾ ਪਾਰਟੀ ਦੇ ਮੁਖੀ ਅਭਿਜੀਤ ਦੀਪਕੇ ਦੀ ਭੁੱਖ ਹੜਤਾਲ ਦੂਜੇ ਦਿਨ ਜਾਰੀ ਰਹੀ। ਸੀ ਜੇ ਪੀ ਨੇ ਦੋਸ਼ ਲਗਾਇਆ ਕਿ ਸਾਈਟ ਦੀ ਬਿਜਲੀ ਸਪਲਾਈ ਕੱਟ ਦਿੱਤੀ ਗਈ ਸੀ, ਜਿਸ ਕਾਰਨ ਵਿਦਿਆਰਥੀਆਂ ਨੂੰ ਪੱਖਿਆਂ ਤੋਂ ਬਿਨਾਂ ਗਰਮੀ ਅਤੇ ਹੁੰਮ ਦਾ ਸਾਹਮਣਾ ਕਰਨਾ ਪਿਆ।

ਪ੍ਰੋਟੈੱਸਟ ਨੂੰ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਟੀਚਰਜ਼ ਐਸੋਸੀਏਸ਼ਨ ਦਾ ਵੀ ਸ ਮ ਰ ਥ ਨ

• ਬਾਕੀ ਸਫਾ 2 'ਤੇ

## ਹਾਈਕੋਰਟ ਵੱਲੋਂ ਵਾਂਗਚੁਕ ਨੂੰ ਨਿੱਜੀ ਹਸਪਤਾਲ 'ਚ ਤਬਦੀਲ ਕਰਨ ਤੋਂ ਨਾਂਹ

**ਨਵੀਂ ਦਿੱਲੀ :** ਹਾਈ ਕੋਰਟ ਨੇ ਵਾਤਾਵਰਣ ਕਾਰਕੁਨ ਸੋਨਮ ਵਾਂਗਚੁਕ ਨੂੰ ਸਫਦਰਜੰਗ ਦੇ ਸਰਕਾਰੀ ਹਸਪਤਾਲ ਦੇ ਡਾਕਟਰਾਂ ਨਾਲ ਸਹਿਯੋਗ ਕਰਨ ਲਈ ਕਿਹਾ ਹੈ। ਵਾਂਗਚੁਕ ਦੀ ਪਤਨੀ ਗੀਤਾਂਜਲੀ ਅੰਗਮੋ ਵੱਲੋਂ ਦਾਇਰ ਪਟੀਸ਼ਨ 'ਤੇ ਤੁਰੰਤ ਸੁਣਵਾਈ ਤੋਂ ਬਾਅਦ ਅਦਾਲਤ ਨੇ ਜਲਵਾਯੂ ਕਾਰਕੁਨ ਨੂੰ ਨਿੱਜੀ ਹਸਪਤਾਲ ਵਿੱਚ ਤਬਦੀਲ ਕਰਨ ਤੋਂ ਇਨਕਾਰ ਕਰ ਦਿੱਤਾ। ਦਿੱਲੀ ਹਾਈ ਕੋਰਟ ਨੇ ਅਗਲੇ ਤਿੰਨ ਦਿਨਾਂ ਵਿੱਚ ਵਾਂਗਚੁਕ ਦੀ ਸਿਹਤ ਬਾਰੇ ਸਥਿਤੀ ਰਿਪੋਰਟ ਵੀ ਮੰਗੀ ਹੈ। ਸੁਣਵਾਈ ਹੁਣ 24 ਜੁਲਾਈ ਨੂੰ ਮੁੜ ਸ਼ੁਰੂ ਹੋਵੇਗੀ। ਸੋਨਮ ਵਾਂਗਚੁਕ ਨੂੰ ਸ਼ਨੀਵਾਰ ਨੂੰ ਡਾਕਟਰੀ ਮੁਲਾਂਕਣ ਲਈ ਦਿੱਲੀ ਦੇ ਸਫਦਰਜੰਗ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ।

## ਜੰਮੂ-ਕਸ਼ਮੀਰ 'ਚ ਮੀਂਹ ਨੇ ਮਚਾਈ ਤਬਾਹੀ, 12 ਲੋਕਾਂ ਦੀ ਮੌਤ



**ਸ੍ਰੀਨਗਰ (ਨਵਾਂ ਜ਼ਮਾਨਾ ਸਰਵਿਸ)**

ਜੰਮੂ ਅਤੇ ਕਸ਼ਮੀਰ ਵਿੱਚ ਲਗਾਤਾਰ ਭਾਰੀ ਬਾਰਿਸ਼ ਕਾਰਨ ਪੁੰਛ ਅਤੇ ਰਾਜੌਰੀ ਵਿੱਚ ਵਿਆਪਕ ਹੜ੍ਹ ਅਤੇ ਜ਼ਮੀਨ ਖਿਸਕਣ ਨਾਲ 12 ਲੋਕਾਂ ਦੀ ਮੌਤ ਹੋ ਗਈ ਹੈ ਅਤੇ ਕਈ ਲਾਪਤਾ ਦੱਸੇ ਜਾ ਰਹੇ ਹਨ। ਪੁੰਛ ਅਤੇ ਰਾਜੌਰੀ ਜ਼ਿਲ੍ਹੇ ਸਭ ਤੋਂ ਵੱਧ ਪ੍ਰਭਾਵਿਤ ਹੋਏ, ਅਚਾਨਕ ਹੜ੍ਹਾਂ, ਜ਼ਮੀਨ ਖਿਸਕਣ ਅਤੇ ਘਰ ਢਹਿਣ ਕਾਰਨ ਅੱਠ ਲੋਕਾਂ ਦੀ ਮੌਤ ਹੋ ਗਈ ਅਤੇ ਛੇ ਲਾਪਤਾ ਹੋ ਗਏ। ਮੌਸਮ ਵਿਭਾਗ ਵੱਲੋਂ 23 ਜੁਲਾਈ ਤੱਕ ਭਾਰੀ ਬਾਰਿਸ਼ ਦੀ ਚੇਤਾਵਨੀ ਜਾਰੀ ਕਰਨ ਤੋਂ ਬਾਅਦ, ਸਾਵਧਾਨੀ ਵਜੋਂ ਪ੍ਰਸ਼ਾਸਨ ਨੇ ਅਮਰਨਾਥ ਯਾਤਰਾ, ਮਾਤਾ ਵੈਸ਼ਨੋ ਦੇਵੀ ਯਾਤਰਾ ਅਤੇ ਸ਼ਿਵਖੋਰੀ ਯਾਤਰਾ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਹੈ। ਪੁੰਛ ਜ਼ਿਲ੍ਹੇ ਦੇ ਸੁਰਨਕੋਟ ਅਤੇ ਹਵੇਲੀ ਖੇਤਰਾਂ ਵਿੱਚ ਸਭ ਤੋਂ ਵੱਧ ਨੁਕਸਾਨ ਹੋਇਆ। ਸੁਰਨਕੋਟ ਦੇ ਲੋਅਰ ਮੁਰਾ ਪਿੰਡ ਵਿੱਚ ਭਾਰੀ ਬਾਰਸ਼ ਤੋਂ ਬਾਅਦ ਜ਼ਮੀਨ ਖਿਸਕਣ ਕਾਰਨ ਇੱਕ ਘਰ ਮਲਬੇ ਹੇਠ ਦੱਬ ਗਿਆ। ਦੋ ਲੋਕਾਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ, ਜਦ ਕਿ ਔਰਤਾਂ ਅਤੇ ਬੱਚਿਆਂ ਸਮੇਤ ਛੇ ਹੋਰ ਅਜੇ ਵੀ ਲਾਪਤਾ ਹਨ। ਐਤਵਾਰ ਸਵੇਰੇ ਰਾਜੌਰੀ ਸ਼ਹਿਰ ਵਿੱਚ ਅਚਾਨਕ ਹੜ੍ਹ ਆ ਗਿਆ। ਦਰਹਾਲੀ, ਖੰਡਲੀ, ਸੁਕਤੋਹ ਅਤੇ ਜਮੋਲਾ ਸਮੇਤ ਸਾਰੀਆਂ ਨਦੀਆਂ ਖ਼ਤਰੇ ਦੇ ਨਿਸ਼ਾਨ ਦੇ ਨੇੜੇ ਜਾਂ ਇਸ ਤੋਂ ਉੱਪਰ ਵਹਿ ਰਹੀਆਂ ਸਨ।

## ਸੁਲਤਾਨਪੁਰ ਲੋਧੀ ਮੰਡ ਦੇ ਕਿਸਾਨਾਂ ਦੀ ਚਿੰਤਾ ਵਧੀ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਦਰਿਆ ਬਿਆਸ ਦੇ ਪਾਣੀ ਦਾ ਪੱਧਰ ਸਨਿੱਚਰਵਾਰ ਰਾਤ ਅਚਾਨਕ ਵਧਣ ਨਾਲ ਸੁਲਤਾਨਪੁਰ ਲੋਧੀ ਦੇ ਮੰਡ ਖੇਤਰ ਦੇ ਕਿਸਾਨਾਂ ਦੀਆਂ ਚਿੰਤਾਵਾਂ ਇੱਕ ਵਾਰ ਫਿਰ ਵਧ ਗਈਆਂ ਹਨ। ਬਾਊਪੁਰ ਇਲਾਕੇ ਦੇ ਨੀਵੇਂ ਖੇਤਰਾਂ ਵਿੱਚ ਕਈ ਏਕੜ ਝੋਨੇ ਦੀ ਫਸਲ ਪਾਣੀ ਹੇਠ ਆ ਗਈ ਹੈ, ਜਦਕਿ ਆਹਲੀ ਖੇਤਰ ਵਿੱਚ ਵੀ ਪਾਣੀ ਬੰਨ੍ਹ ਦੇ ਕਿਨਾਰਿਆਂ 'ਤੇ ਲਗਾਈਆਂ ਨੋਚਾਂ ਤੋਂ ਉੱਪਰ ਵਹਿਣ ਲੱਗਾ ਹੈ। ਸਾਲ 2023 ਅਤੇ 2025 ਦੌਰਾਨ ਆਏ ਹੜ੍ਹਾਂ ਦੀ ਤਬਾਹੀ ਹਾਲੇ ਲੋਕਾਂ ਦੇ ਜ਼ਿਹਨ ਵਿੱਚ ਤਾਜ਼ਾ ਹੈ, ਜਦੋਂ ਹਜ਼ਾਰਾਂ ਏਕੜ ਫਸਲ ਬਰਬਾਦ ਹੋ ਗਈ ਸੀ ਅਤੇ ਕਈ ਥਾਵਾਂ 'ਤੇ ਬੰਨ੍ਹ ਟੁੱਟਣ ਨਾਲ ਭਾਰੀ ਨੁਕਸਾਨ ਹੋਇਆ ਸੀ। ਜੇ ਪਹਾੜੀ ਇਲਾਕਿਆਂ ਵਿੱਚ ਮੀਂਹ ਜਾਰੀ ਰਿਹਾ ਅਤੇ ਡੈਮਾਂ ਤੋਂ ਹੋਰ ਪਾਣੀ ਛੱਡਿਆ ਗਿਆ ਤਾਂ ਹਾਲਾਤ ਹੋਰ ਗੰਭੀਰ ਹੋ ਸਕਦੇ ਹਨ।

## ਇਹ ਅੰਦੋਲਨ ਮੋਦੀ ਸਰਕਾਰ ਦੇ ਕਫਨ 'ਚ ਆਖਰੀ ਕਿੱਲ ਸਾਬਤ ਹੋ ਸਕਦੈ : ਡਾ. ਮਿੱਤਰਾ

**ਲੁਧਿਆਣਾ (ਐੱਮ ਐੱਸ ਭਾਟੀਆ)**

ਜੰਤਰ ਮੰਤਰ ਵਿਖੇ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਤਰ ਹੋਏ ਵਿਦਿਆਰਥੀ ਤੇ ਨੌਜਵਾਨ ਇਸ ਗੱਲ ਦਾ ਸਾਫ ਪ੍ਰਗਟਾਵਾ ਹੈ ਕਿ ਉਨ੍ਹਾਂ ਵਿੱਚ ਮੋਦੀ ਸਰਕਾਰ ਦੀ ਸਿੱਖਿਆ ਵਿਰੋਧੀ ਨੀਤੀ ਦੇ ਖਿਲਾਫ ਕਿੰਨਾ ਰੋਸ ਹੈ। ਵੱਖ-ਵੱਖ ਥਾਵਾਂ 'ਤੇ, ਜਿੱਥੇ ਕਿ ਧਰਨਾ ਚੱਲ ਰਿਹਾ ਹੈ, ਵਿਦਿਆਰਥੀ ਆਪਣੇ-ਆਪਣੇ ਝੁੰਡ ਬਣਾ ਕੇ ਗੀਤ-ਸੰਗੀਤ ਰਾਹੀਂ ਆਪਣੇ ਗੁੱਸੇ ਦਾ ਪ੍ਰਗਟਾਵਾ ਕਰ ਰਹੇ ਹਨ। ਮੋਦੀ ਸਰਕਾਰ ਦੀ ਸਿੱਖਿਆ ਨੀਤੀ ਦੀ ਆਲੋਚਨਾ ਕਰ ਰਹੇ ਹਨ। ਸੋਨਮ ਵਾਂਗਚੁਕ ਨੂੰ ਘੜੀਸ ਕੇ ਲਿਜਾਣ ਦੀ ਜੋ ਪੁਲਸ ਨੇ ਕਾਰਵਾਈ ਕੀਤੀ ਹੈ, ਉਸ ਦੇ ਖਿਲਾਫ ਹਰ ਵਿਦਿਆਰਥੀ ਸਖਤ ਸ਼ਬਦਾਂ ਵਿੱਚ ਬੋਲਦਾ ਹੈ ਤੇ ਚੁਣੌਤੀ ਦਿੰਦਾ ਹੈ ਕਿ ਸਿੱਖਿਆ ਮੰਤਰੀ ਨੂੰ ਅਸਤੀਫਾ ਦੇਣਾ ਹੀ ਪਏਗਾ। ਐਤਵਾਰ ਜਦੋਂ ਡਾਕਟਰ ਅਰੁਣ ਮਿੱਤਰਾ ਭੁੱਖ ਹੜਤਾਲ ਵਾਲੀ ਥਾਂ 'ਤੇ ਗਏ ਤਾਂ ਉਨ੍ਹਾ ਦੇਖਿਆ ਕਿ ਇਕੱਠ ਏਨਾ ਜ਼ਿਆਦਾ ਹੈ ਕਿ ਇਸ ਗਰਮੀ ਦੇ ਮਾਹੌਲ ਵਿੱਚ ਨਾ ਕੇਵਲ ਭੁੱਖ ਹੜਤਾਲੀ ਵਿਦਿਆਰਥੀਆਂ ਅਤੇ ਨੌਜਵਾਨ, ਬਲਕਿ ਦੂਜਿਆਂ ਵਿੱਚ ਵੀ ਜੋ ਭੁੱਖ ਹੜਤਾਲ 'ਤੇ ਨਹੀਂ ਹਨ, ਵਿਚ ਵੀ ਅਨੇਕਾਂ ਸਿਹਤ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ, ਪਰ ਵਿਦਿਆਰਥੀਆਂ ਤੇ ਨੌਜਵਾਨਾਂ ਵਿੱਚ ਜੋਸ਼ ਦੀ ਕੋਈ ਕਮੀ ਨਹੀਂ ਹੈ। ਇਹ ਅੰਦੋਲਨ ਮੋਦੀ ਸਰਕਾਰ ਦੇ ਕਫਨ ਵਿੱਚ ਆਖਰੀ ਕਿੱਲ ਸਾਬਤ ਹੋ ਸਕਦਾ ਹੈ। ਸੀ ਜੇ ਪੀ ਦੇ ਮੁਖੀ ਅਭੀਜੀਤ ਦੀਪਕੇ ਭੁੱਖ ਹੜਤਾਲ 'ਤੇ ਬੈਠੇ ਹਨ। ਉਨ੍ਹਾ ਤੋਂ ਇਲਾਵਾ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ ਆਈ ਐੱਸ ਐੱਫ) ਦੇ ਗੁਲਾਬ, ਬਿੱਟੂ ਪ੍ਰਤਿਭਾ ਅਨੀਕੇਤ ਅਤੇ ਹੋਰ ਜਥੇਬੰਦੀਆਂ ਦੇ ਵਿਦਿਆਰਥੀ ਵੀ ਆਪਣੇ-ਆਪਣੇ ਕੈਂਪਾਂ ਵਿੱਚ ਭੁੱਖ ਹੜਤਾਲ 'ਤੇ ਬੈਠੇ ਹੋਏ ਹਨ। ਭੀੜ ਨੂੰ ਦੇਖਦੇ ਹੋਏ ਪੁਲਸ ਨੇ ਥਾਂ ਪਰ ਥਾਂ ਜਿਵੇਂ ਕਿਸਾਨਾਂ ਨੂੰ ਰੋਕਣ ਲਈ ਬੈਰੀਕੇਡ ਲਾਏ ਸਨ, ਉਸੇ ਕਿਸਮ ਦਾ ਇੰਤਜ਼ਾਮ ਕੀਤਾ ਹੋਇਆ ਹੈ।



ਡਾ. ਅਰੁਣ ਮਿੱਤਰਾ ਏ ਆਈ ਐੱਸ ਐੱਫ ਦੇ ਭੁੱਖ ਹੜਤਾਲ 'ਤੇ ਬੈਠੇ ਵਿਦਿਆਰਥੀਆਂ ਨਾਲ।

## ਪ੍ਰਲੇਸ ਵੱਲੋਂ ਹੜਤਾਲੀ ਵਿਦਿਆਰਥੀਆਂ ਦਾ ਸਮਰਥਨ



**ਨਵੀਂ ਦਿੱਲੀ :** ਪ੍ਰਗਤੀਸ਼ੀਲ ਲੇਖਕ ਸੰਘ (ਪ੍ਰਲੇਸ) ਅਤੇ ਜਨ-ਸੰਸਕ੍ਰਿਤੀ ਮੰਚ (ਜਸਮ) ਦੇ ਪ੍ਰਤੀਨਿਧੀ ਮੰਡਲ ਨੇ ਜੰਤਰ-ਮੰਤਰ ਵਿਖੇ ਧਰਨਾ-ਪ੍ਰਦਰਸ਼ਨ ਕਰ ਰਹੇ ਵਿਦਿਆਰਥੀ ਅੰਦੋਲਨਕਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੇ ਸੰਘਰਸ਼ ਨੂੰ ਆਪਣਾ ਪੂਰਾ ਸਮਰਥਨ ਦਿੱਤਾ।ਪ੍ਰਤੀਨਿਧੀਆਂ ਨੇ ਕਿਹਾ ਕਿ ਲੋਕਤੰਤਰੀ ਸਮਾਜ ਵਿੱਚ ਵਿਦਿਆਰਥੀਆਂ ਨੂੰ ਆਪਣੀਆਂ ਜਾਇਜ਼ ਮੰਗਾਂ ਸ਼ਾਂਤਮਈ ਢੰਗ ਨਾਲ ਉਠਾਉਣ ਦਾ ਪੂਰਾ ਹੱਕ ਹੈ ਅਤੇ ਸਰਕਾਰ ਨੂੰ ਉਨ੍ਹਾਂ ਦੀ ਆਵਾਜ਼ ਸੁਣਨੀ ਚਾਹੀਦੀ ਹੈ।ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ ਨੇ ਕਿਹਾ ਕਿ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੂੰ ਧਰਨਾ ਸਥਾਨ ਤੋਂ ਜ਼ਬਰਦਸਤੀ ਹਟਾਏ ਜਾਣਾ ਲੋਕਰਾਜੀ ਮੁੱਲਾਂ ਦੇ ਖਿਲਾਫ਼ ਹੈ।ਉਨ੍ਹਾ ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾ ਕਿਹਾ ਕਿ ਲੋਕਤੰਤਰ ਵਿੱਚ ਅਸਹਿਮਤੀ ਪ੍ਰਗਟ ਕਰਨ ਵਾਲੀਆਂ ਆਵਾਜ਼ਾਂ ਨੂੰ ਦਬਾਉਣ ਦੀ ਬਜਾਏ ਸੰਵਾਦ ਰਾਹੀਂ ਸਮੱਸਿਆਵਾਂ ਦਾ ਹੱਲ ਕੱਢਿਆ ਜਾਣਾ ਚਾਹੀਦਾ ਹੈ।ਪ੍ਰਤੀਨਿਧੀ ਮੰਡਲ ਨੇ ਧਰਨੇ ਦੌਰਾਨ ਭੁੱਖ ਹੜਤਾਲ 'ਤੇ ਬੈਠੇ

• ਬਾਕੀ ਸਫਾ 2 'ਤੇ

## ਕੁੱਤਿਆਂ ਨੇ ਬਜ਼ੁਰਗ ਨੋਚ ਖਾਧਾ

**ਅੰਮ੍ਰਿਤਸਰ :** ਇੱਥੇ ਇਸਲਾਮਾਬਾਦ ਇਲਾਕੇ ਵਿੱਚ ਸ਼ਨੀਵਾਰ ਰਾਤ 75 ਸਾਲਾ ਇੱਕ ਬਜ਼ੁਰਗ ਨੂੰ ਅਵਾਰਾ ਕੁੱਤਿਆਂ ਦੇ ਝੁੰਡ ਨੇ ਨੋਚ-ਨੋਚ ਕੇ ਮੌਤ ਦੇ ਘਾਟ ਉਤਾਰ ਦਿੱਤਾ। ਮ੍ਰਿਤਕ ਦੀ ਪਛਾਣ ਗਲੀ ਚੌਕੀਆਂ ਵਾਲੀ ਦੇ ਰਹਿਣ ਵਾਲੇ ਗੁਰਦੀਪ ਸਿੰਘ ਵਜੋਂ ਹੋਈ ਹੈ। ਗੁਰਦੀਪ ਸਿੰਘ ਟਾਹਲੀ ਸਾਹਿਬ ਬਾਜ਼ਾਰ ਸਥਿਤ ਇੱਕ ਕੱਪੜੇ ਦੀ ਦੁਕਾਨ 'ਤੇ ਕੰਮ ਕਰਦਾ ਸੀ। ਰਾਤ ਨੂੰ ਉਹ ਕੰਮ ਤੋਂ ਪਰਤਿਆ ਅਤੇ ਰਾਤ ਦਾ ਖਾਣਾ ਖਾਣ ਤੋਂ ਬਾਅਦ ਨਾਲ ਲੱਗਦੀ ਗਲੀ ਵਿੱਚ ਰਹਿੰਦੇ ਆਪਣੇ ਇੱਕ ਬਿਮਾਰ ਰਿਸ਼ਤੇਦਾਰ ਦਾ ਹਾਲ-ਚਾਲ ਪੁੱਛਣ ਚਲਾ ਗਿਆ। ਰਾਤ ਕਰੀਬ 10.30 ਵਜੇ ਜਦੋਂ ਉਹ ਪੈਦਲ ਆਪਣੇ ਘਰ ਪਰਤ ਰਿਹਾ ਸੀ, ਤਾਂ ਗਲੀ ਵਿੱਚ 5 ਤੋਂ 7 ਅਵਾਰਾ ਕੁੱਤਿਆਂ ਦੇ ਝੁੰਡ ਨੇ ਉਸ ਨੂੰ ਘੇਰ ਲਿਆ ਅਤੇ ਹਮਲਾ ਕਰ ਦਿੱਤਾ।

## ਸਰਕਾਰੀ ਸਕੂਲਾਂ ਦੇ 881 ਸਟੂਡੈਂਟ ਨੀਟ 'ਚ ਪਾਸ

**ਚੰਡੀਗੜ੍ਹ :** ਪੰਜਾਬ ਦੇ ਸਰਕਾਰੀ ਸਕੂਲਾਂ ਦੇ 881 ਵਿਦਿਆਰਥੀਆਂ ਨੇ ਇਸ ਸਾਲ ਨੀਟ ਦੀ ਪ੍ਰੀਖਿਆ ਪਾਸ ਕੀਤੀ ਹੈ। ਮੁਬਾਰਕਬਾਦ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵੱਡੀ ਗਿਣਤੀ ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਪਾਸ ਕਰਕੇ ਇੱਕ ਨਵਾਂ ਇਤਿਹਾਸ ਰਚ ਦਿੱਤਾ ਹੈ। ਇਹ ਸ਼ਾਨਦਾਰ ਸਫਲਤਾ ਸੂਬੇ ਵਿੱਚ ਆਈ ਸਿੱਖਿਆ ਕ੍ਰਾਂਤੀ, ਅਧਿਆਪਕਾਂ ਦੀ ਅਣਥੱਕ ਮਿਹਨਤ ਅਤੇ ਵਿਦਿਆਰਥੀਆਂ ਦੇ ਦ੍ਰਿੜ੍ਹ ਸਮਰਪਣ ਦਾ ਹੀ ਨਤੀਜਾ ਹੈ।

## ਚਾਰ ਭੈਣਾਂ ਦੇ ਇਕਲੌਤੇ ਭਰਾ ਦੀ ਕਰੰਟ ਨਾਲ ਮੌਤ

**ਬਰਨਾਲਾ :** ਨੇੜਲੇ ਪਿੰਡ ਭੂਰੇ ਵਿੱਚ ਐਤਵਾਰ ਚਾਰ ਭੈਣਾਂ ਦੇ ਇਕਲੌਤੇ ਭਰਾ ਇਕਬਾਲ ਸਿੰਘ ਉਰਫ ਗੁੱਗੀ (24) ਦੀ ਖੇਤ ਵਿੱਚ ਕਰੰਟ ਲੱਗਣ ਕਾਰਨ ਮੌਤ ਹੋ ਗਈ। ਪਿੰਡ ਦੇ ਲੋਕ ਤੁਰੰਤ ਬਰਨਾਲਾ ਹਸਪਤਾਲ ਲੈ ਕੇ ਪੁੱਜੇ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਉਸ ਦੇ ਪਿਤਾ ਦੀ ਵੀ ਕੁਝ ਸਾਲ ਪਹਿਲਾਂ ਮੌਤ ਹੋ ਚੁੱਕੀ ਹੈ ਅਤੇ ਉਹ ਮਾਂ ਨਾਲ ਇਕੱਲਾ ਹੀ ਖੇਤੀ ਕਰਕੇ ਆਪਣਾ ਗੁਜ਼ਾਰਾ ਕਰਦਾ ਸੀ। ਉਸ ਕੋਲ ਕਰੀਬ ਡੇਢ ਕਿੱਲਾ ਹੀ ਜ਼ਮੀਨ ਸੀ। ਪਿੰਡ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਪਰਵਾਰ ਦੀ ਮਾਲੀ ਮਦਦ ਕੀਤੀ ਜਾਵੇ।

## ਨੇਤਨਯਾਹੂ ਨੂੰ ਫੜਨ ਲਈ ਕਾਨੂੰਨੀ ਸਲਾਹ ਲੈ ਰਹੇ ਹਾਂ : ਮਮਦਾਨੀ



**ਨਿਊ ਯਾਰਕ (ਨਵਾਂ ਜ਼ਮਾਨਾ ਸਰਵਿਸ)**

ਮੇਅਰ ਜ਼ੋਹਰਾਨ ਮਮਦਾਨੀ ਦੀ ਅਗਵਾਈ ਵਾਲਾ ਨਿਊਯਾਰਕ ਸਿਟੀ ਪ੍ਰਸ਼ਾਸਨ ਸਤੰਬਰ ਵਿੱਚ ਸੰਯੁਕਤ ਰਾਸ਼ਟਰ ਮਹਾਸਭਾ ਵਿੱਚ ਹਿਸਾ ਲੈਣ ਆ ਰਹੇ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੂੰ ਗ੍ਰਿਫਤਾਰ ਕਰਨ ਦੇ ਆਪਣੇ ਕਾਨੂੰਨੀ ਅਧਿਕਾਰ ਦਾ ਮੁਲਾਂਕਣ ਕਰ ਰਿਹਾ ਹੈ। ਮੇਅਰ ਮਮਦਾਨੀ ਨੇ ਪੁਸ਼ਟੀ ਕੀਤੀ ਹੈ ਕਿ ਉਹ ਆਪਣੀਆਂ ਸ਼ਕਤੀਆਂ ਦੀਆਂ ਸਹੀ ਸੀਮਾਵਾਂ ਬਾਰੇ ਕਾਨੂੰਨੀ ਸਲਾਹਕਾਰਾਂ ਨਾਲ ਲਗਾਤਾਰ ਸਲਾਹ-ਮਸ਼ਵਰਾ ਕਰ ਰਹੇ ਹਨ।

ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਉਨ੍ਹਾ ਦਾ ਪ੍ਰਸ਼ਾਸਨ ਨਵੇਂ ਕਾਨੂੰਨ ਲਿਖਣ ਦੀ ਬਜਾਏ ਮੌਜੂਦਾ ਕਾਨੂੰਨਾਂ ਦੀ ਸਖਤੀ ਨਾਲ ਪਾਲਣਾ ਕਰੇਗਾ, ਮਮਦਾਨੀ ਨੇ ਆਪਣੀ ਦ੍ਰਿੜ੍ਹਤਾ ਨਾਲ ਕਿਹਾ ਕਿ ਨੇਤਨਯਾਹੂ ਇੱਕ ਜੰਗੀ ਅਪਰਾਧੀ ਹੈ, ਜਿਸ ਦੇ ਕੌਮਾਂਤਰੀ ਅਪਰਾਧਕ ਅਦਾਲਤ ਨੇ ਵਾਰੰਟ ਗ੍ਰਿਫਤਾਰੀ ਜਾਰੀ ਕੀਤੇ ਹੋਏ ਹਨ। ਮਮਦਾਨੀ ਨੇ ਕਿਹਾ, "ਨਿਊਯਾਰਕ ਸਿਟੀ ਵਿੱਚ ਕਾਨੂੰਨ ਮੈਨੂੰ ਜੋ ਵੀ ਕਰਨ ਦੀ ਇਜਾਜ਼ਤ ਦਿੰਦਾ ਹੈ, ਅਸੀਂ ਉਹੀ ਕਰਾਂਗੇ, ਪਰ ਅਸੀਂ ਇਸ ਲਈ ਆਪਣੇ ਕਾਨੂੰਨ ਨਹੀਂ ਲਿਖਾਂਗੇ। ਮੇਰਾ ਮੰਨਣਾ ਹੈ ਕਿ ਪ੍ਰਧਾਨ ਮੰਤਰੀ ਨੇਤਨਯਾਹੂ ਜੰਗੀ ਅਪਰਾਧੀ ਹੈ, ਜਿਸ 'ਤੇ ਕੌਮਾਂਤਰੀ ਅਪਰਾਧਕ ਅਦਾਲਤ ਨੇ ਦੋਸ਼ ਲਗਾਇਆ ਹੈ।"

ਆਪਣੇ ਮਜ਼ਬੂਤ ਰੁਖ ਨੂੰ ਸੰਦਰਭ ਵਿੱਚ ਦੱਸਦੇ ਹੋਏ, ਮਮਦਾਨੀ ਨੇ ਕਿਹਾ ਕਿ ਉਨ੍ਹਾ ਦਾ ਦ੍ਰਿਸ਼ਟੀਕੋਣ ਵਿਸ਼ਵਵਿਆਪੀ ਜਨਤਕ ਭਾਵਨਾਵਾਂ ਦੇ ਇੱਕ ਮਹੱਤਵਪੂਰਨ ਹਿੱਸੇ ਨਾਲ ਮੇਲ ਖਾਂਦਾ ਹੈ। ਕੌਮਾਂਤਰੀ ਅਪਰਾਧਕ ਅਦਾਲਤ ਨੇ ਨੇਤਨਯਾਹੂ ਅਤੇ ਸਾਬਕਾ ਇਜ਼ਰਾਈਲੀ ਰੱਖਿਆ ਮੰਤਰੀ ਯੋਵ ਗੈਲੈਂਟ ਵਿਰੁੱਧ ਇਸ ਕਰਕੇ ਵਾਰੰਟ ਗ੍ਰਿਫਤਾਰੀ ਜਾਰੀ ਕੀਤੇ ਹਨ ਕਿ ਉਨ੍ਹਾਂ ਗਾਜ਼ਾ ਵਿੱਚ ਹਮਲਿਆਂ ਦੌਰਾਨ ਜੰਗੀ ਅਪਰਾਧ ਅਤੇ ਮਨੁੱਖਤਾ ਵਿਰੁੱਧ ਅਪਰਾਧ ਕੀਤੇ।

## 20 ਨਕਲਚੀ ਹਿਰਾਸਤ 'ਚ

**ਫਰੀਦਕੋਟ :** ਪੰਜਾਬ ਦੇ ਵੱਕਾਰੀ ਸਰਕਾਰੀ ਇਮਤਿਹਾਨਾਂ ਵਿੱਚ ਨਕਲ ਕਰਵਾਉਣ ਵਾਲੇ ਇੱਕ ਵੱਡੇ ਗੈਂਗ ਦਾ ਪਰਦਾਫ਼ਾਸ਼ ਹੋਇਆ ਹੈ। ਐਤਵਾਰ ਨੂੰ ਇੱਥੇ ਬਾਬਾ ਫ਼ਰੀਦ ਯੂਨੀਵਰਸਿਟੀ ਵੱਲੋਂ ਫਾਰਮੇਸੀ ਅਫ਼ਸਰਾਂ ਦੀ ਭਰਤੀ ਲਈ ਇਮਤਿਹਾਨ ਲਿਆ ਜਾ ਰਿਹਾ ਸੀ, ਜਿਸ ਵਿੱਚ ਕਰੀਬ 40 ਹਜ਼ਾਰ ਉਮੀਦਵਾਰ ਪੇਪਰ ਦੇਣ ਲਈ ਪਹੁੰਚੇ ਹੋਏ ਸਨ। ਇਸੇ ਦੌਰਾਨ ਗੁਪਤ ਸੂਚਨਾ ਮਿਲਣ ਤੋਂ ਬਾਅਦ ਪੁਲਸ ਵੱਲੋਂ ਕੀਤੀ ਗਈ ਛਾਪੇਮਾਰੀ ਦੌਰਾਨ ਫਰੀਦਕੋਟ ਅਤੇ ਕੋਟਕਪੂਰਾ ਦੇ ਪ੍ਰੀਖਿਆ ਕੇਂਦਰਾਂ ਵਿੱਚੋਂ ਨਕਲ ਮਾਰਦੇ 20 ਵਿਦਿਆਰਥੀ ਫੜੇ ਗਏ ਹਨ। ਫੜੇ ਗਏ ਵਿਦਿਆਰਥੀਆਂ ਕੋਲੋਂ ਬੇਹੱਦ ਬਰੀਕ ਇਲੈਕਟਰਾਨਿਕ ਡਿਵਾਈਸ ਬਰਾਮਦ ਹੋਏ ਹਨ, ਜਿਨ੍ਹਾਂ ਰਾਹੀਂ ਪ੍ਰੀਖਿਆ ਕੇਂਦਰਾਂ ਤੋਂ ਬਾਹਰ ਬੈਠੇ ਗੈਂਗ ਦਾ ਮੈਂਬਰ ਉਨ੍ਹਾਂ ਨੂੰ ਪੇਪਰ ਹੱਲ ਕਰਵਾ ਰਿਹਾ ਸੀ।

ਗੁਪਤ ਸੂਚਨਾ ਦੇ ਆਧਾਰ 'ਤੇ ਕੁੱਲ 10 ਪ੍ਰੀਖਿਆ ਸੈਂਟਰਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ । ਇਸ ਗੈਂਗ ਨੇ 200 ਤੋਂ ਵੱਧ ਵਿਦਿਆਰਥੀਆਂ ਨੂੰ ਇਹ ਡਿਵਾਈਸ ਵੰਡੇ ਹੋਏ ਸਨ, ਪਰ ਚਲਦੇ ਇਮਤਿਹਾਨ ਦੌਰਾਨ ਇਸ ਪੂਰੇ ਗੋਰਖਧੰਦੇ ਦਾ ਪਰਦਾਫ਼ਾਸ਼ ਹੋ ਗਿਆ।

## ਓਂਟਾਰੀਓ ਦੇ ਮੰਤਰੀ ਨੇ ਬੇਲੋੜੇ ਹੋਟਲ ਖ਼ਰਚਿਆਂ ਦੇ ਦੋਸ਼ ਲੱਗਣ 'ਤੇ ਦਿੱਤਾ ਅਸਤੀਫ਼ਾ

**ਵੈਨਕੂਵਰ :** ਓਂਟਾਰੀਓ ਦੇ ਕੁਝ ਮੰਤਰੀਆਂ ਦੀ ਰਿਹਾਇਸ਼ ਵਿਧਾਨ ਸਭਾ (ਸਕੱਤਰੇਤ) ਤੋਂ ਬਹੁਤੀ ਦੂਰ ਨਾ ਹੋਣ ਦੇ ਬਾਵਜੂਦ ਉਨ੍ਹਾਂ ਵੱਲੋਂ ਸਰਕਾਰ ਤੋਂ ਹੋਟਲਾਂ ਦੇ ਖ਼ਰਚੇ ਲੈਣ ਦੇ ਦੋਸ਼ ਲੱਗੇ ਹਨ। ਇਨ੍ਹਾਂ ਦੋਸ਼ਾਂ ਤੋਂ ਬਾਅਦ ਸੈਰ-ਸਪਾਟਾ ਤੇ ਸੱਭਿਆਚਾਰਕ ਮੰਤਰੀ ਸਟੈਨ ਚੋਅ ਨੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਸਟੈਨ ਚੋਅ ਨੇ ਇਸ ਖ਼ਰਚੇ ਵਜੋਂ ਸਰਕਾਰ ਤੋਂ 16 ਹਜ਼ਾਰ ਡਾਲਰ ਵਸੂਲੇ ਸਨ। ਇਹ ਵੀ ਪਤਾ ਲੱਗਾ ਹੈ ਕਿ ਔਰਤਾਂ ਦੇ ਹੱਕਾਂ ਬਾਰੇ ਮੰਤਰੀ ਚਾਰਮੈਨ ਵਿਲੀਅਮ ਨੇ 15,865 ਡਾਲਰ, ਟਰਾਂਸਪੋਰਟ ਮੰਤਰੀ ਸਰਕਾਰੀਆ ਨਾਲ ਲੱਗੇ ਪਾਰਲੀਮਾਨੀ ਸਕੱਤਰ ਹਰਦੀਪ ਸਿੰਘ ਗਰੇਵਾਲ ਨੇ 27, 275 ਡਾਲਰ ਅਤੇ ਵਪਾਰਕ ਮੰਤਰੀ ਨੀਨਾ ਤਾਂਗੜੀ ਨੇ 18,976 ਡਾਲਰ ਸਰਕਾਰੀ ਖ਼ਜ਼ਾਨੇ ਵਿੱਚੋਂ ਵਸੂਲੇ ਹਨ। ਮੰਤਰੀ ਸਟੈਨ ਚੋਅ ਨੇ ਕਿਹਾ ਕਿ ਉਨ੍ਹਾਂ ਕੋਲੋਂ ਅਣਜਾਣੇ ਵਿੱਚ ਹੋਈ ਇਸ ਗ਼ਲਤੀ ਦਾ ਉਨ੍ਹਾਂ ਨੂੰ ਬਹੁਤ ਅਫ਼ਸੋਸ ਹੈ ਅਤੇ ਉਹ ਇੱਕ-ਇੱਕ ਪੈਸਾ ਵਾਪਸ ਕਰਨਗੇ। ਹੈਰਾਨੀ ਦੀ ਗੱਲ ਹੈ ਕਿ ਬਾਕੀ ਮੰਤਰੀਆਂ ਨੇ ਇਸ ਮੁੱਦੇ 'ਤੇ ਅਜੇ ਤੱਕ ਪੂਰੀ ਚੁੱਪ ਵੱਟੀ ਹੋਈ ਹੈ। ਇਸ ਵਿਵਾਦ ਦੌਰਾਨ ਮੁੱਖ ਮੰਤਰੀ ਡੱਗ ਫੋਰਡ ਨੇ ਸਖ਼ਤ ਰੁਖ਼ ਅਪਣਾਉਂਦਿਆਂ ਕਿਹਾ ਕਿ ਜਿਸ ਵੀ ਕਿਸੇ ਮੰਤਰੀ ਜਾਂ ਵਿਧਾਇਕ ਨੇ ਕੁਝ ਵੀ ਨਾਜਾਇਜ਼ ਲਿਆ ਹੈ, ਉਸ ਕੋਲੋਂ ਇੱਕ-ਇੱਕ ਪੈਸੇ ਦੀ ਵਸੂਲੀ ਕੀਤੀ ਜਾਵੇਗੀ। ਚਾਹੇ ਉਹ ਵਿਅਕਤੀ ਕਿੰਨੇ ਵੀ ਉੱਚੇ ਅਹੁਦੇ 'ਤੇ ਹੋਵੇ ਜਾਂ ਕਿਸੇ ਦੇ ਕਿੰਨਾ ਵੀ ਨੇੜੇ ਕਿਉਂ ਨਾ ਹੋਵੇ। ਮੁੱਖ ਮੰਤਰੀ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਉਹ ਅਜਿਹੀ ਰਵਾਇਤ ਹਰਗਿਜ਼ ਨਹੀਂ ਪੈਣ ਦੇਣਗੇ, ਜਿਸ ਨਾਲ ਲੋਕਾਂ ਵੱਲੋਂ ਟੈਕਸਾਂ ਦੇ ਰੂਪ ਵਿੱਚ ਦਿੱਤੇ ਖ਼ੂਨ-ਪਸੀਨੇ ਦੇ ਪੈਸੇ ਵਿੱਚੋਂ ਇੱਕ ਡਾਲਰ ਦੀ ਵੀ ਫ਼ਜ਼ੂਲ ਖ਼ਰਚੀ ਹੋਵੇ।

## ਮਾਨ ਵੱਲੋਂ ਇਨਡੋਰ ਬੈਡਮਿੰਟਨ ਹਾਲ ਲਈ 2.14 ਕਰੋੜ ਦਾ ਚੈੱਕ ਭੇਟ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਦਸੰਬਰ ਮਹੀਨੇ ਜਲੰਧਰ ਦੇ ਇਤਿਹਾਸਕ ਰਾਇਜ਼ਾਦਾ ਹੰਸਰਾਜ ਸਟੇਡੀਅਮ ਵਿਖੇ ਹੋਣ ਵਾਲੀ ਸਬ-ਜੂਨੀਅਰ ਨੈਸ਼ਨਲ ਬੈਡਮਿੰਟਨ ਚੈਂਪੀਅਨਸ਼ਿਪ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

ਮਾਨ ਨੇ ਕਿਹਾ ਕਿ ਕਰੀਬ 44 ਸਾਲਾਂ ਬਾਅਦ ਨੈਸ਼ਨਲ ਬੈਡਮਿੰਟਨ ਚੈਂਪੀਅਨਸ਼ਿਪ ਇਤਿਹਾਸਕ ਰਾਇਜ਼ਾਦਾ ਹੰਸਰਾਜ ਸਟੇਡੀਅਮ ਵਿੱਚ ਵਾਪਸ ਆ ਰਹੀ ਹੈ। ਉਨ੍ਹਾ ਕਿਹਾ, 'ਅੰਡਰ-13 ਕੈਟਾਗਰੀ ਦੀ ਇਹ ਚੈਂਪੀਅਨਸ਼ਿਪ ਪੰਜਾਬ ਵਿੱਚ ਬੈਡਮਿੰਟਨ ਨੂੰ ਵੱਡਾ ਹੁਲਾਰਾ ਦੇਵੇਗੀ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰੇਗੀ। ਪੰਜਾਬ ਸਰਕਾਰ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਗਾਉਣ ਲਈ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ।'

ਮੁੱਖ ਮੰਤਰੀ ਨੇ ਨਵੇਂ ਇਨਡੋਰ ਬੈਡਮਿੰਟਨ ਹਾਲ ਦੇ ਨਿਰਮਾਣ ਲਈ ਡਿਪਟੀ ਕਮਿਸ਼ਨਰ ਜਲੰਧਰ ਵਰਜੀਤ ਸਿੰਘ ਵਾਲੀਆ ਅਤੇ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੂੰ 2.14 ਕਰੋੜ ਰੁਪਏ ਦਾ ਚੈੱਕ ਸੌਂਪਿਆ। ਉਹਨਾ ਕਿਹਾ ਕਿ ਮੁਕੰਮਲ ਹੋਣ ਤੋਂ ਬਾਅਦ ਰਾਇਜ਼ਾਦਾ ਹੰਸਰਾਜ ਸਟੇਡੀਅਮ ਵਿੱਚ ਕੁੱਲ 10 ਇਨਡੋਰ ਬੈਡਮਿੰਟਨ ਕੋਰਟ ਹੋਣਗੇ, ਜਿਸ ਨਾਲ ਇਹ ਪੰਜਾਬ ਦਾ ਇੱਕੋ-ਇੱਕ ਅਜਿਹਾ ਖੇਡ ਮੈਦਾਨ ਬਣ ਜਾਵੇਗਾ, ਜਿੱਥੇ ਏਨਾ ਵੱਡਾ ਇਨਡੋਰ ਬੈਡਮਿੰਟਨ ਕੰਪਲੈਕਸ ਹੋਵੇਗਾ ਅਤੇ ਇਹ ਉਤਰ ਭਾਰਤ ਦੇ ਪ੍ਰਮੁੱਖ ਬੈਡਮਿੰਟਨ ਕੇਂਦਰਾਂ ਵਿੱਚੋਂ ਇੱਕ ਬਣ ਜਾਵੇਗਾ।

## ਫੁੱਟਬਾਲ ਫਾਈਨਲ ਤੋਂ ਬਾਅਦ ਬੱਚਿਆਂ ਨੂੰ ਅੱਜ ਅਰਾਮ ਕਰਨ ਲਈ ਛੁੱਟੀ

**ਨਵੀਂ ਦਿੱਲੀ :** ਕੇਰਲ, ਮਨੀਪੁਰ ਤੇ ਮੇਘਾਲਿਆ ਨੇ ਸੋਮਵਾਰ ਸਕੂਲਾਂ, ਕਾਲਜਾਂ ਅਤੇ ਹੋਰ ਵਿਦਿਅਕ ਸੰਸਥਾਵਾਂ ਵਿੱਚ ਛੁੱਟੀ ਦਾ ਐਲਾਨ ਕੀਤਾ ਹੈ, ਤਾਂ ਜੋ ਵਿਦਿਆਰਥੀ ਮੌਜੂਦਾ ਚੈਂਪੀਅਨ ਅਰਜਨਟੀਨਾ ਅਤੇ ਸਪੇਨ ਵਿਚਕਾਰ ਫੀਫਾ ਵਿਸ਼ਵ ਕੱਪ 2026 ਦਾ ਫਾਈਨਲ ਦੇਖ ਸਕਣ। ਫਾਈਨਲ ਸੋਮਵਾਰ ਨੂੰ 12.30 ਵਜੇ ਭਾਰਤੀ ਸਮੇਂ ਅਨੁਸਾਰ ਸ਼ੁਰੂ ਹੋਵੇਗਾ ਤੇ ਤਕਰੀਬਨ ਢਾਈ ਵਜੇ ਤੱਕ ਚੱਲਣ ਦੀ ਉਮੀਦ ਹੈ।

ਇਹ ਫੈਸਲਾ ਵਿਦਿਆਰਥੀਆਂ ਦੀ ਬੇਨਤੀ 'ਤੇ ਕੀਤਾ ਗਿਆ ਹੈ, ਜਿਨ੍ਹਾਂ ਦਾ ਕਹਿਣਾ ਸੀ ਕਿ ਉਨ੍ਹਾਂ ਨੂੰ ਦੇਰ ਤੱਕ ਮੈਚ ਵੇਖਣ ਕਾਰਨ ਸਵੇਰੇ ਕਲਾਸਾਂ ਵਿੱਚ ਜਾਣ ਦੀ ਚਿੰਤਾ ਸਤਾ ਰਹੀ ਹੈ।

## ਕਰਜ਼ੇ ਕਾਰਨ ਕਿਸਾਨ ਨੇ ਕੀਤੀ ਖੁਦਕੁਸ਼ੀ



**ਸੁਨਾਮ ਊਧਮ ਸਿੰਘ ਵਾਲਾ :** ਨੇੜਲੇ ਪਿੰਡ ਖਡਿਆਲ ਦੇ ਕਿਸਾਨ ਦਰਸ਼ਨ ਸਿੰਘ (45) ਪੁੱਤਰ ਦਲੀਪ ਸਿੰਘ ਨੇ ਕਰਜ਼ੇ ਤੋਂ ਪਰੇਸ਼ਾਨ ਹੋ ਕੇ ਖੁਦਕੁਸ਼ੀ ਕਰ ਲਈ। ਭਰਾ ਸਤਨਾਮ ਸਿੰਘ ਨੇ ਦੱਸਿਆ ਕਿ ਦਰਸ਼ਨ ਸਿੰਘ ਕੋਲ ਕੇਵਲ ਤਿੰਨ ਏਕੜ ਜ਼ਮੀਨ ਸੀ ਅਤੇ ਉਸ ਦੇ ਤਿੰਨ ਬੱਚੇ ਹਨ। ਕਬੀਲਦਾਰੀਆਂ ਪੂਰੀਆਂ ਕਰਨ ਤੇ ਖੇਤੀ 'ਚ ਲਗਾਤਾਰ ਪਏ ਘਾਟੇ ਕਾਰਨ ਦਰਸ਼ਨ ਸਿੰਘ ਸਿਰ ਕਰੀਬ 20 ਲੱਖ ਰੁਪਏ ਦਾ ਸਰਕਾਰੀ ਅਤੇ ਨਿੱਜੀ ਕਰਜ਼ਾ ਚੜ੍ਹ ਗਿਆ ਸੀ। ਉਹ ਕਾਫੀ ਸਮੇਂ ਤੋਂ ਪਰੇਸ਼ਾਨ ਰਹਿੰਦਾ ਸੀ। ਇਸੇ ਮਾਨਸਿਕ ਪਰੇਸ਼ਾਨੀ ਦੇ ਚੱਲਦਿਆਂ ਉਸ ਨੇ ਖੇਤ 'ਚ ਜਾ ਕੇ ਸਲਫ਼ਾਸ ਦੀਆਂ ਗੋਲੀਆਂ ਖਾ ਲਈਆਂ। ਪਤਾ ਲੱਗਣ 'ਤੇ ਪਰਵਾਰ ਵੱਲੋਂ ਇਲਾਜ ਲਈ ਉਨ੍ਹਾਂ ਨੂੰ ਤੁਰੰਤ ਸੁਨਾਮ ਦੇ ਸਿਵਲ ਹਸਪਤਾਲ ਵਿਖੇ ਲਿਜਾਇਆ ਗਿਆ, ਪਰ ਉਨ੍ਹਾਂ ਨੂੰ ਬਚਾਇਆ ਨਹੀਂ ਜਾ ਸਕਿਆ। ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਆਗੂਆਂ ਰਾਮ ਸਰਨ ਸਿੰਘ ਉਗਰਾਹਾਂ ਅਤੇ ਸੁਖਪਾਲ ਸਿੰਘ ਮਾਣਕ ਕਣਕਵਾਲ ਨੇ ਇਸ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਮ੍ਰਿਤਕ ਕਿਸਾਨ ਦੇ ਸਿਰ ਚੜ੍ਹਿਆ ਸਾਰਾ ਕਰਜ਼ਾ ਉਤਾਰਨ ਦੀ ਜ਼ਿੰਮੇਵਾਰੀ ਸਰਕਾਰ ਖ਼ੁਦ ਚੁੱਕੇ ਅਤੇ ਪੀੜਤ ਪਰਵਾਰ ਨੂੰ ਬਣਦਾ ਯੋਗ ਮੁਆਵਜ਼ਾ ਦਿੱਤਾ ਜਾਵੇ।

## ਅੱਜ-ਨਾਮਾ

ਹੱਥਾਂ 'ਚੋਂ ਨਿਕਲਦੇ ਜਾਣ ਹਾਲਾਤ ਲੱਗਦੇ,  
ਵਧਦਾ ਸਮਾਜ ਵਿੱਚ ਜਾਏ ਸੰਤਾਪ ਬੇਲੀ।  
ਜਾਣਦੀ ਪੀੜ ਸਰਕਾਰ ਨਹੀਂ ਪੀੜਤਾਂ ਦੀ,  
ਵਾਹ ਪਿਆ ਜਾਣਦੇ ਲੋਕ ਨੇ ਆਪ ਬੇਲੀ।  
ਪੈਸਾ, ਪਹੁੰਚ, ਸਿਫਾਰਸ਼ ਆ ਹੋਏ ਭਾਰੂ,  
ਕੋਈ ਵੀ ਜਾਣਦਾ ਨਾ ਪਸ਼ਚਾਤਾਪ ਬੇਲੀ।  
ਉੱਚਾ ਕੂਕਣਾ ਦਿੱਸ ਰਿਹਾ ਪਊ ਮਹਿੰਗਾ,  
ਰੋਵਣਾ ਦੁੱਖ ਵੀ ਬਣ ਗਿਆ ਪਾਪ ਬੇਲੀ।  
ਕਿਹੜੀ ਦਿਸ਼ਾ ਨੂੰ ਜਾਏ ਪੰਜਾਬ ਤੁਰਿਆ,  
ਲੱਗਦਾ ਕਿਸੇ ਨੂੰ ਕੋਈ ਨਹੀਂ ਪਤਾ ਬੇਲੀ।  
ਚਿਣਗ ਚਾਨਣ ਦੀ ਕੋਈ ਨਾ ਕਿਤੇ ਦਿੱਸੇ,  
ਪਤਾ ਨਾ ਲੋਕਾਂ ਤੋਂ ਹੋਈ ਕੀ ਖਤਾ ਬੇਲੀ।

-ਤੀਸ ਮਾਰ ਖਾਂ

## ਇੰਗਲੈਂਡ-ਫਰਾਂਸ ਮੈਚ 'ਚ ਗੋਲਾਂ ਦਾ ਮੀਂਹ ਵਰ੍ਹਿਆ

**ਮਿਆਮੀ (ਨ ਜ਼ ਸ)**

ਫੀਫਾ ਵਿਸ਼ਵ ਕੱਪ ਵਿੱਚ ਤੀਜੀ ਪੁਜ਼ੀਸ਼ਨ ਲਈ ਹੋਏ ਮੈਚ ਵਿੱਚ ਗੋਲਾਂ ਦਾ ਮੀਂਹ ਵਰ੍ਹਿਆ, ਜਦੋਂ ਇੰਗਲੈਂਡ ਨੇ ਫਰਾਂਸ ਨੂੰ 6-4 ਨਾਲ ਹਰਾ ਕੇ ਕਾਂਸੀ ਦਾ ਤਮਗਾ ਜਿੱਤਿਆ। ਇੰਗਲੈਂਡ ਦਾ ਇਤਿਹਾਸ ਵਿੱਚ ਇਹ ਦੂਜਾ ਸਭ ਤੋਂ ਵਧੀਆ ਵਿਸ਼ਵ ਕੱਪ ਪ੍ਰਦਰਸ਼ਨ ਸੀ। ਉਹ ਇਸ ਤੋਂ ਪਹਿਲਾਂ 1966 ਵਿੱਚ ਚੈਂਪੀਅਨ ਰਿਹਾ ਸੀ।

ਇੰਗਲੈਂਡ ਦਾ ਹੀਰੋ ਬੁਕਾਯੋ ਸਾਕਾ ਰਿਹਾ, ਜਿਸ ਨੇ ਹੈਟ੍ਰਿਕ ਬਣਾਈ। ਇਸ ਦੌਰਾਨ ਫਰਾਂਸ ਦੇ ਕਪਤਾਨ ਕਾਇਲੀਅਨ ਐੱਮਬਾਪੇ ਨੇ ਗੋਲਡਨ ਬੂਟ ਦੀ ਦੌੜ ਵਿੱਚ ਮੈਸੀ ਨੂੰ ਪਛਾੜਨ ਲਈ ਦੋ ਗੋਲ ਕੀਤੇ। ਹੁਣ ਉਸ ਦੇ 10 ਗੋਲ ਹੋ ਗਏ ਹਨ, ਜਦੋਂ ਕਿ ਲਿਓਨਲ ਮੈਸੀ ਦੇ ਅੱਠ ਹਨ।

ਇਸ ਤੋਂ ਇਲਾਵਾ, ਐੱਮਬਾਪੇ ਵਿਸ਼ਵ ਕੱਪ ਇਤਿਹਾਸ ਵਿੱਚ ਸਭ ਤੋਂ ਵੱਧ ਗੋਲ ਕਰਨ ਵਾਲਾ ਖਿਡਾਰੀ ਬਣ ਗਿਆ। ਉਸ ਕੋਲ ਹੁਣ ਵਿਸ਼ਵ ਕੱਪ ਵਿੱਚ 22 ਗੋਲ ਹਨ, ਜਦੋਂ ਕਿ ਮੈਸੀ ਦੇ 21 ਗੋਲ ਹਨ। ਹਾਲਾਂਕਿ, ਮੈਸੀ ਕੋਲ ਫਾਈਨਲ ਵਿੱਚ ਗੋਲ ਕਰਨ ਦਾ ਮੌਕਾ ਹੈ। ਵਿਸ਼ਵ ਕੱਪ ਦੀ ਤੀਜੀ ਪੁਜ਼ੀਸ਼ਨ ਦੇ ਮੈਚ ਵਿੱਚ ਪਹਿਲੀ ਵਾਰ 10 ਗੋਲ ਹੋਏ, ਜਿਸ ਨਾਲ ਇਹ 1982 ਦੇ ਵਿਸ਼ਵ ਕੱਪ ਤੋਂ ਬਾਅਦ ਸਭ ਤੋਂ ਵੱਧ ਸਕੋਰ ਵਾਲਾ ਮੈਚ ਬਣ ਗਿਆ। ਡੈ ਕ ਲ ਨ

• ਬਾਕੀ ਸਫਾ 2 'ਤੇ

## ਗਾਜ਼ਾ ਵਾਲੇ ਸਪੇਨ ਹਮਾਇਤੀ



ਦਿਵਿਆਂਗ ਫਲਸਤੀਨੀ ਫੁੱਟਬਾਲਰ ਸਪੇਨ ਦਾ ਝੰਡਾ ਬੁਲੰਦ ਕਰਦੇ ਹੋਏ।

**ਗਾਜ਼ਾ ਸਿਟੀ :** ਗਾਜ਼ਾ ਦੇ ਫੁੱਟਬਾਲ ਦੀਵਾਨਿਆਂ ਦੀ ਇੱਛਾ ਸੀ ਕਿ ਵਰਲਡ ਕੱਪ ਫੁੱਟਬਾਲ ਸਪੇਨ ਜਿੱਤੇ। ਇਸ ਪਿੱਛੇ ਉਨ੍ਹਾਂ ਦੋ ਅਹਿਮ ਕਾਰਨ ਗਿਣਾਏ। ਪਹਿਲਾ, ਇਜ਼ਰਾਈਲ ਵੱਲੋਂ ਗਾਜ਼ਾ ਵਿੱਚ ਢਾਹੇ ਗਏ ਜ਼ੁਲਮਾਂ ਖਿਲਾਫ ਸਪੇਨੀ ਸਰਕਾਰ ਨੇ ਆਵਾਜ਼ ਬੁਲੰਦ ਕੀਤੀ ਅਤੇ ਦੂਜਾ, ਸਪੇਨੀ ਕਲੱਬ ਬਾਰਸੀਲੋਨਾ ਵੱਲੋਂ ਮਈ ਵਿੱਚ ਲਾ ਲੀਗਾ ਚੈਂਪੀਅਨਸ਼ਿਪ ਜਿੱਤਣ ਤੋਂ ਬਾਅਦ ਕੱਢੀ ਗਈ ਬੱਸ ਪਰੇਡ ਵਿੱਚ ਇਸ ਦੇ ਸਟਾਰ ਖਿਡਾਰੀ ਯਮਾਲ ਨੇ ਫਲਸਤੀਨੀ ਝੰਡਾ ਲਹਿਰਾਇਆ ਸੀ। ਤੇਤੀ ਸਾਲਾ ਅਹਿਮਦ ਅਲ-ਬਜ਼ਮ ਨੇ ਕਿਹਾ, 'ਅਸੀਂ ਆਸ ਕਰਦੇ ਹਾਂ ਕਿ ਵਰਲਡ ਕੱਪ ਜਿੱਤ ਕੇ ਯਮਾਲ ਫਿਰ ਫਲਸਤੀਨੀ ਝੰਡਾ ਲਹਿਰਾਏਗਾ।'

## ਸਾਥੀ ਅਜਾਇਬ ਦੀ ਯਾਦ 'ਚ ਸੂਹੀ ਸਲਾਮ ਇਕੱਤਰਤਾ




**ਜਲੰਧਰ (ਨਵਾਂ ਜ਼ਮਾਨਾ ਸਰਵਿਸ)**

ਜੂਨ ਮਹੀਨੇ ਕਮਿਊਨਿਸਟ ਇਨਕਲਾਬੀ ਲਹਿਰ ਦੇ ਕਾਫਲੇ 'ਚੋਂ ਵਿਛੜ ਗਏ ਸੀ ਪੀ ਆਰ ਸੀ ਆਈ (ਐੱਮ ਐੱਲ) ਦੀ ਪੰਜਾਬ ਸੂਬਾ ਕਮੇਟੀ ਦੇ ਮੈਂਬਰ ਕਾਮਰੇਡ ਅਜਾਇਬ ਦੀ ਸ਼ਾਨਾਮੱਤੀ ਜੀਵਨ ਘਾਲਣਾ ਨੂੰ ਸੂਹੀ ਸਲਾਮ ਕਰਦੀ ਇਕੱਤਰਤਾ ਦੇਸ਼ ਭਗਤ ਯਾਦਗਰ ਹਾਲ ਜਲੰਧਰ ਵਿਖੇ ਹੋਈ। ਪੰਜਾਬ ਦੇ ਕੋਨੇ-ਕੋਨੇ ਤੋਂ ਪਹੁੰਚੇ ਇਨਕਲਾਬੀ ਲਹਿਰ ਦੇ ਸਰਗਰਮ ਤੇ ਹਮਾਇਤੀ ਘੇਰੇ ਨੇ ਕਾਮਰੇਡ ਅਜਾਇਬ ਦੀ ਫਖ਼ਰਯੋਗ ਇਨਕਲਾਬੀ ਕਰਨੀ ਨੂੰ ਸਿਜਦਾ ਕੀਤਾ ਤੇ ਉਸ ਦੇ ਲੋਕ ਇਨਕਲਾਬ ਦੇ ਅਕੀਦੇ ਨੂੰ ਹੋਰ ਸੰਗਰਾਮੀ ਭਾਵਨਾ ਨਾਲ ਬੁਲੰਦ ਕਰਨ ਦਾ ਅਹਿਦ ਕੀਤਾ।

ਇਕੱਤਰਤਾ ਦੀ ਸ਼ੁਰੂਆਤ ਸਾਥੀ ਅਜਾਇਬ ਦੀ ਯਾਦ ਨੂੰ ਸਿਜਦਾ ਕਰਨ ਲਈ ਮਕਬੂਲ ਇਨਕਲਾਬੀ ਗੀਤ 'ਹਮ ਜੰਗ-ਏ-ਅਵਾਮੀ ਸੇ ਕੋਹਰਾਮ ਮਚਾ ਦੇਗੇਂ' ਦੀ ਧੁਨ 'ਤੇ ਸਮੁੱਚੇ ਇਕੱਠ ਵੱਲੋਂ ਦੋ ਮਿੰਟ ਖੜੇ ਹੋ ਕੇ ਸ਼ਰਧਾਂਜਲੀ ਦੇਣ ਨਾਲ ਹੋਈ। ਇਕੱਠ ਦੀ ਤਰਫੋਂ ਕਮੇਟੀ ਮੈਂਬਰਾਂ ਤੇ ਪਰਵਾਰਕ ਮੈਂਬਰਾਂ ਵੱਲੋਂ ਸਾਥੀ ਅਜਾਇਬ ਦੀ ਤਸਵੀਰ ਨੂੰ ਫੁੱਲ ਭੇਟ ਕਰਕੇ ਸਿਜਦਾ ਕੀਤਾ ਗਿਆ। ਸੰਬੋਧਨ ਕਰਨ ਵਾਲੇ ਬੁਲਾਰਿਆਂ 'ਚ ਜਸਪਾਲ ਜੱਸੀ, ਮੁਖਤਿਆਰ ਪੂਹਲਾ ਤੇ ਬੂਟਾ ਸਿੰਘ ਮਹਿਮੂਦਪੁਰ ਨੇ ਕਾਮਰੇਡ ਅਜਾਇਬ ਵੱਲੋਂ ਲੋਕ ਇਨਕਲਾਬ ਦੇ ਮਹਾਨ ਮਿਸ਼ਨ ਨੂੰ ਸਮਰਪਿਤ ਹੋ ਕੇ ਨਿਭਾਏ ਯੋਗਦਾਨ ਨੂੰ ਮਿਸਾਲੀ ਕਰਾਰ ਦਿੱਤਾ। ਉਨ੍ਹਾ ਇੱਕ ਪੇਸ਼ਾਵਰ ਇਨਕਲਾਬੀ ਵਜੋਂ ਉਨ੍ਹਾਂ ਦੇ 56-57 ਵਰ੍ਹੇ ਦੇ ਲੰਮੇ ਸਿਆਸੀ ਸਫਰ ਨੂੰ ਸਲਾਮ ਕਹੀ ਤੇ ਇਸ ਨੇਹਚਾਵਾਨ ਸਫ਼ਰ ਲਈ ਕਮਿਊਨਿਸਟ ਵਿਚਾਰਧਾਰਾ 'ਚ ਉਨ੍ਹਾ ਦੇ ਅਡੋਲ ਭਰੋਸੇ ਤੇ ਇਸ ਤੋਂ ਰੌਸ਼ਨੀ ਲੈ ਕੇ ਭਾਰਤ ਦੇ ਨਵ-ਜਮਹੂਰੀ ਇਨਕਲਾਬ ਦੇ ਟੀਚੇ ਦੀ ਸਪੱਸ਼ਟਤਾ ਬਾਰੇ ਚਰਚਾ ਕੀਤੀ। ਕਮਿਊਨਿਸਟ ਇਨਕਲਾਬੀ ਲਹਿਰ ਅੰਦਰ ਸਫਲ ਨਿਭਾਅ ਲਈ ਸਾਥੀ ਅਜਾਇਬ ਦੇ

• ਬਾਕੀ ਸਫਾ 2 'ਤੇ

## ਰਿਜਨਲ ਏ ਐੱਸ ਆਈ ਐੱਸ ਸੀ ਤੀਰਅੰਦਾਜ਼ੀ ਮੁਕਾਬਲੇ ਸੰਪੰਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਬੀਬੀ ਸੁਰਿੰਦਰ ਕੌਰ ਬਾਦਲ ਮਾਲਵਾ ਸਕੂਲ ਗਿੱਦੜਬਾਹਾ ਵਿਖੇ ਸੀ ਆਈ ਐੱਸ ਸੀ ਈ ਖੇਤਰ ਪੱਧਰੀ ਤੀਰਅੰਦਾਜ਼ੀ ਮੁਕਾਬਲੇ ਕਰਵਾਏ ਗਏ।ਦੋ ਰੋਜ਼ਾ ਇਨ੍ਹਾਂ ਮੁਕਾਬਲਿਆਂ ਵਿੱਚ ਪੰਜ ਜ਼ੋਨਾਂ ਚੰਡੀਗੜ੍ਹ, ਮੁਕਤਸਰ, ਅੰਮ੍ਰਿਤਸਰ, ਐੱਨ ਸੀ ਆਰ ਦਿੱਲੀ ਤੇ ਹਰਿਆਣਾ ਦੇ ਤਿੰਨ ਉਮਰ ਵਰਗਾਂ (ਅੰਡਰ 14, ਅੰਡਰ 17 ਤੇ ਅੰਡਰ 19) ਦੇ ਕੁੱਲ 133 ਤੀਰਅੰਦਾਜ਼ਾਂ ਨੇ ਭਾਗ ਲਿਆ।ਮੁਕਾਬਲਿਆਂ ਦੇ ਪਹਿਲੇ ਦਿਨ ਭਾਰਤੀ ਦੌਰ ਆਯੋਜਿਤ ਕੀਤਾ ਗਿਆ, ਜਿਸ ਵਿੱਚ 52 ਭਾਗੀਦਾਰਾਂ ਨੇ ਤਿੰਨ ਉਮਰ ਵਰਗਾਂ ਵਿੱਚ ਹਿੱਸਾ ਲਿਆ।ਇਸ ਦੌਰਾਨ ਅੰਡਰ 14 ਉਮਰ ਵਰਗ ਵਿੱਚ ਮਾਨਵ ਜਾਗੰਰਾ, ਅਗਮਨ ਸਿੰਘ ਕਿੰਗਰਾ ਤੇ ਸਹਿਜਮਨ ਕੌਰ ਨੇ ਸੋਨਾ ਤਗਮਾ, ਅੰਡਰ 17 ਉਮਰ ਵਰਗ ਵਿਚ ਭੌਮਿਕ, ਹਰਨੂਰ ਕੌਰ ਤੇ ਪਾਰੀਨ ਸੈਣੀ ਨੇ ਸੋਨਾ ਤਮਗਾ ਤੇ ਅੰਡਰ 19 ਉਮਰ ਵਰਗ ਵਿਚੋਂ ਸਿਮਰਨ ਸਿੱਧੂ ਸੋਨਾ ਤਮਗਾ ਜਿੱਤਿਆ।ਇਸੇ ਤਰ੍ਹਾਂ ਦੂਜੇ ਦਿਨ ਕੰਪਾਊਂਡ ਤੇ ਰਿਕਰਵ ਰਾਊਂਡ ਹੋਇਆ, ਜਿਸ ਵਿੱਚ 81 ਭਾਗੀਦਾਰਾਂ ਨੇ ਤਿੰਨ ਉਮਰ ਵਰਗਾਂ ਵਿੱਚ ਹਿੱਸਾ ਲਿਆ।ਕੰਪਾਊਂਡ ਤੇ ਰਿਕਰਵ ਰਾਊਂਡ ਦੌਰਾਨ ਅੰਡਰ 14 (ਕੰਪਾਊਂਡ) ਵਿਚ ਅਨਮੋਲਪ੍ਰੀਤ ਸਿੰਘ, ਹਰਨੂਰ ਕੌਰ ਤੇ ਦਰੀਸ਼ੀਤਾ ਸਿੰਘ ਨੇ ਸੋਨ ਤਮਗੇ, ਅੰਡਰ 14 (ਰਿਕਰਵ) ਵਿੱਚ ਮਯੰਕ ਸ਼ਰਣ ਤੇ ਰਮਨੀਕ ਕੌਰ ਨੇ ਸੋਨ ਤਮਗੇ, ਅੰਡਰ 17 (ਕੰਪਾਊਂਡ) ਵਿਚ ਅਲਵਿਨ ਵਿਕੀ ਤੇ ਰਵਨਿਆ ਨੇ ਸੋਨ ਤਮਗਾ, ਅੰਡਰ 17 (ਰਿਕਰਵ) ਵਿੱਚ ਹਰਿਕਰਨਜੀਤ ਸਿੰਘ, ਸਕਸ਼ਮ ਤੇ ਦਿਲਸ਼ਨੀਤ ਕੌਰ ਨੇ ਸੋਨ ਤਮਗਾ, ਅੰਡਰ 19 (ਕੰਪਾਊਂਡ) ਵਿੱਚ ਨਵਨੀਤ ਸ਼ਰਮਾ ਤੇ ਸਰਿਸ਼ਾ ਜੈਨ ਨੇ ਗੋਲਡ ਮੈਡਲ ਤੇ ਅੰਡਰ 19 (ਰਿਕਰਵ) ਵਿੱਚ ਰਮਨਦੀਪ ਕੌਰ ਨੇ ਸੋਨ ਤਮਗਾ ਜਿੱਤਿਆ।ਇਸ ਮੌਕੇ ਮਾਲਵਾ ਸਕੂਲ ਗਿੱਦੜਬਾਹਾ ਦੇ ਪ੍ਰਿੰਸੀਪਲ ਕਰਨਲ ਸੁਧਾਂਸ਼ੂ ਆਰੀਆ (ਸੇਵਾਮੁਕਤ) ਨੇ ਸਾਰੇ ਜੇਤੂ ਖਿਡਾਰੀਆਂ ਤੇ ਕੋਚਾਂ ਨੂੰ ਵਧਾਈ ਦਿੱਤੀ, ਜਦੋਂਕਿ ਸਕੂਲ ਦੇ ਵਾਈਸ ਪ੍ਰਿੰਸੀਪਲ ਜਸਬੀਰ ਸਿੰਘ ਬਰਾੜ ਨੇ ਸਾਰੇ ਭਾਗੀਦਾਰਾਂ ਤੇ ਜ਼ੋਨਾਂ ਦੇ ਮੁਖੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਮਿਹਨਤ ਸਦਕਾ ਇਹ ਮੁਕਾਬਲੇ ਸ਼ਾਨਦਾਰ ਢੰਗ ਨਾਲ ਸੰਪੰਨ ਹੋਏ।

## ਰੁਜ਼ਗਾਰ ਗਰੰਟੀ ਕਾਨੂੰਨ ਹੀ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢ ਸਕਦੈ : ਚੌਹਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਭਾਵੇਂ ਪੰਜਾਬ ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਕਰਜ਼, ਖੁਦਕੁਸ਼ੀਆਂ ਸਮੇਤ ਅਨੇਕਾਂ ਅਲਾਮਤਾਂ ਨਾਲ ਜੂਝ ਰਿਹਾ ਹੈ, ਪ੍ਰੰਤੂ ਸੂਬੇ ਦੀ ਮਾਨ ਸਰਕਾਰ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦਾ ਗੁੰਮਰਾਹਕੁਨ ਪ੍ਰਚਾਰ ਕਰਕੇ ਇੱਥੋਂ ਦੀ ਜਨਤਾ ਵਰਗਲਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡ ਰਹੀ, ਜਦੋਂਕਿ ਪੰਜਾਬ ਦੀ ਅਮਲੀ ਤਸਵੀਰ ਕੁੱਝ ਹੋਰ ਹੀ ਹੈ।ਆਏ ਦਿਨ ਨਸ਼ਿਆਂ ਕਾਰਨ ਹੋ ਰਹੀਆਂ ਨੌਜਵਾਨਾਂ ਦੀਆਂ ਮੌਤਾਂ ਸੂਬੇ ਦੇ ਭਵਿੱਖ ਲਈ ਖਤਰਨਾਕ ਸਿੱਧ ਹੋਣਗੀਆਂ, ਰੁਜ਼ਗਾਰ ਗਰੰਟੀ ਕਾਨੂੰਨ ਹੀ ਨੌਜਵਾਨ ਵਰਗ ਨੂੰ ਨਸ਼ਿਆਂ ਦੀ ਦਲਦਲ 'ਚੋਂ ਬਾਹਰ ਕੱਢ ਸਕਦਾ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਸਿੰਘ ਚੌਹਾਨ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।

ਕਮਿਊਨਿਸਟ ਆਗੂ ਨੇ ਕਿਹਾ ਕਿ ਖਿਆਲਾਂ ਕਲਾਂ ਦੇ ਨੌਜਵਾਨ ਮਲਕੀਤ ਸਿੰਘ ਦੀ ਪਿਛਲੇ ਦਿਨਾਂ ਦੌਰਾਨ ਨਸ਼ੇ ਕਾਰਨ ਹੋਈ ਮੌਤ ਕਰਕੇ ਬੇਸ਼ੱਕ ਕੁੱਝ ਲੋਕਾਂ 'ਤੇ ਮਾਮਲਾ ਦਰਜ ਕੀਤਾ ਗਿਆ ਹੈ, ਪ੍ਰੰਤੂ ਉਨ੍ਹਾਂ ਸਰਕਾਰ ਦੀ ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵੀ ਪੂਰੀ ਤਰ੍ਹਾਂ ਫੇਲ੍ਹ ਦੱਸਿਆ।ਉਨ੍ਹਾਂ ਨੌਜਵਾਨ ਵਰਗ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਰੁਜ਼ਗਾਰ ਗਰੰਟੀ ਕਾਨੂੰਨ ਦੀ ਸਥਾਪਨਾ ਲਈ ਜਥੇਬੰਦੀ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦਾ ਸਮਰਥਨ ਕਰਨ। ਉਨ੍ਹਾਂ ਨੌਜਵਾਨਾਂ ਦੀਆਂ ਮੰਗਾਂ ਲਈ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਦੇ ਜਨਮ ਦਿਨ ਮੌਕੇ ਰੈਲੀ ਕਰਨ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।

# ਮਾਲੇਰਕੋਟਲਾ-ਜਰਗ-ਖੰਨਾ ਸੜਕ ਨੂੰ ਚੌੜਾ ਕਰਨ ਲਈ ਮਿਲੀ ਮਨਜ਼ੂਰੀ

**ਵਿਧਾਇਕ ਗੱਜਣਮਾਜਰਾ ਦੇ ਯਤਨਾਂ ਨੂੰ ਪਿਆ ਬੂਰ, ਲੋਕਾਂ 'ਚ ਖ਼ੁਸ਼ੀ ਦੀ ਲਹਿਰ**

**ਮਾਲੇਰਕੋਟਲਾ (ਅਸਗਰ ਪਰਿਹਾਰ)**



ਮਾਲੇਰਕੋਟਲਾ ਹਲਕੇ ਦੇ ਲੋਕਾਂ ਦੀ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਜਾਇਜ਼ ਮੰਗ ਨੂੰ ਪੂਰਾ ਕਰਨ ਵੱਲ ਪੰਜਾਬ ਸਰਕਾਰ ਨੇ ਇੱਕ ਵੱਡਾ ਕਦਮ ਚੁੱਕਿਆ ਹੈ। ਹਲਕਾ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਦੇ ਲਗਾਤਾਰ ਯਤਨਾਂ ਸਦਕਾ 'ਮਾਲੇਰਕੋਟਲਾ-ਜਰਗ-ਖੰਨਾ' ਸੜਕ (ਮਾਲੇਰਕੋਟਲਾ-ਜੋੜੇ ਪੁਲ) ਦੇ ਨਿਰਮਾਣ ਤੇ ਸੁਧਾਰ ਲਈ 'ਇਨ-ਪ੍ਰਿੰਸੀਪਲ' ਮਨਜ਼ੂਰੀ ਮਿਲ ਗਈ ਹੈ।ਇਸ ਅਹਿਮ ਪ੍ਰਾਜੈਕਟ ਤਹਿਤ ਕਰੀਬ 66 ਕਰੋੜ 28 ਲੱਖ ਰੁਪਏ ਦੀ ਲਾਗਤ ਨਾਲ 18.5 ਕਿਲੋਮੀਟਰ ਲੰਮੀ ਸੜਕ ਨੂੰ ਮੌਜੂਦਾ 18 ਫੁੱਟ ਤੋਂ ਵਧਾ ਕੇ 33 ਫੁੱਟ ਚੌੜਾ ਕੀਤਾ ਜਾਵੇਗਾ।ਇਸ ਮਹੱਤਵਪੂਰਨ ਪ੍ਰਾਜੈਕਟ ਦੀ ਮਨਜ਼ੂਰੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਨੇ ਹਲਕਾ ਨਿਵਾਸੀਆਂ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਲੋਕ ਨਿਰਮਾਣ ਮੰਤਰੀ ਸ੍ਰ. ਹਰਭਜਨ ਸਿੰਘ ਈ.ਟੀ.ਓ. ਦਾ ਵਿਸ਼ੇਸ਼ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਇਹ ਸੜਕ ਇਲਾਕੇ ਦੇ ਲੋਕਾਂ ਲਈ ਬੇਹੱਦ ਜ਼ਰੂਰੀ ਸੀ ਤੇ ਪੰਜਾਬ ਸਰਕਾਰ ਨੇ ਜਨਤਾ ਦੀਆਂ ਮੁਸ਼ਕਲਾਂ ਨੂੰ ਸਮਝਦਿਆਂ ਇਸ ਨੂੰ ਮਨਜ਼ੂਰੀ ਦੇ ਕੇ ਆਪਣੀ ਵਿਕਾਸ ਪੱਖੀ ਸੋਚ ਦਾ ਸਬੂਤ ਦਿੱਤਾ ਹੈ।ਮਾਲੇਰਕੋਟਲਾ, ਜਰਗ, ਖੰਨਾ ਤੇ ਆਸ-ਪਾਸ ਦੇ ਦਰਜਨਾਂ ਪਿੰਡਾਂ ਦੇ ਲੋਕਾਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਵੱਡੀ ਸਹੂਲਤ ਮਿਲੇਗੀ।ਸੜਕ ਦੇ 33 ਫੁੱਟ ਚੌੜਾ ਹੋਣ ਨਾਲ ਟ੍ਰੈਫਿਕ ਜਾਮ ਤੋਂ ਮੁਕਤੀ ਮਿਲੇਗੀ ਤੇ ਸੜਕ ਹਾਦਸਿਆਂ ਦਾ ਖ਼ਤਰਾ ਵੀ ਕਾਫੀ ਘਟ ਜਾਵੇਗਾ।ਇਹ ਮੁੱਖ ਮਾਰਗ ਚੌੜਾ ਹੋਣ ਨਾਲ ਇਲਾਕੇ ਦੇ ਵਪਾਰਕ ਤੇ ਆਰਥਿਕ ਵਿਕਾਸ ਨੂੰ ਨਵੀਂ ਗਤੀ ਮਿਲੇਗੀ।

ਪ੍ਰੋ. ਗੱਜਣਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਲੋਕਾਂ ਨੂੰ ਬਿਹਤਰ ਸੜਕੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਦੁਹਰਾਇਆ ਕਿ ਉਹ ਭਵਿੱਖ ਵਿੱਚ ਵੀ ਹਲਕੇ ਦੇ ਸਰਵਪੱਖੀ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਯਤਨਸ਼ੀਲ ਰਹਿਣਗੇ।

## ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਕੌਮਾਂਤਰੀ ਨਿਆਂ ਦਿਵਸ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੇ ਪ੍ਰਸਿੱਧ ਸਕੂਲ ਹੋਲੀ ਹਾਰਟ ਸਕੂਲ ਵਿਖੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਮਿਲ ਕੇ ਕੌਮਾਂਤਰੀ ਨਿਆਂ ਦਿਵਸ ਬਹੁਤ ਹੀ ਉਤਸ਼ਾਹ ਅਤੇ ਗੰਭੀਰਤਾ ਨਾਲ ਮਨਾਇਆ ਗਿਆ।ਇਹ ਵਿਸ਼ੇਸ਼ ਦਿਨ ਹਰ ਸਾਲ 17 ਜੁਲਾਈ ਨੂੰ ਪੂਰੀ ਦੁਨੀਆ ਵਿੱਚ ਅੰਤਰਰਾਸ਼ਟਰੀ ਅਪਰਾਧਕ ਨਿਆਂ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਪੀੜਤਾਂ ਦੇ ਹੱਕਾਂ ਦੀ ਰੱਖਿਆ ਲਈ ਮਨਾਇਆ ਜਾਂਦਾ ਹੈ।ਇਸ ਸਾਲ ਸਕੂਲ ਕੈਂਪਸ ਵਿੱਚ ਇਸ ਦਿਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਿਸ਼ਵ ਪੱਧਰ 'ਤੇ ਅਮਨ-ਸ਼ਾਂਤੀ, ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਨਿਆਂ ਦੀ ਅਹਿਮੀਅਤ ਬਾਰੇ ਜਾਗਰੂਕ ਕਰਨਾ ਸੀ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਨਿਆਂ ਤੋਂ ਬਿਨਾਂ ਇੱਕ ਸੱਭਿਅਕ ਸਮਾਜ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ।ਇਸ ਮੌਕੇ ਸਕੂਲ ਦੇ ਸੀਨੀਅਰ ਵਿਦਿਆਰਥੀਆਂ ਨੇ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਪਾਵਰਪੁਆਇੰਟ ਪ੍ਰੈਜ਼ੈਂਟੇਸ਼ਨ ਪੇਸ਼ ਕੀਤੀ, ਜਿਸ ਵਿੱਚ ਅੰਤਰਰਾਸ਼ਟਰੀ ਅਦਾਲਤ ਦੇ ਕੰਮਾਂ ਅਤੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਗਈ।ਵਿਦਿਆਰਥੀਆਂ ਨੇ ਚਾਰਟਾਂ ਅਤੇ ਪੋਸਟਰਾਂ ਰਾਹੀਂ ਇਹ ਸੁਨੇਹਾ ਦਿੱਤਾ ਕਿ ਕਿਵੇਂ ਨਸਲਕੁਸ਼ੀ, ਯੁੱਧ ਅਪਰਾਧ ਅਤੇ ਮਨੁੱਖਤਾ ਦੇ ਖ਼ਿਲਾਫ਼ ਹੋਣ ਵਾਲੇ ਗੁਨਾਹਾਂ ਨੂੰ ਰੋਕਣ ਲਈ ਪੂਰੀ ਦੁਨੀਆ ਦਾ ਇੱਕਜੁੱਟ ਹੋਣਾ ਜ਼ਰੂਰੀ ਹੈ।ਸਕੂਲ ਦੇ ਡਿਬੇਟ ਕਲੱਬ ਵੱਲੋਂ 'ਵਿਸ਼ਵ ਸ਼ਾਂਤੀ ਲਈ ਅੰਤਰਰਾਸ਼ਟਰੀ ਕਾਨੂੰਨ ਦੀ ਲੋੜ' ਵਿਸ਼ੇ 'ਤੇ ਭਾਸ਼ਣ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਬਹੁਤ ਹੀ ਦਲੀਲਪੂਰਨ ਤਰੀਕੇ ਨਾਲ ਆਪਣੇ ਵਿਚਾਰ ਰੱਖੇ।ਸਕੂਲ ਦੇ ਆਰਟ ਵਿਭਾਗ ਵੱਲੋਂ ਇਕ ਵਿਸ਼ੇਸ਼ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ 'ਨਿਆਂ ਸਭ ਦੇ ਲਈ' ਵਿਸ਼ੇ 'ਤੇ ਬਣਾਈਆਂ ਗਈਆਂ ਕਲਾਕ੍ਰਿਤੀਆਂ ਨੇ ਸਭ ਦਾ ਮਨ ਮੋਹ ਲਿਆ।ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਅਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਵੱਲੋਂ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ।

## ਸੀਵਰਮੈਨ ਇੰਪਲਾਈਜ਼ ਯੂਨੀਅਨ ਦੇ ਸੰਘਰਸ਼ 'ਚ ਕਾਮਰੇਡ ਵਿਜੇ ਨੇ ਕੀਤੀ ਸ਼ਿਰਕਤ




**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਮਿਊਂਸਪਲ ਕਾਰਪੋਰੇਸ਼ਨ ਸੀਵਰਮੈਨ ਇੰਪਲਾਈਜ਼ ਯੂਨੀਅਨ (ਸਬੰਧਤ ਏਟਕ) ਰਜਿ.ਨੰ.35 ਵੱਲੋਂ ਮੰਡੀ ਗੋਬਿੰਦਗੜ੍ਹ ਵਿਖੇ ਚੱਲ ਰਹੇ ਰੋਸ ਪ੍ਰਦਰਸ਼ਨ ਨੂੰ ਸਮਰਥਨ ਨਗਰ ਕੌਂਸਲ ਕਮੇਟੀ ਮੰਡੀ ਗੋਬਿੰਦਗੜ੍ਹ ਵਿਖੇ ਪਿਛਲੇ 10 ਦਿਨਾਂ ਤੋਂ ਚੱਲ ਰਹੇ ਰੋਸ ਪ੍ਰਦਰਸ਼ਨ ਵਿੱਚ ਪੰਜਾਬ ਮਿਊਂਸਪਲ ਕਾਰਪੋਰੇਸ਼ਨ ਸੀਵਰਮੈਨ ਇੰਪਲਾਈਜ਼ ਯੂਨੀਅਨ ਦੇ ਪੰਜਾਬ ਪ੍ਰਧਾਨ ਕਾਮਰੇਡ ਵਿਜੇ ਕੁਮਾਰ ਦੀ ਅਗਵਾਈ ਹੇਠ ਸਮੁੱਚੇ ਵਫ਼ਦ ਨੇ ਸ਼ਮੂਲੀਅਤ ਕੀਤੀ।ਕਾਮਰੇਡ ਵਿਜੇ ਕੁਮਾਰ ਨੇ ਸਮੂਹ ਮੁਲਾਜ਼ਮ ਜਥੇਬੰਦੀਆਂ ਤੇ ਦਰਜਾ ਚਾਰ ਕਰਮਚਾਰੀਆਂ ਨੂੰ ਭਰੋਸਾ ਦਿਵਾਇਆ ਕਿ ਯੂਨੀਅਨ ਹਰ ਮੁਸ਼ਕਲ ਘੜੀ ਵਿੱਚ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।ਪ੍ਰਧਾਨ ਵੱਲੋਂ ਇਸ ਗੱਲ ਦੀ ਨਿਖੇਧੀ ਕੀਤੀ ਗਈ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੇ ਉੱਤੇ ਹਰ ਰੋਜ਼ ਕਿਸੇ ਨਾ ਕਿਸੇ ਧਰਨੇ ਦੇ ਉੱਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ।ਪ੍ਰਧਾਨ ਵੱਲੋਂ ਸਖਤ ਸ਼ਬਦਾਂ ਦੇ ਵਿੱਚ ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ 'ਤੇ ਹਮਦਰਦੀ ਨਾਲ ਵਿਚਾਰ ਕਰਨ ਲਈ ਤੁਰੰਤ ਇੱਕ ਵਿਸ਼ੇਸ਼ (ਸਪੈਸ਼ਲ) ਮੀਟਿੰਗ ਬੁਲਾਈ ਜਾਵੇ।ਪ੍ਰਧਾਨ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਜਲਦ ਨਾ ਮੰਨਿਆ ਗਿਆ, ਤਾਂ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਸਰਕਾਰ ਨੂੰ ਇਸ ਦਾ ਭਾਰੀ ਖਾਮਿਆਜ਼ਾ ਭੁਗਤਣਾ ਪਵੇਗਾ।ਇਸ ਮੌਕੇ ਹਾਜ਼ਰ ਸਮੂਹ ਮੁਲਾਜ਼ਮ ਸਾਥੀਆਂ ਵੱਲੋਂ ਪੰਜਾਬ ਪ੍ਰਧਾਨ ਕਾਮਰੇਡ ਵਿਜੇ ਕੁਮਾਰ ਦਾ ਇਸ ਹਮਾਇਤ ਲਈ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

## ਨਾਹਰ ਸਿੰਘ ਐਡਵੋਕੇਟ ਯਾਦਗਾਰੀ ਸਕਾਲਰਸ਼ਿਪ ਦਿੱਤੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਰਕਾਰੀ ਪ੍ਰਾਇਮਰੀ ਸਕੂਲ ਵਜੀਦਕੇ ਕਲਾਂ ਵਿਖੇ ਸੈਸ਼ਨ 2025-26 ਦੌਰਾਨ ਪੰਜਵੀਂ ਜਮਾਤ ਵਿਚੋਂ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਵਰਗਵਾਸੀ ਨਾਹਰ ਸਿੰਘ ਐਡਵੋਕੇਟ ਯਾਦਗਾਰੀ ਸਕਾਲਰਸ਼ਿਪ ਦੀ ਦਿੱਤੀ ਗਈ।ਪ੍ਰਬੰਧਕਾਂ ਨੇ ਦੱਸਿਆ ਕਿ ਵਜੀਦਕੇ ਕਲਾਂ ਦੇ ਜੰਮਪਲ ਸਵ: ਨਾਹਰ ਸਿੰਘ ਐਡਵੋਕੇਟ (98) ਤਿੰਨ ਵਰ੍ਹੇ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ।ਉਨ੍ਹਾਂ ਆਪਣੇ ਜੀਵਨ ਦਾ ਪੰਜ ਦਹਾਕਿਆਂ ਤੋਂ ਵੀ ਵੱਧ ਸਮੇਂ ਤੋਂ ਬਠਿੰਡਾ ਸ਼ਹਿਰ 'ਚ ਗੁਜ਼ਾਰਿਆ, ਪਰ ਉਨ੍ਹਾਂ ਦੀ ਰੂਹ ਹਮੇਸ਼ਾ ਪਿੰਡ 'ਚ ਵਸਦੀ ਸੀ।ਅੱਜ ਉਨ੍ਹਾਂ ਦੀ ਪੋਤਰੀ ਜੈਸਮੀਨ ਸਿੱਧੂ, ਪੋਤ ਜਵਾਈ ਹਨਿੰਦਰ ਸਿੰਘ ਸਿੱਧੂ ਤੇ ਜਗਤਾਰ ਸਿੰਘ ਟਿਵਾਣਾ ਨੇ ਨਾਹਰ ਸਿੰਘ ਯਾਦਗਾਰੀ ਸਕਾਲਰਸ਼ਿਪ ਤਹਿਤ ਪੰਜਵੀਂ ਜਮਾਤ ਵਿੱਚੋਂ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਪ੍ਰਦੀਪ ਕੌਰ, ਜਸਨੂਰ ਕੌਰ ਤੇ ਲਵਜੋਤ ਕੌਰ ਨੂੰ ਕ੍ਰਮਵਾਰ 5100, 3100 ਤੇ 2100 ਰੁਪਏ ਦੀ ਨਕਦ ਸਨਮਾਨ ਰਾਸ਼ੀ, ਸਰਟੀਫ਼ਿਕੇਟ ਤੇ ਸਨਮਾਨ ਚਿੰਨ੍ਹ ਦਿੱਤੇ ਗਏ।ਪਰਿਵਾਰਕ ਮੈਂਬਰਾਂ ਵੱਲੋਂ ਇਹ ਸਕਾਲਰਸ਼ਿਪ ਹਰੇਕ ਸਾਲ ਦਿੱਤੀ ਜਾਂਦੀ ਹੈ।ਪ੍ਰਸਿੱਧ ਗੀਤਕਾਰ ਮਨਪ੍ਰੀਤ ਟਿਵਾਣਾ ਨੇ ਸ੍ਰ. ਨਾਹਰ ਸਿੰਘ ਐਡਵੋਕੇਟ ਦੇ ਸੰਘਰਸ਼ਮਈ ਜੀਵਨ ਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਸਕੂਲ ਦੇ ਅਧਿਆਪਕ ਤੇਜਿੰਦਰ ਸਿੰਘ ਨੇ ਸਭ ਨੂੰ ਜੀ ਆਇਆਂ ਨੂੰ ਆਖਿਆ।ਸੈਂਟਰ ਹੈੱਡ ਟੀਚਰ ਅਰਵਿੰਦਰ ਸਿੰਘ ਨੇ ਇਸ ਉਪਰਾਲੇ ਲਈ ਪਰਵਾਰ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਨੂੰ ਉਤਸ਼ਾਹ, ਹੱਲਾਸ਼ੇਰੀ ਤੇ ਹੋਰ ਮਿਹਨਤ ਕਰਨ ਦੀ ਪ੍ਰੇਰਣਾ ਮਿਲੇਗੀ।ਇਸ ਸਮੇਂ ਬੱਚਿਆਂ ਨੂੰ ਚਾਕਲੇਟ ਤੇ ਟਾਫ਼ੀਆਂ ਅਤੇ ਬਿਸਕੁਟ ਵੀ ਵੰਡੇ ਗਏ।

## ਪ੍ਰਭੂ ਯਸੂ ਮਸੀਹ ਸਾਨੂੰ ਸ਼ਾਂਤੀ ਤੇ ਪਿਆਰ ਦਾ ਸੰਦੇਸ਼ ਦਿੰਦੇ : ਬਿਸ਼ਪ ਦਰਬਾਰਾ ਸਿੰਘ



**ਮੱਖੂ (ਰਛਪਾਲ ਸਿੰਘ ਸੰਧੂ)**-ਬਲਾਕ ਮਖੂ ਦੇ ਪਿੰਡ ਬਸਤੀ ਚਾਂਬ ਵਿੱਚ ਇੱਕ ਮਸੀਹ ਸਤਿਸੰਗ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਨੇ ਹਿੱਸਾ ਲਿਆ। ਇਸ ਮਸੀਹ ਸਤਿਸੰਗ ਵਿੱਚ ਸੀਐੱਨਆਈ ਚਰਚ ਦੇ ਬਿਸ਼ਪ ਮਾਨਯੋਗ ਦਰਬਾਰਾ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਬਿਸ਼ਪ ਦਰਬਾਰਾ ਸਿੰਘ ਨੇ ਪਵਿੱਤਰ ਬਾਈਬਲ ਵਿੱਚੋਂ ਸੰਗਤ ਨੂੰ ਦੱਸਿਆ ਕਿ ਪ੍ਰਭੂ ਯਿਸ਼ੂ ਮਸੀਹ ਸਾਨੂੰ ਪ੍ਰੇਮ ਤੇ ਮਨ ਦੀ ਸ਼ਾਂਤੀ ਦਾ ਸੰਦੇਸ਼ ਦਿੰਦੇ ਹਨ।ਪ੍ਰਭੂ ਯਿਸ਼ੂ ਮਸੀਹ ਦੇ ਇਸ ਸੰਦੇਸ਼ ਤੋਂ ਪ੍ਰਭਾਵਿਤ ਹੋ ਕੇ ਅੱਜ ਦੁਨੀਆ ਵਿੱਚ ਬਹੁਤ ਵੱਡੀ ਗਿਣਤੀ ਲੋਕ ਪ੍ਰਭੂ ਯਿਸ਼ੂ ਮਸੀਹ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਆਪਣੀ ਜ਼ਿੰਦਗੀ ਬਤੀਤ ਕਰ ਰਹੇ ਹਨ।ਇਸ ਮੌਕੇ ਉਨ੍ਹਾਂ ਨਾਲ ਪਾਸਟਰ ਰੋਹਿਤ ਹੰਸ, ਮਾਸਟਰ ਤਸਵੀਰ ਨਾਹਰ, ਪਾਸਟਰ ਰਾਜ ਮਸੀਹ ਮੱਲੂ ਬਾਣੀਆ, ਪਾਸਟਰ ਤਰਸੇਮ ਨੂਰਪੁਰ, ਪਾਸਟਰ ਜੈਮਸ ਨੂਰਪੁਰ, ਮਾਸਟਰ ਸੈਮਲ, ਪਾਸਟਰ ਅੰਗਰੇਜ਼ ਮਸੀਹ, ਪਤਰਸ ਮਸੀਹ, ਲਾਲ ਮਸੀਹ, ਨੰਦ ਮਸੀਹ, ਸਾਬਕਾ ਸਰਪੰਚ ਨਿਸ਼ਾਨ ਸਿੰਘ, ਸਰਵਨ ਮਸੀਹ ਸੰਮਾ ਸਾਬਕਾ ਪ੍ਰਧਾਨ ਨਗਰ ਪੰਚਾਇਤ ਮਖੂ, ਅਨਵਰ ਮਸੀਹ ਪ੍ਰਧਾਨ ਲੇਬਰ ਯੂਨੀਅਨ ਮੱਖੂ, ਸੁਖਾ ਮਸੀਹ, ਕਮਲ ਮਸੀਹ, ਕਾਲੂ ਮਸੀਹ ਆਦਿ ਹਾਜ਼ਰ ਸਨ।



## ਸਫਾਈ ਸੇਵਕਾਂ ਦੀਆਂ ਮੰਗਾਂ ਦੇ ਹੱਕ 'ਚ ਨਗਰ ਸੁਧਾਰ ਸਭਾ ਦੇ ਵਫ਼ਦ ਨੇ ਦਿੱਤਾ ਮੰਗ ਪੱਤਰ



**ਜਗਰਾਉਂ (ਨਛੱਤਰ ਸੰਧੂ)**-ਸਥਾਨਕ ਨਗਰ ਸੁਧਾਰ ਸਭਾ ਦੇ ਵਫ਼ਦ ਨੇ ਪੰਜਾਬ ਸਰਕਾਰ ਦੇ ਨਾਂ ਪੰਜਾਬ ਭਰ 'ਚ ਸਫ਼ਾਈ ਕਾਮਿਆਂ ਦੀ ਚੱਲ ਰਹੀ ਹੜਤਾਲ ਦੇ ਸਮਰਥਨ ਵਿੱਚ ਮੰਗ ਪੱਤਰ ਐਸ ਡੀ ਐਮ ਦਫਤਰ ਵਿਚ ਨਾਇਬ ਤਹਿਸੀਲਦਾਰ ਸ੍ਰੀ ਪੁਸ਼ਪਿੰਦਰ ਸਿੰਘ ਨੂੰ ਸੌਂਪਿਆ।ਸਭਾ ਦੇ ਸੱਕਤਰ ਕੰਵਲਜੀਤ ਖੰਨਾ ਦੀ ਅਗਵਾਈ 'ਚ ਵਫ਼ਦ ਨੇ ਮੰਗ ਕੀਤੀ ਕਿ ਬੀਤੀ ਅੱਠ ਜੁਲਾਈ ਤੋਂ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਅਣਮਿੱਥੇ ਸਮੇਂ ਦੀ ਹੜਤਾਲ 'ਤੇ ਬੈਠੇ ਸਫਾਈ ਕਾਮਿਆਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ।ਉਨ੍ਹਾਂ ਕਿਹਾ ਕਿ ਬੀਤੇ ਮਈ ਮਹੀਨੇ 'ਚ ਵੀ ਇਨ੍ਹਾਂ ਦਲਿਤ ਗਰੀਬਾਂ ਨੇ ਸਤਾਰਾਂ ਦਿਨ ਹੜਤਾਲ ਕਰਕੇ ਆਪਣੀਆਂ ਮੰਗਾਂ ਲਈ ਅੰਦੋਲਨ ਕੀਤਾ ਸੀ।ਉਸ ਸਮੇਂ ਪੰਜਾਬ ਸਰਕਾਰ ਨੇ ਇੱਕ ਮਹੀਨੇ ਦਾ ਸਮਾਂ ਲੈ ਕੇ ਮੰਗਾਂ ਦਾ ਸਮਾਧਾਨ ਕਰਨ ਦਾ ਭਰੋਸਾ ਦਿੱਤਾ ਸੀ।ਵਫ਼ਦ ਨੇ ਉਪਮੰਡਲ ਅਧਿਕਾਰੀ ਨੂੰ ਦੱਸਿਆ ਕਿ ਇਸ ਸਮੇਂ ਸ਼ਹਿਰ ਭਰ 'ਚ ਕੂੜੇ ਦੇ ਢੇਰ ਲੱਗੇ ਹੋਏ ਹਨ, ਸੀਵਰੇਜ ਸਿਸਟਮ ਬੰਦ ਪਏ ਹਨ, ਬੀਮਾਰੀ ਫੈਲਣ ਦਾ ਖਤਰਾ ਹੈ, ਇਸ ਲਈ ਸਫ਼ਾਈ ਕਾਮਿਆਂ ਦੀਆਂ ਮੰਗਾਂ ਤੁਰੰਗ ਮੰਨੀਆਂ ਜਾਣ। ਇਨ੍ਹਾਂ ਮੰਗਾਂ ਵਿੱਚ ਕੱਚੇ ਕਾਮੇ ਪੱਕੇ ਕਰਨੇ, ਠੇਕੇਦਾਰੀ ਸਿਸਟਮ ਖਤਮ ਕਰਨਾ, ਮਹਿੰਗਾਈ ਭੱਤੇ ਦਾ ਬਕਾਇਆ ਜਾਰੀ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਬਰਾਬਰ ਕੰਮ ਦੀ ਬਰਾਬਰ ਤਨਖਾਹ ਦਾ ਨਿਯਮ ਲਾਗੂ ਕਰਨਾ ਸ਼ਾਮਿਲ ਹਨ। ਵਫ਼ਦ 'ਚ ਅਸ਼ੋਕ ਭੰਡਾਰੀ, ਅਵਤਾਰ ਸਿੰਘ ਗਗੜਾ, ਜਗਦੀਸ਼ ਸਿੰਘ, ਹੂਕਮਰਾਜ ਦੇਹੜਕਾ, ਬਲਵਿੰਦਰ ਸਿੰਘ, ਜਸਵੰਤ ਸਿੰਘ ਕਲੇਰ, ਸੁਦਰਸ਼ਨ ਕੁਮਾਰ ਆਦਿ ਸ਼ਾਮਿਲ ਸਨ

## ਜੇ ਐੱਨ ਸਕੂਲ 'ਚ ਮਾਪੇ-ਅਧਿਆਪਕ ਮਿਲਣੀ ਤੇ ਮੁਫ਼ਤ ਦੰਦ ਜਾਂਚ ਕੈਂਪ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਜੇ. ਐੱਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਵਿਖੇ ਸ਼ਨੀਵਾਰ ਨੂੰ ਮਾਪੇ-ਅਧਿਆਪਕ ਮਿਲਣੀ ਤੇ ਵਿਦਿਆਰਥੀਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਜੈਨੇਸਿਸ ਡੈਂਟਲ ਕਾਲਜ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ ਮੁਫ਼ਤ ਦੰਦ ਜਾਂਚ ਕੈਂਪ ਲਾਇਆ ਗਿਆ।ਮਾਪੇ-ਅਧਿਆਪਕ ਮਿਲਣੀ ਦੌਰਾਨ ਅਧਿਆਪਕਾਂ ਨੇ ਵਿਦਿਆਰਥੀਆਂ ਦੀ ਮਹੀਨਾਵਾਰ ਪੜ੍ਹਾਈ, ਪ੍ਰਗਤੀ ਰਿਪੋਰਟ ਤੇ ਸਰਵਪੱਖੀ ਵਿਕਾਸ ਸਬੰਧੀ ਮਾਪਿਆਂ ਨਾਲ ਵਿਸਥਾਰਪੂਰਵਕ ਚਰਚਾ ਕੀਤੀ।ਦੰਦ ਜਾਂਚ ਕੈਂਪ ਦੌਰਾਨ ਡਾ. ਸੁਖਕਿਰਤ ਕੌਰ, ਡਾ. ਨਵਚੰਦਨ ਕੌਰ ਤੇ ਡਾ. ਦੀਪਕ ਨੇ ਵਿਦਿਆਰਥੀਆਂ ਦੇ ਦੰਦਾਂ ਦੀ ਮੁਫ਼ਤ ਜਾਂਚ ਕਰਕੇ ਉਨ੍ਹਾਂ ਨੂੰ ਮੂੰਹ ਤੇ ਦੰਦਾਂ ਦੀ ਸਫ਼ਾਈ ਸਬੰਧੀ ਜ਼ਰੂਰੀ ਸਲਾਹ ਵੀ ਦਿੱਤੀ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਰਵਿੰਦਰ ਕੁਮਾਰ ਨੇ ਡਾਕਟਰਾਂ ਦੀ ਟੀਮ ਤੇ ਵੱਡੀ ਗਿਣਤੀ ਵਿੱਚ ਪੁੱਜੇ ਮਾਪਿਆਂ ਦਾ ਧੰਨਵਾਦ ਕੀਤਾ।ਉਨ੍ਹਾਂ ਸਕੂਲ ਦੇ ਚੇਅਰਮੈਨ ਜਨਕ ਰਾਜ ਮੁੰਜਾਲ, ਮੈਨੇਜਿੰਗ ਡਾਇਰੈਕਟਰ ਅਰਜੁਨ ਮੁੰਜਾਲ, ਮੈਨੇਜਮੈਂਟ ਮੈਂਬਰ ਸ਼੍ਰੀਮਤੀ ਏਕਤਾ ਮੁੰਜਾਲ, ਸ਼੍ਰੀਮਤੀ ਅੰਜਲੀ ਚਾਨਣਾ ਤੇ ਸਮੂਹ ਸਟਾਫ਼ ਦੇ ਸਹਿਯੋਗ ਦੀ ਵੀ ਸ਼ਲਾਘਾ ਕੀਤੀ।

# ਇਤਿਹਾਸਕ ਇਕੱਠ ਨੇ ਲਾਈ ਜਸਵਿੰਦਰ ਸਿੱਧੂ ਦੀ ਹਰਮਨ ਪਿਆਰਤਾ 'ਤੇ ਮੋਹਰ

**ਬਾਪੂ ਤਰਸੇਮ ਸਿੰਘ, ਐੱਮ ਪੀ ਖਾਲਸਾ ਤੇ ਇਆਲੀ ਦੀ ਮੌਜੂਦਗੀ ਨੇ ਹਲਕਾ ਧਰਮਕੋਟ ਨੂੰ ਅਕਾਲੀ ਦਲ ਵਾਰਸ ਪੰਜਾਬ ਦੇ ਰੰਗ 'ਚ ਰੰਗਿਆ**



**ਕੋਟ ਈਸੇ ਖਾਂ (ਅਰੋੜਾ)**-ਇੱਥੋਂ ਦੇ ਮੋਗਾ ਰੋਡ 'ਤੇ ਸਥਿਤ ਵਾਲੀਆ ਪੈਲੇਸ ਵਿਖੇ ਹਲਕਾ ਧਰਮਕੋਟ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਤੇ ਅਧਿਆਪਕ ਜਥੇਬੰਦੀ ਦੇ ਮੋਹਰੀ ਆਗੂ ਜਸਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਇੱਕ ਵਿਸ਼ਾਲ ਇੱਕਠ ਹੋਇਆ, ਜਿਸ ਵਿੱਚ ਫਰੀਦਕੋਟ ਲੋਕ ਸਭਾ ਹਲਕੇ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਤੇ ਹਲਕਾ ਦਾਖਾ ਦੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਇਸ ਸਮਾਗਮ ਤੋਂ ਪਹਿਲਾ ਜਸਵਿੰਦਰ ਸਿੰਘ ਸਿੱਧੂ ਦੇ ਗ੍ਰਹਿ ਵਿਖੇ ਐੱਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਪਾਰਟੀ ਜਥੇਬੰਦੀ ਨਾਲ ਹਾਜ਼ਰੀ ਲਵਾਈ ਜਿੱਥੇ ਕਿ ਸਿੱਧੂ ਪਰਿਵਾਰ ਤੇ ਸਮਰਥਕਾਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸਨਮਾਨਤ ਕੀਤਾ।ਉਸ ਤੋਂ ਬਾਅਦ ਇੱਕ ਵੱਡੇ ਕਾਫਲੇ ਨਾਲ ਜਸਵਿੰਦਰ ਸਿੰਘ ਸਿੱਧੂ ਸਮੁੱਚੀ ਹਾਈਕਮਾਂਡ ਨਾਲ ਵਾਲੀਆ ਪੈਲੇਸ ਪਹੁੰਚੇ ਜਿੱਥੇ ਕਿ ਸਿੱਧੂ ਨੂੰ ਪਾਰਟੀ ਹਾਈਕਮਾਂਡ ਵੱਲੋਂ ਰਸਮੀ ਤੌਰ 'ਤੇ ਸ਼ਾਮਲ ਕਰਵਾਉਦਿਆਂ ਸਿਆਸੀ ਜ਼ਿੰਮੇਵਾਰੀ ਸੌਂਪੀ।ਇੱਥੇ ਹੋਏ ਵੱਡੇ ਇੱਕਠ ਨੇ ਸਾਬਿਤ ਕਰ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਹਲਕਾ ਧਰਮਕੋਟ ਅਕਾਲੀ ਦਲ ਵਾਰਿਸ ਪੰਜਾਬ ਦੇ ਰੰਗ ਵਿੱਚ ਰੰਗਿਆ ਜਾ ਚੁੱਕਾ ਹੈ।ਸਟੇਜ ਤੋਂ ਜਥੇਬੰਦੀ ਦੇ ਯੂਥ ਵਿੰਗ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਕਾਦੀਆਂ, ਜ਼ਿਲ੍ਹਾ ਮੋਗਾ ਪ੍ਰਧਾਨ ਰਸ਼ਪਾਲ ਸਿੰਘ ਸੋਸਣ, ਸੀਨੀ ਆਗੂ ਕਰਮਜੀਤ ਸਿੰਘ ਰਸੂਲਪੁਰ ਸਟੇਜ ਸਕੱਤਰ ਤੇ ਹੋਰਨਾਂ ਸੀਨੀਅਰ ਆਗੂਆਂ ਨੇ ਸੰਬੋਧਨ ਕਰਦਿਆਂ ਲੋਕਾਂ ਨੂੰ ਪੰਥ ਤੇ ਪੰਜਾਬ ਦੇ ਹਿੱਤਾਂ ਲਈ ਵਾਰਸ ਪੰਜਾਬ ਦੇ ਜਥੇਬੰਦੀ ਦਾ ਡੱਟ ਕੇ ਸਾਥ ਦੇਣ ਦਾ ਸੱਦਾ ਦਿੱਤਾ ਤੇ ਬੋਲਦਿਆਂ ਕਿਹਾ ਕਿ ਜਸਵਿੰਦਰ ਸਿੰਘ ਸਿੱਧੂ ਅਤੇ ਉਨ੍ਹਾਂ ਦੀ ਟੀਮ ਵੱਲੋਂ ਜੋ ਪਿਛਲੇ ਬਹੁਤ ਘੱਟ ਸਮੇਂ ਵਿੱਚ ਪਿੰਡਾਂ ਵਿੱਚ ਜਾ ਕੇ ਮਿਹਨਤ ਕੀਤੀ ਗਈ ਹੈ, ਇਹ ਉਸ ਦਾ ਹੀ ਨਤੀਜਾ ਹੈ ਜਿਸ ਕਰਕੇ ਅੱਜ ਉਮੀਦ ਨਾਲੋ ਵੀ ਕਿਤੇ ਜ਼ਿਆਦਾ ਇੱਕਠ ਹੋਇਆ ਹੈ, ਜਿਸ ਨਾਲ ਪਾਰਟੀ ਨੂੰ ਬਹੁਤ ਵੱਡਾ ਬਲ ਮਿਲਿਆ ਹੈ। ਹਲਕਾ ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਨੇ ਬੋਲਦਿਆਂ ਆਖਿਆ ਕਿ ਪੰਜਾਬ ਦੀ ਸਿਆਸਤ ਹੁਣ ਇੱਕ ਵੱਡੀ ਕਰਵਟ ਲੈ ਰਹੀ ਹੈ।ਲੋਕ ਹੁਣ ਦਿੱਲੀ ਦੇ ਇਸ਼ਾਰਿਆਂ 'ਤੇ ਚੱਲਣ ਵਾਲੀਆਂ ਕਠਪੁਤਲੀ ਹਕੂਮਤਾਂ ਨੂੰ ਪੂਰੀ ਤਰ੍ਹਾਂ ਨਕਾਰ ਰਹੇ ਹਨ।ਧਰਮਕੋਟ ਦਾ ਇਹ ਇਤਿਹਾਸਕ ਜਲਸਾ ਇਸ ਗੱਲ ਦਾ ਗਵਾਹ ਹੈ ਕਿ ਆਉਣ ਵਾਲਾ ਕੱਲ੍ਹ ਸਾਡਾ ਹੈ ਤੇ ਜਸਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਇਹ ਹਲਕਾ ਪੰਜਾਬ ਦੀ ਸਿਆਸਤ ਵਿੱਚ ਮੋਹਰੀ ਰੋਲ ਅਦਾ ਕਰੇਗਾ। ਇਸੇ ਦੌਰਾਨ ਸੀਨੀਅਰ ਆਗੂ ਤੇ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਵੀ ਸਿੱਧੂ ਦੀ ਸੰਗਠਨ ਸੇਵਾ ਤੇ ਲੋਕਾਂ ਨੂੰ ਇੱਕਮੁੱਠ ਕਰਨ ਦੀ ਸਮਰੱਥਾ ਦੀ ਭਰਪੂਰ ਤਾਰੀਫ਼ ਕੀਤੀ ਤੇ ਹਰ ਮੋੜ ਤੇ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਣ ਦਾ ਯਕੀਨ ਦਵਾਇਆ।ਉਨ੍ਹਾ ਸਿੱਧੂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਸਵਿੰਦਰ ਸਿੱਧੂ ਦੀ ਮਿਹਨਤ ਸਕਦਾ ਹੀ ਅੱਜ ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਨੂੰ ਹਲਕਾ ਧਰਮਕੋਟ ਵਿੱਚ ਇੰਨੀ ਜ਼ਿਆਦਾ ਮਜ਼ਬੂਤੀ ਮਿਲੀ ਹੈ।ਸਮਾਗਮ ਦੇ ਅਖੀਰ ਵਿੱਚ ਜਸਵਿੰਦਰ ਸਿੰਘ ਸਿੱਧੂ ਨੇ ਪਹੁੰਚੀਆਂ ਸਾਰੀਆਂ ਸਿਰਮੌਰ ਸ਼ਖਸੀਅਤਾਂ, ਪਾਰਟੀ ਲੀਡਰਸ਼ਿਪ ਤੇ ਹਲਕੇ ਦੇ ਕੋਨ-ਕੋਨੇ ਤੋਂ ਆਏ ਆਗੂਆਂ ਤੇ ਹਲਕਾ ਵਾਸੀਆਂ ਦਾ ਦਿਲੋਂ ਸ਼ੁਕਰੀਆ ਅਦਾ ਕੀਤਾ।ਇਸ ਮੌਕੇ ਉਨ੍ਹਾਂ ਵੱਲੋਂ ਪਾਰਟੀ ਹਾਈਕਮਾਂਡ ਦੇ ਜਥੇਬੰਦੀ ਨੂੰ ਸਨਮਾਨਤ ਵੀ ਕੀਤਾ ਗਿਆ।

## ਦੀਵਾਨ ਟੋਡਰ ਮੱਲ ਦੀ ਜਹਾਜ਼ ਹਵੇਲੀ 'ਚ ਚੱਲ ਰਹੇ ਕੰਮਾਂ ਦਾ ਸੀਚੇਵਾਲ ਨੇ ਲਿਆ ਜਾਇਜ਼ਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੀਵਾਨ ਟੋਡਰ ਮੱਲ ਦੀ ਜਹਾਜ਼ ਹਵੇਲੀ ਦਾ ਦੌਰਾ ਕੀਤਾ ਅਤੇ ਚਲ ਰਹੇ ਕੰਮ ਦਾ ਜਾਇਜ਼ਾ ਲਿਆ।ਉਨ੍ਹਾਂ ਫਤਿਹਗੜ੍ਹ ਸਾਹਿਬ ਦੀ ਧਰਤੀ ਨੂੰ ਸਿਜਦਾ ਕਰਦਿਆਂ ਕਿਹਾ ਕਿ ਇਹ ਹਵੇਲੀ ਕੌਮੀ ਵਿਰਾਸਤ ਹੈ। ਉਨ੍ਹਾਂ ਕਿਹਾ ਕਿ ਇਸ ਦੀ ਪੁਰਾਤਨ ਦਿੱਖ ਨੂੰ ਬਹਾਲ ਕਰਨ ਲਈ ਜਿਹੜੇ ਵੀ ਯਤਨ ਕਰਨੇ ਪਏ ਕੀਤੇ ਜਾਣਗੇ।ਦੀਵਾਨ ਟੋਡਰ ਮੱਲ ਫਾਊਂਡੇਸ਼ਨ ਦੇ ਆਗੂ ਭਾਈ ਮਹਿੰਦਰ ਸਿੰਘ ਮਹਿਸਮਪੁਰ ਅਤੇ ਸੰਸਥਾ ਦੇ ਹੋਰ ਅਹੁਦੇਦਾਰਾਂ ਨੇ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੂੰ ਜਾਣੂ ਕਰਵਾਇਆ ਕਿ ਇਸ ਇਲਾਕੇ ਦਾ ਸੀਵਰੇਜ ਸਿਸਟਮ ਫੇਲ੍ਹ ਹੋ ਚੁੱਕਾ ਹੈ।ਉਸ ਨੂੰ ਦਰੁਸਤ ਕਰਨਾ ਜਰੂਰੀ ਹੈ।ਇੱਸੇ ਤਰ੍ਹਾਂ ਜੀ.ਟੀ ਰੋਡ ਤੋਂ ਜਹਾਜ਼ ਹਵੇਲੀ ਦੇ ਸਾਹਮਣੇ ਲੰਘਦੀ 5 ਕਿਲੋਮੀਟਰ ਸੜਕ ਨੂੰ ਚੌੜਾ ਤੇ ਮਜ਼ਬੂਤ ਕੀਤਾ ਜਾਵੇ।ਉਨ੍ਹਾਂ ਰੇਲਵੇ ਲਾਈਨਾਂ ਹੇਠੋਂ ਦੀ ਰਸਤਾ ਬਣਾਉਣ ਦੀ ਮੰਗ ਵੀ ਕੀਤੀ।ਇਸ ਮੌਕੇ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਜ਼ਹਾਜ਼ ਹਵੇਲੀ ਦੇ ਪ੍ਰੋਜੈਕਟ ਦਾ ਸਮੁੱਚਾ ਕੰਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੇ ਧਿਆਨ ਵਿੱਚ ਹੈ।ਇਸ ਕੰਮ ਨੂੰ ਨੇਪਰੇ ਚੜ੍ਹਾਉਣ ਲਈ ਪੈਸੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

## ਪੀ ਡੀ ਏ ਨੇ ਐੱਨ ਓ ਸੀ ਸੰਬੰਧੀ ਅਧਿਕਾਰੀਆਂ ਨੂੰ ਦਿੱਤਾ ਮੰਗ ਪੱਤਰ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਸਮਾਜ ਸੇਵੀ ਰਾਜ ਕੁਮਾਰ ਰਾਣਾ ਨੇ ਪਟਿਆਲਾ ਡਿਵੈਲਪਮੈਂਟ ਅਥਾਰਟੀ (ਪੀ.ਡੀ.ਏ.) ਨੇ ਐੱਨਓਸੀ ਦੀ ਵੈਰੀਫਿਕੇਸ਼ਨ ਸਬੰਧੀ ਜਾਰੀ ਨਵੀਆਂ ਹਦਾਇਤਾਂ 'ਤੇ ਇਤਰਾਜ਼ ਜਤਾਉਂਦਿਆਂ ਪੰਜਾਬ ਸਰਕਾਰ ਤੇ ਸੰਬੰਧਤ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪਿਆ।ਉਨ੍ਹਾਂ ਕਿਹਾ ਕਿ ਸਾਲ 2015-16 ਦੌਰਾਨ ਬਣੀਆਂ ਕਲੋਨੀਆਂ ਵਿੱਚ ਹਜ਼ਾਰਾਂ ਪਲਾਟ ਹੋਲਡਰਾਂ ਨੇ ਪੀ.ਡੀ.ਏ. ਵੱਲੋਂ ਜਾਰੀ ਐੱਨਓਸੀ ਦੇ ਆਧਾਰ 'ਤੇ ਪਲਾਟ ਖਰੀਦੇ, ਰਜਿਸਟਰੀਆਂ ਕਰਵਾਈਆਂ ਤੇ ਆਪਣੇ ਮਕਾਨ ਵੀ ਤਿਆਰ ਕਰ ਲਏ ਹਨ।ਕਈ ਪਲਾਟਾਂ ਦੀ ਅੱਗੇ ਵੀ ਕਈ-ਕਈ ਵਾਰ ਰਜਿਸਟਰੀ ਹੋ ਚੁੱਕੀ ਹੈ।ਰਾਜ ਕੁਮਾਰ ਰਾਣਾ ਨੇ ਕਿਹਾ ਕਿ ਪੀ.ਡੀ.ਏ. ਵੱਲੋਂ ਪੱਤਰ ਨੰਬਰ 11584-90 ਮਿਤੀ 29 ਮਈ 2026 ਰਾਹੀਂ ਕੁਝ ਕਲੋਨੀਆਂ ਵਿੱਚ ਪਲਾਟਾਂ ਦੀਆਂ ਰਜਿਸਟਰੀਆਂ 'ਤੇ ਰੋਕ ਲਗਾ ਦਿੱਤੀ ਗਈ ਹੈ ਤੇ ਐੱਨਓਸੀ ਦੀ ਵੈਰੀਫਿਕੇਸ਼ਨ ਲਈ ਨਵੀਂ ਪ੍ਰਕਿਰਿਆ ਲਾਗੂ ਕੀਤੀ ਗਈ ਹੈ।ਇਸ ਕਾਰਨ ਲੋਕਾਂ ਨੂੰ ਪੀ.ਡੀ.ਏ. ਤੇ ਸਬ-ਰਜਿਸਟਰਾਰ ਦਫ਼ਤਰਾਂ ਦੇ ਵਾਰ-ਵਾਰ ਚੱਕਰ ਕੱਟਣੇ ਪੈ ਰਹੇ ਹਨ।ਪੀ.ਡੀ.ਏ. ਅਧਿਕਾਰੀ ਸਬ-ਰਜਿਸਟਰਾਰ ਰਾਹੀਂ ਵੈਰੀਫਿਕੇਸ਼ਨ ਕਰਵਾਉਣ ਲਈ ਕਹਿੰਦੇ ਹਨ, ਜਦਕਿ ਸਬ-ਰਜਿਸਟਰਾਰ ਦਫ਼ਤਰ ਪਲਾਟ ਹੋਲਡਰਾਂ ਨੂੰ ਖੁਦ ਵੈਰੀਫਿਕੇਸ਼ਨ ਕਰਵਾਉਣ ਲਈ ਕਹਿ ਰਿਹਾ ਹੈ, ਜਿਸ ਕਾਰਨ ਲੋਕ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।ਰਾਜ ਕੁਮਾਰ ਰਾਣਾ ਨੇ ਮੰਗ ਕੀਤੀ ਕਿ ਪੀ.ਡੀ.ਏ. ਦਾ ਇੱਕ ਅਧਿਕਾਰੀ ਸਬ-ਰਜਿਸਟਰਾਰ ਦਫ਼ਤਰ ਵਿੱਚ ਤਾਇਨਾਤ ਕੀਤਾ ਜਾਵੇ ਤਾਂ ਜੋ ਐੱਨਓਸੀ ਦੀ ਵੈਰੀਫਿਕੇਸ਼ਨ ਮੌਕੇ 'ਤੇ ਹੀ ਹੋ ਸਕੇ।ਇਸ ਤੋਂ ਇਲਾਵਾ ਪੀ.ਡੀ.ਏ. ਵੱਲੋਂ ਜਾਰੀ ਕੀਤੇ ਗਏ ਉਕਤ ਪੱਤਰ ਨੂੰ ਤੁਰੰਤ ਵਾਪਸ ਲਿਆ ਜਾਵੇ ਤੇ ਪਹਿਲਾਂ ਵਾਂਗ ਜਾਰੀ ਐੱਨਓਸੀ ਦੇ ਆਧਾਰ 'ਤੇ ਰਜਿਸਟਰੀਆਂ ਦੀ ਪ੍ਰਕਿਰਿਆ ਸੁਚਾਰੂ ਢੰਗ ਨਾਲ ਜਾਰੀ ਰੱਖੀ ਜਾਵੇ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੇਵਜ੍ਹਾ ਖੱਜਲ-ਖੁਆਰ ਕਰਨ ਦੀ ਬਜਾਏ ਉਨ੍ਹਾਂ ਨੂੰ ਰਾਹਤ ਦਿੱਤੀ ਜਾਵੇ।

## ਸਰਕਾਰੀ ਹਾਈ ਸਕੂਲ ਢਿੱਲਵਾਂ ਕਲਾਂ ਵਿਖੇ 'ਰੁੱਖ ਮਿੱਤਰ' ਮੁਹਿੰਮ ਤਹਿਤ ਲਗਾਏ ਗਏ ਪੌਦੇ



**ਕੋਟਕਪੂਰਾ (ਰਛਪਾਲ ਭੁੱਲਰ)**-ਵਾਤਾਵਰਣ ਦੀ ਸੰਭਾਲ ਅਤੇ ਹਰਿਆਵਲ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸ਼ਹੀਦ ਗੁਰਪ੍ਰੀਤ ਸਿੰਘ ਪੀ.ਐਮ. ਸ਼੍ਰੀ ਸਰਕਾਰੀ ਹਾਈ ਸਕੂਲ, ਢਿੱਲਵਾਂ ਕਲਾਂ ਵਿਖੇ ਪੰਜਾਬ ਪੁਲਿਸ ਦੇ ਸਾਂਝ ਕੇਂਦਰ ਅਤੇ ਸਟੂਡੈਂਟ ਪੁਲਿਸ ਕੈਡੇਟ ਦੇ ਸਾਂਝੇ ਉਪਰਾਲੇ ਸਦਕਾ 'ਰੁੱਖ ਮਿੱਤਰ' ਮੁਹਿੰਮ ਤਹਿਤ ਸਕੂਲ ਕੰਪਲੈਕਸ ਵਿੱਚ ਵੱਖ-ਵੱਖ ਕਿਸਮ ਦੇ ਪੌਦੇ ਲਗਾਏ ਗਏ।ਇਸ ਮੌਕੇ ਸਬ-ਡਵੀਜ਼ਨ ਸਾਂਝ ਕੇਂਦਰ ਕੋਟਕਪੂਰਾ ਦੇ ਸਬ ਇੰਸਪੈਕਟਰ ਜਗਸੀਰ ਸਿੰਘ ਸੰਧੂ , ਜਸਬੀਰ ਸਿੰਘ ਜੱਸੀ ਜ਼ਿਲ੍ਹਾ ਗਾਈਡੈਂਸ ਕੌਂਸਲਰ, ਸਕੂਲ ਦੇ ਨੋਡਲ ਇੰਚਾਰਜ ਰੁਪਿੰਦਰ ਸਿੰਘ ਅਤੇ ਸਕੂਲ ਦੇ ਮੁੱਖ ਅਧਿਆਪਕ ਬਲਵਿੰਦਰ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦਿਨੋ ਦਿਨ ਵੱਧ ਰਹੇ ਪ੍ਰਦੂਸ਼ਣ ਕਾਰਨ ਰੁੱਖਾਂ ਦਾ ਬਹੁਤ ਜਿਆਦਾ ਮਹੱਤਵ ਹੈ । 'ਇੱਕ ਰੁੱਖ ਅੱਜ, ਬਿਹਤਰ ਕੱਲ੍ਹ ਲਈ' ਦੇ ਨਾਅਰੇ ਨੂੰ ਸਾਰਿਆਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਬਰਸਾਤ ਦੇ ਮੌਸਮ ਵਿੱਚ ਵੱਧ ਤੋਂ ਵੱਧ ਪੌਦੇ ਲਗਾ ਕੇ ਉਨ੍ਹਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼ ਸੁਥਰਾ ਵਾਤਾਵਰਣ ਮਿਲ ਸਕੇ। ਸਕੂਲ ਦੇ ਮੁੱਖ ਅਧਿਆਪਕ ਨੇ ਆਏ ਪੁਲਿਸ ਅਧਿਕਾਰੀਆਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਇਸ ਉਪਰਾਲੇ ਨੂੰ ਇੱਕ ਸ਼ਲਾਘਾਯੋਗ ਕਦਮ ਦਸਿਆ।

## ਸੀਨੀਅਰ ਸਿਟੀਜ਼ਨ ਸੰਸਥਾ ਨੇ ਕੀਨੀਆ ਤੋਂ ਮੰਗਵਾਏ ਅੰਬਾਂ ਦੇ ਬੂਟੇ ਲਾਏ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਗੀਤਾ ਭਵਨ ਵਿਖੇ ਵਣਮਹਾਂਉਤਸਵ ਮਨਾਇਆ ਗਿਆ।ਇਸ ਮੌਕੇ ਇਸ ਦੇ ਪ੍ਰੋਜੈਕਟ ਚੇਅਰਮੈਨ ਬੀਰਬਲ ਬਾਂਸਲ ਤੇ ਪ੍ਰਧਾਨ ਰੁਪਿੰਦਰ ਭਾਰਦਵਾਜ ਦੀ ਅਗਵਾਈ ਹੇਠ ਸ੍ਰੀ ਕਾਲੂ ਰਾਮ, ਰਾਮ ਕਿਸ਼ੋਰ ਫਰਮ ਵੱਲੋਂ ਕੀਨੀਆ ਤੋਂ ਅੰਬਾਂ ਦੇ ਬੂਟੇ ਮੰਗਵਾ ਕੇ ਸੰਸਥਾ ਨੂੰ ਭੇਟ ਕੀਤੇ ਬੂਟੇ ਲਾਏ ਗਏ।ਇਸ ਮੌਕੇ ਹੋਏ ਸਮਾਗਮ ਵਿੱਚ ਪ੍ਰਧਾਨ ਰੁਪਿੰਦਰ ਭਾਰਦਵਾਜ, ਬੀਰਬਲ ਬਾਂਸਲ ਤੇ ਬਲਵਿੰਦਰ ਭਾਰਦਵਾਜ ਨੇ ਦੱਸਿਆ ਕਿ ਸੀਨੀਅਰ ਸਿਟੀਜਨ ਐਸੋਸੀਏਸ਼ਨ ਵੱਲੋਂ ਹਰ ਸਾਲ ਹੀ ਵਣਮਹਾਂਉਤਸਵ ਮਨਾਇਆ ਜਾਂਦਾ ਹੈ।ਇਸ ਵਾਰ ਇਹ ਦਿਹਾੜਾ ਗੀਤਾ ਭਵਨ ਵਿਖੇ ਮਨਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਉਕਤ ਫਰਮ ਦੇ ਸ੍ਰੀ ਗੋਬਿੰਦ ਰਾਮ ਦੀ ਦੀ ਮਿਹਨਤ ਨਾਲ ਇਹ ਬੂਟੇ ਕੀਨੀਆ ਤੋਂ ਆਏ ਹਨ ਤੇ ਇਸ ਦੀ ਦੇਖ ਭਾਲ ਵੀ ਵਿਦੇਸੀ ਕੰਪਨੀ ਵੱਲੋਂ ਕੀਤੀ ਜਾਵੇਗੀ।ਉਨ੍ਹਾਂ ਨੇ ਸ੍ਰੀ ਗੋਬਿੰਦ ਰਾਮ ਤੇ ਬੀਰਬਲ ਬਾਂਸਲ ਦਾ ਧੰਨਵਾਦ ਕੀਤਾ।ਇਸ ਮੌਕੇ ਪ੍ਰਧਾਨ ਰੁਪਿੰਦਰ ਭਾਰਦਵਾਜ, ਪਵਨ ਗੁਜਰਾਂ, ਰਾਜ ਕੁਮਾਰ ਗੋਇਲ, ਬੀਰਬਲ ਬਾਂਸਲ, ਵੇਦ ਪ੍ਰਕਾਸ਼ ਹੋਡਲਾ, ਕ੍ਰਿਸ਼ਨ ਸੰਦੋਹਾ, ਭਰਤ ਹਰੀ ਸ਼ਰਮਾ, ਗੋਬਿੰਦ ਰਾਮ, ਸੁਖਚੈਨ ਸਿੰਘ ਖਹਿਰਾ, ਸੁਖਦੇਵ ਸਿੰਘ ਚੀਮਾ, ਕਾਹਨ ਦਾਸ ਬਾਵਾ, ਸੁਰਿੰਦਰ ਸਿੰਘ, ਮਹਿੰਦਰ ਸਿੰਘ ਜੌੜਾ, ਭੀਮ ਸੈਨ, ਲਾਜਪਤ ਰਾਏ ਗਰਗ, ਵੇਦ ਕਪੂਰ ਆਦਿ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਸਾਥੀ ਅਜਾਇਬ ਦੀ...

ਮਿਸਾਲੀ ਰੋਲ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ।

ਉੱਘੇ ਨਾਟਕਕਾਰ ਡਾਕਟਰ ਸਾਹਿਬ ਸਿੰਘ ਨੇ ਕਾਮਰੇਡ ਅਜਾਇਬ ਦੇ ਗਰਾਈਂ ਹੋਣ ਵਜੋਂ ਤੇ ਉਸ ਦੇ ਵਿਚਾਰਾਂ ਦੇ ਸਾਥੀ ਵਜੋਂ ਮਾਣ ਮਹਿਸੂਸ ਕਰਦਿਆਂ ਉਨ੍ਹਾ ਦੇ ਸ਼ਾਨਾਮੱਤੇ ਸਫ਼ਰ ਬਾਰੇ ਆਪਣੇ ਜਜ਼ਬੇ ਲੋਕਾਂ ਨਾਲ ਸਾਂਝੇ ਕੀਤੇ। ਸਾਥੀ ਅਜਾਇਬ ਦੇ ਬਚਪਨ ਦੇ ਸਾਥੀ ਰਹੇ ਜਰਨੈਲ ਸਿੰਘ ਨੇ ਵੀ ਉਸ ਨਾਲ ਆਪਣੀ ਨਿੱਜੀ ਦੋਸਤੀ ਦੇ ਅਹਿਸਾਸ ਸਾਂਝੇ ਕਰਦਿਆਂ ਉਸ ਨੂੰ ਦਿੱਤੀ ਜਾ ਰਹੀ ਅਜਿਹੀ ਜਨਤਕ ਸ਼ਰਧਾਂਜਲੀ 'ਤੇ ਮਾਣ ਪ੍ਰਗਟ ਕੀਤਾ। ਲੋਕ ਸੰਗਰਾਮ ਮੋਰਚਾ ਦੇ ਆਗੂ ਸੁਖਮੰਦਰ ਸਿੰਘ ਨੇ ਆਪਣੇ ਇਨਕਲਾਬੀ ਸਫ਼ਰ ਲਈ ਤਿਆਰੀ ਦਾ ਸਿਹਰਾ ਸਾਥੀ ਅਜਾਇਬ ਨੂੰ ਦਿੰਦਿਆਂ ਉਸ ਦੇ ਵਿਛੋੜੇ ਨੂੰ ਆਪਣੇ ਲਈ ਤੇ ਆਪਣੇ ਵਰਗੇ ਹੋਰਨਾਂ ਲਈ ਵੱਡਾ ਘਾਟਾ ਕਰਾਰ ਦਿੱਤਾ ਤੇ ਉਸ ਦੀ ਯਾਦ ਦੇ ਹਵਾਲੇ ਨਾਲ ਇਸੇ ਰਾਹ 'ਤੇ ਡਟੇ ਰਹਿਣ ਦਾ ਅਹਿਦ ਪ੍ਰਗਟ ਕੀਤਾ। ਰਸੂਲਪੁਰ ਕਵੀਸ਼ਰੀ ਜਥੇ ਵੱਲੋਂ ਸੁਣਾਈਆਂ ਕਵੀਸ਼ਰੀਆਂ ਅਤੇ ਧਰਮਿੰਦਰ ਮਸਾਣੀ, ਦਿਸ਼ਾ ਤੇ ਖੁਸ਼ਬੂ ਦੇ ਗੀਤਾਂ ਨੇ ਸਾਥੀ ਅਜਾਇਬ ਦੇ ਵਿਛੋੜੇ ਦਾ ਦਰਦ ਵੀ ਵੰਡਾਇਆ ਤੇ ਪ੍ਰੇਰਨਾ ਦੀਆਂ ਛੱਲਾਂ ਦਾ ਸੰਚਾਰ ਵੀ ਕੀਤਾ। ਅਮੋਲਕ ਸਿੰਘ ਦੀ ਮੰਚ ਸੰਚਾਲਨਾ 'ਚ ਹੋਏ ਇਸ ਸਮਾਗਮ ਦੇ ਅਖੀਰ 'ਤੇ ਕਮੇਟੀ ਦੇ ਕਨਵੀਨਰ ਸੁਰਿੰਦਰ ਕੁਮਾਰੀ ਕੋਛੜ ਨੇ ਪਹੁੰਚੇ ਲੋਕਾਂ ਦਾ ਧੰਨਵਾਦ ਕਰਦਿਆਂ ਅਜਾਇਬ ਸਿੰਘ ਦੇ ਰਾਹਾਂ 'ਤੇ ਤੁਰਨ ਨੂੰ ਸਮੇਂ ਦੀ ਅਣਸਰਦੀ ਲੋੜ ਕਰਾਰ ਦਿੱਤਾ ਤੇ ਅਜਿਹੇ ਸਫ਼ਰ ਲਈ ਤਿਆਰ ਹੋਣ ਦੀ ਅਪੀਲ ਕੀਤੀ।

### ਇੰਗਲੈਂਡ-ਫਰਾਂਸ...

ਰਾਈਸ ਨੇ ਇੰਗਲੈਂਡ ਲਈ ਵਿਸ਼ਵ ਕੱਪ ਇਤਿਹਾਸ ਦਾ ਦੂਜਾ ਸਭ ਤੋਂ ਤੇਜ਼ ਗੋਲ (2 ਮਿੰਟ 14 ਸਕਿੰਟ) ਕੀਤਾ। ਇੰਗਲੈਂਡ ਲਈ ਵਿਸ਼ਵ ਕੱਪ ਦਾ ਸਭ ਤੋਂ ਤੇਜ਼ ਗੋਲ ਅਜੇ ਵੀ ਬ੍ਰਾਇਨ ਰੌਬਸਨ ਦਾ ਹੈ, ਜਿਸ ਨੇ 1982 ਦੇ ਵਿਸ਼ਵ ਕੱਪ ਦੇ 28ਵੇਂ ਸਕਿੰਟ ਵਿੱਚ ਫਰਾਂਸ ਵਿਰੁੱਧ ਸੰਜੋਗ ਨਾਲ ਗੋਲ ਕੀਤਾ ਸੀ। ਫਰਾਂਸ ਦੇ ਮਿਸ਼ੇਲ ਓਲੀਸੇਹ ਨੇ ਇਸ ਵਿਸ਼ਵ ਕੱਪ ਦੇ ਸੱਤਵਾਂ ਗੋਲ ਕਰਨ ਵਿੱਚ ਸਹਾਇਤਾ ਕੀਤੀ, ਜੋ ਕਿ 1966 ਤੋਂ ਬਾਅਦ ਵਿਸ਼ਵ ਕੱਪ ਵਿੱਚ ਸਭ ਤੋਂ ਵੱਧ ਸਹਾਇਤਾ ਕਰਨ ਵਾਲਾ ਪਹਿਲਾ ਖਿਡਾਰੀ ਬਣ ਗਿਆ। ਉਸ ਨੇ ਬ੍ਰਾਜ਼ੀਲ ਦੇ ਮਹਾਨ ਖਿਡਾਰੀ ਪੇਲੇ ਦਾ 56 ਸਾਲ ਪੁਰਾਣਾ ਰਿਕਾਰਡ ਤੋੜ ਦਿੱਤਾ। ਪੇਲੇ ਨੇ 1970 ਦੇ ਵਿਸ਼ਵ ਕੱਪ ਵਿੱਚ ਛੇ ਗੋਲ ਕਰਨ ਵਿੱਚ ਸਹਾਇਤਾ ਕੀਤੀ ਸੀ।

ਇੰਗਲੈਂਡ ਨੇ ਸ਼ੁਰੂਆਤ ਤੋਂ ਹੀ ਮੈਚ 'ਤੇ ਦਬਦਬਾ ਬਣਾਇਆ। ਡੈਕਲਨ ਰਾਈਸ ਨੇ ਤੀਜੇ ਮਿੰਟ ਵਿੱਚ ਪਹਿਲਾ ਗੋਲ ਕੀਤਾ, ਜਦੋਂ ਕਿ ਐਜ਼ਰੀ ਕੌਂਸਾ ਨੇ 18ਵੇਂ ਮਿੰਟ ਵਿੱਚ ਲੀਡ 2-0 ਤੱਕ ਵਧਾ ਦਿੱਤੀ। ਸਾਕਾ ਨੇ 37ਵੇਂ ਮਿੰਟ ਅਤੇ ਪਹਿਲੇ ਹਾਫ ਦੇ ਇੰਜਰੀ ਟਾਈਮ ਵਿੱਚ ਗੋਲ ਕਰਕੇ ਇੰਗਲੈਂਡ ਨੂੰ ਹਾਫ ਟਾਈਮ ਤੱਕ 4-0 ਦੀ ਲੀਡ ਦਿਵਾਈ। ਫਰਾਂਸ ਨੇ ਦੂਜੇ ਹਾਫ ਵਿੱਚ ਵਾਪਸੀ ਕਰਨ ਦੀ ਕੋਸ਼ਿਸ਼ ਕੀਤੀ। ਐੱਮਬਾਪੇ ਨੇ 48ਵੇਂ ਮਿੰਟ ਵਿੱਚ ਪਹਿਲਾ ਗੋਲ ਕੀਤਾ। ਬ੍ਰੈਡਲੀ ਬਾਰਕੋਲਾ ਨੇ 54ਵੇਂ ਮਿੰਟ ਵਿੱਚ ਸਕੋਰ 4-2 ਕਰ ਦਿੱਤਾ ਅਤੇ ਐੱਮਬਾਪੇ ਨੇ 66ਵੇਂ ਮਿੰਟ ਵਿੱਚ ਆਪਣਾ ਦੂਜਾ ਗੋਲ ਕਰਕੇ ਘਾਟੇ ਨੂੰ ਸਿਰਫ ਇੱਕ ਗੋਲ ਤੱਕ ਘਟਾ ਦਿੱਤਾ। ਸਾਕਾ ਨੇ 87ਵੇਂ ਮਿੰਟ ਵਿੱਚ ਪੈਨਲਟੀ ਨੂੰ ਗੋਲ ਵਿੱਚ ਬਦਲ ਕੇ ਆਪਣੀ ਹੈਟ੍ਰਿਕ ਪੂਰੀ ਕੀਤੀ, ਜਿਸ ਨਾਲ ਇੰਗਲੈਂਡ ਨੂੰ ਕੁਝ ਰਾਹਤ ਮਿਲੀ। ਉਸਮਾਨੇ ਡੈਂਬੇਲੇ ਨੇ ਇੰਜਰੀ ਟਾਈਮ ਵਿੱਚ ਫਰਾਂਸ ਲਈ ਬਰਾਬਰੀ ਕੀਤੀ, ਪਰ ਜੂਡ ਬੇਲਿੰਗਮ ਨੇ ਜਲਦੀ ਹੀ ਗੋਲ ਕਰਕੇ ਇੰਗਲੈਂਡ ਲਈ 6-4 ਦੀ ਜਿੱਤ ਦਰਜ ਕੀਤੀ। ਬਹੁਤੇ ਲੋਕਾਂ ਨੇ ਉਮੀਦ ਕੀਤੀ ਸੀ ਕਿ ਮੁਕਾਬਲਾ ਨਿਰਾਸ਼ਾਜਨਕ ਹੋਵੇਗਾ, ਪਰ ਇਹ ਵਿਸ਼ਵ ਕੱਪ ਦੇ ਸਭ ਤੋਂ ਵਧੀਆ ਮੈਚਾਂ ਵਿੱਚੋਂ ਇੱਕ ਸਾਬਤ ਹੋਇਆ। ਸ਼ੁਰੂ ਵਿੱਚ ਇੰਗਲੈਂਡ ਦੇ ਕਪਤਾਨ ਹੈਰੀ ਕੇਨ ਅਤੇ ਧਮਾਕੇਦਾਰ ਫਾਰਵਰਡ ਜੂਡ ਬੇਲਿੰਗਮ ਮੈਦਾਨ ਵਿੱਚ ਨਹੀਂ ਨਿੱਤਰੇ। ਇਸ ਦੇ ਬਾਵਜੂਦ ਇੰਗਲੈਂਡ ਦੇ ਹਮਲਿਆਂ ਦੀ ਲਹਿਰ ਦੇ ਸਾਹਮਣੇ ਫਰਾਂਸ ਬੇਵੱਸ ਦਿਖਾਈ ਦਿੱਤਾ। ਅਪ੍ਰੈਲ 1930 ਤੋਂ ਬਾਅਦ ਪਹਿਲੀ ਵਾਰ ਸੀ, ਜਦੋਂ ਫਰਾਂਸ ਅੱਧੇ ਸਮੇਂ ਤੱਕ ਚਾਰ ਗੋਲਾਂ ਨਾਲ ਪਿੱਛੇ ਰਿਹਾ।

ਫਰਾਂਸ ਨੇ ਪਹਿਲਾਂ ਕਦੇ ਵੀ ਵਿਸ਼ਵ ਕੱਪ ਦੇ ਕਿਸੇ ਮੈਚ ਵਿੱਚ ਛੇ ਗੋਲ ਨਹੀਂ ਖਾਧੇ ਸਨ। ਇਹ 66 ਸਾਲਾਂ ਵਿੱਚ ਪਹਿਲਾ ਮੌਕਾ ਹੈ, ਜਦੋਂ ਉਸ ਨੇ ਛੇ ਗੋਲ ਖਾਧੇ। ਕਾਂਸੀ ਦੇ ਤਮਗੇ ਵਾਲੇ ਮੈਚਾਂ ਨੂੰ ਅਕਸਰ ਅਰਥਹੀਣ ਸਮਝ ਕੇ ਖਾਰਜ ਕਰ ਦਿੱਤਾ ਜਾਂਦਾ ਹੈ, ਪਰ ਇੰਗਲੈਂਡ ਅਤੇ ਫਰਾਂਸ ਨੇ ਉਸ ਬਿਰਤਾਂਤ ਨੂੰ ਸ਼ਾਨਦਾਰ ਢੰਗ ਨਾਲ ਦੁਬਾਰਾ ਲਿਖਿਆ। ਦਸ ਗੋਲ, ਨਿਰੰਤਰ ਹਮਲਾਵਰ ਫੁੱਟਬਾਲ ਅਤੇ ਵਿਅਕਤੀਗਤ ਪ੍ਰਤਿਭਾ ਦੇ ਮੁਜ਼ਾਹਰਿਆਂ ਨੇ ਧਰਵਾਸ ਦੇਣ ਵਾਲੇ ਮੈਚ ਨੂੰ ਵਿਸ਼ਵ ਕੱਪ ਕਲਾਸਿਕ ਵਿੱਚ ਬਦਲ ਦਿੱਤਾ।


### ਸੰਸਦ ਮਾਰਚ...

ਮਿਲਿਆ ਹੈ, ਜਿਸ ਨੇ ਪੁਲਸ ਕਾਰਵਾਈ ਦੀ ਆਲੋਚਨਾ ਕੀਤੀ। ਉਸ ਨੇ ਕਿਹਾ ਕਿ ਜੇ ਐੱਨ ਯੂ ਟੀ ਏ ਜੰਤਰ-ਮੰਤਰ 'ਤੇ ਸ਼ਾਂਤਮਈ ਵਿਦਿਆਰਥੀਆਂ ਅਤੇ ਮਾਪਿਆਂ 'ਤੇ ਬੇਰਹਿਮ ਪੁਲਸ ਕਾਰਵਾਈ ਦੇ ਘਿਨਾਉਣੇ ਯਤਨਾਂ ਦੀ ਸਖਤ ਨਿੰਦਾ ਕਰਦੀ ਹੈ। ਉਸ ਨੇ ਅੱਗੇ ਕਿਹਾ ਕਿ ਭਾਰਤੀ ਸਿੱਖਿਆ ਦੇ ਭਵਿੱਖ ਦੀ ਲੜਾਈ ਹੁਣ ਇਕੱਲੇ ਸੰਘਰਸ਼ਾਂ ਵਿੱਚ ਨਹੀਂ ਲੜੀ ਜਾ ਸਕਦੀ। ਉਸ ਨੇ ਦੇਸ਼-ਭਰ ਦੇ ਅਧਿਆਪਕਾਂ ਨੂੰ ਸੋਮਵਾਰ ਦੇ ਸੰਸਦ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

### ਪ੍ਰਲੇਸ ਵੱਲੋਂ ਹੜਤਾਲੀ ...

ਵਿਦਿਆਰਥੀਆਂ ਦੀ ਵਿਗੜਦੀ ਸਿਹਤ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਨੂੰ ਮਾਮਲੇ ਦਾ ਸੰਵੇਦਨਸ਼ੀਲਤਾ ਨਾਲ ਨਿਪਟਾਰਾ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਅੰਦੋਲਨਕਾਰੀਆਂ ਦੀ ਸਿਹਤ ਤੇ ਜੀਵਨ ਦੀ ਸੁਰੱਖਿਆ ਯਕੀਨੀ ਬਣਾਉਣਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ।ਪ੍ਰਤੀਨਿਧੀਆਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਵਿਦਿਆਰਥੀਆਂ ਦੀਆਂ ਜਾਇਜ਼ ਮੰਗਾਂ ਨੂੰ ਬਿਨਾਂ ਕਿਸੇ ਹੋਰ ਦੇਰੀ ਦੇ ਸਵੀਕਾਰ ਕੀਤਾ ਜਾਵੇ ਅਤੇ ਗੱਲਬਾਤ ਰਾਹੀਂ ਇਸ ਮਾਮਲੇ ਦਾ ਹੱਲ ਲੱਭਿਆ ਜਾਵੇ।ਉਨ੍ਹਾ ਕਿਹਾ ਕਿ ਵਿਦਿਆਰਥੀਆਂ ਦੀਆਂ ਲੋਕਤੰਤਰੀ ਮੰਗਾਂ ਨੂੰ ਅਣਡਿੱਠ ਕਰਨਾ ਨਾ ਤਾਂ ਸਿੱਖਿਆ ਪ੍ਰਣਾਲੀ ਅਤੇ ਨਾ ਹੀ ਲੋਕਤੰਤਰ ਦੇ ਹਿੱਤ ਵਿੱਚ ਹੈ।ਪ੍ਰਤੀਨਿਧੀ ਮੰਡਲ ਵਿੱਚ ਡਾ. ਸਿਰਸਾ ਤੋਂ ਇਲਾਵਾ ਪ੍ਰਲੇਸ ਦੀ ਦਿੱਲੀ ਇਕਾਈ ਤੋਂ ਡਾ. ਅਰਜੁਮੰਦ ਆਰਾ, ਬਿਹਾਰ ਤੋਂ ਸਤੇਂਦਰ ਕੁਮਾਰ ਤੇ ਅਨੀਸ਼ ਅੰਕੁਰ ਅਤੇ ਜਨ-ਸੰਸਕ੍ਰਿਤੀ ਮੰਚ ਦੇ ਜਨਰਲ ਸਕੱਤਰ ਮਨੋਜ ਕੁਮਾਰ ਸਿੰਘ ਤੇ ਰੂਪਮ ਮਿਸ਼ਰਾ ਸ਼ਾਮਲ ਸਨ।

## ਕਿੰਡਰ ਗਾਰਟਨ ਵਿੰਗ ਵੱਲੋਂ ਪ੍ਰਿੰਸੀਪਲ ਫਾਦਰ ਜੈਰੀ ਪੌਲ ਦਾ ਨਿੱਘਾ ਸਵਾਗਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੇਂਟ ਜ਼ੇਵੀਅਰਜ਼ ਸਕੂਲ ਰਾਮਪੁਰਾ ਫੂਲ ਦੇ ਕਿੰਡਰਗਾਰਟਨ ਵਿੰਗ ਨੇ ਨਵੇਂ ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ ਦੇ ਨਿੱਘੇ ਸਵਾਗਤ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ।ਸਕੂਲ ਬੈਂਡ ਸਵਾਗਤੀ ਧੁਨਾਂ ਦੇ ਨਾਲ ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ ਨੂੰ ਮੈਨੇਜਰ ਫਾਦਰ ਆਂਦਰੇ ਫਰਨਾਂਡਿਜ, ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਤੇ ਮੈਡਮ ਅੰਜੂ ਬਾਲਾ ਨਾਲ ਕਿੰਡਰਗਾਰਟਨ ਵਿੰਗ ਵਿੱਚ ਲੈ ਕੇ ਆਏ।ਕਿੰਡਰਗਾਰਟਨ ਵਿੰਗ ਵਿੱਚ ਪਹੁੰਚਣ ਤੇ ਸਭ ਤੋਂ ਪਹਿਲਾਂ ਨੰਨ੍ਹੇ-ਮੁੰਨੇ ਬੱਚਿਆਂ ਨੇ ਨਵੇਂ ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ ਲਈ ਸਪੈਸ਼ਲ ਪਰੇਅਰ ਕੀਤੀ।ਉਪਰੰਤ ਨੰਨ੍ਹੇ-ਮੁੰਨੇ ਬੱਚਿਆਂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਪ੍ਰਿੰਸੀਪਲ ਦਾ ਸਵਾਗਤ ਕੀਤਾ।ਫਿਰ ਬੱਚਿਆਂ ਨੇ ਸਵਾਗਤਮ ਕਲਾਸੀਕਲ ਡਾਂਸ ਪੇਸ਼ ਕੀਤਾ।ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ ਨੇ ਹਰ ਜਮਾਤ ਵਿੱਚ ਜਾ ਕੇ ਨੰਨ੍ਹੇ ਮੁੰਨੇ ਬੱਚਿਆਂ ਤੇ ਉਨ੍ਹਾਂ ਦੇ ਅਧਿਆਪਕਾਂ ਨਾਲ ਮੁਲਾਕਾਤ ਕੀਤੀ।ਅਧਿਆਪਕਾਂ ਵੱਲੋਂ ਕੀਤੀ ਅਣਥੱਕ ਮਿਹਨਤ ਦੀ ਪ੍ਰਸੰਸਾ ਕੀਤੀ। ਪ੍ਰਿੰਸੀਪਲ ਨੇ ਬੱਚਿਆਂ ਦੀ ਪੇਸ਼ਕਾਰੀ ਤੇ ਅਧਿਆਪਕਾਂ ਦੀ ਕਲਕਾਰੀ ਦੀ ਪ੍ਰਸੰਸਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।ਉਨ੍ਹਾ ਬੱਚਿਆਂ ਦੇ ਮਾਪਿਆਂ ਵੱਲੋਂ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਦਿੱਤੇ ਸਹਿਯੋਗ ਦੀ ਤਾਰੀਫ਼ ਕਰਨ ਦੇ ਨਾਲ-ਨਾਲ ਉਨ੍ਹਾਂ ਦਾ ਵੀ ਧੰਨਵਾਦ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਤਰਕਸ਼ੀਲ ਸੁਸਾਇਟੀ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਮੰਗ ਪੱਤਰ ਸੌਂਪੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਸਮੁੱਚੇ ਪੰਜਾਬ ਵਿੱਚ ਵਿਗਿਆਨਕ ਚੇਤਨਾ ਦੀ ਲਹਿਰ ਨੂੰ ਹੋਰ ਵਿਕਸਤ ਕਰਨ ਲਈ ਉਲੀਕੇ ਗਏ ਪ੍ਰੋਗਰਾਮ ਤਹਿਤ ਮਾਝਾ ਜ਼ੋਨ ਦੀਆਂ ਅੰਮ੍ਰਿਤਸਰ,



ਗੋਪਾਲਪੁਰ ਮਝਵਿੰਡ, ਜੰਡਿਆਲਾ ਅਤੇ ਬਿਲਾਸ਼ੀਆਂ ਇਕਾਈਆਂ ਵੱਲੋਂ ਜ਼ਿਲ੍ਹੇ ਦੇ ਪ੍ਰਬੰਧਕ ਅਤੇ ਡਿਪਟੀ ਕਮਿਸ਼ਨਰ (ਜਨਰਲ) ਸ੍ਰੀਮਤੀ ਪੱਲਵੀ ਮਿਸ਼ਰਾ ਨੂੰ ਮਿਲ ਕੇ ਦੋ ਮੰਗ ਪੱਤਰ ਸੌਂਪੇ ਗਏ। ਇਸ ਮੌਕੇ ਵਫ਼ਦ ਵਿੱਚ ਸ਼ਾਮਿਲ ਤਰਕਸ਼ੀਲ ਆਗੂਆਂ ਸੁਮੀਤ ਅੰਮ੍ਰਿਤਸਰ, ਮੁਖਤਿਆਰ ਗੋਪਾਲਪੁਰ, ਜਸਪਾਲ ਬਾਸਰਕੇ, ਪ੍ਰਿੰ. ਮੇਲਾ ਰਾਮ, ਸਿਮਰਜੀਤ ਕੌਰ, ਹਰੀ ਕ੍ਰਿਸ਼ਨ ਅਤੇ ਸੁਰੇਸ਼ ਪਠਾਨੀਆਂ ਨੇ ਮੰਗ ਕੀਤੀ ਕਿ ਵਿਦਿਆਰਥੀਆਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਵਿਕਸਤ ਕਰਨ ਲਈ ਸਿੱਖਿਆ ਸਿਲੇਬਸ ਵਿੱਚ ਸੰਵਿਧਾਨ ਦੀ ਧਾਰਾ 51-ਏ(ਐਚ) ਅਤੇ ਡਰੱਗਜ਼ ਤੇ ਮੈਜਿਕ ਰੈਮੇਡੀਜ਼ ਇਤਰਾਜ਼ਯੋਗ ਇਸ਼ਤਿਹਾਰਬਾਜ਼ੀ ਐਕਟ 1954 ਨੂੰ ਸ਼ਾਮਿਲ ਕੀਤਾ ਜਾਵੇ। ਜ਼ਿਲ੍ਹਾ ਪ੍ਰਸ਼ਾਸਨ ਨੂੰ ਸੌਂਪੇ ਦੂਜੇ ਮੰਗ ਪੱਤਰ ਵਿੱਚ ਇਹ ਮੰਗ ਕੀਤੀ ਗਈ ਕਿ ਦੀ ਕੇਬਲ ਟੈਲੀਵੀਜ਼ਨ ਨੈੱਟਵਰਕ ਰੂਲਜ਼ 1994 ਅਤੇ ਸ਼ੋਰ ਪ੍ਰਦੂਸ਼ਣ (ਰੈਗੂਲੇਸ਼ਨ ਅਤੇ ਕੰਟਰੋਲ) ਨਿਯਮ 2000 ਨੂੰ ਲਾਗੂ ਕਰਨ ਹਿਤ ਡਿਪਟੀ ਕਮਿਸ਼ਨਰ ਦੀ ਚੇਅਰਮੈਨਸ਼ਿਪ ਹੇਠ ਸਥਾਪਤ ਕੀਤੀਆਂ ਗਈਆਂ ਜ਼ਿਲ੍ਹਾ ਪੱਧਰੀ ਮੋਨੀਟਰਿੰਗ ਕਮੇਟੀਆਂ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ) ਦੇ ਦੋ ਪ੍ਰਤੀਨਿਧਾਂ ਨੂੰ ਨਾਮਜ਼ਦ ਕਰਕੇ ਗੈਰ ਸਰਕਾਰੀ ਮੈਂਬਰ ਵਜੋਂ ਯੋਗ ਨੁਮਾਇੰਦਗੀ ਦਿੱਤੀ ਜਾਵੇ। ਤਰਕਸ਼ੀਲ ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਭੋਲੇ ਭਾਲੇ ਲੋਕਾਂ ਨੂੰ ਜਾਦੂ ਟੂਣਿਆਂ, ਧਾਗੇ ਤਵੀਤਾਂ, ਕਾਲੇ ਇਲਮ, ਕੀਤੇ-ਕਰਾਏ ਅਤੇ ਗ੍ਰਹਿ ਚੱਕਰਾਂ ਦੇ ਵਹਿਮਾਂ ਭਰਮਾਂ ਅਤੇ ਅੰਧ ਵਿਸ਼ਵਾਸਾਂ ਵਿੱਚ ਫਸਾ ਕੇ ਉਨ੍ਹਾਂ ਦਾ ਆਰਥਿਕ, ਸਰੀਰਕ ਅਤੇ ਮਾਨਸਿਕ ਸ਼ੋਸ਼ਣ ਕਰਨ ਵਾਲੇ ਪਾਖੰਡੀ ਬਾਬਿਆਂ, ਸਾਧਾਂ ਅਤੇ ਜੋਤਸ਼ੀਆਂ ਦੀਆਂ ਗੈਰ-ਕਾਨੂੰਨੀ ਕਾਰਵਾਈਆਂ ਅਤੇ ਗੁੰਮਰਾਹਕੁੰਨ ਇਸ਼ਤਿਹਾਰਬਾਜ਼ੀ ਉਤੇ ਪਾਬੰਦੀ ਲਾਉਣ ਲਈ ਹੋਰਨਾਂ ਸੂਬਿਆਂ ਵਾਂਗ ਪੰਜਾਬ ਵਿੱਚ ਵੀ ਅੰਧ ਵਿਸ਼ਵਾਸ ਰੋਕੂ ਕਾਨੂੰਨ ਪਾਸ ਕੀਤਾ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਤਰਕਸ਼ੀਲ ਆਗੂਆਂ ਨੂੰ ਇਨ੍ਹਾਂ ਮੰਗਾਂ ਉਤੇ ਗੰਭੀਰਤਾ ਨਾਲ ਵਿਚਾਰ ਕਰਨ ਦਾ ਭਰੋਸਾ ਦਿੱਤਾ।

# ਪ੍ਰਤਾਪ ਵਰਲਡ ਸਕੂਲ ਦੇ ਕੈਡਿਟਾਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

**ਪਠਾਨਕੋਟ (ਰਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ ਐੱਨਸੀਸੀ ਨੇਵਲ ਵਿੰਗ ਦੇ ਦੋ ਕੈਡਿਟਾਂ ਗਰੀਮਾ ਸਿੰਘ ਅਤੇ ਅਰਨਵ ਸਿੰਘ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਡਾਇਰੈਕਟੋਰੇਟ ਦੀ ਟੀਮ ਦਾ ਹਿੱਸਾ ਬਣ ਕੇ ਵੱਕਾਰੀ ਆਲ ਇੰਡੀਆ ਨੌ ਸੈਨਿਕ ਕੈਂਪ 2026 ਵਿੱਚ ਭਾਗ ਲਿਆ।ਇਹ ਰਾਸ਼ਟਰੀ ਪੱਧਰ ਦਾ ਕੈਂਪ 30 ਜੂਨ ਤੋਂ 12 ਜੁਲਾਈ ਤੱਕ ਆਈਐਨਐਸ ਸ਼ਿਵਾਜੀ, ਲੋਨਾਵਲਾ ਵਿੱਚ ਆਯੋਜਿਤ ਕੀਤਾ ਗਿਆ।ਦੋਵੇਂ ਕੈਡਿਟਾਂ ਨੇ ਸਖ਼ਤ ਚੋਣ ਪ੍ਰਕਿਰਿਆ ਨੂੰ ਸਫਲਤਾਪੂਰਵਕ ਪਾਰ ਕਰਦੇ ਹੋਏ ਰਾਸ਼ਟਰੀ ਕੈਂਪ ਵਿੱਚ ਆਪਣੀ ਜਗ੍ਹਾ ਬਣਾਈ।



ਉਨ੍ਹਾਂ ਦੇਸ਼ ਭਰ ਤੋਂ ਆਏ ਸਰਵੋਤਮ ਐੱਨਸੀਸੀ ਨੇਵਲ ਕੈਡਿਟਾਂ ਨਾਲ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲਿਆ, ਜਿਨ੍ਹਾਂ ਵਿੱਚ ਉਨ੍ਹਾਂ ਦੇ ਗਿਆਨ, ਅਨੁਸ਼ਾਸਨ, ਟੀਮ ਵਰਕ ਅਤੇ ਸਮੁੰਦਰੀ ਹੁਨਰ ਦੀ ਪਰਖ ਕੀਤੀ ਗਈ।ਸਕੂਲ ਦੇ ਡਾਇਰੈਕਟਰ ਸੰਜੀ ਮਹਾਜਨ ਨੇ ਗਰੀਮਾ ਸਿੰਘ ਅਤੇ ਅਰਨਵ ਸਿੰਘ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਉਪਲਬਧੀ ਲਈ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਦੋਵੇਂ ਕੈਡਿਟਾਂ ਨੇ ਆਪਣੀ ਕਾਬਲੀਅਤ ਨਾਲ ਪ੍ਰਤਾਪ ਵਰਲਡ ਸਕੂਲ ਅਤੇ ਪੂਰੇ ਖੇਤਰ ਦਾ ਮਾਣ ਵਧਾਇਆ ਹੈ।ਉਨ੍ਹਾਂ ਕਿਹਾ ਕਿ ਸਕੂਲ ਵਿਦਿਆਰਥੀਆਂ ਨੂੰ ਸਿੱਖਿਆ, ਖੇਡਾਂ ਅਤੇ ਐੱਨਸੀਸੀ ਦੇ ਖੇਤਰ ਵਿੱਚ ਸਰਵੋਤਮ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ, ਤਾਂ ਜੋ ਉਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰ ਸਕਣ। ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਅਨੁਸ਼ਾਸਤ, ਆਤਮਵਿਸ਼ਵਾਸੀ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਵਿੱਚ ਵੀ ਮਦਦ ਕਰਦੀਆਂ ਹਨ।

# ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਵੱਲੋਂ ਧਾਰਮਿਕ ਮੁਕਾਬਲਿਆਂ 'ਚ ਉੱਚ ਵਿਦਵਤਾ ਦਾ ਮੁਜ਼ਾਹਰਾ

**ਖਿੱਚੀਵਿੰਡ/ਖਾਲੜਾ (ਮਲਵਿੰਦਰ ਸਿੰਘ ਗਿੱਲ/ਰਣਬੀਰ ਸਿੰਘ ਗਿੱਲ)**- ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ ਖਿੱਚੀਵਿੰਡ ਵੱਲੋਂ ਗੁਰਦੁਆਰਾ ਸ਼ਹੀਦ ਭਾਈ ਤਾਰੂ ਸਿੰਘ ਜੀ ਪਿੰਡ ਪੂਹਲਾ



ਵਿਖੇ ਕਰਵਾਏ ਗਏ ਧਾਰਮਿਕ ਮੁਕਾਬਲਿਆਂ ਵਿੱਚ ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਖਿੱਚੀਵਿੰਡ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਸਥਾਨ ਹਾਸਲ ਕੀਤੇ ਹਨ।ਸੁਸਾਇਟੀ ਵੱਲੋਂ ਵਿਦਿਆਰਥੀਆਂ ਦੇ ਸ਼ਬਦ ਦਸਤਾਰ, ਦੁਮਾਲਾ ਸਜਾਉਣ, ਗੁਰਬਾਣੀ ਕੰਠ ਅਤੇ ਕਵੀਸ਼ਰੀ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਇਲਾਕੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਦਸਤਾਰ ਮੁਕਾਬਲੇ ਵਿੱਚ ਅਰਸ਼ਦੀਪ ਸਿੰਘ ਨੇ ਪਹਿਲਾ ਅਤੇ ਗੁਰਪ੍ਰੀਤ ਸਿੰਘ ਨੇ ਦੂਸਰਾ ਸਥਾਨ ਹਾਸਲ ਕੀਤਾ। ਵਿੱਚ ਗੁਰਬਾਣੀ ਕੰਠ ਮੁਕਾਬਲੇ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਅਤੇ ਪ੍ਰਬੰਧਕਾਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਅਜਿਹੇ ਮੁਕਾਬਲੇ ਬਹੁਤ ਜ਼ਰੂਰੀ ਹਨ। ਸੁਸਾਇਟੀ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ਼ ਅਤੇ ਸੁਸਾਇਟੀ ਦੇ ਮੈਂਬਰ ਹਾਜ਼ਰ ਸਨ।

# ਅਮਰੀਕਾ-ਭਾਰਤ ਟ੍ਰੇਡ ਸੰਧੀ ਵਿਰੁੱਧ 22 ਨੂੰ ਵੱਡੇ ਐਕਸ਼ਨ ਹੋਣਗੇ : ਐੱਸ ਕੇ ਐੱਮ

**ਝਬਾਲ (ਹਰਜਿੰਦਰ ਸਿੰਘ ਸੈਣੀ)**- ਤਰਨ ਤਾਰਨ ਜ਼ਿਲ੍ਹੇ ਦੀ ਤਰ੍ਹਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਮਿਲ ਕੇ ਸ਼ੰਭੂ ਬਾਰਡਰ 'ਤੇ ਬੈਠੇ ਕਿਸਾਨਾਂ ਨੇ ਪੰਜਾਬ ਤੇ ਭਾਰਤ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਐਲਾਨ ਕੀਤਾ ਕਿ 22 ਜੁਲਾਈ ਨੂੰ ਸਾਰੇ ਪੰਜਾਬ ਦੀ ਤਰ੍ਹਾਂ ਤਰਨ ਤਾਰਨ ਜ਼ਿਲ੍ਹੇ ਦੇ ਤਿੰਨੇ ਟੋਲ



ਪਲਾਜ਼ੇ ਤਿੰਨ ਘੰਟਿਆਂ ਲਈ ਫਰੀ ਕੀਤੇ ਜਾਣਗੇ ਅਤੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਕਿਉਂਕਿ ਮੋਦੀ ਸਰਕਾਰ ਅਮਰੀਕਾ ਸਾਮਰਾਜ ਨਾਲ ਮੁਕਤ ਵਪਾਰ ਸਮਝੌਤਾ ਕਰਨ ਲਈ ਕਾਹਲੀ ਹੈ, ਜਿਸ ਨਾਲ ਭਾਰਤੀ ਖੇਤੀ ਤੇ ਕਾਰੋਬਾਰੀ ਸੈਕਟਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਣਗੇ ਅਤੇ ਮਜ਼ਦੂਰ ਕੰਮ ਤੋਂ ਵਿਹਲੇ ਕਰ ਦਿੱਤੇ ਜਾਣਗੇ। ਕਿਸਾਨ ਆਗੂਆਂ ਹਰਜਿੰਦਰ ਸਿੰਘ ਟਾਂਡਾ, ਤਰਸੇਮ ਸਿੰਘ ਲੁਹਾਰ, ਬਲਕਾਰ ਸਿੰਘ ਵਲਟੋਹਾ, ਨਛੱਤਰ ਸਿੰਘ ਮੁਗਲ ਚੱਕ, ਮਨਜੀਤ ਸਿੰਘ ਬੱਗੂ ਤੇ ਇੰਦਰਜੀਤ ਸਿੰਘ ਮਰਹਾਣਾ ਨੇ ਕਿਹਾ ਕਿ ਦਿੱਲੀ ਭੁੱਖ ਹੜਤਾਲ 'ਤੇ ਬੈਠੇ ਸਮਾਜਿਕ ਕਾਰਕੁਨ ਵਾਂਗਚੁਕ ਨੂੰ ਚੁੱਕਣਾ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ ਸਾਮਰਾਜੀ ਤਾਕਤਾਂ ਨਾਲ ਤੀਜੀ ਦੁਨੀਆ ਦੇ ਦੇਸ਼ਾਂ ਦੀ ਕੋਈ ਸਾਂਝ ਨਹੀਂ ਪੁੱਗ ਸਕਦੀ। ਭਾਰਤ ਨੂੰ ਅਮਰੀਕਾ ਦੀ ਬਜਾਏ ਗੁਆਂਢੀ ਦੇਸ਼ਾਂ ਨਾਲ ਵਪਾਰ ਸਮਝੌਤੇ ਕਰਨੇ ਚਾਹੀਦੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਹਾਂਬੀਰ ਸਿੰਘ ਗਿੱਲ, ਸੁਖਬਾਜ ਸਿੰਘ ਸਿੱਧੂ, ਸੁਖਦੇਵ ਸਿੰਘ ਤੁੜ, ਜੱਸਾ ਸਿੰਘ ਕੱਦਗਿੱਲ, ਜਸਬੀਰ ਸਿੰਘ ਨਿੱਜਰਪੁਰਾ, ਰੇਸ਼ਮ ਸਿੰਘ ਫੈਲੋਕੇ, ਗੁਰਦਿਆਲ ਸਿੰਘ ਵਰਨਾਲਾ, ਰਤਨ ਸਿੰਘ ਢੰਡ, ਅਜੀਤ ਸਿੰਘ ਲਹੀਆਂ, ਬਲਦੇਵ ਸਿੰਘ ਬੰਗਾਲੀਪੁਰ, ਪ੍ਰਗਟ ਸਿੰਘ ਸੇਰੋਂ, ਅਮਰੀਕ ਸਿੰਘ ਸ਼ੇਰੋਂ, ਕਸ਼ਮੀਰ ਸਿੰਘ ਸੇਰੋਂ, ਸੁਲੱਖਣ ਸਿੰਘ ਤੁੜ, ਨਰਿੰਦਰ ਸਿੰਘ ਤੁੜ ਵੀ ਮੌਜੂਦ ਸਨ।

# ਐੱਸ ਆਈ ਆਰ ਮੁਹਿੰਮ ਸੰਬੰਧੀ ਜ਼ਿਲ੍ਹਾ ਸਵੀਪ ਟੀਮ ਨੇ ਕੀਤਾ ਲੋਕਾਂ ਨੂੰ ਜਾਗਰੂਕ

**ਪਠਾਨਕੋਟ (ਰਵਿੰਦਰ ਸਿੰਘ)**- ਮੁੱਖ ਚੋਣ ਅਧਿਕਾਰੀ ਪੰਜਾਬ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਨੋਡਲ ਅਫ਼ਸਰ (ਸਵੀਪ)-



ਕਮ-ਜ਼ਿਲ੍ਹਾ ਰੁਜ਼ਗਾਰ ਉਤਪੱਤੀ ਅਫ਼ਸਰ ਗੁਰਪ੍ਰੀਤ ਸਿੰਘ ਦੀ ਪ੍ਰਧਾਨਗੀ ਹੇਠ ਐੱਸ. ਆਈ. ਆਰ. ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਲਈ ਜ਼ਿਲ੍ਹਾ ਸਵੀਪ ਟੀਮ ਵੱਲੋਂ ਸ਼ਾਹਪੁਰਕੰਡੀ ਦੀ ਗੋਲ ਮਾਰਕੀਟ ਅਤੇ ਆਲੇ ਦੁਆਲੇ ਦੇ ਖੇਤਰ ਵਿਚ ਜਾਗਰੂਕਤਾ ਅਭਿਆਨ ਚਲਾਇਆ ਗਿਆ। ਜ਼ਿਲ੍ਹਾ ਸਵੀਪ ਟੀਮ ਵੱਲੋਂ ਰਾਹਗੀਰਾਂ ਨੂੰ ਪੈਂਫਲੇਟ ਵੰਡੇ ਗਏ। ਇਸ ਮੌਕੇ ਸਹਾਇਕ ਨੋਡਲ ਅਧਿਕਾਰੀ, ਸੰਜਲ ਮੀਡੀਆ, ਓਂਕਾਰਦਾਸ ਰਵੀ ਕਾਂਤ ਅਤੇ ਸਹਾਇਕ ਨੋਡਲ ਅਫਸਰ ਸਵੀਪ ਟੀਮ ਤੇ ਜਾਗਰੂਕਤਾ ਐੱਸ ਓਂਕਾਰਦਾਸ ਸੰਜੀਵ ਕੁਮਾਰ ਨੇ ਲੋਕਾਂ ਨੂੰ ਐੱਸ. ਆਈ. ਆਰ ਮੁਹਿੰਮ ਦੇ ਉਦੇਸ਼, ਇਸ ਦੀ ਮਹੱਤਤਾ ਅਤੇ ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ, ਸੋਧ, ਤਬਦੀਲੀ ਅਤੇ ਲੋੜੀਂਦੇ ਦਸਤਾਵੇਜ਼ਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਦੇ ਨਾਲ ਹੀ ਲੋਕਾਂ ਨੂੰ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਰਮਨ ਕੁਮਾਰ, ਹਰਜਿੰਦਰ ਸਿੰਘ, ਅਮਿਤ ਡੋਗਰਾ, ਪਵਨ ਕੁਮਾਰ, ਨਿਧਿ ਭਾਰਤੀ, ਹਲਕਾ ਸੁਜਾਨਪੁਰ ਕੋਆਰਡੀਨੇਟਰ ਦੀਪਕ ਕੁਮਾਰ ਹਾਜ਼ਰ ਸਨ।

# ਸਾਥੀ ਸਤਵਿੰਦਰ ਸਿੰਘ ਨੂੰ ਸ਼ਰਧਾਂਜਲੀਆਂ ਭੇਟ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਗੌਰਮਿੰਟ ਪੈਨਸ਼ਨਰਜ਼ ਯੂਨੀਅਨ (ਸੀਟੂ) ਜ਼ਿਲ੍ਹਾ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਸਾਥੀ ਸਤਵਿੰਦਰ ਸਿੰਘ, ਜੋ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ, ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਮਜੀਠਾ ਰੋਡ ਸਥਿਤ ਬਾਬਾ ਬੁਢਾ ਜੀ ਗੁਰਦੁਆਰਾ ਸਾਹਿਬ ਵਿਖੇ ਹੋਇਆ।



ਇਸ ਦੁੱਖਦਾਈ ਮੌਕੇ ਵੱਡੀ ਗਿਣਤੀ ਵਿਚ ਰਿਸ਼ਤੇਦਾਰ, ਪੈਨਸ਼ਨਰ ਸਾਥੀ ਤੇ ਪੰਜਾਬ ਭਰ ਤੋਂ ਭਰਾਤਰੀ ਜਥੇਬੰਦੀਆਂ ਦੇ ਕਰਮਚਾਰੀ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਪੁੱਜੇ। ਸਮਾਗਮ ਦੌਰਾਨ ਵਿਛੜੀ ਰੂਹ ਨੂੰ ਸ਼ਰਧਾਂਜਲੀ ਦੇ ਫੁੱਲ ਭੇਟ ਕਰਦਿਆਂ ਜਨਰਲ ਸਕੱਤਰ ਜਸਬੀਰ ਸਿੰਘ ਅਜਨਾਲਾ ਨੇ ਸਾਥੀ ਸਤਵਿੰਦਰ ਸਿੰਘ ਦੇ ਜੀਵਨ 'ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਸਾਥੀ ਨੇ ਪਹਿਲਾਂ ਪੰਜਾਬ ਰੋਡਵੇਜ਼ ਵਿੱਚ ਲੰਮਾ ਸਮਾਂ ਸਰਗਰਮ ਸੇਵਾਵਾਂ ਨਿਭਾਈਆਂ। ਸਾਲ 2006 ਵਿਚ ਸੇਵਾਮੁਕਤ ਹੋਣ ਤੋਂ ਬਾਅਦ ਵੀ ਉਹ ਸ਼ਾਂਤ ਨਹੀਂ ਬੈਠੇ ਅਤੇ ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਵਿਚ ਸ਼ਾਮਿਲ ਹੋ ਕੇ ਪੈਨਸ਼ਨਰਾਂ ਦੇ ਹੱਕਾਂ ਦੇ ਮੰਗਾਂ ਲਈ ਸਰਕਾਰਾਂ ਵਿਰੁੱਧ ਸੰਘਰਸ਼ਾਂ ਦੀ ਅਗਵਾਈ ਕੀਤੀ। ਆਗੂਆਂ ਨੇ ਕਿਹਾ ਕਿ ਉਨ੍ਹਾਂ ਦੇ ਅਚਾਨਕ ਚਲੇ ਜਾਣ ਨਾਲ ਜਿੱਥੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉੱਥੇ ਹੀ ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਪੰਜਾਬ (ਸੀਟੂ) ਮਿਹਨਤੀ ਤੇ ਜੁਝਾਰੂ ਸਾਥੀ ਤੋਂ ਵਾਂਝੀ ਹੋ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਕਿਰਪਾ ਰਾਮ, ਕਾਮਰੇਡ ਜਸਪਾਲ ਸਿੰਘ ਮਸੀਤਾਂ, ਲੱਖਣ ਸਿੰਘ, ਬਲਦੇਵ ਸਿੰਘ, ਕੁਲਵੰਤ ਸਿੰਘ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਤੇ ਜਥੇਬੰਦੀਆਂ ਦੇ ਸਾਥੀ ਹਾਜ਼ਰ ਸਨ, ਜਿਨ੍ਹਾਂ ਨੇ ਪੀੜਤ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ।

# ਜਲ ਤੇ ਵਾਤਾਵਰਣ ਸੁਰੱਖਿਅਣ ਮਨੁੱਖੀ ਹੋਂਦ ਦੀ ਸੁਰੱਖਿਆ ਦਾ ਸੰਕਲਪ : ਨਰੇਸ਼ ਮਹਾਜਨ ਨਿਰਗੁਣ

**ਪਠਾਨਕੋਟ (ਰਵਿੰਦਰ ਸਿੰਘ)**- ਜ਼ਿਲ੍ਹਾ ਪਠਾਨਕੋਟ ਦੇ ਜਲ ਸਰੋਤ ਵਿਭਾਗ ਦੇ ਨਿਗਰਾਨ ਇੰਜੀਨੀਅਰ (ਸੇਵਾਮੁਕਤ) ਅਤੇ ਸਾਹਿਤ ਨਰੇਸ਼ ਮਹਾਜਨ ਨਿਰਗੁਣ ਨੇ ਕਿਹਾ ਕਿ ਜਲ ਅਤੇ ਵਾਤਾਵਰਣ ਮਨੁੱਖੀ ਜੀਵਨ ਦੇ ਸਭ ਤੋਂ ਮਹੱਤਵਪੂਰਨ ਆਧਾਰ ਹਨ। ਜੇਕਰ ਅੱਜ ਜਲ ਸੁਰੱਖਿਅਣ ਅਤੇ



ਵਾਤਾਵਰਣ ਦੀ ਸੁਰੱਖਿਆ ਪ੍ਰਤੀ ਗੰਭੀਰ ਕਦਮ ਨਾ ਚੁੱਕੇ ਗਏ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਲ ਸੰਕਟ, ਪ੍ਰਦੂਸ਼ਣ ਅਤੇ ਕੁਦਰਤੀ ਆਫ਼ਤਾਂ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਜਲ ਨਾਗਰਿਕ ਦਾ ਫ਼ਰਜ਼ ਬਣਦਾ ਹੈ ਕਿ ਉਹ ਜਲ ਸਰੋਤਾਂ ਦੀ ਸੰਭਾਲ ਵਿੱਚ ਸਰਗਰਮ ਭੂਮਿਕਾ ਨਿਭਾਏ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪਠਾਨਕੋਟ ਵਿੱਚ ਵਧਦੀ ਆਬਾਦੀ, ਸ਼ਹਿਰੀ-ਕਰਨ ਅਤੇ ਜੰਗਲਾਂ ਦੀ ਕਟਾਈ, ਦਰਿਆਵਾਂ ਅਤੇ ਤਲਾਬਾਂ ਦਾ ਪ੍ਰਦੂਸ਼ਣ ਅਤੇ ਪਲਾਸਟਿਕ ਦੀ ਵੱਧ ਰਹੀ ਵਰਤੋਂ ਕਾਰਨ ਕੁਦਰਤ ਦਾ ਸੰਤੁਲਨ ਵਿਗੜ ਰਿਹਾ ਹੈ।ਇਸ ਦਾ ਸਿੱਧਾ ਅਸਰ ਜਲ ਸਰੋਤਾਂ, ਖੇਤੀਬਾੜੀ, ਜੈਵਿਕ ਵਿਭਿੰਨਤਾ ਅਤੇ ਮਨੁੱਖੀ ਸਿਹਤ 'ਤੇ ਪੈ ਰਿਹਾ ਹੈ। ਜੇਕਰ ਸਮੇਂ ਸਿਰ ਪ੍ਰਭਾਵਸ਼ਾਲੀ ਕਦਮ ਨਾ ਚੁੱਕੇ ਗਏ ਤਾਂ ਭਵਿੱਖ ਵਿੱਚ ਸਾਫ਼ ਪੀਣ ਯੋਗ ਪਾਣੀ ਅਤੇ ਸ਼ੁੱਧ ਵਾਤਾਵਰਣ ਵਿੱਚ ਰਹਿਣਾ ਦੁਰਲੱਭ ਹੋ ਸਕਦਾ ਹੈ। ਨਰੇਸ਼ ਮਹਾਜਨ ਨਿਰਗੁਣ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਮਾਜਿਕ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਮਿਲ ਕੇ ਜਲ ਸੰਭਾਲ, ਬਾਰਸ਼ ਦੇ ਪਾਣੀ ਦੀ ਸੰਭਾਲ, ਰੁੱਖ ਲਗਾਉਣ ਅਤੇ ਪ੍ਰਦੂਸ਼ਣ ਕੰਟਰੋਲ ਸੰਬੰਧੀ ਵਿਆਪਕ ਜਾਗਰੂਕਤਾ ਮੁਹਿੰਮ ਚਲਾਉਣ। ਉਨ੍ਹਾਂ ਨੇ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵਾਤਾਵਰਣ ਸੁਰੱਖਿਆ ਨੂੰ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ। ਉਨ੍ਹਾਂ ਕਿਹਾ ਕਿ ਪਠਾਨਕੋਟ ਦੇ ਹਰ ਘਰ, ਸਕੂਲ ਅਤੇ ਦਫ਼ਤਰ ਵਿੱਚ ਪਾਣੀ ਦੀ ਬੱਚਤ ਅਤੇ ਰੁੱਖ ਲਗਾਉਣ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ।ਇਸ ਦੇ ਨਾਲ ਹੀ ਜਲ ਸਰੋਤਾਂ ਦੀ ਸਫ਼ਾਈ, ਕੂੜਾ ਪ੍ਰਬੰਧਨ ਅਤੇ ਪਲਾਸਟਿਕ ਦੀ ਵਰਤੋਂ ਨੂੰ ਘਟਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਕੁਦਰਤ ਦੀ ਰੱਖਿਆ ਕਰਨਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ। ਜੇਕਰ ਅਸੀਂ ਅੱਜ ਜਾਗਰੂਕ ਨਹੀਂ ਹੋਏ ਤਾਂ ਕੱਲ੍ਹ ਬਹੁਤ ਦੇਰ ਹੋ ਜਾਵੇਗੀ। ਜਲ ਬਚਾਓ ਅਤੇ ਵਾਤਾਵਰਣ ਬਚਾਓ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦੀ ਜ਼ਰੂਰਤ ਹੈ। ਵਾਤਾਵਰਣ ਸੁਰੱਖਿਅਣ ਅਤੇ ਜਲਵਾਯੂ ਸੰਤੁਲਨ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਜਲ ਬਚਾਉਣਾ, ਰੁੱਖ ਲਗਾਉਣਾ ਅਤੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣਾ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਮਨੁੱਖੀ ਅਸਤਿਤਵ ਦੀ ਸੁਰੱਖਿਆ ਦਾ ਸੰਕਲਪ ਹੈ।


# ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਹੋਈ ਰੀਵਿਊ ਮੀਟਿੰਗ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ



ਟਰੇਡ ਕਮਿਸ਼ਨ ਪੰਜਾਬ ਵੱਲੋਂ ਵਪਾਰ ਮੰਡਲ ਨੂੰ ਮਜ਼ਬੂਤ ਅਤੇ ਲਾਭ ਦਿਵਾਉਣ ਲਈ ਟਰੇਡ ਕਮਿਸ਼ਨ ਵੱਲੋਂ ਵਪਾਰੀ ਭਰਾਵਾਂ ਨੂੰ ਆ ਰਹੀਆਂ ਮੁਸ਼ਕਿਲਾਂ ਨੂੰ ਹੱਲ ਕਰਵਾਉਣ ਲਈ ਲਗਾਤਾਰ ਮੀਟਿੰਗ ਕੀਤੀ ਜਾ ਰਹੀ ਹੈ। ਇਸ ਮੌਕੇ ਐੱਸ ਡੀ ਐੱਮ ਸਾਰੰਗਪ੍ਰੀਤ ਸਿੰਘ, ਟਰੇਡਰਜ਼ ਕਮਿਸ਼ਨ ਦੇ ਜ਼ਿਲ੍ਹਾ ਇੰਚਾਰਜ ਚਰਨਜੀਤ ਸਿੰਘ, ਟਰੇਡਰਜ਼ ਕਮਿਸ਼ਨ ਹਲਕਾ ਬਟਾਲਾ ਦੇ ਚੇਅਰਮੈਨ ਕਿਰਪਾਲ ਸਿੰਘ ਉਦੋਵਾਲੀ, ਤਹਿਸੀਲਦਾਰ ਅਜਤਪਾਲ ਸਿੰਘ ਗਰੇਵਾਲ ਸਮੇਤ ਅਧਿਕਾਰੀ ਮੌਜੂਦ ਸਨ।ਮੀਟਿੰਗ ਵਿੱਚ ਵਪਾਰੀ ਭਰਾਵਾਂ ਵੱਲੋਂ ਦੱਸੀਆਂ ਗਈਆਂ ਮੁਸ਼ਕਿਲਾਂ ਦਾ ਰੀਵਿਊ ਕੀਤਾ ਗਿਆ। ਮੀਟਿੰਗ ਦੌਰਾਨ ਸਬੰਧਿਤ ਅਧਿਕਾਰੀਆਂ ਨੂੰ ਵਪਾਰੀਆਂ/ਦੁਕਾਨਦਾਰਾਂ ਦੀਆਂ ਸਬੰਧਤ ਮੁਸ਼ਕਿਲਾਂ ਨੂੰ ਜਲਦ ਹੱਲ ਕਰਨ ਲਈ ਕਿਹਾ ਗਿਆ ਅਤੇ ਅਧਿਕਾਰੀਆਂ ਵੱਲੋਂ ਮੁਸ਼ਕਿਲਾਂ ਨੂੰ ਜਲਦ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ ਗਿਆ।ਇਸ ਮੌਕੇ ਚੇਅਰਮੈਨ ਕਿਰਪਾਲ ਸਿੰਘ ਉਦੋਵਾਲੀ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਦੁਕਾਨਦਾਰਾਂ ਅਤੇ ਵਪਾਰੀਆਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਅਤੇ ਵਪਾਰੀਆਂ ਨਾਲ ਲਗਾਤਾਰ ਸੰਵਾਦ ਰਾਹੀਂ ਵਿਕਾਸ ਅਤੇ ਖੁਸ਼ਹਾਲੀ ਦੇ ਨਵੇਂ ਮਾਪਦੰਡ ਸਥਾਪਿਤ ਕਰਨ ਲਈ ਯਤਨਸ਼ੀਲ ਹੈ।

# ਸੰਤ ਨਿਰੰਜਨ ਦਾਸ ਜੀ ਦਾ ਸੰਗਤਾਂ ਵੱਲੋਂ ਨਿੱਘਾ ਸਵਾਗਤ



**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਭਾਰਤ ਸਰਕਾਰ ਵੱਲੋਂ ਪਦਮਸ਼੍ਰੀ ਸਨਮਾਨ ਨਾਲ ਨਿਵਾਜੇ ਗਏ ਡੇਰਾ ਸੱਚਖੰਡ ਬੱਲਾਂ ਦੇ ਗੱਦੀਨਸ਼ੀਨ ਸੰਤ ਨਿਰੰਜਨ ਦਾਸ ਜੀ ਨੂੰ ਇਸ ਵੱਕਾਰੀ ਸਨਮਾਨ ਦੀ ਪ੍ਰਾਪਤੀ ਉਪਰੰਤ ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਡੇਰਾ ਬੱਲਾਂ ਵਿਖੇ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਸੰਤ ਨਿਰੰਜਨ ਦਾਸ ਨੂੰ ਸਿਰੋਪੇ ਭੇਟ ਕਰਕੇ ਅਤੇ ਫੁੱਲਾਂ ਨਾਲ ਸਨਮਾਨਿਤ ਕਰਦਿਆਂ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ।ਜਗਦੀਸ਼ ਸਿੰਘ ਕੋਹਲੀ ਨੇ ਕਿਹਾ ਕਿ ਸੰਤ ਨਿਰੰਜਨ ਦਾਸ ਜੀ ਨੇ ਦਹਾਕਿਆਂ ਤੋਂ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ, ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਵਿਸ਼ਵ ਭਰ ਵਿੱਚ ਪਹੁੰਚਾਉਣ ਲਈ ਅਥਾਹ ਯੋਗਦਾਨ ਪਾਇਆ ਹੈ।ਧਾਰਮਿਕ, ਸਮਾਜਿਕ ਅਤੇ ਮਨੁੱਖੀ ਸੇਵਾ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦਿਆਂ ਭਾਰਤ ਸਰਕਾਰ ਵੱਲੋਂ ਪਦਮਸ਼੍ਰੀ ਸਨਮਾਨ ਦਿੱਤਾ ਗਿਆ। ਜੋਸ਼ੀ ਨੇ ਕਿਹਾ ਕਿ ਸੰਤ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਅਸ਼ੀਰਵਾਦ ਹਮੇਸ਼ਾ ਸਮਾਜ ਸੇਵਾ ਲਈ ਪ੍ਰੇਰਿਤ ਕਰਦਾ ਰਹੇਗਾ।

# ਲੋਕ ਮਿਲਣੀ ਲਈ ਤਲਬੀਰ ਸਿੰਘ ਗਿੱਲ ਪਿੰਡ ਸਰਹਾਲਾ ਪਹੁੰਚੇ

**ਚਵਿੰਡਾ ਦੇਵੀ (ਕੁਲਵਿੰਦਰ ਸੁੱਖਾ)**- ਹਲਕਾ ਮਜੀਠਾ ਦੇ ਪਿੰਡ ਪਿੰਡ ਸਰਹਾਲਾ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਲੋਕ ਮਿਲਣੀ ਲਈ ਪਹੁੰਚੇ। ਇਸ ਮੌਕੇ ਪਿੰਡ ਦੇ ਲੋਕਾਂ ਨੇ ਸਰਦਾਰ ਗਿੱਲ ਨੂੰ ਆਪਣੀਆਂ ਸਮੱਸਿਆਵਾਂ ਦੱਸੀਆਂ ਅਤੇ ਗਿੱਲ ਨੇ ਮੌਕੇ 'ਤੇ ਹੀ ਸਮੱਸਿਆਵਾਂ ਦਾ ਨਿਪਟਾਰਾ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ ਹਰਭੇਜ ਸਿੰਘ ਨੇ ਕਿਹਾ ਕਿ ਪਿੰਡ ਸਰਹਾਲਾ ਦਾ ਹਰ ਕੰਮ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਬਹੁਤ ਖੁਸ਼ ਹਨ ਅਤੇ ਮਾਨ ਸਰਕਾਰ ਵੱਲੋਂ ਸਰਦਾਰਾਂ ਵਾਲੇ ਸਰਹਾਲਾ ਨਾਲ ਹਰ ਦੁੱਖ ਸੁੱਖ ਵਿੱਚ ਖੜ੍ਹਨ ਦਾ ਭਰੋਸਾ ਦਿੱਤਾ। ਇਸ ਮੌਕੇ ਸਰਪੰਚ ਹਰਭੇਜ ਸਿੰਘ ਅਤੇ ਸਮੂਹ ਪੰਚਾਇਤ ਵੱਲੋਂ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕਰਦੇ ਹਨ। ਸਰਪੰਚ ਤਰਸੇਮ ਸਿੰਘ ਸਰਹਾਲਾ ਨੇ ਪੰਚਾਇਤ ਮੈਂਬਰ ਸਮੇਤ ਪਿੰਡ ਵਾਸੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਪਿੰਡ ਦੇ ਸਾਬਕਾ ਸਰਪੰਚ ਜਸਵੰਤ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ ਸ਼ਹਿਜ਼ਾਦਾ, ਦਵਿੰਦਰ ਸਿੰਘ, ਮੰਗਲ ਸਿੰਘ, ਰਣਜੀਤ ਸਿੰਘ, ਸਾਬਕਾ ਸਰਪੰਚ ਮਨਜਿੰਦਰ ਸਿੰਘ, ਮਲਕੀਤ ਸਿੰਘ, ਨਿਰੰਜਨ ਸਿੰਘ, ਜਸਵੰਤ ਸਿੰਘ, ਰਾਜੂ ਕੁਲਦੀਪ ਸਿੰਘ, ਬਾਜ਼ ਸਿੰਘ, ਦੁੱਲਾ ਸਰਪੰਚ ਸਿੰਘ (ਸੈਂਡੂ), ਦਿਲਬਾਗ ਸਿੰਘ, ਹਰਪਿੰਦਰ ਸਿੰਘ ਸੁਰਿੰਦਰ ਸਿੰਘ ਸੋਨੂ ਅਤੇ ਸਰਦਾਰ ਆਦਿ ਹਾਜ਼ਰ ਸਨ।




# ਵਾਂਗਚੁਕ ਨੂੰ ਜ਼ਬਰਦਸਤੀ ਚੁੱਕਣਾ ਨਿੰਦਣਯੋਗ : ਕਿਸਾਨ ਆਗੂ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਖੰਡ ਮਿੱਲ ਸੇਰੋਂ ਵਿਖੇ ਮੋਰਚੇ 'ਤੇ ਬੈਠੇ ਕਿਸਾਨਾਂ ਨੇ ਪੰਜਾਬ ਤੇ ਭਾਰਤ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਐਲਾਨ ਕੀਤਾ ਕਿ 22 ਜੁਲਾਈ ਨੂੰ ਸਾਰੇ ਪੰਜਾਬ ਦੀ ਤਰਾਂ ਤਰਨ



ਤਾਰਨ ਜ਼ਿਲ੍ਹੇ ਦੇ ਤਿੰਨੇ ਟੋਲ ਪਲਾਜ਼ੇ ਤਿੰਨ ਘੰਟਿਆਂ ਲਈ ਫਰੀ ਕੀਤੇ ਜਾਣਗੇ ਅਤੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਕਿਉਂਕਿ ਮੋਦੀ ਸਰਕਾਰ ਅਮਰੀਕਾ ਸਾਮਰਾਜ ਨਾਲ ਮੁਕਤ ਵਪਾਰ ਸਮਝੌਤਾ ਕਰਨ ਲਈ ਕਾਹਲੀ ਹੈ,ਜਿਸ ਨਾਲ ਭਾਰਤੀ ਖੇਤੀ ਤੇ ਕਾਰੋਬਾਰੀ ਸੈਕਟਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਣਗੇ ਅਤੇ ਮਜ਼ਦੂਰ ਕੰਮ ਤੋਂ ਵਿਹਲੇ ਕਰ ਦਿੱਤੇ ਜਾਣਗੇ।ਕਿਸਾਨ ਆਗੂ ਹਰਜਿੰਦਰ ਸਿੰਘ ਟਾਂਡਾ, ਤਰਸੇਮ ਸਿੰਘ ਲੁਹਾਰ, ਬਲਕਾਰ ਸਿੰਘ ਵਲਟੋਹਾ, ਨਛੱਤਰ ਸਿੰਘ ਮੁਗ਼ਲ ਚੱਕ, ਮਨਜੀਤ ਸਿੰਘ ਬੱਗੂ ਤੇ ਇੰਦਰਜੀਤ ਸਿੰਘ ਮਰਹਾਣਾ ਨੇ ਕਿਹਾ ਕਿ ਦਿੱਲੀ ਭੁੱਖ ਹੜਤਾਲ 'ਤੇ ਬੈਠੇ ਸਮਾਜਿਕ ਕਾਰਕੁਨ ਵਾਂਗਚੁਕ ਨੂੰ ਚੁੱਕਣਾ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ ਸਾਮਰਾਜੀ ਤਾਕਤਾਂ ਨਾਲ ਤੀਜੀ ਦੁਨੀਆ ਦੇ ਦੇਸ਼ਾਂ ਦੀ ਕੋਈ ਸਾਂਝ ਨਹੀਂ ਪੁੱਗ ਸਕਦੀ।ਭਾਰਤ ਨੂੰ ਅਮਰੀਕਾ ਦੀ ਬਜਾਏ ਗੁਆਂਢੀ ਦੇਸ਼ਾਂ ਨਾਲ ਵਪਾਰ ਸਮਝੌਤੇ ਕਰਨੇ ਚਾਹੀਦੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਹਾਂਬੀਰ ਸਿੰਘ ਗਿੱਲ, ਸੁਖਬਾਜ ਸਿੰਘ ਸਿੱਧੂ, ਸੁਖਦੇਵ ਸਿੰਘ ਤੁੜ, ਜੱਸਾ ਸਿੰਘ ਕੱਦਗਿੱਲ, ਜਸਬੀਰ ਸਿੰਘ ਨਿੱਜਰਪੁਰਾ, ਰੇਸ਼ਮ ਸਿੰਘ ਫੈਲੋਕੇ, ਗੁਰਦਿਆਲ ਸਿੰਘ ਵਰਨਾਲਾ, ਰਤਨ ਸਿੰਘ ਢੰਡ, ਅਜੀਤ ਸਿੰਘ ਲਹੀਆਂ, ਬਲਦੇਵ ਸਿੰਘ ਬੰਗਾਲੀਪੁਰ, ਪ੍ਰਗਟ ਸਿੰਘ ਸੇਰੋਂ, ਅਮਰੀਕ ਸਿੰਘ ਸ਼ੇਰੋਂ, ਕਸ਼ਮੀਰ ਸਿੰਘ ਸੇਰੋਂ, ਸੁਲੱਖਣ ਸਿੰਘ ਤੁੜ, ਨਰਿੰਦਰ ਸਿੰਘ ਤੁੜ ਵੀ ਮੌਜੂਦ ਸਨ।


# ਈ ਟੀ ਓ ਨੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਵੰਡੇ



**ਬਿਆਸ (ਪਰਮਜੀਤ ਸਿੰਘ ਰੱਖੜਾ)** ਪੰਜਾਬ ਦੇ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਹਲਕਾ ਜੰਡਿਆਲਾ ਗੁਰੂ ਵਿਖੇ ਸਥਿਤ ਦਫ਼ਤਰ ਵਿੱਚ ਮਿਸ਼ਨ ਪੋਸ਼ਣ 2.0 ਅਤੇ ਆਂਗਣਵਾੜੀ ਸਰਵਿਸਿਜ਼ ਸਕੀਮ ਅਧੀਨ ਨਵੀਆਂ ਚੁਣੀਆਂ ਗਈਆਂ 9 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ, ਯੋਗਤਾ ਆਧਾਰਤ ਅਤੇ ਬਿਨਾਂ ਕਿਸੇ ਸਿਫ਼ਾਰਸ਼ ਜਾਂ ਰਿਸ਼ਵਤਖੋਰੀ ਦੇ ਸਰਕਾਰੀ ਨੌਕਰੀਆਂ ਮੁਹੱਈਆ ਕਰਵਾ ਰਹੀ ਹੈ। ਉਨ੍ਹਾ ਨਵ-ਨਿਯੁਕਤ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਲਗਨ ਅਤੇ ਸੇਵਾ ਭਾਵਨਾ ਨਾਲ ਨਿਭਾਉਣ ਅਤੇ ਮਿਸ਼ਨ ਪੋਸ਼ਣ 2.0 ਤਹਿਤ ਬੱਚਿਆਂ, ਗਰਭਵਤੀ ਮਹਿਲਾਵਾਂ ਅਤੇ ਔਰਤਾਂ ਦੀ ਸਿਹਤ ਅਤੇ ਪੋਸ਼ਣ ਸੰਬੰਧੀ ਸਰਕਾਰੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ।ਇਸ ਮੌਕੇ ਸੰਬੰਧਤ ਵਿਭਾਗ ਦੇ ਅਧਿਕਾਰੀ, ਕਰਮਚਾਰੀ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਸੱਚਰ ਨੇ ਮੰਡਲ ਕਮੇਟੀਆਂ ਦੀ ਮੀਟਿੰਗ 'ਚ ਐੱਸਆਈਆਰ ਸੰਬੰਧੀ ਦਿੱਤੀ ਜਾਣਕਾਰੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਹਲਕਾ ਮਜੀਠਾ ਦੇ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਪਿੰਡ ਕੋਟਲਾ ਗੁੱਜਰਾਂ ਦੇ ਸੀਨੀਅਰ ਕਾਂਗਰਸੀ ਆਗੂ ਕੰਵਲਜੀਤ ਸਿੰਘ ਭੁੱਲਰ ਦੇ ਗ੍ਰਹਿ ਮਹੱਦੀਪੁਰ ਵਿਖੇ ਮੰਡਲ ਕਮੇਟੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸਆਈਆਰ) ਮੁਹਿੰਮ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸੱਚਰ ਨੇ ਕਿਹਾ ਕਿ



ਐੱਸ.ਆਈ.ਆਰ. ਦੀ ਪ੍ਰਕਿਰਿਆ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਲਈ ਬਹੁਤ ਅਹਿਮ ਹੈ ਅਤੇ ਕਾਂਗਰਸ ਪਾਰਟੀ ਇਸ ਸਬੰਧੀ ਪੂਰੀ ਗੰਭੀਰਤਾ ਅਤੇ ਜ਼ਿੰਮੇਵਾਰੀ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਮੰਡਲ ਪ੍ਰਧਾਨਾਂ, ਬੂਥ ਪੱਧਰ ਦੇ ਆਗੂਆਂ, ਬੀ.ਐਲ.ਏਜ਼ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰ ਵਿੱਚ ਹਰ ਯੋਗ ਵੋਟਰ ਤੱਕ ਪਹੁੰਚ ਕਰਕੇ ਉਸ ਦੀ ਜਾਣਕਾਰੀ ਦੀ ਜਾਂਚ ਅਤੇ ਲੋੜੀਂਦੀ ਕਾਰਵਾਈ ਨੂੰ ਸਮੇਂ ਸਿਰ ਯਕੀਨੀ ਬਣਾਉਣ।ਮੀਟਿੰਗ ਵਿੱਚ ਬਲਾਕ ਪ੍ਰਧਾਨ ਨਵਤੇਜਪਾਲ ਸਿੰਘ ਸੋਹੀਆ, ਨਵਦੀਪ ਸਿੰਘ ਸੋਨਾ ਮਜੀਠਾ, ਸਾਬਕਾ ਸਰਪੰਚ ਪਲਵਿੰਦਰ ਸਿੰਘ ਪੰਧੇਰ, ਮਲਕੀਤ ਸਿੰਘ ਸੋਨੀ ਗਿੱਲ, ਸਾਬਕਾ ਸਰਪੰਚ ਜਗਦੇਵ ਸਿੰਘ ਜੱਗਾ ਕੋਟਲਾ ਗੁੱਜਰਾਂ, ਅਨਾਇਤ ਮਸੀਹ, ਬਿੱਟੂ ਸੋਹੀਆ ਕਲਾਂ, ਸਤਨਾਮ ਸਿੰਘ ਮਹੱਦੀਪੁਰ, ਗੁਰਦੇਵ ਸਿੰਘ, ਪਲਵਿੰਦਰ ਸਿੰਘ ਫੌਜੀ, ਬੱਬੀ ਭੰਗਵਾਂ, ਪਰਮਜੀਤ ਸਿੰਘ ਭੋਏਵਾਲ, ਸਾਬਕਾ ਸਰਪੰਚ ਗੁਰਭੇਜ ਸਿੰਘ ਭੰਗਵਾਂ, ਹਰਦੀਪ ਸਿੰਘ ਪੰਧੇਰ, ਸਾਬਕਾ ਸਰਪੰਚ ਮੰਗਲ ਸਿੰਘ ਵੀਰਮ, ਅਸ਼ੋਕ ਕੁਮਾਰ ਮੱਤੇਵਾਲ, ਅਮਰੀਕ ਸਿੰਘ ਤੇ ਹੋਰ ਵੀ ਆਗੂ ਹਾਜ਼ਰ ਸਨ ।


# ਯੂਥ ਪ੍ਰਧਾਨ ਗੁਰਵਿੰਦਰ ਸਿੰਘ ਝੰਡੇਰ ਦਾ ਸਨਮਾਨ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੇ ਹਲਕਾ ਮਜੀਠਾ ਤੋਂ ਭਾਈ ਨਾਥਵਿੰਦਰ ਸਿੰਘ ਵੱਲੋਂ ਅੰਮ੍ਰਿਤਸਰ ਦਿਹਾਤੀ-2 ਦੇ ਨਵ-ਨਿਯੁਕਤ ਯੂਥ ਪ੍ਰਧਾਨ ਗੁਰਵਿੰਦਰ ਸਿੰਘ ਝੰਡੇਰ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਭਾਈ ਨਾਥਵਿੰਦਰ ਸਿੰਘ ਨੇ ਗੁਰਵਿੰਦਰ ਸਿੰਘ ਝੰਡੇਰ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਕਿਹਾ ਕਿ ਨੌਜਵਾਨਾਂ ਦੀ ਭਾਗੀਦਾਰੀ ਨਾਲ ਹੀ ਸੰਗਠਨ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਯੂਥ ਵਿੰਗ ਨੂੰ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਕਰਨ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਦੀ ਅਪੀਲ ਕੀਤੀ।ਇਸ ਮੌਕੇ ਜਸਕਰਨ ਸਿੰਘ ਰਿਆੜ (ਜ਼ਿਲ੍ਹਾ ਪ੍ਰਧਾਨ, ਅੰਮ੍ਰਿਤਸਰ ਦਿਹਾਤੀ), ਭਾਈ ਬਲਜਿੰਦਰ ਸਿੰਘ (ਜਨਰਲ ਸਕੱਤਰ, ਅੰਮ੍ਰਿਤਸਰ ਦਿਹਾਤੀ), ਕੰਵਲਜੀਤ ਸਿੰਘ ਸੋਹੀ (ਮੀਡੀਆ ਇੰਚਾਰਜ, ਅੰਮ੍ਰਿਤਸਰ ਦਿਹਾਤੀ) ਅਤੇ ਕੰਵਲਜੀਤ ਸਿੰਘ ਝੰਡੇਰ (ਕਾਰਜਕਾਰੀ ਮੈਂਬਰ, ਅੰਮ੍ਰਿਤਸਰ ਦਿਹਾਤੀ) ਵੀ ਹਾਜ਼ਰ ਸਨ।ਸਮੂਹ ਆਗੂਆਂ ਨੇ ਗੁਰਵਿੰਦਰ ਸਿੰਘ ਝੰਡੇਰ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਵਿਸ਼ਵਾਸ ਜਤਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਯੂਥ ਵਿੰਗ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

# ਆਜ਼ਮਪੁਰ 'ਚ ਲੋਕ ਮਿਲਣੀ ਦੌਰਾਨ ਪੰਨੂ ਨੇ ਮਸਲਿਆਂ ਦੇ ਮੌਕੇ 'ਤੇ ਕੱਢੇ ਹੱਲ


**ਫਤਿਹਗੜ੍ਹ ਚੂੜੀਆਂ (ਜਸਵੰਤ ਸਿੰਘ ਮਾਨ)**- ਪਿੰਡ ਆਜ਼ਮਪੁਰ ਵਿਖੇ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਕਈ ਮਸਲਿਆਂ ਦੇ ਮੌਕੇ 'ਤੇ ਹੀ ਹੱਲ ਕੱਢੇ।ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਆਜ਼ਮਪੁਰ



ਵਿਖੇ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਕਈ ਮਸਲਿਆਂ ਦੇ ਮੌਕੇ 'ਤੇ ਹੀ ਹੱਲ ਕੱਢੇ।ਇਸ ਦੇ ਨਾਲ ਹੀ ਲੋਕਾਂ ਨੂੰ ਮਾਨ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਬਾਰੇ ਜਾਣੂ ਕਰਵਾਇਆ।ਇਸ ਮੌਕੇ ਸਰਪੰਚ ਪ੍ਰਗਟ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ ਜੱਗਾ, ਮੈਂਬਰ ਪੰਚਾਇਤ ਸੁਖਦੇਵ ਸਿੰਘ, ਮਨਜੀਤ ਸਿੰਘ ਬਾਠ, ਅਮਰੀਕ ਸਿੰਘ, ਸਤਨਾਮ ਸਿੰਘ, ਹਰਪਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਅੰਬਾ, ਸ਼ਮਸ਼ੇਰ ਸਿੰਘ, ਤਰਸੇਮ ਸਿੰਘ, ਪ੍ਰਦੀਪ ਸਿੰਘ ਅਤੇ ਤੀਰਥ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਰਹੇ।

# ਟੌਂਗ ਨੇ 13 ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਵੰਡੇ

**ਬਿਆਸ (ਪਰਮਜੀਤ ਸਿੰਘ ਰੱਖੜਾ)** ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਆਪਣੇ ਕੈਂਪ ਦਫ਼ਤਰ ਵਿਖੇ ਮਿਸ਼ਨ ਪੋਸ਼ਣ 2.0 ਅਤੇ ਆਂਗਣਵਾੜੀ ਸਰਵਿਸਿਜ਼ ਸਕੀਮ ਅਧੀਨ



ਹਲਕਾ ਬਾਬਾ ਬਕਾਲਾ ਸਾਹਿਬ ਨਾਲ ਸੰਬੰਧਤ ਵੱਖ-ਵੱਖ ਪਿੰਡਾਂ ਲਈ ਚੁਣੀਆਂ ਗਈਆਂ 13 ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਯੋਗਤਾ ਅਤੇ ਮੈਰਿਟ ਦੇ ਆਧਾਰ 'ਤੇ ਬਿਨਾਂ ਕਿਸੇ ਸਿਫ਼ਾਰਸ਼ ਜਾਂ ਰਿਸ਼ਵਤਖੋਰੀ ਦੇ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਰਹੀ ਹੈ। ਉਨ੍ਹਾ ਕਿਹਾ ਕਿ ਸਰਕਾਰ ਦਾ ਮੰਤਵ ਹਰ ਯੋਗ ਨੌਜਵਾਨ ਨੂੰ ਉਸ ਦੀ ਮਿਹਨਤ ਅਤੇ ਕਾਬਲੀਅਤ ਦੇ ਆਧਾਰ 'ਤੇ ਬਰਾਬਰ ਦਾ ਮੌਕਾ ਦੇਣਾ ਹੈ, ਜਿਸ ਨਾਲ ਸਰਕਾਰੀ ਭਰਤੀ ਪ੍ਰਕਿਰਿਆ ਵਿੱਚ ਲੋਕਾਂ ਦਾ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਰੁਜ਼ਗਾਰ ਦੇ ਮੌਕੇ ਵਧਾਉਣ ਦੇ ਨਾਲ-ਨਾਲ ਲੋਕ ਭਲਾਈ ਦੀਆਂ ਸਕੀਮਾਂ ਨੂੰ ਪੂਰੀ ਪਾਰਦਰਸ਼ਤਾ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ। ਇਸ ਮੌਕੇ ਬਲਾਕ ਰਈਆ ਦੇ ਸੀ ਡੀ ਪੀ ਓ ਜਸਪ੍ਰੀਤ ਸਿੰਘ, ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ, ਵਿਸ਼ਾਲ ਸ਼ਰਮਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਸਾਧਪੁਰ 'ਚ ਲੋੜਵੰਦਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਲੋੜਵੰਦ ਲੋਕਾਂ ਨੂੰ ਫਰੀ ਰਸੋਈ ਦਾ ਸਾਮਾਨ ਵੰਡਣ ਦੀ ਚਲਾਈ ਗਈ ਮੁਹਿੰਮ ਤਹਿਤ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਡਿੱਪੂ ਹੋਲਡਰ ਵੱਲੋਂ ਪਿੰਡ ਸਾਧਪੁਰ ਵਿਖੇ ਲਾਭਪਾਤਰੀਆਂ ਨੂੰ ਅਨਾਜ ਦੀਆਂ ਕਿੱਟਾਂ ਵੰਡੀਆਂ ਗਈਆਂ। ਵਰਣਨਯੋਗ ਹੈ ਕਿ ਜਦੋਂ ਦੀ ਪੰਜਾਬ ਅੰਦਰ ਆਮ ਪਾਰਟੀ ਸਰਕਾਰ ਬਣੀ ਹੈ ਉਦੋਂ ਤੋਂ ਹੀ ਲੋੜਵੰਦ ਲੋਕਾਂ ਨੂੰ ਪੰਜਾਬ ਸਰਕਾਰ ਦੀ ਤਰਫੋਂ ਅਨਾਜ ਮਿਲਦਾ ਆ ਰਿਹਾ ਹੈ ਅਤੇ ਇਹ ਸਵਾਰ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਵਿੱਚ ਵਾਧਾ ਕਰਦਿਆਂ ਲਾਭ ਪਾਤਰੀਆਂ ਨੂੰ ਅਨਾਜ ਕਿੱਟ ਵੰਡੀ ਗਈ ਹੈ। ਇਸ ਮੌਕੇ ਸਰਪੰਚ ਸਰਬਜੀਤ ਸਿੰਘ, ਮੈਂਬਰ ਪੰਚਾਇਤ ਹਰਪ੍ਰੀਤ ਸਿੰਘ, ਮੈਂਬਰ ਪੰਚਾਇਤ ਜਸਵਿੰਦਰ ਕੌਰ, ਮੈਂਬਰ ਪੰਚਾਇਤ ਦਲਬੀਰ ਸਿੰਘ ਟੀਟਾ, ਮੈਂਬਰ ਪੰਚਾਇਤ ਪਰਦੁਮਨ ਸਿੰਘ, ਆਪ ਆਗੂ ਤਰਵਿੰਦਰ ਸਿੰਘ, ਧਰਮਿੰਦਰ ਸਿੰਘ, ਹਰਦੀਪ ਸਿੰਘ ਫੌਜੀ, ਸਰਮੁਖ ਸਿੰਘ, ਗੁਰਮੇਜ ਸਿੰਘ ਬਾਠ, ਮਿਲਖਾ ਸਿੰਘ ਨੇ ਇਹ ਸਕੀਮ ਜਾਰੀ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕੀਤਾ।

# 5.5 ਕਿਲੋ ਹੈਰੋਇਨ ਤੇ ਦੋ ਪਿਸਤੌਲਾਂ ਸਣੇ ਚਾਰ ਗ੍ਰਿਫ਼ਤਾਰ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਚਾਰ ਵਿਅਕਤੀਆਂ ਨੂੰ 5.557 ਕਿਲੋਗ੍ਰਾਮ ਹੈਰੋਇਨ ਤੇ ਦੋ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਕੇ ਸਰਹੱਦ ਪਾਰੋਂ ਚੱਲ ਰਹੇ ਨਸ਼ੀਲੇ ਪਦਾਰਥ ਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਕਾਸ਼ ਸੰਧੂ (30) ਵਾਸੀ ਰਾਮਬਾਗ, ਅੰਮ੍ਰਿਤਸਰ; ਸੁਨੀਲ ਸਰੋਜ (40), ਵਾਸੀ ਖਾਈ ਮੁਹੱਲਾ, ਅੰਮ੍ਰਿਤਸਰ; ਹਰਵਿੰਦਰ ਸਿੰਘ ਉਰਫ਼ ਚਮਕੌਰ (32) ਤੇ ਵੰਸ਼ ਸਿੰਘ (40), ਦੋਵੇਂ ਵਾਸੀ ਪਿੰਡ ਛਿੱਡਣ, ਅੰਮ੍ਰਿਤਸਰ ਵਜੋਂ ਹੋਈ ਹੈ। ਮੁਲਜ਼ਮ ਅਕਾਸ਼ ਸੰਧੂ, ਸੁਨੀਲ ਸਰੋਜ ਤੇ ਹਰਵਿੰਦਰ ਉਰਫ਼ ਚਮਕੌਰ ਆਦਤਨ ਅਪਰਾਧੀ ਹਨ ਜਿਨ੍ਹਾਂ ਵਿਰੁੱਧ ਪਹਿਲਾਂ ਹੀ ਐੱਨਡੀਪੀਐੱਸ ਐਕਟ ਤੇ ਆਰਮਜ਼ ਐਕਟ ਤਹਿਤ ਕੇਸ ਦਰਜ ਹਨ। ਉਨ੍ਹਾਂ ਦੱਸਿਆ ਕਿ ਬਰਾਮਦ ਕੀਤੇ ਗਏ ਪਿਸਤੌਲਾਂ ਵਿਚ ਇਕ 9 ਐੱਮਐੱਮ ਗਲੌਕ ਤੇ ਇਕ .30 ਬੋਰ ਪਿਸਤੌਲ ਸ਼ਾਮਲ ਹਨ। ਇਸ ਤੋਂ ਇਲਾਵਾ ਪੁਲਿਸ ਟੀਮ ਨੇ ਇਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ



ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਦੇਸ਼ੀ ਤਸਕਰਾਂ ਦੇ ਸੰਪਰਕ ਵਿਚ ਸਨ ਅਤੇ ਇਲਾਕੇ ਵਿਚ ਮਾੜੇ ਅਨਸਰਾਂ ਨੂੰ ਡਲਿਵਰ ਕਰਨ ਲਈ ਨਸ਼ੀਲੇ ਪਦਾਰਥਾਂ ਤੇ ਹਥਿਆਰਾਂ ਦੀ ਖੇਪ ਪ੍ਰਾਪਤ ਕਰਦੇ ਸਨ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨਰ ਆਫ ਪੁਲਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਪਹਿਲਾਂ ਆਕਾਸ਼ ਸੰਧੂ ਨੂੰ 192 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ, ਜਦੋਂ ਕਿ ਉਸ ਦੇ ਖੁਲਾਸੇ ਦੇ ਆਧਾਰ 'ਤੇ ਹੋਰ 776 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਆਕਾਸ਼ ਸੰਧੂ ਨੇ ਖੁਲਾਸਾ ਕੀਤਾ ਕਿ ਉਸਨੇ ਇਹ ਹੈਰੋਇਨ ਸੁਨੀਲ ਸਰੋਜ ਤੋਂ ਪ੍ਰਾਪਤ ਕੀਤੀ ਸੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਸੁਨੀਲ ਸਰੋਜ ਨੂੰ 4.589 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰ ਲਿਆ। ਸੀਪੀ ਨੇ ਦੱਸਿਆ ਕਿ ਜਾਂਚ ਦੌਰਾਨ ਪੁਲਸ ਟੀਮਾਂ ਨੇ ਦੋ ਹੋਰ ਮੁਲਜ਼ਮਾਂ ਹਰਵਿੰਦਰ ਸਿੰਘ ਉਰਫ਼ ਚਮਕੌਰ ਤੇ ਵੰਸ਼ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿਚੋਂ ਦੋ ਆਧੁਨਿਕ ਪਿਸਤੌਲ ਬਰਾਮਦ ਕੀਤੇ। ਗ੍ਰਿਫ਼ਤਾਰ ਮੁਲਜ਼ਮ ਹਰਵਿੰਦਰ ਉਰਫ਼ ਚਮਕੌਰ ਥਾਣਾ ਛੇਹਰਟਾ ਵਿੱਚ ਹੈਰੋਇਨ ਦੀ ਬਰਾਮਦਗੀ ਸਬੰਧੀ ਦਰਜ ਇਕ ਕੇਸ ਵਿਚ ਵੀ ਲੋੜੀਂਦਾ ਸੀ। ਜਾਂਚ ਦੌਰਾਨ ਪਤਾ ਲੱਗਾ ਕਿ ਗ੍ਰਿਫ਼ਤਾਰ ਮੁਲਜ਼ਮ ਹਰਵਿੰਦਰ ਉਰਫ਼ ਚਮਕੌਰ ਤੇ ਵੰਸ਼ ਸਿੰਘ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਸਥਿਤ ਇਕੋ ਪਿੰਡ ਦੇ ਵਸਨੀਕ ਹਨ, ਜੋ ਸਰਹੱਦ ਪਾਰੋਂ ਨਾਰਕੋ ਤੇ ਹਥਿਆਰ ਤਸਕਰੀ ਸਬੰਧੀ ਗਤੀਵਿਧੀਆਂ ਨੂੰ ਅੰਜਾਮ ਦੇਣ ਵਿਚ ਉਨ੍ਹਾਂ ਦੀ ਰਣਨੀਤਕ ਭੂਮਿਕਾ ਨੂੰ ਦਰਸਾਉਂਦਾ ਹੈ। ਇਸ ਸਬੰਧੀ ਦੋ ਵੱਖ-ਵੱਖ ਕੇਸ ਥਾਣਾ ਇਸਲਾਮਾਬਾਦ ਤੇ ਥਾਣਾ ਛੇਹਰਟਾ ਵਿਚ ਦਰਜ ਕੀਤੇ ਗਏ ਹਨ।

# ਡਿਪਟੀ ਕੌਂਸਲ ਪ੍ਰਧਾਨ ਬਣਨ 'ਤੇ ਨੀਤਾ ਮਾਹਲ ਵੱਲੋਂ ਧੰਨਵਾਦ ਸਮਾਰੋਹ ਆਯੋਜਿਤ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰ)**- ਸਥਾਨਕ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਦਾ ਜਸ਼ਨ ਮਨਾਉਣ ਲਈ ਮਾਹਲ ਪਰਿਵਾਰ ਦੇ ਵਸਨੀਕ ਪਲਵਿੰਦਰ ਕੌਰ ਪ੍ਰਧਾਨ ਅਤੇ ਉਪ ਪ੍ਰਧਾਨ



ਗੁਰਦਿਲਬਾਗ ਸਿੰਘ ਨੀਤਾ ਮਾਹਲ, ਜਿਨ੍ਹਾਂ ਨੂੰ ਸਭ ਤੋਂ ਵੱਧ ਵੋਟਾਂ ਮਿਲੀਆਂ, ਨੇ ਹਰਚੋਵਾਲ ਰੋਡ ਤੇ ਨਾਰਕਰੀ ਭਵਨ ਦੇ ਬਾਹਰ ਇੱਕ ਸ਼ਾਨਦਾਰ ਧੰਨਵਾਦ ਸਮਾਰੋਹ ਦਾ ਆਯੋਜਨ ਕੀਤਾ।ਸਮਾਰੋਹ ਵਿੱਚ ਹਰ ਵਰਗ ਦੇ ਲੋਕਾਂ ਨੇ ਹਿੱਸਾ ਲਿਆ। ਇਸ ਮੌਕੇ ਲੋਕਾਂ ਨੇ ਉਪ ਪ੍ਰਧਾਨ ਗੁਰਦਿਲਬਾਗ ਸਿੰਘ ਨੀਤਾ ਮਾਹਲ ਨੂੰ ਲੱਡੂਆਂ ਨਾਲ ਤੋਲਿਆ ਅਤੇ ਫਿਰ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਨ ਲਈ ਲੋਕਾਂ ਵਿੱਚ ਮਠਿਆਈਆਂ ਵੰਡੀਆਂ।ਇਸ ਮੌਕੇ ਆਤਿਸ਼ਬਾਜ਼ੀ ਵੀ ਦਿਖਾਈ ਗਈ।ਇਸ ਮੌਕੇ ਡਿਪਟੀ ਕੌਂਸਲ ਪ੍ਰਧਾਨ ਨੀਤਾ ਮਾਹਲ ਨੇ ਕਿਹਾ ਕਿ ਮੈਂ ਉਮਰ ਵਿੱਚ ਸਭ ਤੋਂ ਛੋਟੀ ਹਾਂ, ਪਰ ਤੁਸੀਂ ਮੈਨੂੰ ਸਭ ਤੋਂ ਵੱਧ ਵੋਟਾਂ ਦਿੱਤੀਆਂ ਹਨ, ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ।ਮੈਂ ਹਰ ਵੋਟ ਅਤੇ ਤੁਹਾਡੇ ਪਿਆਰ ਦੀ ਰਿਣੀ ਹਾਂ।ਤੁਸੀਂ ਮੈਨੂੰ ਆਪਣਾ ਭਰੋਸਾ ਦਿੱਤਾ ਹੈ।ਮੈਂ ਤੁਹਾਡੇ ਵਿਸ਼ਵਾਸ ਦੀ ਕਦਰ ਕਰਦੀ ਹਾਂ ਅਤੇ ਤੁਹਾਡੀ ਸੇਵਕ ਵਜੋਂ ਤੁਹਾਡੀ ਸੇਵਾ ਕਰਾਂਗੀ।ਨਗਰ ਕੌਂਸਲ ਪ੍ਰਧਾਨ ਪਲਵਿੰਦਰ ਕੌਰ ਨੇ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੱਚਾਈ ਕੌਂਸਲ ਚੋਣਾਂ ਵਿੱਚ ਜਿੱਤੀ ਹੈ।ਮੈਨੂੰ ਕੌਂਸਲ ਪ੍ਰਧਾਨ ਚੁਣਿਆ ਹੈ।ਕਾਦੀਆਂ ਦੇ ਅਧੂਰੇ ਕੰਮਾਂ ਨੂੰ ਪੂਰਾ ਕੀਤਾ ਜਾਵੇਗਾ।

# ਤਰੁਣ ਚੁੱਘ ਵੱਲੋਂ ਟੇਕ ਚੰਦ ਦੇ ਦੇਹਾਂਤ 'ਤੇ ਦੁੱਖ ਪ੍ਰਗਟ



**ਛੇਹਰਟਾ, (ਮਨੋਜ ਕੁਮਾਰ)** : ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਆਰਐੱਸਐੱਸ ਕਾਰਕੁਨ ਵਿਕਾਸ ਮਹਾਜਨ ਦੇ ਪਿਤਾ ਬਖ਼ਸ਼ੀ ਟੇਕ ਚੰਦ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਚੁੱਘ ਨੇ ਕਿਹਾ ਕਿ ਬਖ਼ਸ਼ੀ ਟੇਕ ਚੰਦ ਵੱਲੋਂ ਸਥਾਪਿਤ ਕੀਤੀਆਂ ਗਈਆਂ ਕਦਰਾਂ-ਕੀਮਤਾਂ ਦੇ ਕਾਰਨ ਹੀ ਵਿਕਾਸ ਮਹਾਜਨ ਆਰਐੱਸਐੱਸ ਦੇ ਕਾਰਜਾਂ ਵਿਚ ਸਮਰਪਣ ਭਾਵਨਾ ਨਾਲ ਸਰਗਰਮ ਭੂਮਿਕਾ ਨਿਭਾਅ ਰਹੇ ਹਨ। ਚੁੱਘ ਨੇ ਕਿਹਾ ਕਿ ਮਾਪਿਆਂ ਦਾ ਆਸ਼ੀਰਵਾਦ ਤੇ ਮਾਰਗਦਰਸ਼ਨ ਜ਼ਿੰਦਗੀ ਦੀ ਸਭ ਤੋਂ ਵੱਡੀ ਜਾਇਦਾਦ ਹੈ। ਉਨ੍ਹਾਂ ਕਿਹਾ ਕਿ ਪੂਰਾ ਭਾਜਪਾ ਤੇ ਸੰਘ ਪਰਿਵਾਰ ਇਸ ਦੁੱਖ ਦੀ ਘੜੀ ਵਿਚ ਇਸ ਪਰਿਵਾਰ ਨਾਲ ਖੜ੍ਹਾ ਹੈ।

# ਗੁ. ਨਿਹਚਲ ਸਾਹਿਬ ਵਾਲੀ ਸੜਕ ਬਣਾਉਣ 'ਤੇ ਈਟੀਓ ਦਾ ਧੰਨਵਾਦ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਡੇਹਰੀਵਾਲ ਦੇ ਗੁਰਦੁਆਰਾ ਨਿਹਚਲ ਸਾਹਿਬ ਵਾਲੀ ਸੜਕ ਨੂੰ ਪਹਿਲ ਦੇ ਅਧਾਰ 'ਤੇ ਬਣਵਾਇਆ ਗਿਆ ਹੈ ਜਿਸ ਲਈ



ਸਾਰਾ ਪਿੰਡ ਹੀ ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕਰਦਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਪਰਮਿੰਦਰ ਸਿੰਘ ਔਜਲਾ, ਸਾਬਕਾ ਸਰਪੰਚ ਮਨਪ੍ਰੀਤ ਸਿੰਘ, ਰਾਣਾ ਔਜਲਾ ਅਤੇ ਹੋਰ ਆਗੂਆਂ ਨੇ ਕਿਹਾ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਪਹਿਲਾਂ ਹੀ ਸਾਡੇ ਪਿੰਡ ਵਿੱਚ ਬਹੁਤ ਸਾਰੇ ਵਿਕਾਸ ਕਾਰਜ ਕਰਵਾ ਕੇ ਪਿੰਡ ਦੀ ਨੁਹਾਰ ਬਦਲੀ ਗਈ ਹੈ ਅਤੇ ਕਾਫੀ ਸਮੇਂ ਤੋਂ ਗੁਰਦੁਆਰਾ ਨਿਹਚਲ ਸਾਹਿਬ ਨੂੰ ਜਾਣ ਵਾਲੀ ਸੜਕ ਦੀ ਮੰਗ ਪਿਛਲੀਆਂ ਸਰਕਾਰਾਂ ਟਾਈਮ ਵੀ ਕੀਤੀ ਗਈ ਸੀ ਪਰ ਕਿਸੇ ਵੀ ਸਰਕਾਰ ਨੇ ਇਸ ਨੂੰ ਪੂਰਾ ਨਹੀਂ ਕੀਤਾ। ਜਦੋਂ ਕੈਬਨਿਟ ਮੰਤਰੀ ਈਟੀਓ ਦੇ ਧਿਆਨ ਵਿੱਚ ਲਿਆਂਦਾ ਤਾਂ ਤੁਰੰਤ ਹੀ ਇਸ ਮੰਗ ਨੂੰ ਪੂਰਾ ਕਰ ਦਿੱਤਾ। ਸਾਡਾ ਸਮੁੱਚਾ ਨਗਰ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕਰਦਾ ਹੈ।

# ਐੱਸ ਡੀ ਐੱਮ ਡੇਰਾ ਬਾਬਾ ਨਾਨਕ ਦੇ ਦਫ਼ਤਰ ਅੱਗੇ ਧਰਨਾ ਅੱਜ

**ਧਾਰੀਵਾਲ (ਮਨਦੀਪ ਵਿੱਕੀ)**- ਜ਼ਿਲ੍ਹਾ ਗੁਰਦਾਸਪੁਰ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਮੀਟਿੰਗ ਕਰਕੇ ਡੇਰਾ ਬਾਬਾ ਨਾਨਕ ਦੇ ਐੱਸ ਡੀ ਐੱਮ ਦਫਤਰ ਸਾਹਮਣੇ ਐੱਸ ਆਈ ਆਰ ਦੀ ਡਿਊਟੀ ਨਿਭਾ ਰਹੇ ਬੂਥ ਲੈਵਲ ਅਫਸਰਾਂ ਨਾਲ ਮਾੜੀ ਸ਼ਬਦਾਵਲੀ ਬੋਲਣ ਅਤੇ ਬੇਲੋੜਾ ਦਬਾਅ ਪਾਉਣ ਵਿਰੁੱਧ 20 ਜੁਲਾਈ ਦਿਨ ਸੋਮਵਾਰ ਨੂੰ ਧਰਨਾ ਦਿੱਤਾ ਜਾਵੇਗਾ।ਇਹ ਜਾਣਕਾਰੀ ਦਿੰਦਿਆਂ ਅਧਿਆਪਕ ਆਗੂਆਂ ਕੁਲਦੀਪ ਪੁਰੋਵਾਲ, ਅਸ਼ਵਨੀ ਫ਼ਜ਼ੂਪੁਰ, ਪਲਵਿੰਦਰ ਸਿੰਘ, ਹਰਜਿੰਦਰ ਸਿੰਘ, ਸੋਮ ਸਿੰਘ, ਗੁਰਿੰਦਰ ਸਿੰਘ ਸਿੱਧੂ, ਓਂਕਾਰ ਸਿੰਘ, ਸਰਬਜੀਤ ਸਿੰਘ ਬੀ ਐਲ ਓ ਯੂਨੀਅਨ, ਬਲਰਾਜ ਸਿੰਘ, ਲਵਪ੍ਰੀਤ ਰੋੜਾਂਵਾਲੀ, ਤਰਸੇਮ ਪਾਲ, ਅਨੁਭਵ ਗੁਪਤਾ, ਦਿਲਬਾਗ ਸਿੰਘ, ਇੰਦਰਜੀਤ ਸਿੰਘ, ਮਨਪ੍ਰੀਤ ਸਿੰਘ, ਇੰਦਰਪਾਲ ਸਿੰਘ, ਰਛਪਾਲ ਸਿੰਘ ਉਦੋਕੇ ਆਦਿ ਨੇ ਦੱਸਿਆ ਕਿ ਵੱਡੀ ਗਿਣਤੀ ਵਿੱਚ ਅਧਿਆਪਕ ਬੂਥ ਲੈਵਲ ਅਫ਼ਸਰ ਦੇ ਤੌਰ ਤੇ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ ਪਰ ਡੇਰਾ ਬਾਬਾ ਨਾਨਕ ਦੇ ਅਧਿਕਾਰੀ ਵੱਲੋਂ ਮਿਹਨਤੀ ਬੀ ਐਲ ਓਜ਼ ਨਾਲ ਵੀ ਵਟਸਐਪ ਗਰੁੱਪ ਵਿੱਚ ਮਾੜੀ ਸ਼ਬਦਾਵਲੀ ਬੋਲੀ ਗਈ ਹੈ ਅਤੇ ਬੇਲੋੜਾ ਦਬਾਅ ਪਾਇਆ ਜਾ ਰਿਹਾ ਹੈ।ਇਸ ਕਾਰਨ ਬੂਥ ਲੈਵਲ ਅਫ਼ਸਰ ਨਿਰਾਸ਼ ਹੋ ਰਹੇ ਹਨ।

ਆਗੂਆਂ ਨੇ ਇਸ ਸਬੰਧੀ ਨੋਟਿਸ ਲੈਂਦਿਆਂ ਡੇਰਾ ਬਾਬਾ ਨਾਨਕ ਦੇ ਅਧਿਕਾਰੀ ਵਿਰੁੱਧ 20 ਜੁਲਾਈ ਸੋਮਵਾਰ ਨੂੰ ਧਰਨਾ ਦੇਣ ਦਾ ਫੈਸਲਾ ਕੀਤਾ ਹੈ ਤਾਂ ਕਿ ਕੋਈ ਵੀ ਅਧਿਕਾਰੀ ਮਿਹਨਤੀ ਬੀ ਐੱਲ ਓ ਨਾਲ ਮਾੜਾ ਵਿਵਹਾਰ ਨਾ ਕਰ ਸਕੇ।ਆਗੂਆਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਤੋਂ ਵੀ ਮੰਗ ਕੀਤੀ ਕਿ ਅਧਿਆਪਕਾਂ ਨਾਲ਼ ਮਾੜਾ ਵਿਵਹਾਰ ਕਰਨ ਵਾਲੇ ਅਧਿਕਾਰੀ ਵਿਰੁੱਧ ਕਾਰਵਾਈ ਕੀਤੀ ਜਾਵੇ।ਇਸ ਮੌਕੇ ਦਿਲਦਾਰ ਭੰਡਾਲ, ਅਨਿਲ ਕੁਮਾਰ, ਰਜਨੀ ਪ੍ਰਕਾਸ਼ , ਬਲਵਿੰਦਰ ਕੌਰ, ਉਪਕਾਰ ਸਿੰਘ, ਤੇਜਿੰਦਰ ਸਿੰਘ, ਹਰਪ੍ਰੀਤ ਪਰਮਾਰ, ਅਮਰਬੀਰ ਸਿੰਘ, ਗੁਰਪ੍ਰੀਤ ਸਿੰਘ ਰੰਗੀਲਪੁਰ, ਗੁਰਮੁੱਖ ਸਿੰਘ, ਗਗਨਦੀਪ ਸਿੰਘ, ਰਾਮ ਸਿੰਘ ਆਦਿ ਹਾਜ਼ਰ ਸਨ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਭਾਜਪਾ ਆਗੂ ਦੇ ਘਰ ਅੱਗੇ ਪ੍ਰਦਰਸ਼ਨ ਕਰਨ ਦਾ ਐਲਾਨ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਤਰਨ ਤਾਰਨ ਦੀ ਅਹਿਮ ਮੀਟਿੰਗ ਨਛੱਤਰ ਸਿੰਘ ਪੰਨੂ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਪੰਨੂ ਨੇ ਆਖਿਆ ਕਿ ਕੇਂਦਰ ਸਰਕਾਰ ਦੇ ਹਾਕਮ



ਦੇਸ਼ ਦੀ ਬਹੁ-ਗਿਣਤੀ ਆਬਾਦੀ ਦੇ ਹੱਕ ਵਿੱਚ ਫੈਸਲੇ ਲੈਣ ਦੀ ਬਜਾਏ ਮੁੱਠੀ ਭਰ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਫੈਸਲੇ ਲੈ ਰਹੇ ਹਨ।ਇਸ ਮੌਕੇ ਬੀਕੇਯੂ ਉਗਰਾਹਾਂ ਤੋਂ ਕਿਰਤੀ ਕਿਸਾਨ ਯੂਨੀਅਨ ਵਿੱਚ ਸ਼ਾਮਿਲ ਹੋਏ ਮਿਹਰ ਸਿੰਘ ਸਖੀਰਾ ਨੇ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਲਗਾਤਾਰ ਕਿਸਾਨਾਂ ਅਤੇ ਮਿਹਨਤਕਸ਼ ਲੋਕਾਂ ਦੇ ਹੱਕ ਵਿੱਚ ਹਮੇਸ਼ਾ ਮੋਹਰੀ ਸਫਾਂ ਵਿੱਚ ਡਟ ਕੇ ਖੜਦੀ ਹੈ ।ਉਨ੍ਹਾਂ ਆਖਿਆ ਕਿ ਮੋਦੀ ਹਕੂਮਤ ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤਾ ਕਰਨ ਜਾ ਰਹੀ ਹੈ। ਇਹ ਸਮਝੌਤਾ ਕਿਸਾਨਾਂ ਅਤੇ ਕਰੋੜਾਂ ਖਪਤਕਾਰਾਂ ਹਿੱਤਾਂ ਦੀ ਅਣਦੇਖੀ ਹੈ।ਅਨਾਜ, ਡੇਅਰੀ ਫਾਰਮ ਅਤੇ ਪੋਲਟਰੀ ਫਾਰਮ ਸਭ ਤਬਾਹ ਹੋ ਜਾਣਗੇ।ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 22 ਜੁਲਾਈ ਨੂੰ ਤਰਨ ਤਾਰਨ ਵਿੱਚ ਸਾਰੇ ਟੋਲ ਪਲਾਜ਼ੇ ਫਰੀ ਕੀਤੇ ਜਾਣਗੇ ਅਤੇ ਬੀਜੇਪੀ ਆਗੂ ਹਰਜੀਤ ਸਿੰਘ ਦੇ ਤਰਨ ਤਾਰਨ ਸਥਿਤ ਘਰ ਦੇ ਸਾਹਮਣੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ ਤਾਂ ਜੋ ਆਮ ਲੋਕਾਂ ਨੂੰ ਬੀਜੇਪੀ ਸਰਕਾਰ ਦੀਆਂ ਲੋਕ ਵਿਰੋਧੀ ਤੇ ਕਿਸਾਨ ਵਿਰੋਧੀ ਨੀਤੀਆਂ ਦੀ ਜਾਣਕਾਰੀ ਦਿੱਤੀ ਜਾ ਸਕੇ।ਕਿਸਾਨ ਯੂਨੀਅਨ ਇਸ ਐਕਸ਼ਨ ਵਿੱਚ ਵੱਧ-ਚੜ੍ਹ ਕੇ ਆਪਣਾ ਯੋਗਦਾਨ ਪਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਚੈਨ ਸਿੰਘ, ਸਤਪਾਲ ਸਿੰਘ ਨੱਥੋਕੇ, ਸਰਦਾਰਾ ਸਿੰਘ ਸਖੀਰਾ, ਵਰਿਆਮ ਸਿੰਘ ਸਖੀਰਾ, ਖਜਾਨ ਸਿੰਘ, ਸਰਪੰਚ ਸਵਰਨ ਸਿੰਘ ਸੂਰਵਿੰਡ, ਤਰਸੇਮ ਸਿੰਘ ਲੱਖਣਾ, ਅੰਗਰੇਜ਼ ਸਿੰਘ ਸਰਹਾਲੀ ਖੁਰਦ, ਬਲਜੀਤ ਸਿੰਘ, ਹਰਵਿੰਦਰ ਸਿੰਘ ਵਲੀਪੁਰ ਤੇ ਅੰਗਰੇਜ਼ ਸਿੰਘ ਆਦਿ ਹਾਜ਼ਰ ਸਨ।

# ਬੁਤਾਲੇ ਤੋਂ ਗੱਗੜਭਾਣਾ ਰੋਡ 'ਤੇ ਪਿਆ ਡੂੰਘਾ ਖੱਡਾ




**ਬੁਤਾਲਾ (ਨਿਰਮਲ ਸਿੰਘ ਸੰਘਾ)**- ਪਿੰਡ ਬੁਤਾਲਾ ਤੋਂ ਗਗੜਭਾਣਾ ਰੋਡ ਤੇ ਚੜ੍ਹਦਿਆਂ ਹੀ ਸੜਕ ਤੇ ਬਹੁਤ ਹੀ ਡੂੰਘਾ ਖੱਡਾ ਪਿਆ ਹੋਇਆ ਹੈ।ਇਸ ਰਸਤੇ ਤੋਂ ਬਹੁਤ ਸਾਰੇ ਵਾਹਨ ਜਿਨ੍ਹਾਂ ਨੇ ਬੁੱਟਰ, ਮਹਿਤਾ, ਬਟਾਲਾ ਆਦਿ ਜਾਣਾ ਹੁੰਦਾ ਹੈ ਉਹ ਸੋਰਟ ਰਸਤਾ ਹੋਣ ਕਰਕੇ ਇਧਰ ਦੀ ਜਾਂਦੇ ਹਨ।

ਇਸ ਰਸਤੇ ਤੇ ਤਿੰਨ ਚਾਰ ਪਰਾਈਵੇਟ ਸਕੂਲ ਵੀ ਹਨ, ਕਿਸੇ ਵੇਲੇ ਵੀ ਕੋਈ ਹਾਦਸਾ ਹੋ ਸਕਦਾ ਹੈ ਸੋ ਰਾਹਗੀਰਾਂ ਦੀ ਵਿਧਾਇਕ ਦਲਬੀਰ ਸਿੰਘ ਟੌਂਗ ਨੂੰ ਅਤੇ ਪੀ ਡਬਲ ਯੂ ਡੀ ਸੜਕ ਮਹਿਕਮੇ ਨੂੰ ਅਪੀਲ ਹੈ ਕਿ ਇਸ ਦੀ ਮੁਰੰਮਤ ਜਲਦੀ ਤੋਂ ਜਲਦੀ ਕੀਤੀ ਜਾਵੇ ਤਾਂ ਜੋ ਕੋਈ ਹਾਦਸਾ ਨਾ ਵਾਪਰ ਜਾਵੇ।

# ਬੁਢਾਪੇ ਦੀ ਚਿੰਤਾ ਛੱਡੋ, ਅੱਜ ਹੀ ਅਪਣਾਓ 'ਐੱਨਪੀਐੱਸ ਸੰਚੇ' ਯੋਜਨਾ : ਆਸ਼ੀਸ਼ ਗਾਂਧੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਬੁਢਾਪੇ ਨੂੰ ਆਰਥਿਕ ਪੱਖੋਂ ਸੁਰੱਖਿਅਤ ਅਤੇ ਸਨਮਾਨਜਨਕ ਬਣਾਉਣ ਦੇ ਮੰਤਵ ਨਾਲ ਭਾਰਤ ਸਰਕਾਰ ਦੇ ਪੈਨਸ਼ਨ ਫੰਡ ਰੈਗੂਲੇਟਰੀ ਐਂਡ ਡਿਵੈਲਪਮੈਂਟ



ਅਥਾਰਟੀ (ਪੀਐੱਫਆਰਡੀਏ) ਵੱਲੋਂ 'ਐੱਨਪੀਐੱਸ ਸੰਚੇ' ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਕਿਸਾਨਾਂ, ਸਵੈ-ਸਹਾਇਤਾ ਸਮੂਹਾਂ (ਐੱਸਐੱਚਜੀ) ਦੀਆਂ ਮਹਿਲਾਵਾਂ, ਬੈਂਕ ਅਧਿਕਾਰੀਆਂ ਅਤੇ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਹਿੱਸਾ ਲਿਆ। ਸਮਾਗਮ ਦੀ ਸ਼ੁਰੂਆਤ ਪੀਐੱਫਆਰਡੀਏ ਨਵੀਂ ਦਿੱਲੀ ਦੇ ਮਨੋਜ ਤਿਵਾੜੀ, ਐੱਸਐੱਲਬੀਸੀ ਪੰਜਾਬ ਦੇ ਮੁਖੀ ਆਰ. ਕੇ. ਮੀਨਾ ਅਤੇ ਪੰਜਾਬ ਨੈਸ਼ਨਲ ਬੈਂਕ ਅੰਮ੍ਰਿਤਸਰ ਦੇ ਜ਼ੋਨਲ ਮੈਨੇਜਰ ਆਸ਼ੀਸ਼ ਗਾਂਧੀ ਪੀਐੱਨਬੀ ਦੇ ਸਰਕਲ ਹੈੱਡ ਕ੍ਰਿਸ਼ਨ ਕੁਮਾਰ ਨੇ ਸ਼ਮਾ ਰੌਸ਼ਨ ਕਰਕੇ ਕੀਤੀ।ਮੁੱਖ ਮਹਿਮਾਨ ਮਨੋਜ ਤਿਵਾੜੀ ਨੇ ਕਿਹਾ ਕਿ ਐੱਨਪੀਐੱਸ ਸੰਚੇ ਇੱਕ ਅਜਿਹੀ ਰਾਸ਼ਟਰੀ ਪੈਨਸ਼ਨ ਯੋਜਨਾ ਹੈ ਜੋ ਹਰ ਨਾਗਰਿਕ ਨੂੰ ਬੁਢਾਪੇ ਵਿੱਚ ਆਰਥਿਕ ਸੁਰੱਖਿਆ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸਿਰਫ਼ 250 ਰੁਪਏ ਨਾਲ ਖਾਤਾ ਖੋਲ੍ਹਿਆ ਜਾ ਸਕਦਾ ਹੈ ਅਤੇ ਘੱਟੋ-ਘੱਟ 10 ਰੁਪਏ ਮਹੀਨਾਵਾਰ ਯੋਗਦਾਨ ਨਾਲ ਵੀ ਬੱਚਤ ਦੀ ਸ਼ੁਰੂਆਤ ਕੀਤੀ ਜਾ ਸਕਦੀ ਹੈ।ਖਾਤਾਧਾਰਕ ਦੀ ਮੌਤ ਹੋਣ 'ਤੇ ਉਸ ਦੇ ਜੀਵਨ ਸਾਥੀ ਨੂੰ ਪੈਨਸ਼ਨ ਦਾ ਲਾਭ ਮਿਲਦਾ ਹੈ ਅਤੇ ਦੋਵਾਂ ਦੀ ਮੌਤ ਹੋਣ ਦੀ ਸਥਿਤੀ ਵਿੱਚ ਜਮ੍ਹਾ ਰਕਮ ਨਾਮਜ਼ਦ ਵਾਰਸ ਨੂੰ ਦਿੱਤੀ ਜਾਂਦੀ ਹੈ। 18 ਤੋਂ 85 ਸਾਲ ਤੱਕ ਦਾ ਹਰ ਭਾਰਤੀ ਨਾਗਰਿਕ ਐੱਨਪੀਐੱਸ ਸੰਚੇ ਯੋਜਨਾ ਦਾ ਲਾਭ ਲੈ ਸਕਦਾ ਹੈ।ਇਸ ਮੌਕੇ ਪੀਐਨਬੀ ਦੇ ਸਰਕਲ ਹੈੱਡ ਕ੍ਰਿਸ਼ਨ ਕੁਮਾਰ, ਜ਼ਿਲ੍ਹਾ ਲੀਡ ਬੈਂਕ ਮੈਨੇਜਰ ਅੰਮ੍ਰਿਤਸਰ ਅਪਰਨਾ ਸ਼ਰਮਾ, ਜ਼ਿਲ੍ਹਾ ਲੀਡ ਬੈਂਕ ਮੈਨੇਜਰ ਤਰਨਤਾਰਨ ਸੰਦੀਪ ਸਹੋਤਾ ਸਮੇਤ ਵੱਖ-ਵੱਖ ਬੈਂਕਾਂ ਅਤੇ ਸੰਸਥਾਵਾਂ ਦੇ ਅਧਿਕਾਰੀ ਹਾਜ਼ਰ ਸਨ।

# ਡਾਕੂਮੈਂਟਰੀ ਸ਼ੋਅ ਲੋਕਾਂ ਲਈ ਬਣਿਆ ਖਿੱਚ ਦਾ ਕੇਂਦਰ



**ਬਟਾਲਾ, (ਤਰਲੋਕ ਬੱਗਾ)**- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਡਾਕੂਮੈਂਟਰੀ ਵੈਨ ਵੱਲੋਂ ਪਿੰਡ ਰਸੂਲਪੁਰ ਅਤੇ ਰਾਮਪੁਰ ਵਿਖੇ ਸ਼ੋਅ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਸਮਾਜ ਸੁਧਾਰ ਲਈ ਉਨ੍ਹਾਂ ਦੇ ਅਮੁੱਲੇ ਯੋਗਦਾਨ ਤੇ ਆਧਾਰਿਤ ਡਾਕੂਮੈਂਟਰੀ ਪ੍ਰਦਰਸ਼ਿਤ ਕੀਤੀ ਗਈ।ਡਾਕੂਮੈਂਟਰੀ ਨੂੰ ਦੇਖਣ ਲਈ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਹੋਏ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਉਪਰਾਲੇ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਦੇ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਹੈ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਵਿਚਾਰਧਾਰਾ ਅੱਜ ਵੀ ਸਮਾਜਿਕ ਸਦਭਾਵਨਾ ਅਤੇ ਆਪਸੀ ਸਾਂਝ ਨੂੰ ਮਜ਼ਬੂਤ ਕਰਨ ਲਈ ਉਤਨੀ ਹੀ ਪ੍ਰਸੰਗਿਕ ਹੈ।ਉਨ੍ਹਾਂ ਦੱਸਿਆ ਕਿ ਡਾਕੂਮੈਂਟਰੀ ਵੈਨ ਰਾਹੀਂ ਪੇਂਡੂ ਖੇਤਰਾਂ ਵਿੱਚ ਲਗਾਤਾਰ ਸ਼ੋਅ ਕੀਤੇ ਜਾ ਰਹੇ ਹਨ ਤਾਂ ਜੋ ਲੋਕ, ਖ਼ਾਸ ਕਰਕੇ ਨੌਜਵਾਨ, ਆਪਣੇ ਮਹਾਨ ਗੁਰੂਆਂ ਦੇ ਜੀਵਨ ਤੋਂ ਪ੍ਰੇਰਨਾ ਲੈ ਸਕਣ। ਉਨ੍ਹਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਗੁਰੂ ਸਾਹਿਬ ਦੇ ਦਰਸਾਏ ਰਾਹ ਤੇ ਚੱਲਣ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਚੜ੍ਹ ਕੇ ਸ਼ਿਰਕਤ ਕਰਨ।

ਨਵਾਂ ਜ਼ਮਾਨਾ
ਸੋਮਵਾਰ, 20 ਜੁਲਾਈ 2026

# ਮਜ਼ਾਕ ਬਣ ਰਹੇ ਵਿਦੇਸ਼ੀ ਦੌਰੇ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪਰਤਿਆਂ ਹਫਤੇ ਤੋਂ ਵੱਧ ਹੋ ਗਿਆ ਹੈ, ਪਰ ਆਸਟ੍ਰੇਲੀਆ ਦੌਰੇ ਦਾ ਮਜ਼ਾਕ ਅਜੇ ਵੀ ਜਾਰੀ ਹੈ। ਸਥਾਨਕ ਮੀਡੀਆ ਅਜੇ ਵੀ ਮੋਦੀ ਦੇ ਰੌਕ ਸ਼ੋਅ ਦਾ ਆਨੰਦ ਮਾਣ ਰਿਹਾ ਹੈ, ਜੋ ਕਿ ਨੱਚਣ ਅਤੇ ਗਾਉਣ ਲਈ ਬਣਾਏ ਗਏ ਇੱਕ ਮਿੰਨੀ-ਸਟੇਡੀਅਮ ਵਿੱਚ ਆਯੋਜਤ ਕੀਤਾ ਗਿਆ ਸੀ, ਜਿਸ ਵਿੱਚ 25,000-30,000 ਭਾਰਤੀਆਂ ਨੂੰ ਵਿਸ਼ੇਸ਼ ਤੌਰ 'ਤੇ ਬੁੱਕ ਕੀਤੇ ਚਾਰਟਰਡ ਜਹਾਜ਼ਾਂ ਵਿੱਚ ਲਿਆਂਦਾ ਗਿਆ ਸੀ। ਆਸਟ੍ਰੇਲੀਆਈ ਮੀਡੀਆ ਅਤੇ ਵਿਰੋਧੀ ਨੇਤਾ ਦੋਸ਼ ਲਗਾ ਰਹੇ ਹਨ ਕਿ ਪਿਛਲੀਆਂ ਅਮਰੀਕੀ ਰਾਸ਼ਟਰਪਤੀ ਚੋਣਾਂ ਦੌਰਾਨ 'ਅਬਕੀ ਬਾਰ ਟਰੰਪ ਸਰਕਾਰ' ਦਾ ਨਾਅਰਾ ਲਾਉਣ ਵਾਲੇ ਮੋਦੀ ਨੇ ਭਾਰਤੀ ਮੂਲ ਦੇ ਵੋਟਰਾਂ ਨੂੰ ਅਲੋਕਪ੍ਰਿਯ ਹੋ ਰਹੀ ਆਸਟ੍ਰੇਲੀਆਈ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਦੀ ਪਾਰਟੀ ਦੇ ਹੱਕ ਵਿੱਚ ਲੁਭਾਉਣ ਲਈ ਇਹ ਸਮਾਗਮ ਕੀਤਾ । ਮੋਦੀ ਦੇ ਵਿਦੇਸ਼ ਦੌਰਿਆਂ ਬਾਰੇ ਬਹੁਤ ਸਾਰੀਆਂ ਅਜਿਹੀਆਂ ਦਿਲਚਸਪ ਕਹਾਣੀਆਂ ਹਨ। ਭਾਰਤ, ਜੋ ਕਦੇ ਵਿਸ਼ਵ ਰਾਜਨੀਤੀ ਵਿੱਚ 118 ਗੁੱਟ ਨਿਰਲੇਪ ਦੇਸ਼ਾਂ ਦਾ ਆਗੂ ਸੀ, ਹੁਣ ਹਾਸੋਹੀਣੀ ਸਥਿਤੀ 'ਤੇ ਪਹੁੰਚ ਗਿਆ ਹੈ। ਇੱਕ ਸਮਾਂ ਸੀ, ਜਦੋਂ ਸੰਯੁਕਤ ਰਾਸ਼ਟਰ ਵਿੱਚ ਭਾਰਤ ਦੇ ਡਿਪਟੀ ਸੈਕਟਰੀ ਜਾਂ ਦਿੱਲੀ ਵਿੱਚ ਵਿਦੇਸ਼ ਮੰਤਰਾਲੇ ਦੇ ਨੰਬਰ ਤਿੰਨ ਬੁਲਾਰੇ ਦੇ ਸ਼ਬਦ ਵੀ ਦੁਨੀਆ ਵੱਲੋਂ ਸੁਣੇ ਅਤੇ ਵਿਚਾਰੇ ਜਾਂਦੇ ਸਨ। ਅੱਜ ਹਾਲਾਤ ਅਜਿਹੇ ਹੋ ਗਏ ਹਨ ਕਿ ਭਾਰਤੀ ਪ੍ਰਧਾਨ ਮੰਤਰੀ ਬਾਰੇ ਤਰ੍ਹਾਂ-ਤਰ੍ਹਾਂ ਦੀਆਂ ਗੱਲਾਂ ਲਿਖੀਆਂ ਜਾ ਰਹੀਆਂ ਹਨ। ਇੰਗਲੈਂਡ ਦੇ ਪ੍ਰਮੁੱਖ ਅੰਗਰੇਜ਼ੀ ਅਖਬਾਰ 'ਦੀ ਗਾਰਡੀਅਨ' ਨੇ ਆਪਣੀ ਖਬਰ ਦੀ ਸੁਰਖੀ ਦਿੱਤੀ, 'ਉਨ੍ਹਾ ਨੂੰ ਕੋਈ ਵੀ ਪੁਰਸਕਾਰ/ਤਮਗਾ ਦਿਓ, ਉਹ ਦੌੜ ਕੇ ਆਉਣਗੇ'। ਅਖਬਾਰ ਨੇ ਇਜ਼ਰਾਈਲ ਦੇ 'ਨੇਸੈੱਟ ਮੈਡਲ' ਐਵਾਰਡ ਦਾ ਜ਼ਿਕਰ ਕੀਤਾ। ਮੋਦੀ ਦੇ ਇਜ਼ਰਾਈਲ ਦੌਰੇ ਤੋਂ ਕੁਝ ਦਿਨ ਪਹਿਲਾਂ, ਇਜ਼ਰਾਈਲੀ ਸੰਸਦ ਨੇ ਜਲਦਬਾਜ਼ੀ ਵਿੱਚ ਨੇਸੈੱਟ ਮੈਡਲ ਬਣਾਇਆ ਅਤੇ ਜਿਵੇਂ ਹੀ ਉਹ ਪਹੁੰਚੇ, ਮੋਦੀ ਨੂੰ ਇਹ ਮੈਡਲ ਪੇਸ਼ ਕੀਤਾ ਗਿਆ। ਇਸ ਨੂੰ ਦੇਸ਼ ਦੇ ਸਭ ਤੋਂ ਉੱਚੇ ਸਨਮਾਨਾਂ ਵਿੱਚੋਂ ਇੱਕ ਦੱਸਿਆ ਗਿਆ ਸੀ ਅਤੇ ਮੋਦੀ ਇਕੱਲੇ ਹਨ, ਜਿਨ੍ਹਾ ਨੂੰ ਇਹ ਦਿੱਤਾ ਗਿਆ।

ਜੇ ਇਹ ਨਰਿੰਦਰ ਮੋਦੀ ਦਾ ਨਿੱਜੀ ਮਾਮਲਾ ਹੁੰਦਾ ਤਾਂ ਗੱਲ ਵੱਖਰੀ ਹੋਣੀ ਸੀ, ਪਰ ਇਹ ਭਾਰਤ ਦੇ ਪ੍ਰਧਾਨ ਮੰਤਰੀ ਦੇ ਆਚਰਣ ਦਾ ਸਵਾਲ ਹੈ, ਇਸ ਲਈ ਇਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਇਹ ਬਹੁਤ ਸਮਾਂ ਪਹਿਲਾਂ ਦੀ ਗੱਲ ਨਹੀਂ ਹੈ। 10 ਮਈ ਨੂੰ ਹੈਦਰਾਬਾਦ ਵਿੱਚ ਇੱਕ ਜਨਤਕ ਮੀਟਿੰਗ ਵਿੱਚ ਮੋਦੀ ਨੇ ਇੱਕ ਵਿਆਪਕ ਤਿਆਗ ਪੈਕੇਜ ਦਾ ਐਲਾਨ ਕਰਦਿਆਂ ਭਾਰਤੀਆਂ ਨੂੰ ਵਿਸ਼ਵਵਿਆਪੀ ਤਣਾਅ ਅਤੇ ਉਨ੍ਹਾਂ ਦੇ ਆਰਥਿਕ ਨਤੀਜਿਆਂ ਦਾ ਹਵਾਲਾ ਦਿੰਦੇ ਹੋਏ ਵਿਦੇਸ਼ ਯਾਤਰਾ ਬੰਦ ਕਰਨ ਦੀ ਸਲਾਹ ਦਿੱਤੀ। ਇਸ ਭਾਸ਼ਣ ਦੀ ਗੂੰਜ ਘੱਟ ਹੋਣ ਤੋਂ ਪਹਿਲਾਂ ਹੀ ਉਹ ਖ਼ੁਦ ਵਿਦੇਸ਼ ਯਾਤਰਾ 'ਤੇ ਨਿਕਲ ਚੁੱਕੇ ਸਨ। ਮਈ ਵਿੱਚ ਉਨ੍ਹਾ ਯੂ ਏ ਈ, ਨੀਦਰਲੈਂਡ, ਸਵੀਡਨ, ਨਾਰਵੇ ਅਤੇ ਇਟਲੀ ਦਾ ਦੌਰਾ ਕੀਤਾ। ਜੂਨ ਦੀ ਤੇਜ਼ ਗਰਮੀ ਫਰਾਂਸ, ਸਲੋਵਾਕੀਆ, ਸੇਸ਼ੇਲਸ ਗਣਰਾਜ ਦਾ ਦੌਰਾ ਕਰਕੇ ਬਿਤਾਈ ਅਤੇ ਹਾਲ ਹੀ ਵਿੱਚ ਜੁਲਾਈ ਵਿੱਚ ਇੰਡੋਨੇਸ਼ੀਆ, ਆਸਟ੍ਰੇਲੀਆ ਅਤੇ ਨਿਊਜ਼ੀਲੈਂਡ ਹੁੰਦੇ ਹੋਏ ਵਾਪਸ ਆਏ। ਇਸ ਤਰ੍ਹਾਂ ਵਿਦੇਸ਼ ਯਾਤਰਾ ਨਾ ਕਰਨ ਦੇ ਆਪਣੇ ਸੱਦੇ ਤੋਂ ਬਾਅਦ ਉਨ੍ਹਾ ਕੁੱਲ 11 ਦੇਸ਼ਾਂ ਦਾ ਦੌਰਾ ਕੀਤਾ ਹੈ। ਇਸ ਦੇ ਨਾਲ ਹੁਣ ਤੱਕ ਉਨ੍ਹਾ ਆਪਣੇ ਕਾਰਜਕਾਲ ਵਿੱਚ 82 ਦੇਸ਼ਾਂ ਦੇ 100 ਵਿਦੇਸ਼ੀ ਦੌਰੇ ਅਤੇ 415 ਦਿਨ ਭਾਰਤ ਤੋਂ ਬਾਹਰ ਰਹਿਣ ਦਾ ਰਿਕਾਰਡ ਬਣਾਇਆ ਹੈ, ਜੋ ਕਿ ਭਾਰਤ ਨੂੰ ਛੱਡ ਕੇ, ਦੁਨੀਆ ਦੇ ਕਿਸੇ ਵੀ ਰਾਜ ਦੇ ਮੁਖੀ ਲਈ ਬੇਮਿਸਾਲ ਹੈ। ਪਹਿਲਾਂ ਜਦੋਂ ਵੀ ਕੋਈ ਪ੍ਰਧਾਨ ਮੰਤਰੀ ਵਿਦੇਸ਼ ਯਾਤਰਾ ਤੋਂ ਵਾਪਸ ਆਉਂਦਾ ਸੀ ਤਾਂ ਉਹ ਸੰਸਦ ਨੂੰ ਅਤੇ ਇਸ ਰਾਹੀਂ ਦੇਸ਼ ਨੂੰ ਯਾਤਰਾ ਦੇ ਉਦੇਸ਼, ਇਸ ਦੇ ਨਤੀਜੇ, ਮੌਜੂਦਾ ਵਿਸ਼ਵ ਸਥਿਤੀ ਅਤੇ ਇਸ ਬਾਰੇ ਭਾਰਤ ਦੇ ਦ੍ਰਿਸ਼ਟੀਕੋਣ ਬਾਰੇ ਸੂਚਿਤ ਕਰਦਾ ਸੀ। ਮੋਦੀ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਇਹ ਅਭਿਆਸ ਖਤਮ ਹੋ ਗਿਆ ਹੈ। ਨਤੀਜਾ ਡਰਾਉਣਾ ਅਤੇ ਚਿੰਤਾਜਨਕ ਦੋਵੇਂ ਹੈ। ਏਨੇ ਸਾਰੇ ਵਿਦੇਸ਼ੀ ਦੌਰਿਆਂ ਤੋਂ ਬਾਅਦ ਜੇ ਤੁਸੀਂ ਅਮਰੀਕਾ ਨਾਲ ਸਲਾਹ ਕੀਤੇ ਬਿਨਾਂ ਸਰਹੱਦੀ ਸੁਰੱਖਿਆ ਬਾਰੇ ਕੁਝ ਨਹੀਂ ਕਰ ਸਕਦੇ, ਟਰੰਪ ਦੀਆਂ ਧਮਕੀਆਂ ਅਤੇ ਨੇਤਨਯਾਹੂ ਦੇ '1.4 ਅਰਬ ਭਾਰਤੀ ਮੇਰੇ ਨਾਲ ਹਨ' ਦੇ ਦਾਅਵੇ ਦਾ ਖੰਡਨ ਨਹੀਂ ਕਰ ਸਕਦੇ, ਆਪਣੇ ਰਵਾਇਤੀ ਦੋਸਤ ਈਰਾਨ ਦੇ ਆਪਣੇ ਸਭ ਤੋਂ ਵੱਡੇ ਨੇਤਾ ਦੇ ਅੰਤਮ ਸੰਸਕਾਰ ਵਿੱਚ ਸ਼ਾਮਲ ਹੋਣ ਦੇ ਸੱਦੇ ਦਾ ਸਹੀ ਢੰਗ ਨਾਲ ਸਨਮਾਨ ਨਹੀਂ ਕਰ ਸਕਦੇ ਅਤੇ ਅਮਰੀਕਾ ਦੇ ਡਰੋਂ ਸਿਰਫ ਦੋ ਮਾਮੂਲੀ ਪ੍ਰਤੀਨਿਧੀਆਂ ਨੂੰ ਭੇਜ ਸਕਦੇ ਹੋ... ਤਾਂ ਇਸ ਤੋਂ ਚੰਗਾ ਤਾਂ ਇਹੀ ਸੀ ਕਿ ਘਰੋਂ ਬਾਹਰ ਹੀ ਨਾ ਨਿਕਲਦੇ। ਕਿਸੇ ਦੇਸ਼ ਦੀ ਸਾਖ ਵਿਸ਼ਵ ਰਾਜਨੀਤੀ ਪ੍ਰਤੀ ਉਸ ਦੇ ਨੈਤਿਕ ਅਤੇ ਵਿਚਾਰਧਾਰਕ ਰਵੱਈਏ, ਉਸ ਦੀ ਲੀਡਰਸ਼ਿਪ ਦੀ ਪਰਿਪੱਕਤਾ ਅਤੇ ਅੰਤ ਵਿੱਚ ਦੇਸ਼ ਦੀ ਆਪਣੀ ਅੰਦਰੂਨੀ ਸਥਿਤੀ ਤੇ ਤਾਕਤ ਨਾਲ ਨਿਰਧਾਰਤ ਹੁੰਦੀ ਹੈ।

ਸਾਢੇ ਅੱਠ ਹਜ਼ਾਰ ਕਰੋੜ ਦੇ ਹਵਾਈ ਜਹਾਜ਼ ਵਿੱਚ ਵਿਦੇਸ਼ੀ ਦੌਰਿਆਂ 'ਤੇ ਹਜ਼ਾਰਾਂ ਕਰੋੜ ਰੁਪਏ ਖਰਚ ਕਰਨ ਨਾਲ ਇਹ ਤੱਥ ਛੁਪਾਇਆ ਨਹੀਂ ਜਾ ਸਕਦਾ ਕਿ ਉਹ ਦੁਨੀਆ ਦੇ ਸਭ ਤੋਂ ਭੁੱਖੇ ਦੇਸ਼ਾਂ ਵਿੱਚੋਂ ਇੱਕ ਦੇ ਪ੍ਰਧਾਨ ਮੰਤਰੀ ਹਨ। 2025 ਦੇ ਗਲੋਬਲ ਹੰਗਰ ਇੰਡੈਕਸ ਵਿੱਚ ਭਾਰਤ 123 ਦੇਸ਼ਾਂ ਵਿੱਚੋਂ 102ਵੇਂ ਸਥਾਨ 'ਤੇ ਸੀ। ਭਾਵੇਂ ਭਾਰਤ ਨੂੰ ਚੌਥੀ ਜਾਂ ਪੰਜਵੀਂ ਸਭ ਤੋਂ ਵੱਡੀ ਅਰਥਵਿਵਸਥਾ ਕਹੋ, ਪਰ ਅਸਲੀਅਤ ਇਹ ਹੈ ਕਿ ਵਿਸ਼ਵ ਬੈਂਕ ਤੋਂ ਲਏ ਗਏ ਕਰਜ਼ੇ (ਲੱਗਭੱਗ 24.4 ਅਰਬ ਡਾਲਰ) ਦੇ ਮਾਮਲੇ ਵਿੱਚ ਭਾਰਤ ਪਹਿਲੇ ਸਥਾਨ 'ਤੇ ਹੈ। ਲੈਨਿਨ ਨੇ ਇੱਕ ਵਾਰ ਕਿਹਾ ਸੀ ਕਿ ਕਿਸੇ ਦੇਸ਼ ਦੀ ਵਿਦੇਸ਼ ਨੀਤੀ ਅੰਤ ਵਿੱਚ ਉਸ ਦੀਆਂ ਅੰਦਰੂਨੀ ਨੀਤੀਆਂ ਦਾ ਅਕਸ ਹੁੰਦੀ ਹੈ।

# ਅਨੇਕਾਂ ਸਮੱਸਿਆਵਾਂ ਨਾਲ ਜੂਝ ਰਹੇ ਭਾਰਤੀ



ਨਰਿੰਦਰ ਸਿੰਘ

ਭਾਰਤ ਵਿਸ਼ਵ ਦੀ ਚੌਥੀ ਵੱਡੀ ਆਰਥਿਕਤਾ ਬਣ ਗਿਆ ਹੈ। ਭਾਰਤੀ ਆਰਥਿਕਤਾ ਦਾ ਆਕਾਰ 4.18 ਟ੍ਰਿਲੀਅਨ ਡਾਲਰ ਹੋ ਗਿਆ ਹੈ। ਇਸ 'ਤੇ ਸਾਰੇ ਭਾਰਤੀਆਂ ਨੂੰ ਮਾਣ ਹੈ। ਬਿਨਾਂ ਸ਼ੱਕ ਭਾਰਤ ਨੇ ਆਰਥਿਕ, ਸਮਾਜਿਕ, ਧਾਰਮਿਕ, ਰਾਜਨੀਤਕ ਆਦਿ ਹਰ ਖੇਤਰ ਵਿੱਚ ਤਰੱਕੀ ਕੀਤੀ ਹੈ। ਇਸ ਦੇ ਬਾਵਜੂਦ ਘੋਰ ਗੁਰਬਤ, ਬੇਰੁਜ਼ਗਾਰੀ ਦੀ ਭਿਅੰਕਰਤਾ, ਫੁੱਟਪਾਥੀਆਂ ਦੀ ਵਧਦੀ ਗਿਣਤੀ, ਅਨਪੜ੍ਹਤਾ, ਠੇਕਾ ਪ੍ਰਣਾਲੀ, ਘੱਟ ਉਜਰਤਾਂ, ਸਰਵਪੱਖੀ ਪ੍ਰਦੂਸ਼ਣ, ਕਿਸਾਨਾਂ ਨੂੰ ਜਿਨਸ ਦਾ ਪੂਰਾ ਮੁੱਲ ਨਾ ਮਿਲਣਾ ਤੇ ਭ੍ਰਿਸ਼ਟਾਚਾਰ ਆਦਿ ਤੋਂ ਲੋਕ ਸਤਾਏ ਹੋਏ ਹਨ। ਸਰਕਾਰਾਂ ਸਿੱਖਿਆ ਤੇ ਸਿਹਤ ਸੇਵਾਵਾਂ ਪ੍ਰਾਈਵੇਟ ਮਾਲਕਾਂ ਦੇ ਹਵਾਲੇ ਕਰ ਰਹੀਆਂ ਹਨ।

ਵਿਸ਼ਵ ਦੀ ਚੌਥੀ ਵੱਡੀ ਆਰਥਿਕਤਾ ਵਿੱਚ ਅਮਰੀਕਾ ਤੇ ਜਰਮਨੀ ਸਥਿਤ ਪ੍ਰਤੀਸ਼ਤ ਏਜੰਸੀਆਂ ਅਨੁਸਾਰ ਵਿਸ਼ਵ ਭੁੱਖਮਰੀ ਸੂਚਕ ਸਕੇਲ 'ਤੇ ਭਾਰਤ 123 ਦੇਸ਼ਾਂ 'ਚੋਂ 102 ਵੇਂ ਸਥਾਨ 'ਤੇ ਹੈ। ਸਿੱਟੇ ਵਜੋਂ 30 ਕਰੋੜ ਲੋਕ ਗਰੀਬੀ ਦੀ ਦਲਦਲ ਵਿਚ ਫਸੇ ਹੋਏ ਹਨ।ਭਾਰਤ ਸਰਕਾਰ ਆਜ਼ਾਦੀ ਦੇ 78 ਸਾਲਾਂ ਬਾਅਦ ਵੀ 81 ਕਰੋੜ 30 ਲੱਖ ਲੋਕਾਂ ਨੂੰ ਪੰਜ ਕਿਲੋਗ੍ਰਾਮ ਅਨਾਜ ਮੁਫ਼ਤ ਦੇਣ ਲਈ ਮਜਬੂਰਹੈ। ਯੂ.ਐੱਨ.ਡੀ.ਪੀ (ਯੂ ਐੱਨ ਦਾ ਵਿਕਾਸ ਪ੍ਰੋਗਰਾਮ) ਦੇ ਸਮੁੱਚੇ ਅੰਕੜਿਆਂ ਦੇ ਆਧਾਰ 'ਤੇ ਦੱਸਿਆ ਹੈ ਕਿ ਭਾਰਤ ਟਿਕਾਊ ਵਿਕਾਸ ਦੇ ਮਾਮਲੇ ਵਿੱਚ ਵਿਸ਼ਵ ਦੇ 167 ਦੇਸ਼ਾਂ 'ਚੋਂ 99 ਵੇਂ ਸਥਾਨ 'ਤੇ ਹੈ।

ਭਾਰਤ ਇਸ ਵੇਲੇ ਦੁਨੀਆਂ ਦੇ ਸਭ ਤੋਂ ਵੱਧ ਨਾਬਰਾਬਰੀ ਵਾਲੇ ਦੇਸ਼ਾਂ ਵਿੱਚ ਸ਼ਾਮਲ ਹੈ। ਦੇਸ਼ ਦੀ ਕੁੱਲ ਆਮਦਨ ਦਾ ਲਗਭਗ 58 ਫ਼ੀਸਦ 10 ਫ਼ੀਸਦ ਲੋਕਾਂ ਕੋਲ ਜਾਂਦਾ ਹੈ, ਜਦਕਿ ਹੇਠਲੇ 50 ਫ਼ੀਸਦ ਲੋਕਾਂ ਨੂੰ ਸਿਰਫ਼ 15 ਫ਼ੀਸਦ ਹੀ ਮਿਲਦਾ ਹੈ। ਸੰਪਤੀ ਦੀ ਨਾਬਰਾਬਰੀ ਇਸ ਤੋਂ ਕਿਤੇ ਵੱਧ ਹੈ। ਸਭ ਤੋਂ ਅਮੀਰ 10 ਫ਼ੀਸਦ ਲੋਕਾਂ ਕੋਲ ਕੁੱਲ ਸੰਪਤੀ ਦਾ ਲਗਭਗ 65 ਫ਼ੀਸਦ ਤੇ ਸਿਖ਼ਰਲੇ ਇਕ ਫ਼ੀਸਦ ਕੋਲ ਕਰੀਬ 40 ਫ਼ੀਸਦ ਹੈ। ਟੈਕਸਾਂ ਵਿੱਚ ਕਾਰਪੋਰੇਟ ਨਾਲ ਲਿਹਾਜ਼ ਕੀਤਾ ਜਾਂਦਾ ਹੈ, ਜਦਕਿ ਆਮ ਲੋਕਾਂ 'ਤੇ ਮਾਰ ਪੈਂਦੀ ਹੈ। ਅਸੰਤੁਲਨ ਟੈਕਸ ਵਿਵਸਥਾ ਕਾਰਨ ਹੀ ਆਰਥਿਕ ਨਾਬਰਾਬਰੀ ਵਧੀ ਹੈ।

ਟਰਾਂਸਪੇਰੈਂਸੀ ਇੰਟਰਨੈਸ਼ਨਲ ਵੱਲੋਂ 10 ਫਰਵਰੀ 2026 ਨੂੰ ਜਾਰੀ ਕੀਤੇ ਗਏ ਕੁਰੱਪਸ਼ਨ ਪ੍ਰਸੈਪਸ਼ਨ ਇੰਡੈਕਸ ਮੁਤਾਬਕ ਭਾਰਤ 182 ਦੇਸ਼ਾਂ 'ਚੋਂ 91 ਵੇਂ ਸਥਾਨ 'ਤੇ ਹੈ, ਪਰ ਇਸਦਾ ਸਕੋਰ 100 'ਚੋਂ 39 ਹੈ, ਜੋ ਦੁਨੀਆ ਦੇ ਔਸਤ ਸਕੋਰ 42 ਤੋਂ ਘੱਟ ਹੈ। ਭਾਰਤ 'ਚ ਆਮ ਆਦਮੀ ਤੋਂ ਲੈ ਕੇ ਕਾਰੋਬਾਰੀ ਤੱਕ ਹਰ ਕੋਈ ਨਿਯਮਾਂ ਦੇ ਜਾਲ ਵਿਚ ਏਨਾ ਫਸਿਆ ਹੋਇਆ ਹੈ ਕਿ ਉਨ੍ਹਾਂ ਲਈ ਭ੍ਰਿਸ਼ਟਾਚਾਰ ਦਾ ਸਾਹਮਣਾ ਕੀਤੇ ਬਿਨਾਂ ਆਪਣੀ ਸਮੱਸਿਆ ਦਾ ਹੱਲ ਕਰਵਾਉਣਾ ਮੁਸ਼ਕਲ ਹੋ ਜਾਂਦਾ ਹੈ। ਭ੍ਰਿਸ਼ਟਾਚਾਰ ਵਿਕਾਸ ਨੂੰ ਕਮਜ਼ੋਰ ਕਰਨ ਦੇ ਨਾਲ-ਨਾਲ ਲੋਕਤੰਤਰ ਨੂੰ ਵੀ ਕੰਮਜ਼ੋਰ ਕਰਦਾ ਹੈ।

ਦੇਸ਼ ਦੇ 50 ਫ਼ੀਸਦ ਤੋਂ ਵੱਧ ਕਿਸਾਨ ਪਰਵਾਰ 33 ਲੱਖ ਕਰੋੜ ਦੇ ਖੇਤੀ ਕਰਜ਼ੇ ਹੇਠਾਂ ਦਬੇ ਹੋਏ ਹਨ। ਮੁਲਕ ਭਰ 'ਚ ਪਿਛਲੇ ਕੁਝ ਸਾਲਾਂ ਤੋਂ ਖੇਤੀਬਾੜੀ ਦਾ ਧੰਦਾ ਲਾਹੇਵੰਦ ਨਹੀਂ ਰਿਹਾ, ਜਿਸ ਕਾਰਨ ਦੇਸ਼ ਅੰਦਰ ਕਿਸਾਨਾਂ ਉਪਰ ਪਿਛਲੇ ਤਿੰਨ ਦਹਾਕਿਆਂ ਤੋਂ ਵੱਡਾ ਆਰਥਿਕ ਤੇ ਸਮਾਜਿਕ ਸੰਕਟ ਬਣਿਆ ਹੋਇਆ ਹੈ। ਲੱਖਾਂ ਕਿਸਾਨ ਖ਼ੁਦਕੁਸ਼ੀ ਕਰ ਚੁੱਕੇ ਹਨ ਤੇ ਹੁਣ ਵੀ ਕਰ ਰਹੇ ਹਨ। ਖੇਤੀ ਖੇਤਰ ਵਿੱਚ ਵਰਤੋਂ ਵਾਲੀਆਂ ਵਸਤਾਂ ਦੇ ਰੇਟ ਵਧਣ ਨਾਲ ਖਰਚੇ ਤਾਂ ਵਧ ਰਹੇ ਹਨ, ਪਰ ਉਸ ਅਨੁਪਾਤ ਨਾਲ ਆਮਦਨ ਨਹੀਂ ਵਧ ਰਹੀ। ਕਿਸਾਨ ਆਪਣੀ ਆਮਦਨ ਨੂੰ ਦੁੱਗਣੀ ਹੋਣ ਨੂੰ ਬੇਸਬਰੀ ਨਾਲ ਉਡੀਕ ਰਹੇ ਹਨ।

ਦੇਸ਼ ਵਿੱਚ ਹਰ ਸਾਲ ਕਰੋੜਾਂ ਰੁਪਏ ਦੇ ਭੋਜਨ ਦੀ ਬਰਬਾਦੀ ਹੋ ਜਾਂਦੀ ਹੈ। ਭੋਜਨ ਬਰਬਾਦੀ ਸਿਰਫ਼ ਮਨੁੱਖੀ ਦੁੱਖ ਨਹੀਂ, ਸਗੋਂ ਵਾਤਾਵਰਨਿਕ ਦੁੱਖ ਵੀ ਹੈ। ਜੋ ਭੋਜਨ ਬਰਬਾਦ ਹੋ ਰਿਹਾ ਹੈ, ਉਸ ਨਾਲ ਭੁੱਖੇ ਲੋਕਾਂ ਦਾ ਢਿੱਡ ਭਰ ਸਕਦਾ ਹੈ। ਗਲੋਬਲ ਭੁੱਖ ਸੂਚਕ ਅੰਕ ਵਿਚ 125 ਦੇਸ਼ਾਂ 'ਚੋਂ ਭਾਰਤ 111 ਵੇਂ ਸਥਾਨ 'ਤੇ ਹੈ, ਜਿੱਥੇ ਲਗਭਗ 19.4 ਕਰੋੜ ਲੋਕਾਂ ਨੂੰ ਪੂਰਾ ਭੋਜਨ ਨਹੀਂ ਮਿਲਦਾ। ਸੰਯੁਕਤ ਰਾਸ਼ਟਰ ਵਾਤਾਵਰਨ ਕਾਰਜਕ੍ਰਮ ਦੀ ਭੋਜਨ ਬਰਬਾਦੀ ਸੂਚਕ ਰਿਪੋਰਟ ਅਨੁਸਾਰ ਭਾਰਤ ਭੋਜਨ ਬਰਬਾਦੀ 'ਚ ਵਿਸ਼ਵ ਪੱਧਰ 'ਤੇ ਦੂਜੇ ਸਥਾਨ ਤੇ ਆਉਂਦਾ ਹੈ, ਜਿੱਥੇ ਹਰ ਸਾਲ ਫਸਲ ਦੀ ਵਾਢੀ/ਕਟਾਈ ਤੋਂ ਬਾਅਦ 7.8 ਤੋਂ 8 ਕਰੋੜ ਟਨ ਅਨਾਜ ਬਰਬਾਦ ਹੋ ਜਾਂਦਾ ਹੈ, ਜਿਸ ਦੀ ਕੀਮਤ ਲਗਭਗ 1.55 ਲੱਖ ਕਰੋੜ ਰੁਪਏ ਹੈ। ਭੋਜਨ ਦੀ ਬਰਬਾਦੀ ਨੂੰ ਘਟਾਉਣ ਲਈ ਇਕ ਸਾਂਝੀ ਰਾਸ਼ਟਰੀ ਤਰਜੀਹ ਬਣਾਉਣੀ ਚਾਹੀਦੀ ਹੈ।

ਆਜ਼ਾਦੀ ਦੇ ਲਗਭਗ ਅੱਠ ਦਹਾਕੇ ਬੀਤਣ ਅਤੇ ਸਿਹਤ ਯੋਜਨਾਵਾਂ ਤੇ ਭਾਰੀ ਬਜਟ ਰੱਖਣ ਦੇ ਬਾਵਜੂਦ ਭਾਰਤ ਵਿੱਚ ਅੱਧੀਆਂ ਤੋਂ ਵੱਧ ਔਰਤਾਂ ਅਨੀਮੀਆ ਤੋਂ ਪੀੜਤ ਹਨ। ਇਕ ਰਿਪੋਰਟ ਅਨੁਸਾਰ ਦੇਸ਼ ਵਿਚ 15 ਤੋਂ 49 ਸਾਲ ਦੀਆਂ ਔਰਤਾਂ ਵਿੱਚੋਂ ਅੱਧੀਆਂ ਤੋਂ ਵੱਧ 55.3 ਫ਼ੀਸਦੀ ਔਰਤਾਂ ਇਸ ਰੋਗ ਤੋਂ ਪੀੜਤ ਹਨ। ਪਿਛਲੇ ਦਿਨੀ 2016 ਤੋਂ 2026 ਦੇ ਅੰਕੜੇ ਸਿਹਤ ਸੰਬੰਧੀ ਆਏ ਹਨ, ਜਿਹੜੇ ਇਹ ਦਰਸਾਉਂਦੇ ਹਨ ਕਿ 20 ਵਰ੍ਹਿਆਂ ਵਿਚ ਕਈ ਅਹਿਮ ਸੂਬਿਆਂ ਵਿਚ ਔਰਤਾਂ ਵਿਚ ਅਨੀਮੀਆ ਦੀ ਸਥਿਤੀ ਬਦ ਤੋਂ ਬਦਤਰ ਹੋਈ ਹੈ। ਪੰਜਾਬ ਵਿਚ ਔਰਤਾਂ 'ਚ ਅਨੀਮੀਆ ਰੋਗ 'ਚ ਪਿਛਲੇ 20 ਸਾਲਾਂ ਵਿਚ 54.4 ਫ਼ੀਸਦੀ ਦਾ ਉਛਾਲ ਆਇਆ ਹੈ। ਬੱਚਿਆਂ ਲਈ ਪੌਸ਼ਟਿਕ ਖ਼ੁਰਾਕ ਦੀ ਕਮੀ ਦੇ ਕਾਰਨ ਬੌਣੇਪਨ ਦੀ ਸਮੱਸਿਆ ਨੇ ਵਿਕਰਾਲ ਰੂਪ ਧਾਰ ਲਿਆ ਹੈ। ਦੇਸ਼ ਦਾ ਭਵਿੱਖ ਸੰਭਾਲਣ ਵਾਲੇ ਅੱਜ ਦੇ ਬੱਚਿਆਂ ਦੀਆਂ ਸਮੱਸਿਆਵਾਂ ਤੇਜ਼ੀ ਨਾਲ ਨਹੀਂ ਸੁਲਝਾਈਆਂ ਜਾ ਰਹੀਆਂ।

ਭਾਰਤ ਵਿੱਚ ਇਸ ਸਮੇਂ ਪੰਜ ਸਾਲ ਦੀ ਉਮਰ ਤੋਂ ਘੱਟ ਦੇ 35 ਫ਼ੀਸਦੀ ਬੱਚੇ ਬੌਣੇ ਹਨ। ਭਾਵ ਆਪਣੀ ਉਮਰ ਦੇ ਹਿਸਾਬ ਨਾਲ ਠੀਕ ਨਹੀਂ ਪਲ ਰਹੇ ਹਨ। ਬੌਣੇਪਣ ਭਾਵ ਉਮਰ ਦੇ ਮੁਕਾਬਲੇ ਛੋਟਾ ਕੱਦ, ਦਿਮਾਗ ਦੇ ਅਵਿਕਸਿਤ ਰਹਿਣ, ਰੋਗਾਂ ਨਾਲ ਲੜਨ ਦੀ ਸਮੱਰਥਾ ਦੀ ਘਾਟ ਅਤੇ ਇੱਥੋਂ ਤੱਕ ਕਿ ਭਵਿੱਖ ਵਿਚ ਕਮਾਈ ਕਰਨ ਦੀ ਕਾਬਲੀਅਤ ਨੂੰ ਨੁਕਸਾਨ ਪਹੁੰਚਾਉਣ ਦਾ ਵੀ ਅਰਥ ਰੱਖਦਾ ਹੈ। ਪੰਜ ਸਾਲ ਦੌਰਾਨ ਠੀਕ ਢੰਗ ਨਾਲ ਪਰਵਰਿਸ਼ ਨਹੀਂ ਹੁੰਦੀ ਤਾਂ ਇਸ ਸਮੇਂ ਦੌਰਾਨ ਉਸ ਲਈ ਪੈਦਾ ਹੋਈਆਂ ਸਿਹਤ ਸੰਬੰਧੀ ਸਮੱਸਿਆਵਾਂ ਅਤੇ ਦਿੱਕਤਾਂ ਉਮਰ ਭਰ ਨਹੀਂ ਜਾਂਦੀਆਂ। ਭਾਰਤ ਵਿੱਚ ਬੌਣੇਪਣ ਦੀ ਸਮੱਸਿਆ ਵਿਕਰਾਲ ਹੈ। ਦੁਨੀਆ ਭਰ 'ਚ ਇਸ ਤਰ੍ਹਾਂ ਦੇ ਕੁੱਲ ਬੱਚਿਆਂ ਵਿੱਚੋਂ ਇਕ ਤਿਹਾਈ ਭਾਰਤ ਵਿੱਚ ਹਨ। ਸਰਕਾਰ ਨੂੰ ਦੇਸ਼ ਦੇ ਬੱਚਿਆਂ ਦੀ ਅਪੌਸ਼ਟਿਕ ਖੁਰਾਕ ਦੀ ਸਮੱਸਿਆ ਤਰਜੀਹੀ ਢੰਗ ਨਾਲ ਜਲਦ ਤੋਂ ਜਲਦ ਖ਼ਤਮ ਕਰਨੀ ਚਾਹੀਦੀ ਹੈ। ਨੌਜਵਾਨਾਂ 'ਚ ਬਿਮਾਰੀਆਂ ਨਾਲ ਲੜਨ ਦੀ ਸਮਰੱਥਾ ਦਾ ਘਟਣਾ ਵੀ ਇਕ ਚਿੰਤਾ ਵਾਲੀ ਗੱਲ ਹੈ। ਇਕ ਪਾਸੇ ਗਰੀਬੀ ਕਾਰਨ ਸੰਤੁਲਿਤ ਭੋਜਨ ਨਾ ਮਿਲਨ ਕਰਕੇ ਲੋਕ ਪਤਲੇ ਤੇ ਕਮਜ਼ੋਰ ਹੋ ਰਹੇ ਹਨ, ਦੂਜੇ ਪਾਸੇ ਅਮੀਰ ਹੋਣ ਕਰਕੇ ਕੁਝ ਅਜਿਹੀ ਖ਼ੁਰਾਕ ਖਾਂਦੇ ਹਨ, ਜੋ ਸਰੀਰ 'ਚ ਕੂੜੇ ਵਾਂਗ ਇਕੱਠੀ ਹੋ ਕੇ ਮੋਟਾਪੇ ਨੂੰ ਵਧਾ ਦਿੰਦੀ ਹੈ। ਪ੍ਰੋਸੈਂਸਡ ਭੋਜਨ ਅਤੇ ਕੋਲੇ ਵਰਗੇ ਪਦਾਰਥ ਜ਼ਿਆਦਾ ਖਾਣ ਨਾਲ ਚਰਬੀ ਤੇ ਮੋਟਾਪਾ ਵਧਦਾ ਹੈ, ਜਿਸ ਕਰਕੇ ਹੁਣ ਨੌਜਵਾਨ ਅਜਿਹੀਆਂ ਬਿਮਾਰੀਆਂ ਦਾ ਸਾਹਮਣਾ ਕਰ ਰਹੇ ਹਨ, ਜੋ ਕਦੇ ਵੱਡੀ ਉਮਰ ਦੇ ਬਜ਼ੁਰਗਾਂ ਵਿਚ ਵੇਖੀਆਂ ਜਾਂਦੀਆਂ ਸਨ। ਸ਼ੂਗਰ ਤੇ ਦਿਲ ਦੀ ਬਿਮਾਰੀ ਤੋਂ ਪੀੜਤ ਨੌਜਵਾਨਾਂ ਦੀ ਗਿਣਤੀ 'ਚ ਲਗਾਤਾਰ ਹੋ ਰਿਹਾ ਵਾਧਾ ਚਿੰਤਾ ਦਾ ਵਿਸ਼ਾ ਹੈ।

ਨੌਜਵਾਨਾਂ ਦਾ ਕਮਾਈ ਪਿੱਛੇ ਭੱਜਣਾ ਵੀ ਉਨ੍ਹਾਂ ਦੀ ਸਿਹਤ ਨੂੰ ਵਿਗਾੜਦਾ ਹੈ। ਸਰਗਰਮ ਜੀਵਨ ਸ਼ੈਲੀ ਅਤੇ ਸੰਤੁਲਿਤ ਖ਼ੁਰਾਕ ਖਾਣ ਨਾਲ ਨੌਜਵਾਨ ਸਿਹਤਮੰਦ ਰਹਿ ਸਕਦੇ ਹਨ। ਨੌਜਵਾਨਾਂ ਸਿਹਤਮੰਦ ਰਹਿ ਕੇ ਹੀ ਦੇਸ਼ ਲਈ ਚੰਗਾ ਯੋਗਦਾਨ ਪਾ ਸਕਦੇ ਹਨ। ਇਸ ਲਈ ਉਨ੍ਹਾਂ ਨੂੰ ਰੋਜ਼ਮਰ੍ਹਾ ਦੀ ਜੀਵਨ ਸ਼ੈਲੀ 'ਚ ਬਦਲਾਅ ਕਰਨ ਚਾਹੀਦੇ ਹਨ।ਮੁਲਕ ਭਰ 'ਚ ਸਿੱਖਿਆ ਦੀ ਹਾਲਤ ਵੀ ਬਹੁਤ ਪਤਲੀ ਹੈ। ਦੇਸ਼ ਵਿੱਚ ਇਕ ਲੱਖ ਤੋਂ ਵੱਧ ਅਜਿਹੇ ਸਕੂਲ ਹਨ, ਜਿਹੜੇ ਇਕ ਅਧਿਆਪਕ ਦੇ ਭਰੋਸੇ ਚੱਲ ਰਹੇ ਹਨ ਅਤੇ ਜਿਸ ਵਿੱਚ ਪੜ੍ਹਨ ਵਾਲੇ ਬੱਚਿਆਂ ਦੀ ਗਿਣਤੀ 33 ਲੱਖ ਤੋਂ ਵੱਧ ਹੈ। ਸਿੱਖਿਆ ਮੰਤਰਾਲੇ ਦੀ ਰਿਪੋਰਟ ਮੁਤਾਬਕ ਦੇਸ਼ ਭਰ 'ਚ ਕਰੀਬ ਅੱਠ ਹਜ਼ਾਰ ਅਜਿਹੇ ਸਕੂਲ ਹਨ, ਜਿੱਥੇ ਇਕ ਵੀ ਬੱਚਾ ਦਾਖ਼ਲ ਨਹੀਂ, ਪਰ ਫਿਰ ਵੀ ਉਨ੍ਹਾਂ ਸਕੂਲਾਂ ਵਿੱਚ 20 ਹਜ਼ਾਰ ਤੋਂ ਵੱਧ ਅਧਿਆਪਕਾਂ ਦੀ ਤਾਇਨਾਤੀ ਹੈ। ਮੁਲਕ ਭਰ 'ਚ ਇਸ ਸਮੇਂ ਡੇਢ ਲੱਖ ਸਕੂਲਾਂ ਵਿੱਚ 26 ਕਰੋੜ 40 ਲੱਖ ਬੱਚੇ ਪੜ੍ਹਦੇ ਹਨ। ਇਨ੍ਹਾਂ ਨੇ ਪੜ੍ਹਾਉਣ ਲਈ 96 ਲੱਖ ਅਧਿਆਪਕ ਹਨ। ਇਨ੍ਹਾਂ ਡੇਢ ਲੱਖ ਸਕੂਲਾਂ ਵਿੱਚ 50 ਫ਼ੀਸਦੀ ਤੋਂ ਵੱਧ ਅਧਿਆਪਕ ਕੱਚੇ, ਪਾਰਟ ਟਾਈਮ ਜਾਂ ਠੇਕੇ 'ਤੇ ਕੰਮ ਕਰ ਰਹੇ ਹਨ। ਅਧਿਆਪਕਾਂ ਦੀ ਉਪਲੱਬਧਤਾ ਘਟਾਈ ਰੱਖਣ ਲਈ ਇਹ ਅਧਿਆਪਕ ਰਾਜ ਸਰਕਾਰਾਂ ਦੁਆਰਾ ਪੈਸਾ ਬਚਾਉਣ ਦਾ ਸਾਧਨ ਬਣ ਚੁੱਕੇ ਹਨ। ਅਜਿਹੀ ਸਥਿਤੀ ਵਿੱਚ ਸਿੱਖਿਆ ਦਾ ਪੱਧਰ ਲੋੜ ਅਨੁਸਾਰ ਉੱਚਾ ਚੁੱਕਦੇ ਰਹਿਣਾ ਸੰਭਵ ਨਹੀਂ ਹੈ।

ਮਨਰੇਗਾ ਮਜ਼ਦੂਰਾਂ ਦੀ ਹਾਲਤ ਤਰਸਯੋਗ ਹੈ। ਉਨ੍ਹਾਂ ਨੂੰ ਕੰਮ ਨਹੀਂ ਮਿਲ ਰਿਹਾ। ਹੁਣ ਕੇਂਦਰ ਸਰਕਾਰ ਨੇ 'ਵਿਕਸਿਤ ਭਾਰਤ ਜੀ ਰਾਮ ਜੀ' ਦਾ ਨਾਂਅ ਦੇ ਦਿੱਤਾ ਹੈ। ਪਹਿਲਾ 100 ਦਿਨ ਰੁਜ਼ਗਾਰ ਦੀ ਥਾਂ 125 ਦਿਨ ਕਰ ਦਿੱਤੇ ਗਏ ਹਨ, ਪਰ ਕੇਂਦਰ ਰਾਜਾਂ ਦੀ 90:10 ਦੀ ਰੇਸ਼ੋ 60:40 ਕਰ ਦਿੱਤੀ ਗਈ ਹੈ। ਕੇਂਦਰ ਸਰਕਾਰ ਹਰ ਸਾਲ ਸੂਬਿਆਂ ਲਈ ਵੱਖਰੇ ਤੌਰ 'ਤੇ ਬਜਟ ਜਾਰੀ ਕਰੇਗੀ। ਦਰਅਸਲ ਕੇਂਦਰੀਕਰਨ ਦੇ ਏਜੰਡੇ ਤਹਿਤ ਮੁੱਖ ਟੀਚਾ ਲੋਕ ਭਲਾਈ ਸਕੀਮਾਂ 'ਤੇ ਖਰਚ ਹੋਣ ਵਾਲੇ ਬਜਟ ਨੂੰ ਬਚਾਉਣਾ ਹੈ ਤੇ ਲੋਕਾਂ ਪ੍ਰਤੀ ਬਣਦੀ ਆਪਣੀ ਜ਼ਿੰਮੇਵਾਰੀ ਤੋਂ ਭੱਜਣਾ ਹੈ। ਰਾਜ ਸਰਕਾਰਾਂ ਵੀ ਕੇਂਦਰ ਸਰਕਾਰ ਵਾਂਗ ਨਵਉਦਾਰਵਾਦੀ ਨੀਤੀਆਂ ਤਹਿਤ ਲੋਕ ਭਲਾਈ ਸਕੀਮਾਂ 'ਤੇ ਕੱਟ ਲਾਉਣ ਦੇ ਰਾਹ ਚੱਲ ਪਈਆਂ ਹਨ।

ਹਵਾ ਪ੍ਰਦੂਸ਼ਣ ਦੇ ਮਾਮਲੇ ਵਿੱਚ ਵੀ ਸੰਸਾਰ ਦੇ ਸਭ ਤੋਂ ਵੱਧ ਪ੍ਰਦੂਸ਼ਤ ਸ਼ਹਿਰਾਂ ਵਿੱਚ 5 ਭਾਰਤ ਦੇ ਹਨ। ਸੰਸਾਰ ਦਾ ਸਭ ਤੋਂ ਵੱਧ ਪ੍ਰਦੂਸ਼ਤ ਸ਼ਹਿਰ ਉਤਰ ਪ੍ਰਦੇਸ਼ ਦਾ ਲੋਨੀ ਨਾਂਅ ਦਾ ਸ਼ਹਿਰ ਹੈ। ਮੇਘਾਲਿਆਂ ਦਾ ਬਰਨੀਹਾਟ, ਦਿੱਲੀ, ਗਾਜ਼ੀਆਬਾਦ ਅਤੇ ਪੱਛਮੀ ਬੰਗਾਲ ਦਾ ਊਲਾ ਸ਼ਹਿਰ ਹੈ। ਭਾਰਤ 'ਚ ਪਾਏ ਜਾਂਦੇ ਪ੍ਰਦੂਸ਼ਣ ਦੇ ਇਸ ਪੱਧਰ ਨੂੰ ਸਰਕਾਰਾਂ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ।

ਵਿਸ਼ਵ ਪ੍ਰਸੰਨਤਾ ਰਿਪੋਰਟ 2026 ਮੁਤਾਬਕ ਭਾਰਤ ਦਾ 147 ਦੇਸ਼ਾਂ ਵਿੱਚ 116 ਵਾਂ ਸਥਾਨ ਹੈ। ਫਿਨਲੈਂਡ ਪਹਿਲੇ ਸਥਾਨ 'ਤੇ ਹੈ। ਇਸ ਤੋਂ ਬਾਅਦ ਆਇਸਲੈਂਡ, ਡੈਨਮਾਰਕ, ਕੋਸਟਾਰਿਕਾ ਅਤੇ ਸਵੀਡਨ ਆਉਂਦੇ ਹਨ। ਇਨ੍ਹਾਂ ਮੁਲਕਾਂ ਦੇ ਲੋਕਾਂ ਦੀ ਖ਼ੁਸ਼ੀ ਦਾ ਰਾਜ਼ ਸਮਾਜ ਵਿਚ ਪਾਈ ਜਾਂਦੀ ਬਰਾਬਰ ਦੀ ਆਰਥਿਕ ਖ਼ੁਸ਼ਹਾਲੀ, ਵਿਆਪਕ ਆਧੁਨਿਕ ਸਿਹਤ ਸਹੂਲਤਾਂ ਅਤੇ ਸਰਕਾਰ ਦੁਆਰਾ ਪ੍ਰਦਾਨ ਕੀਤੀ ਜਾਂਦੀ ਜ਼ਬਰਦਸਤ ਸਮਾਜਿਕ ਸੁਰੱਖਿਆ ਹੈ। ਭਾਰਤ 'ਚ ਖ਼ੁਸ਼ੀ ਦੀ ਘਾਟ ਦਾ ਅਸਲ ਸਰੋਤ ਸਮਾਜਿਕ, ਸਿਆਸੀ ਤੇ ਆਰਥਿਕ ਨੀਤੀਆਂ ਅਤੇ ਸਮਾਜਿਕ ਢਾਂਚੇ ਦੀਆਂ ਕਮਜ਼ੋਰੀਆਂ ਹਨ।

ਸਰਕਾਰ ਨੇ ਪਿਛਲੇ 11 ਸਾਲਾਂ ਵਿੱਚ 19.6 ਲੱਖ ਕਰੋੜ ਰੁਪਏ ਕਾਰਪੋਰੇਟ ਲੋਨ ਮੁਆਫ਼ ਕੀਤਾ ਹੈ। ਸਰਕਾਰ ਵੱਡੇ ਕਾਰੋਬਾਰੀਆਂ ਦੇ ਟੈਕਸ ਘਟਾ ਰਹੀ ਹੈ, ਜਦਕਿ ਆਮ ਮਿਹਨਤਕਸ਼ ਲੋਕ ਟੈਕਸ ਦੇ ਰਹੇ ਹਨ। ਅੱਜ ਭਾਰਤ ਵਿੱਚ ਦੋ ਭਾਰਤ ਬਣ ਚੁੱਕੇ ਹਨ। ਇਕ ਮੁੱਠੀਭਰ ਅਮੀਰਾਂ ਦਾ, ਜਿਨ੍ਹਾਂ ਦੀ ਦੌਲਤ ਵੱਧ ਰਹੀ ਹੈ ਤੇ ਦੂਜਾ ਆਮ ਗਰੀਬਾਂ ਦਾ, ਜਿਹੜੇ ਕਰਜ਼ ਵਿੱਚ ਡੁੱਬੇ ਮੁਸ਼ਕਲ ਨਾਲ ਗੁਜ਼ਾਰਾ ਕਰ ਰਹੇ ਹਨ। ਨਾਬਰਾਬਰੀ ਲੋਕਤੰਤਰ ਲਈ ਖ਼ਤਰਾ ਬਣ ਰਹੀ ਹੈ। ਇਸ ਲਈ ਅਮੀਰਾਂ 'ਤੇ ਦੌਲਤ ਟੈਕਸ ਲਾਉਣਾ ਜ਼ਰੂਰੀ ਹੈ।ਆਰਥਿਕ ਸੁਰੱਖਿਆ ਅਤੇ ਆਤਮ ਨਿਰਭਰਤਾ ਤੋਂ ਬਿਨਾਂ ਵਿਅਕਤੀ ਦੀ ਆਜ਼ਾਦੀ ਟਿਕ ਨਹੀਂ ਸਕਦੀ। ਲੋਕਾਂ ਦਾ ਖਿਆਲ ਰੱਖਣਾ ਅਤੇ ਉਨ੍ਹਾਂ ਦੀ ਚਿੰਤਾ ਕਰਨੀ ਇਕ ਚੰਗੀ ਸਰਕਾਰ ਦਾ ਮੁੱਢਲਾ ਸਿਧਾਂਤ ਹੈ। ਸਾਰੀਆਂ ਸਰਕਾਰਾਂ ਦਾ ਉਦੇਸ਼ ਸਮਾਜ ਦਾ ਸੁੱਖ ਹੋਣਾ ਚਾਹੀਦਾ ਹੈ।

# ਸੰਪਰਕ : 98146-62260

# ਖਾਕੀ ਝੋਲੇ ਵਾਲਾ ਫਰਿਸ਼ਤਾ

ਜ਼ਿੰਦਗੀ ਦੇ ਸਫ਼ਰ ਵਿੱਚ ਕੁਝ ਇਨਸਾਨ ਅਜਿਹੇ ਮਿਲਦੇ ਹਨ, ਜਿਨ੍ਹਾਂ ਨਾਲ ਸਾਡੀ ਕੋਈ ਪਰਿਵਾਰਕ ਸਾਂਝ ਨਹੀਂ ਹੁੰਦੀ, ਪਰ ਉਹ ਆਪਣੀ ਸਾਦਗੀ ਅਤੇ ਨਿਰਛਲਤਾ ਸਦਕਾ ਸਾਡੇ ਮਨ ਨੂੰ ਮੋਹ ਲੈਂਦੇ ਹਨ ਅਤੇ ਸਾਡੇ ਚੇਤਿਆਂ ਦਾ ਇੱਕ ਅਹਿਮ ਹਿੱਸਾ ਬਣ ਜਾਂਦੇ ਹਨ। ਮੇਰੇ ਜੀਵਨ ਵਿੱਚ ਅਜਿਹਾ ਹੀ ਇੱਕ ਨਿੱਘਾ ਅਤੇ ਸਾਦਗੀ ਭਰਿਆ ਰਿਸ਼ਤਾ ਸਾਡੇ ਪਿੰਡ ਦੇ ਡਾਕੀਏ ਜਨਕ ਸਿੰਘ ਚੈਨੇਵਾਲਾ ਨਾਲ ਰਿਹਾ ਹੈ।

ਅੱਜ ਜਦੋਂ ਮੈਂ ਇੱਕ ਅਧਿਆਪਕ ਵਜੋਂ ਜ਼ਿੰਦਗੀ ਦੇ ਇਸ ਮੁਕਾਮ 'ਤੇ ਖੜ੍ਹ ਕੇ ਜਾਂ ਮੋਬਾਈਲ ਫ਼ੋਨਾਂ ਤੇ ਵਟਸਐਪ ਸੁਨੇਹਿਆਂ ਦੇ ਇਸ ਡਿਜੀਟਲ ਯੁੱਗ ਵਿੱਚੋਂ ਪਿੱਛੇ ਮੁੜ ਕੇ ਵੇਖਦਾ ਹਾਂ, ਤਾਂ ਲੱਗਦਾ ਹੈ ਕਿ ਅਸੀਂ ਸਿਰਫ਼ ਸਨੇਹ-ਭਿੱਜੀਆਂ ਚਿੱਠੀਆਂ ਹੀ ਨਹੀਂ ਗੁਆਈਆਂ, ਸਗੋਂ ਉਡੀਕ ਅਤੇ ਸਬਰ ਦੀ ਉਹ ਨਿਆਮਤ, ਰਿਸ਼ਤਿਆਂ ਦੀ ਉਹ ਸੁਭਾਵਿਕ ਗਰਮਾਹਟ ਅਤੇ ਕਾਗਜ਼ 'ਤੇ ਲਿਖੇ ਜਜ਼ਬਾਤਾਂ ਦੀ ਉਹ ਖ਼ੁਸ਼ਬੂ ਵੀ ਕਿਤੇ ਪਿੱਛੇ ਛੱਡ ਆਏ ਹਾਂ।

ਮੇਰੇ ਅੰਦਰ ਅਤੀਤ ਦੀਆਂ ਇਨ੍ਹਾਂ ਯਾਦਾਂ ਦਾ ਸਰਮਾਇਆ ਮੇਰੇ ਬਚਪਨ ਦੇ ਦਿਨਾਂ ਵਿਚਲੇ ਰੇਡੀਓ ਸੁਣਨ ਦੇ ਸ਼ੌਂਕ ਤੋਂ ਇਕੱਠਾ ਹੋਣਾ ਸ਼ੁਰੂ ਹੋਇਆ ਸੀ। ਗੱਲ 1998 ਦੀ ਹੈ, ਜਦੋਂ ਮੈਂ ਆਪਣੀ ਇੱਕ ਦੁਕਾਨ ਸ਼ੁਰੂ ਕੀਤੀ ਸੀ ਅਤੇ ਦੁਕਾਨ 'ਤੇ ਕੰਮ ਕਰਦਿਆਂ ਰੇਡੀਓ ਸੁਣਨ ਦਾ ਇਹ ਸ਼ੌਂਕ ਹੋਰ ਵੀ ਗੂੜ੍ਹਾ ਹੋ ਗਿਆ। ਮੈਂ ਆਕਾਸ਼ਵਾਣੀ ਨੂੰ ਲਗਾਤਾਰ ਖ਼ਤ ਲਿਖਣੇ ਸ਼ੁਰੂ ਕੀਤੇ ਅਤੇ 'ਦੇਸ ਪੰਜਾਬ' ਦੇ ਪ੍ਰੋਗਰਾਮ 'ਰਾਬਤਾ' ਤੋਂ ਸ਼ੁਰੂ ਹੋਈ ਇਹ ਸਾਂਝ ਹੌਲੀ-ਹੌਲੀ ਗੂੜ੍ਹੀਆਂ ਕਲਮੀ ਦੋਸਤੀਆਂ ਵਿੱਚ ਬਦਲ ਗਈ। ਚੜ੍ਹਦੇ ਅਤੇ ਲਹਿੰਦੇ ਪੰਜਾਬ ਵਿੱਚ ਮੇਰੇ ਅਜਿਹੇ ਕਲਮੀ ਦੋਸਤ ਬਣ ਗਏ ਸਨ, ਜਿਨ੍ਹਾਂ ਨਾਲ ਮੇਰਾ ਰਿਸ਼ਤਾ ਸਿਰਫ਼ ਸ਼ਬਦਾਂ ਦਾ ਨਹੀਂ, ਸਗੋਂ ਰੂਹਾਨੀ ਭਾਵਨਾਵਾਂ ਦਾ ਸੀ।

ਇਸ ਰੋਜ਼ਾਨਾ ਦੇ ਸਿਲਸਿਲੇ ਨੂੰ ਮੇਰੇ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਸਾਡੇ ਪਿੰਡ ਦੇ ਬਜ਼ੁਰਗ ਡਾਕੀਆ ਜਨਕ ਸਿੰਘ ਚੈਨੇਵਾਲਾ ਨਿਭਾਉਂਦੇ ਸਨ। ਉਮਰ ਪੱਖੋਂ ਭਾਵੇਂ ਉਹ ਮੇਰੇ ਪਿਤਾ ਜੀ ਦੇ ਹਾਣੀ ਸਨ, ਪਰ ਡਾਕ ਦੇ ਇਸ ਲਗਾਤਾਰ ਗੇੜ ਨੇ ਸਾਡੀ ਉਮਰ ਦੇ ਫ਼ਰਕ ਨੂੰ ਮਿਟਾ ਕੇ ਇੱਕ ਗੂੜ੍ਹੀ ਨੇੜਤਾ ਬਣਾ ਦਿੱਤੀ ਸੀ। ਦੁਕਾਨ 'ਤੇ ਬੈਠਿਆਂ ਜਦੋਂ ਦੂਰੋਂ ਹੀ ਜਨਕ ਸਿੰਘ ਦਾ ਸਾਈਕਲ ਅਤੇ ਖ਼ਾਕੀ ਝੋਲਾ ਨਜ਼ਰ ਆਉਣਾ, ਤਾਂ ਮੇਰੇ ਮਨ ਨੂੰ ਇੱਕ ਅਜੀਬ ਜਿਹਾ ਚਾਅ ਚੜ੍ਹ ਜਾਣਾ ਕਿ 'ਅੱਜ ਮੇਰੀ ਡਾਕ ਵਿੱਚ ਨਵਾਂ ਕੀ ਆਇਆ ਹੋਵੇਗਾ ?'



ਨਵਦੀਪ ਸਿੰਘ ਭੁਲੇਰ

ਜਨਕ ਸਿੰਘ ਵੀ ਜਿਵੇਂ ਆਪਣਾ ਸਰਕਾਰੀ ਫ਼ਰਜ਼ ਨਹੀਂ, ਸਗੋਂ ਕੋਈ ਪਰਿਵਾਰਕ ਸਾਂਝ ਨਿਭਾ ਰਹੇ ਹੁੰਦੇ ਸਨ। ਉਹ ਮੁਸਕਰਾਉਂਦੇ ਹੋਏ ਮੇਰੀ ਦੁਕਾਨ 'ਤੇ ਰੁਕਦੇ, ਮੇਰੀਆਂ ਅੱਖਾਂ ਵਿਚਲੀ ਉਤਸੁਕਤਾ ਨੂੰ ਪੜ੍ਹਦੇ ਹੋਏ ਡਾਕ ਮੇਰੇ ਹਵਾਲੇ ਕਰ ਦਿੰਦੇ। ਫਿਰ ਸਾਡੀਆਂ ਲੰਮੀਆਂ ਗੱਲਾਂ ਦਾ ਸਿਲਸਿਲਾ ਸ਼ੁਰੂ ਹੁੰਦਾ। ਉਹ ਮੇਰੇ ਕੋਲ ਘੰਟਿਆਂਬੱਧੀ ਬੈਠਦੇ, ਚਾਹ-ਪਾਣੀ ਪੀਂਦੇ ਅਤੇ ਸੁਖ-ਸਾਂਦ ਪੁੱਛਦੇ। ਉਹ ਕਦੋਂ ਮੈਨੂੰ ਮੇਰੇ ਪਰਿਵਾਰ ਦੇ ਇੱਕ ਮੈਂਬਰ ਭਾਸਣ ਲੱਗ ਗਏ, ਪਤਾ ਹੀ ਨਹੀਂ ਲੱਗਿਆ।

ਉਸ ਸੁਨਹਿਰੀ ਦੌਰ ਵਿੱਚ ਚਿੱਠੀਆਂ ਸਿਰਫ਼ ਕਾਗਜ਼ ਦੇ ਬੇਜਾਨ ਪੰਨੇ ਨਹੀਂ ਹੁੰਦੀਆਂ ਸਨ, ਬਲਕਿ ਉਨ੍ਹਾਂ ਦੀ ਹਰ ਇੱਕ ਇਬਾਰਤ ਵਿੱਚ ਲਿਖਣ ਵਾਲੇ ਦੀ ਰੂਹ ਧੜਕਦੀ ਸੀ। ਕਿਸੇ ਦੀ ਲਿਖਾਈ ਦੇ ਟੇਢੇ-ਮੇਢੇ ਅੱਖਰਾਂ ਵਿੱਚੋਂ ਉਸ ਦਾ ਸੁਭਾਅ ਝਲਕਦਾ, ਸਿਆਹੀ ਦੀ ਮਹਿਕ ਵਿੱਚੋਂ ਅਪਣੱਤ ਦਾ ਅਹਿਸਾਸ ਹੁੰਦਾ ਅਤੇ ਕਾਗਜ਼ ਦੀਆਂ ਤਹਿਆਂ ਵਿੱਚ ਉਂਗਲਾਂ ਦੇ ਪੋਟਿਆਂ ਦੀ ਛੋਹ ਤੇ ਭਾਵਨਾਵਾਂ ਲੁਕੀਆਂ ਹੁੰਦੀਆਂ ਸਨ। ਇੱਕੋ ਚਿੱਠੀ ਨੂੰ ਵਾਰ-ਵਾਰ ਪੜ੍ਹਿਆ ਜਾਂਦਾ, ਹਿੱਕ ਨਾਲ ਲਾ ਕੇ ਸੰਭਾਲਿਆ ਜਾਂਦਾ ਅਤੇ ਇਕਾਂਤ ਵਿੱਚ ਬੈਠ ਕੇ ਮੁੜ-ਮੁੜ ਖੋਲ੍ਹਦਿਆਂ ਉਸ ਦੇ ਲਫ਼ਜ਼ਾਂ ਦਾ ਰਸ ਮਾਣਿਆ ਜਾਂਦਾ ਸੀ।ਅੱਜ ਵੀ ਚੇਤਿਆਂ ਵਿੱਚ ਉਹ ਮਿੱਠੀ ਕਸਕ ਜਿਊਂਦੀ ਹੈ, ਜਦੋਂ ਕਿਸੇ ਬਹੁਤ ਹੀ ਖ਼ਾਸ ਤੇ ਅਜ਼ੀਜ਼ ਖ਼ਤ ਦੀ ਆਸ ਹਰ ਰੋਜ਼ ਲੱਗੀ ਰਹਿੰਦੀ, ਪਰ ਉਹ ਚਿੱਠੀ ਨਾ ਆਉਂਦੀ, ਜਿਸ ਦੀ ਸਭ ਤੋਂ ਵੱਧ ਉਡੀਕ ਹੁੰਦੀ ਸੀ।ਫਿਰ ਵੀ ਮਨ ਨਿਰਾਸ਼ ਨਹੀਂ ਸੀ ਹੁੰਦਾ, ਇੱਕ ਅਜੀਬ ਜਿਹਾ ਸਬਰ ਹੁੰਦਾ ਕਿ ਅੱਜ ਨਹੀਂ ਤਾਂ ਕੱਲ੍ਹ ਜਾਂ ਆਉਣ ਵਾਲੇ ਕਿਸੇ ਨਵੇਂ ਦਿਨ ਉਹ ਸੁਨੇਹਾ ਜਨਕ ਸਿੰਘ ਜੀ ਦੇ ਜ਼ਰੀਏ ਮੇਰੇ ਬੂਹੇ 'ਤੇ ਜ਼ਰੂਰ ਦਸਤਕ ਦੇਵੇਗਾ।

ਵਕਤ ਦੀ ਫ਼ਿਰਕੀ ਕਦੋਂ ਬਦਲੀ, ਪਤਾ ਹੀ ਨਹੀਂ ਲੱਗਿਆ। ਸਾਲ 2004 ਵਿੱਚ ਮੇਰੀ ਜ਼ਿੰਦਗੀ ਵਿੱਚ 'ਕੰਪਿਊਟਰ' ਦੀ ਆਮਦ ਹੋਈ ਅਤੇ ਤਕਨਾਲੋਜੀ ਦੇ ਇਸ ਨਵੇਂ ਰੰਗ ਨੇ ਮੇਰਾ ਬਹੁਤਾ ਸਮਾਂ ਆਪਣੇ ਵੱਲ ਖਿੱਚ ਲਿਆ। ਨਤੀਜਾ ਇਹ ਹੋਇਆ ਕਿ ਰੇਡੀਓ ਸੁਣਨ ਅਤੇ ਖ਼ਤ ਲਿਖਣ ਦੇ ਉਸ ਸਿਲਸਿਲੇ ਵਿੱਚ ਹੌਲੀ-ਹੌਲੀ ਇੱਕ ਖੜੋਤ ਆ ਗਈ ਅਤੇ ਚਿੱਠੀਆਂ ਦਾ ਆਉਣ-ਜਾਣ ਘਟਣ ਲੱਗ ਪਿਆ। ਜ਼ਿੰਦਗੀ ਦੇ ਇਸ ਸਫ਼ਰ ਵਿੱਚ ਅਗਲਾ ਵੱਡਾ ਮੋੜ ਸਾਲ 2009 ਵਿੱਚ ਆਇਆ, ਜਦੋਂ ਮੈਂ ਬੀ ਐੱਡ ਕਰਨ ਲਈ ਬਰੇਟੇ ਚਲਾ ਗਿਆ। ਪੜ੍ਹਾਈ ਦੇ ਰੁਝੇਵੇਂ ਅਤੇ ਜ਼ਿੰਦਗੀ ਦੀ ਨਵੀਂ ਦੌੜ ਕਾਰਨ ਚਿੱਠੀਆਂ ਲਿਖਣ ਅਤੇ ਰੇਡੀਓ ਸੁਣਨ ਦਾ ਉਹ ਪੁਰਾਣਾ ਅਧਿਆਏ ਬਿਲਕੁਲ ਹੀ ਬੰਦ ਹੋ ਗਿਆ।

ਇਸੇ ਦੌਰਾਨ ਵਕਤ ਦੇ ਬਦਲਦੇ ਦੌਰ ਦੇ ਨਾਲ ਪਿੰਡ ਦੇ ਹਰਦਿਲ ਅਜ਼ੀਜ਼ ਬਜ਼ੁਰਗ ਡਾਕੀਆ ਜਨਕ ਸਿੰਘ ਵੀ ਆਪਣੀ ਸੇਵਾਮੁਕਤੀ ਲੈ ਕੇ ਡਾਕ ਵਿਭਾਗ ਤੋਂ ਵਿਦਾ ਹੋ ਗਏ, ਪਰ ਇਸ ਸਭ ਦੇ ਬਾਵਜੂਦ ਦਿਲ ਦੇ ਕਿਸੇ ਅਣਗੌਲੇ ਕੋਨੇ ਵਿੱਚ ਰੇਡੀਓ ਸੁਣਨ ਦੀ ਉਹ ਮਿੱਠੀ ਕਸਕ ਅਤੇ ਚਿੱਠੀਆਂ ਦੀ ਪੁਰਾਣੀ ਖ਼ੁਸ਼ਬੂ ਹਾਲੇ ਵੀ ਰਹਿ-ਰਹਿ ਕੇ ਕੜਵੱਲ ਪਾ ਰਹੀ ਸੀ, ਜੋ ਮੈਨੂੰ ਮੁੜ-ਮੁੜ ਆਪਣੇ ਅਤੀਤ ਵੱਲ ਖਿੱਚਦੀ ਸੀ। ਮੈਨੂੰ ਮੇਰੇ ਬੀਤੇ ਵੇਲਿਆਂ ਦਾ ਉਹ ਦੌਰ ਸ਼ਿੱਦਤ ਨਾਲ ਯਾਦ ਆਉਂਦਾ ਹੈ, ਜਿਸ ਵਿੱਚ ਜਨਕ ਸਿੰਘ ਚਿੱਠੀਆਂ ਦੇ ਰੂਪ ਵਿੱਚ ਮੇਰੇ ਲਈ ਪੂਰੀ ਕਾਇਨਾਤ ਸਮੇਟ ਲਿਆਇਆ ਕਰਦੇ ਸਨ।

ਅੱਜ ਮੈਨੂੰ ਨਹੀਂ ਪਤਾ ਕਿ ਮੇਰੇ ਸਤਿਕਾਰਯੋਗ ਜਨਕ ਸਿੰਘ ਜੀ ਕਿੱਥੇ ਰਹਿ ਰਹੇ ਹਨ ਅਤੇ ਆਪਣੀ ਉਮਰ ਦੇ ਇਸ ਪੜਾਅ 'ਤੇ ਕਿਸ ਹਾਲ ਵਿੱਚ ਹਨ। ਕਈ ਵਾਰ ਅੱਜ ਵੀ ਦਿਲ ਲੋਚਦਾ ਹੈ ਕਿ ਕਾਸ਼! ਕਿਤੇ ਦੂਰੋਂ ਉਸੇ ਪੁਰਾਣੇ ਸਾਈਕਲ ਦੀ ਘੰਟੀ ਸੁਣਾਈ ਦੇਵੇ ਅਤੇ ਖ਼ਾਕੀ ਵਰਦੀ ਵਾਲੇ ਜਨਕ ਸਿੰਘ ਮੁਸਕਰਾਉਂਦੇ ਹੋਏ ਸਾਹਮਣੇ ਆ ਕੇ ਕਹਿਣ, 'ਲਓ ਮਾਸਟਰ ਜੀ, ਅੱਜ ਵੀ ਤੁਹਾਡੀ ਇੱਕ ਚਿੱਠੀ ਆਈ ਹੈ।'

ਜਨਕ ਸਿੰਘ ਜੀ, ਤੁਸੀਂ ਦੁਨੀਆ ਦੇ ਜਿਸ ਵੀ ਕੋਨੇ ਵਿੱਚ ਹੋਵੋ, ਇਹ ਕਲਮ ਅੱਜ ਤੁਹਾਡੀ ਤੰਦਰੁਸਤੀ, ਲੰਮੀ ਉਮਰ ਅਤੇ ਸਲਾਮਤੀ ਦੀ ਦੁਆ ਮੰਗਦੀ ਹੈ। ਤੁਹਾਡੀ ਦਿੱਤੀ ਹੋਈ ਉਹ ਉਡੀਕ ਅਤੇ ਸਿਖਾਇਆ ਹੋਇਆ ਸਬਰ ਅੱਜ ਵੀ ਮੇਰੇ ਅੰਦਰ ਇੱਕ ਅਧਿਆਪਕ ਦੇ ਰੂਪ ਵਿੱਚ ਜ਼ਿੰਦਾ ਹੈ। ਤੁਹਾਡੇ ਨਾਲ ਉਨ੍ਹਾਂ ਵਕਤਾਂ ਦੀ ਸਾਂਝ ਇਹੀ ਦੱਸਦੀ ਹੈ ਕਿ ਕੁਝ ਰਿਸ਼ਤੇ ਵਕਤ ਦੇ ਬਦਲਣ ਨਾਲ ਪੁਰਾਣੇ ਨਹੀਂ ਹੁੰਦੇ, ਉਹ ਉਮਰ ਭਰ ਸਾਡੀ ਰੂਹ ਦਾ ਨਿੱਘ ਬਣੇ ਰਹਿੰਦੇ ਹਨ।

# ਸੰਪਰਕ : 98769-68193

ਪ੍ਰਦੀਪ ਮੁਸਾਹਿਬ ਠੂਠਿਆਂਵਾਲੀ

# ਐੱਫ ਸੀ ਆਈ ਸਾਇਲੋ ਖੇਤਰ 'ਚ ਅਡਾਨੀ ਦਾ ਕਬਜ਼ਾ

ਭਾਰਤ ਵਿੱਚ 80 ਕਰੋੜ ਲੋਕਾਂ ਨੂੰ ਜਨਤਕ ਵੰਡ ਪ੍ਰਣਾਲੀ ਰਾਹੀਂ ਸਸਤਾ ਰਾਸ਼ਨ ਮੁਹੱਈਆ ਕਰਵਾਇਆ ਜਾਂਦਾ ਹੈ। ਇਸ ਰਾਸ਼ਨ ਵਿੱਚ ਮੁੱਖ ਤੌਰ 'ਤੇ ਕਣਕ ਅਤੇ ਚੌਲਾਂ ਦੀ ਵੰਡ ਕੀਤੀ ਜਾਂਦੀ ਹੈ। ਇਸ ਮਕਸਦ ਵਾਸਤੇ ਹਰ ਸਾਲ ਪੰਜਾਬ, ਹਰਿਆਣਾ, ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਹੋਰ ਰਾਜਾਂ ਤੋਂ ਸਰਕਾਰ ਵੱਲੋਂ MSP ਉੱਤੇ ਕਰੋੜਾਂ ਟਨ ਕਣਕ ਅਤੇ ਝੋਨੇ ਦੀ ਖਰੀਦ ਕੀਤੀ ਜਾਂਦੀ ਹੈ। ਅਨਾਜ ਨੂੰ ਖਰੀਦਣ ਅਤੇ ਸਟੋਰ ਕਰਨ ਦਾ ਕੰਮ ਸੂਬਾਈ ਏਜੰਸੀਆਂ ਤੋਂ ਇਲਾਵਾ ਫੂਡ ਕਾਰਪੋਰੇਸ਼ਨ ਆਫ ਇੰਡੀਆ ਵੱਲੋਂ ਵੱਡੇ ਪੱਧਰ 'ਤੇ ਕੀਤਾ ਜਾਂਦਾ ਹੈ। ਹੜ੍ਹਾਂ, ਸੋਕੇ ਜਾਂ ਕਿਸੇ ਬਿਮਾਰੀ ਕਾਰਨ ਅਨਾਜ ਦਾ ਉਤਪਾਦਨ ਘਟਣ ਦੀ ਸੂਰਤ ਵਿੱਚ ਸਟੋਰ ਕੀਤਾ ਹੋਇਆ ਇਹ ਅਨਾਜ ਦੇਸ਼ ਨੂੰ ਅੰਨ ਸੁਰੱਖਿਆ ਪ੍ਰਦਾਨ ਕਰਦਾ ਹੈ। ਐੱਫ ਸੀ ਆਈ ਆਪਣੀ ਸਮੁੱਚੀ ਖਰੀਦ ਦਾ 15 ਫੀਸਦੀ ਸੂਬਾ ਸਰਕਾਰਾਂ ਨੂੰ ਭੇਜਦੀ ਹੈ, ਤਾਂ ਕਿ ਉਹ ਆਪਣੇ-ਆਪਣੇ ਤੌਰ 'ਤੇ ਜਨਤਕ ਵੰਡ ਪ੍ਰਣਾਲੀ ਦੀਆਂ ਲੋੜਾਂ ਨੂੰ ਪੂਰੀਆਂ ਕਰ ਸਕਣ।

ਪਿਛਲੇ ਕੁਝ ਸਾਲਾਂ ਵਿੱਚ ਸਰਕਾਰ ਵੱਲੋਂ ਇਸ ਖੇਤਰ ਵਿੱਚ ਆਧੁਨਿਕ ਤਕਨੀਕ ਅਤੇ ਨਿੱਜੀ ਨਿਵੇਸ਼ ਨੂੰ ਉਤਸ਼ਾਹਿਤ ਕਰਨ ਦੇ ਨਾਂਅ ਹੇਠ ਕਈ ਨਵੀਆਂ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਇਸੇ ਤਹਿਤ 20,000 ਕਰੋੜ ਰੁਪਏ ਦੀ 'ਹੱਬ ਐਂਡ ਸਪੋਕ ਸਾਈਲੋ ਆਧੁਨਿਕੀਕਰਨ ਯੋਜਨਾ' ਸਾਹਮਣੇ ਆਈ ਹੈ। ਸਰਕਾਰ ਇਸ ਨੂੰ ਭੰਡਾਰਨ ਸਮਰੱਥਾ ਵਧਾਉਣ ਅਤੇ ਅਨਾਜ ਦੀ ਬਰਬਾਦੀ ਘਟਾਉਣ ਲਈ ਜ਼ਰੂਰੀ ਦੱਸਦੀ ਹੈ, ਪਰ ਖੇਤੀਬਾੜੀ ਮਾਹਰ ਇਸ ਨੂੰ ਅਨਾਜ ਭੰਡਾਰਨ ਪ੍ਰਣਾਲੀ ਦੇ ਨਿੱਜੀਕਰਨ ਅਤੇ ਕਾਰਪੋਰੇਟ ਕੇਂਦਰੀਕਰਨ ਵੱਲ ਇੱਕ ਵੱਡੇ ਕਦਮ ਵਜੋਂ ਦੇਖ ਰਹੇ ਹਨ।

ਇਸ ਯੋਜਨਾ ਨੂੰ ਲੈ ਕੇ ਵਿਵਾਦ ਉਸ ਵੇਲੇ ਖੜ੍ਹਾ ਹੋਇਆ, ਜਦੋਂ ਪਤਾ ਲੱਗਾ ਕਿ ਇਸ ਦੇ ਵੱਡੇ ਹਿੱਸੇ ਦੇ ਠੇਕੇ ਕੇਵਲ ਦੋ ਕੰਪਨੀਆਂ 'ਅਡਾਨੀ ਅਤੇ ਲੀਪ ਇੰਡੀਆ' ਨੂੰ ਮਿਲੇ ਹਨ। ਇਸ ਘਟਨਾ ਨੇ ਕਈ ਮਹੱਤਵਪੂਰਨ ਸਵਾਲ ਖੜ੍ਹੇ ਕੀਤੇ ਹਨ, ਕੀ ਇਹ ਸਿਰਫ਼ ਅਨਾਜ ਭੰਡਾਰਨ ਦੇ ਆਧੁਨਿਕੀਕਰਨ ਦੀ ਪ੍ਰਕਿਰਿਆ ਹੈ ਜਾਂ ਫਿਰ ਖਾਧ ਸੁਰੱਖਿਆ ਨਾਲ ਜੁੜੇ ਇੱਕ ਅਹਿਮ ਖੇਤਰ ਵਿੱਚ ਕਾਰਪੋਰੇਟ ਘਰਾਣਿਆਂ ਦੇ ਵਧਦੇ ਦਖ਼ਲ ਦੀ ਨਿਸ਼ਾਨੀ? ਕੀ ਇਸ ਨਾਲ ਸਰਕਾਰੀ ਢਾਂਚਾ ਮਜ਼ਬੂਤ ਹੋਵੇਗਾ ਜਾਂ ਕੁਝ ਵੱਡੀਆਂ ਕੰਪਨੀਆਂ ਦੇ ਹੱਥਾਂ ਵਿੱਚ ਆਰਥਿਕ ਤਾਕਤ ਦਾ ਹੋਰ ਕੇਂਦਰੀਕਰਨ ਹੋਵੇਗਾ? ਇਹ ਸਵਾਲ ਅੱਜ ਸਿਰਫ਼ ਕਿਸਾਨਾਂ ਅਤੇ ਖੇਤੀ ਮਾਹਰਾਂ ਲਈ ਹੀ ਨਹੀਂ, ਸਗੋਂ ਦੇਸ਼ ਦੀ ਖਾਧ ਸੁਰੱਖਿਆ ਅਤੇ ਜਨਤਕ ਵੰਡ ਪ੍ਰਣਾਲੀ ਦੇ ਭਵਿੱਖ ਨਾਲ ਵੀ ਜੁੜੇ ਹੋਏ ਹਨ।

**ਹੱਬ ਐਂਡ ਸਪੋਕ ਸਾਈਲੋ ਮਾਡਲ ਕੀ ਹੈ ?**

ਨਵੀਂ ਯੋਜਨਾ ਅਧੀਨ ਦੇਸ਼ ਭਰ ਵਿੱਚ ਆਧੁਨਿਕ ਸਟੀਲ ਸਾਈਲੋ ਬਣਾਏ ਜਾ ਰਹੇ ਹਨ। ਜਿੱਥੇ ਵੱਡੀ ਗਿਣਤੀ ਵਿੱਚ ਸਾਈਲੋ ਬਣਾਏ ਗਏ ਹੋਣ, ਉਸ ਨੂੰ 'ਹੱਬ' ਕਿਹਾ ਜਾਂਦਾ ਹੈ। ਛੋਟੇ ਖੇਤਰੀ ਭੰਡਾਰਨ ਕੇਂਦਰਾਂ ਨੂੰ 'ਸਪੋਕ' ਕਿਹਾ ਜਾਂਦਾ ਹੈ। ਸਪੋਕ ਕੇਂਦਰਾਂ ਤੋਂ ਅਨਾਜ ਹੱਬ ਤੱਕ ਲਿਆਂਦਾ ਜਾਂਦਾ ਹੈ। ਹੱਬ ਤੋਂ ਰੇਲਵੇ ਰਾਹੀਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੱਕ ਅਨਾਜ ਭੇਜਿਆ ਜਾਂਦਾ ਹੈ।

**ਅਨਾਜ ਸਟੋਰ ਕਰਨ ਦੇ ਪ੍ਰਬੰਧ ਦਾ ਨਿੱਜੀਕਰਨ:** ਡੀ ਐਮ ਕੇ ਦੀ ਮੈਂਬਰ ਪਾਰਲੀਮੈਂਟ ਕੰਨੀਮੋਝੀ ਕਰੁਣਾਨਿਧੀ ਦੀ ਅਗਵਾਈ ਵਾਲੀ 'ਖਪਤਕਾਰ ਮਾਮਲੇ, ਭੋਜਨ ਅਤੇ ਜਨਤਕ ਵੰਡ ਪ੍ਰਣਾਲੀ ਨਾਲ ਸੰਬੰਧਿਤ ਸਟੈਂਡਿੰਗ ਕਮੇਟੀ' ਨੇ ਸਾਲ 2023-24 ਵਿੱਚ ਪੇਸ਼ ਕੀਤੀ ਆਪਣੀ ਰਿਪੋਰਟ ਵਿੱਚ ਐਫ ਸੀ ਆਈ ਵੱਲੋਂ ਨਵੇਂ ਗੁਦਾਮਾਂ ਦਾ ਪ੍ਰਬੰਧ ਕਰਨ ਵਿੱਚ ਅਸਫਲਤਾ ਤੇ ਨਰਾਜ਼ਗੀ ਜ਼ਾਹਿਰ ਕੀਤੀ ਹੈ। ਕਮੇਟੀ ਦੀ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਸਾਲ 2023-24 ਦੌਰਾਨ ਐਫ ਸੀ ਆਈ ਵੱਲੋਂ 50,100 ਮੀਟ੍ਰਿਕ ਟਨ ਸਮਰੱਥਾ ਦੇ ਗੋਦਾਮ ਬਣਾਏ ਜਾਣੇ ਸਨ, ਪਰ ਇਸ ਨੇ ਸਿਰਫ 1760 ਟਨ ਸਮਰੱਥਾ ਦੇ ਗੁਦਾਮ ਬਣਾਏ ਹਨ। ਸਰਕਾਰੀ ਅਨਾਜ ਭੰਡਾਰਨ ਸਮਰਥਾ ਨੂੰ ਜਾਣ ਬੁੱਝ ਕੇ ਤਬਾਹ ਕੀਤਾ ਜਾ ਰਿਹਾ ਹੈ ਅਤੇ ਇਸ ਕੰਮ ਦਾ ਵੱਧ ਤੋਂ ਵੱਧ ਹਿੱਸਾ ਅਡਾਨੀ ਨੂੰ ਪ੍ਰਦਾਨ ਕੀਤਾ ਜਾ ਰਿਹਾ ਹੈ।

ਕੇਂਦਰੀ ਹਕੂਮਤ ਨਾਲ ਮਿਲੀਭੁਗਤ ਰਾਹੀ ਅਡਾਨੀ ਨੇ 2015 ਵਿੱਚ ਅਡਾਨੀ ਐਗਰੋ ਲੌਜਿਸਟਿਕਸ ਲਿਮਿਟਡ ਨਾਂਅ ਦੀ ਕੰਪਨੀ ਬਣਾਈ। ਐਫ ਸੀ ਆਈ ਨੇ ਅਨਾਜ ਆਪਣੇ ਗੁਦਾਮਾਂ ਵਿੱਚ ਸਟੋਰ ਕਰਨ ਦੀ ਬਜਾਏ ਅਡਾਨੀ ਦੇ ਸਾਈਲੋਜ ਵਿੱਚ ਸਟੋਰ ਕੀਤਾ। ਪੰਜਾਬ, ਹਰਿਆਣਾ, ਪੱਛਮੀ ਬੰਗਾਲ, ਤਮਿਲਨਾਡੂ, ਕਰਨਾਟਕਾ, ਬਿਹਾਰ, ਉੱਤਰ ਪ੍ਰਦੇਸ਼, ਗੁਜਰਾਤ ਅਤੇ ਮੱਧ ਪ੍ਰਦੇਸ਼ ਵਿੱਚ ਅਡਾਨੀ ਵੱਲੋਂ ਸਾਈਲੋਜ਼ ਬਣਾਏ ਗਏ। ਇਸੇ ਤਰ੍ਹਾਂ ਲੀਪ ਇੰਡੀਆ ਵੀ ਅਡਾਨੀ ਦੀ ਭਾਈਵਾਲੀ ਵਾਲੀ ਇੱਕ ਭਾਰਤੀ ਸਪਲਾਈ-ਚੇਨ ਅਤੇ ਲੌਜਿਸਟਿਕਸ ਕੰਪਨੀ ਹੈ। ਇਸ ਕੰਪਨੀ ਕੋਲ ਵੀ ਅਨਾਜ ਸਟੋਰ ਕਰਨ ਦੇ ਕਾਫੀ ਠੇਕੇ ਹਨ।

31 ਜਨਵਰੀ ਨੂੰ ਦੇਸ਼ ਦੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਆਰਥਿਕ ਸਰਵੇਖਣ ਵਿੱਚ ਕਿਹਾ ਕਿ ਸਰਕਾਰੀ ਮੰਡੀਆਂ ਨੇ ਪਿਛਲੇ 50 ਸਾਲ ਤੋਂ ਦੇਸ਼ ਨੂੰ ਅਨਾਜ ਸੁਰੱਖਿਆ ਪ੍ਰਦਾਨ ਕੀਤੀ ਹੈ, ਅਜੋਕੇ ਸਮੇਂ ਵਿੱਚ ਅਨਾਜ ਦੀ ਉਪਜ ਵਧ ਚੁੱਕੀ ਹੈ। ਜੇਕਰ ਸਰਕਾਰ ਨਵੀਆਂ ਮੰਡੀਆਂ 'ਤੇ ਨਵੇਂ ਸਟੋਰ ਬਣਾਵੇਗੀ ਤਾਂ ਸਰਕਾਰ ਦਾ ਖਰਚਾ ਵਧ ਜਾਵੇਗਾ, ਜਿਸ ਨਾਲ ਸਰਕਾਰ ਦੇ ਵਿੱਤ ਉੱਤੇ ਪ੍ਰਭਾਵ ਪਵੇਗਾ। ਇਸ ਕਰਕੇ ਅਸੀਂ ਪ੍ਰਾਈਵੇਟ ਕੰਪਨੀਆਂ ਨੂੰ ਇਹਦੇ ਵਿੱਚ ਦਖਲ ਦੇਣ ਲਈ ਉਤਸ਼ਾਹਿਤ ਕਰਦੇ ਹਾਂ।

ਇਸ ਤਰ੍ਹਾਂ ਵਿੱਤ ਮੰਤਰੀ ਨੇ ਸਾਫ ਕਰ ਦਿੱਤਾ ਕਿ ਸਰਕਾਰ ਵੱਲੋਂ ਅਨਾਜ ਭੰਡਾਰ ਕਰਨ ਦਾ ਕੰਮ ਹੁਣ ਕਾਰਪੋਰੇਟ ਕੰਪਨੀਆਂ ਨੂੰ ਠੇਕੇ 'ਤੇ ਦਿੱਤਾ ਜਾਵੇਗਾ। ਇਸੇ ਲਈ ਸਰਕਾਰੀ ਖੇਤਰ ਵਿੱਚ ਨਵੇਂ ਗਦਾਮ ਬਣਾਉਣੇ ਲਗਭੱਗ ਬੰਦ ਕਰ ਦਿੱਤੇ ਗਏ ਅਤੇ ਵੱਡੀਆਂ ਕੰਪਨੀਆਂ ਨੂੰ ਠੇਕੇ ਦੇਣ ਲਈ ਆਪਣੇ ਹੀ ਕਾਨੂੰਨਾਂ ਵਿੱਚ ਸੋਧਾਂ ਵੀ ਕੀਤੀਆਂ ਗਈਆਂ।

**ਐਂਟੀ ਮੋਨੋਪਲੀ ਕਲਾਜ਼ ਕੀ ਸੀ :-** ਸਾਲ 2022 ਤੋਂ ਪਹਿਲਾਂ ਅਨਾਜ ਸਟੋਰ ਕਰਨ ਲਈ ਇੱਕ ਕੰਪਨੀ ਨੂੰ 15 ਫੀਸਦੀ ਤੋਂ ਵੱਧ ਠੇਕੇ ਅਲਾਟ ਕਰਨ ਦੀ ਮਨਾਹੀ ਹੁੰਦੀ ਸੀ ਤਾਂ ਕਿ ਇੱਕੋ ਕੰਪਨੀ ਆਪਣੀ ਅਜਾਰੇਦਾਰੀ ਬਣਾ ਕੇ ਮਨਮਾਨੇ ਕਰਾਏ ਨਾ ਮੰਗ ਲਵੇ ਅਤੇ ਅਨਾਜ ਭੰਡਾਰਨ ਲਈ ਕੋਈ ਸੰਕਟ ਨਾ ਖੜਾ ਹੋ ਜਾਵੇ। ਜੇ ਕਿਸੇ ਕੰਪਨੀ ਨੂੰ ਪਹਿਲਾਂ ਹੀ 15 ਫੀਸਦੀ ਪ੍ਰੋਜੈਕਟ ਮਿਲ ਗਏ ਹਨ ਤਾਂ ਉਸ ਤੋਂ ਬਾਅਦ ਉਸ ਨੂੰ ਹੋਰ ਪ੍ਰੋਜੈਕਟ ਨਹੀਂ ਦਿੱਤਾ ਜਾਂਦਾ ਸੀ ਤਾਂ ਜੋ ਛੋਟੀਆਂ ਅਤੇ ਦਰਮਿਆਨੀ ਕੰਪਨੀਆਂ ਨੂੰ ਵੀ ਮੌਕਾ ਮਿਲੇ। 2022 ਵਿੱਚ ਹੋਈ ਇੱਕ ਮੀਟਿੰਗ ਦੌਰਾਨ ਨੀਤੀ ਆਯੋਗ ਅਤੇ ਆਰਥਿਕ ਮਾਮਲਿਆਂ ਦੇ ਵਿਭਾਗ ਨੇ ਇਸ ਕਲਾਜ਼ 'ਤੇ ਇਤਰਾਜ਼ ਜਤਾਇਆ। ਦਲੀਲ ਇਹ ਦਿੱਤੀ ਗਈ ਕਿ ਮਾਰਕੀਟ ਮੁਕਾਬਲੇ ਦੇ ਅਧਾਰ 'ਤੇ ਹੀ ਕੰਟਰੈਕਟ ਦਿੱਤੇ ਜਾਣ ਅਤੇ ਕਿਸੇ ਕੰਪਨੀ ਉੱਤੇ ਪਹਿਲਾਂ ਤੋਂ ਪਾਬੰਦੀ ਨਾ ਲਗਾਈ ਜਾਵੇ। ਇਸ ਤੋਂ ਬਾਅਦ ਇਹ ਅਜਾਰੇਦਾਰੀ ਵਿਰੋਧੀ ਧਾਰਾ ਰੱਦ ਕਰ ਦਿੱਤੀ ਗਈ। ਇਹ ਅੜਿੱਕਾ ਹਟਣ ਤੋਂ ਬਾਅਦ ਉਪਰ ਜ਼ਿਕਰ ਕੀਤੇ ਅਨੁਸਾਰ ਸਾਈਲੋ ਪ੍ਰੋਜੈਕਟਾਂ ਦਾ ਵੱਡਾ ਹਿੱਸਾ ਅਡਾਨੀ ਐਗਰੀ ਲੌਜਿਸਟਿਕਸ ਲਿਮਟਿਡ ਅਤੇ ਲੀਪ ਇੰਡੀਆ ਫੂਡ ਅਤੇ ਲੌਜਿਸਟਿਕਸ ਪ੍ਰਾਈਵੇਟ ਲਿਮਟਿਡ ਨੂੰ ਮਿਲ ਗਿਆ।

ਹੋਣਾ ਤਾਂ ਇਹ ਚਾਹੀਦਾ ਹੈ ਕਿ ਭਾਰਤ ਦੀ ਖੁਰਾਕ ਸੁਰੱਖਿਆ ਅਤੇ ਅਨਾਜ ਦੀ ਸਪਲਾਈ 'ਤੇ ਪੂਰਾ ਨਿਯੰਤਰਣ ਸਰਕਾਰ ਦੇ ਹੱਥਾਂ ਵਿੱਚ ਹੋਵੇ, ਪਰ ਮੋਦੀ ਸਰਕਾਰ ਦੇਸ਼ ਦੇ ਸਾਰੇ ਅਦਾਰਿਆਂ ਨੂੰ ਨਿੱਜੀਕਰਨ ਕਰਨ ਦੇ ਰਾਹ ਪਈ ਹੋਈ ਹੈ। ਸਰਕਾਰ ਨੂੰ ਦੇਸ਼ ਦੇ ਖੇਤੀ ਸੈਕਟਰ, ਅੰਨ ਸੁਰੱਖਿਆ ਅਤੇ ਦੇਸ਼ ਦੇ ਲੋਕਾਂ ਦੀ ਕੋਈ ਫਿਕਰ ਨਹੀਂ ਹੈ, ਸਗੋਂ ਕਾਰਪੋਰੇਟ ਘਰਾਣੇ ਜਿਸ ਤਰਾਂ ਕਹਿੰਦੇ ਹਨ, ਉਹ ਹੀ ਸਰਕਾਰ ਦੀ ਨੀਤੀ ਬਣ ਜਾਂਦੀ ਹੈ। ਇਸ ਗੱਲ ਦੀ ਪੁਸ਼ਟੀ ਦਿੱਲੀ ਦੇ ਇਤਿਹਾਸਿਕ ਕਿਸਾਨ ਅੰਦੋਲਨ ਸਮੇਂ ਰੱਦ ਕਰਵਾਏ ਗਏ ਤਿੰਨ ਕਾਲੇ ਖੇਤੀ ਕਾਨੂੰਨਾਂ ਤੋਂ ਵੀ ਹੋ ਜਾਂਦੀ ਹੈ। ਉਹਨਾਂ ਕਾਨੂੰਨਾਂ ਵਿੱਚ ਇੱਕ ਕਾਨੂੰਨ ਜ਼ਰੂਰੀ ਵਸਤਾਂ ਦੀ ਸਟੋਰੇਜ ਨਾਲ ਸੰਬੰਧਤ ਸੀ। ਉਸ ਕਾਨੂੰਨ ਅਨੁਸਾਰ ਜ਼ਰੂਰੀ ਵਸਤਾਂ ਸਟੋਰ ਕਰਨ 'ਤੇ ਲਾਈ ਹੋਈ ਸੀਮਾ ਲੱਗਭੱਗ ਹਟਾ ਦਿੱਤੀ ਗਈ ਸੀ। ਕਿਸਾਨਾਂ ਨੇ ਆਪਣੇ ਅੰਦੋਲਨ ਦੇ ਜ਼ੋਰ 'ਤੇ ਉਹ ਕਾਨੂੰਨ ਰੱਦ ਕਰਵਾ ਲਏ, ਪਰ ਉਸ ਤੋਂ ਬਾਅਦ ਕਈ ਵਾਰ ਸਰਕਾਰ ਨੂੰ ਕਈ ਜਿਨਸਾਂ ਦੀ ਬਰਾਮਦ 'ਤੇ ਰੋਕ ਲਾਉਣੀ ਪਈ ਹੈ। ਪਿਛਲੇ ਸਮੇਂ ਵਿੱਚ ਕਈ ਤਰ੍ਹਾਂ ਦੇ ਚੌਲ ਬਾਹਰ ਭੇਜਣ 'ਤੇ ਪਾਬੰਦੀ ਲਾਈ ਗਈ ਹੈ, ਤਾਂ ਕਿ ਦੇਸ਼ ਵਿੱਚ ਚੌਲਾਂ ਦੀ ਘਾਟ ਨਾ ਹੋ ਜਾਵੇ। ਇਸੇ ਤਰ੍ਹਾਂ ਇਲਾਜ ਭੰਡਾਰਨ ਦਾ ਖੇਤਰ ਕਾਰਪੋਰੇਟ ਘਰਾਣਿਆਂ ਹਵਾਲੇ ਕਰਕੇ ਦੇਸ਼ ਲਈ ਕਿਸੇ ਦਿਨ ਜ਼ਰੂਰ ਹੀ ਸੰਕਟ ਖੜ੍ਹਾ ਹੋ ਜਾਵੇਗਾ। ਭਾਵੇਂ ਇਸ ਤੱਥ ਤੋਂ ਸਰਕਾਰ ਅਤੇ ਉਸ ਦੇ ਨੀਤੀ ਘਾੜੇ ਅਰਥ ਸ਼ਾਸਤਰੀ ਚੰਗੀ ਤਰ੍ਹਾਂ ਜਾਣੂ ਹਨ, ਪ੍ਰੰਤੂ ਕਾਰਪੋਰੇਟਾਂ ਦੇ ਹਿਤਾਂ ਦੀ ਰਾਖੀ ਕਰਨ ਅਤੇ ਦਲਾਲੀਆਂ ਖਾਣ ਲਈ ਇਹ ਸਰਕਾਰ ਬੇਸ਼ਰਮੀ ਨਾਲ ਨਿੱਜੀਕਰਨ ਦੇ ਰਸਤੇ 'ਤੇ ਚੱਲ ਰਹੀ ਹੈ। ਅਡਾਨੀ ਦੀਆਂ ਕੰਪਨੀਆਂ ਨੂੰ ਅਨਾਜ ਭੰਡਾਰਨ ਦੇ ਖੇਤਰ ਵਿੱਚ ਅਜਾਰੇਦਾਰ ਖੁੱਲ੍ਹ ਦੇਣ ਨੂੰ ਇਸੇ ਸੰਦਰਭ ਵਿੱਚ ਸਮਝਿਆ ਜਾ ਸਕਦਾ ਹੈ। ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਮਿਹਨਤਕਸ਼ ਤਬਕਿਆਂ ਦਾ ਸੰਘਰਸ਼ ਹੀ ਇਨ੍ਹਾਂ ਲੋਕ ਵਿਰੋਧੀ ਨੀਤੀਆਂ ਨੂੰ ਪੁੱਠਾ ਗੇੜਾ ਦੇ ਸਕਦਾ ਹੈ। ਸਮੂਹ ਮਜ਼ਦੂਰਾਂ, ਕਿਸਾਨਾਂ ਅਤੇ ਹੋਰ ਮਿਹਨਤਕਸ਼ ਲੋਕਾਂ ਨੂੰ ਆਪਣੀ ਜਥੇਬੰਦਕ ਤਾਕਤ ਨੂੰ ਇਕੱਠਾ ਕਰਕੇ ਵੱਡਾ ਸੰਘਰਸ਼ ਕਰਨਾ ਪਵੇਗਾ।

musahibpardeep@gmail.com

# ਅੱਜ ਦੇ ਐਕਸ਼ਨ ਨੂੰ ਫੇਲ੍ਹ ਕਰਨ ਲਈ ਘਰੋ-ਘਰੀ ਛਾਪੇ ਲੋਕਤੰਤਰ ਦਾ ਘਾਣ : ਜਗਸੀਰ ਖੋਸਾ, ਕੁਲਦੀਪ ਭੋਲਾ

**ਨਰੇਗਾ ਕਰਮਚਾਰੀਆਂ ਖ਼ਿਲਾਫ਼ ਅਪਣਾਈ ਜਾ ਰਹੀ ਦਮਨਕਾਰੀ ਨੀਤੀ ਦੀ ਸਖ਼ਤ ਸ਼ਬਦਾਂ 'ਚ ਨਿੰਦਾ**



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ, ਯੂਨੀਅਨ ਦੇ ਸਲਾਹਕਾਰ ਕੁਲਦੀਪ ਸਿੰਘ ਭੋਲਾ ਤੇ ਸੀਨੀਅਰ ਆਗੂ ਕਾਮਰੇਡ ਸ਼ੇਰ ਸਿੰਘ ਦੌਲਤਪੁਰਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਰੇਗਾ ਕਰਮਚਾਰੀਆਂ ਖ਼ਿਲਾਫ਼ ਅਪਣਾਈ ਜਾ ਰਹੀ ਦਮਨਕਾਰੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਕਰਮਚਾਰੀਆਂ ਨੂੰ ਨੌਕਰੀ ਤੋਂ ਕੱਢਣਾ, ਉਨ੍ਹਾਂ 'ਤੇ ਲਾਠੀਚਾਰਜ ਕਰਨਾ, ਤਸ਼ੱਦਦ ਕਰਨਾ ਤੇ ਹੁਣ 20 ਜੁਲਾਈ ਦੇ ਐਕਸ਼ਨ ਨੂੰ ਫੇਲ੍ਹ ਕਰਨ ਲਈ ਘਰੋ-ਘਰੀ ਛਾਪੇ ਮਾਰ ਕੇ ਡਰਾਉਣ-ਧਮਕਾਉਣ ਦੀਆਂ ਕਾਰਵਾਈਆਂ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹਨ।

ਆਗੂਆਂ ਨੇ ਕਿਹਾ ਕਿ ਨਰੇਗਾ ਕਰਮਚਾਰੀ ਪਿਛਲੇ ਕਰੀਬ 18 ਸਾਲਾਂ ਤੋਂ ਕੱਚੀ ਭਰਤੀ ਦੇ ਆਧਾਰ 'ਤੇ ਨਰੇਗਾ ਸਕੀਮ ਨੂੰ ਸਫ਼ਲ ਬਣਾਉਣ ਲਈ ਦਿਨ-ਰਾਤ ਕੰਮ ਕਰ ਰਹੇ ਹਨ।ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਯੋਜਨਾਬੰਦੀ, ਮਜ਼ਦੂਰਾਂ ਨੂੰ ਕੰਮ ਮੁਹੱਈਆ ਕਰਵਾਉਣ, ਕੰਮਾਂ ਦੀ ਨਿਗਰਾਨੀ, ਰਿਕਾਰਡ ਦੀ ਸੰਭਾਲ ਤੇ ਯੋਜਨਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਰਹੀ ਹੈ। ਇਨ੍ਹਾਂ ਕਰਮਚਾਰੀਆਂ ਦੀ ਮਿਹਨਤ ਸਦਕਾ ਲੱਖਾਂ ਪੇਂਡੂ ਮਜ਼ਦੂਰਾਂ ਨੂੰ ਰੁਜ਼ਗਾਰ ਮਿਲਿਆ ਤੇ ਪਿੰਡਾਂ ਵਿੱਚ ਅਨੇਕਾਂ ਵਿਕਾਸ ਕਾਰਜ ਮੁਕੰਮਲ ਹੋਏ ਹਨ।ਉਨ੍ਹਾਂ ਕਿਹਾ ਕਿ ਅੱਜ ਜਦੋਂ ਇਹ ਕਰਮਚਾਰੀ ਆਪਣੀ ਨੌਕਰੀ ਦੀ ਸੁਰੱਖਿਆ, ਪੱਕੇ ਰੁਜ਼ਗਾਰ ਤੇ ਹੋਰ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਹਨ ਤਾਂ ਸਰਕਾਰ ਵੱਲੋਂ ਉਨ੍ਹਾਂ ਦੀ ਗੱਲ ਸੁਣਨ ਦੀ ਬਜਾਏ ਦਮਨ ਦਾ ਰਾਹ ਅਪਣਾਇਆ ਜਾ ਰਿਹਾ ਹੈ।ਇਹ ਬਹੁਤ ਹੀ ਮੰਦਭਾਗਾ ਤੇ ਨਿੰਦਣਯੋਗ ਹੈ।ਸੰਘਰਸ਼ ਕਰਨਾ ਹਰ ਨਾਗਰਿਕ ਦਾ ਸੰਵਿਧਾਨਕ ਤੇ ਲੋਕਤੰਤਰੀ ਹੱਕ ਹੈ, ਜਿਸ ਨੂੰ ਜਬਰ-ਜ਼ੁਲਮ ਨਾਲ ਦਬਾਇਆ ਨਹੀਂ ਜਾ ਸਕਦਾ।

ਯੂਨੀਅਨ ਆਗੂਆਂ ਨੇ ਕਿਹਾ ਕਿ ਨਰੇਗਾ ਕਰਮਚਾਰੀਆਂ ਦੀਆਂ ਮੰਗਾਂ ਪੂਰੀ ਤਰ੍ਹਾਂ ਜਾਇਜ਼ ਹਨ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਉਨ੍ਹਾਂ ਦੇ ਸੰਘਰਸ਼ ਨਾਲ ਪੂਰੀ ਇਕਜੁੱਟਤਾ ਦਾ ਪ੍ਰਗਟਾਵਾ ਕਰਦੀ ਹੈ।ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਦਮਨਕਾਰੀ ਨੀਤੀ ਛੱਡ ਕੇ ਕਰਮਚਾਰੀਆਂ ਨਾਲ ਸਾਰਥਕ ਗੱਲਬਾਤ ਕਰੇ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੱਢੇ।ਆਗੂਆਂ ਨੇ ਮੰਗ ਕੀਤੀ ਕਿ ਨੌਕਰੀ ਤੋਂ ਕੱਢੇ ਗਏ ਸਾਰੇ ਨਰੇਗਾ ਕਰਮਚਾਰੀਆਂ ਨੂੰ ਤੁਰੰਤ ਬਹਾਲ ਕੀਤਾ ਜਾਵੇ, ਉਨ੍ਹਾਂ ਵਿਰੁੱਧ ਦਰਜ ਕੀਤੇ ਗਏ ਕੇਸ ਤੇ ਹੋਰ ਦਮਨਕਾਰੀ ਕਾਰਵਾਈਆਂ ਵਾਪਸ ਲਈਆਂ ਜਾਣ, ਘਰੋ-ਘਰੀ ਛਾਪੇ ਮਾਰਨ ਦੀ ਕਾਰਵਾਈ ਤੁਰੰਤ ਬੰਦ ਕੀਤੀ ਜਾਵੇ ਤੇ ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਕਰਮਚਾਰੀਆਂ ਨੂੰ ਪੱਕਾ ਕਰਕੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਮੰਨਿਆ ਜਾਵੇ।

# 22 ਨੂੰ ਚੌਕੀਮਾਨ ਟੋਲ ਪਲਾਜ਼ਾ ਹੋਵੇਗਾ ਜਾਮ

**■ ਲਖੀਮਪੁਰ ਖੀਰੀ ਦੇ ਕਾਤਲਾਂ ਨੂੰ ਬਰੀ ਕਰਨ ਦੀ ਸਖ਼ਤ ਨਿੰਦਾ**



**ਲੁਧਿਆਣਾ (ਰੈਕਟਰ ਕਥੂਰੀਆ)**
ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਜਗਰਾਉਂ ਦੀ ਭਰਵੀਂ ਮੀਟਿੰਗ ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਬਲਾਕ ਸਕੱਤਰ ਰਛਪਾਲ ਸਿੰਘ ਨਵਾਂ ਡੱਲਾ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਇਸ ਮੀਟਿੰਗ ਵਿੱਚ 22 ਜੁਲਾਈ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅਮਰੀਕਾ ਨਾਲ ਮੁਕਤ ਵਪਾਰ ਸਮਝੌਤੇ ਦਾ ਸੂਬਾ ਪੱਧਰੀ ਵਿਰੋਧ ਕਰਨ ਲਈ ਚੌਕੀਮਾਨ ਕੋਲ ਪਲਾਜ਼ਾ ਜਾਮ ਕਰਨ ਦਾ ਫ਼ੈਸਲਾ ਕੀਤਾ ਹੈ।ਕੇਂਦਰ ਦੀ ਮੋਦੀ ਹਕੂਮਤ ਨੇ ਅਮਰੀਕਾ ਸਾਮਰਾਜ ਦੇ ਸਰਗਨੇ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਸੰਸਾਰ ਭਰ ਦੇ ਸੋਮਿਆਂ, ਖੇਤੀ ਤੇ ਸਨੱਅਤ 'ਤੇ ਕਬਜ਼ਾ ਕਰਨ ਲਈ ਆਪਣੇ ਪੂੰਜੀ ਤੇ ਫੌਜੀ ਬਲ ਦੇ ਜ਼ੋਰ 'ਤੇ ਕਬਜ਼ਾ ਕਰਨ ਦੀ ਨੀਤੀ ਅੱਗੇ ਗੋਡੇ ਟੇਕ ਦਿੱਤੇ ਹਨ।ਮੁਕਤ ਵਪਾਰ ਸਮਝੌਤੇ ਰਾਹੀਂ ਸਾਡੀ ਖੇਤੀ ਸਨਅਤ ਤੇ ਅਮਰੀਕਾ ਕਬਜ਼ਾ ਕਰਕੇ ਸਾਡੇ ਦੇਸ਼ ਦੀ ਖੇਤੀ ਤੇ ਸਨੱਅਤ ਦਾ ਉਜਾੜਾ ਕਰੇਗਾ, ਜਿਸ ਦਾ ਡੱਟ ਕੇ ਸਾਹਮਣਾ ਕਰਨਾ ਹੋਵੇਗਾ।ਮੀਟਿੰਗ ਵਿੱਚ ਨਿਆਂ ਪਾਲਿਕਾ ਵੱਲੋਂ ਲਖੀਮਪੁਰ ਖੀਰੀ ਕੇਸ ਦੇ ਦੋਸ਼ੀਆਂ ਨੂੰ ਬਰੀ ਕਰਨ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਨਿਆਂ ਪਾਲਿਕਾ ਮੋਦੀ ਦੀ ਗੁਲਾਮ ਬਣ ਗਈ ਹੈ।ਉਨ੍ਹਾਂ ਸਮੂਹ ਕਿਸਾਨਾਂ ਮਜ਼ਦੂਰਾਂ ਨੂੰ ਇਸ ਐਕਸ਼ਨ 'ਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।ਇਸ ਮੀਟਿੰਗ ਵਿੱਚ ਨਿਰਮਲ ਸਿੰਘ ਭੰਮੀਪੁਰਾ, ਗੁਰਤੇਜ ਸਿੰਘ ਅਖਾੜਾ, ਕਰਮਜੀਤ ਸਿੰਘ ਕਾਉਂਕੇ, ਲਖਮੇਰ ਸਿੰਘ ਦੇਹੜਕਾ, ਗੁਰਦੀਪ ਸਿੰਘ ਲੱਕੀ, ਬਾਬਾ ਲੱਖਾ, ਕਾ. ਸਰੂਪ ਸਿੰਘ, ਹਰਦੇਵ ਸਿੰਘ ਅਖਾੜਾ, ਕੁੰਡਾ ਸਿੰਘ ਕਾਉਂਕੇ ਆਦਿ ਹਾਜ਼ਰ ਸਨ।

# ਪੰਜਾਬ ਦੀ ਜਵਾਨੀ ਨਾਲ ਵਾਅਦਾ-ਖ਼ਿਲਾਫ਼ੀ ਕਰਨ ਵਾਲੀ ਸਰਕਾਰ ਨੂੰ ਲੋਕ ਜਵਾਬ ਦੇਣਗੇ : ਸ਼ੁਭਮ ਸ਼ਰਮਾ

**ਸਾਬਕਾ ਵਿਧਾਇਕ ਕੰਬੋਜ ਦੇ ਨਿਵਾਸ 'ਤੇ ਯੂਥ ਕਾਂਗਰਸ ਦਾ ਇਕੱਠ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੰਜਾਬ ਯੂਥ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਸ਼ੁਭਮ ਸ਼ਰਮਾ (ਸ਼ੁਭੀ) ਨੇ ਐਤਵਾਰ ਨੂੰ ਕਾਂਗਰਸ ਦੇ ਚੀਫ਼ ਵਿੱਪ੍ਹ ਤੇ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਦੇ ਪਟਿਆਲਾ ਸਥਿਤ ਨਿਵਾਸ 'ਤੇ ਪਹੁੰਚ ਕੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ।ਇਸ ਮੌਕੇ ਯੂਥ ਕਾਂਗਰਸ ਰਾਜਪੁਰਾ ਤੋਂ ਪੁੱਜੇ ਨੌਜਵਾਨ ਆਗੂਆਂ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ।

ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਸ਼ੁਭਮ ਸ਼ਰਮਾ ਨੇ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਦੋਵੇਂ ਸਰਕਾਰਾਂ ਨੌਜਵਾਨਾਂ ਦੇ ਮੁੱਦੇ ਹੱਲ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਈਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬੇਰੁਜ਼ਗਾਰੀ, ਨਸ਼ਾ ਤਸਕਰੀ ਤੇ ਵਿਗੜਦੀ ਕਾਨੂੰਨ-ਵਿਵਸਥਾ ਅੱਜ ਵੀ ਗੰਭੀਰ ਚੁਣੌਤੀਆਂ ਬਣੀਆਂ ਹੋਈਆਂ ਹਨ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਨ੍ਹਾਂ ਸਮੱਸਿਆਵਾਂ ਪ੍ਰਤੀ ਗੰਭੀਰ ਨਹੀਂ ਦਿਸਦੇ।ਉਨ੍ਹਾਂ ਦੋਸ਼ ਲਾਇਆ ਕਿ ਰੁਜ਼ਗਾਰ ਨਾ ਮਿਲਣ ਕਾਰਨ ਪੰਜਾਬ ਦਾ ਨੌਜਵਾਨ ਨਿਰਾਸ਼ਾ ਦੇ ਦੌਰ ਵਿੱਚੋਂ ਲੰਘ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਨੌਜਵਾਨਾਂ ਨੂੰ ਵੱਡੇ-ਵੱਡੇ ਵਾਅਦੇ ਤੇ ਸੁਪਨੇ ਦਿਖਾ ਕੇ ਸੱਤਾ ਹਾਸਲ ਕੀਤੀ, ਪਰ ਹੁਣ ਉਹ ਸਾਰੇ ਵਾਅਦੇ ਹਵਾ ਹੋ ਚੁੱਕੇ ਹਨ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਕਾਂਗਰਸ ਦੇ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕੀਤਾ ਜਾਵੇ ਤੇ ਘਰ-ਘਰ ਜਾ ਕੇ ਨੌਜਵਾਨਾਂ ਨੂੰ ਕਾਂਗਰਸ ਦੀਆਂ ਨੀਤੀਆਂ ਨਾਲ ਜੋੜਿਆ ਜਾਵੇ, ਤਾਂ ਜੋ ਮੌਜੂਦਾ ਸਰਕਾਰ ਦੀਆਂ ਨਾਕਾਮੀਆਂ ਨੂੰ ਲੋਕਾਂ ਸਾਹਮਣੇ ਬੇਨਕਾਬ ਕੀਤਾ ਜਾ ਸਕੇ।ਮੀਟਿੰਗ ਦੌਰਾਨ ਯੂਥ ਇਕਾਈਆਂ ਦੇ ਆਗੂਆਂ ਨਾਲ ਸੰਗਠਨਾਤਮਕ ਮਜ਼ਬੂਤੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਨਿਰਭੈ ਸਿੰਘ ਮਿਲਟੀ ਕੰਬੋਜ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

# ਮਲਕੀਤ ਐਗਰੋ ਟੈਕ ਦਾ ਮੁਖੀ ਬਣਨ 'ਤੇ ਐੱਮ ਡੀ ਚਰਨ ਸਿੰਘ ਦਾ ਸਨਮਾਨ



**ਨਾਭਾ (ਅਮਨ ਗਰਗ)**-ਚਰਨ ਸਿੰਘ ਐੱਮ ਡੀ ਮਲਕੀਤ ਐਗਰੋ ਟੈਕ ਨੂੰ ਵਾਰਡ ਨੰ: 9 ਤੋਂ ਆਮ ਆਦਮੀ ਪਾਰਟੀ ਦੀ ਸੇਵਾਦਾਰ ਸੁਧਾ ਨੌਂਕਵਾਲ ਦੇ ਪਤੀ ਸਮਾਜ ਸੇਵੀ ਰਾਜ ਕੁਮਾਰ ਨੌਂਕਵਾਲ, ਠੇਕੇਦਾਰ ਸਮਾਜ ਸੇਵੀ ਰਾਜ ਕੁਮਾਰ ਨੌਂਕੇਵਾਲ ਤੇ ਕੌਂਸਲਰ ਅਮਰਜੀਤ ਕੌਰ ਦੇ ਪਤੀ ਹਰਸਿਮਰਨ ਸਿੰਘ ਸਾਹਨੀ ਵੱਲੋਂ ਸਾਂਝੇ ਤੌਰ 'ਤੇ ਆਲ ਇੰਡੀਆ ਕੰਬਾਈਨ ਐਸੋਸੀਏਸ਼ਨ ਦਾ ਪ੍ਰਧਾਨ ਬਣਨ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਚਰਨ ਸਿੰਘ ਚੁਸਤ ਤੇ ਅਗਾਂਹਵਧੂ ਸੋਚ ਰੱਖਣ ਵਾਲੇ ਅਤੇ ਕੰਮ ਪ੍ਰਤੀ ਜਨੂੰਨ ਰੱਖਣ ਵਾਲੇ ਵਿਅਕਤੀ ਹਨ, ਜਿਨ੍ਹਾਂ ਨੂੰ ਇੰਡਸਟਰੀ ਨਾਲ ਜੁੜੇ ਲੋਕਾਂ ਦੀ ਨੁਮਾਇੰਦਗੀ ਕਰਨ ਦੀ ਵੱਡੀ ਜ਼ਿੰਮੇਵਾਰੀ ਮਿਲੀ ਹੈ।ਸਾਨੂੰ ਪੂਰਾ ਭਰੋਸਾ ਹੈ ਕਿ ਚਰਨ ਸਿੰਘ ਗਰੁੱਪ ਨੂੰ ਆਪਣੇ ਲੀਡਰਸ਼ਿਪ ਗੁਣਾਂ ਨਾਲ ਲੈ ਕੇ ਚੱਲਣਗੇ ਤੇ ਇੰਡਸਟਰੀ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਣਗੇ।ਇਸ ਮੌਕੇ ਸਨਮਾਨਤ ਕੀਤੇ ਜਾਣ ਤੋਂ ਬਾਅਦ ਚਰਨ ਸਿੰਘ ਨੇ ਉਪਰੋਕਤ ਦੋਵਾਂ ਆਮ ਆਦਮੀ ਪਾਰਟੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਸਨਮਾਨ ਨੂੰ ਹਮੇਸ਼ਾ ਯਾਦ ਰੱਖਣਗੇ ਤੇ ਐਸੋਸੀਏਸ਼ਨ ਦੀਆਂ ਜ਼ਿੰਮੇਵਾਰੀਆਂ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਹਰ ਸਮੱਸਿਆ ਨੂੰ ਹੱਲ ਕਰਨ ਦੀ ਕੋਸ਼ਿਸ਼ ਕਰੇਗਾ।

## ਕਾਤਰਾਂ

### ਚੋਰੀ ਦੇ ਮੋਟਰਸਾਈਕਲ ਸਮੇਤ ਚਾਰ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਮੰਡੀ ਚੌਕੀ ਦੀ ਪੁਲਸ ਵੱਲੋਂ ਚਾਰ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸਰਹਿੰਦ ਮੰਡੀ ਚੌਕੀ ਦੀ ਪੁਲਸ ਨੂੰ ਮੁਖਬਰੀ ਮਿਲੀ ਸੀ ਕਿ ਗੁਰਪ੍ਰੀਤ ਸਿੰਘ ਉਰਫ਼ ਗੱਗੂ ਤੇ ਜਸਕਰਨ ਸਿੰਘ ਉਰਫ਼ ਜੱਸਾ ਵਾਸੀਆਨ ਪਿੰਡ ਲਸੋਈ (ਮਾਲੇਰਕੋਟਲਾ) ਆਪਣੇ ਸਾਥੀਆਂ ਗਗਨਪ੍ਰੀਤ ਸਿੰਘ ਉਰਫ਼ ਗੱਗੂ ਵਾਸੀ ਸਰਹਿੰਦ ਤੇ ਗੁਰਜੋਤ ਸਿੰਘ ਉਰਫ਼ ਜੋਤੀ ਵਾਸੀ ਮੰਡੀ ਗੋਬਿੰਦਗੜ੍ਹ ਨਾਲ ਮਿਲੀਭੁਗਤ ਕਰਕੇ ਮੋਟਰਸਾਈਕਲ ਚੋਰੀ ਕਰਦੇ ਹਨ, ਜੋ ਕਿ ਇਸ ਸਮੇਂ ਇੱਕ ਚੋਰੀਸ਼ੁਦਾ ਮੋਟਰਸਾਈਕਲ ਨੂੰ ਵੇਚਣ ਦੀ ਫ਼ਿਰਾਕ ਵਿੱਚ ਚੋਰੇ ਵਾਲੇ ਪਾਰਕ ਵਿੱਚ ਬੈਠੇ ਹਨ, ਜਿਸ 'ਤੇ ਪੁਲਸ ਪਾਰਟੀ ਵੱਲੋਂ ਛਾਪੇਮਾਰੀ ਕਰਦੇ ਹੋਏ ਗੁਰਪ੍ਰੀਤ ਸਿੰਘ ਉਰਫ਼ ਗੱਗੂ, ਜਸਕਰਨ ਸਿੰਘ ਉਰਫ਼ ਜੱਸਾ, ਗਗਨਪ੍ਰੀਤ ਸਿੰਘ ਉਰਫ਼ ਗੱਗੂ ਤੇ ਗੁਰਜੋਤ ਸਿੰਘ ਉਰਫ਼ ਜੋਤੀ ਨਾਮਕ ਨੌਜਵਾਨਾਂ ਨੂੰ ਕਾਬੂ ਕਰ ਲਿਆ ਗਿਆ, ਜਿਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਚੋਰੀਸ਼ੁਦਾ ਸਪਲੈਂਡਰ ਮੋਟਰਸਾਈਕਲ ਬਰਾਮਦ ਹੋਣ 'ਤੇ ਚਾਰਾਂ ਨੂੰ ਇਸ ਸਬੰਧੀ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ।

### ਆਰਟ ਆਫ ਲਿਵਿੰਗ ਪਰਵਾਰ ਦੀ ਵਿਸ਼ੇਸ਼ ਮੀਟਿੰਗ

**ਜਗਰਾਉਂ (ਅਮਿਤ ਖੰਨਾ)**-ਆਰਟ ਆਫ ਲਿਵਿੰਗ ਜਗਰਾਉਂ ਪਰਵਾਰ ਦੀ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਸਾਵਣ ਮਹੀਨੇ ਦੇ ਪਵਿੱਤਰ ਅਵਸਰ 'ਤੇ 14 ਅਗਸਤ ਨੂੰ ਭਵਿਆ ਰੁਦਰ ਪੂਜਾ ਕਰਵਾਉਣ ਦਾ ਸਰਬਸੰਮਤੀ ਨਾਲ ਫ਼ੈਸਲਾ ਲਿਆ ਗਿਆ।ਸਾਰੇ ਮੈਂਬਰਾਂ ਨੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਦਿਵਿਆ ਆਯੋਜਨ ਨਾਲ ਜੋੜਨ ਦਾ ਸੰਕਲਪ ਲਿਆ।ਇਸ ਮੌਕੇ ਆਰਟ ਆਫ ਲਿਵਿੰਗ ਦੇ ਅਧਿਆਪਕ ਮੋਹਿਤ ਅਗਰਵਾਲ ਤੇ ਤਮੰਨਾ ਅਗਰਵਾਲ ਦੀ ਵਿਆਹ ਦੀ ਵਰ੍ਹੇਗੰਢ ਵੀ ਗੁਰੂ ਪੂਜਾ, ਧਿਆਨ ਤੇ ਭਗਤੀਮਈ ਸਤਸੰਗ ਨਾਲ ਖ਼ੁਸ਼ੀ-ਖ਼ੁਸ਼ੀ ਮਨਾਈ ਗਈ।ਸਭ ਨੇ ਗੁਰਦੇਵ ਅੱਗੇ ਅਰਦਾਸ ਕੀਤੀ ਕਿ ਉਨ੍ਹਾਂ 'ਤੇ ਆਪਣੀ ਕਿਰਪਾ ਬਣਾਈ ਰੱਖਣ ਅਤੇ ਉਹ ਸਮਾਜ ਸੇਵਾ ਦੇ ਇਸ ਕਾਰਜ ਨੂੰ ਇੰਝ ਹੀ ਅੱਗੇ ਵਧਾਉਂਦੇ ਰਹਿਣ।ਇਸ ਮੀਟਿੰਗ ਵਿੱਚ ਦੀਦੀ ਚੰਦਰ ਪ੍ਰਭਾ, ਮੋਹਿਤ ਅਗਰਵਾਲ, ਮਨਪ੍ਰੀਤ ਸਿੰਘ, ਮੁਨੀਸ਼ ਅਰੋੜਾ, ਬਲਰਾਮ ਬੰਸਲ, ਵਿਵੇਕ ਅਰੋੜਾ, ਪੰਕਜ ਗੋਇਲ, ਤਮੰਨਾ ਅਗਰਵਾਲ, ਸਿਮਰਨ, ਰੁਚਿਕਾ, ਮਮਤਾ, ਰਿਤੂ ਤੇ ਮੀਨੂ ਗ਼ਾਲਿਬ ਹਾਜ਼ਰ ਰਹੇ।

### ਪ੍ਰਚਾਰ ਵੈਨ ਦੌਲਾ ਤੇ ਪਿਉਰੀ ਵਿਖੇ ਪੁੱਜੀ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਜ਼ਿਲ੍ਹੇ ਦੇ ਬਲਾਕ ਗਿੱਦੜਬਾਹਾ ਦੇ ਪਿੰਡ ਦੌਲਾ ਤੇ ਪਿਉਰੀ ਵਿਖੇ ਪੁੱਜੀ।ਇਸ ਮੌਕੇ ਦੋਵੇਂ ਪਿੰਡਾਂ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ ਤੇ ਮਨੁੱਖਤਾ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਆਪਸੀ ਸਦਭਾਵਨਾ ਤੇ ਉਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਸੰਦੇਸ਼ 'ਤੇ ਅਧਾਰਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।ਹਾਜ਼ਰ ਲੋਕਾਂ ਨੇ ਇਸ ਡਾਕੂਮੈਂਟਰੀ ਨੂੰ ਬਹੁਤ ਸ਼ਰਧਾ ਤੇ ਰੁਚੀ ਨਾਲ ਦੇਖਿਆ ਤੇ ਗੁਰੂ ਸਾਹਿਬ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਵੀ ਲਿਆ।

# ਟਰੱਕ ਦੀ ਟੱਕਰ ਨਾਲ ਬਜ਼ੁਰਗ ਮਹਿਲਾ ਦੀ ਮੌਤ, ਪਤੀ ਗੰਭੀਰ ਜ਼ਖ਼ਮੀ

**ਡਰਾਈਵਰ ਟਰੱਕ ਸਮੇਤ ਪੁਲਸ ਵੱਲੋਂ ਗ੍ਰਿਫਤਾਰ**



**ਭਵਾਨੀਗੜ੍ਹ (ਰਾਜ ਖੁਰਮੀ)**-ਸਥਾਨਕ ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇ 'ਤੇ ਪਿੰਡ ਬਲਿਆਲ ਨੇੜੇ ਬੱਸ ਸਟੈਂਡ ਨੇੜੇ ਐਤਵਾਰ ਸਵੇਰੇ ਇੱਕ ਦਿਲ ਦਹਿਲਾ ਦੇਣ ਵਾਲਾ ਸੜਕ ਹਾਦਸਾ ਵਾਪਰਿਆ, ਜਿਸ ਵਿੱਚ ਇੱਕ ਬਜ਼ੁਰਗ ਮਹਿਲਾ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਸ ਦਾ ਪਤੀ ਗੰਭੀਰ ਜ਼ਖ਼ਮੀ ਹੋ ਗਿਆ।ਹਾਦਸੇ ਤੋਂ ਬਾਅਦ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਤੇ ਕੁਝ ਸਮੇਂ ਲਈ ਹਾਈਵੇ 'ਤੇ ਹਫੜਾ-ਦਫੜੀ ਦਾ ਮਾਹੌਲ ਬਣਿਆ ਰਿਹਾ।ਜਾਣਕਾਰੀ ਅਨੁਸਾਰ ਪਿੰਡ ਸੇਖਾ (ਜ਼ਿਲ੍ਹਾ ਬਰਨਾਲਾ) ਦੇ ਰਹਿਣ ਵਾਲੇ ਜਗਤਾਰ ਸਿੰਘ ਪੁੱਤਰ ਬਲਦੇਵ ਸਿੰਘ ਆਪਣੀ ਧਰਮ ਪਤਨੀ ਛਿੰਦਪਾਲ ਕੌਰ ਨਾਲ ਮੋਟਰਸਾਈਕਲ 'ਤੇ ਪਟਿਆਲਾ ਵੱਲ ਜਾ ਰਹੇ ਸਨ।ਜਦੋਂ ਉਹ ਭਵਾਨੀਗੜ੍ਹ ਦੇ ਨੇੜੇ ਪਹੁੰਚੇ ਤਾਂ ਪਿੱਛੇ ਤੋਂ ਆ ਰਹੇ ਇੱਕ ਟਰੱਕ ਨੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ।ਟੱਕਰ ਇੰਨੀ ਜ਼ਬਰਦਸਤ ਸੀ ਕਿ ਛਿੰਦਪਾਲ ਕੌਰ ਮੋਟਰਸਾਈਕਲ ਦੇ ਪਿੱਛੇ ਬੈਠੀ ਦੀ ਦਰਦਨਾਕ ਮੌਤ ਹੋ ਗਈ, ਜਦਕਿ ਜਗਤਾਰ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਰਾਹਗੀਰਾਂ ਦੀ ਮਦਦ ਨਾਲ ਜ਼ਖ਼ਮੀ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ, ਜਦਕਿ ਮ੍ਰਿਤਕਾ ਦੀ ਦੇਹ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ।ਹਾਦਸੇ ਦੀ ਸੂਚਨਾ ਮਿਲਦੇ ਹੀ ਐੱਸ ਐੱਸ ਐੱਫ ਦੇ ਕਾਂਸਟੇਬਲ ਬਲਵਿੰਦਰ ਸਿੰਘ ਆਪਣੀ ਟੀਮ ਸਮੇਤ ਮੌਕੇ 'ਤੇ ਪਹੁੰਚੇ ਤੇ ਸਥਿਤੀ ਨੂੰ ਕਾਬੂ ਕਰਦਿਆਂ ਜਾਂਚ ਸ਼ੁਰੂ ਕਰ ਦਿੱਤੀ।ਪੁਲਸ ਨੇ ਹਾਦਸੇ ਵਿੱਚ ਸ਼ਾਮਲ ਟਰੱਕ ਸਮੇਤ ਉਸ ਦੇ ਡਰਾਈਵਰ ਨੂੰ ਕਾਬੂ ਕਰ ਲਿਆ ਹੈ।ਮਾਮਲੇ ਸਬੰਧੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਇਸ ਦਰਦਨਾਕ ਹਾਦਸੇ ਕਾਰਨ ਪੂਰੇ ਇਲਾਕੇ ਸੋਗ ਦੀ ਲਹਿਰ ਫੈਲ ਗਈ।

# ਹਰਿਆਊ ਮਾਮਲੇ ਦੇ ਕੇਸ 'ਚੋਂ ਬਰੀ ਹੋਏ ਕਿਸਾਨਾਂ ਦਾ ਸਨਮਾਨ

**■ ਆਬਾਦਕਾਰ ਕਿਸਾਨਾਂ ਨੂੰ ਮਾਲਕੀ ਹੱਕ ਦਿਵਾਉਣ ਲਈ ਸੰਘਰਸ਼ ਜਾਰੀ ਰੱਖਣ ਦਾ ਅਹਿਦ ■ ਕਾਰਪੋਰੇਟੀ ਸਣੇ ਲੈਂਡ ਮਾਫੀਆ ਦੀ ਜ਼ਮੀਨ 'ਤੇ ਅੱਖ : ਡਾਕਟਰ ਦਰਸ਼ਨ ਪਾਲ**



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪਿੰਡ ਹਰਿਆਊ ਖੁਰਦ ਦੀ ਪੰਚਾਇਤੀ ਜ਼ਮੀਨ ਉੱਤੇ ਲੰਬੇ ਸਮੇਂ ਤੋਂ ਖੇਤੀ ਕਰਕੇ ਆਪਣੇ ਪਰਵਾਰਾਂ ਦਾ ਪੇਟ ਪਾਲਣ ਵਾਲੇ ਕਿਸਾਨਾਂ ਤੋਂ ਜ਼ਮੀਨ ਦਾ ਕਬਜ਼ਾ ਛੁਡਵਾਉਣ ਦੌਰਾਨ ਚੱਲੇ ਸੰਘਰਸ਼ ਦੇ ਮਾਮਲੇ ਵਿੱਚ ਜੇਲ੍ਹ ਜਾਣ ਵਾਲੇ ਸਮਾਨਤ 'ਤੇ ਚੱਲ ਰਹੇ ਵੱਖ-ਵੱਖ ਕਿਸਾਨ ਜਥੇਬੰਦੀਆਂ ਨਾਲ ਸੰਬੰਧਤ ਕਿਸਾਨ ਆਗੂਆਂ, ਸੰਘਰਸ਼ਸ਼ੀਲ ਕਿਸਾਨਾਂ ਤੇ ਸੰਘਰਸ਼ ਵਿੱਚ ਸਾਥ ਦੇਣ ਵਾਲਿਆਂ ਨੂੰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਵਿਸ਼ੇਸ਼ ਸਮਾਗਮ ਕਰਕੇ ਸਨਮਾਨਤ ਕੀਤਾ ਗਿਆ।ਇਸ ਦੌਰਾਨ ਸੰਘਰਸ਼ਸ਼ੀਲ ਕਿਸਾਨਾਂ ਵੱਲੋਂ ਗੁਰਦੁਆਰਾ ਸਾਹਿਬ ਹਰਿਆਊ ਖੁਰਦ ਵਿੱਚ ਸ਼ੁਕਰਾਨੇ ਦੀ ਅਰਦਾਸ ਕੀਤੀ ਗਈ।ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਡਾਕਟਰ ਦਰਸ਼ਨ ਪਾਲ ਨੇ ਦੱਸਿਆ ਕਿ 6 ਅਗਸਤ 2015 ਨੂੰ ਹਰਿਆਊ ਖੁਰਦ ਵਿਖੇ ਪੁਲਸ ਵੱਲੋਂ ਕੀਤੇ ਗਏ ਜਬਰ ਦੌਰਾਨ ਵੱਡੇ ਪੱਧਰ ਉੱਤੇ ਆਬਾਦਕਾਰ ਕਿਸਾਨਾਂ ਨੂੰ ਉਜਾੜਨ ਲਈ ਨਾ ਸਿਰਫ਼ ਲਾਠੀ ਚਾਰਜ ਕੀਤਾ, ਸਗੋਂ ਉਨ੍ਹਾਂ ਦੇ ਘਰਾਂ ਦੀ ਵੱਡੇ ਪੱਧਰ 'ਤੇ ਭੰਨਤੋੜ ਕੀਤੀ ਗਈ।ਇਸ ਕਬਜ਼ਾ ਕਾਰਵਾਈ ਦੌਰਾਨ ਸੰਘਰਸ਼ਸ਼ੀਲ ਕਿਸਾਨਾਂ ਸਮੇਤ ਵੱਖ ਵੱਖ ਜਥੇਬੰਦੀਆਂ ਨਾਲ ਸੰਬੰਧਤ 22 ਕਿਸਾਨ ਆਗੂਆਂ ਨੂੰ ਜੇਲ੍ਹ ਭੇਜ ਦਿੱਤਾ ਗਿਆ ਸੀ, ਇਸ ਦੌਰਾਨ ਕਿਸਾਨ ਜਥੇਬੰਦੀਆਂ ਵੱਲੋਂ ਲੜੇ ਘੋਲ ਸਦਕਾ ਕਿਸਾਨਾਂ ਨੂੰ ਉਸ ਸਮੇਂ ਜ਼ਮਾਨਤ 'ਤੇ ਛੱਡਿਆ ਗਿਆ ਸੀ, ਪਰ ਅਦਾਲਤੀ ਪ੍ਰਕਿਰਿਆ ਦੌਰਾਨ ਕੁਝ ਦਿਨ ਪਹਿਲਾਂ 11 ਸਾਲ ਬਾਅਦ ਕਿਸਾਨਾਂ ਨੂੰ ਬਾਇੱਜ਼ਤ ਬਰੀ ਕੀਤਾ ਗਿਆ ਹੈ।ਇਸ ਦੌਰਾਨ ਤਿੰਨ ਕਿਸਾਨ ਵਿਛੜਾ ਦੇ ਗਏ ਹਨ, ਜਿਸ ਕਰਕੇ ਉਨ੍ਹਾਂ ਦੇ ਪਰਵਾਰਾਂ ਦਾ ਸਨਮਾਨ ਕੀਤਾ ਗਿਆ ਹੈ।ਸਨਮਾਨ ਕਰਨ ਨੂੰ ਉਪਰੰਤ ਕਿਸਾਨ ਆਗੂ ਡਾਕਟਰ ਦਰਸ਼ਨਪਾਲ ਨੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਰਪੋਰੇਟਾਂ ਸਣੇ ਲੈਂਡ ਮਾਫੀਆ ਦੀ ਜ਼ਮੀਨ ਉਤੇ ਅੱਖ ਹੈ।ਜੰਗਲਾਤ ਵਿਭਾਗ ਦੀਆਂ ਜ਼ਮੀਨਾਂ, ਪੰਚਾਇਤੀ ਤੇ ਗਊ ਚਰਾਂਦਾਂ ਵਰਗੀਆਂ ਸਾਂਝੀਆਂ ਜ਼ਮੀਨਾਂ ਉੱਤੇ ਵੱਡੀਆਂ ਕੰਪਨੀਆਂ, ਰਾਜਨੀਤਕ ਲੀਡਰਾਂ ਤੇ ਪੁਲਸ ਅਫ਼ਸਰਾਂ ਵੱਲੋਂ ਕਬਜ਼ੇ ਕੀਤੇ ਜਾ ਰਹੇ ਹਨ।ਇਸ ਲਈ ਕਿਸਾਨਾਂ ਨੂੰ ਹਮੇਸ਼ਾ ਚੌਕਸ ਰਹਿਣਾ ਪਵੇਗਾ।ਉਨ੍ਹਾਂ ਆਬਾਦਕਾਰ ਕਿਸਾਨਾਂ ਨੂੰ ਮਾਲਕੀ ਹੱਕ ਦਵਾਉਣ ਲਈ ਸੰਘਰਸ਼ ਜਾਰੀ ਰੱਖਣ ਦਾ ਅਹਿਦ ਲੈਂਦਿਆਂ ਸੰਘਰਸ਼ ਜਾਰੀ ਰੱਖਣ ਦਾ ਸੱਦਾ ਦਿੱਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਹਰਿਆਊ, ਸਮਾਜ ਸੇਵੀ ਆਗੂ ਪਲਵਿੰਦਰ ਕੌਰ, ਐਡਵੋਕੇਟ ਰਾਜੀਵ ਲੋਹਟਬੱਧੀ, ਸਤਵੰਤ ਸਿੰਘ ਵਜੀਦਪੁਰ, ਪ੍ਰੋਫੈਸਰ ਬਾਵਾ ਸਿੰਘ ਆਦਿ ਹਾਜ਼ਰ ਸਨ।

# ਸਾਂਕ੍ਰਿਤਯਾਇਨ ਦੇ ਬੁੱਤ ਨੂੰ ਢਾਹੇ ਜਾਣ ਦੀ ਸੀ ਪੀ ਆਈ ਵੱਲੋਂ ਸਖ਼ਤ ਨਿੰਦਾ

**■ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾ ਦਿੱਤੀ ਜਾਵੇ**

**ਲੁਧਿਆਣਾ (ਐੱਮ ਐੱਸ ਭਾਟੀਆ)**-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਪੱਛਮੀ ਬੰਗਾਲ ਦੇ ਰਾਣੀਗੰਜ ਵਿਖੇ ਮਹਾਪੰਡਿਤ ਰਾਹੁਲ ਸਾਂਕ੍ਰਿਤਯਾਇਨ ਦੇ ਬੁੱਤ ਨੂੰ ਢਾਹੇ ਜਾਣ ਦੀ ਸਖ਼ਤ ਨਿੰਦਾ ਕਰਦੀ ਹੈ।ਸਾਂਕ੍ਰਿਤਯਾਇਨ ਭਾਰਤ ਦੇ ਸਭ ਤੋਂ ਮਹਾਨ ਵਿਦਵਾਨਾਂ, ਆਜ਼ਾਦੀ ਘੁਲਾਟੀਆਂ, ਮਾਰਕਸਵਾਦੀ ਚਿੰਤਕਾਂ ਤੇ ਜਨਤਕ ਬੁੱਧੀਜੀਵੀਆਂ ਵਿੱਚੋਂ ਇੱਕ ਸਨ।ਇਹ ਉਨ੍ਹਾਂ ਵਿਰੁੱਧ ਰਾਜਨੀਤਕ ਤੇ ਵਿਚਾਰਧਾਰਕ ਭੰਨਤੋੜ ਦਾ ਇੱਕ ਘਿਨਾਉਣਾ ਕੰਮ ਹੈ।ਰਾਹੁਲ ਸਾਂਕ੍ਰਿਤਯਾਇਨ ਨਾ ਸਿਰਫ਼ ਇੱਕ ਉੱਚ ਸਾਹਿਤਕ ਹਸਤੀ ਸਨ, ਸਗੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਇੱਕ ਪ੍ਰਸਿੱਧ ਨੇਤਾ ਵੀ ਸਨ।ਉਨ੍ਹਾਂ ਨੇ 1940 ਵਿੱਚ ਆਲ ਇੰਡੀਆ ਕਿਸਾਨ ਸਭਾ ਦੇ ਰਾਸ਼ਟਰੀ ਪ੍ਰਧਾਨ ਵਜੋਂ ਸੇਵਾ ਨਿਭਾਈ, ਜਿਸ ਨੇ ਕਿਸਾਨਾਂ, ਮਜ਼ਦੂਰਾਂ ਤੇ ਦੱਬੇ-ਕੁਚਲੇ ਲੋਕਾਂ ਦੇ ਸੰਘਰਸ਼ਾਂ ਲਈ ਆਪਣਾ ਜੀਵਨ ਸਮਰਪਤ ਕੀਤਾ।ਭਾਜਪਾ ਦੇ ਸ਼ਾਸਨ ਅਧੀਨ ਪੱਛਮੀ ਬੰਗਾਲ ਦੀ ਡਬਲ ਇੰਜਣ ਸਰਕਾਰ ਰੱਖਣ ਦਾ ਹੁੱਲੜਬਾਜ਼ੀ ਤੇ ਰਾਜਕ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ, ਜੋ ਅਤੀ ਨਿੰਦਣਯੋਗ ਹੈ।ਦੇਸ਼ ਵਿੱਚ ਪਹਿਲਾਂ ਹੀ ਘੱਟ ਗਿਣਤੀਆਂ ਖ਼ਿਲਾਫ਼ ਤੇ ਫ਼ਿਰਕੂ ਨਫ਼ਰਤ ਫੈਲਾਉਣ ਵਾਲਿਆਂ ਨੂੰ ਸਰਪ੍ਰਸਤੀ ਪ੍ਰਦਾਨ ਕੀਤੀ ਜਾ ਰਹੀ ਹੈ, ਜੋ ਇੱਕ ਚਿੰਤਾ ਦਾ ਵਿਸ਼ਾ ਹੈ।ਦੇਸ਼ ਭਰ ਵਿੱਚ, ਤਰਕਸ਼ੀਲ, ਧਰਮ ਨਿਰਪੱਖ ਤੇ ਖੱਬੇ-ਪੱਖੀ ਪ੍ਰਾਪਤਾਂ ਦੀ ਵਿਰਾਸਤ ਨੂੰ ਮਿਟਾਉਣ ਤੇ ਭਾਰਤ ਦੇ ਅਮੀਰ, ਬਹੁਲ ਤੇ ਪ੍ਰਗਤੀਸ਼ੀਲ ਇਤਿਹਾਸ ਨੂੰ ਇੱਕ ਤੰਗ ਫ਼ਿਰਕੂ ਬਿਰਤਾਂਤ ਨਾਲ ਬਦਲਣ ਦੀ ਇੱਕ ਯੋਜਨਾਬੱਧ ਕੋਸ਼ਿਸ਼ ਕੀਤੀ ਜਾ ਰਹੀ ਹੈ।ਰਾਹੁਲ ਸਾਂਕ੍ਰਿਤਯਾਇਨ ਦੇ ਬੁੱਤ 'ਤੇ ਹਮਲਾ ਇਸ ਖ਼ਤਰਨਾਕ ਵਿਚਾਰਧਾਰਕ ਪ੍ਰੋਜੈਕਟ ਦਾ ਹਿੱਸਾ ਹੈ ਤੇ ਇਸ ਨੂੰ ਉਸੇ ਸੰਦਰਭ ਵਿੱਚ ਦੇਖਿਆ ਜਾਣਾ ਚਾਹੀਦਾ ਹੈ। ਸੀਪੀਆਈ ਜ਼ਿਲ੍ਹਾ ਲੁਧਿਆਣਾ ਮੰਗ ਕਰਦੀ ਹੈ ਕਿ ਇਸ ਘਟਨਾ ਲਈ ਜ਼ਿੰਮੇਵਾਰ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਤੇ ਬਣਦੀ ਸਜ਼ਾ ਦਿੱਤੀ ਜਾਵੇ।ਪਾਰਟੀ ਇਹ ਵੀ ਮੰਗ ਕਰਦੀ ਹੈ ਕਿ ਬਿਨਾਂ ਕਿਸੇ ਦੇਰੀ ਦੇ ਬੁੱਤ ਦੀ ਮੁੜ ਬਹਾਲੀ ਕੀਤੀ ਜਾਵੇ।ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਜ਼ਿਲ੍ਹਾ ਸਹਾਇਕ ਸਕੱਤਰ ਚਮਕੌਰ ਸਿੰਘ, ਐੱਮ ਐੱਸ ਭਾਟੀਆ, ਡਾ. ਰਜਿੰਦਰ ਪਾਲ ਸਿੰਘ ਔਲਖ, ਡਾਕਟਰ ਅਰੁਣ ਮਿੱਤਰਾ, ਰਮੇਸ਼ ਰਤਨ, ਵਿਜੇ ਕੁਮਾਰ ਤੇ ਕੇਵਲ ਸਿੰਘ ਬਨਵੈਤ ਸ਼ਾਮਲ ਹਨ।

# ਪੰਜਾਬ ਭਰ 'ਚ ਐੱਲ ਏ ਡੀ ਸੀ ਖਿਲਾਫ ਵਕੀਲਾਂ ਦੀ ਹੜਤਾਲ ਜਾਰੀ



**ਮਾਨਸਾ (ਰੀਤਵਾਲ)**-ਲੀਗਲ ਏਡ ਡਿਫੈਂਸ ਕੌਂਸਲ (ਐੱਲ ਏ ਡੀ ਸੀ) ਨੀਤੀ ਦੇ ਵਿਰੋਧ ਵਿੱਚ ਪੰਜਾਬ ਭਰ ਦੇ ਵਕੀਲ ਭਾਈਚਾਰੇ ਵੱਲੋਂ ਜੁਆਇੰਟ ਐਕਸ਼ਨ ਕਮੇਟੀ ਦੇ ਸੱਦੇ 'ਤੇ ਅਣਮਿੱਥੇ ਸਮੇਂ ਲਈ ਹੜਤਾਲ ਚੱਲ ਰਹੀ ਹੈ, ਜਿਸ ਕਾਰਨ ਅਦਾਲਤੀ ਕੰਮਕਾਰ ਪੂਰੀ ਤਰ੍ਹਾਂ ਠੱਪ ਪਿਆ ਹੈ।ਇਹ ਹੜਤਾਲ ਕਈ ਦਿਨਾਂ ਤੋਂ ਲਗਾਤਾਰ ਜਾਰੀ ਹੈ ਤੇ ਬਾਰ ਐਸੋਸੀਏਸ਼ਨਾਂ ਨੇ ਪੂਰਨ ਬਾਈਕਾਟ ਦਾ ਐਲਾਨ ਕੀਤਾ ਹੋਇਆ ਹੈ।

ਵਕੀਲਾਂ ਦਾ ਇਲਜ਼ਾਮ ਹੈ ਕਿ ਸਰਕਾਰ ਦੀ ਇਹ ਨੀਤੀ ਅਪਰਾਧ ਤੇ ਅਪਰਾਧੀਆਂ ਨੂੰ ਸ਼ਹਿ ਦੇ ਰਹੀ ਹੈ, ਜਿਸ ਨਾਲ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ।ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਐਡਵੋਕੇਟ ਰਣਵੀਰ ਸਿੰਘ ਸੋਮਲ ਨੇ ਸਪੱਸ਼ਟ ਕੀਤਾ ਕਿ ਇਹ ਹੜਤਾਲ ਕਿਸੇ ਇੱਕ ਜ਼ਿਲ੍ਹੇ ਦੀ ਨਹੀਂ, ਸਗੋਂ ਪੂਰੇ ਪੰਜਾਬ ਦੀਆਂ ਬਾਰ ਐਸੋਸੀਏਸ਼ਨਾਂ ਵੱਲੋਂ ਸਾਂਝੇ ਤੌਰ 'ਤੇ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਮੁਫ਼ਤ ਕਾਨੂੰਨੀ ਸਹਾਇਤਾ ਗ਼ਰੀਬ ਤੇ ਲੋੜਵੰਦ ਲੋਕਾਂ ਨੂੰ ਮਿਲਣੀ ਚਾਹੀਦੀ ਹੈ, ਨਾ ਕਿ ਪੇਸ਼ੇਵਰ ਅਪਰਾਧੀਆਂ ਨੂੰ ਤੇ ਇਸ ਪਾਲਿਸੀ ਦੀਆਂ ਖ਼ਾਮੀਆਂ ਕਾਰਨ ਚੋਰੀ ਅਤੇ ਨਸ਼ਾ ਵੇਚਣ ਵਾਲੇ ਮੁਲਜ਼ਮ ਜੇਲ੍ਹ ਵਿੱਚੋਂ ਬਾਹਰ ਆ ਕੇ ਤੁਰੰਤ ਦੁਬਾਰਾ ਉਹੀ ਅਪਰਾਧ ਕਰਦੇ ਹਨ।ਉਨ੍ਹਾਂ ਕਿਹਾ ਕਿ ਮੰਗਾਂ ਨਾ ਮੰਨੇ ਜਾਣ ਤੱਕ ਸਾਡੀ ਹੜਤਾਲ ਜਾਰੀ ਰਹੇਗੀ।

# ਸਤਲੁਜ ਫਿਲਮ 'ਚ ਦਿਖਾਈਆਂ ਘਟਨਾਵਾਂ ਸਬੂਤਾਂ ਅਧਾਰਤ ਸੱਚ ਹਨ : ਅੱਗਰਵਾਲ

**■ ਜਸਵੰਤ ਸਿੰਘ ਖਾਲੜਾ ਦੀ ਜ਼ਿੰਦਗੀ ਨਾਲ ਜੁੜੀਆਂ ਅਹਿਮ ਸ਼ਖਸੀਅਤਾਂ ਮੋਗੇ ਪੁੱਜੀਆਂ**



**ਮੋਗਾ (ਇਕਬਾਲ ਸਿੰਘ ਖਹਿਰਾ)**
ਸਤਲੁਜ ਫਿਲਮ ਵਿੱਚ ਦਿਖਾਈਆਂ ਗਈਆਂ ਘਟਨਾਵਾਂ ਅਦਾਲਤ ਵਿੱਚ ਪੇਸ਼ ਹੋਏ ਸਬੂਤਾਂ 'ਤੇ ਅਧਾਰਤ ਸੱਚ ਹਨ, ਜੋ ਸੂਈ ਦੇ ਨੱਕੇ ਬਰਾਬਰ ਹਨ, ਅਸਲ ਸੱਚ ਪਤਾ ਕਰਨ ਦੀ ਸਰਕਾਰਾਂ, ਅਦਾਲਤਾਂ ਜਾਂ ਜਾਂਚ ਏਜੰਸੀਆਂ ਨੇ ਕੋਸ਼ਿਸ਼ ਹੀ ਨਹੀਂ ਕੀਤੀ। ਅਦਾਲਤ ਵਿੱਚ ਕੇਸ ਸਿਰਫ ਤਿੰਨ ਸ਼ਮਸ਼ਾਨ ਘਾਟਾਂ ਨੂੰ ਆਧਾਰ ਬਣਾ ਕੇ ਲੜਿਆ ਗਿਆ, ਹੋਰ ਸ਼ਮਸ਼ਾਨਘਾਟਾਂ ਜਾਂ ਨਹਿਰਾਂ ਵਿੱਚ ਵਹਾਈਆਂ ਲਾਸ਼ਾਂ ਦੀ ਕੋਈ ਜਾਂਚ ਨਹੀਂ ਹੋਈ, ਇਸ ਲਈ 25000 ਲਾਵਾਰਿਸ ਲਾਸ਼ਾਂ ਦੀ ਗਿਣਤੀ ਇੱਕ ਅੰਦਾਜ਼ਨ ਗਿਣਤੀ ਹੈ, ਅਸਲ ਗਿਣਤੀ ਇਸ ਤੋਂ ਵੱਧ ਜਾਂ ਘੱਟ ਹੋ ਸਕਦੀ ਹੈ।ਇਹ ਫਿਲਮ ਸਿਰਫ ਮਨੁੱਖੀ ਅਧਿਕਾਰਾਂ ਦੇ ਘਾਣ ਤੇ ਕੇਂਦਰਤ ਹੈ, ਕਿਸੇ ਵੀ ਧਰਮ ਦੇ ਹੱਕ ਜਾਂ ਵਿਰੋਧ ਵਿੱਚ ਪ੍ਰਚਾਰ ਨਹੀਂ ਕਰਦੀ, ਜਿਵੇਂ ਕੁੱਝ ਰਾਜਨੀਤਕ ਆਗੂਆਂ ਵੱਲੋਂ ਕਿਹਾ ਜਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਸਵੰਤ ਸਿੰਘ ਖਾਲੜਾ ਦਾ ਸੁਪਰੀਮ ਕੋਰਟ ਵਿੱਚ ਕੇਸ ਲੜਨ ਵਾਲੇ ਉੱਘੇ ਵਕੀਲ ਤੇ ਸਤਲੁਜ ਫਿਲਮ ਦੇ ਪਾਤਰ ਐਡ. ਅਸ਼ੋਕ ਅੱਗਰਵਾਲ ਨੇ ਗਿੱਲ ਪੈਲੇਸ ਵਿੱਚ ਸਿਵਲ ਸੁਸਾਇਟੀ ਮੋਗਾ ਵੱਲੋਂ ਆਪਸੀ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਕਰਵਾਏ ਗਏ ਸੰਪੋਜੀਅਮ ਵਿੱਚ ਪ੍ਰਗਟ ਕੀਤੇ। ਇਸ ਮੌਕੇ ਬੀਬੀ ਪਰਮਜੀਤ ਕੌਰ ਖਾਲੜਾ ਦੇ ਹਾਈਕੋਰਟ ਵਿੱਚ ਕੇਸ ਲੜਨ ਵਾਲੇ ਉਘੇ ਵਕੀਲ ਰਾਜਵਿੰਦਰ ਸਿੰਘ ਬੈਂਸ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਮੈਂ ਆਪਣੇ ਆਪ ਨੂੰ ਖੁਸ਼ਕਿਸਮਤ ਸਮਝਦਾ ਹਾਂ ਕਿ ਮੈਂ ਰਾਮ ਨਰਾਇਣ ਕੁਮਾਰ ਦੇ ਰੂਪ ਵਿੱਚ ਭਗਤ ਸਿੰਘ ਨੂੰ ਜਿਉਂਦੇ ਦੇਖਿਆ ਹੈ।ਮਨੁੱਖੀ ਅਧਿਕਾਰਾਂ ਤੇ ਸਭ ਤੋਂ ਵੱਧ ਕੰਮ ਕਰਨ ਵਾਲੇ ਗੁਲਸ਼ਨ ਕੁਮਾਰ ਤੇ ਉੱਘੇ ਵਕੀਲ ਰੰਜਨ ਲੱਖਣਪਾਲ ਦੇ ਬੇਟੇ ਦਾ ਵੀ ਕਤਲ ਕਰ ਦਿੱਤਾ ਗਿਆ ਸੀ।ਉਦੋਂ ਅਸੀਂ ਕਦੇ ਨਹੀਂ ਸੋਚਿਆ ਸੀ ਕਿ ਮਰਨ ਵਾਲਿਆਂ ਦੀ ਸੂਚੀ ਵਿੱਚ ਕਿਹੜੇ ਧਰਮ ਦੇ ਲੋਕ ਹਨ, ਪਰ ਅੱਜ ਜਦੋਂ ਫਿਰਕੂ ਲੀਡਰ ਸਵਾਲ ਚੁੱਕ ਰਹੇ ਹਨ ਤਾਂ ਸਾਡੇ ਲਈ ਰਾਹਤ ਵਾਲੀ ਗੱਲ ਹੈ ਕਿ ਇਸ ਸੂਚੀ ਵਿੱਚ ਸਭ ਧਰਮਾਂ ਦੇ ਲੋਕ ਸ਼ਾਮਲ ਹਨ, ਜਿਨ੍ਹਾਂ ਦੇ ਹੱਕਾਂ ਦੀ ਲੜਾਈ ਜਸਵੰਤ ਸਿੰਘ ਖਾਲੜਾ ਤੇ ਰਾਮ ਨਰਾਇਣ ਕੁਮਾਰ ਨੇ ਲੜੀ।ਉੱਘੇ ਪੱਤਰਕਾਰ ਹਮੀਰ ਸਿੰਘ ਨੇ ਕਿਹਾ ਕਿ ਵਧੀਆ ਕੋਸ਼ਿਸ਼ ਕਰਨ ਲਈ ਸਿਵਲ ਸੁਸਾਇਟੀ ਮੋਗਾ ਵਧਾਈ ਦੀ ਪਾਤਰ ਹੈ।ਉਨ੍ਹਾਂ ਦੱਸਿਆ ਕਿ ਖਾਲੜਾ ਕਿਸੇ ਇੱਕ ਘਟਨਾ ਤੋਂ ਪ੍ਰਭਾਵਿਤ ਹੋ ਕੇ ਸੰਘਰਸ਼ ਵਿੱਚ ਨਹੀਂ ਕੁੱਦਿਆ ਸੀ, ਬਲਕਿ 1982-83 ਵਿੱਚ ਬੈਂਕ ਦੀ ਨੌਕਰੀ ਛੱਡ ਕੇ ਉਹ ਲਗਾਤਾਰ ਮਨੁੱਖੀ ਅਧਿਕਾਰਾਂ 'ਤੇ ਕੰਮ ਕਰਦਾ ਹੋਇਆ ਕਰੀਬ 10 ਵਾਰ ਜੇਲ੍ਹ ਗਿਆ।

ਈ ਡੀ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਨੇ ਕਿਹਾ ਕਿ ਅਪਰਾਧੀ ਲੋਕਾਂ ਦੀ ਅਸਲ ਜਗ੍ਹਾ ਜੇਲ੍ਹ ਹੈ, ਪਰ ਦੁੱਖ ਦੀ ਗੱਲ ਹੈ ਕਿ ਅੱਜ ਰਾਜਨੀਤੀ ਦੀ ਮਿਹਰਬਾਨੀ ਨਾਲ ਜੇਲ੍ਹਾਂ ਵਿੱਚ ਬੇਗੁਨਾਹਾਂ ਤੇ ਸਮਾਜ ਵਿੱਚ ਗੁਨਾਹਗਾਰਾਂ ਦੀ ਗਿਣਤੀ ਦਿਨੋਂ ਦਿਨ ਵਧ ਰਹੀ ਹੈ।ਉਨ੍ਹਾਂ ਕਿਹਾ ਕਿ ਸਾਨੂੰ ਜਸਵੰਤ ਸਿੰਘ ਖਾਲੜਾ ਵਰਗੇ ਜ਼ਿੰਮੇਵਾਰ ਨਾਗਰਿਕ ਬਨਣ ਦੀ ਲੋੜ ਹੈ, ਪਰ ਅਫ਼ਸੋਸ ਜ਼ਿਆਦਾਤਰ ਤੁਰਦੀਆਂ ਫਿਰਦੀਆਂ ਲਾਸ਼ਾਂ ਹਨ।ਐਡਵਾਈਜ਼ਰ ਅਜੇ ਗੋਰਾ ਸੂਦ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਸਭ ਧਰਮਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਫਿਲਮ ਨੂੰ ਦੇਖ ਕੇ ਭਰਮ ਭੁਲੇਖੇ ਦੂਰ ਕੀਤੇ ਜਾਣ ਤੇ ਆਪਸੀ ਸਦਭਾਵਨਾ ਮਜ਼ਬੂਤ ਕੀਤੀ ਜਾਵੇ ਤਾਂ ਜੋ ਰਾਜਨੀਤਕ ਲੋਕ ਸਾਡੀਆਂ ਭਾਵਨਾਵਾਂ ਨਾਲ ਖੇਡ ਕੇ ਵੋਟਾਂ ਬਟੋਰਨ ਵਿੱਚ ਕਾਮਯਾਬ ਨਾ ਹੋ ਸਕਣ।ਸਮਾਗਮ ਦੇ ਅੰਤ ਵਿੱਚ ਉਕਤ ਮਹਿਮਾਨਾਂ ਨੇ ਜਸਵੰਤ ਸਿੰਘ ਖਾਲੜਾ ਤੇ ਰਾਮ ਨਰਾਇਣ ਕੁਮਾਰ ਦੀ ਇੱਕ ਸੰਯੁਕਤ ਤਸਵੀਰ ਜਾਰੀ ਕੀਤੀ ਅਤੇ ਸਭ ਹਾਜ਼ਰੀਨ ਨੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਇਸ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਮੰਚ ਸੰਚਾਲਨ ਪ੍ਰੋ. ਪੀ ਐੱਸ ਭੋਗਲ ਨੇ ਕੀਤਾ।

# ਡੀ ਸੀ ਪੂਨਮਦੀਪ ਕੌਰ ਨਾਲ ਚਰਨਜੀਤ ਚੰਨੀ ਦੀ ਅਹਿਮ ਮੀਟਿੰਗ

**ਸੈਨੀਟੇਸ਼ਨ ਤੋਂ ਲੈ ਕੇ ਪਾਰਕਾਂ, ਰਣਬੀਰ ਕਲੱਬ ਤੇ ਵਿਕਾਸ ਕਾਰਜਾਂ ਦੇ ਮੁੱਦੇ ਚੁੱਕੇ**

**ਸੰਗਰੂਰ (ਪ੍ਰਵੀਨ ਸਿੰਘ)**-ਆਮ ਆਦਮੀ ਪਾਰਟੀ ਦੇ ਸੀਨੀਅਰ ਨੌਜਵਾਨ ਆਗੂ ਚਰਨਜੀਤ ਸਿੰਘ ਚੰਨੀ ਨੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨਾਲ ਵਿਸ਼ੇਸ਼ ਮੀਟਿੰਗ ਕਰਕੇ ਸ਼ਹਿਰ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਜਨਤਕ ਸਮੱਸਿਆਵਾਂ ਤੇ ਵਿਕਾਸ ਨਾਲ ਜੁੜੇ ਅਹਿਮ ਮੁੱਦਿਆਂ ਨੂੰ ਵਿਸਥਾਰ ਨਾਲ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ।ਮੀਟਿੰਗ ਦੌਰਾਨ ਸ਼ਹਿਰ ਵਿੱਚ ਸਫ਼ਾਈ ਪ੍ਰਬੰਧ, ਵਿਕਾਸ ਕਾਰਜਾਂ ਦੀ ਧੀਮੀ ਰਫ਼ਤਾਰ, ਪਾਰਕਾਂ ਦੀ ਮਾੜੀ ਹਾਲਤ, ਮੇਨ ਬਾਜ਼ਾਰ ਵਾਲੀ ਸੜਕ ਬੱਸ ਸਟੈਂਡ ਤੋਂ ਲੈ ਕੇ ਕ੍ਰਿਸ਼ਨਾ ਬੁੱਕ ਡਿੱਪੂ ਤੱਕ ਤੇ ਲੋਕਾਂ ਨੂੰ ਦਰਪੇਸ਼ ਹੋਰ ਬੁਨਿਆਦੀ ਮੁਸ਼ਕਲਾਂ ਬਾਰੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਸਾਰੇ ਮੁੱਦਿਆਂ ਨੂੰ ਧਿਆਨ ਨਾਲ ਸੁਣਿਆ ਤੇ ਭਰੋਸਾ ਦਿਵਾਇਆ ਕਿ ਲੋਕ ਹਿੱਤ ਨਾਲ ਜੁੜੇ ਕਿਸੇ ਵੀ ਕੰਮ ਵਿੱਚ ਬੇਲੋੜੀ ਦੇਰੀ ਨਹੀਂ ਹੋਣ ਦਿੱਤੀ ਜਾਵੇਗੀ।ਉਨ੍ਹਾਂ ਮੌਕੇ 'ਤੇ ਹੀ ਵਧੀਕ ਡਿਪਟੀ ਕਮਿਸ਼ਨਰ (ਏਡੀਸੀ) ਨੂੰ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਲੰਬਿਤ ਵਿਕਾਸ ਕਾਰਜਾਂ ਤੇ ਸਫ਼ਾਈ ਨਾਲ ਸੰਬੰਧਤ ਸਮੱਸਿਆਵਾਂ ਦਾ ਜਲਦ ਹੱਲ ਯਕੀਨੀ ਬਣਾਉਣ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ।ਮੀਟਿੰਗ ਤੋਂ ਬਾਅਦ ਚੰਨੀ ਨੇ ਕਿਹਾ ਕਿ ਉਹ ਸ਼ਹਿਰ ਵਾਸੀਆਂ ਦੀ ਹਰ ਸਮੱਸਿਆ ਨੂੰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਂਦੇ ਰਹਿਣਗੇ ਤੇ ਜਦੋਂ ਤੱਕ ਹਰ ਵਾਰਡ ਵਿੱਚ ਸਫ਼ਾਈ, ਵਿਕਾਸ ਤੇ ਬੁਨਿਆਦੀ ਸਹੂਲਤਾਂ ਯਕੀਨੀ ਨਹੀਂ ਬਣਦੀਆਂ, ਉਦੋਂ ਤੱਕ ਉਨ੍ਹਾਂ ਦੀ ਕੋਸ਼ਿਸ਼ ਲਗਾਤਾਰ ਜਾਰੀ ਰਹੇਗੀ।ਉਨ੍ਹਾਂ ਭਰੋਸਾ ਜਤਾਇਆ ਕਿ ਪ੍ਰਸ਼ਾਸਨ ਦੇ ਸਹਿਯੋਗ ਨਾਲ ਸ਼ਹਿਰ ਦੀਆਂ ਲੰਬੇ ਸਮੇਂ ਤੋਂ ਲਟਕੀਆਂ ਸਮੱਸਿਆਵਾਂ ਦਾ ਜਲਦ ਹੱਲ ਹੋਵੇਗਾ ਤੇ ਲੋਕਾਂ ਨੂੰ ਰਾਹਤ ਮਿਲੇਗੀ।ਇਸ ਮੌਕੇ ਉਨ੍ਹਾਂ ਨੇ ਇਹ ਸਾਰੀਆਂ ਸਮੱਸਿਆਵਾਂ ਨੂੰ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੱਕ ਪਹੁੰਚਾ ਕੇ ਹੱਲ ਕਰਾਉਣ ਦਾ ਵੀ ਭਰੋਸਾ ਦਿੱਤਾ।

# ਸੋਨਮ ਵਾਂਗਚੁੱਕ ਨੂੰ ਭੁੱਖ ਹੜਤਾਲ ਤੋਂ ਚੁੱਕਣ ਲਈ ਸਰਕਾਰ ਦੀ ਨਿਖੇਧੀ

**ਸਫਾਈ ਕਰਮਚਾਰੀਆਂ ਦੀ ਰਾਜ ਵਿਆਪੀ ਹੜਤਾਲ ਦੀ ਹਮਾਇਤ**



**ਲੁਧਿਆਣਾ (ਰੈਕਟਰ ਕਥੂਰੀਆ)**-ਯੂਨਾਈਟਡ ਫਰੰਟ ਆਫ ਟਰੇਡ ਯੂਨੀਅਨਜ਼ ਲੁਧਿਆਣਾ ਵੱਲੋਂ ਗੁਰਜੀਤ ਸਿੰਘ ਜਗਪਾਲ ਦੀ ਪ੍ਰਧਾਨਗੀ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਜੰਤਰ ਮੰਤਰ ਦਿੱਲੀ ਵਿਖੇ ਸਿੱਖਿਆ ਵਿੱਚ ਸੁਧਾਰਾਂ ਨੂੰ ਲੈ ਕੇ ਤੇ ਨੀਟ ਦਾ ਪੇਪਰ ਲੀਕ ਹੋਣ ਤੋਂ ਬਾਅਦ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕਰ ਰਹੇ ਵਿਦਿਆਰਥੀਆਂ ਦੇ ਨਾਲ ਭੁੱਖ ਹੜਤਾਲ 'ਤੇ ਬੈਠੇ ਸਮਾਜਿਕ ਕਾਰਕੁਨ ਸੋਨਮ ਵਾਂਗਚੁੱਕ ਨੂੰ ਧੱਕੇ ਨਾਲ ਦਿੱਲੀ ਪੁਲਸ ਵੱਲੋਂ ਚੁੱਕਣ ਦੀ ਸਖਤ ਨਿਖੇਧੀ ਕੀਤੀ ਗਈ ਤੇ ਮੰਗ ਕੀਤੀ ਗਈ ਕਿ ਸਰਕਾਰ ਗੱਲਬਾਤ ਕਰਕੇ ਭੁੱਖ ਹੜਤਾਲ 'ਤੇ ਬੈਠੇ ਵਿਦਿਆਰਥੀਆਂ ਦੀਆਂ ਮੰਗਾਂ ਮੰਨੇ ਤੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਲਵੇ। ਮੀਟਿੰਗ ਵਿੱਚ ਪੰਜਾਬ ਦੇ ਸਫਾਈ ਸੇਵਕਾਂ ਵੱਲੋਂ ਜਾਰੀ ਹੜਤਾਲ ਦੀ ਹਮਾਇਤ ਕੀਤੀ ਗਈ ਤੇ ਪੰਜਾਬ ਸਰਕਾਰ ਤੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਤੁਰੰਤ ਮੰਨਣ ਦੀ ਮੰਗ ਕੀਤੀ ਗਈ।

ਮਨਰੇਗਾ ਕਰਮਚਾਰੀਆਂ 'ਤੇ ਹੋਏ ਲਾਠੀਚਾਰਜ ਦੀ ਸਖਤ ਨਿਖੇਧੀ ਕੀਤੀ ਗਈ।ਇਸੇ ਤਰ੍ਹਾਂ ਪੰਜਾਬ ਵਿੱਚ ਵੱਖ-ਵੱਖ ਅਦਾਰਿਆਂ ਦੇ ਕਰਮਚਾਰੀਆਂ ਵੱਲੋਂ ਚੱਲ ਰਹੇ ਸੰਘਰਸ਼ਾਂ ਦੀ ਹਮਾਇਤ ਕੀਤੀ ਗਈ ਤੇ ਸਰਕਾਰ ਦੇ ਨਾ-ਪੱਖੀ ਰਵੱਈਏ ਲਈ ਆਲੋਚਨਾ ਕੀਤੀ ਗਈ।ਕਾਮਰੇਡ ਜਗਦੀਸ਼ ਚੰਦ ਨੂੰ ਸੀਟੀਯੂ ਪੰਜਾਬ ਦੇ ਪ੍ਰਧਾਨ ਚੁਣੇ ਜਾਣ ਤੇ ਮੁਬਾਰਕਬਾਦ ਦਿੱਤੀ ਗਈ।ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੇ ਕਿਸਾਨ ਆਗੂ ਪ੍ਰੇਮ ਸਿੰਘ ਗਹਲੋਤ ਦੀ ਮੌਤ 'ਤੇ ਸ਼ੋਕ ਪ੍ਰਗਟ ਕੀਤਾ ਗਿਆ।ਮੀਟਿੰਗ ਵਿੱਚ ਪ੍ਰਧਾਨ ਮੰਤਰੀ ਮੋਦੀ ਦੇ ਪੰਜਾਬ ਦੌਰੇ ਨੂੰ ਇੱਕ ਅਸਫਲ ਦੌਰਾ ਕਰਾਰ ਦਿੱਤਾ ਗਿਆ।

# ਭਾਰਤ-ਅਮਰੀਕਾ ਟੈਕਸ ਮੁਕਤ ਵਪਾਰ ਸਮਝੌਤਾ ਕਿਸਾਨਾਂ ਲਈ ਘਾਤਕ : ਐੱਸ ਕੇ ਐੱਮ

**■ 22 ਨੂੰ ਭਾਜਪਾ ਆਗੂਆਂ ਦੇ ਘਰਾਂ ਅੱਗੇ ਦਿੱਤੇ ਜਾਣਗੇ ਰੋਸ ਧਰਨੇ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਅਹਿਮ ਮੀਟਿੰਗ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਹਰਪ੍ਰੀਤ ਸਿੰਘ ਗੋਨੇਆਣਾ ਤੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਦੇ ਸਾਂਝੇ ਪ੍ਰਧਾਨਗੀ ਮੰਡਲ ਹੇਠ ਸ਼ਹੀਦ ਭਾਈ ਮਹਾਂ ਸਿੰਘ ਦਿਵਾਨ ਹਾਲ ਵਿਖੇ ਹੋਈ।ਮੀਟਿੰਗ ਵਿੱਚ ਭਾਰਤ ਤੇ ਅਮਰੀਕਾ ਦਰਮਿਆਨ ਹੋਏ ਟੈਕਸ ਮੁਕਤ ਵਪਾਰ ਸਮਝੌਤੇ ਖਿਲਾਫ ਪੂਰੇ ਪੰਜਾਬ ਵਿੱਚ ਬੀ ਜੇ ਪੀ ਦੇ ਆਗੂਆਂ ਦੇ ਘਰਾਂ ਅੱਗੇ ਦਿੱਤੇ ਜਾਣ ਵਾਲੇ ਧਰਨੇ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਬੀ ਕੇ ਯੂ ਲੱਖੋਵਾਲ (ਟਿਕੈਤ) ਦੇ ਜ਼ਿਲ੍ਹਾ ਪ੍ਰਧਾਨ ਰੁਪਿੰਦਰ ਸਿੰਘ ਡੋਹਕ, ਬੀ.ਕੇ.ਯੂ. ਡਕੌਂਦਾ (ਬੁਰਜ ਗਿੱਲ) ਦੇ ਜ਼ਿਲ੍ਹਾ ਪ੍ਰਧਾਨ ਜੱਥੇਦਾਰ ਪੂਰਨ ਸਿੰਘ ਵੱਟੂ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ, ਬੀ.ਕੇ.ਯੂ. ਕਾਦੀਆਂ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਥੇਦਾਰ ਨਿਰਮਲ ਸਿੰਘ ਸੰਗੂਧੌਣ, ਪੰਜਾਬ ਕਿਸਾਨ ਯੂਨੀਅਨ ਦੇ ਬੁਲਾਰੇ ਜਰਨੈਲ ਸਿੰਘ ਰੋੜਾਂਵਾਲਾ, ਕੁੱਲ ਹਿੰਦ ਕਿਸਾਨ ਸਭਾ (ਅਜੇ ਭਵਨ) ਜ਼ਿਲ੍ਹਾ ਪ੍ਰਧਾਨ ਚਰਨਜੀਤ ਸਿੰਘ ਵਣਵਾਲਾ ਨੇ ਕਿਹਾ ਕਿ ਭਾਰਤ ਤੇ ਅਮਰੀਕਾ ਦਰਮਿਆਨ ਹੋਣ ਵਾਲਾ ਟੈਕਸ ਮੁਕਤ ਵਪਾਰ ਸਮਝੌਤਾ ਭਾਰਤੀ ਖੇਤੀਬਾੜੀ, ਸਰਕਾਰੀ ਮੰਡੀ ਪ੍ਰਣਾਲੀ ਤੇ ਦੇਸ਼ ਦੀ ਖੁਰਾਕੀ ਸੁਰੱਖਿਆ ਲਈ ਗੰਭੀਰ ਖਤਰਾ ਹੈ।ਉਨ੍ਹਾਂ ਕਿਹਾ ਕਿ ਇਹ ਸਮਝੌਤੇ ਦਾ ਅਸਲ ਮਕਸਦ ਸਰਮਾਏਦਾਰ ਤੇ ਵਿਕਸਿਤ ਦੇਸ਼ਾਂ ਦੇ ਵਾਧੂ ਖੇਤੀ ਉਤਪਾਦ ਨੂੰ ਭਾਰਤ ਦੀ ਮੰਡੀ ਵਿੱਚ ਲਿਆ ਕੇ ਖਪਾਉਣਾ ਹੈ, ਜਿਸ ਨਾਲ ਦੇਸ਼ ਦੇ ਕਰੋੜਾਂ ਕਿਸਾਨਾਂ, ਖੇਤ ਮਜ਼ਦੂਰਾਂ ਤੇ ਛੋਟੇ ਵਪਾਰੀਆਂ ਦੀ ਰੋਜ਼ੀ ਰੋਟੀ ਪ੍ਰਭਾਵਿਤ ਹੋਵੇਗੀ। ਉਨ੍ਹਾਂ ਕਿਹਾ ਕਿ ਜੇ ਇਹ ਸਮਝੌਤਾ ਲਾਗੂ ਹੋਇਆ ਤਾਂ ਸਰਕਾਰੀ ਖਰੀਦ ਪ੍ਰਣਾਲੀ, ਘੱਟੋ ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਤੇ ਮੰਡੀ ਸਿਸਟਮ ਨੂੰ ਵੱਡਾ ਝਟਕਾ ਲੱਗੇਗਾ, ਜਿਸ ਦੇ ਨਤੀਜੇ ਵਜੋਂ ਕਿਸਾਨ ਹੋਰ ਵੱਡੇ ਆਰਥਿਕ ਸੰਕਟ ਵਿੱਚ ਧੱਕੇ ਜਾਣਗੇ।ਇਸ ਮੌਕੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਚੋਂ ਪੰਜਾਬ ਦੀ ਨੁਮਾਇੰਦਗੀ ਖਤਮ ਕਰਨ ਦੀ ਸਖਤ ਨਿੰਦਾ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਇਹ ਪੰਜਾਬ ਦੇ ਦਰਿਆਈ ਪਾਣੀਆਂ ਤੇ ਸੂਬੇ ਦੇ ਸੰਵਿਧਾਨਕ ਅਧਿਕਾਰਾਂ 'ਤੇ ਸਿੱਧਾ ਹਮਲਾ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਦੀ ਲੈਂਡ ਪੂਲਿੰਗ ਪੌਲਸੀ ਕਿਸਾਨਾਂ ਦੀ ਜ਼ਮੀਨ 'ਤੇ ਕਾਰਪੋਰੇਟ ਕੰਪਨੀਆਂ ਦਾ ਕਬਜ਼ਾ ਕਰਵਾਉਣ ਵੱਲ ਖਤਰਨਾਕ ਕਦਮ ਹੈ।ਇਸ ਨੀਤੀ ਨੂੰ ਕਿਸੇ ਵੀ ਕੀਮਤ 'ਤੇ ਸਫਲ ਨਹੀਂ ਹੋਣ ਦਿੱਤਾ ਜਾਵੇਗਾ।ਇਸ ਕਰਕੇ ਫਰੀ ਟਰੇਡ ਐਗਰੀਮੈਂਟ ਦੇ ਵਿਰੋਧ ਵਿੱਚ 22 ਜੁਲਾਈ ਨੂੰ ਪੂਰੇ ਪੰਜਾਬ ਵਿੱਚ ਭਾਜਪਾ ਆਗੂਆਂ ਦੇ ਘਰਾਂ ਅੱਗੇ ਤਿੰਨ ਘੰਟੇ ਲਈ ਰੋਸ ਧਰਨੇ ਦਿੱਤੇ ਜਾਣਗੇ ਤੇ ਟੋਲ ਪਲਾਜੇ ਫਰੀ ਕੀਤੇ ਜਾਣਗੇ।ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਮਾਸਟਰ ਬਲਵਿੰਦਰ ਸਿੰਘ ਥਾਂਦੇਵਾਲਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਫਰੀ ਟਰੇਡ ਐਗਰੀਮੈਂਟ ਦੇ ਵਿਰੋਧ ਵਿੱਚ ਭਾਜਪਾ ਦੇ ਸੀਨੀਅਰ ਆਗੂ ਭਾਈ ਰਾਹੁਲ ਸਿੰਘ ਸਿੱਧੂ ਦੀ ਕੋਠੀ ਅੱਗੇ ਰੋਸ ਧਰਨਾ ਦਿੱਤਾ ਜਾਵੇਗਾ ਅਤੇ ਸੰਯੁਕਤ ਕਿਸਾਨ ਮੋਰਚਾ ਬਲਾਕ ਮਲੋਟ ਤੇ ਬਲਾਕ ਲੰਬੀ ਵੱਲੋਂ ਅਬੁਲ ਖੁਰਾਣਾ ਟੋਲ ਪਲਾਜਾ ਤਿੰਨ ਘੰਟੇ ਲਈ ਫਰੀ ਕੀਤਾ ਜਾਵੇਗਾ।ਇਸ ਮੌਕੇ ਜਥੇਦਾਰ ਗੁਰਮੀਤ ਸਿੰਘ ਲੰਬੀ ਢਾਬ, ਜਸਕਰਨ ਸਿੰਘ ਬੂੜਾ ਗੁੱਜਰ, ਬਲਦੇਵ ਸਿੰਘ ਹਰੀਕੇ ਕਲਾਂ, ਅਮਨਦੀਪ ਸਿੰਘ ਹਰੀ ਕੇ ਕਲਾਂ, ਅਜੈਬ ਸਿੰਘ ਕੋਠੇ ਦਾਨਗੜ ਵਾਲੇ ਮੱਲਣ, ਨਰਿੰਦਰ ਸਿੰਘ ਵਣਵਾਲਾ, ਜਸਵਿੰਦਰ ਸਿੰਘ ਵਣਵਾਲਾ ਆਦਿ ਕਿਸਾਨ ਆਗੂ ਹਾਜ਼ਰ ਸਨ।

# ਪੀ ਜੀ ਆਈ ਦੇ ਉੱਪ-ਨਿਰਦੇਸ਼ਕ ਪੰਕਜ ਰਾਏ ਐਕਸੀਲੈਂਸ ਐਵਾਰਡ ਨਾਲ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**
ਪੀਜੀਆਈ ਚੰਡੀਗੜ੍ਹ ਦੇ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਪੰਕਜ ਰਾਏ ਆਈਏਐੱਸ ਨੂੰ ਮੀਡੀਆ ਫੈਡਰੇਸ਼ਨ ਆਫ ਇੰਡੀਆ ਪਬਲਿਕ ਰਿਲੇਸ਼ਨਜ਼ ਕੌਂਸਲ ਆਫ ਇੰਡੀਆ ਐਕਸੀਲੈਂਸ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਪੀਐੱਚਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਚੰਡੀਗੜ੍ਹ ਵਿਖੇ ਆਯੋਜਿਤ 7ਵੇਂ ਐਂਟਰਪ੍ਰਿਨਿਊਰ ਐਂਡ ਅਚੀਵਰ ਐਵਾਰਡਜ਼ 2026 ਸਮਾਰੋਹ ਦੌਰਾਨ ਪ੍ਰਦਾਨ ਕੀਤਾ ਗਿਆ।ਇਹ ਐਵਾਰਡ ਹਰਿਆਣਾ ਸਰਕਾਰ ਦੇ ਉਦਯੋਗ ਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ ਵੱਲੋਂ ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਸੁਸ਼੍ਰੀ ਅਲਬਾ ਸਮੇਰੀਗਲਿਓ, ਜੋ ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਮੌਜੂਦ ਸਨ, ਦੀ ਹਾਜ਼ਰੀ ਵਿੱਚ ਭੇਟ ਕੀਤਾ ਗਿਆ।ਮੀਡੀਆ ਫੈਡਰੇਸ਼ਨ ਆਫ ਇੰਡੀਆ ਤੇ ਪਬਲਿਕ ਰਿਲੇਸ਼ਨਜ਼ ਕੌਂਸਲ ਆਫ ਇੰਡੀਆ ਚੰਡੀਗੜ੍ਹ ਚੈਪਟਰ ਵੱਲੋਂ ਸਾਂਝੇ ਤੌਰ 'ਤੇ ਆਯੋਜਿਤ ਇਸ ਸਮਾਗਮ ਵਿੱਚ ਸਰਕਾਰ, ਉਦਯੋਗ, ਮੀਡੀਆ, ਅਕਾਦਮਿਕ ਜਗਤ ਤੇ ਲੋਕ ਸੰਪਰਕ ਖੇਤਰ ਦੀਆਂ ਪ੍ਰਮੁੱਖ ਹਸਤੀਆਂ ਨੇ ਸ਼ਿਰਕਤ ਕੀਤੀ ਤੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਦਾ ਸਨਮਾਨ ਕੀਤਾ ਗਿਆ।

ਪੀਜੀਆਈ ਚੰਡੀਗੜ੍ਹ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਇਹ ਵੱਕਾਰੀ ਸਨਮਾਨ ਪੰਕਜ ਰਾਏ ਦੀ ਅਸਾਧਾਰਣ ਅਗਵਾਈ, ਲੋਕ ਸੇਵਾ ਪ੍ਰਤੀ ਅਟੱਲ ਸਮਰਪਣ ਤੇ ਪ੍ਰਸ਼ਾਸਨਕ ਉੱਤਮਤਾ ਲਈ ਨਿਰੰਤਰ ਯਤਨਾਂ ਦੀ ਯੋਗ ਮਾਨਤਾ ਹੈ।ਉਨ੍ਹਾਂ ਦੀ ਦੂਰਦਰਸ਼ੀ ਸੋਚ ਨੇ ਪ੍ਰੋਜੈਕਟ 'ਸਾਰਥੀ' ਵਰਗੀਆਂ ਮਰੀਜ਼-ਕੇਂਦਰਿਤ ਪਹਿਲਕਦਮੀਆਂ ਰਾਹੀਂ ਪੀਜੀਆਈ ਦੇ ਪ੍ਰਸ਼ਾਸਨ ਨੂੰ ਨਵੀਂ ਦਿਸ਼ਾ ਦਿੱਤੀ ਹੈ, ਜੋ ਸੰਵੇਦਨਸ਼ੀਲ ਤੇ ਭਾਗੀਦਾਰ ਸਿਹਤ ਸੇਵਾਵਾਂ ਲਈ ਇੱਕ ਮਿਸਾਲ ਬਣ ਚੁੱਕੀਆਂ ਹਨ।ਆਪਣਾ ਧੰਨਵਾਦ ਪ੍ਰਗਟ ਕਰਦਿਆਂ ਸ਼੍ਰੀ ਪੰਕਜ ਰਾਏ ਨੇ ਇਹ ਸਨਮਾਨ ਪੀਜੀਆਈ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਦੀ ਦੂਰਦਰਸ਼ੀ ਅਗਵਾਈ ਤੇ ਪੂਰੇ ਪੀਜੀਆਈ ਪਰਵਾਰ ਨੂੰ ਸਮਰਪਤ ਕੀਤਾ।ਉਨ੍ਹਾਂ ਆਪਣੇ ਸਹਿਯੋਗੀਆਂ, ਫੈਕਲਟੀ ਮੈਂਬਰਾਂ, ਸਿਹਤ ਕਰਮਚਾਰੀਆਂ ਤੇ ਸਵੈ-ਸੇਵਕਾਂ ਦੇ ਸਾਂਝੇ ਯੋਗਦਾਨ ਲਈ ਧੰਨਵਾਦ ਪ੍ਰਗਟਾਇਆ ਅਤੇ ਮਰੀਜ਼ਾਂ ਤੇ ਨਾਗਰਿਕਾਂ ਨੂੰ ਲੋਕ ਸੇਵਾ ਦੇ ਕੇਂਦਰ ਵਿੱਚ ਰੱਖਦਿਆਂ ਪਾਰਦਰਸ਼ੀ, ਨਵੀਨਤਾਕਾਰੀ ਤੇ ਸੰਵੇਦਨਸ਼ੀਲ ਪ੍ਰਸ਼ਾਸਨ ਲਈ ਆਪਣੀ ਵਚਨਬੱਧਤਾ ਦੁਹਰਾਈ।

# ਨੰਗੀਆਂ ਤਾਰਾਂ ਤੇ ਖੁੱਲ੍ਹੇ ਮੀਟਰ ਬਕਸਿਆਂ ਕਾਰਨ ਲੋਕਾਂ 'ਚ ਰੋਸ



**ਭਵਾਨੀਗੜ੍ਹ (ਰਾਜ ਖੁਰਮੀ)**-ਭਵਾਨੀਗੜ੍ਹ ਦੇ ਮੋਹਨ ਨਗਰ ਮੁਹੱਲੇ ਵਿੱਚ ਨੰਗੀਆਂ ਬਿਜਲੀ ਤਾਰਾਂ ਤੇ ਖੁੱਲ੍ਹੇ ਮੀਟਰ ਬਾਕਸਿਆਂ ਕਾਰਨ ਪੈਦਾ ਹੋਏ ਖ਼ਤਰੇ ਨੂੰ ਲੈ ਕੇ ਮੁਹੱਲਾ ਵਾਸੀਆਂ ਨੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐੱਲ) ਦੇ ਅਧਿਕਾਰੀਆਂ ਤੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਮੁਹੱਲਾ ਵਾਸੀਆਂ ਨੇ ਦੋਸ਼ ਲਾਇਆ ਕਿ ਕਈ ਵਾਰ ਸ਼ਿਕਾਇਤਾਂ ਦੇਣ ਦੇ ਬਾਵਜੂਦ ਸਮੱਸਿਆ ਦਾ ਕੋਈ ਪੱਕਾ ਹੱਲ ਨਹੀਂ ਕੀਤਾ ਗਿਆ।ਰੋਸ ਪ੍ਰਦਰਸ਼ਨ ਦੌਰਾਨ ਗੋਪਾਲ ਕ੍ਰਿਸ਼ਨ ਨੇ ਦੱਸਿਆ ਕਿ ਮੁਹੱਲੇ ਵਿੱਚ ਕਈ ਥਾਵਾਂ 'ਤੇ ਬਿਜਲੀ ਦੀਆਂ ਤਾਰਾਂ ਨੰਗੀਆਂ ਪਈਆਂ ਹਨ ਤੇ ਮੀਟਰਾਂ ਦੇ ਬਾਕਸ ਵੀ ਖੁੱਲ੍ਹੇ ਪਏ ਹਨ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਰੋਜ਼ਾਨਾ ਛੋਟੇ ਬੱਚੇ ਖੇਡਦੇ ਹਨ, ਜਿਸ ਕਾਰਨ ਕਿਸੇ ਵੀ ਵੇਲੇ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ।ਮੁਹੱਲਾ ਵਾਸੀਆਂ ਨੇ ਵਾਰਡ ਕੌਂਸਲਰ (ਐਮ.ਸੀ.) ਜਗਤਾਰ ਸਿੰਘ ਨੇ ਬਿਜਲੀ ਵਿਭਾਗ ਦੇ ਐੱਸਡੀਓ ਤੋਂ ਮੰਗ ਕੀਤੀ ਕਿ ਨੰਗੀਆਂ ਤਾਰਾਂ ਨੂੰ ਤੁਰੰਤ ਬਦਲਿਆ ਜਾਵੇ ਤੇ ਖੁੱਲ੍ਹੇ ਮੀਟਰ ਬਾਕਸਾਂ ਨੂੰ ਸੁਰੱਖਿਅਤ ਢੰਗ ਨਾਲ ਬੰਦ ਕੀਤਾ ਜਾਵੇ, ਤਾਂ ਜੋ ਕਿਸੇ ਹਾਦਸੇ ਤੋਂ ਬਚਿਆ ਜਾ ਸਕੇ।ਇਸ ਮੌਕੇ ਵਿਜੇ ਕੁਮਾਰ, ਕਰਮਾ, ਪੰਡਿਤ ਲਲਿਤ ਧਾਵਨ, ਪਿੰਕਾ, ਦੀਪੂ, ਸੰਦੀਪ ਧਾਵਨ ਸਮੇਤ ਵੱਡੀ ਗਿਣਤੀ ਵਿੱਚ ਮੁਹੱਲਾ ਵਾਸੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਭਖਦੇ ਮੁੱਦਿਆਂ 'ਤੇ ਘੇਰੀ ਸਰਕਾਰ

## ਸਮਾਣਾ ਹਲਕੇ ਦੀ ਚਰਨਜੀਤ ਸਿੰਘ ਮਵੀ ਨੂੰ ਸੌਂਪੀ ਕਮਾਨ



**ਸਮਾਣਾ (ਇਕਬਾਲ ਸਿੰਘ ਬੱਲ)**
ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪਾਰਟੀ ਦੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦੇ ਮੰਤਵ ਨਾਲ ਇੱਕ ਅਹਿਮ ਫੈਸਲਾ ਲੈਂਦਿਆਂ ਸਮਾਣਾ ਵਿਧਾਨ ਸਭਾ ਹਲਕੇ ਦੀ ਵਾਗਡੋਰ ਸੀਨੀਅਰ ਆਗੂ ਚਰਨਜੀਤ ਸਿੰਘ ਮਵੀ ਨੂੰ ਸੌਂਪ ਦਿੱਤੀ ਗਈ।ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ ਨੂੰ ਸਮਾਣਾ ਹਲਕੇ ਦਾ ਨਵਾਂ ਇੰਚਾਰਜ ਨਿਯੁਕਤ ਕੀਤਾ ਗਿਆ ਹੈ, ਜਿਸ ਨਾਲ ਇਲਾਕੇ ਦੀ ਸਿਆਸਤ ਵਿੱਚ ਇੱਕ ਨਵੀਂ ਚਰਚਾ ਛਿੜ ਗਈ ਹੈ।ਇਸ ਨਿਯੁਕਤੀ ਦਾ ਪਾਰਟੀ ਦੇ ਸੀਨੀਅਰ ਆਗੂਆਂ ਸਾਬਕਾ ਕੈਬਨਿਟ ਮੰਤਰੀ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਐੱਸ ਜੀ ਪੀ ਸੀ ਮੈਂਬਰ ਜਰਨੈਲ ਸਿੰਘ ਕਰਤਾਰਪੁਰ, ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਰੱਖੜਾ, ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸਤਵਿੰਦਰ ਸਿੰਘ ਟੌਹੜਾ, ਰਣਧੀਰ ਸਿੰਘ ਮਵੀ, ਭੁਪਿੰਦਰ ਸਿੰਘ ਸ਼ੇਖੂਪੁਰ, ਗੁਰਵਿੰਦਰ ਸਿੰਘ ਘੁਮਾਣ ਤੇ ਹਰਦੀਪ ਸਿੰਘ ਸਾਗਰਾ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਆਗੂਆਂ ਨੇ ਸਾਂਝੇ ਤੌਰ 'ਤੇ ਆਖਿਆ ਕਿ ਚਰਨਜੀਤ ਸਿੰਘ ਮਵੀ ਨੂੰ ਦਿੱਤੀ ਗਈ ਇਹ ਅਹਿਮ ਜ਼ਿੰਮੇਵਾਰੀ ਸਮਾਣਾ ਹਲਕੇ ਵਿੱਚ ਪਾਰਟੀ ਦੇ ਸੰਗਠਨ ਨੂੰ ਨਵੀਂ ਊਰਜਾ ਦੇਵੇਗੀ ਤੇ ਲੋਕਾਂ ਨਾਲ ਪਾਰਟੀ ਦਾ ਸੰਪਰਕ ਹੋਰ ਮਜ਼ਬੂਤ ਕਰੇਗੀ।ਇਸ ਮੌਕੇ ਨਵ-ਨਿਯੁਕਤ ਹਲਕਾ ਇੰਚਾਰਜ ਚਰਨਜੀਤ ਸਿੰਘ ਮਵੀ ਨੇ ਪਾਰਟੀ ਹਾਈਕਮਾਂਡ, ਖ਼ਾਸ ਕਰਕੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਪੰਜਾਬ ਦੇ ਮੌਜੂਦਾ ਹਾਲਾਤ ਤੇ ਭਖਦੇ ਮੁੱਦਿਆਂ 'ਤੇ ਬੋਲਦਿਆਂ ਮੌਜੂਦਾ ਸਰਕਾਰ ਨੂੰ ਕਰੜੇ ਹੱਥੀਂ ਲਿਆ ਕਿਹਾ ਕਿ ਅੱਜ ਪੰਜਾਬ ਦਾ ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚ ਧੱਸਦਾ ਜਾ ਰਿਹਾ ਹੈ ਤੇ ਸੂਬੇ ਵਿੱਚ ਕਾਨੂੰਨ ਨਾਂ ਦੀ ਕੋਈ ਚੀਜ਼ ਨਹੀਂ ਰਹਿ ਗਈ।ਰੋਜ਼ਾਨਾ ਲੁੱਟ-ਖੋਹ ਤੇ ਗੋਲੀਬਾਰ ਦੀਆਂ ਘਟਨਾਵਾਂ ਨੇ ਆਮ ਲੋਕਾਂ ਦਾ ਜੀਣਾ ਮੁਹਾਲ ਕਰ ਦਿੱਤਾ ਹੈ।ਉਨ੍ਹਾਂ ਆਖਿਆ ਕਿ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਕਹੇ ਜਾਣ ਵਾਲੇ ਕਿਸਾਨ ਅੱਜ ਮੰਦਹਾਲੀ ਦੇ ਦੌਰ ਵਿੱਚੋਂ ਗੁਜ਼ਰ ਰਹੇ ਹਨ।ਫਸਲਾਂ ਦੇ ਖਰਾਬੇ ਦਾ ਮੁਆਵਜ਼ਾ ਨਾ ਮਿਲਣਾ ਤੇ ਪੰਜਾਬ ਦੇ ਪਾਣੀਆਂ 'ਤੇ ਲਗਾਤਾਰ ਹੋ ਰਹੇ ਡਾਕੇ ਕਾਰਨ ਸੂਬਾ ਬੰਜਰ ਹੋਣ ਵੱਲ ਵਧ ਰਿਹਾ ਹੈ।

ਪੰਜਾਬ ਵਿੱਚ ਰੁਜ਼ਗਾਰ ਦੇ ਮੌਕੇ ਖ਼ਤਮ ਹੋਣ ਕਾਰਨ ਸਾਡਾ ਹੋਣਹਾਰ ਨੌਜਵਾਨ ਲੱਖਾਂ-ਲੱਖਾਂ ਰੁਪਏ ਖਰਚ ਕੇ ਵਿਦੇਸ਼ਾਂ ਵੱਲ ਹਿਜਰਤ (ਪਲਾਇਨ) ਕਰਨ ਲਈ ਮਜਬੂਰ ਹਨ, ਜਿਸ ਨੂੰ ਰੋਕਣਾ ਬੇਹੱਦ ਜ਼ਰੂਰੀ ਹੈ।ਚਰਨਜੀਤ ਸਿੰਘ ਮਵੀ ਨੇ ਕਿਹਾ ਕਿ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਾ, ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨਾ ਤੇ ਸਮਾਣਾ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਪ੍ਰਚਾਰ-ਪ੍ਰਸਾਰ ਤੇਜ਼ ਕਰਨਾ ਹੀ ਮੇਰਾ ਮੁੱਖ ਟੀਚਾ ਹੋਵੇਗਾ।ਮਵੀ ਨੇ ਅਖੀਰ ਵਿੱਚ ਕਿਹਾ ਕਿ ਉਹ ਜਲਦੀ ਹੀ ਸਮਾਣਾ ਹਲਕੇ ਦੇ ਵਰਕਰਾਂ ਨਾਲ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰਕੇ ਪੰਜਾਬ ਤੇ ਲੋਕ ਹਿੱਤਾਂ ਦੀ ਇਸ ਲੜਾਈ ਨੂੰ ਹੋਰ ਪ੍ਰਚੰਡ ਕਰਨਗੇ।

# ਲਾਇਨਜ਼ ਕਲੱਬ ਗੋਲਡ ਵੱਲੋਂ ਵਿਧਾਇਕ ਗੋਲਡੀ ਤੇ ਕੌਂਸਲਰਾਂ ਦਾ ਸਨਮਾਨ



**ਜਲਾਲਾਬਾਦ (ਜੀਤ ਕੁਮਾਰ)**-ਲਾਇਨਜ਼ ਕਲੱਬ ਗੋਲਡ ਜਲਾਲਾਬਾਦ ਦੀ ਇੱਕ ਪ੍ਰਭਾਵਸ਼ਾਲੀ ਮੀਟਿੰਗ ਕਲੱਬ ਦੇ ਪ੍ਰਧਾਨ ਗੌਰਵ ਠਠਾਈ ਦੀ ਦੁਕਾਨ ਵਿਖੇ ਹੋਈ। ਇਸ ਮੌਕੇ ਜਲਾਲਾਬਾਦ ਦੇ ਵਿਧਾਇਕ ਜਗਦੀਪ ਗੋਲਡੀ ਕੰਬੋਜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੀਟਿੰਗ ਦੌਰਾਨ ਲਾਇਨਜ਼ ਕਲੱਬ ਜਲਾਲਾਬਾਦ ਗੋਲਡ ਵੱਲੋਂ ਵਿਧਾਇਕ ਗੋਲਡੀ ਕੰਬੋਜ ਨੂੰ ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਸ਼ਾਂਤੀਪੂਰਵਕ ਤੇ ਸੁਚੱਜੇ ਢੰਗ ਨਾਲ ਸੰਪੰਨ ਕਰਵਾਉਣ ਤੇ ਸ਼ਾਨਦਾਰ ਪ੍ਰਦਰਸ਼ਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਲੱਬ ਨਾਲ ਸਬੰਧਤ ਪਰਿਵਾਰਾਂ ਦੇ ਉਨ੍ਹਾਂ ਮੈਂਬਰਾਂ ਨੂੰ ਵੀ ਸਨਮਾਨਤ ਕੀਤਾ ਗਿਆ, ਜਿਨ੍ਹਾਂ ਦੇ ਪਰਿਵਾਰਕ ਮੈਂਬਰ ਨਗਰ ਕੌਂਸਲ ਚੋਣਾਂ ਵਿੱਚ ਕੌਂਸਲਰ ਚੁਣੇ ਗਏ ਹਨ। ਲਾਇਨ ਮੈਂਬਰ ਪ੍ਰਦੀਪ ਚੁੱਘ ਦੀ ਭਾਬੀ ਸ਼੍ਰੀਮਤੀ ਸਿਲਵੀ ਚੁੱਘ ਦੇ ਕੌਂਸਲਰ ਬਣਨ, ਅਨੂਪ ਮੋਂਗੀ ਦੀ ਮਾਤਾ ਸ਼੍ਰੀਮਤੀ ਪਰਵੀਨ ਮੋਂਗੀ ਦੇ ਕੌਂਸਲਰ ਚੁਣੇ ਜਾਣ ਤੇ ਸੁਨੀਲ ਕੁਮਾਰ ਗੰਗਵਾਰ ਦੀ ਭਾਬੀ ਸ਼੍ਰੀਮਤੀ ਅੰਕਿਤ ਕਟਾਰੀਆ ਦੇ ਕੌਂਸਲਰ ਬਣਨ 'ਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਸੁਨੀਲ ਕੁਮਾਰ ਗੰਗਬੂਲ ਦੀ ਭੈਣ ਸ਼੍ਰੀਮਤੀ ਮੰਜੂ ਕੁੱਕੜ ਦੇ ਅਰਨੀਵਾਲਾ ਨਗਰ ਕੌਂਸਲ ਦੀ ਪ੍ਰਧਾਨ ਬਣਨ 'ਤੇ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਕਲੱਬ ਦੇ ਜਨਰਲ ਸਕੱਤਰ ਸ਼ਹਿਜ਼ਾਦ ਹਰੂਜਾ ਨੇ ਵਿਧਾਇਕ ਗੋਲਡੀ ਕੰਬੋਜ ਅੱਗੇ ਕਲੱਬ ਦੀਆਂ ਸਮਾਜ ਸੇਵਾ ਨਾਲ ਸਬੰਧਤ ਕੁਝ ਮੰਗਾਂ ਰੱਖੀਆਂ। ਵਿਧਾਇਕ ਨੇ ਮੌਕੇ 'ਤੇ ਹੀ ਮੰਗਾਂ ਨੂੰ ਮਨਜ਼ੂਰ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਇਸ ਉਪਰੰਤ ਕਲੱਬ ਵੱਲੋਂ ਵਿਧਾਇਕ ਦਾ ਵਿਸ਼ੇਸ਼ ਸਨਮਾਨ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।

# ਬਾਬਾ ਮਹਿੰਗਾ ਸਿੰਘ ਪਾਰਕ ਟੀਮ ਨੇ ਬੱਚੀ ਨੂੰ ਦਾਖਲੇ ਵਾਸਤੇ ਦਿੱਤੀ ਮਦਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਅੰਗਰੇਜ਼ ਸਿੰਘ ਮੈਂਬਰ ਦੀ ਪੋਤਰੀ ਤੇ ਗੋਗਾ ਸਿੰਘ ਦੀ ਸਪੁੱਤਰੀ ਦੀਪਕ ਕੌਰ, ਜੋ ਪਿਛਲੇ ਸਾਲ ਪਲੱਸ ਟੂ ਪਾਸ ਪਹਿਲੇ ਸਥਾਨ 'ਤੇ ਰਹਿ ਕੇ ਕੀਤੀ, ਪਰ ਦਾਖਲੇ ਨੂੰ ਪੈਸੇ ਨਾ ਹੋਣ ਕਰਕੇ ਦਾਖਲਾ ਨਾ ਲੈ ਸਕੀ, ਜਦੋਂ ਬਾਬਾ ਮਹਿੰਗਾ ਸਿੰਘ ਪਾਰਕ ਟੀਮ ਦੇ ਧਿਆਨ ਵਿੱਚ ਆਇਆ ਤਾਂ ਉਸ ਨੂੰ ਕਾਲਜ ਵਿੱਚ ਦਾਖਲਾ ਲੈਣ ਲਈ ਮਾਲੀ ਮਦਦ ਦਿੱਤੀ ਗਈ ਅਤੇ ਹਰੇਕ ਤਰ੍ਹਾਂ ਦਾ ਸਮੇਂ ਸਮੇਂ 'ਤੇ ਸਹਿਯੋਗ ਦੇਣ ਵਾਸਤੇ ਵੀ ਹੌਸਲਾ ਦਿੱਤਾ। ਪਾਰਕ ਟੀਮ ਵੱਲੋਂ ਇੱਕ 15 ਅਗਸਤ ਤੇ ਧੀਆਂ ਦੀ ਮਿਲਣੀ ਪਰੋਗਰਾਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਛੇਵੀਂ ਕਲਾਸ ਤੋਂ ਪਲਸ ਟੂ ਤੱਕ ਜਿਹੜੀਆਂ ਵੀ ਬੱਚੀਆਂ ਪਹਿਲੇ ਸਥਾਨ 'ਤੇ ਆਈਆਂ ਹਨ।ਉਨ੍ਹਾਂ ਨੂੰ ਮਾਲੀ ਮਦਦ ਦੇ ਕੇ ਸਨਮਾਨਤ ਕੀਤਾ ਜਾਵੇਗਾ ਤੇ ਹੋਰ ਵੀ ਕਿਸੇ ਖੇਤਰ ਵਿੱਚ ਜਿਹੜਾ ਬੱਚਾ ਅੱਵਲ ਰਿਹਾ ਜਾਂ ਸੰਗੀਤ, ਖੇਡਾਂ ਆਦਿ ਵਾਲੇ ਪਾਸੇ ਜਾਣਾ ਚਾਹੁੰਦਾ, ਉਸ ਨੂੰ ਵੀ ਮਦਦ ਦਿੱਤੀ ਜਾਵੇਗੀ।ਇਸ ਸਮੇਂ ਟੀਮ ਦੇ ਪ੍ਰਚਾਰਕ ਭਾਈ ਅਜਮੇਰ ਸਿੰਘ, ਬਲਰਾਜ ਸਿੰਘ ਰਾਜ, ਜਗਰੂਪ ਸਿੰਘ ਬਾਠ ਮੈਡੀਕਲ, ਅਮਰਜੀਤ ਸਿੰਘ, ਸਰੇਸ਼ ਕੁਮਾਰ, ਬੂਟਾ ਸਿੰਘ ਦੌਲਤਪੁਰਾ ਤੋਂ ਇਲਾਵਾ ਸਮੁੱਚੀ ਟੀਮ ਮੈਂਬਰ ਹਾਜ਼ਰ ਸਨ।

# ਡਾ. ਅਮਰ ਸਿੰਘ ਵੱਲੋਂ ਵਿਕਾਸ ਕਾਰਜਾਂ ਲਈ 17 ਲੱਖ ਜਾਰੀ



**ਰਾਏਕੋਟ (ਸੰਤੋਖ ਗਿੱਲ, ਇਕਬਾਲ ਸਿੰਘ)**-ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਲੋਕ ਸਭਾ ਮੈਂਬਰ ਡਾ. ਅਮਰ ਸਿੰਘ ਨੇ ਪਿੰਡ ਸੁਧਾਰ ਤੇ ਨਵੀਂ ਆਬਾਦੀ ਅਕਾਲਗੜ੍ਹ ਦੇ ਵਿਸ਼ੇਸ਼ ਦੌਰੇ ਮੌਕੇ ਸਥਾਨਕ ਲੋਕਾਂ ਦੀਆਂ ਮੰਗਾਂ ਨੂੰ ਪ੍ਰਵਾਨ ਕਰਦੇ ਹੋਏ ਅਖ਼ਤਿਆਰੀ ਕੋਟੇ ਵਿੱਚੋਂ ਵਿਕਾਸ ਕਾਰਜਾਂ ਲਈ 17 ਲੱਖ ਰੁਪਏ ਦੀਆਂ ਗਰਾਂਟਾਂ ਜਾਰੀ ਕੀਤੀਆਂ।ਇਸ ਮੌਕੇ ਹਲਕਾ ਰਾਏਕੋਟ ਦੇ ਇੰਚਾਰਜ ਕਾਮਿਲ ਅਮਰ ਸਿੰਘ ਮੌਜੂਦ ਸਨ।ਡਾ. ਅਮਰ ਸਿੰਘ ਨੇ ਇਸ ਮੌਕੇ ਕਿਹਾ ਕਿ ਪਿੰਡਾਂ ਦੇ ਸਰਵਪੱਖੀ ਵਿਕਾਸ ਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਉਨ੍ਹਾਂ ਦਾ ਪਰਮ ਉਦੇਸ਼ ਹੈ ਤੇ ਬਤੌਰ ਸੰਸਦ ਮੈਂਬਰ ਅਖ਼ਤਿਆਰੀ ਕੋਟੇ ਵਿੱਚੋਂ ਲੋਕਾਂ ਦੀਆਂ ਅਸਲ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਪਿੰਡਾਂ ਦੇ ਵਿਕਾਸ ਲਈ ਗਰਾਂਟਾਂ ਜਾਰੀ ਕੀਤੀਆਂ ਹਨ।ਉਨ੍ਹਾਂ ਸੱਤਾਧਾਰੀ ਧਿਰ ਦੇ ਵਿਧਾਇਕ 'ਤੇ ਹੱਲਾ ਬੋਲਦਿਆਂ ਕਿਹਾ ਕਿ ਝੂਠੇ ਵਾਅਦੇ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਪਿੰਡਾਂ ਵਿੱਚ ਮੁੱਢਲੀਆਂ ਸਹੂਲਤਾਂ ਦੇਣ ਵਿੱਚ ਵੀ ਅਸਮਰਥ ਹੈ ਅਤੇ ਕਰਜ਼ੇ ਦੇ ਸਿਰ 'ਤੇ ਡੰਗ ਟਪਾ ਰਹੀ ਹੈ।ਹਲਕਾ ਇੰਚਾਰਜ ਕਾਮਿਲ ਅਮਰ ਸਿੰਘ ਨੇ ਦੱਸਿਆ ਕਿ ਪਿੰਡ ਸੁਧਾਰ ਵਿੱਚ ਸ਼ਹੀਦ ਪ੍ਰਦੀਪ ਸਿੰਘ ਮਾਰਗ 'ਤੇ ਇੰਟਰਲਾਕ ਟਾਈਲਾਂ ਲਾਉਣ ਲਈ 3 ਲੱਖ ਰੁਪਏ, ਨਵੀਂ ਆਬਾਦੀ ਅਕਾਲਗੜ੍ਹ ਦੀ ਭਗਤ ਰਵਿਦਾਸ ਧਰਮਸ਼ਾਲਾ ਲਈ ਸ਼ੈੱਡ ਦੇ ਨਿਰਮਾਣ, ਇੰਟਰਲਾਕ ਟਾਈਲਾਂ ਤੇ ਡਰੇਨਜ਼ ਲਈ 10 ਲੱਖ ਰੁਪਏ ਅਤੇ ਪੱਤੀ ਧਾਲੀਵਾਲ ਲਈ 4 ਲੱਖ ਰੁਪਏ ਗ੍ਰਾਂਟ ਜਾਰੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਡਾ. ਅਮਰ ਸਿੰਘ ਹਲਕੇ ਦੇ ਹਰ ਪਿੰਡ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਪਹਿਲ ਦੇ ਆਧਾਰ 'ਤੇ ਵਿਕਾਸ ਲਈ ਬਚਨਬੱਧ ਹਨ।ਇਲਾਕਾ ਵਾਸੀਆਂ ਨੇ ਡਾ. ਅਮਰ ਸਿੰਘ ਤੇ ਕਾਮਿਲ ਅਮਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੰਬੇ ਸਮੇਂ ਤੋਂ ਸੂਬਾ ਸਰਕਾਰ ਉਨ੍ਹਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਦੀ ਆ ਰਹੀ ਸੀ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਤਵੰਤ ਸਿੰਘ ਸੁਧਾਰ, ਬਲਾਕ ਸੰਮਤੀ ਚੇਅਰਮੈਨ ਰਛਪਾਲ ਸਿੰਘ ਸੀਲੋਆਣੀ, ਸੁਖਵਿੰਦਰ ਸਿੰਘ ਐੱਸ ਕੇ ਸਾਬਕਾ ਸਰਪੰਚ ਨਵੀਂ ਅਬਾਦੀ ਅਕਾਲਗੜ੍ਹ, ਬਾਬੂ ਨਾਇਕ, ਕਮਲ ਸੁਧਾਰ, ਚੇਅਰਮੈਨ ਸੁਖਪਾਲ ਸਿੰਘ ਗੋਂਦਵਾਲ, ਸਰਪੰਚ ਰਾਜਾ ਆਂਡਲੂ, ਜਗਪ੍ਰੀਤ ਬੁੱਟਰ ਸਮੇਤ ਵੱਡੀ ਗਿਣਤੀ ਪਤਵੰਤੇ ਹਾਜ਼ਰ ਸਨ।

# ਚੇਅਰਮੈਨ ਬਰਸਟ ਨਾਲ ਡੇਢ ਦਰਜਨ ਸਰਪੰਚਾਂ ਵੱਲੋਂ ਵਿਸ਼ੇਸ਼ ਮੁਲਾਕਾਤ



**ਸਮਾਣਾ (ਗੁਰਪਿਆਰ ਸਿੰਘ ਬੱਲ)**
ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਨਾਲ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਤੋਂ ਆਏ ਡੇਢ ਦਰਜਨ ਸਰਪੰਚਾਂ ਸਮੇਤ ਪਾਰਟੀ ਵਲੰਟੀਅਰਾਂ ਨੇ ਸਮਾਣਾ ਸਥਿਤ ਦਫ਼ਤਰ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਅਹਿਮ ਮੀਟਿੰਗ ਦੌਰਾਨ ਇਲਾਕੇ ਦੇ ਵਿਕਾਸ, ਲਿੰਕ ਸੜਕਾਂ ਦੇ ਨਵੀਨੀਕਰਨ ਤੇ ਮੁਰੰਮਤ, ਮੰਡੀਆਂ ਦੇ ਵਿਕਾਸ ਤੇ ਭਵਿੱਖੀ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਸਰਪੰਚਾਂ ਨੇ ਚੇਅਰਮੈਨ ਬਰਸਟ ਨੂੰ ਆਪਣੇ-ਆਪਣੇ ਪਿੰਡਾਂ ਦੇ ਮੁੱਦਿਆਂ ਤੇ ਵਿਕਾਸ ਕਾਰਜਾਂ ਬਾਰੇ ਵੀ ਜਾਣੂ ਕਰਵਾਇਆ।ਇਸ ਦੇ ਨਾਲ ਹੀ ਸੈਂਕੜੀਆਂ ਦੀ ਗਿਣਤੀ ਵਿੱਚ ਆਏ ਲੋਕਾਂ ਵੱਲੋਂ ਸ੍ਰ. ਬਰਸਟ ਨਾਲ ਮੁਲਾਕਾਤ ਕਰਕੇ ਆਪਣੀਆਂ ਮੁਸ਼ਕਲਾਂ ਤੇ ਮੁੱਦਿਆਂ ਬਾਰੇ ਉਨ੍ਹਾਂ ਨੂੰ ਜਾਣੂ ਕਰਵਾਇਆ ਗਿਆ, ਜਿਨ੍ਹਾਂ ਦਾ ਸ੍ਰ. ਬਰਸਟ ਵੱਲੋਂ ਮੌਕੇ 'ਤੇ ਨਿਪਟਾਰਾ ਕੀਤਾ ਗਿਆ।ਸਮਾਣਾ ਦਫ਼ਤਰ ਵਿਖੇ ਪਹੁੰਚੇ ਸਰਪੰਚਾਂ ਤੇ ਪਾਰਟੀ ਵਲੰਟੀਅਰਾਂ ਨੂੰ ਸੰਬੋਧਨ ਕਰਦਿਆਂ ਸ੍ਰ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨ ਤੇ ਸਾਰਿਆਂ ਨੂੰ ਹਰ ਸੰਭਵ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਸ੍ਰ. ਬਰਸਟ ਨੇ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਰਾਜਨੀਤੀ ਤੋਂ ਉੱਪਰ ਉੱਠ ਕੇ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਪਾਰਦਰਸ਼ੀ ਤੇ ਇਮਾਨਦਾਰੀ ਨਾਲ ਨੇਪਰੇ ਚਾੜ੍ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਸਮਾਣਾ ਹਲਕੇ ਦੇ ਪਿੰਡਾਂ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ ਤੇ ਮੰਡੀਆਂ ਦੇ ਵਿਕਾਸ ਸਮੇਤ ਹੋਰ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕੀਤਾ ਜਾਵੇਗਾ।ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਸਰਪੰਚਾਂ ਨੇ ਪੰਜਾਬ ਸਰਕਾਰ ਤੇ ਸ੍ਰ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਮੰਡੀਆਂ ਤੇ ਪਿੰਡਾਂ ਦੀਆਂ ਲਿੰਕ ਸੜਕਾਂ ਦਾ ਵਿਕਾਸ ਤੇਜ਼ੀ ਨਾਲ ਹੋ ਰਿਹਾ ਹੈ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਸਰਕਾਰੀ ਸਕੀਮਾਂ ਦਾ ਲਾਭ ਹਰ ਲੋੜਵੰਦ ਤੱਕ ਪਹੁੰਚਾਉਣਗੇ।

# ਵਿਵੇਕਾਨੰਦ ਸਕੂਲ 'ਚ 'ਨੋ ਬੈਗ ਡੇ' ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਵੇਕਾਨੰਦ ਵਰਲਡ ਸਕੂਲ, ਫ਼ਿਰੋਜ਼ਪੁਰ ਵਿਖੇ ਸ਼ਨੀਵਾਰ ਨੂੰ ਵਿਸ਼ੇਸ਼ ਗਤੀਵਿਧੀਆਂ ਨਾਲ ਭਰਪੂਰ 'ਨੋ ਬੈਗ ਡੇ' ਉਤਸ਼ਾਹ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਸ਼ਨੀਵਾਰ ਦਾ ਥੀਮ 'ਪਲਾਸਟਿਕ ਹਟਾਓ, ਧਰਤੀ ਬਚਾਓ' ਰਿਹਾ, ਜਿਸ ਦੇ ਜ਼ਰੀਏ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਦਿੰਦੇ ਹੋਏ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਗਿਆ। ਸਕੂਲ ਦੇ ਡਾਇਰੈਕਟਰ ਡਾ. ਐੱਸ. ਐੱਨ. ਰੁਦਰਾ ਨੇ ਦੱਸਿਆ ਕਿ ਸਕੂਲ ਵਿੱਚ ਹਰ ਵਿਸ਼ੇਸ਼ ਸ਼ਨੀਵਾਰ ਨੂੰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦੇ ਉਦੇਸ਼ ਨਾਲ ਅਕਾਦਮਿਕ ਤੇ ਸਹਿ-ਅਕਾਦਮਿਕ ਗਤੀਵਿਧੀਆਂ ਨਾਲ ਭਰਪੂਰ 'ਨੋ ਬੈਗ ਡੇ' ਦਾ ਆਯੋਜਨ ਕੀਤਾ ਜਾਂਦਾ ਹੈ। ਇਸ ਮੌਕੇ ਵਿਦਿਆਰਥੀਆਂ ਨੇ ਸਕੇਟਿੰਗ, ਸ਼ੂਟਿੰਗ, ਮਾਰਸ਼ਲ ਆਰਟਸ, ਫੈਂਸਿੰਗ, ਸ਼ਤਰੰਜ, ਬਾਸਕਟਬਾਲ, ਵਾਲੀਬਾਲ ਤੇ ਕ੍ਰਿਕਟ ਵਰਗੀਆਂ ਖੇਡ ਗਤੀਵਿਧੀਆਂ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਸਕੂਲ ਪ੍ਰਬੰਧਕਾਂ ਨੇ ਉਮੀਦ ਜਤਾਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਵਿਸ਼ੇਸ਼ ਸ਼ਨੀਵਾਰ ਆਯੋਜਿਤ ਕੀਤੇ ਜਾਂਦੇ ਰਹਿਣਗੇ, ਤਾਂ ਜੋ ਵਿਦਿਆਰਥੀ ਗਿਆਨ, ਹੁਨਰ ਤੇ ਸੰਸਕਾਰਾਂ ਨਾਲ ਅਮੀਰ ਹੋ ਕੇ ਜੀਵਨ ਵਿੱਚ ਨਵੀਆਂ ਬੁਲੰਦੀਆਂ ਨੂੰ ਹਾਸਲ ਕਰ ਸਕਣ।

# ਸਨਮਤੀ ਸਕੂਲ 'ਚ ਨੰਨ੍ਹੇ-ਮੁੰਨੇ ਬੱਚਿਆਂ ਨੇ 'ਗ੍ਰੀਨ ਡੇ' ਮਨਾਇਆ



**ਜਗਰਾਉਂ (ਸੰਜੀਵ ਅਰੋੜਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਵਿਖੇ ਪ੍ਰਿੰਸੀਪਲ ਸੁਪ੍ਰਿਆ ਖੁਰਾਣਾ ਦੀ ਅਗਵਾਈ ਹੇਠ ਪ੍ਰੀ-ਨਰਸਰੀ ਤੋਂ ਯੂ.ਕੇ.ਜੀ. ਤੱਕ ਦੇ ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਬਹੁਤ ਹੀ ਉਤਸ਼ਾਹ ਤੇ ਖੁਸ਼ੀ ਨਾਲ 'ਗ੍ਰੀਨ ਡੇ' ਮਨਾਇਆ ਗਿਆ। ਇਸ ਮੌਕੇ ਸਕੂਲ ਨੂੰ ਹਰਿਆਲੀ ਨਾਲ ਸਜਾਇਆ ਗਿਆ ਤੇ ਬੱਚੇ ਹਰੇ ਰੰਗ ਦੇ ਸੁੰਦਰ ਪਹਿਰਾਵਿਆਂ ਵਿੱਚ ਸਕੂਲ ਪਹੁੰਚੇ। ਸਮਾਗਮ ਦੌਰਾਨ ਬੱਚਿਆਂ ਨੇ ਹਰੇ ਰੰਗ ਨਾਲ ਸਬੰਧਤ ਕਈ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲਿਆ। ਖ਼ਾਸ ਆਕਰਸ਼ਣ ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਪੇਸ਼ ਕੀਤਾ ਗਿਆ ਇੱਕ ਸੁੰਦਰ ਨਾਟਕ ਰਿਹਾ, ਜਿਸ ਰਾਹੀਂ ਰੁੱਖ ਲਗਾਉਣ, ਵਾਤਾਵਰਣ ਦੀ ਸੰਭਾਲ ਕਰਨ ਤੇ ਹਰਿਆਲੀ ਵਧਾਉਣ ਦਾ ਸੰਦੇਸ਼ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਦਿੱਤਾ ਗਿਆ। ਪ੍ਰਿੰਸੀਪਲ ਸੁਪ੍ਰਿਆ ਖੁਰਾਣਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਉਨ੍ਹਾਂ ਵਿੱਚ ਕੁਦਰਤ ਪ੍ਰਤੀ ਪਿਆਰ, ਵਾਤਾਵਰਣ ਦੀ ਸੰਭਾਲ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੀਆਂ ਹਨ। ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਨੇ ਇਸ ਸਫ਼ਲ ਆਯੋਜਨ ਲਈ ਪ੍ਰਿੰਸੀਪਲ, ਅਧਿਆਪਕਾਵਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਸਮਾਗਮ ਦੇ ਅੰਤ ਵਿੱਚ ਬੱਚਿਆਂ ਨੇ ਯਾਦਗਾਰੀ ਤਸਵੀਰਾਂ ਖਿਚਵਾਈਆਂ ਅਤੇ 'ਗ੍ਰੀਨ ਡੇ' ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਪਰਮਜੀਤ ਕੌਰ, ਸੋਨੀਆ ਕਪੂਰ, ਨਿਧੀ ਜੈਨ, ਸ਼ੈਲੀ ਗਾਬਾ, ਰਜਨੀ ਰਿਹਾਨ, ਰੇਨੂੰ ਬਾਲਾ, ਆਰਤੀ ਪਲਟਾ, ਰਾਜਵਿੰਦਰ ਕੌਰ ਤੇ ਕੁਲਵਿੰਦਰ ਕੌਰ ਆਦਿ ਹਾਜ਼ਰ ਸਨ।

# ਅਮਨਜੀਤ ਖਹਿਰਾ ਨੂੰ ਸਦਮਾ, ਮਾਤਾ ਦਾ ਦੇਹਾਂਤ

**ਜਗਰਾਉਂ (ਅਮਿਤ ਖੰਨਾ)**-



ਸਰਦਾਰ ਅਮਨਜੀਤ ਸਿੰਘ ਖਹਿਰਾ ਨੂੰ ਉਸ ਸਮੇਂ ਭਾਰੀ ਸਦਮਾ ਪੁੱਜਾ, ਜਦੋਂ ਉਨ੍ਹਾ ਦੇ ਸਤਿਕਾਰਯੋਗ ਮਾਤਾ ਜਥੇਦਾਰਨੀ ਹਰਪਾਲ ਕੌਰ ਖਹਿਰਾ ਸਾਬਕਾ ਸਰਪੰਚ ਪਿੰਡ ਲੋਧੀਵਾਲਾ ਪਤਨੀ ਸੁਰਗਵਾਸੀ ਜਥੇਦਾਰ ਸੁਖਦੇਵ ਸਿੰਘ ਲੋਧੀਵਾਲਾ ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ।ਉਨ੍ਹਾਂ ਦੇ ਜਾਣ ਨਾਲ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ।ਸ੍ਰ. ਅਮਨਜੀਤ ਸਿੰਘ ਖਹਿਰਾ ਤੇ ਪਰਵਾਰ ਦੇ ਪੰਜਾਬ (ਲੋਧੀਵਾਲਾ) ਪਹੁੰਚਣ 'ਤੇ ਮਾਤਾ ਜੀ ਦੇ ਨਮਿੱਤ ਅੰਤਿਮ ਅਰਦਾਸ ਦੇ ਵੇਰਵੇ ਸਾਂਝੇ ਕੀਤੇ ਜਾਣਗੇ।

# ਡਾ. ਸਾਧੂ ਰਾਮ ਲੰਗੇਆਣਾ ਤੇ ਕਹਾਣੀਕਾਰ ਗੁਰਜੰਟ ਕਲਸੀ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**
ਪੰਜਾਬੀ ਲਿਖਾਰੀ ਸਭਾ ਜਲੰਧਰ ਵੱਲੋਂ ਸਭਾ ਦੇ ਪ੍ਰਧਾਨ ਹਰਭਜਨ ਸਿੰਘ ਨਾਹਲ ਦੀ ਪ੍ਰਧਾਨਗੀ ਹੇਠ ਸਿੱਖ ਮਿਸ਼ਨਰੀ ਕਾਲਜ ਜਲੰਧਰ ਵਿਖੇ ਸ਼ਹੀਦ ਊਧਮ ਸਿੰਘ ਨੂੰ ਸਮਰਪਤ ਸਨਮਾਨ ਸਮਾਰੋਹ ਤੇ ਕਵੀ ਦਰਬਾਰ ਕਰਵਾਇਆ ਗਿਆ।ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਡਾ. ਸਾਧੂ ਰਾਮ ਲੰਗੇਆਣਾ ਪ੍ਰਧਾਨ ਸਾਹਿਤ ਸਭਾ ਬਾਘਾ ਪੁਰਾਣਾ ਤੇ ਵਿਸ਼ੇਸ਼ ਮਹਿਮਾਨ ਵਜੋਂ ਗੁਰਜੰਟ ਕਲਸੀ ਲੰਡੇ ਅਤੇ ਗੁਰਿੰਦਰ ਸਿੰਘ ਸੈਣੀ ਨੇ ਸ਼ਿਰਕਤ ਕੀਤੀ।ਇਸ ਮੌਕੇ ਪ੍ਰਧਾਨ ਹਰਭਜਨ ਸਿੰਘ ਨਾਹਲ, ਬਲਦੇਵ ਸਿੰਘ ਬੱਧਨ, ਹਰਪ੍ਰੀਤ ਸਿੰਘ ਰਾਣਾ, ਗੁਰਜੰਟ ਕਲਸੀ ਲੰਡੇ, ਡਾ. ਸਾਧੂ ਰਾਮ ਲੰਗੇਆਣਾ, ਜਸਵੀਰ ਸ਼ਰਮਾਂ ਦੱਦਾਹੂਰ ਤੇ ਹਾਜ਼ਰ ਹੋਰ ਕਵੀਆਂ ਨੇ ਅਣਖੀ ਯੋਧੇ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਨੂੰ ਵਿਚਾਰਾਂ ਤੇ ਰਚਨਾਵਾਂ ਰਾਹੀਂ ਸਿਜਦਾ ਕੀਤਾ ਅਤੇ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਹਮੇਸ਼ਾ ਦੂਰ ਰਹਿਣ ਲਈ ਪੁਰਜ਼ੋਰ ਅਪੀਲ ਕੀਤੀ।ਸਮਾਗਮ ਦੇ ਦੂਸਰੇ ਪੜਾਅ ਵਿੱਚ ਹੋਏ ਸਨਮਾਨ ਸਮਾਰੋਹ ਸਮਾਗਮ ਦੌਰਾਨ ਪ੍ਰਧਾਨ ਹਰਭਜਨ ਸਿੰਘ ਨਾਹਲ ਵੱਲੋਂ ਮੁੱਖ ਮਹਿਮਾਨ ਡਾ. ਸਾਧੂ ਰਾਮ ਲੰਗੇਆਣਾ, ਵਿਸ਼ੇਸ਼ ਮਹਿਮਾਨ ਗੁਰਜੰਟ ਕਲਸੀ ਲੰਡੇ ਦੇ ਸਾਹਿਤਕ ਸਫ਼ਰ ਤੇ ਉਨ੍ਹਾਂ ਦੀਆਂ ਪੰਜਾਬੀ ਮਾਂ ਬੋਲੀ ਪ੍ਰਤੀ ਨਿਰੰਤਰ ਸਾਹਿਤਕ ਸਰਗਰਮੀਆਂ ਬਾਰੇ ਰੋਸ਼ਨੀ ਪਾਈ ਗਈ ਅਤੇ ਨਾਲ ਹੀ ਇਨ੍ਹਾਂ ਸ਼ਖ਼ਸੀਅਤਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਤੇ ਲੋਈਆਂ ਪਹਿਨਾ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਮਹਿਮਾਨ ਗੁਰਿੰਦਰ ਸਿੰਘ ਸੈਣੀ ਤੇ ਜਸਵੀਰ ਸ਼ਰਮਾ ਦੱਦਾਹੂਰ ਦਾ ਵੀ ਸਨਮਾਨ ਕੀਤਾ ਗਿਆ।

ਇਸ ਮੌਕੇ ਗੁਰਬਚਨ ਕੌਰ ਦੂਆ, ਹਰਭਜਨ ਸਿੰਘ ਨਾਹਲ, ਮਨਜੀਤ ਮਿੱਤਰ, ਬਲਦੇਵ ਸਿੰਘ ਬੱਧਨ, ਅਸ਼ੋਕ ਟਾਂਡੀ, ਹਰਜਿੰਦਰ ਸਿੰਘ ਜਿੰਦੀ, ਸੁਰਜੀਤ ਕੌਰ ਧਾਲੀਵਾਲ, ਮਹਿੰਦਰ ਸਿੰਘ ਅਨੇਜਾ, ਰਾਜ ਕੁਮਾਰੀ, ਰਮਨਦੀਪ ਕੌਰ ਗਿੱਲ, ਅਮਨਦੀਪ ਕੌਰ ਮਿੱਠਾਪੁਰ, ਅਮਰ ਕੌਰ ਬੇਦੀ, ਭਗਵੰਤ ਸਿੰਘ, ਡਾ ਮਨੋਜ ਫਗਵਾੜਵੀ, ਸੋਢੀ ਸੱਤੋਵਾਲੀ, ਲਾਲੀ ਕਰਤਾਰਪੁਰੀ, ਦਲਜੀਤ ਮਹਿਮੀ, ਵਰਿੰਦਰ ਲਾਲੀ, ਬਲਜੀਤ ਕੌਰ ਵਿਰਕ, ਅਨੀਤਾ ਸ਼ਰਮਾ, ਡਾ. ਹਰਪ੍ਰੀਤ ਸਿੰਘ ਰਾਣਾ ਆਦਿ ਹਾਜ਼ਰ ਸਨ।

# ਲੁੱਟ-ਖੋਹ ਦੀ ਤਿਆਰੀ 'ਚ ਬੈਠੇ 5 ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਲੁੱਟ-ਖੋਹ ਤੇ ਡਕੈਤੀ ਦੀ ਵਾਰਦਾਤ ਨੂੰ ਅੰਜਾਮ ਦੇਣ ਦੀ ਤਿਆਰੀ ਵਿੱਚ ਟਿਵਾਣਾ ਕਲਾਂ ਵਿਖੇ ਬੰਦ ਪਏ ਸ਼ੈਲਰ ਵਿੱਚ ਬੈਠੇ ਗਰੋਹ ਦੇ 5 ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਹੈ, ਫਿਲਹਾਲ ਪੁਲਸ ਵੱਲੋਂ 7 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਜਾਂਚ ਅਧਿਕਾਰੀ ਐੱਚ.ਸੀ. ਬਲਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਕਰਦੇ ਹੋਏ ਟਿਵਾਣਾ ਮੋੜ ਕੋਲ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਅਮਨ ਕੁਮਾਰ ਉਰਫ ਅਮਨਾ ਪੁੱਤਰ ਅਸ਼ੋਕ ਕੁਮਾਰ, ਜੁਵਨਾਇਲ ਵਰਿੰਦਰ ਸਿੰਘ ਪੁੱਤਰ ਮਨਜੀਤ ਸਿੰਘ, ਬੂੜ ਸਿੰਘ ਪੁੱਤਰ ਨੈਬ ਸਿੰਘ, ਅਰਸ਼ਦੀਪ ਸਿੰਘ ਉਰਫ ਸਿੰਘਾ ਪੁੱਤਰ ਬਲਦੇਵ ਸਿੰਘ ਵਾਸੀਆਨ ਪਿੰਡ ਟਿਵਾਣਾ ਕਲਾਂ, ਕਰਨ ਪੁੱਤਰ ਰਜਿੰਦਰ ਕੁਮਾਰ ਉਰਫ ਸੋਨੂੰ ਵਾਸੀ ਮੁਹੱਲਾ ਰਾਠੋੜਾ ਵਾਲਾ ਹਾਲ ਅਬਾਦ ਦਸ਼ਮੇਸ਼ ਨਗਰੀ ਜਲਾਲਾਬਾਦ ਜੋਕਿ ਇਹ ਸਾਰੇ ਵਿਅਕਤੀ ਨਾਜਾਇਜ ਅਸਲਾ ਤੇ ਹੋਰ ਮਾਰੂ ਹਥਿਆਰ ਲੈ ਕੇ ਵੱਡੀ ਵਾਰਦਾਤ ਦੀ ਤਿਆਰੀ ਵਿੱਚ ਹਨ। ਜੇਕਰ ਹੁਣੇ ਹੀ ਟਿਵਾਣਾ ਕਲਾਂ ਵਿਖੇ ਬੰਦ ਪਏ ਸ਼ੈਲਰ ਦੇ ਗਰਾਊਡ ਵਿੱਚ ਰੇਡ ਕੀਤਾ ਜਾਵੇ ਤਾਂ ਰੰਗੇ ਹੱਥੀਂ ਕਾਬੂ ਆ ਸਕਦੇ ਹਨ, ਜਿਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਇਨ੍ਹਾਂ 5 ਵਿਅਕਤੀਆਂ ਨੂੰ 3 ਪਿਸਟਲ, 6 ਮੈਗਜ਼ੀਨ, 4 ਜਿੰਦਾ ਰੌਂਦ, 1 ਖੋਲ, 2 ਲੋਹੇ ਦੇ ਕਾਪੇ ਸਮੇਤ ਕਾਬੂ ਕੀਤਾ ਗਿਆ। ਪੁਲਸ ਵੱਲੋਂ ਅਮਨ ਕੁਮਾਰ ਉਰਫ ਅਮਨਾ, ਜੁਵਨਾਇਲ ਵਰਿੰਦਰ ਸਿੰਘ, ਬੂੜ ਸਿੰਘ, ਅਰਸ਼ਦੀਪ ਸਿੰਘ ਉਰਫ ਸਿੰਘਾ ਤੇ ਕਰਨ ਸਿੰਘ ਨੂੰ ਕਾਬੂ ਕਰਕੇ ਮੁਢਲੀ ਤਫਤੀਸ਼ ਕਰਨ ਉਪਰੰਤ ਉਕਤ ਵਿਅਕਤੀਆਂ ਤੋਂ ਇਲਾਵਾ ਸਾਜਨ ਸਿੰਘ ਪੁੱਤਰ ਪਰਮਜੀਤ ਸਿੰਘ ਤੇ ਪਰਮਜੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀਆਨ ਪਿੰਡ ਮੁਹੰਮਦੇਵਾਲਾ ਖਿਲਾਫ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਪੁਲਸ ਅਨੁਸਾਰ ਇਸ ਗਰੋਹ ਕੋਲੋਂ ਪੁੱਛਗਿੱਛ ਦੌਰਾਨ ਹੋਰ ਵੀ ਖੁਲਾਸੇ ਹੋਣ ਦਾ ਖਾਦਸਾ ਜਾਹਿਰ ਕੀਤਾ ਜਾ ਰਿਹਾ ਹੈ।

# ਸ਼ਾਂਤੀ ਵਿੱਦਿਆ ਮੰਦਰ 'ਚ ਵਣ-ਮਹਾਂਉਤਸਵ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਾਂਤੀ ਵਿੱਦਿਆ ਮੰਦਰ ਵਿੱਚ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਵਣ ਮਹਾਂਉਤਸਵ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰੋਗਰਾਮ ਦੇ ਮੁੱਖ ਮਹਿਮਾਨ ਵੈਭਵ ਅਰੋੜਾ, ਸੀਨੀਅਰ ਮੈਨੇਜਰ, ਪੰਜਾਬ ਨੈਸ਼ਨਲ ਬੈਂਕ ਤੇ ਉਨ੍ਹਾਂ ਦੀ ਪਤਨੀ ਸ਼੍ਰੀਮਤੀ ਡਾ. ਸ਼ਿਖਾ ਅਰੋੜਾ ਨੇ ਆਪਣੀ ਹਾਜ਼ਰੀ ਨਾਲ ਸਮਾਰੋਹ ਦੀ ਸ਼ੋਭਾ ਵਧਾਈ। ਪ੍ਰੋਗਰਾਮ ਦੌਰਾਨ ਸਕੂਲ ਕੰਪਲੈਕਸ ਵਿੱਚ ਵਿਦਿਆਰਥੀਆਂ ਨੇ ਪੌਦੇ ਲਗਾ ਕੇ ਕੁਦਰਤ ਦੀ ਰੱਖਿਆ ਦਾ ਪ੍ਰਣ ਲਿਆ ਤੇ ਸਾਰਿਆਂ ਨੇ ਮਿਲ ਕੇ 108 ਨਵੇਂ ਪੌਦੇ ਲਗਾਏ। ਮੁੱਖ ਮਹਿਮਾਨ ਵੈਭਵ ਅਰੋੜਾ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਉਨ੍ਹਾਂ ਦੀ ਨਿਯਮਿਤ ਦੇਖਭਾਲ ਕਰਨ ਲਈ ਪ੍ਰੇਰਿਤ ਕਰਦਿਆਂ ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਦਿੱਤਾ। ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਰੁੱਖ-ਪੌਦੇ ਸਾਡੇ ਜੀਵਨ ਦਾ ਆਧਾਰ ਹਨ ਤੇ ਹਰ ਵਿਅਕਤੀ ਦਾ ਫ਼ਰਜ਼ ਹੈ ਕਿ ਉਹ ਵਾਤਾਵਰਣ ਨੂੰ ਹਰਾ-ਭਰਾ ਬਣਾਈ ਰੱਖਣ ਵਿੱਚ ਆਪਣਾ ਯੋਗਦਾਨ ਪਾਵੇ। ਇਸ ਮੌਕੇ ਮੁੱਖ ਮਹਿਮਾਨ ਸ਼੍ਰੀ ਵੈਭਵ ਅਰੋੜਾ ਨੇ ਸਕੂਲ ਵੱਲੋਂ ਵਾਤਾਵਰਣ ਦੀ ਸੰਭਾਲ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਕੁਦਰਤ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਹਮੇਸ਼ਾ ਨਿਭਾਉਣ ਲਈ ਪ੍ਰੇਰਿਤ ਕੀਤਾ। ਮੈਨੇਜਮੈਂਟ ਕਮੇਟੀ ਨੇ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

# ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਨਾਲ ਕੀਤੇ ਵਾਅਦਿਆਂ ਤੋਂ ਮੁੱਕਰੀ : ਲੂਥਰਾ, ਅੱਤਰੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਫਿਰੋਜ਼ਪੁਰ ਸਿਵਲ ਹਸਪਤਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਕਾਲ਼ੇ ਬਿੱਲੇ ਲਾ ਕੇ ਪੰਜਾਬ ਸਰਕਾਰ ਵੱਲੋਂ 20 ਜੁਲਾਈ 2020 ਨੂੰ ਜਾਰੀ ਕੀਤਾ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਰੈਲੀ ਦੀ ਅਗਵਾਈ ਰਵਿੰਦਰ ਲੂਥਰਾ ਤੇ ਰਮਨ ਅੱਤਰੀ ਵੱਲੋਂ ਕੀਤੀ ਗਈ। ਗੱਲਬਾਤ ਕਰਦਿਆਂ ਰਵਿੰਦਰ ਲੂਥਰਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਜਿਹੜੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ, ਜੋ ਵਾਅਦੇ ਕੀਤੇ ਸੀ, ਇਨ੍ਹਾਂ ਵਾਅਦਿਆਂ ਨੂੰ ਸਰਕਾਰ ਵੱਲੋਂ ਪੂਰਾ ਕਰਨ ਦੀ ਬਜਾਏ ਅੱਜ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦਾ 18 ਫੀਸਦੀ ਬਣਦੇ ਡੀ ਏ ਦੀਆਂ ਕਿਸ਼ਤਾਂ ਤੇ ਬਕਾਇਆ ਦੇਣ ਤੋਂ ਭੱਜ ਰਹੀ ਹੈ ਅਤੇ ਮਾਨਯੋਗ ਹਾਈਕੋਰਟ ਕਰੋਟ ਵਿੱਚ ਹਲਫ਼ਨਾਮਾ ਦੇ ਰਹੀ ਹੈ ਕਿ ਡੀ ਏ ਮੁਲਾਜ਼ਮਾਂ ਨੂੰ ਨਹੀਂ ਦੇਣਾ ਬਣਦਾ। ਇਸ ਰੈਲੀ ਨੂੰ ਉਪਰੋਕਤ ਆਗੂਆਂ ਤੋਂ ਇਲਾਵਾ ਰਾਜ ਕੁਮਾਰ ਕੁੱਕੜ, ਦਰਸ਼ਨ ਸਿੰਘ ਪਤਲੀ, ਰਵਿੰਦਰ ਸ਼ਰਮਾ, ਅੰਕੁਸ਼ ਭੰਡਾਰੀ, ਵਿਸ਼ਾਲ ਗੁਪਤਾ, ਹਰਪ੍ਰੀਤ ਸਿੰਘ ਥਿੰਦ, ਸੁਤੰਤਰ ਸਿੰਘ, ਗੁਰਮੇਲ ਸਿੰਘ, ਨਵਇੰਦਰ ਸਿੰਘ, ਬਲਵੀਰ ਸਿੰਘ ਗਿੱਲਾਂਵਾਲਾ, ਦਿਨੇਸ਼ ਕੁਮਾਰ, ਰਾਕੇਸ਼ ਕੰਬੋਜ, ਮਨਜਿੰਦਰ ਸਿੰਘ, ਸੰਦੀਪ ਸਿੰਘ, ਪਵਨ ਮਨਚੰਦਾ, ਹਰਜੀਤ ਸਿੰਘ, ਤਜਿੰਦਰ ਸਿੰਘ, ਸਰਬਜੀਤ ਸਿੰਘ, ਅਮਨਦੀਪ ਸਿੰਘ, ਪ੍ਰੀਤਮ ਸਿੰਘ, ਪੂਰਨ ਚੰਦ, ਸ਼ੇਖਰ, ਗੁਰਪ੍ਰੀਤ ਸਿੰਘ, ਮੁਖਤਿਆਰ ਸਿੰਘ, ਨਰਿੰਦਰ ਨਾਥ, ਹਰਪ੍ਰੀਤ ਸਿੰਘ ਸੋਢੀ, ਰਵੀ ਬਜੀਦਪੁਰੀ, ਪਰਮਜੀਤ ਕੌਰ, ਰੇਨੂੰ ਬਾਲਾ, ਪਰਮਪਾਲ ਕੌਰ, ਇੰਦਰਜੀਤ ਕੌਰ ਆਦਿ ਹਾਜ਼ਰ ਸਨ। ਉਪਰੋਕਤ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਸਰਕਾਰ ਨੂੰ ਚਲਦਾ ਕਰਨ ਲਈ ਮੁਲਾਜ਼ਮ ਤੇ ਪੈਨਸ਼ਨਰ ਨਿਰਣਾਇਕ ਭੂਮਿਕਾ ਨਿਭਾਉਣਗੇ। ਉਨ੍ਹਾਂ ਅੱਗੇ ਦੱਸਿਆ ਕਿ 7 ਅਗਸਤ ਨੂੰ ਮੋਹਾਲੀ ਵਿਖੇ ਹੋਣ ਵਾਲੀ ਰੈਲੀ ਵਿਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

# ਡਾਇਰੈਕਟਰ ਬੀ ਕੇ ਗਰਗ ਦੀ ਬਰਸੀ ਮੌਕੇ ਪੈਨਸ਼ਨ ਤੇ ਰਾਸ਼ਨ ਵੰਡਿਆ



**ਜਗਰਾਉਂ (ਸੰਜੀਵ ਅਰੋੜਾ)**-ਗੁਰੂ ਨਾਨਕ ਸਹਾਰਾ ਸੁਸਾਇਟੀ ਜਗਰਾਉਂ ਵੱਲੋਂ ਚੇਅਰਮੈਨ ਗੁਰਮੇਲ ਸਿੰਘ ਢਿੱਲੋਂ (ਯੂ ਕੇ) ਤੇ ਪ੍ਰਧਾਨ ਕੈਪਟਨ ਨਰੇਸ਼ ਵਰਮਾ ਦੀ ਅਗਵਾਈ ਹੇਠ 216ਵਾਂ ਸਵਰਗੀ ਸੰਸਾਰ ਚੰਦ ਵਰਮਾ ਮੈਮੋਰੀਅਲ ਮਹੀਨਾ ਵਾਰ ਪੈਨਸ਼ਨ ਤੇ ਰਾਸ਼ਨ ਵੰਡ ਸਮਾਗਮ ਸਥਾਨਕ ਲਾਜਪਤ ਰਾਏ ਕੰਨਿਆ ਸਕੂਲ ਵਿੱਚ ਕਰਵਾਇਆ ਗਿਆ।

ਇਸ ਮੌਕੇ ਸਵਰਗੀ ਪ੍ਰੋਫੈਸਰ ਬੀ. ਕੇ. ਗਰਗ (ਸਾਬਕਾ ਡਾਇਰੈਕਟਰ ਸਾਇੰਸ ਕਾਲਜ ਜਗਰਾਉਂ) ਦੀ ਨਿੱਘੀ ਯਾਦ ਵਿੱਚ ਰਾਜ ਦੁਲਾਰੀ ਗਰਗ (ਸਾਬਕਾ ਪ੍ਰਿੰਸੀਪਲ), ਡਾਕਟਰ ਰਜਨੀਸ਼ ਗਰਗ, ਬਰਜੇਸ਼ ਗਰਗ, ਰੁਪੇਸ਼ ਗਰਗ ਤੇ ਸਮੂਹ ਗਰਗ ਪਰਿਵਾਰ (ਆਸਟਰੇਲੀਆ) ਵੱਲੋਂ 28 ਬਜ਼ੁਰਗਾਂ ਨੂੰ ਮਹੀਨਾ ਵਾਰ ਪੈਨਸ਼ਨ ਤੇ ਰਾਸ਼ਨ ਵੰਡਿਆ ਗਿਆ। ਇਹ ਪੈਨਸ਼ਨ ਤੇ ਰਾਸ਼ਨ ਵਿਸ਼ੇਸ਼ ਰੂਪ ਵਿੱਚ ਪਹੁੰਚੇ ਸਵਰਨਕਾਰ ਸੰਘ ਜਗਰਾਉਂ ਦੇ ਪ੍ਰਧਾਨ ਬੀ ਕੇ ਵਰਮਾ, ਕੌਂਸਲਰ ਟੋਨੀ ਵਰਮਾ, ਮੈਡਮ ਆਸ਼ਾ ਗੁਪਤਾ, ਕੈਪਟਨ ਨਰੇਸ਼ ਵਰਮਾ, ਰਾਜ ਕੁਮਾਰ ਭੱਲਾ, ਸਤੀਸ਼ ਬਾਂਸਲ, ਰਾਜਪਾਲ ਜੈਨ ਤੇ ਹੋਰ ਮਹਿਮਾਨਾਂ ਨੇ ਵੰਡਿਆ। ਇਸ ਮੌਕੇ ਗਰਗ ਪਰਿਵਾਰ ਵੱਲੋਂ ਸਾਰੇ ਬਜ਼ੁਰਗਾਂ ਲਈ ਪੈਕਡ ਭੋਜਨ ਤੇ ਫਲ ਵੀ ਦਿੱਤੇ ਗਏ। ਇਸ ਮੌਕੇ ਬੁਲਾਰਿਆਂ ਨੇ ਜਿੱਥੇ ਪ੍ਰੋਫੈਸਰ ਗਰਗ ਨੂੰ ਇੱਕ ਨੇਕ ਦਿਲ ਤੇ ਹਮਦਰਦ ਸ਼ਖ਼ਸੀਅਤ ਦੱਸਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ, ਉੱਥੇ ਸਭ ਨੇ ਗਰਗ ਪਰਵਾਰ ਦੇ ਸਮਾਜ ਸੇਵੀ ਕੰਮਾਂ ਦੀ ਵੀ ਸਰਾਹਨਾ ਕੀਤੀ। ਇਸ ਮੌਕੇ ਲਾਜਪਤ ਰਾਏ ਸਕੂਲ ਦੇ ਦਰਜਾ ਚਾਰ ਕਰਮਚਾਰੀਆਂ ਨੂੰ ਵੀ ਗਰਗ ਪਰਵਾਰ ਵੱਲੋਂ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਯੋਗਾ ਇੰਸਟਰਕਟਰ ਰਾਧਿਕਾ ਗੋਇਲ, ਮੀਨੂ ਵਰਮਾ, ਸੁਨੀਲ ਬਜਾਜ, ਮਨਮੋਹਨ ਸਿੰਗਲਾ, ਜਿੰਦਰਪਾਲ ਧੀਮਾਨ ਤੇ ਰਾਜਪਾਲ ਜੈਨ ਨੇ ਭਜਨ ਗਾ ਕੇ ਪ੍ਰੋਫੈਸਰ ਬੀ ਕੇ ਗਰਗ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਨੀਨਾ ਗੁਪਤਾ, ਕੈਪਟਨ ਨਰੇਸ਼ ਵਰਮਾ, ਸੁਰੇਸ਼ ਸਿੰਗਲਾ, ਕੇਵਲ ਕ੍ਰਿਸ਼ਨ ਮਲਹੋਤਰਾ, ਬੀਕੇ ਵਰਮਾ ਪ੍ਰਧਾਨ, ਕੌਂਸਲਰ ਟੋਨੀ ਵਰਮਾ, ਕੌਂਸਲਰ ਕ੍ਰਿਸ਼ਨ ਕੁਮਾਰ ਇੰਦੌਰਾ, ਮਦਨ ਲਾਲ ਬਾਂਸਲ, ਕੰਚਨ ਗੁਪਤਾ, ਲਲਿਤ ਅਗਰਵਾਲ, ਸਤੀਸ਼ ਬਾਂਸਲ, ਆਸ਼ਾ ਗੁਪਤਾ, ਜਤਿੰਦਰ ਬਾਂਸਲ, ਮੈਨੇਜਰ ਮੁਕੇਸ਼ ਮਲਹੋਤਰਾ, ਹਰਦੀਪ ਕੌਰ, ਮੋਹਿਤ ਗੁਪਤਾ, ਮੈਡਮ ਬਿਮਲਾ, ਰਾਜਪਾਲ ਜੈਨ ਤੇ ਸਮੂਹ ਸਟਾਫ ਹਾਜ਼ਰ ਸੀ।

# ਨਵੇਂ ਹਲਕਾ ਚੇਅਰਮੈਨਾਂ ਦਾ ਮੁੱਖ ਮੰਤਰੀ ਕੈਂਪਸ ਦਫ਼ਤਰ ਵਿਖੇ ਸਨਮਾਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵੱਖ-ਵੱਖ ਭਲਾਈ ਬੋਰਡਾਂ ਤੇ ਕਾਰਪੋਰੇਸ਼ਨਾਂ ਲਈ ਹਾਲ ਹੀ ਵਿੱਚ ਕੀਤੇ ਗਏ ਅਹਿਮ ਐਲਾਨਾਂ ਦੇ ਤਹਿਤ ਹਲਕਾ ਧੂਰੀ ਨਾਲ ਸਬੰਧਤ ਨਵ-ਨਿਯੁਕਤ ਚੇਅਰਮੈਨਾਂ ਦਾ ਇੱਥੇ ਮੁੱਖ ਮੰਤਰੀ ਕੈਂਪਸ ਦਫ਼ਤਰ ਵਿਖੇ ਪਹੁੰਚਣ 'ਤੇ ਸਵਾਗਤ ਕੀਤਾ ਗਿਆ।ਇਸ ਮੌਕੇ ਕੈਂਪਸ ਦਫ਼ਤਰ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਵੱਲੋਂ ਸਾਰੇ ਨਵ-ਨਿਯੁਕਤ ਚੇਅਰਮੈਨਾਂ ਨੂੰ ਸਿਰੋਪਾਓ ਬਖ਼ਸ਼ਿਸ਼ ਕਰਕੇ ਸਨਮਾਨਤ ਕੀਤਾ ਗਿਆ ਅਤੇ ਮੁੱਖ ਮੰਤਰੀ ਵੱਲੋਂ ਮੁਬਾਰਕਬਾਦ ਦਿੱਤੀ ਗਈ।ਸਨਮਾਨਤ ਹੋਣ ਵਾਲਿਆਂ ਵਿੱਚ ਭੀਮ ਗਰਗ, ਸੁਖਪਾਲ ਸਿੰਘ ਪਾਲਾ, ਜਸਵਿੰਦਰ ਸਿੰਘ ਖੁਰਮੀ, ਭੋਲਾ ਸਿੰਘ, ਮਨਜੀਤ ਸਿੰਘ (ਮੰਨੂ ਚੌਧਰੀ), ਜੀਤਾ ਰਾਮ ਤੇ ਅਜੈਬ ਸਿੰਘ ਸ਼ਾਮਲ ਸਨ।ਇਸ ਮੌਕੇ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਨੇ ਨਵੀਆਂ ਜ਼ਿੰਮੇਵਾਰੀਆਂ ਸੰਭਾਲਣ ਵਾਲੇ ਆਗੂਆਂ ਦਾ ਮੂੰਹ ਮਿੱਠਾ ਕਰਵਾਇਆ ਤੇ ਉਮੀਦ ਜਤਾਈ ਕਿ ਉਹ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਤੇ ਸਰਕਾਰੀ ਲੋਕ ਭਲਾਈ ਸਕੀਮਾਂ ਨੂੰ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ। ਇਸ ਮੌਕੇ ਹੈਪੀ ਗਰਗ ਐਡਵੋਕੇਟ, ਲਾਭ ਸਿੰਘ ਧੂਰੀ, ਪੁਸ਼ਪਿੰਦਰ ਸ਼ਰਮਾ, ਹਰਪ੍ਰੀਤ ਸਿੰਘ ਗਿੱਲ, ਕਰਮਜੀਤ ਸਿੰਘ ਬਰੜ੍ਹਵਾਲ, ਜੱਗੀ ਸਰਪੰਚ ਤੇ ਸ਼ਮਸ਼ੇਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਮੌਜੂਦ ਸਨ।

# ਮਹਿੰਦਰ ਸਿੰਘ ਨਮਿੱਤ ਪਾਠ ਦਾ ਭੋਗ ਭਲਕੇ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-



ਪਿੰਡ ਮਹਿਰਾਜ ਵਾਸੀ ਗੁਰਸੇਵਕ ਸਿੰਘ ਤੇ ਲਾਭਜੀਤ ਸਿੰਘ ਦੇ ਪੂਜਨੀਕ ਪਿਤਾ ਮਹਿੰਦਰ ਸਿੰਘ ਪੁੱਤਰ ਸਵ: ਨਰੈਣ ਸਿੰਘ 'ਦੇਰਥ' ਬੀਤੀ 12 ਜੁਲਾਈ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ। ਉਹ 83 ਵਰ੍ਹਿਆਂ ਦੇ ਸਨ ਤੇ ਕੁੱਝ ਸਮੇਂ ਤੋਂ ਬਿਮਾਰ ਸਨ। ਉਨ੍ਹਾਂ ਦੇ ਦਿਹਾਂਤ 'ਤੇ ਵੱਖ-ਵੱਖ ਆਗੂਆਂ ਤੇ ਰਿਸ਼ਤੇਦਾਰ ਸਨੇਹੀ-ਪਿਆਰਿਆਂ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼ੋਕਗ੍ਰਸਤ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਇਜ਼ਹਾਰ ਕੀਤਾ ਹੈ।

ਸਵ: ਮਹਿੰਦਰ ਸਿੰਘ ਨਮਿੱਤ ਸ੍ਰੀ ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਅਸਥਾਨ ਸਮਾਧ ਬਾਬਾ ਕਾਲਾ ਜੀ ਪਿੰਡ ਮਹਿਰਾਜ, ਪੱਤੀ ਕਾਲਾ (ਜ਼ਿਲ੍ਹਾ ਬਠਿੰਡਾ) ਵਿਖੇ 21 ਜੁਲਾਈ ਮੰਗਲਵਾਰ ਨੂੰ ਦੁਪਹਿਰ 12:30 ਵਜੇ ਹੋਵੇਗੀ।

# ਭਲਾਈ ਕੇਂਦਰ ਨੇ ਬਜ਼ੁਰਗਾਂ ਨੂੰ ਲੋੜੀਂਦਾ ਸਮਾਨ ਵੰਡਿਆ



**ਬੁਢਲਾਡਾ (ਅਸ਼ੋਕ ਲਾਕੜਾ)**
ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਵਿਹੜੇ ਸੀਨੀਅਰ ਸਿਟੀਜ਼ਨਾਂ ਨੂੰ ਲੋੜ ਅਨੁਸਾਰ 10 ਲੱਖ ਰੁਪਏ ਤੋਂ ਵੱਧ ਦਾ ਸਮਾਨ ਵੰਡਿਆ ਗਿਆ।ਜਾਣਕਾਰੀ ਦਿੰਦੇ ਹੋਏ ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਅਤੇ ਕੁਲਵਿੰਦਰ ਸਿੰਘ ਈ ਓ ਨੇ ਦੱਸਿਆ ਕਿ ਲਗਭਗ 7 ਮਹੀਨੇ ਪਹਿਲਾਂ ਸਥਾਨਕ ਗਿੱਮਟ ਕਾਲਜ ਅਤੇ ਗੁਰੂ ਨਾਨਕ ਕਾਲਜ ਨੇੜੇ ਲੰਗਰ ਸਥਾਨ 'ਤੇ ਸੀਨੀਅਰ ਸਿਟੀਜ਼ਨਾਂ ਨੂੰ ਕੇਂਦਰ ਸਰਕਾਰ ਦੀ ਸਕੀਮ ਤਹਿਤ ਬਿੱਗ ਹੋਪ ਫਾਊਂਡੇਸ਼ਨ ਬਰੇਟਾ ਦੇ ਸਹਿਯੋਗ ਨਾਲ ਵ੍ਹੀਲਚੇਅਰ, ਕੰਨ ਮਸ਼ੀਨਾਂ, ਕਾਮੋਡ ਕੁਰਸੀ, ਵਾਕਰ, ਕਮਰ ਬੈਲਟ, ਨ੍ਹੀ ਕੈਪ, ਗਰਦਨ ਕਾਲਰ, ਖੂੰਟੀਆ ਦੇਣ ਲਈ ਫ਼ਾਰਮ ਭਰੇ ਗਏ ਸਨ। ਭਲਾਈ ਕੇਂਦਰ ਦੇ ਦਫਤਰ ਵਿਚ ਇਹ ਸਮਾਨ ਪਿਛਲੇ ਦਿਨੀਂ ਵੰਡਿਆ ਗਿਆ। ਇਸ ਕਾਰਜ਼ ਵਿੱਚ ਸਥਾਨਕ ਗਿੱਮਟ ਕਾਲਜ, ਜ਼ਿਲ੍ਹਾ ਰੂਰਲ ਯੂਥ ਕਲਬਜ਼ ਐਸੋਸੀਏਸ਼ਨ ਮਾਨਸਾ, ਆਸਰਾ ਫਾਊਂਡੇਸ਼ਨ ਬਰੇਟਾ, ਧੰਨ ਗੁਰੂ ਨਾਨਕ ਸਤਿਸੰਗ ਸਭਾ ਦਾ ਪੂਰਾ ਸਹਿਯੋਗ ਰਿਹਾ। ਸਮਾਗਮ ਦੀ ਸ਼ੁਰੂਆਤ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਸਤਨਾਮ ਸਿੰਘ ਖਨਾਲੀਆ, ਮੀਤ ਪ੍ਰਧਾਨ ਟਿੰਕੂ ਪੰਜਾਬ, ਸੀਨੀਅਰ ਐਮ ਸੀ ਗੁਰਪ੍ਰੀਤ ਸਿੰਘ ਵਿਰਕ, ਜੱਸੀ ਸੈਣੀ, ਸਤਨਾਮ ਸਿੰਘ ਦੁੱਗਲ , ਨੱਥਾ ਸਿੰਘ, ਕਾਮਰੇਡ ਜਗਸੀਰ ਸਿੰਘ, ਵਿਨੀਤ ਜਿੰਦਲ ,ਚੇਅਰਮੈਨ ਗਿੱਮਟ ਕਾਲਜ ਨਵੀਨ ਸਿੰਗਲਾ, ਪਟਵਾਰੀ ਬਲਵਿੰਦਰ ਸਿੰਘ ਹਾਕਮ ਵਾਲਾ, ਪਟਵਾਰੀ ਗੁਰਦਰਸ਼ਨ ਸਿੰਘ ਮੰਦਰਾਂ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣਾ ਨੇ ਸੰਸਥਾ ਦੇ ਇਸ ਭਲਾਈ ਕਾਰਜ ਦੀ ਸ਼ਲਾਘਾ ਕੀਤੀ । 160 ਦੇ ਲਗਭਗ ਲੋੜਵੰਦ ਬਜ਼ੁਰਗਾਂ ਨੂੰ 10 ਲੱਖ ਰੁਪਏ ਦਾ ਲੋੜੀਂਦਾ ਸਮਾਨ ਦਿੱਤਾ। ਸਮਾਨ ਵੰਡਣ ਮੌਕੇ ਬਲਬੀਰ ਸਿੰਘ ਕੈਂਥ, ਮਿਸਤਰੀ ਮਿੱਠੂ ਸਿੰਘ, ਵਿਜੇ ਗੋਇਲ, ਪਰਮਜੀਤ ਸਿੰਘ ਅਨੇਜਾ, ਅਵਤਾਰ ਸਿੰਘ ਬਛੁਆਣਾ, ਸੋਹਣ ਸਿੰਘ, ਨਰੇਸ਼ ਕੁਮਾਰ ਬੰਸੀ, ਦਵਿੰਦਰਪਾਲ ਸਿੰਘ, ਬਲਜਿੰਦਰ ਸ਼ਰਮਾ, ਕਾਮਰੇਡ ਹਰਦਿਆਲ ਸਿੰਘ, ਮੇਜਰ ਸਿੰਘ, ਰਜਿੰਦਰ ਸਿੰਘ ਭੋਲਾ, ਡਾਕਟਰ ਗੁਰਲਾਲ ਸਿੰਘ, ਸੋਨੂ ਸਾਹਨੀ, ਜਗਮੋਹਨ ਸਿੰਘ, ਗੁਰਚਰਨ ਸਿੰਘ ਮਲਹੋਤਰਾ, ਹੇਮਰਾਜ ਸ਼ਰਮਾ, ਦਰਸ਼ਨ ਸਿੰਘ ਬਰੇ, ਨੱਥਾ ਸਿੰਘ, ਮਹਿੰਦਰਪਾਲ ਸਿੰਘ, ਬਿੰਦੂ ਰਾਣੀ ਸਮੇਤ ਅਨੇਕਾਂ ਮੈਂਬਰ ਹਾਜ਼ਰ ਸਨ।

# ਜ਼ਮੀਨ ਦੇ ਸੌਦੇ 'ਚ ਵਕੀਲ ਨਾਲ ਧੋਖਾਧੜੀ ਕਰਨ ਦੇ ਮਾਮਲੇ 'ਚ ਪੰਜ ਨੂੰ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਧੋਖਾਧੜੀ ਦੇ ਕਰੀਬ 15 ਸਾਲ ਪੁਰਾਣੇ ਕਥਿਤ ਮਾਮਲੇ ਵਿੱਚ ਹੇਠਲੀ ਅਦਾਲਤ ਵੱਲੋਂ ਕਰੀਬ 8 ਸਾਲ ਪਹਿਲਾਂ ਬਰੀ ਕਰ ਦਿੱਤੇ ਗਏ ਪੰਜ ਵਿਅਕਤੀਆਂ ਨੂੰ ਫ਼ਤਹਿਗੜ੍ਹ ਸਾਹਿਬ ਦੀ ਸੈਸ਼ਨਜ਼ ਅਦਾਲਤ ਵੱਲੋਂ ਮਾਮਲੇ 'ਚ ਦੋਸ਼ੀ ਕਰਾਰ ਦਿੰਦੇ ਹੋਏ ਕੈਦ ਅਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਕੁਲਦੀਪ ਸਿੰਘ ਨਾਮਕ ਵਕੀਲ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਏ ਸਨ ਕਿ ਉਹ ਵਾਹੀਯੋਗ ਜ਼ਮੀਨ ਖਰੀਦਣੀ ਚਾਹੁੰਦਾ ਸੀ ਜਿਸ ਦੇ ਸਬੰਧ ਵਿੱਚ ਉਸ ਦੀ ਮੁਲਾਕਾਤ ਹੁਸ਼ਿਆਰ ਸਿੰਘ, ਰਜਿੰਦਰ ਸਿੰਘ,ਗਰਜਾ ਸਿੰਘ,ਅਮਰੀਕ ਸਿੰਘ ਅਤੇ ਗੁਰਦੀਪ ਸਿੰਘ ਨਾਲ ਹੋਈ ਸੀ।ਜਿਨ੍ਹਾਂ ਨੇ ਉਸ ਨਾਲ ਧੋਖਾਧੜੀ ਕਰਦੇ ਹੋਏ ਉਸ ਨੂੰ ਵਿਵਾਦ ਰਹਿਤ ਜ਼ਮੀਨ ਦੱਸ ਕੇ ਧੋਖੇ ਨਾਲ ਉਹ ਜ਼ਮੀਨ ਵੇਚ ਦਿੱਤੀ ਜਿਸ ਦਾ ਕੇਸ ਪਹਿਲਾਂ ਹੀ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਤੇ ਡਾਇਰੈਕਟਰ ਪੰਚਾਇਤ, ਚੰਡੀਗੜ੍ਹ ਦੀ ਅਦਾਲਤ ਵਿੱਚ ਲੰਬਿਤ ਸੀ।ਕੁਲਦੀਪ ਸਿੰਘ ਦੀ ਸ਼ਿਕਾਇਤ ਤੇ ਮਿਤੀ 19/8/11 ਨੂੰ ਥਾਣਾ ਬਸੀ ਪਠਾਣਾਂ ਦੀ ਪੁਲਿਸ ਵੱਲੋਂ ਹੋਸ਼ਿਆਰ ਸਿੰਘ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਸੀ।ਉਕਤ ਮਾਮਲੇ ਦੀ ਸੁਣਵਾਈ ਦੌਰਾਨ ਅਦਾਲਤ ਵੱਲੋਂ ਰਾਜਿੰਦਰ ਸਿੰਘ, ਗਰਜਾ ਸਿੰਘ, ਅਮਰੀਕ ਸਿੰਘ ਅਤੇ ਗੁਰਦੀਪ ਸਿੰਘ ਨੂੰ ਫੌਜਦਾਰੀ ਜ਼ਾਬਤਾ ਸੰਹਿਤਾ ਦੀ ਧਾਰਾ 319 ਅਧੀਨ ਇਸ ਮਾਮਲੇ ਵਿੱਚ ਮੁਕੱਦਮੇ ਦਾ ਸਾਹਮਣਾ ਕਰਨ ਲਈ ਤਲਬ ਕੀਤਾ ਗਿਆ ਤੇ ਉਨ੍ਹਾਂ ਵਿਰੁੱਧ ਦੋਸ਼ ਤੈਅ ਕੀਤੇ ਗਏ।ਉਕਤ ਮਾਮਲੇ ਦੀ ਸੁਣਵਾਈ ਪੂਰੀ ਹੋਣ 'ਤੇ ਮਿਤੀ 1/3/18 ਨੂੰ ਜੁਡੀਸ਼ੀਅਲ ਮੈਜਿਸਟਰੇਟ ਫ਼ਤਹਿਗੜ੍ਹ ਸਾਹਿਬ ਦੀ ਅਦਾਲਤ ਵੱਲੋਂ ਉਨ੍ਹਾਂ ਨੂੰ ਦੋਸ਼ਾਂ ਤੋਂ ਬਰੀ ਕਰ ਦਿੱਤਾ ਗਿਆ।ਹੇਠਲੀ ਅਦਾਲਤ ਦੇ ਉਕਤ ਫੈਸਲੇ ਤੋਂ ਅੰਸਤੁਸ਼ਟ ਸ਼ਿਕਾਇਤ ਕਰਤਾ ਧਿਰ ਵੱਲੋਂ ਸੈਸ਼ਨਜ਼ ਅਦਾਲਤ ਵਿੱਚ ਅਪੀਲ ਦਾਇਰ ਕਰਕੇ ਹੇਠਲੀ ਅਦਾਲਤ ਦੇ ਫੈਸਲੇ 'ਤੇ ਨਜ਼ਰਸਾਨੀ ਕਰਨ ਦੀ ਮੰਗ ਕੀਤੀ ਗਈ ਸੀ। ਸਬੂਤਾਂ,ਗਵਾਹਾਂ ਅਤੇ ਦਲੀਲਾਂ ਨੂੰ ਵਿਚਾਰਨ ਤੋਂ ਬਾਅਦ ਐਡੀਸ਼ਨਲ ਸੈਸ਼ਨਜ਼ ਜੱਜ ਫ਼ਤਹਿਗੜ੍ਹ ਸਾਹਿਬ ਦੀ ਅਦਾਲਤ ਨੇ ਹੋਸ਼ਿਆਰ ਸਿੰਘ ਵਾਸੀ ਪਿੰਡ ਰਾਏਪੁਰ ਗੁੱਜਰਾਂ, ਗਰਜਾ ਸਿੰਘ ਵਾਸੀ ਪਿੰਡ ਡੇਰਾ ਮੀਰ ਮੀਰਾਂ,ਰਾਜਿੰਦਰ ਸਿੰਘ,ਅਮਰੀਕ ਸਿੰਘ ਅਤੇ ਗੁਰਦੀਪ ਸਿੰਘ ਵਾਸੀਆਨ ਸਰਹਿੰਦ ਸ਼ਹਿਰ ਨੂੰ ਚਾਰ-ਚਾਰ ਸਾਲ ਕੈਦ ਬਾਮੁਸ਼ੱਕਤ ਅਤੇ ਪੰਜ-ਪੰਜ ਲੱਖ ਰੁਪਏ ਜ਼ੁਰਮਾਨੇ ਦੀ ਸਜ਼ਾ ਸੁਣਾਈ ਹੈ।

## ਥਾਰ ਡਿਵਾਈਡਰ ਨਾਲ ਟਕਰਾਈ, ਇੱਕ ਦੀ ਮੌਤ, ਦੂਜਾ ਗੰਭੀਰ ਜ਼ਖ਼ਮੀ



ਜ਼ੀਰਕਪੁਰ (ਜਤਿੰਦਰ ਕੁਮਾਰ) ਮੋਹਾਲੀ ਵਿੱਚ ਸ਼ੁੱਕਰਵਾਰ ਦੇਰ ਰਾਤ ਇੱਕ ਤੇਜ਼ ਰਫ਼ਤਾਰ ਮਹਿੰਦਰਾ ਥਾਰ ਬੇਕਾਬੂ ਹੋ ਕੇ ਸੜਕ ਦੇ ਵਿਚਕਾਰ ਬਣੇ ਡਿਵਾਈਡਰ ਦੇ ਪਿੱਲਰ ਨਾਲ ਟਕਰਾ ਗਈ। ਇਸ ਹਾਦਸੇ 'ਚ ਇੱਕ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਦੂਜਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਜ਼ਖ਼ਮੀ ਨੂੰ ਇਲਾਜ ਲਈ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਪ੍ਰਤੱਖਦਰਸ਼ੀਆਂ ਦੇ ਅਨੁਸਾਰ, ਥਾਰ ਬਹੁਤ ਤੇਜ਼ ਰਫ਼ਤਾਰ ਵਿੱਚ ਸੀ। ਦੇਰ ਰਾਤ ਕੁੰਭੜਾ ਲਾਈਟ ਪੁਆਇੰਟ ਨੇੜੇ ਪਹੁੰਚਣ 'ਤੇ ਚਾਲਕ ਦਾ ਵਾਹਨ 'ਤੇ ਕਾਬੂ ਖੋ ਗਿਆ, ਜਿਸ ਕਾਰਨ ਗੱਡੀ ਸਿੱਧੀ ਡਿਵਾਈਡਰ ਦੇ ਪਿੱਲਰ ਨਾਲ ਜਾ ਟਕਰਾਈ।ਹਾਦਸੇ ਤੋਂ ਬਾਅਦ ਮੌਕੇ 'ਤੇ ਹੜਕੰਪ ਮਚ ਗਿਆ। ਆਸ-ਪਾਸ ਮੌਜੂਦ ਲੋਕਾਂ ਨੇ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ ਅਤੇ ਜ਼ਖ਼ਮੀਆਂ ਨੂੰ ਵਾਹਨ ਵਿੱਚੋਂ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ। ਸੂਚਨਾ ਮਿਲਦੇ ਹੀ ਪੁਲਸ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਕਰੇਨ ਦੀ ਮਦਦ ਨਾਲ ਨੁਕਸਾਨੀ ਥਾਰ ਨੂੰ ਸੜਕ ਤੋਂ ਹਟਾ ਕੇ ਆਪਣੇ ਕਬਜ਼ੇ ਵਿੱਚ ਲੈ ਲਿਆ। ਪੁਲਿਸ ਦੀ ਮੁੱਢਲੀ ਜਾਂਚ ਵਿੱਚ ਵਾਹਨ ਦੇ ਅੰਦਰੋਂ ਕੁਝ ਸ਼ੱਕੀ ਵਸਤਾਂ ਮਿਲਣ ਦੀ ਜਾਣਕਾਰੀ ਸਾਹਮਣੇ ਆਈ ਹੈ।ਪੁਲਿਸ ਨੇ ਵਾਹਨ ਦੇ ਨੰਬਰ ਅਤੇ ਉਸ ਵਿੱਚੋਂ ਮਿਲੇ ਦਸਤਾਵੇਜ਼ਾਂ ਦੇ ਆਧਾਰ 'ਤੇ ਦੋਵੇਂ ਨੌਜਵਾਨਾਂ ਦੀ ਪਛਾਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਘਟਨਾ ਸਥਾਨ ਅਤੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਵੀ ਖੰਗਾਲੀ ਜਾ ਰਹੀ ਹੈ।

# ਮਾਸੜ ਵੱਲੋਂ ਆਪਣੀ ਭਣੇਵੀ ਦਾ ਕਤਲ

### ਦੋਸ਼ੀਆਂ ਨੂੰ ਸਜ਼ਾਵਾਂ ਦੀ ਮੰਗ ਨੂੰ ਲੈ ਕੇ ਕੈਂਡਲ ਮਾਰਚ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਜੰਡਿਆਲਾ ਮੰਜਕੀ ਦੀ 15 ਸਾਲਾ ਲਵਲਿਨ ਨਾਂਅ ਦੀ ਨਾਬਾਲਗ ਲੜਕੀ ਨੂੰ ਸਕੇ ਮਾਸੜ ਨੇ ਕੁੱਟ-ਕੁੱਟ ਕੇ ਮਾਰ ਦਿੱਤਾ।ਇਹ ਘਟਨਾ ਪੁਲਿਸ ਕਮਿਸ਼ਨਰੇਟ ਅੰਮ੍ਰਿਤਸਰ ਦੇ ਥਾਣਾ ਗੇਟ ਹਕੀਮਾਂ ਅਧੀਨ ਖੇਤਰ ਰੂਪ ਨਗਰ ਦੀ ਹੈ।ਸਿਵਲ ਹਸਪਤਾਲ ਜਲੰਧਰ ਵਿੱਚ ਪੋਸਟ-ਮਾਰਟਮ ਕਰਵਾਉਣ ਤੋਂ ਬਾਅਦ ਮ੍ਰਿਤਕ ਦੇ ਭਰਾ ਦੇ ਬਿਆਨ ਦਰਜ ਕਰਕੇ ਪੁਲਸ ਥਾਣਾ ਗੇਟ ਹਕੀਮਾਂ ਵਿੱਚ ਭਾਰਤੀ ਦੰਡ ਸੰਹਿਤਾ ਦੀਆਂ ਧਾਰਾਵਾਂ 103,351(2) ਅਤੇ 3(5) ਅਧੀਨ ਮੁਢਲੀ ਰਿਪੋਰਟ ਦਰਜ ਕਰ ਲਈ ਗਈ ਹੈ।ਮ੍ਰਿਤਕਾ ਦੇ ਵੱਡੇ ਭਰਾ ਸੁਜਲ ਸਹੋਤਾ ਪੁੱਤਰ ਜਤਿੰਦਰ ਵਾਸੀ ਨਵੀਂ ਅਬਾਦੀ ਜੰਡਿਆਲਾ ਮੰਜਕੀ ਦੇ ਬਿਆਨ ਅਨੁਸਾਰ ਕੁਝ ਦਿਨ ਪਹਿਲਾਂ ਮ੍ਰਿਤਕ ਲੜਕੀ ਆਪਣੇ ਮਾਸੀ-ਮਾਸੜ ਕੋਲ ਗਈ ਸੀ ਜਿਸ ਉਪਰ ਅੰਮ੍ਰਿਤਸਰ ਵਾਸੀ ਉਸਦਾ ਮਾਸੜ ਵਨੀਤ ਕੁਮਾਰ ਉਰਫ਼ ਨੰਨੂ ਉਸ ਨੂੰ ਰੱਖਣਾ ਚਾਹੁੰਦਾ ਸੀ ਪਰ ਲੜਕੀ ਨੇ ਉਸ ਦਾ ਕਹਿਣਾ ਮੰਨਣ ਤੋਂ ਇਨਕਾਰ ਕਰ ਦਿੱਤਾ ਸੀ।ਮਾਸੜ ਨੇ ਲੜਕੀ ਲਵਲਿਨ ਅਤੇ ਉਸ ਦੇ ਭਰਾ ਸੁਜਲ ਨੂੰ ਅੰਮ੍ਰਿਤਸਰ ਆਪਣੇ ਘਰ ਸੱਦਿਆ ਅਤੇ ਜਾਣ ਦੇ ਕਿਰਾਏ ਲਈ ਗੂਗਲ ਪੇ ਰਾਹੀਂ ਦੋ ਹਜ਼ਾਰ ਰੁਪਏ ਵੀ ਭੇਜੇ ਤੇ ਤਾਕੀਦ ਕੀਤੀ ਕਿ ਉਹ ਹੋਰ ਕਿਸੇ ਨੂੰ ਨਾਲ ਨਾ ਲੈ ਕੇ ਆਉਣ।ਸੁਜਲ ਅਤੇ ਉਸ ਦੀ ਭੈਣ ਦੇ ਮਾਂ-ਪਿਉ ਨੇ ਦੋਹਾਂ ਬੱਚਿਆਂ ਨੂੰ ਭੇਜਣਾ ਠੀਕ ਨਾ ਸਮਝਿਆ ਅਤੇ ਕਿਸੇ ਦੀ ਗੱਡੀ ਵਿੱਚ ਤੇਲ ਪਵਾ ਕੇ ਆਪ ਵੀ ਨਾਲ ਚਲੇ ਗਏ।ਮਾਸੜ ਦੇ ਘਰ ਤੋਂ ਥੋੜ੍ਹਾ ਦੂਰ ਆਪਣੇ ਮਾਂ-ਬਾਪ ਨੂੰ ਗੱਡੀ ਵਿੱਚ ਰੁਕਵਾ ਕੇ ਦੋਵੇਂ ਭੈਣ-ਭਰਾ ਮਾਸੜ-ਮਾਸੀ ਦੀ ਕੋਠੀ ਅੰਦਰ ਚਲੇ ਗਏ।ਮਾਸੜ ਨੇ ਲੜਕੀ ਲਵਲਿਨ ਨੂੰ ਦੋਸ਼ ਲਾਇਆ ਕਿ ਉਸ ਨੇ ਉਸਦੇ ਸੋਨੇ ਦੇ ਗਹਿਣੇ ਚੋਰੀ ਕੀਤੇ ਹਨ ਜਿਸ ਦੀ ਪੁੱਛ-ਗਿੱਛ ਕਰਨੀ ਹੈ।ਉਹ ਲੜਕੀ ਨੂੰ ਚੁਬਾਰੇ ਵਿੱਚ ਲੈ ਗਿਆ ਅਤੇ ਅੰਦਰੋਂ ਦਰਵਾਜ਼ੇ ਦੀ ਕੁੰਡੀ ਲਾ ਕੇ ਕਥਿਤ ਕੁੱਟਣਾ ਸ਼ੁਰੂ ਕਰ ਦਿੱਤਾ। ਲੜਕੀ ਨੇ ਬਹੁਤ ਰੌਲਾ ਪਾਇਆ। ਉਸ ਦਾ ਭਰਾ ਦੌੜ ਕੇ ਗਿਆ ਤੇ ਦਰਵਾਜ਼ਾ ਖੜਕਾਇਆ।ਮਾਸੜ ਦੇ ਭਰਾ ਨੰਨੂ ਨੇ ਉਸਨੂੰ ਜਾਨੋਂ ਮਾਰਨ ਦੀ ਧਮਕੀ ਦੇ ਕੇ ਹੇਠਾਂ ਭੇਜ ਦਿੱਤਾ ਅਤੇ ਦੋਵੇਂ ਭਰਾ ਲੜਕੀ ਦੀ ਕੁੱਟ-ਮਾਰ ਕਰਦੇ ਰਹੇ।ਕਿਸੇ ਤਰੀਕੇ ਸੁਜਲ ਸਹੋਤਾ ਨੇ ਆਪਣੇ ਮਾਂ-ਬਾਪ ਨੂੰ ਸੂਚਿਤ ਕੀਤਾ ਤੇ ਉਹ ਵੀ ਆ ਗਏ।ਜਦੋਂ ਉੱਪਰ ਜਾ ਕੇ ਦੇਖਿਆ ਤਾਂ ਲੜਕੀ ਦੀ ਮੌਤ ਹੋ ਚੁੱਕੀ ਸੀ ਅਤੇ ਉਹ ਨਗਨ ਹਾਲਤ ਵਿੱਚ ਪਈ ਸੀ।ਲੜਕੀ ਦੀ ਮਾਸੀ ਨੇ ਉਸ ਨੂੰ ਕੱਪੜੇ ਪਾਏ।ਵਨੀਤ ਕੁਮਾਰ ਥੋੜ੍ਹੇ ਦਿਨ ਪਹਿਲਾਂ ਹੀ ਜੇਲ੍ਹ 'ਚੋਂ ਆਇਆ ਹੈ ਤੇ ਸਾਰਿਆਂ ਨੂੰ ਜਾਨੋਂ ਮਾਰਨ ਦੀਆਂ ਕਥਿਤ ਧਮਕੀਆਂ ਦਿੰਦਾ ਰਿਹਾ।ਕਤਲ ਦੀ ਵਜ੍ਹਾ ਲੜਕੀ ਵੱਲੋਂ ਮਾਸੜ ਨਾਲ ਗਲਤ ਸੰਬੰਧ ਬਣਾਉਣ ਤੋਂ ਇਨਕਾਰ ਸਮਝਿਆ ਜਾ ਰਿਹਾ ਹੈ। ਉਸ ਨੇ ਆਪਣੇ ਭਰਾ ਨੰਨੂ ਨੂੰ ਨਾਲ ਲੈ ਕੇ ਆਪਣੀ ਲਾਲ ਰੰਗ ਦੀ ਗੱਡੀ ਵਿੱਚ ਲੜਕੀ ਦੀ ਲਾਸ਼ ਰੱਖ ਕੇ ਲੜਕੀ ਦੇ ਮਾਂ-ਬਾਪ ਅਤੇ ਭਰਾ ਨੂੰ ਵੀ ਡਰਾ-ਧਮਕਾ ਕੇ ਗੱਡੀ ਵਿੱਚ ਬਿਠਾ ਕੇ ਨਾਲ ਜੰਡਿਆਲੇ ਛੱਡਣ ਲਈ ਚੱਲ ਪਿਆ।ਕਰਤਾਰਪੁਰ ਲਾਗੇ ਲੜਕੀ ਦੀ ਲਾਸ਼ ਅਤੇ ਪਿਤਾ ਨੂੰ ਉਤਾਰ ਦਿੱਤਾ ਅਤੇ ਆਪ ਵਾਪਸ ਅੰਮ੍ਰਿਤਸਰ ਮੁੜ ਗਿਆ।ਮ੍ਰਿਤਕਾ ਦੇ ਮਾਸੜ ਦਾ ਗਿਰਤੋਰ ਜੰਡਿਆਲੇ ਲੜਕੀ ਦੇ ਘਰ ਲਾਗੇ ਲਾਸ਼ ਉਤਾਰਨ ਦੇ ਗੱਡੀ ਭਜਾ ਕੇ ਲੈ ਗਿਆ।ਲੋਕਾਂ ਨੇ ਇਕੱਠੇ ਹੋ ਕੇ ਪੁਲਸ ਕੰਟਰੋਲ ਰੂਮ 112 ਤੇ ਫੋਨ ਕੀਤਾ ਜਿਨ੍ਹਾਂ ਪੁਲਸ ਕਮਿਸ਼ਨਰੇਟ ਅੰਮ੍ਰਿਤਸਰ ਨੂੰ ਸੂਚਿਤ ਕੀਤਾ, ਜਿਨ੍ਹਾਂ ਨੇ ਲੜਕੀ ਦਾ ਪੋਸਟ-ਮਾਰਟਮ ਕਰਵਾ ਕੇ ਕੇਸ ਦਰਜ ਕਰ ਲਿਆ ਹੈ।ਜੰਡਿਆਲਾ ਵਾਸੀ ਰੋਸ ਪ੍ਰਗਟ ਕਰਨ ਅਤੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਸਖਤ ਸਜ਼ਾਵਾਂ ਦੇਣ ਦੀ ਮੰਗ ਨੂੰ ਲੈ ਕੇ ਕੈਂਡਲ ਮਾਰਚ ਕੀਤਾ।

## ਪਹਿਲਾ ਗੁਰਮਤਿ ਸਮਾਗਮ ਚੜ੍ਹਦੀ ਕਲਾ ਨਾਲ ਸੰਪੰਨ



ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਹਲਕਾ ਇੰਚਾਰਜ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਰੂਹੀ ਦੀ ਦੇਖ-ਰੇਖ ਹੇਠ ਸ਼ੁਰੂ ਕੀਤੀ ਗਈ ਖਾਲਸਾ ਵਹੀਰ ਗੁਰਮਤਿ ਪ੍ਰਚਾਰ ਲਹਿਰ ਤਹਿਤ ਪਹਿਲਾ ਗੁਰਮਤਿ ਸਮਾਗਮ ਗੁਰਦੁਆਰਾ ਸਿੰਘ ਸਭਾ, ਡੇਰਾ ਸੈਦਾਂ ਵਿਖੇ ਚੜ੍ਹਦੀ ਕਲਾ ਨਾਲ ਸੰਪੰਨ ਹੋਇਆ।ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਪਹੁੰਚੇ ਪ੍ਰਚਾਰਕ ਜਥਿਆਂ ਨੇ ਗੁਰਬਾਣੀ ਕੀਰਤਨ, ਕਥਾ ਅਤੇ ਗੁਰੂ ਇਤਿਹਾਸ ਦੀ ਵਿਚਾਰ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਿਆ। ਇਸ ਮੌਕੇ ਬੀਬੀ ਗੁਰਪ੍ਰੀਤ ਕੌਰ ਰੂਹੀ ਨੇ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਦੀ ਪ੍ਰੇਰਨਾ ਦਿੰਦਿਆਂ ਦੱਸਿਆ ਕਿ 12 ਅਗਸਤ 2026 ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ। ਉਨ੍ਹਾਂ ਨੇ ਸਮੂਹ ਸੰਗਤਾਂ ਨੂੰ 17 ਅਗਸਤ 2026 ਨੂੰ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਹੋਣ ਵਾਲੇ ਹਲਕਾ ਪੱਧਰੀ ਸਾਂਝੇ ਗੁਰਮਤਿ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਸੱਦਾ ਵੀ ਦਿੱਤਾ।

## 'ਹਲਕਾ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਕਾਂਗਰਸੀ ਚੰਨੀ ਨਾਲ ਚੱਟਾਨ ਵਾਂਗ ਖੜ੍ਹੇ ਹਨ'



ਮੋਰਿੰਡਾ (ਨਿਹਾਲ ਸਿੰਘ ਕਲਸੀ) ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ 2027 ਦੀਆਂ ਵਿਧਾਨ ਸਭਾ ਚੋਣਾਂ ਜਿੱਤਣ ਨੂੰ ਲੈ ਕੇ ਬਿਲਕੁਲ ਸੀਰੀਅਸ ਨਹੀਂ ਹਨ ਰਾਜਾ ਵੜਿੰਗ ਆਪਣੇ ਆਪ ਨੂੰ ਮੁੱਖ ਮੰਤਰੀ ਵਜੋਂ 2032 ਦੀ ਤਿਆਰੀ ਕਰ ਰਿਹਾ ਹੈ ਜਿਸ ਦੇ ਤਹਿਤ ਅਮਰਿੰਦਰ ਸਿੰਘ ਰਾਜਾ ਵੜਿੰਗ ਬਹੁਤ ਸਾਰੇ ਨਿਊਜ਼ ਚੈਨਲਾਂ ਨੂੰ ਆਪਣੀਆਂ ਇੰਟਰਵਿਊਆਂ ਵਿੱਚ ਇਸ ਦਾ ਪ੍ਰਗਟਾਵਾ ਕਰ ਚੁੱਕੇ ਹਨ।ਇਹ ਵਿਚਾਰ ਸੀਨੀਅਰ ਕਾਂਗਰਸੀ ਆਗੂ ਅਤੇ ਸ਼ੂਗਰ ਮਿੱਲ ਮੋਰਿੰਡਾ ਦੇ ਸਾਬਕਾ ਚੇਅਰਮੈਨ ਖੁਸ਼ਹਾਲ ਸਿੰਘ ਦਤਾਰਪੁਰ ਨੇ ਗੱਲਬਾਤ ਕਰਦਿਆ ਪ੍ਰਗਟ ਕੀਤੇ, ਇਸ ਮੌਕੇ ਚੇਅਰਮੈਨ ਖੁਸ਼ਹਾਲ ਸਿੰਘ ਦਤਾਰਪੁਰ ਨੇ ਕਿਹਾ ਕਿ ਪੰਜਾਬ ਦੇ ਲੋਕ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਲਿਆਉਣ ਲਈ ਉਤਾਵਲੇ ਹਨ ਪ੍ਰੰਤੂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਕਾਂਗਰਸ ਪਾਰਟੀ ਨੂੰ ਮਜਬੂਤ ਕਰਨ ਦੀ ਬਜਾਏ ਸੱਤਾ ਧਿਰ ਪਾਰਟੀ ਨਾਲ ਅੰਦਰੋਂਗਤੀ ਸਮਝੌਤਾ ਕਰਕੇ ਪਾਰਟੀ ਨੂੰ ਕਮਜ਼ੋਰ ਕਰ ਰਹੇ ਹਨ, ਜਿਸ ਕਾਰਨ ਕਾਂਗਰਸੀ ਵਰਕਰਾਂ ਵਿੱਚ ਕਾਫੀ ਨਿਰਾਸ਼ਾ ਪਾਈ ਜਾ ਰਹੀ ਹੈ ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਕਰਵਾਏ ਵੱਖ ਵੱਖ ਸਰਵੇਖਣਾਂ ਵਿੱਚ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਕਾਰਗੁਜ਼ਾਰੀ ਦੇ ਸਵਾਲ ਚੁੱਕਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਹੋਰ ਸੀਨੀਅਰ ਲੀਡਰਸ਼ਿਪ ਨੂੰ ਪਸੰਦ ਕੀਤਾ ਗਿਆ ਹੈ। ਉਹਨਾਂ ਇਹ ਵੀ ਕਿਹਾ ਕਿ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਜਿਲਾ ਪਰਿਸ਼ਦ, ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਇੱਕ ਤਰਫਾ ਵੋਟ ਪਾ ਕੇ ਲੋਕਾਂ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਨੂੰ ਕਬੂਲਿਆ ਹੈ। ਉਥੇ ਹੀ ਪੂਰਾ ਇਲਾਕਾ ਜਾਣਦਾ ਹੈ ਕਿ ਆਉਣ ਵਾਲਾ ਕਾਂਗਰਸ ਪਾਰਟੀ ਦਾ ਭਵਿੱਖ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਹੀ ਹਨ ਅਤੇ ਹਲਕਾ ਸ੍ਰੀ ਚਮਕੌਰ ਸਾਹਿਬ ਦਾ ਹਰ ਕਾਂਗਰਸੀ ਵਰਕਰ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਚੱਟਾਨ ਵਾਂਗ ਖੜਾ ਹੈ।

## ਬੀ ਕੇ ਇੰਟਰਨੈਸ਼ਨਲ ਤੇ ਬਾਬੇ ਕੇ ਸਕੂਲ 'ਚ ਮਿਸ਼ਨ ਹਰਿਆਲੀ ਮੁਹਿੰਮ



ਲੋਹੀਆਂ ਖਾਸ, (ਯੋਗੇਸ਼ਵਰ) : ਸੰਤ ਬਾਬਾ ਨਾਹਰ ਸਿੰਘ ਅਤੇ ਸੰਤ ਬਾਬਾ ਕਪੂਰ ਸਿੰਘ ਦੇ ਅਸ਼ੀਰਵਾਦ ਨਾਲ ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸਕੈਂਡਰੀ ਸਕੂਲ ਵਿਖੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ 'ਫੈਪ' ਅਧੀਨ ਮਿਸ਼ਨ ਹਰਿਆਲੀ 2026 - ਪੇੜ ਲਗਾਓ ਮੁਹਿੰਮ ਚਲਾਈ ਗਈ ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸਕੂਲ ਅਤੇ ਆਸ ਪਾਸ ਖੇਤਰਾਂ ਵਿੱਚ ਜਾ ਕੇ ਫਲਦਾਰ, ਛਾਂਦਾਰ ਰੁੱਖ ਲਗਾਉਣ ਦਾ ਅਭਿਆਨ ਚਲਾਇਆ।ਇਸ ਮੌਕੇ ਸਕੂਲ ਡਾਇਰੈਕਟਰ ਸੱਦਾਮ ਖਾਨ, ਪ੍ਰਿੰਸੀਪਲ ਸ਼੍ਰੀਮਤੀ ਨੀਤੀਮਾ ਪੁਰੀ ਨੇ ਭਵਿੱਖ ਪ੍ਰਤੀ ਜਾਗਰੂਕ ਕਰਦਿਆਂ ਵਾਤਾਵਰਣ ਸੰਭਾਲਣ ਲਈ ਜਿਆਦਾ ਤੋਂ ਜਿਆਦਾ ਅਜਿਹੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਦੀ ਪ੍ਰੇਰਣਾ ਦਿੱਤੀ।

## ਪੰਜਾਬ ਪ੍ਰੈੱਸ ਕਲੱਬ ਵੱਲੋਂ ਰਾਹਗੀਰਾਂ ਲਈ ਲਗਾਇਆ ਨਵਾਂ ਵਾਟਰ ਕੂਲਰ



ਜਲੰਧਰ, (ਲਖਵਿੰਦਰ ਸਿੰਘ ਆਧੀ, ਸੁਰਿੰਦਰ ਕੁਮਾਰ )- ਸਥਾਨਕ ਪੰਜਾਬ ਪ੍ਰੈੱਸ ਕਲੱਬ ਵੱਲੋਂ ਗਰਮੀ ਦੇ ਮੱਦੇਨਜ਼ਰ ਰਾਹਗੀਰਾਂ ਖਾਸ ਕਰਕੇ ਵਿਦਿਆਰਥਣਾਂ ਲਈ ਠੰਢੇ ਪਾਣੀ ਦੀ ਸਹੂਲਤ ਲਈ ਲਗਾਏ ਗਏ ਵਾਟਰ ਕੂਲਰ ਦੀ ਸਮਰੱਥਾ ਤਿੰਨ ਗੁਣਾ ਵਧਾਉਦਿਆਂ ਆਰ.ਓ. ਸਮੇਤ ਨਵਾਂ ਵਾਟਰ ਕੂਲਰ ਤੇਰਾ ਆਸਰਾ ਟਰੱਸਟ ਦੇ ਸੰਸਥਾਪਕ ਬਾਬਾ ਪੁਪਿੰਦਰ ਸਿੰਘ ਇੰਗਲੈਂਡ ਵਾਸੀਆਂ ਦੀ ਆਰਥਿਕ ਸਹਾਇਤਾ ਅਤੇ ਪ੍ਰੈੱਸ ਕਲੱਬ ਦੇ ਮੈਂਬਰ ਦਵਿੰਦਰ (ਜ਼ੀਰੋਲਾਈਨ ਚੈੱਨਲ) ਦੇ ਸੁਹਿਰਦ ਯਤਨਾਂ ਨਾਲ ਸਥਾਪਤ ਕੀਤਾ ਗਿਆ ਹੈ। ਇਸ ਨਵੇਂ ਵਾਟਰ ਕੂਲਰ ਦਾ ਉਦਘਾਟਨ ਵਿਦਿਆਰਥਣ ਸੁਖਜੀਤ ਕੌਰ ਵਲੋਂ ਕੀਤਾ ਗਿਆ। ਕਲੱਬ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਸੈਣੀ ਨੇ ਕਿਹਾ ਕਿ ਕਲੱਬ ਦੇ ਮੈਂਬਰ ਦਵਿੰਦਰ ਸਿੰਘ ਸਾਰੇ ਮੈਂਬਰਾਂ ਲਈ ਪ੍ਰੇਰਨਾਸ੍ਰੋਤ ਹਨ, ਜਿਨ੍ਹਾਂ ਨੇ ਕਲੱਬ ਅਤੇ ਆਮ ਲੋਕਾਂ ਦੀ ਸਹੂਲਤ ਲਈ ਇਹ ਪਹਿਲਕਦਮੀ ਕੀਤੀ ਹੈ। ਉਨ੍ਹਾਂ ਬਾਬਾ ਪੁਪਿੰਦਰ ਸਿੰਘ ਤੇ ਦਵਿੰਦਰ ਸਿੰਘ ਦਾ ਇਸ ਸ਼ਲਾਘਾਯੋਗ ਉਪਰਾਲੇ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਗਵਰਨਿੰਗ ਕੌਂਸਲ ਦੇ ਸ਼ਿਵ ਸ਼ਰਮਾ, ਤੇਜਿੰਦਰ ਕੌਰ ਥਿੰਦ, ਰਾਜੇਸ਼ ਯੋਗੀ, ਸੁਕਰਾਂਤ ਸਫਰੀ, ਜਤਿੰਦਰ ਪਾਲ ਸਿੰਘ, ਰਮੇਸ਼ ਗਾਬਾ, ਮਦਨ ਭਾਰਦਵਾਜ, ਅਸ਼ੋਕ ਖੰਨਾ, ਦਲਵੀਰ ਸਿੰਘ, ਹਰਵਿੰਦਰ ਸਿੰਘ ਫੁੱਲ, ਦਵਿੰਦਰ ਸ਼ਰਮਾ, ਸੁਭਾਸ਼ ਸ਼ਰਮਾ, ਸ਼ਿਵਮ ਆਦਿ ਹਾਜ਼ਰ ਸਨ।

## ਸੜਕ 'ਤੇ ਮਿਲਿਆ ਮੋਬਾਈਲ ਮਾਲਕ ਨੂੰ ਵਾਪਸ ਕੀਤਾ



ਪੰਚਕੂਲਾ, (ਜਤਿੰਦਰ ਕੁਮਾਰ) ਪੰਚਕੂਲਾ ਪੁਲਸ ਦੇ ਸਿਪਾਹੀ ਸੁਨੀਲ ਕੁਮਾਰ ਨੇ ਇਮਾਨਦਾਰੀ ਅਤੇ ਜਨ ਸੇਵਾ ਦੀ ਸ਼ਾਨਦਾਰ ਮਿਸਾਲ ਪੇਸ਼ ਕਰਦਿਆਂ ਸੜਕ 'ਤੇ ਮਿਲਿਆ ਕਰੀਬ 17 ਹਜ਼ਾਰ ਰੁਪਏ ਕੀਮਤ ਦਾ ਮੋਬਾਈਲ ਫੋਨ ਉਸ ਦੇ ਅਸਲੀ ਮਾਲਕ ਨੂੰ ਸੁਰੱਖਿਅਤ ਵਾਪਸ ਕਰ ਦਿੱਤਾ। ਇਸ ਸਰਾਹਣਯੋਗ ਕੰਮ ਨਾਲ ਪੁਲਿਸ ਪ੍ਰਤੀ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਇਆ ਹੈ। ਇਸ ਮੌਕੇ ਪੁਲਸ ਕਮਿਸ਼ਨਰ ਆਈ ਪੀ ਐਸ ਪੰਕਜ ਨੈਨ ਨੇ ਸਿਪਾਹੀ ਸੁਨੀਲ ਕੁਮਾਰ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਡੀਸੀਪੀ ਕਰਾਈਮ ਐਂਡ ਟ੍ਰੈਫਿਕ ਆਈਪੀਐਸ ਅਮਰਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਸਾਈਬਰ ਕਰਾਈਮ ਸੈਕਟਰ-20 ਵਿੱਚ ਤਾਇਨਾਤ ਸਿਪਾਹੀ ਸੁਨੀਲ ਕੁਮਾਰ ਨੂੰ ਸੈਕਟਰ-20 ਖੇਤਰ ਵਿੱਚ ਇੱਕ ਮੋਬਾਈਲ ਫੋਨ ਮਿਲਿਆ ਸੀ। ਮੋਬਾਈਲ ਮਿਲਣ ਤੋਂ ਬਾਅਦ ਉਨ੍ਹਾਂ ਨੇ ਬਿਨਾਂ ਕਿਸੇ ਦੇਰੀ ਦੇ ਉਸ ਦੇ ਅਸਲੀ ਮਾਲਕ ਦੀ ਭਾਲ ਸ਼ੁਰੂ ਕਰ ਦਿੱਤੀ। ਜਾਂਚ ਦੌਰਾਨ ਮੋਬਾਈਲ ਦੇ ਮਾਲਕ ਦੀ ਪਛਾਣ ਆਕਾਸ਼ ਪੁੱਤਰ ਕੁੰਵਰ ਪਾਲ ਸਿੰਘ, ਵਾਸੀ ਜ਼ਿਲ੍ਹਾ ਸੰਭਲ (ਉੱਤਰ ਪ੍ਰਦੇਸ਼) ਵਜੋਂ ਹੋਈ। ਸੰਪਰਕ ਹੋਣ ਤੋਂ ਬਾਅਦ ਸਿਪਾਹੀ ਸੁਨੀਲ ਕੁਮਾਰ ਨੇ ਆਕਾਸ਼ ਨੂੰ ਥਾਣੇ ਬੁਲਾਇਆ ਅਤੇ ਲੋੜੀਂਦੀਆਂ ਰਸਮੀ ਕਾਰਵਾਈਆਂ ਪੂਰੀਆਂ ਕਰਨ ਉਪਰੰਤ ਉਸ ਦਾ ਮੋਬਾਈਲ ਸੁਰੱਖਿਅਤ ਵਾਪਸ ਸੌਂਪ ਦਿੱਤਾ।

# ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਦੀ ਤਾਜਪੋਸ਼ੀ ਅੱਜ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਬੀਤੀ 10 ਜੁਲਾਈ ਨੂੰ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਸੀਨੀਅਰ ਮੀਤ ਅਤੇ ਮੀਤ ਪ੍ਰਧਾਨ ਵਿੱਚ ਸੱਤਾਧਿਰ ਪਾਰਟੀ ਦੇ 6 ਕੌਂਸਲਰ ਅਤੇ ਹਲਕਾ ਵਿਧਾਇਕ ਵੱਲੋਂ ਕੌਂਸਲਰ ਜਗਪਾਲ ਸਿੰਘ ਜੋਲੀ ਨੂੰ ਨਗਰ ਕੌਂਸਲ ਦਾ ਪ੍ਰਧਾਨ ਦਲਜੀਤ ਕੌਰ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਹਰਜਿੰਦਰ ਸਿੰਘ ਛਿੱਬਰ ਨੂੰ ਮੀਤ ਪ੍ਰਧਾਨ ਚੁਣਿਆ ਗਿਆ ਸੀ। ਇਸ ਦੌਰਾਨ ਵਿਰੋਧੀ ਧਿਰ ਕਾਂਗਰਸ ਪਾਰਟੀ ਦੇ ਨਾਲ ਸੰਬੰਧਿਤ ਨੌ ਕੌਂਸਲਰਾਂ ਵੱਲੋਂ ਉਹਨਾਂ ਨਾਲ ਕੁੱਟਮਾਰ ਕਰਨ ਅਤੇ ਉਹਨਾਂ ਨੂੰ ਆਪਣੀ ਵੋਟ ਦਾ ਇਸਤੇਮਾਲ ਨਾ ਕਰਨ ਦੇ ਆਰੋਪ ਲਗਾਏ ਗਏ ਸਨ ਜਿਸ ਦੇ ਚਲਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਸੱਤਾ ਧਿਰ ਤੇ ਧੱਕੇਸ਼ਾਹੀ ਦਾ ਆਰੋਪ ਲਗਾਉਂਦੇ ਕਿਹਾ ਸੀ ਕਿ ਮੋਰਿੰਡਾ ਨਗਰ ਕੌਂਸਲ ਵਿੱਚ ਕੁੱਲ 15 ਕੌਂਸਲਰਾਂ ਵਿੱਚੋਂ ਕਾਂਗਰਸ ਪਾਰਟੀ ਕੋਲ 9 ਕੌਂਸਲਰ ਹਨ ਪ੍ਰੰਤੂ ਸੱਤਾ ਧਿਰ ਵੱਲੋਂ ਸਿਰਫ ਛੇ ਕੌਂਸਲਰਾਂ ਅਤੇ ਵਿਧਾਇਕ ਨੂੰ ਲੈ ਕੇ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਕਰ ਦਿੱਤੀ ਗਈ ਜਿਸ ਨੂੰ ਹਾਈ ਕੋਰਟ ਵਿੱਚ ਚੁਣੌਤੀ ਦੇਣ ਦੀ ਚੇਤਾਵਨੀ ਦਿੱਤੀ ਸੀ ਤੇ ਕਾਂਗਰਸ ਪਾਰਟੀ ਨਾਲ ਸੰਬੰਧਿਤ ਨੌ ਕੌਂਸਲਰਾਂ ਵੱਲੋਂ ਮਾਨਯੋਗ ਹਾਈਕੋਰਟ ਵਿੱਚ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਮੁੜ ਤੋਂ ਕਰਾਉਣ ਦੀ ਅਪੀਲ ਕੀਤੀ ਸੀ। ਉਧਰ ਪੰਜਾਬ ਸਰਕਾਰ ਦੇ ਸਥਾਨਕ ਸਰਕਾਰ ਵਿਭਾਗ (ਮਿਉਂਸਪਲ ਚੋਣ ਸ਼ਾਖਾ) ਵੱਲੋਂ ਜਾਰੀ ਇੱਕ ਅਧਿਕਾਰਤ ਅਧਿਸੂਚਨਾ (ਨੋਟੀਫਿਕੇਸ਼ਨ) ਅਨੁਸਾਰ, ਵਾਰਡ ਨੰਬਰ 12 ਦੇ ਸਥਾਨਕ ਮੈਂਬਰ ਜਗਪਾਲ ਸਿੰਘ ਨੂੰ ਜਿੱਥੇ ਨਗਰ ਕੌਂਸਲ, ਮੋਰਿੰਡਾ (ਜ਼ਿਲ੍ਹਾ ਰੂਪਨਗਰ) ਦਾ ਨਵਾਂ ਪ੍ਰਧਾਨ ਨਿਯੁਕਤ ਕਰ ਦਿੱਤਾ ਗਿਆ ਹੈ ਜਿਨਾਂ ਦੀ ਤਾਜਪੋਸ਼ੀ ਨਗਰ ਕੌਂਸਲ ਮੋਰਿੰਡਾ ਵਿਖੇ ਸੋਮਵਾਰ 20 ਜੁਲਾਈ ਨੂੰ ਸਵੇਰੇ 10 ਵਜੇ ਰੱਖੀ ਗਈ ਹੈ। ਇਸ ਸੰਬੰਧੀ ਵਿਰੋਧੀ ਧਿਰ ਦੇ ਕੌਂਸਲਰਾਂ ਮਨਦੀਪ ਸਿੰਘ ਬਾਜਵਾ, ਗੁੰਜਨ ਸੂਦ, ਪਿੰਕੀ ਕੌਰ ,ਮਹਿੰਦਰ ਸਿੰਘ ਢਿੱਲੋਂ, ਰਜੇਸ਼ ਕੁਮਾਰ ਸਸ਼ੋਧੀਆ, ਸਕਿੰਦਰ ਕੌਰ ਸ਼ੇਰਗਿੱਲ, ਨੇਹਾ ਸ਼ਰਮਾ, ਸੁਰਿੰਦਰ ਕੌਰ, ਕਮਲਜੀਤ ਕੌਰ ਬਾਜਵਾ ਵੱਲੋ ਇਸ ਚੋਣ ਪ੍ਰਕਿਰਿਆ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਇੱਕ ਰਿੱਟ ਪਟੀਸ਼ਨ ਦਾਇਰ ਕਰਕੇ ਚੁਣੌਤੀ ਦਿੱਤੀ ਗਈ ਹੈ। ਪੰਜਾਬ ਦੇ ਰਾਜਪਾਲ ਦੀ ਪ੍ਰਵਾਨਗੀ ਤੋਂ ਬਾਅਦ ਪੰਜਾਬ ਮਿਉਂਸਪਲ ਐਕਟ, 1911 ਦੀ ਧਾਰਾ 24(2) ਦੇ ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸਰਕਾਰ ਵੱਲੋਂ ਇਹ ਫੈਸਲਾ ਲਿਆ ਗਿਆ ਹੈ। ਸਥਾਨਕ ਸਰਕਾਰ ਵਿਭਾਗ ਦੇ ਸਕੱਤਰ ਵੱਲੋਂ ਇਸ ਸਬੰਧੀ ਲਿਖਤੀ ਹੁਕਮ ਅਤੇ ਸਰਕਾਰੀ ਗਜ਼ਟ ਨੋਟੀਫਿਕੇਸ਼ਨ ਜਾਰੀ ਕਰਕੇ ਇਸ ਦੀਆਂ ਕਾਪੀਆਂ ਰਾਜ ਚੋਣ ਕਮਿਸ਼ਨ, ਡਿਪਟੀ ਕਮਿਸ਼ਨਰ ਰੂਪਨਗਰ ਅਤੇ ਨਗਰ ਕੌਂਸਲ ਮੋਰਿੰਡਾ ਦੇ ਕਾਰਜ ਸਾਧਕ ਅਫ਼ਸਰ ਸਮੇਤ ਸਾਰੇ ਉੱਚ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਅਤੇ ਰਿਕਾਰਡ ਲਈ ਭੇਜ ਦਿੱਤੀਆਂ ਗਈਆਂ ਹਨ।ਉੱਧਰ ਕਾਂਗਰਸ ਨਾਲ ਸਬੰਧਿਤ 9 ਕੌਂਸਲਰਾਂ ਵੱਲੋ ਇਸ ਚੋਣ ਵਿਰੁੱਧ ਦਾਇਰ ਰਿੱਟ ਪਟੀਸ਼ਨ ਤੇ ਹਾਈ ਕੋਰਟ ਦੇ ਡਬਲ ਬੈਂਚ ਵੱਲੋਂ ਲਗਾਤਾਰ ਸੁਣਵਾਈ ਕੀਤੀ ਜਾ ਰਹੀ ਹੈ। ਜਿਸ ਦੌਰਾਨ ਪਟੀਸ਼ਨਰਾਂ ਵੱਲੋਂ ਪੇਸ਼ ਹੋ ਰਹੇ ਸੀਨੀਅਰ ਐਡਵੋਕੇਟ ਡੀਐਸ ਪਟਵਾਲੀਆ ਵੱਲੋਂ ਅਹਿਮ ਦਲੀਲਾਂ ਦਿੱਤੀਆਂ ਜਾ ਰਹੀਆਂ ਹਨ , ਜਿਨ੍ਹਾਂ ਨੂੰ ਸੁਣਨ ਉਪਰੰਤ ਡਬਲ ਬੈਂਚ ਵੱਲੋਂ ਮਾਮਲੇ ਦੀ ਅਗਲੀ ਸੁਣਵਾਈ 21 ਜੁਲਾਈ ਨਿਰਧਾਰਤ ਕਰ ਦਿੱਤੀ ਗਈ ਹੈ। ਹੁਣ ਵੇਖਣਾ ਹੋਵੇਗਾ ਕਿ ਆਉਣ ਵਾਲੇ ਦਿਨਾਂ ਵਿੱਚ ਮੋਰਿੰਡਾ ਦੀ ਸਿਆਸਤ ਕਿਸ ਕਰਵਟ ਬਦਲੇਗੀ।

## ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ



ਦੋਰਾਹਾ (ਹਰਮਿੰਦਰ ਸੇਠ)- ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਨਵੇਂ ਵਿੱਦਿਅਕ ਵਰ੍ਹੇ ਦਾ ਆਗਾਜ਼ ਕਰਦਿਆਂ ਅਤੇ ਕਾਲਜ ਪ੍ਰਬੰਧਕੀ ਕਮੇਟੀ ਦੇ ਸਾਬਕਾ ਪ੍ਰਧਾਨ ਸ਼੍ਰੀਮਤੀ ਰੂਪ ਕੌਰ ਬਰਾੜ ਦੇ ਜਨਮ ਦਿਨ ਮੌਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹੋਏ ਸ਼੍ਰੀ ਸੁਖਮਨੀ ਸਾਹਿਬ ਦੀ ਬਾਣੀ ਦੇ ਪਾਠ ਉਪਰੰਤ ਭੋਗ ਪਾਏ ਗਏ। ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ, ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ, ਕਾਲਜ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਸਮੂਹਿਕ ਰੂਪ ਵਿੱਚ ਪਰਮਾਤਮਾ ਅੱਗੇ ਕਾਲਜ ਦੇ ਵਿਕਾਸ ਅਤੇ ਸਫ਼ਲਤਾ ਲਈ ਅਰਦਾਸ ਕਰਦਿਆਂ ਸ਼ੁਕਰਾਨਾ ਅਦਾ ਕੀਤਾ। ਸਮਾਗਮ ਦੀ ਸਮਾਪਤੀ ਉਪਰੰਤ ਗੁਰਦੁਆਰਾ ਸਾਹਿਬ ਵੱਲੋਂ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ ਅਤੇ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਮੈਂਬਰ ਸ. ਨਵਨੀਤ ਸਿੰਘ ਮਾਂਗਟ ਉਚੇਚੇ ਤੌਰ 'ਤੇ ਸ਼ਾਮਿਲ ਹੋਏ।

## ਬੈਂਕ ਆਫ ਇੰਡੀਆ ਬਰਾਂਚ ਬਿਲਾਸਪੁਰ ਵਿਖੇ ਕਿਸਾਨ ਦਿਵਸ 'ਤੇ ਸਮਾਗਮ ਕਰਵਾਇਆ



ਦੋਰਾਹਾ ( ਹਰਮਿੰਦਰ ਸੇਠ ) - ਬੈਂਕ ਆਫ ਇੰਡੀਆ ਬਰਾਂਚ ਬਿਲਾਸਪੁਰ ਦੇ ਮੈਨੇਜਰ ਸਾਹਿਬ ਅਤੇ ਸਮੂਹ ਸਟਾਫ ਵੱਲੋਂ ਕਿਸਾਨ ਦਿਵਸ 'ਤੇ ਸਮਾਗਮ ਕਰਵਾਇਆ ਗਿਆ ਜਿਸ ਦੇ ਅੰਤਰਗਤ ਬਰਾਂਚ ਦੇ ਸਮੂਹ ਸਟਾਫ ਅਤੇ ਪਿੰਡ ਵਾਸੀ ਜਿਵੇਂ ਕਿ ਕਿਸਾਨ ਅਤੇ ਆਮ ਲੋਕਾਂ ਲਈ ਦਿੱਤੀਆਂ ਜਾ ਰਹੀਆਂ ਸਕੀਮਾਂ ਬਾਰੇ ਜਾਣੂ ਕਰਵਾਇਆ ਗਿਆ । ਇਸ ਮੌਕੇ ਪਿੰਡ ਵਾਸੀਆਂ ਨੂੰ ਮੈਨੇਜਰ ਸਾਹਿਬਾਨ ਨੇ ਕਰਜਾ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਬੈਂਕ ਮੈਨੇਜਰ ਰਾਜਨ ਮਲਨ , ਵਰਿੰਦਰ ਸਿੰਘ ਰਾਵਤ ਫੀਲਡ ਅਫਸਰ, ਮੈਡਮ ਪ੍ਰਿੰਅੰਕਾ ਕੈਸ਼ੀਅਰ, ਮਨਪ੍ਰੀਤ ਸਿੰਘ , ਕੁਲਦੀਪ ਸਿੰਘ ਸਰਪੰਚ ਰਣਜੀਤ ਸਿੰਘ ਸਾਬਕਾ ਪੰਚ, ਹਰਜਿੰਦਰ ਸਿੰਘ ਬੂਟਾ ਬਲਾਕ ਸੰਮਤੀ ਮੈਂਬਰ,ਹਰਵਿੰਦਰ ਸਿੰਘ ਸੋਨੀ, ਜਗਤਾਰ ਸਿੰਘ,ਗੁਰਦੀਪ ਸਿੰਘ ,ਰਵਿੰਦਰ ਸਿੰਘ, ਦਵਿੰਦਰ ਸਿੰਘ , ਸੁਖਦੇਵ ਸਿੰਘ, ਜੋਤ ਸਿੰਘ ਅਤੇ ਪਿੰਡਾਂ ਦੇ ਪੰਚ ਸਰਪੰਚ ਸਾਹਿਬਾਨ ਹਾਜਰ ਸਨ।

## ਹਲਕਾਅ ਬਾਰੇ ਜਾਗਰੂਕ ਕਰਨ ਲਈ ਵਿਸ਼ੇਸ਼ ਸੈਮੀਨਾਰ ਕਰਵਾਇਆ



ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਵੈਟਰਨਰੀ ਕਾਲਜ ਦੇ ਮਾਹਿਰਾਂ ਨੇ ਵਿਦਿਆਰਥੀਆਂ ਨੂੰ ਰੇਬੀਜ਼ ਤੋਂ ਬਚਾਅ ਅਤੇ ਸਮੇਂ ਸਿਰ ਇਲਾਜ ਦੀ ਮਹੱਤਤਾ ਬਾਰੇ ਜਾਗਰੂਕ ਕੀਤੀ। ਸੀ ਬੀ ਐਸ ਈ ਨਾਲ ਸੰਬੰਧਤ ਸੰਸਥਾ ਸਰਾਫ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ, ਰਾਮਪੁਰਾਫੂਲ ਵਿਖੇ ਵਿਦਿਆਰਥੀਆਂ ਨੂੰ ਰੇਬੀਜ਼ ਵਰਗੀ ਜਾਨ ਲੇਵਾ ਪਰ ਪੂਰੀ ਤਰ੍ਹਾਂ ਰੋਕੀ ਜਾ ਸਕਣ ਵਾਲੀ ਬਿਮਾਰੀ ਬਾਰੇ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਵੈਟਰਨਰੀ ਕਾਲਜ, ਰਾਮਪੁਰਾ ਫੂਲ ਦੇ ਮਾਹਿਰ ਡਾ. ਜੈ ਪ੍ਰਕਾਸ਼ ਯਾਦਵ, ਡਾ. ਮਨਿੰਦਰ ਸਿੰਘ ਅਤੇ ਸ੍ਰੀ ਹਰਜੀਤ ਸਿੰਘ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰੇਬੀਜ਼ ਦੇ ਕਾਰਨ, ਲੱਛਣ, ਬਚਾਅ ਦੇ ਉਪਾਅ ਅਤੇ ਸਮੇਂ ਸਿਰ ਇਲਾਜ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਕਿ ਜੇਕਰ ਕਿਸੇ ਜਾਨਵਰ, ਖ਼ਾਸ ਕਰਕੇ ਕੁੱਤੇ, ਵੱਲੋਂ ਕੱਟਿਆ ਜਾਵੇ ਤਾਂ ਜ਼ਖ਼ਮ ਨੂੰ ਤੁਰੰਤ ਘੱਟੋ-ਘੱਟ 15 ਮਿੰਟ ਤੱਕ ਸਾਬਣ ਅਤੇ ਵਗਦੇ ਪਾਣੀ ਨਾਲ ਚੰਗੀ ਤਰ੍ਹਾਂ ਧੋਣਾ ਚਾਹੀਦਾਹੈ। ਇਸ ਤੋਂ ਬਾਅਦ ਬਿਨਾਂ ਦੇਰੀ ਕੀਤੇ ਨਜ਼ਦੀਕੀ ਹਸਪਤਾਲ ਵਿੱਚ ਜਾ ਕੇ ਐਂਟੀ-ਰੇਬੀਜ਼ ਵੈਕਸੀਨ ਲਗਵਾਉਣਾ ਬਹੁਤ ਜ਼ਰੂਰੀ ਹੈ।ਸਕੂਲ ਦੇ ਵਾਈਸ ਚੇਅਰਮੈਨ ਅਮਿਤ ਸਰਾਫ ਨੇ ਕਿਹਾ ਕਿ ਸਿਹਤ ਸਬੰਧੀ ਜਾਗਰੂਕਤਾ ਇੱਕ ਸੁਰੱਖਿਅਤ ਸਮਾਜ ਦੀ ਨੀਂਹ ਹੈ। ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਜਾਣਕਾਰ, ਜ਼ਿੰਮੇਵਾਰ ਅਤੇ ਸਮਾਜ ਪ੍ਰਤੀ ਸਚੇਤ ਨਾਗਰਕ ਬਣਨ ਲਈ ਪ੍ਰੇਰਿਤ ਕਰਦੇ ਹਨ।

## ਜੀ. ਹੋਲੀ ਹਾਰਟ ਪਬਲਿਕ ਸਕੂਲ 'ਚ ਵਿਸ਼ਾਲ ਮੈਡੀਕਲ ਕੈਂਪ ਲੱਗਾ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)- ਜੀ. ਹੋਲੀ ਹਾਰਟ ਪਬਲਿਕ ਸਕੂਲ, ਮਹਿਲ ਕਲਾਂ ਵਿਖੇ ਵਿਸ਼ਾਲ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ 'ਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸੰਸਥਾ ਦੇ ਸਮੂਹ ਡਰਾਇਵਰਾਂ ਦੀਆਂ ਅੱਖਾਂ ਅਤੇ ਦੰਦਾਂ ਦੀ ਮੁਫ਼ਤ ਜਾਂਚ ਕਰਕੇ ਸਿਹਤ ਸਬੰਧੀ ਲੋੜੀਂਦੀ ਸਲਾਹ ਵੀ ਦਿੱਤੀ ਗਈ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸੰਸਥਾ ਦਾ ਉਦੇਸ਼ ਸਿਰਫ਼ ਉੱਚ ਪੱਧਰੀ ਸਿੱਖਿਆ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਵਿਦਿਆਰਥੀਆਂ ਦੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਵੀ ਯਕੀਨੀ ਬਣਾਉਣਾ ਹੈ। ਇਸੇ ਸੋਚ ਤਹਿਤ ਸਮੇਂ-ਸਮੇਂ 'ਤੇ ਸਿਹਤ ਜਾਂਚ ਕੈਂਪ ਅਤੇ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾਂਦੇ ਹਨ, ਤਾਂ ਜੋ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਸਿਹਤਮੰਦ ਮਾਹੌਲ ਸਿਰਜਿਆ ਜਾ ਸਕੇ।ਕੈਂਪ ਦੌਰਾਨ ਪ੍ਰਸਿੱਧ ਅੱਖਾਂ ਦੇ ਮਾਹਿਰ ਡਾ. ਰੁਪੇਸ਼ ਸਿੰਗਲਾ ਦੀ ਅਗਵਾਈ ਹੇਠ ਸਹਿਯੋਗੀ ਟੀਮ ਨੇ ਵਿਦਿਆਰਥੀਆਂ ਦੀਆਂ ਅੱਖਾਂ ਦੀ ਬਾਰੀਕੀ ਨਾਲ ਜਾਂਚ ਕੀਤੀ। ਇਸੇ ਤਰ੍ਹਾਂ ਦੰਦਾਂ ਦੀ ਮਾਹਿਰ ਡਾ. ਨੇਹਾ ਚੱਢਾ (ਐੱਮ.ਡੀ.ਐੱਸ.) ਅਤੇ ਉਨ੍ਹਾਂ ਦੀ ਟੀਮ ਨੇ ਦੰਦਾਂ ਦੀ ਜਾਂਚ ਕਰਦਿਆਂ ਮੂੰਹ ਅਤੇ ਦੰਦਾਂ ਦੀ ਸਫ਼ਾਈ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਾਕਟਰਾਂ ਨੇ ਵਿਦਿਆਰਥੀਆਂ ਨੂੰ ਅੱਖਾਂ ਦੀ ਸੁਰੱਖਿਆ, ਸੰਤੁਲਿਤ ਖ਼ੁਰਾਕ, ਨਿਯਮਤ ਕਸਰਤ ਅਤੇ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਸੰਸਥਾ ਦੇ ਚੇਅਰਮੈਨ ਸ਼੍ਰੀ ਅਜੈ ਜਿੰਦਲ, ਡਾਇਰੈਕਟਰ ਸ਼੍ਰੀ ਨਿਤਿਨ ਜਿੰਦਲ, ਕਾਰਜਕਾਰੀ ਡਾਇਰੈਕਟਰ ਰਾਕੇਸ਼ ਬਾਂਸਲ ਅਤੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਪ੍ਰਦੀਪ ਕੌਰ ਗਰੇਵਾਲ ਨੇ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ।

## ਜੰਤਰ ਮੰਤਰ 'ਤੇ ਧਰਨੇ ਨੂੰ ਜਬਰੀ ਚੁੱਕਣ ਦੀ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਸਖ਼ਤ ਨਿਖੇਧੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)- ਜੰਤਰ ਮੰਤਰ ਦਿੱਲੀ ਵਿਖੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ 20 ਜੂਨ ਤੋਂ ਕਾਕਰੋਜ ਜਨਤਾ ਪਾਰਟੀ ਦੀ ਅਗਵਾਈ ਵਿੱਚ ਕੀਤੇ ਜਾ ਰਹੇ ਸੰਘਰਸ਼ ਦੌਰਾਨ ਭੁੱਖ ਹੜਤਾਲ 'ਤੇ ਬੈਠੇ ਵਾਤਾਵਰਣ ਪ੍ਰੇਮੀ ਸੋਨਮ ਵਾਂਗਚੁਕ ਨੂੰ ਦਿੱਲੀ ਪੁਲਿਸ ਅਤੇ ਰੈਪਿਡ ਐਕਸ਼ਨ ਫੋਰਸ ਵੱਲੋਂ ਜਬਰੀ ਉਠਾ ਕੇ ਸਫਦਰਜੰਗ ਹਸਪਤਾਲ ਭਰਤੀ ਕਰਵਾਉਣ ਦੀ ਇਨਕਲਾਬੀ ਕੇਂਦਰ ਪੰਜਾਬ ਨੇ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਕੇਂਦਰ ਨੇ ਕਿਹਾ ਹੈ ਕਿ ਇਸੇ ਹੀ ਥਾਂ ਜੰਤਰ ਮੰਤਰ ਵਿਖੇ ਹੀ ਵਿਦਿਆਰਥੀ ਕਾਰਕੁਨਾਂ ਅਮਿਤੋਜ ਮੀਨ, ਨੇਹਾ ਬੋਰਾ ਤੇ ਮੁਨੀਸ਼ ਵਿੱਚੋਂ ਨੇਹਾ ਬੋਰਾ ਦੀ ਸਰੀਰਕ ਹਾਲਤ ਸੋਨਮ ਵਾਂਗਚੁੱਕ ਨਾਲੋਂ ਵੀ ਨਾਜ਼ੁਕ ਬਣੀ ਹੋਈ ਹੈ। ਡਾਕਟਰਾਂ ਮੁਤਾਬਕ ਨੇਹਾ ਦਾ ਘਟਿਆ ਹੋਇਆ ਬਲੱਡ ਸ਼ੂਗਰ ਅਤੇ ਵਧਿਆ ਹੋਇਆ ਯੂਰਿਕ ਐਸਿਡ ਉਸ ਦੀ ਜ਼ਿੰਦਗੀ ਲਈ ਘਾਤਕ ਸਾਬਤ ਹੋ ਸਕਦਾ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਇਹ ਲਿਖਣ, ਬੋਲਣ, ਵਿਚਾਰਾਂ ਦੇ ਪ੍ਰਗਟਾਵੇ ਅਤੇ ਜਥੇਬੰਦ ਸੰਘਰਸ਼ ਰਾਹੀਂ ਆਪਣੇ ਹੱਕ ਹਾਸਲ ਕਰਨ ਦੇ ਜਮਹੂਰੀ ਹੱਕ ਉੱਪਰ ਹਮਲਾ ਹੈ। ਇਨਕਲਾਬੀ ਕੇਂਦਰ ਪੰਜਾਬ, ਕੇਂਦਰੀ ਹਕੂਮਤ ਦੀ ਸ਼ਹਿ 'ਤੇ ਦਿੱਲੀ ਪੁਲਿਸ ਵੱਲੋਂ ਸੋਨਮ ਵਾਂਗਚੁੱਕ ਨੂੰ ਜ਼ਬਰੀ ਉਠਾਉਣ ਦੀ ਸ਼ਰਮਨਾਕ ਹਰਕਤ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ ਅਤੇ ਮੰਗ ਕਰਦਾ ਹੈ ਕਿ ਪੇਪਰਾਂ ਵਿੱਚ ਲਗਾਤਾਰ ਹੋ ਰਹੀਆਂ ਧਾਂਦਲੀਆਂ ਦੇ ਜ਼ਿੰਮੇਵਾਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਤੁਰੰਤ ਅਸਤੀਫ਼ਾ ਦੇਵੇ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਇੰਟਰ ਹਾਊਸ ਮੁਕਾਬਲਾ



ਸੁਲਤਾਨਪੁਰ ਲੋਧੀ, (ਹਨੀ) ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਪ੍ਰਸ਼ਾਸ਼ਕ ਇੰਜੀ. ਨਿਮਰਤਾ ਕੌਰ ਦੀ ਅਗਵਾਈ 'ਚ ਇੰਟਰ- ਹਾਊਸ ਇੰਗਲਿਸ਼ ਡੈਕਲਾਮੇਸ਼ਨ ਮੁਕਾਬਲਾ ਕਰਵਾਇਆ ਗਿਆ।ਵਿਦਿਆਰਥੀਆਂ ਨੇ ਸਮਕਾਲੀ ਅਤੇ ਮਹੱਤਵਪੂਰਨ ਵਿਸ਼ਿਆਂ 'ਤੇ ਆਪਣੇ ਵਿਚਾਰ ਪੇਸ਼ ਕੀਤੇ। ਪ੍ਰਤੀਯੋਗਤਾ 'ਚ ਸ਼ਿਰਕਤ ਕਰਦਿਆਂ ਸਾਹਿਬਜ਼ਾਦਾ ਫਤਹਿ ਸਿੰਘ ਹਾਊਸ ਪਹਿਲੇ, ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਦੂਜੇ ਅਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਤੀਜੇ ਸਥਾਨ 'ਤੇ ਰਿਹਾ। ਸਕੂਲ ਦੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਵੱਲੋਂ ਜੇਤੂ ਰਹੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਪ੍ਰਸ਼ਾਸ਼ਕ ਇੰਜੀ. ਨਿਮਰਤਾ ਕੌਰ ਅਤੇ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਵੱਲੋਂ ਜੇਤੂ ਹਾਊਸਾਂ ਦੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੇ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ


## ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ

C F M thoughtful regeneration

ਕਾਰਪੋਰੇਟ ਦਫ਼ਤਰ : ਪਹਿਲੀ ਮੰਜ਼ਲ, ਵੇਕਫੀਲਡ ਹਾਊਸ, ਸਪਰੌਟ ਰੋਡ, ਬੈਲਾਰਡ ਈਸਟ, ਮੁੰਬਈ-400038

### ਕਬਜ਼ਾ ਨੋਟਿਸ

ਅੰਤਿਕਾ IV (ਅਚੱਲ ਜਾਇਦਾਦ ਵਾਸਤੇ) ਰੂਲ 8(1) ਨਾਲ ਪੜ੍ਹੇ ਜਾਂਦੇ

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), 13(2) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਅਤੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਰਜਿਸਟਰਡ ਸਪੁਰਦਗੀ ਇਕਰਾਰਨਾਮੇ ਤਹਿਤ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਆਪਣੇ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ ਸਮੁੱਚੀ ਬਕਾਇਆ ਕਰਜ਼ ਸਕਿਉਰਟੀਜ਼ ਸਹਿਤ ਸੌਂਪ ਦਿੱਤੇ ਹਨ। ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਪਰੋਕਤ ਦਰਸਾਏ "ਕਬਜ਼ੇ ਦੀ ਮਿਤੀ" ਦੇ ਕਾਲਮ ਤਹਿਤ ਉਕਤ ਦਰਸਾਏ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਪਰੋਕਤ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਗਾਹਕ (ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ/ਭਾਈਵਾਲ/ਰਹਿਣਕਾਰ) ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ ਰੁਪਏ 'ਚ | ਕਬਜ਼ੇ ਦੀ ਮਿਤੀ |
|---|---|---|
| ਨਿਰਵੈਰ ਸਿੰਘ (ਕਰਜ਼ਦਾਰ), ਪਵਨਦੀਪ ਸਿੰਘ (ਸਹਿ-ਕਰਜ਼ਦਾਰ), ਹਰਜੀਤ ਕੌਰ (ਸਹਿ-ਕਰਜ਼ਦਾਰ), ਅਮਰਦੀਪ ਸਿੰਘ ਸੰਧਰ (ਗਰੰਟਰ), ਕਰਜ਼ਾ ਖਾਤਾ ਨੰ. ਐੱਲ ਏ ਪੀ- ਐੱਚ ਐੱਸ ਐਕਸ-44 | ਡਿਮਾਂਡ ਨੋਟਿਸ ਦੀ ਮਿਤੀ : 24.02.2026, ਰੁਪਏ 13,50,624/- (ਤੇਰਾਂ ਲੱਖ ਪੰਜਾਹ ਹਜ਼ਾਰ ਛੇ ਸੌ ਚੌਵੀ ਰੁਪਏ ਕੇਵਲ) ਮਿਤੀ 31.01.2026 ਨੂੰ | 14.07.2026 |
| ਰਹਿਣ ਕੀਤੀ ਜਾਇਦਾਦ : ਖਸਰਾ ਨੰ. 326/2 (0-10), ਖੱਤਾ ਨੰ. 161/217, ਵਾਕਿਆ ਰਕਬਾ ਪਿੰਡ ਭਾਨਾ/3 ਅਤੇ ਖਸਰਾ ਨੰ. 326/2 (0-10), 327/2 (0-10), 4//23/2 (6-12), 24/1 (2-8), 9//3//1 (3-1) (ਸਪੱਸ਼ਟ ਨਹੀਂ) 9//4/1/2 (1-8) 8/1/2 (5-15) 22//15/2 (0-1), 4//23/1 (1-8), 8//20/2/2 (1-1), ਖੱਤਾ ਨੰ. 147/20 148/204-205, 149/206, ਵਾਕਿਆ ਰਕਬਾ ਪਿੰਡ ਭਾਨਾ/3, ਪਿੰਡ ਤੇ ਡਾਕ. ਭਾਨਾ ਵਿਖੇ ਸਥਿਤ, ਤਹਿਸੀਲ ਭੂੰਗਾ, ਜ਼ਿਲ੍ਹਾ ਹੁਸ਼ਿਆਰਪੁਰ-144205 ਚਾਰ ਹੱਦਾਂ : ਉੱਤਰ : ਗੁਰਦੇਵ ਸਿੰਘ ਦੀ ਜਾਇਦਾਦ 61'-3", ਦੱਖਣ : ਬਲਜੀਤ ਸਿੰਘ, ਖੇਤੀਬਾੜੀ ਵਾਲੀ ਜ਼ਮੀਨ, 61'-3", ਪੂਰਬ : ਗਲੀ, ਸੜਕ 11'-6" ਚੌੜੀ ਅਤੇ ਖਾਲੀ ਪਲਾਟ 50'-3", ਪੱਛਮ : ਬਲਜੀਤ ਸਿੰਘ ਦੀ ਜਾਇਦਾਦ। | | |
| ਰਿੰਕੂ ਥਾਪਰ (ਕਰਜ਼ਦਾਰ), ਰਿਪਨ ਬਾਲਾ (ਸਹਿ-ਕਰਜ਼ਦਾਰ), ਮਨੋਜ ਕੁਮਾਰ (ਗਰੰਟਰ), ਕਰਜ਼ਾ ਖਾਤਾ ਨੰ. ਐੱਲ ਏ ਪੀ- ਐੱਚ ਐੱਸ ਐੱਕਸ-74 | ਡਿਮਾਂਡ ਨੋਟਿਸ ਦੀ ਮਿਤੀ : 26.02.2026, ਰੁਪਏ 2,53,307/- (ਦੋ ਲੱਖ ਤਰਵੰਜਾ ਹਜ਼ਾਰ ਤਿੰਨ ਸੌ ਸੱਤ ਰੁਪਏ ਕੇਵਲ) ਮਿਤੀ 31.01.2026 ਨੂੰ | 14.07.2026 |
| ਰਹਿਣ ਕੀਤੀ ਜਾਇਦਾਦ : ਖੱਤਾ ਨੰ. 177/190, 188/201, 178/191, ਖਸਰਾ ਨੰ. 36//16/1 (0-8), 18/2/1 (0-16), 45//6/2 (3-10), 36//6/3/2 (4-7), 36//7/1/2 (0-5), 36//24/1/2 (6-11) ਵਾਕਿਆ ਰਕਬਾ ਪਿੰਡ ਜਾਇਦਾਦ ਨਿਊ ਕਲੋਨੀ ਵਿਖੇ ਸਥਿਤ ਕੋਟਲੀ ਰੋਡ, ਸ਼ਾਮ ਚੌਰਾਸੀ, ਹੁਸ਼ਿਆਰਪੁਰ-144105, ਹੱਦਾਂ : ਉੱਤਰ : ਸੜਕ 30', ਪੂਰਬ : ਹੋਰ ਮਾਲਕ 35', ਪੱਛਮ : ਸੜਕ 24', ਦੱਖਣ : ਹੋਰ ਮਾਲਕ 30' | | |
| ਰਾਮਾ ਰਾਣੀ (ਕਰਜ਼ਦਾਰ), ਅਰੁਣ ਕੁਮਾਰ (ਸਹਿ-ਕਰਜ਼ਦਾਰ) ਸੁਖਵਿੰਦਰ ਪਾਲ (ਗਰੰਟਰ) ਕਰਜ਼ਾ ਖਾਤਾ ਨੰ. ਐੱਲ ਏ ਪੀ - ਜੇ ਡੀ ਐੱਚ-1049 | ਡਿਮਾਂਡ ਨੋਟਿਸ ਦੀ ਮਿਤੀ : 20.02.2026, ਰੁਪਏ 6,00,482/- (ਛੇ ਲੱਖ ਚਾਰ ਸੌ ਬਿਆਸੀ ਰੁਪਏ ਕੇਵਲ) ਮਿਤੀ 31.12.2025 ਨੂੰ | 14.07.2026 |
| ਰਹਿਣ ਕੀਤੀ ਜਾਇਦਾਦ : ਪਿੰਡ ਉੜਮੁੜ-47, ਤਹਿਸੀਲ ਟਾਂਡਾ, ਲਾਲ ਲਕੀਰ ਦੇ ਅੰਦਰ (ਲੜੀ ਨੰ. 286, ਵਾਰਡ ਨੰ. 1), ਹੁਸ਼ਿਆਰਪੁਰ-144204, ਹੱਦਾਂ : ਉੱਤਰ : ਗਲੀ 6' ਚੌੜੀ 30', ਪੂਰਬ : ਪੱਪੀ ਦਾ ਮਕਾਨ-21', ਪੱਛਮ : ਗਲੀ 15' ਚੌੜੀ 21', ਦੱਖਣ : ਰਾਜੇਸ਼ ਮੱਟੂ ਦਾ ਮਕਾਨ 30' | | |

ਉਕਤ ਦਰਸਾਏ ਕਰਜ਼ਦਾਰਾਂ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਇਸ ਨੋਟਿਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਕਤ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਨਾਲ ਕੀਤਾ ਕੋਈ ਵੀ ਲੈਣ-ਦੇਣ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਚਾਰਜ ਅਧੀਨ ਹੋਵੇਗਾ, ਜੋ ਕਿ ਇਸ ਨੋਟਿਸ 'ਚ ਦੱਸੀ ਰਕਮ, ਠੇਕਾ ਦਰ 'ਤੇ ਵਿਆਜ, ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਜ਼ ਆਦਿ ਉਪਰੋਕਤ ਵੇਰਵਿਆਂ ਵਿੱਚ ਦਰਸਾਈ ਗਈ ਬਕਾਇਆ ਰਕਮ ਦੀ ਕਿਸਮ ਦੀ ਅਗਲੀ ਮਿਤੀ ਤੋਂ ਪੂਰੀ ਅਦਾਇਗੀ ਅਤੇ/ਜਾਂ ਪ੍ਰਾਪਤੀ ਦੀ ਮਿਤੀ ਤੱਕ। ਇਸ ਤੋਂ ਇਲਾਵਾ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐਸਟਸ ਦੇ ਪੁਨਰਗ੍ਰਹਿਣ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ। ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਦਰਸਾਈਆਂ ਜਾਇਦਾਦਾਂ ਦਾ ਵੇਰਵਾ ਉਕਤ ਦੱਸਿਆ ਗਿਆ ਹੈ।

ਮਿਤੀ : 20.07.2026
ਸਥਾਨ : ਪੰਜਾਬ

ਅਧਿਕਾਰਤ ਅਫ਼ਸਰ, ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
(ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੀ ਹੈਸੀਅਤ ਵਜੋਂ ਕਾਰਜਸ਼ੀਲ)


## ਕਲਾਸੀਫਾਈਡ ਇਸ਼ਤਿਹਾਰ


### Change of Name

I, Ram Naranjan Dass S/o Tara Chand R/o VPO. Bazidpur, SBS Nagar, Punjab-144518 have changed my name from Ram Naranjan Dass to Given Name Ram Naranjan & Surname as Dass. All concerned please note.

I, Petar s/o Babu Lal r/o VPO. Sansarpur, Distt. Jalandhar, Punjab have changed my name from Petar to Peter Masih. All Please Note.

I, Anjlina s/o Petar r/o VPO. Sansarpur, Distt. Jalandhar, Punjab have changed my name from Anjlina to Anjleena. All Please Note.

I, Jaspreet Kaur w/o Karamjit Singh r/o Vill. Burj Kandhari, Po. Jasso Mazara, Tehsil Banga, SBS Nagar have changed my Given name as Jaspreet & Surname as Kaur. All Please Note.

I, Harjinder Singh S/o Surjit Singh R/o VPO. Talwandi Daddian, Teh. Dasuya, Distt. Hoshiarpur-144203 (Punjab) have changed my name from Harjinder Singh to Malkit Singh. All Please Note.

I, Ninderjeet Kaur W/o Jasbir Singh R/o VPO. Bolewal, Tehsil Batala, Distt. Gurdaspur-143514 Punjab the correct spelling of my name from Ninderjeet Kaur to Ninderjit Kaur. All Please Note.

I, Manish Kumar S/o Som Nath R/o H.No.WG-110, Islam Ganj, Jalandhar City have changed my name spelling from Manish Kumar to Munish Kumar. All Please Note.

### PUBLIC NOTICE

I Verinderjit Kaur wife of Gurinder Singh R/O village Bhoewal, post office Chananke,Tehsil Baba Bakala Sahib,District Amritsar. I declare that in some documents my name written as Verinderjit Kaur and in some other documents written as Jagjit Kaur, But the both names are mine, concerned to be noted.

We Subodh Ram S/o Lal Dev Ram & Shobha Devi W/o Subodh Ram resident of Jallowal Abadi, Boota Mandi, Jalandhar, Punjab declare that our son Anand Mohan, his wife Babita and their son Ishant are out of my control. So I disinherit them from all my moveable and immoveable properties. Myself and other family members having no relation with them. I and my family shall not be held responsible for any of their act, deed and things related to them. All concerned please note.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਨਾਂਅ ਦੀ ਬਦਲੀ

ਮੈਂ, ਪ੍ਰਕਾਸ਼ ਚੰਦ ਜਿੰਦਲ, ਪੁੱਤਰ ਸ਼੍ਰੀ ਤੋਤਾ ਰਾਮ, ਵਾਸੀ ਗਿੱਲਕੋ ਵੈਲੀ, ਖਰੜ, ਜ਼ਿਲ੍ਹਾ ਮੋਹਾਲੀ, ਪੰਜਾਬ, ਆਪਣਾ ਨਾਮ ਬਦਲ ਕੇ ਪ੍ਰਕਾਸ਼ ਚੰਦ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

### ਬੇਦਖਲੀ ਨੋਟਿਸ

ਮੈਂ ਅਨਵਰ ਮਸੀਹ ਪੁੱਤਰ ਸਾਹਿਬ ਮਸੀਹ ਵਾਸੀ ਪਿੰਡ ਖੈਹਿਰਾ ਕੋਟਲੀ ਡਾਕਖਾਨਾ ਭਿਖਾਰੀ ਵਾਲ ਤਹਿਸੀਲ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਜੋਤੀ ਅਤੇ ਮੇਰਾ ਲੜਕਾ ਮੁਕੰਦ ਮਸੀਹ ਜੋ ਆਪਣੀ ਮਨ ਮਰਜ਼ੀ ਕਰਦੇ ਹਨ ਤੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਆਪਣੀ ਪਤਨੀ ਤੇ ਲੜਕੇ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਾਮ ਸਹਾਏ ਪੁੱਤਰ ਸ਼੍ਰੀ ਜਗਨ ਨਾਥ ਵਾਸੀ 224, ਪੁਰੇ ਦਰਿਆ ਲਾਲ, ਵੱਲੀਪੁਰ, ਸੁਲਤਾਨਪੁਰ, ਉੱਤਰ ਪ੍ਰਦੇਸ਼ ਹਾਲ ਵਾਸੀ ਪਿੰਡ ਰੇਰੂ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਕਾਸ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਤਰਸੇਮ ਸਿੰਘ ਪੁੱਤਰ ਅੱਛਰ ਸਿੰਘ ਵਾਸੀ ਪਿੰਡ ਪੁਰੀਆਂ ਕਲਾਂ, ਡਾਕਖਾਨਾ ਬੱਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਅਤੇ ਮੇਰੀ ਨੂੰਹ ਕੰਵਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਜੋਗਿੰਦਰ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਆਊਟ ਸਾਈਡ ਠਠਿਆਰੀ ਗੇਟ ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਮੱਧੂ ਉਮਰ 37 ਸਾਲ ਜੋ ਕਿ ਕੁਆਰੀ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ। ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਸਰਬਦੀਪ ਸਿੰਘ ਪੁੱਤਰ ਇੰਦਰਬੀਰ ਸਿੰਘ ਵਾਸੀ ਪੰਜਾਬੀ ਬਾਗ, ਮਨਸੂਰਵਾਲ ਦੋਨਾ, ਕਪੂਰਥਲਾ ਘੋਸ਼ਣਾ ਕਰਦਾ ਹਾਂ ਕਿ ਮੇਰਾ ਲੜਕਾ ਅਭੇਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜੀ ਕਰਦਾ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ, ਦਰਸ਼ਨ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਨੇੜੇ ਟਰਾਂਸਫਾਰਮਰ, ਪਿੰਡ ਰਣੀਆ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਸੁਰੀਨਿਕਾ ਵਾਸੀਆਨ ਮਕਾਨ ਨੰਬਰ 79, ਦੁਰਗਾ ਮਾਤਾ ਮੰਦਰ ਵਾਲੀ ਗਲੀ ਨੀਅਰ ਧਰਮਸ਼ਾਲਾ ਬਲੌਂਗੀ ਮੋਹਾਲੀ ਕਹਿਣੇ ਤੋਂ ਬਾਹਰ ਹਨ। ਇਹ ਮੈਨੂੰ ਅਤੇ ਮੇਰੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਹਰੀ ਸਿੰਘ ਪੁੱਤਰ ਪੋਲਾ ਰਾਮ, ਵਾਸੀ ਬੱਲ ਨੌ, ਡਾਕਖਾਨਾ ਖਾਨਪੁਰ ਢੱਡੇ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਵਿੰਦਰ ਸਿੰਘ ਅਤੇ ਉਸ ਦੀ ਪਤਨੀ ਹਰਜਿੰਦਰ ਕੌਰ ਅਤੇ ਇਨ੍ਹਾਂ ਦੇ ਬੱਚੇ ਦਿਲਸ਼ਾਨ, ਦਿਲਪ੍ਰੀਤ ਅਤੇ ਸ਼ਹਿਨਾਜ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੇਰੀ ਸਾਂਭ-ਸੰਭਾਲ ਨਹੀਂ ਕਰਦੇ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।


## 50 ਖ਼ੂਨਦਾਨੀਆਂ ਵੱਲੋਂ ਖ਼ੂਨ ਦਾਨ



ਪਠਾਨਕੋਟ, (ਦਵਿੰਦਰ ਸਿੰਘ)-ਵਾਰਡ ਨੰਬਰ 45 ਸਥਿਤ ਭਗਤ ਮਾਰਕੀਟ ਵਿਖੇ ਬਲੱਡ ਡੋਨਰ ਟੀਮ ਪਠਾਨਕੋਟ, ਦੇ ਪ੍ਰਧਾਨ ਕ੍ਰਿਸ਼ਨ ਮੋਹਨ ਅਤੇ ਵਾਰਡ ਨੰਬਰ 45 ਦੇ ਕੌਂਸਲਰ ਹਰੀਸ਼ ਕੁਮਾਰ ਗੋਰਖਾ ਦੇ ਸਾਂਝੇ ਉਪਰਾਲੇ ਨਾਲ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦੌਰਾਨ ਕਰੀਬ 50 ਖੂਨਦਾਨੀਆਂ ਨੇ ਸਵੈ-ਇੱਛਾ ਨਾਲ ਖੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਲਈ ਆਪਣਾ ਯੋਗਦਾਨ ਪਾਇਆ।ਕੈਂਪ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਖੂਨਦਾਨੀਆਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਖੂਨਦਾਨ ਸਭ ਤੋਂ ਮਹਾਨ ਦਾਨ ਹੈ, ਕਿਉਂਕਿ ਇੱਕ ਯੂਨਿਟ ਖੂਨ ਕਿਸੇ ਲੋੜਵੰਦ ਵਿਅਕਤੀ ਲਈ ਨਵੀਂ ਜ਼ਿੰਦਗੀ ਦਾ ਸਬੱਬ ਬਣ ਸਕਦਾ ਹੈ।ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਨਾਗਰਿਕ ਨੂੰ ਨਿਯਮਿਤ ਤੌਰ ਤੇ ਖੂਨਦਾਨ ਕਰਨਾ ਚਾਹੀਦਾ ਹੈ ਤਾਂ ਜੋ ਹਸਪਤਾਲਾਂ ਵਿੱਚ ਖੂਨ ਦੀ ਕਮੀ ਨਾ ਆਵੇ ਅਤੇ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖੂਨ ਮਿਲ ਸਕੇ।ਕੌਂਸਲਰ ਹਰੀਸ਼ ਕੁਮਾਰ ਗੋਰਖਾ ਨੇ ਕਿਹਾ ਕਿ ਸਮਾਜ ਸੇਵਾ ਦੇ ਅਜਿਹੇ ਉਪਰਾਲਿਆਂ ਵਿੱਚ ਨੌਜਵਾਨਾਂ ਦੀ ਵੱਧ ਰਹੀ ਹਿੱਸੇਦਾਰੀ ਬਹੁਤ ਹੀ ਸ਼ਲਾਘਾਯੋਗ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖੂਨਦਾਨ ਕੈਂਪਾਂ ਵਿੱਚ ਸ਼ਾਮਲ ਹੋਣ ਅਤੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਵਾਰਡ ਨੰਬਰ 43 ਦੀ ਕੌਂਸਲਰ ਬਲਜਿੰਦਰ ਕੌਰ, ਰਜਨੀ ਬਾਲਾ (ਪ੍ਰਧਾਨ), ਅਰਵਿੰਦਰ ਬਾਜਵਾ, ਜੀਵਨ ਜੋਤੀ, ਸਾਹਿਬ ਮਹਾਜਨ, ਮਨੀਸ਼ ਕੁਮਾਰ, ਰਮਨਦੀਪ, ਸੰਦੀਪ, ਬੌਬੀ, ਮਨੋਜ ਕੁਮਾਰ, ਰਜੇਸ਼ ਸ਼ਰਮਾ, ਰਾਜ ਕੁਮਾਰ ਭਗਤ, ਯੋਗਰਾਜ ਭਗਤ, ਵਿੱਕੀ ਮਲਹੋਤਰਾ, ਅਮਨਦੀਪ, ਰਾਹੁਲ, ਜੱਸਾ, ਵਿਸ਼ਾਲ, ਸੁਨੀਲ ਕੁਮਾਰ, ਅਰੁਣ ਕੁਮਾਰ ਅਤੇ ਆਮ ਆਦਮੀ ਪਾਰਟੀ ਦੇ ਹੋਰ ਆਗੂ ਤੇ ਵਰਕਰ ਵੀ ਹਾਜ਼ਰ ਸਨ।


### COURT NOTICE

(U/o 5 Rule 20 CPC)
(SUCCESSION CASE)
In the Court of Meenakshi Gupta Additional Civil Judge (Senior Division), Pathankot
CNR No. PBPO02-001599-2025
Next Date:- 07-09-2026
Pankaj
Vs.
General Public

Application under Section 372 of Indian Succession act of grant of succession Certificate in respect of the Estate of Late Sh. Tirath S/o Sh. Karam Chand R/o T-2/459 Jugial Shahpur Kandi Township, Tehsil and District Pathankot.

NOTICE TO:
General Public
:- General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-09-2026 at 10 a.m.

For details logon to https://highcourtchd.gov.in/?mod=district_notice&district=Pathankot

Meenakshi Gupta
Additional Civil Judge (Senior Division) Pathankot
Dated, this day of 16-07-2026

# ਸੀ ਟੀ ਗਰੁੱਪ ਦੇ ਵੱਖ-ਵੱਖ ਸਕੂਲਾਂ 'ਚ ਵਿਦਿਆਰਥੀ ਕੌਂਸਲ ਸਮਾਗਮ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਵਰਲਡ ਸਕੂਲ ਅਤੇ ਸੀਟੀ ਪਬਲਿਕ ਸਕੂਲ ਵਿੱਚ ਅਕਾਦਮਿਕ ਸੈਸ਼ਨ ਲਈ ਸ਼ਾਨਦਾਰ ਪਦਵੀ ਗ੍ਰਹਿਣ ਸਮਾਰੋਹ ਕਰਵਾਏ ਗਏ, ਜਿੱਥੇ ਨਵੀਂ ਵਿਦਿਆਰਥੀ ਕੌਂਸਲ ਨੂੰ ਅਹੁਦਿਆਂ ਦੀ ਜ਼ਿੰਮੇਵਾਰੀ ਸੌਂਪੀ ਗਈ। ਸਮਾਗਮ ਦਾ ਮਕਸਦ ਵਿਦਿਆਰਥੀਆਂ ਵਿੱਚ ਲੀਡਰਸ਼ਿਪ, ਅਨੁਸ਼ਾਸਨ, ਜ਼ਿੰਮੇਵਾਰੀ ਅਤੇ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰਨਾ ਸੀ। ਸੀਟੀ ਵਰਲਡ ਸਕੂਲ ਵਿੱਚ ਸਮਾਰੋਹ ਦੀ ਸ਼ੁਰੂਆਤ ਦੀਪ ਪ੍ਰਜਵਲਿਤ ਕਰਨ ਅਤੇ ਸਕੂਲ ਗੀਤ ਨਾਲ ਹੋਈ। ਸਮਾਗਮ ਦੀ ਮੁੱਖ ਮਹਿਮਾਨ ਸੀਟੀ ਗਰੁੱਪ ਦੀ ਜੌਇੰਟ ਮੈਨੇਜਿੰਗ ਡਾਇਰੈਕਟਰ ਸੁਸ਼੍ਰੀ ਤਾਨਿਕਾ ਚੰਨੀ ਸਨ। ਆਰਿਆਭੱਟਾ, ਰਾਮਾਨੁਜਨ, ਆਇੰਸਟਾਈਨ ਅਤੇ ਆਰਕੀਮੀਡਿਜ਼ ਹਾਊਸ ਦੇ ਵਿਦਿਆਰਥੀਆਂ ਨੇ ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਾਰਚ ਪਾਸਟ ਪੇਸ਼ ਕੀਤਾ।ਇਸ ਮੌਕੇ ਹੈੱਡ ਬੌਏ, ਹੈੱਡ ਗਰਲ, ਸਾਹਿਤਕ, ਖੇਡ ਅਤੇ ਹੋਰ ਵਿਦਿਆਰਥੀ ਆਗੂਆਂ ਸਮੇਤ ਹਾਊਸ ਕੌਂਸਲ ਨੇ ਸਹੁੰ ਚੁੱਕ ਕੇ ਇਮਾਨਦਾਰੀ, ਸਮਰਪਣ ਅਤੇ ਨਿਸ਼ਠਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦਾ ਸੰਕਲਪ ਲਿਆ। ਮਾਪਿਆਂ ਦੀ ਹਾਜ਼ਰੀ ਨੇ ਸਮਾਗਮ ਨੂੰ ਹੋਰ ਵੀ ਯਾਦਗਾਰ ਬਣਾਇਆ।ਦੂਜੇ ਪਾਸੇ, ਸੀ ਟੀ ਪਬਲਿਕ ਸਕੂਲ ਦਾ ਸਾਲਾਨਾ ਪਦਵੀ ਗ੍ਰਹਿਣ ਸਮਾਰੋਹ ਵੀ ਪੂਰੇ ਸ਼ਾਨੋ-ਸ਼ੌਕਤ ਨਾਲ ਆਯੋਜਿਤ ਕੀਤਾ



ਗਿਆ। ਸਮਾਰੋਹ ਦੀ ਸ਼ੁਰੂਆਤ ਦੀਪ ਪ੍ਰਜਵਲਿਤ ਕਰਨ ਅਤੇ ਸ਼ਰਧਾਪੂਰਵਕ ਗਰੁੱਪ ਡਾਂਸ ਦੀ ਪੇਸ਼ਕਾਰੀ ਨਾਲ ਹੋਈ। ਇਸ ਮੌਕੇ ਸੀਟੀ ਗਰੁੱਪ ਦੇ ਵਾਈਸ ਚੇਅਰਮੈਨ ਸ੍ਰੀ ਹਰਪ੍ਰੀਤ ਸਿੰਘ, ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ, ਪ੍ਰਿੰਸੀਪਲ ਸੁਸ਼੍ਰੀ ਮਨੀਸ਼ਾ ਬਸਨੇਤ, ਕਿੰਡਰਗਾਰਟਨ ਕੋਆਰਡੀਨੇਟਰ ਸੁਸ਼੍ਰੀ ਸੁਮਨ ਭੱਲਾ, ਹੋਰ ਮਹਿਮਾਨ ਅਤੇ ਮਾਪੇ ਹਾਜ਼ਰ ਸਨ।ਬੈਜ ਅਲੰਕਰਨ ਰਾਹੀਂ ਨਵ-ਚੁਣੀ ਵਿਦਿਆਰਥੀ ਕੌਂਸਲ ਅਤੇ ਏ ਪੀ ਜੇ ਅਬਦੁਲ ਕਲਾਮ, ਮਦਰ ਟੇਰੇਸਾ, ਕਲਪਨਾ ਚਾਵਲਾ ਅਤੇ ਨੈਲਸਨ ਮੰਡੇਲਾ ਹਾਊਸ ਦੇ ਵਿਦਿਆਰਥੀ ਆਗੂਆਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਸੀ ਟੀ ਵਰਲਡ ਸਕੂਲ ਦੀ ਪ੍ਰਿੰਸੀਪਲ ਸੁਸ਼੍ਰੀ ਆਰਤੀ ਜਸਵਾਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸਲ ਲੀਡਰਸ਼ਿਪ ਅਧਿਕਾਰ ਨਹੀਂ, ਸਗੋਂ ਜ਼ਿੰਮੇਵਾਰੀ, ਚੰਗੇ ਚਰਿੱਤਰ ਅਤੇ ਸੇਵਾ ਦੀ ਭਾਵਨਾ ਨਾਲ ਨਿਭਾਈ ਜਾਂਦੀ ਹੈ।ਸੀ ਟੀ ਪਬਲਿਕ ਸਕੂਲ ਦੀ ਪ੍ਰਿੰਸੀਪਲ ਮਨੀਸ਼ਾ ਬਸਨੇਤ ਨੇ ਨਵ-ਚੁਣੀ ਵਿਦਿਆਰਥੀ ਕੌਂਸਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਨੁਸ਼ਾਸਨ, ਜਵਾਬਦੇਹੀ, ਟੀਮ ਵਰਕ ਅਤੇ ਹੋਰਨਾਂ ਨੂੰ ਪ੍ਰੇਰਿਤ ਕਰਨ ਦੀ ਸਮਰੱਥਾ ਹੀ ਸੱਚੇ ਆਗੂ ਦੀ ਪਹਿਚਾਣ ਹੈ।ਇਸ ਮੌਕੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਨਵੇਂ ਵਿਦਿਆਰਥੀ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਲੀਡਰਸ਼ਿਪ ਸਨਮਾਨ ਨਹੀਂ, ਸਗੋਂ ਸੇਵਾ ਅਤੇ ਪ੍ਰੇਰਣਾ ਦੀ ਜ਼ਿੰਮੇਵਾਰੀ ਹੈ।

# ਅੱਤ ਦੀ ਗਰਮੀ 'ਚ ਬਿਜਲੀ ਕੱਟ ਤੋਂ ਲੋਕ ਪਰੇਸ਼ਾਨ

**ਅਲਾਵਲਪੁਰ (ਮਦਨ ਬੰਗੜ)**- ਅੱਤ ਦੀ ਗਰਮੀ ਅਤੇ ਹੁੰਮਸ ਨਾਲ ਪਹਿਲਾਂ ਹੀ ਪ੍ਰੇਸ਼ਾਨ ਲੋਕਾਂ ਨੂੰ ਇਲਾਕੇ ਵਿੱਚ ਬਿਜਲੀ ਦੀ ਅਣਨਿਯਮਿਤ ਸਪਲਾਈ ਨੇ ਹੋਰ ਵੀ ਬੇਹਾਲ ਕਰ ਦਿੱਤਾ ਹੈ। ਬਿਜਲੀ ਦੇ ਲਗਾਤਾਰ ਲੱਗ ਰਹੇ ਕੱਟਾਂ ਅਤੇ ਵੋਲਟੇਜ ਦੀ ਸਮੱਸਿਆ ਕਾਰਨ ਲੋਕਾਂ ਦਾ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਇਲਾਕਾ ਅਲਾਵਲਪੁਰ ਅਤੇ ਪਿੰਡਾਂ ਦੇ ਵਾਸੀਆਂ ਨੇ ਦੱਸਿਆ ਕਿ ਦਿਨ ਦੌਰਾਨ ਲਗਭਗ ਹਰ ਘੰਟੇ ਬਾਅਦ ਬਿਜਲੀ ਸਪਲਾਈ ਬੰਦ ਹੋ ਜਾਂਦੀ ਹੈ, ਜਦਕਿ ਕਈ ਵਾਰ ਬਿਨਾਂ ਕਿਸੇ ਪਹਿਲਾਂ ਸੂਚਨਾ ਦੇ ਕਈ-ਕਈ ਘੰਟਿਆਂ ਤੱਕ ਬਿਜਲੀ ਗੁੱਲ ਰਹਿੰਦੀ ਹੈ। ਰਾਤ ਸਮੇਂ ਵੀ ਲੋਕਾਂ ਨੂੰ ਰਾਹਤ ਨਹੀਂ ਮਿਲ ਰਹੀ। ਪੂਰੀ ਰਾਤ ਬਿਜਲੀ ਕਦੇ ਤੇਜ਼ ਤੇ ਕਦੇ ਘੱਟ ਆਉਂਦੀ ਰਹਿੰਦੀ ਹੈ, ਜਿਸ ਕਾਰਨ ਵੋਲਟੇਜ ਵਿੱਚ ਲਗਾਤਾਰ ਉਤਾਰ-ਚੜ੍ਹਾਅ ਬਣਿਆ ਰਹਿੰਦਾ ਹੈ। ਇਸ ਕਾਰਨ ਘਰਾਂ ਵਿੱਚ ਲੱਗੇ ਪੱਖੇ, ਫਰਿੱਜ, ਏਅਰ ਕੰਡੀਸ਼ਨਰ, ਇਨਵਰਟਰ ਤੇ ਹੋਰ ਬਿਜਲੀ ਉਪਕਰਨਾਂ ਦੇ ਖਰਾਬ ਹੋਣ ਜਾਂ ਸੜਨ ਦਾ ਖਤਰਾ ਬਣਿਆ ਰਹਿੰਦਾ ਹੈ।ਇਲਾਕਾ ਨਿਵਾਸੀਆਂ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਬਿਜਲੀ ਸਪਲਾਈ ਨੂੰ ਸੁਚਾਰੂ ਬਣਾਇਆ ਜਾਵੇ, ਵੋਲਟੇਜ ਦੀ ਸਮੱਸਿਆ ਦਾ ਪੱਕਾ ਹੱਲ ਕੀਤਾ ਜਾਵੇ ਅਤੇ ਬੇਲੋੜੇ ਬਿਜਲੀ ਕੱਟਾਂ ਨੂੰ ਤੁਰੰਤ ਬੰਦ ਕੀਤਾ ਜਾਵੇ।

# ਮਨੁੱਖੀ ਅਧਿਕਾਰ ਕਮਿਸ਼ਨ ਦਾ ਉਦੇਸ਼ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਨਾ : ਸ਼ੰਟੀ

**ਕਰਤਾਰਪੁਰ (ਹਰਮੇਸ਼ ਦੱਤ)**- ਪੰਜਾਬ ਰਾਜ ਅਤੇ ਚੰਡੀਗੜ੍ਹ (ਯੂ ਟੀ) ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਤੇ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਵੱਲੋਂ ਪੰਜਾਬ ਭਰ ਵਿੱਚ ਜਨਤਕ ਸੁਣਵਾਈ ਕੈਂਪਾਂ ਦੀ ਲੜੀ ਤਹਿਤ ਇਥੇ ਜੰਗ-ਏ-ਆਜ਼ਾਦੀ ਯਾਦਗਾਰ ਵਿਖੇ ਸਬ ਡਵੀਜ਼ਨ ਪੱਧਰੀ ਓਪਨ ਹੀਅਰਿੰਗ ਕੈਂਪ ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ ਦੀ ਸੁਣਵਾਈ ਕੀਤੀ ਗਈ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਤੁਰੰਤ ਤੇ ਢੁੱਕਵੇਂ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਸ਼੍ਰੀ ਸ਼ੰਟੀ ਨੇ ਕਿਹਾ ਕਿ ਪੰਜਾਬ ਰਾਜ ਅਤੇ ਚੰਡੀਗੜ੍ਹ (ਯੂ.ਟੀ.) ਮਨੁੱਖੀ ਅਧਿਕਾਰ ਕਮਿਸ਼ਨ ਦਾ ਮੁੱਖ ਉਦੇਸ਼ ਮਨੁੱਖੀ ਅਧਿਕਾਰਾਂ ਦੀ ਰਾਖੀ, ਜਾਗਰੂਕਤਾ ਅਤੇ ਪੀੜਤਾਂ ਨੂੰ ਸਮੇਂ ਸਿਰ ਨਿਆਂ ਦਿਵਾਉਣਾ ਹੈ। ਉਨ੍ਹਾਂ ਕਿਹਾ ਕਿ ਨਿਆਂ ਨੂੰ ਜ਼ਮੀਨੀ ਪੱਧਰ ਤੱਕ ਯਕੀਨੀ ਬਣਾਉਣ ਲਈ ਜਿਥੇ ਪੰਜਾਬ ਭਰ ਵਿੱਚ ਜਨਤਕ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ ਉਥੇ ਸੂਬੇ ਭਰ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਨੂੰ ਯਕੀਨੀ ਬਣਾਉਣ ਅਤੇ ਇਸ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਜ਼ਿਲ੍ਹਾ ਪੱਧਰੀ 'ਕੋਰ ਗਰੁੱਪ' ਬਣਾਏ ਗਏ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ, ਐੱਸ ਡੀ ਐੱਮ ਜਲੰਧਰ-2 ਸ਼ਾਇਰੀ ਮਲਹੋਤਰਾ, ਡੀ ਐੱਸ ਪੀ ਨਰਿੰਦਰ ਸਿੰਘ, ਜੁਆਇੰਟ ਕਮਿਸ਼ਨਰ ਨਗਰ ਨਿਗਮ ਜਲੰਧਰ ਮਨਦੀਪ ਕੌਰ ਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ। ਸ਼ੰਟੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਜਾਰੀ ਐਡਵਾਈਜ਼ਰੀ ਅਨੁਸਾਰ ਕੋਈ ਵੀ ਹਸਪਤਾਲ ਬਕਾਇਆ ਬਿੱਲ ਕਾਰਨ ਮ੍ਰਿਤਕ ਦੇਹ ਨੂੰ ਰੋਕ ਕੇ ਨਹੀਂ ਰੱਖ ਸਕਦਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸੰਬੰਧੀ ਲੋੜੀਂਦੇ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ ਤੇ ਪੰਜਾਬ ਅਜਿਹੇ ਆਦੇਸ਼ ਜਾਰੀ ਕਰਨ ਵਾਲਾ ਦੇਸ਼ ਦਾ ਪਹਿਲਾ ਰਾਜ ਬਣ ਗਿਆ ਹੈ। ਉਨ੍ਹਾਂ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਆਦੇਸ਼ਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਬਿਨਾਂ ਖਰਚੇ ਤੋਂ ਅੰਤਿਮ ਸੰਸਕਾਰ ਸਬੰਧੀ ਸਹੂਲਤ ਬਾਰੇ ਵੀ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। ਪਦਮਸ਼੍ਰੀ ਸ਼ੰਟੀ ਨੇ ਕਿਹਾ ਕਿ ਕਮਿਸ਼ਨ ਵੱਲੋਂ ਵਟਸਐਪ ਹੈਲਪਲਾਈਨ 9855475547 ਜਾਰੀ ਕੀਤੀ ਗਈ ਹੈ। ਜੇਕਰ ਕਿਸੇ ਵਿਅਕਤੀ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ ਤਾਂ ਉਹ ਇਸ ਹੈਲਪਲਾਈਨ ਨੰਬਰ 'ਤੇ ਵਟਸਐਪ ਰਾਹੀਂ ਸ਼ਿਕਾਇਤ ਦਰਜ ਕਰਵਾ ਸਕਦਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਜਾਇਜ਼ ਸ਼ਿਕਾਇਤਾਂ 'ਤੇ ਦੋ ਦਿਨਾਂ ਵਿੱਚ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਦੁਆਬਾ ਇੰਚਾਰਜ ਅਤਿਨ ਅਗਨੀਹੋਤਰੀ, ਜ਼ਿਲ੍ਹਾ ਇੰਚਾਰਜ (ਦਿਹਾਤੀ) ਅਜੈ ਭੀਲ, ਕਮਿਸ਼ਨ ਦੇ ਕੋਰ ਗਰੁੱਪ ਮੈਂਬਰ ਮਹਿੰਦਰਜੀਤ ਕੌਰ, ਸਕੱਤਰ ਰੈੱਡ ਕਰਾਸ ਸੁਸਾਇਟੀ ਸੁਰਜੀਤ ਲਾਲ ਅਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ।



# ਪ੍ਰਧਾਨ ਮੰਤਰੀ ਦਾ ਪੰਜਾਬ ਦੌਰਾ ਪੂਰੀ ਤਰ੍ਹਾਂ ਫਲਾਪ : ਕੁਲਦੀਪ ਸਿੰਘ ਧਾਲੀਵਾਲ

**ਅੰਮ੍ਰਿਤਸਰ (ਨ ਜ਼ ਸ)** ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹਾਲੀਆ ਪੰਜਾਬ ਦੌਰੇ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਇਸ ਨੂੰ 'ਫਲਾਪ ਸ਼ੋਅ' ਕਰਾਰ ਦਿੱਤਾ ਹੈ। ਧਾਲੀਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਦੌਰਾ ਪੰਜਾਬ ਲਈ ਨਾ ਸਿਰਫ਼ ਨਿਰਾਸ਼ਾਜਨਕ ਰਿਹਾ, ਸਗੋਂ ਉਨ੍ਹਾਂ ਵੱਲੋਂ ਕੀਤੀ ਗਈ ਬਿਆਨਬਾਜ਼ੀ ਖੋਖਲੀ ਅਤੇ ਜਨਤਾ ਨੂੰ ਗੁੰਮਰਾਹ ਕਰਨ ਵਾਲੀ ਸੀ।ਸ਼ਨੀਵਾਰ ਨੂੰ 'ਆਪ' ਆਗੂ ਗੁਰਪ੍ਰਤਾਪ ਸਿੰਘ ਨਾਲ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੁਲਦੀਪ ਸਿੰਘ ਧਾਲੀਵਾਲ ਨੇ ਸਿੱਧੇ ਤੌਰ 'ਤੇ ਭਾਜਪਾ 'ਤੇ ਹਮਲਾ ਕਰਦਿਆਂ ਕਿਹਾ ਕਿ ਜੋ ਲੋਕ ਰਾਮ ਮੰਦਰ ਵਰਗੇ ਪਵਿੱਤਰ ਅਸਥਾਨ ਦੇ ਨਾਂਅ 'ਤੇ ਚੰਦਾ ਚੋਰੀ ਕਰ ਸਕਦੇ ਹਨ, ਉਹ ਦੇਸ਼ ਪ੍ਰਤੀ ਕਦੇ ਵੀ ਇਮਾਨਦਾਰ ਨਹੀਂ ਹੋ ਸਕਦੇ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਨੇ ਰਾਮ ਮੰਦਰ ਨਿਰਮਾਣ ਦੇ ਨਾਂਅ 'ਤੇ ਦੇਸ਼ ਭਰ ਦੇ ਲੋਕਾਂ ਦੀ ਆਸਥਾ ਨਾਲ ਖਿਲਵਾੜ ਕਰਕੇ ਸਰੇਆਮ ਚੰਦਾ ਚੋਰੀ ਕੀਤੀ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਜੋ ਵੀ ਕਰਜ਼ਾ ਲੈ ਰਹੀ ਹੈ, ਉਹ ਕਿਸੇ ਉਦਯੋਗਪਤੀ ਨੂੰ ਫਾਇਦਾ ਪਹੁੰਚਾਉਣ ਲਈ ਨਹੀਂ ਬਲਕਿ ਹਸਪਤਾਲ, ਸਕੂਲ, ਕਾਲਜ, ਸੜਕਾਂ, ਸਿਹਤ ਸਹੂਲਤਾਂ, ਗਰੀਬਾਂ ਦੀ ਪੈਨਸ਼ਨ ਅਤੇ ਲੋਕ ਭਲਾਈ ਸਕੀਮਾਂ 'ਤੇ ਖਰਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਪੰਜਾਬ ਵਿੱਚ ਭਾਸ਼ਣ ਦੇਣ ਦੀ ਬਜਾਏ ਦੇਸ਼ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਕਿਸ ਕਾਨੂੰਨ ਤਹਿਤ ਇਹ ਵਿਵਸਥਾ ਲਾਗੂ ਕੀਤੀ ਗਈ ਅਤੇ ਜਨਤਾ ਨੂੰ ਇਸ ਦਾ ਕੀ ਲਾਭ ਮਿਲਿਆ। ਨਸ਼ੇ ਦੇ ਮੁੱਦੇ 'ਤੇ ਧਾਲੀਵਾਲ ਨੇ ਭਾਜਪਾ ਨੂੰ ਆਈਨਾ ਦਿਖਾਉਂਦੇ ਹੋਏ ਕਿਹਾ ਕਿ ਪੰਜਾਬ ਵਿੱਚ ਨਸ਼ਾ ਉਦੋਂ ਫੈਲਿਆ ਜਦੋਂ ਭਾਜਪਾ ਅਤੇ ਅਕਾਲੀ ਦਲ ਦੀ ਗਠਜੋੜ ਸਰਕਾਰ ਸੀ। ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਕਿਸਾਨਾਂ ਦੇ ਮੁੱਦੇ 'ਤੇ ਵੀ ਪੂਰੀ ਤਰ੍ਹਾਂ ਖਾਮੋਸ਼ ਰਹੇ। 720 ਕਿਸਾਨਾਂ ਦੀ ਸ਼ਹਾਦਤ ਅਤੇ ਹੜ੍ਹ ਪੀੜਤਾਂ ਲਈ 1600 ਕਰੋੜ ਰੁਪਏ ਦੇ ਵਾਅਦੇ 'ਤੇ ਕੇਂਦਰ ਸਰਕਾਰ ਨੇ ਅੱਜ ਤੱਕ ਇੱਕ ਧੇਲਾ ਨਹੀਂ ਦਿੱਤਾ।ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਖਾਲੀ ਹੱਥ ਆਏ ਅਤੇ ਖਾਲੀ ਹੱਥ ਗਏ। ਪੰਜਾਬ ਦੇ ਭਾਜਪਾ ਆਗੂ ਇਹ ਦੱਸਣ ਕਿ ਪ੍ਰਧਾਨ ਮੰਤਰੀ ਨੇ ਪੰਜਾਬ ਨੂੰ ਕੀ ਦਿੱਤਾ ?

# ਰੋਜ਼ਗਾਰ ਮੇਲਾ ਅੱਜ

**ਮੁਹਾਲੀ (ਗੁਰਜੀਤ ਬਿੱਲਾ)** ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਬਿਹਤਰ ਮੌਕੇ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ 20 ਜੁਲਾਈ ਨੂੰ ਸਰਕਾਰੀ ਆਈ ਟੀ ਆਈ, ਫੇਜ਼-5, ਜੀ ਐਮ ਏ ਡੀ ਏ ਸਪੋਰਟਸ ਕੰਪਲੈਕਸ ਦੇ ਸਾਹਮਣੇ ਮੋਹਾਲੀ ਵਿਖੇ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਮੇਲਾ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲੱਗੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ ਬੀ ਈ ਈ, ਐਸ.ਏ.ਐਸ. ਨਗਰ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਜਿਸ ਤਹਿਤ ਇਸ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ ਸਵਰਾਜ ਇੰਜਣਜ਼ ਪ੍ਰਾਈਵੇਟ ਲਿਮਿਟਿਡ, [illegible] ਵਾਸਤੂ (ਨਿਊ ਚੰਡੀਗੜ੍ਹ), ਦ ਵੈਨਿਟੀ ਬਾਈ ਸਿਸਰਜ਼, ਐਮ.ਓ.ਆਈ. ਇੰਜੀਨੀਅਰਿੰਗ ਪ੍ਰਾਈਵੇਟ ਲਿਮਟਿਡ, ਟਾਈਨੋਰ ਆਰਥੋਟਿਕਸ ਪ੍ਰਾਈਵੇਟ ਲਿਮਟਿਡ, ਕਾਵੇਰੀ ਸਰਵਿਸਿਜ਼ ਪ੍ਰਾਈਵੇਟ ਲਿਮਟਿਡ, ਐਡੀਕੋ ਇੰਡੀਆ ਅਤੇ ਇਨਬਰਿਊ ਬੈਵਰੇਜਿਜ਼ ਪ੍ਰਾਈਵੇਟ ਲਿਮਟਿਡ ਸਮੇਤ ਹੋਰ ਪ੍ਰਮੁੱਖ ਕੰਪਨੀਆਂ ਭਾਗ ਲੈਣਗੀਆਂ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੰਪਨੀਆਂ ਵੱਲੋਂ 10ਵੀਂ, 12ਵੀਂ, ਆਈ ਟੀ ਆਈ ਅਤੇ ਗ੍ਰੈਜੂਏਟ ਯੋਗਤਾ ਵਾਲੇ ਉਮੀਦਵਾਰਾਂ ਦੀਆਂ ਵੱਖ-ਵੱਖ ਅਸਾਮੀਆਂ ਲਈ ਚੋਣ ਕੀਤੀ ਜਾਵੇਗੀ।

# ਹਫਤਾਵਾਰੀ ਧਾਰਮਿਕ ਸਮਾਗਮ ਕਰਵਾਇਆ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਧਾਰਮਿਕ ਸੰਸਥਾ ਸ੍ਰੀ ਹਨੂੰਮਾਨ ਜੀ ਕੇ ਭਗਤ ਮਾਹਿਲਪੁਰ ਵੱਲੋਂ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਹਰ ਸ਼ਨੀਵਾਰ ਨੂੰ ਸ਼ਾਮੀ 6 ਤੋਂ 7 ਵਜੇ ਤੱਕ ਸ਼ਰਧਾਲੂ ਸੰਗਤਾਂ ਦੇ ਘਰਾਂ ਵਿੱਚ 'ਹਨੂੰਮਾਨ ਚਾਲੀਸਾ' ਦਾ ਪਾਠ ਅਤੇ ਭਜਨ ਕੀਰਤਨ ਕੀਤਾ ਜਾਂਦਾ ਹੈ। [illegible] ਸ਼ਰਨਜੀਤ, ਜਸਕਰਨ ਸਿੰਘ ਕੰਸ ਆਦਿ ਹਾਜ਼ਰ ਸਨ। ਸਮਾਗਮ ਦੇ ਅਖੀਰ ਵਿੱਚ ਜੋਸ਼ੀ ਪਰਿਵਾਰ ਵੱਲੋਂ ਸੰਗਤਾਂ ਨੂੰ ਪ੍ਰਸ਼ਾਦਿ ਅਤੇ ਖਾਣ ਪੀਣ ਦਾ ਸਮਾਨ ਵਰਤਾਇਆ ਗਿਆ। ਇਸ ਮੌਕੇ ਵਿੱਕੀ ਅਗਨੀਹੋਤਰੀ ਨੇ ਸਮੂਹ ਸੰਗਤਾਂ ਨੂੰ ਡੇਰਾ ਧੰਨ-ਧੰਨ ਗੁਰੂ ਬਾਪੂ ਗੰਗਾ ਦਾਸ ਮਾਹਿਲਪੁਰ ਵਿਖੇ 21 ਜੁਲਾਈ ਤੋਂ 27 ਜੁਲਾਈ ਤੱਕ ਹੋ ਰਹੀ ਸ਼੍ਰੀ ਮੱਧ ਭਾਗਵਤ ਕਥਾ ਬਾਰੇ ਜਾਣਕਾਰੀ ਦਿੱਤੀ। ਉਨਾਂ ਦੱਸਿਆ ਕਿ ਹਰ ਰੋਜ਼ ਸ਼ਾਮੀ 6 ਤੋਂ 10 ਵਜੇ ਤੱਕ ਪਰਮ ਪੂਜਨੀਕ ਸ੍ਰੀ ਗੌਰ ਦਾਸ ਜੀ ਮਹਾਰਾਜ ਵਰਿੰਦਾਵਨ ਵਾਲੇ ਕਥਾ ਕਰਿਆ ਕਰਨਗੇ। ਉਹਨਾਂ ਦੱਸਿਆ ਕਿ 20 ਜੁਲਾਈ ਨੂੰ ਸ਼ਾਮ 6 ਵਜੇ ਡੇਰਾ ਬਾਪੂ ਗੰਗਾ ਦਾਸ ਤੋਂ ਵਿਸ਼ਾਲ ਸ਼ੋਭਾ ਯਾਤਰਾ ਆਯੋਜਿਤ ਕੀਤੀ ਜਾਵੇਗੀ।

# ਪੀਰ ਬਾਬਾ ਲੱਖ ਦਾਤਾ ਦੀ ਦਰਗਾਹ 'ਤੇ ਕਰਵਾਇਆ ਸਾਲਾਨਾ ਮੇਲਾ ਯਾਦਗਾਰੀ ਹੋ ਨਿੱਬੜਿਆ

**ਨਕੋਦਰ (ਮਨਜੀਤ ਮਾਨ)**- ਪਿੰਡ ਆਧੀ ਜ਼ਿਲ੍ਹਾ ਜਲੰਧਰ ਵਿਖੇ ਪੀਰ ਬਾਬਾ ਲੱਖ ਦਾਤਾ ਦੀ ਦਰਗਾਹ ਤੇ ਸਾਲਾਨਾ ਮੇਲਾ ਫੱਕਰਾਂ ਤੇ ਫ਼ਨਕਾਰਾਂ ਦਾ ਪਿੰਡ, ਇਲਾਕਾ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਬਹੁਤ ਹੀ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਇਸ ਮੌਕੇ ਦਰਗਾਹ ਤੇ ਚਾਦਰ ਤੇ ਝੰਡੇ ਦੀ ਰਸਮ ਗਾਇਕ ਜਗਤਾਰ ਤਾਰੀ, ਸੁਰਜੀਤ ਟੇਲਰ, ਸੋਢੀ, ਲਵਪ੍ਰੀਤ ਮੱਟੂ, ਜੀਤਾ ਢੋਲੀ, ਅੰਕੁਸ਼ ਵੱਲੋਂ ਸਾਂਝੇ ਤੌਰ ਤੇ ਕੀਤੀ ਗਈ। ਇਸ ਤੋਂ ਉਪਰੰਤ ਸੱਭਿਆਚਾਰਕ ਮੇਲਿਆਂ ਦੀ ਰਾਣੀ ਤੇ ਸੁਰਾਂ ਦੀ ਮਲਕਾ ਬੀਬਾ ਸੀਮਾ ਅਨਜਾਣ ਨੇ ਸਟੇਜ ਤੇ ਆਉਂਦਿਆਂ ਹੀ ਧਾਰਮਿਕ ਗੀਤ, ਉਹ ਅੰਮ੍ਰਿਤ ਵੇਲੇ ਤੂੰ ਬੰਦਿਆਂ ਗੁਰੂ ਘਰ ਦਾ ਪਾਠੀ ਬੋਲ ਪਿਆ ਤੋਂ ਉਪਰੰਤ ਆਪਣੇ ਸੁਪਰਹਿਟ ਗੀਤ ,ਕੇ ਮੈਂ ਗਾਜਰ ਵਰਗੀ ਚੋ ਚੋ ਪੈਂਦਾ ਰੰਗ ਤੇ ਆਪਣੇ ਨਵੇਂ ਪੁਰਾਣੇ ਸੁਪਰਹਿਟ ਗੀਤ ਗਾ ਕੇ ਖੂਬ ਰੰਗ ਬੰਨ੍ਹਿਆ ਤੇ ਸਰੋਤਿਆਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਪਿੰਡ ਆਧੀ ਦਾ ਮੇਲਾ ਬੀਬਾ ਸੀਮਾ ਅਨਜਾਣ ਨੇ ਲੁੱਟਿਆ। ਇਸ ਤੋਂ ਉਪਰੰਤ ਪ੍ਰਸਿੱਧ ਗਾਇਕ ਗੁਰਪ੍ਰੀਤ ਗੋਪੀ, ਪ੍ਰਸਿੱਧ ਡਿਊਟ ਜੋੜੀ ਅਸ਼ੋਕ ਸਾਈਕਲ ਤੇ ਨੂਰ ਸਿੱਧੂ, ਗਾਇਕ ਜਗਤਾਰ ਤਾਰੀ, ਗਾਇਕਾ ਰਾਜਵੀਰ ਰਜੀ, ਗਾਇਕ ਜੇ ਸੰਧੂ, ਪੱਪੂ ਗਿੱਲ,ਅੰਕੁਸ਼ ਆਧੀ, ਸੁਨੀਲ ਮੱਟੂ, ਜਸਵੀਰ ਸ਼ੀਰਾ ਆਧੀ ਵਾਲਾ ਨੇ ਵੀ ਖੂਬ ਰੌਣਕਾਂ ਲਾਈਆਂ। ਮੰਚ ਸੰਚਾਲਕ ਦੀ ਜ਼ਿੰਮੇਵਾਰੀ ਵਰਲਡ ਫੇਮਸ ਮੰਚ ਸੰਚਾਲਕ ਕੁਲਦੀਪ ਕੋਟਲਾ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਧਰਮਪ੍ਰੀਤ, ਗੁਰਕਮਲ ਮੱਟੂ, ਸਾਹਿਲ ਮੱਟੂ, ਅਰਸ਼ਦੀਪ ਮੱਟੂ,ਸਾਹਿਲ ਮੱਟੂ,ਦੀਪਾ, ਗੁਰਮੀਤ ਕਾਲਾ, ਪ੍ਰਿੰਸ ਮੱਟੂ, ਬਿੰਦਰ ਵਲੈਤੀਆ,ਸਾਬੀ ਟੇਲਰ, ਗੋਪੀ ਕੈਪਟਨ, ਨਵਦੀਪ,ਪੀਤਾ ਟੇਲਰ, ਮੋਹਣਾ ਪਲੰਬਰ, ਅਮਨਾ, ਸਾਬੀ ਪੇਂਟਰ, ਪ੍ਰਿੰਸ ਸੋਢੀ ਵੱਲੋਂ ਇਸ ਮੇਲੇ ਨੂੰ ਸਫਲ ਬਣਾਉਣ ਲਈ ਦਿਨ ਰਾਤ ਇੱਕ ਕੀਤਾ ਗਿਆ। ਇਸ ਮੌਕੇ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।



# ਗੁਰੂ ਰਵਿਦਾਸ ਐਕਸਪ੍ਰੈੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨ 'ਤੇ ਮੋਦੀ ਦਾ ਧੰਨਵਾਦ

**ਬੰਗਾ (ਅਵਤਾਰ ਕਲੇਰ)**- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਵਿਕਾਸ ਪੱਖੀ ਦੌਰੇ ਨੇ ਲੋਕਾਂ ਦੇ ਠਾਠ ਮਾਰਦੇ ਇਕੱਠ ਨੇ ਸਾਬਿਤ ਕਰ ਦਿੱਤਾ ਕਿ ਪੰਜਾਬ ਦੀ ਜਨਤਾ ਭਾਜਪਾ ਦੀ ਅਗਵਾਈ ਹੇਠ 'ਨਵਾਂ ਪੰਜਾਬ' ਸਿਰਜਣ ਲਈ ਉਤਸ਼ਾਹ ਦੀ ਨਵੀਂ ਰੂਹ ਪੈਦਾ ਕਰ ਦਿੱਤਾ ਹੈ। ਇਸ ਗੱਲ ਦਾ ਪ੍ਰਗਟਾਵਾ ਚੇਤ ਰਾਮ ਰਤਨ ਭਾਜਪਾ ਐਸ ਸੀ ਮੋਰਚਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਪਾਰਟੀ ਵਰਕਰਾਂ ਅਤੇ ਆਗੂਆਂ ਨਾਲ ਜਲੰਧਰ ਰੈਲੀ ਤੋਂ ਪਰਤੱਣ ਉਪਰੰਤ ਕੀਤਾ। ਉਨ੍ਹਾਂ ਪ੍ਰਧਾਨ ਮੰਤਰੀ ਮੋਦੀ ਵਲੋਂ ਸੰਤ ਗੁਰੂ ਰਵਿਦਾਸ ਜੀ ਐਕਸਪ੍ਰੈਸ ਰੇਲ ਗੱਡੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨ ਲਈ ਧੰਨਵਾਦ ਕੀਤਾ। ਇਸ ਨਾਲ ਗੁਰੂ ਰਵਿਦਾਸ ਜੀ ਸ਼ਰਧਾਲੂਆਂ ਵਿੱਚ ਖੁਸ਼ੀ ਦੀ ਲਹਿਰ ਪੈਦਾ ਹੋਈ ਹੈ। ਇਸ ਮੌਕੇ ਮੁਨੀਸ਼ ਅਗਨੀਹੋਤਰੀ ਮੰਡਲ ਪ੍ਰਧਾਨ, ਬਹਾਦਰ ਚੰਦ ਅਰੋੜਾ, ਡਾ. ਕਲਵਿੰਦਰ ਸਿੰਘ, ਜੱਸੀ ਮਹਾਲੋਂ, ਮੈਡਮ ਬਬੀਤਾ ਕਾਲੀਆਂ, ਜਸਕਰਨ ਸਿੰਘ ਸੇਠੀ, ਰਾਕੇਸ਼ ਨਈਅਰ, ਮੁਨਸ਼ੀ ਸ਼ਰਮਾ, ਜਤਿੰਦਰ ਅਬਰੋਲ ਨਿਰਮਲ ਰਾਜਪੂਤ ਆਦਿ ਹਾਜ਼ਰ ਸਨ।



# ਟ੍ਰਾਂਸਫਾਰਮਰ 'ਚੋ ਤੇਲ ਤੇ ਤਾਂਬਾ ਚੋਰੀ

**ਫਿਲੌਰ (ਨਿਰਮਲ)**- ਨਜ਼ਦੀਕੀ ਪਿੰਡ ਮੋਰੋ ਵਿਖੇ ਬਿਜਲੀ ਵਿਭਾਗ ਦੇ ਟ੍ਰਾਂਸਫਾਰਮਰ ਵਿਚੋ ਅਣਪਛਾਤੇ ਚੋਰਾਂ ਵੱਲੋਂ ਤੇਲ ਅਤੇ ਤਾਂਬਾ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਵਾਸੀਆਂ ਨੇ ਚੋਰਾਂ ਵੱਲੋਂ ਰਾਤ ਸਮੇਂ ਟ੍ਰਾਂਸਫਾਰਮਰ ਚੋ ਕੀਮਤੀ ਤਾਂਬਾ ਅਤੇ ਤੇਲ ਚੋਰੀ ਕਰਨ ਨਾਲ ਬਿਜਲੀ ਦੀ ਸਪਲਾਈ ਤੇ ਅਸਰ ਪੈਂਦਾ ਹੈ ਵੱਧ ਗਰਮੀ ਕਾਰਨ ਬਿਜਲੀ ਜਾਣ ਤੇ ਲੋਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਲਾਕੇ ਦੇ ਪਿੰਡਾਂ ਵਿੱਚ ਪੁਲਿਸ ਦੀ ਗਸ਼ਤ ਰਾਤ ਸਮੇਂ ਤੇਜ਼ ਕੀਤੀ ਜਾਵੇ । ਇਸ ਸਬੰਧੀ ਉਨ੍ਹਾਂ ਪੁਲਿਸ ਨੂੰ ਲਿਖਤੀ ਸ਼ਿਕਾਇਤ ਦੇ ਦਿੱਤੀ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।


# ਬਲਾਇੰਡ ਕੇਅਰ ਵੈੱਲਫੇਅਰ ਸੋਸਾਇਟੀ ਜੀਵਨ ਸੁਧਾਰ ਲਈ ਯਤਨਸ਼ੀਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਬਲਾਇੰਡ ਸਕੂਲ ਬਾਹੋਵਾਲ (ਮਾਹਿਲਪੁਰ) ਦੇ ਪ੍ਰਿੰਸੀਪਲ ਅਤਰ ਸਿੰਘ ਦੇ ਸੱਦੇ ਤੇ ਅਲਾਇੰਸ ਕਲੱਬ ਇੰਟਰਨੈਸ਼ਨਲ ਦੇ ਵਾਇਸ ਪ੍ਰੈਜ਼ੀਡੈਂਟ ਐਲੀ ਅਸ਼ੋਕ ਪੁਰੀ ਬਲਾਇੰਡ ਕੇਅਰ ਵੈਲਫੇਅਰ ਸੋਸਾਇਟੀ ਦੇ ਹੁਸ਼ਿਆਰਪੁਰ ਵਿੱਚ ਸ਼ੁਰੂ ਕੀਤੇ ਗਏ ਆਸ਼ਰਮ ਵਿੱਚ ਪੁੱਜੇ। ਇਸ ਮੌਕੇ ਤੇ ਇੱਥੇ [illegible] ਬਲਾਇੰਡ ਜੀਵਨ ਸੰਘਰਸ਼ ਅਤੇ ਜੀਵਨ ਸੁਧਾਰ ਲਈ ਯਤਨਸ਼ੀਲ ਹਨ, ਬਲਾਇੰਡ ਕੇਅਰ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਮਹੰਤ ਲਾਲ ਸਿੰਘ ਹਨ ਤੇ ਇਹ ਗੌਰਮਿੰਟ ਕਾਲਜ ਚੌਕ ਦੇ ਨੇੜੇ ਹੈ। ਇਸ ਮੌਕੇ ਤੇ ਬਾਹੋਵਾਲ ਆਸ਼ਰਮ ਦੇ ਬਲਾਇੰਡ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਗੀਤ ਗਾਏ ਗਏ, ਸਰਬਜੀਤ ਕੌਰ ਕਠਾਰ ਤੋਂ ਬਲਾਇੰਡ ਵਿਅਕਤੀਆਂ ਲਈ ਦੁਪਹਿਰ ਦਾ ਖਾਣਾ ਵਿਸ਼ੇਸ਼ ਤੌਰ 'ਤੇ ਲੈ ਕੇ ਆਏ ਹੋਏ ਸਨ। ਇਸ ਮੌਕੇ ਤੇ ਇੱਕ ਲੋੜਵੰਦ ਜੈਨ ਪਰਿਵਾਰ ਵੱਲੋਂ ਬਲਾਇੰਡ ਵਿਅਕਤੀਆਂ ਨੂੰ ਬਰੇਲ ਲਿਪੀ ਪੜਾਉਣ ਦੇ ਅਧਿਆਪਕ ਦੀ ਭਾਲ ਵੀ ਇੱਥੇ ਪੂਰੀ ਹੋਈ। ਇਸ ਮੌਕੇ ਤੇ ਅਤਰ ਸਿੰਘ ਨੇ ਦੱਸਿਆ ਕਿ ਹੁਣ ਬਾਹੋਵਾਲ ਦੇ ਆਸ਼ਰਮ ਵਿੱਚ ਬਰੇਲ ਲਿਪੀ ਪੜ੍ਹਾਈ ਜਾਂਦੀ ਹੈ ਅਤੇ ਇੱਥੋਂ ਦੇ ਇੱਕ ਵਿਦਿਆਰਥੀ ਨੇ ਐੱਮ ਏ ਕਰ ਲਈ ਹੈ, ਹੁਸ਼ਿਆਰਪੁਰ ਦੀ ਇਸ ਸੋਸਾਇਟੀ ਦੇ ਜਨਰਲ ਸਕੱਤਰ ਵਿਕਾਸ ਸਲੂਜਾ ਹਨ, ਇਸ ਜਾਨ ਪਹਿਚਾਣ ਪ੍ਰੋਗਰਾਮ ਦਾ ਸੰਚਾਲਨ ਯੋਗੇਸ਼ ਨੇ ਕੀਤਾ। ਇਸ ਮੌਕੇ ਤੇ ਐਲੀ ਅਸ਼ੋਕਪੁਰੀ ਨੇ ਆਪਣੇ ਸੰਬੋਧਨ ਵਿੱਚ ਸਾਰਿਆਂ ਨੂੰ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੰਦੇਸ਼ ਦਿੱਤਾ।




# ਵਿਦਿਆਰਥੀਆਂ ਨੇ ਲੰਗਰ ਵਰਤਾਉਣ ਤੇ ਬਰਤਨ ਸਾਫ਼ ਕਰਨ ਦੀ ਕੀਤੀ ਸੇਵਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਦਿਆਰਥੀ ਵਰਗ ਨੂੰ ਵਿਦਿਆ ਪ੍ਰਾਪਤ ਕਰਨ ਦੇ ਨਾਲ ਨਾਲ ਸਮਾਜਿਕ ਭਲਾਈ ਦੇ ਕਾਰਜਾਂ ਨਾਲ ਜੁੜਨ ਸਬੰਧੀ ਚੱਲ ਰਹੇ ਪ੍ਰੋਗਰਾਮ ਅਧੀਨ ਧੰਨ ਗੁਰੂ ਰਾਮਦਾਸ ਦਾਸ ਲੰਗਰ ਸੇਵਾ ਵਿਖੇ ਪਹੁੰਚ ਉਥੇ ਚੱਲ ਰਹੀ ਲੋੜਵੰਦ ਲੋਕਾਂ ਲਈ ਲੰਗਰ ਪ੍ਰਦਾਨ ਕਰਨ ਦੀ ਸੇਵਾ ਵਿੱਚ ਦਿਲਚਸਪੀ ਦਿਖਾਈ ਅਤੇ ਕਈ ਵਿਦਿਆਰਥੀਆਂ ਵੱਲੋਂ ਲੰਗਰ ਵਰਤਾਉਣ ਦੀ ਸੇਵਾ ਅਤੇ ਬਰਤਨ ਸਾਫ਼ ਕਰਨ ਦੀ ਸੇਵਾ ਵੀ ਕੀਤੀ। ਲੰਗਰ ਸੇਵਾ ਦੇ ਸੇਵਾਦਾਰ ਗੁਰਲਿਆਕਤ ਸਿੰਘ ਬਰਾੜ ਵੱਲੋਂ ਦੱਸਿਆ ਕਿ ਇਸ ਅਸਥਾਨ ਤੋਂ ਰੋਜ਼ਾਨਾ ਪੰਜਾਬ ਦੇ ਸਰਕਾਰੀ ਹਸਪਤਾਲਾਂ ਦਾਖਲ ਮਰੀਜ਼ਾਂ ਅਤੇ ਉਨ੍ਹਾਂ ਦੇ ਨਾਲ ਆਏ ਪਰਿਵਾਰ ਦੇ ਮੈਂਬਰਾਂ ਸਮੇਤ ਹਜ਼ਾਰਾਂ ਲੋੜਵੰਦ ਲੋਕਾਂ ਲਈ ਲੰਗਰ ਤਿਆਰ ਕਰਕੇ ਰੋਜ਼ਾਨਾ ਇਸ ਅਸਥਾਨ ਤੋਂ ਪਹੁਚਾਇਆ ਜਾਂਦਾ ਹੈ। ਵਿਦਿਆਰਥੀਆਂ ਵੱਲੋਂ ਲੰਗਰ ਸੇਵਾ ਦੀ ਰਸੋਈ ਵਿੱਚ ਸਥਿਤ ਲੰਗਰ ਲਈ ਰੋਟੀਆਂ ਬਣਾਉਣ ਵਾਲੀਆਂ ਮਸ਼ੀਨਾਂ ਵੀ ਦਿਖਾਈਆਂ ਅਤੇ ਦੱਸਿਆ ਕਿ ਇਨ੍ਹਾਂ ਮਸ਼ੀਨਾਂ ਦੀ ਤਕਰੀਬਨ ਦੋ ਘੰਟਿਆਂ ਵਿੱਚ ਇਕ ਲੱਖ ਰੋਟੀਆਂ ਬਣਾਉਣ ਦੀ ਸਮਰੱਥਾ ਹੈ। ਇਸ ਅਸਥਾਨ ਤੇ ਚੱਲ ਰਹੀ ਡਿਸਪੈਂਸਰੀ ਅਤੇ ਮੈਡੀਕਲ ਲੈਬੋਰਟਰੀ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਥੇ ਮੁਫ਼ਤ ਇਲਾਜ ਅਤੇ ਹਰ ਤਰ੍ਹਾਂ ਦੇ ਟੈਸਟ ਵੀ ਮੁਫ਼ਤ ਕੀਤੇ ਜਾਂਦੇ ਹਨ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਰਬੱਤ ਦੇ ਭਲੇ ਤੇ ਚਲਦਿਆਂ ਮਾਨਵਤਾ ਦੀ ਸੇਵਾ ਲਈ ਅੱਗੇ ਆਉਣ ਦੀ ਅਪੀਲ ਕੀਤੀ। ਉਨ੍ਹਾਂ ਵੱਲੋਂ ਕਾਲਜ ਦੇ ਪ੍ਰੋਫੈਸਰਾਂ ਅਤੇ ਇਸ ਸੇਵਾ ਪ੍ਰੋਜੈਕਟ ਦੇ ਮਾਰਗ ਦਰਸ਼ਕ ਨੇਤਰਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਦੇ ਮੈਂਬਰਾਂ ਨੂੰ ਸਨਮਾਨਤ ਵੀ ਕੀਤਾ। ਇਸ ਮੌਕੇ ਤੇ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਵੱਲੋਂ ਇਸ ਮੋਕੇ ਤੇ ਲੰਗਰ ਸੇਵਾ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਅਤੇ ਗੁਰਦੁਆਰਾ ਸਾਹਿਬ ਵਿਖੇ ਵਿਦਿਆਰਥੀਆਂ ਦੇ ਆਉਣ ਵਾਲੇ ਸੁਨਿਹਰੀ ਭਵਿੱਖ, ਨੌਜਵਾਨਾਂ ਨੂੰ ਆਪਣੇ ਨਿਸ਼ਾਨੇ ਤੇ ਪਹੁੰਚ ਕੇ ਲੋਕਾਂ ਦੀ ਨਿਰਪੱਖਤਾ ਨਾਲ ਸੇਵਾ ਕਰਨ, ਸਰਬ ਸਾਂਝੀਵਾਲਤਾ ਅਤੇ ਆਪਸੀ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਕੰਮ ਕਰਨ, ਸਰਬੱਤ ਦੇ ਭਲੇ ਅਤੇ ਸੱਭ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਕੀਤੀ। ਇਸ ਮੌਕੇ ਤੇ ਨੇਤਰ ਦਾਨ ਐਸੋਸੀਏਸ਼ਨ ਦੇ ਸਰਪ੍ਰਸਤ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ, ਉਪ ਪ੍ਰਧਾਨ ਗੁਰਪ੍ਰੀਤ ਸਿੰਘ, ਪ੍ਰੇਮ ਸੈਣੀ, ਜਤਿੰਦਰ ਕੌਰ, ਓਂਕਾਰ ਸਿੰਘ ਖਾਲਸਾ, ਸੰਤੋਸ਼ ਸੈਣੀ, ਹਰਵਿੰਦਰ ਕੋਰ, ਲਖਵਿੰਦਰ ਕੌਰ ਡਿੰਪੀ ਹਾਜ਼ਰ ਸਨ।




# ਸਪਾਈਨਲ ਐਸਪਰਜਿਲਸ ਇਨਫੈਕਸ਼ਨ ਅਸਧਾਰਨ ਬਿਮਾਰੀ : ਡਾ. ਵਿਨੀਤ ਸੱਗਰ

**ਮੋਹਾਲੀ (ਗੁਰਜੀਤ ਬਿੱਲਾ)**- ਸਪਾਈਨਲ ਐਸਪਰਜਿਲਸ ਇਨਫੈਕਸ਼ਨ ਇੱਕ ਬਹੁਤ ਹੀ ਅਸਧਾਰਨ ਬਿਮਾਰੀ ਹੈ, ਖਾਸ ਕਰਕੇ ਉਨ੍ਹਾਂ ਲੋਕਾਂ ਵਿੱਚ ਜਿਨ੍ਹਾਂ ਦਾ ਇਮਿਊਨ ਸਿਸਟਮ ਆਮ ਹੁੰਦਾ ਹੈ। ਕਿਉਂਕਿ ਇਸ ਦੇ ਲੱਛਣ ਕਾਫੀ ਹੱਦ ਤੱਕ ਰੀੜ੍ਹ ਦੀ ਟੀ.ਬੀ. ਜਾਂ ਟਿਊਮਰ ਨਾਲ ਮਿਲਦੇ-ਜੁਲਦੇ ਹੁੰਦੇ ਹਨ, ਇਸ ਲਈ ਅਕਸਰ ਇਸ ਦੇ ਡਾਇਗਨੋਸਿਸ ਵਿੱਚ ਦੇਰੀ ਹੋ ਜਾਂਦੀ ਹੈ ਜਾਂ ਇਹ ਪੂਰੀ ਤਰ੍ਹਾਂ ਫੜ੍ਹ ਵਿੱਚ ਹੀ ਨਹੀਂ ਆਉਂਦੀ। ਲਿਵਾਸਾ ਹਸਪਤਾਲ ਮੋਹਾਲੀ ਦੇ ਨਿਊਰੋ ਐਂਡ ਸਪਾਈਨ ਸਰਜਰੀ ਵਿਭਾਗ ਦੇ ਡਾਇਰੈਕਟਰ ਡਾ. ਵਿਨੀਤ ਸੱਗਰ ਨੇ ਦੱਸਿਆ ਕਿ ਹਾਲ ਹੀ ਵਿੱਚ ਉਨ੍ਹਾਂ ਨੇ ਰੀੜ੍ਹ ਦੀ ਹੱਡੀ ਦੇ ਐਸਪਰਜਿਲਸ ਇਨਫੈਕਸ਼ਨ ਦੇ ਇੱਕ ਬਹੁਤ ਹੀ ਦੁਰਲੱਭ ਮਾਮਲੇ ਦੀ ਸਫਲਤਾਪੂਰਵਕ ਪਛਾਣ ਅਤੇ ਇਲਾਜ ਕੀਤਾ ਹੈ। ਇਹ ਮਾਮਲਾ ਇੱਕ 55 ਸਾਲਾ ਮਹਿਲਾ ਦਾ ਸੀ, ਜੋ ਮਿਸਡਾਇਗਨੋਸਿਸ (ਗਲਤ ਇਲਾਜ/ ਪਛਾਣ) ਹੋਣ ਕਾਰਨ ਮਹੀਨਿਆਂ ਤੱਕ ਗੰਭੀਰ ਦਰਦ ਝੱਲਣ ਲਈ ਮਜਬੂਰ ਸੀ। ਡਾ. ਸੱਗਰ ਨੇ ਦੱਸਿਆ ਕਿ ਮਰੀਜ਼ ਪਿਛਲੇ ਲਗਭਗ ਤਿੰਨ ਮਹੀਨਿਆਂ ਤੋਂ ਪਿੱਠ ਦੇ ਅਸਹਿ ਦਰਦ ਤੋਂ ਪੀੜਤ ਸੀ, ਜਿਸ ਕਾਰਨ ਉਹ ਬਿਸਤਰੇ 'ਤੇ ਪੈ ਗਈ ਸੀ ਅਤੇ ਰੋਜ਼ਾਨਾ ਦੇ ਬੁਨਿਆਦੀ ਕੰਮ ਕਰਨ ਵਿੱਚ ਵੀ ਅਸਮਰੱਥ ਸੀ। ਇਸ ਦੌਰਾਨ ਉਨ੍ਹਾਂ ਨੇ ਕਈ ਡਾਕਟਰਾਂ ਤੋਂ ਸਲਾਹ ਲਈ ਅਤੇ ਕਈ ਜਾਂਚਾਂ ਕਰਵਾਈਆਂ। ਲੱਛਣਾਂ ਦੀ ਸਮਾਨਤਾ ਦੇ ਕਾਰਨ ਸ਼ੁਰੂ ਵਿੱਚ ਉਨ੍ਹਾਂ ਵਿੱਚ ਰੀੜ੍ਹ ਦੀ ਟੀ.ਬੀ. ਦੀ ਪਛਾਣ ਕੀਤੀ ਗਈ ਅਤੇ ਟੀ.ਬੀ. ਵਿਰੋਧੀ ਇਲਾਜ ਸ਼ੁਰੂ ਕਰ ਦਿੱਤਾ ਗਿਆ। ਹਾਲਾਂਕਿ, ਲੰਬੇ ਸਮੇਂ ਤੱਕ ਚੱਲੇ ਇਲਾਜ ਦੇ ਬਾਵਜੂਦ ਉਨ੍ਹਾਂ ਦੀ ਹਾਲਤ ਵਿੱਚ ਕੋਈ ਸੁਧਾਰ ਨਹੀਂ ਹੋਇਆ। ਇਸ ਤੋਂ ਬਾਅਦ ਰੀੜ੍ਹ ਦੀ ਹੱਡੀ ਵਿੱਚ ਟਿਊਮਰ ਹੋਣ ਦੇ ਸ਼ੱਕ ਦੇ ਚਲਦਿਆਂ ਫਾਈਨ ਨੀਡਲ ਐਸਪੀਰੇਸ਼ਨ ਸਾਈਟੋਲੋਜੀ ਕੀਤੀ ਗਈ, ਜੋ ਬੇਨਤੀਜਾ ਰਹੀ। ਇਨਫੈਕਸ਼ਨ ਦੇ ਫੈਲਾਅ ਅਤੇ ਮਰੀਜ਼ ਦੀ ਵਿਗੜਦੀ ਹਾਲਤ ਨੂੰ ਦੇਖਦੇ ਹੋਏ, ਲਿਵਾਸਾ ਦੀ ਟੀਮ ਨੇ ਤੁਰੰਤ ਸਰਜਰੀ ਦੀ ਸਿਫਾਰਸ਼ ਕੀਤੀ। ਇਹ ਸਰਜਰੀ ਸਫਲਤਾਪੂਰਵਕ ਕੀਤੀ ਗਈ, ਜਿਸ ਨਾਲ ਮਰੀਜ਼ ਨੂੰ ਕੁਝ ਹੀ ਦਿਨਾਂ ਵਿੱਚ ਦਰਦ ਤੋਂ ਕਾਫੀ ਰਾਹਤ ਮਿਲੀ। ਇਸ ਜਾਂਚ ਵਿੱਚ ਐਸਪਰਜਿਲਸ ਦੀ ਪੁਸ਼ਟੀ ਹੋਈ, ਜੋ ਰੀੜ੍ਹ ਦੀ ਹੱਡੀ ਨੂੰ ਪ੍ਰਭਾਵਿਤ ਕਰਨ ਵਾਲਾ ਇੱਕ ਦੁਰਲੱਭ ਫੰਗਲ ਜੀਵ ਹੈ। ਇਸ ਤੋਂ ਬਾਅਦ ਮਰੀਜ਼ ਦਾ ਵੋਰੀਕੋਨਾਜ਼ੋਲ ਦੇ ਨਾਲ ਖਾਸ ਐਂਟੀਫੰਗਲ ਇਲਾਜ ਸ਼ੁਰੂ ਕੀਤਾ ਗਿਆ, ਜਿਸ ਨਾਲ ਉਨ੍ਹਾਂ ਦੀ ਸਿਹਤ ਵਿੱਚ ਸ਼ਾਨਦਾਰ ਸੁਧਾਰ ਹੋਇਆ। ਡਾ. ਸੱਗਰ ਨੇ ਕਿਹਾ, ਪੂਰੀ ਤਰ੍ਹਾਂ ਬਿਸਤਰੇ 'ਤੇ ਰਹਿਣ ਤੋਂ ਬਾਅਦ ਅੱਜ ਉਹ ਫਿਰ ਤੋਂ ਤੁਰਨ-ਫਿਰਨ ਲੱਗ ਪਈ ਹੈ ਅਤੇ ਬਿਨਾਂ ਕਿਸੇ ਦਰਦ ਦੇ ਚੱਲ ਸਕਦੀ ਹੈ।



# ਚੱਬੇਵਾਲ ਨੇ ਵਿਕਾਸ ਕਾਰਜਾਂ ਲਈ ਜਾਰੀ ਕੀਤੀ 5 ਕਰੋੜ ਦੀ ਗ੍ਰਾਂਟ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਡਾ. ਰਾਜ ਕੁਮਾਰ ਚੱਬੇਵਾਲ ਮੈਂਬਰ ਲੋਕਸਭਾ ਨੇ ਫਗਵਾੜਾ ਵਿਧਾਨਸਭਾ ਹਲਕੇ ਦੇ 74 ਪਿੰਡਾਂ ਨੂੰ ਵੱਖ ਵੱਖ ਵਿਕਾਸ ਕਾਰਜਾਂ ਲਈ 5 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਹੈ।ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਡਾ. ਰਾਜਕੁਮਾਰ ਨੇ ਦੱਸਿਆ ਕਿ ਇਹ ਗ੍ਰਾਂਟ ਉਹਨਾਂ ਨੇ ਆਪਣੇ ਅਖਤਿਆਰੀ ਫੰਡ ਵਿੱਚੋਂ ਪੰਜਾਬ ਸਰਕਾਰ ਦੀ ਰੰਗਲਾ ਪੰਜਾਬ ਵਿਕਾਸ ਸਕੀਮ ਦੇ ਤੀਸਰੇ ਦੌਰ ਅਧੀਨ ਵੱਖ-ਵੱਖ ਵਿਕਾਸ ਕਾਰਜਾਂ ਲਈ ਜਾਰੀ ਕੀਤੀ ਹੈ। ਉਹਨਾਂ ਦੱਸਿਆ ਕਿ ਪਿੰਡ ਅਕਾਲਗੜ੍ਹ, ਬਬੇਲੀ, ਬਘਾਣਾ, ਬਲਾਲੋਂ, ਬਰਨ, ਬੇਗਮਪੁਰ, ਭਾਖੜੀਆਣਾ, ਭਾਣੋਕੀ, ਭੁੱਲਾਰਾਈ, ਬੋਹਾਨੀ, ਬ੍ਰਹਮਪੁਰ, ਬੀੜ ਢੰਡੋਲੀ, ਚਹੇੜੂ, ਚੈੜ, ਚੱਕ ਹਕੀਮ, ਚੱਕ ਪ੍ਰੇਮਾ, ਦਰਵੇਸ਼ ਪਿੰਡ, ਢੱਡੇ, ਜਗਪਾਲਪੁਰ, ਢੱਕ ਜਗਪਾਲਪੁਰ, ਢੱਕ ਪੰਡੋਰੀ, ਢੰਡੋਲੀ, ਡੁਮੇਲੀ, ਡਾ. ਅੰਬੇਡਕਰ ਨਗਰ, ਦੁੱਗ, ਫਤਿਹਗੜ੍ਹ, ਗੰਢਵਾ, ਗੁਜਰਾਤਾਂ, ਗੁਲਾਬਗੜ੍ਹ ਜਗੀਰ, ਹਰਦਾਸਪੁਰ, ਜਗਤਪੁਰ ਜੱਟਾਂ, ਕਾਂਸ਼ੀ ਨਗਰ, ਖਜੂਰਲਾ, ਖਲਵਾੜਾ, ਖਲਵਾੜਾ ਕਲੋਨੀ, ਖੰਗੂੜਾ, ਖਾਟੀ, ਖੇੜਾ, ਖੁਰਮਪੁਰ, ਕ੍ਰਿਪਾਲਪੁਰ, ਕਿਸ਼ਨਪੁਰ, ਲੱਖਪੁਰ, ਮਾਧੋਪੁਰ, ਮਹੇੜੂ, ਮਾਇਓਪੱਟੀ, ਮਸਤ ਨਗਰ, ਮੌਲੀ, ਮੇਹਟ, ਨਾਨਕ ਨਗਰੀ, ਨੰਗਲ, ਨੰਗਲ ਮੱਝਾ, ਨਾਰੰਗਸ਼ਾਹਪੁਰ, ਨਰੂੜ, ਨਸੀਰਾਬਾਦ, ਨਵੀਂ ਆਬਾਦੀ ਨਾਰੰਗਸ਼ਾਹਪੁਰ, ਨਿਹਾਲਗੜ੍ਹ, ਪਾਂਸ਼ਟ, ਪੰਡਵਾ, ਪ੍ਰੇਮਪੁਰ, ਰਾਮਪੁਰ ਖਲਿਆਣ, ਰਾਮਪੁਰ ਸੁੰਨੜਾ, ਰਾਣੀਪੁਰ ਕੰਬੋਆਂ, ਰਾਣੀਪੁਰ ਰਾਜਪੂਤਾਂ, ਰਾਵਲਪਿੰਡੀ, ਸਾਹਨੀ, ਸੰਗਤਪੁਰ, ਸੀਕਰੀ, ਸੁੰਨੜਾਂ ਰਾਜਪੂਤਾਂ, ਠੱਕਰਕੀ, ਉੱਚਾ ਪਿੰਡ, ਵਾਹਦ ਅਤੇ ਵਜੀਦੋਵਾਲ ਵਿਖੇ ਗੰਦੇ ਪਾਣੀ ਦੀ ਨਿਕਾਸੀ, ਛੱਪੜਾਂ ਦੇ ਨਵੀਨੀਕਰਣ, ਗਲੀਆਂ ਨਾਲੀਆਂ ਦੀ ਉਸਾਰੀ, ਪਾਰਕਾਂ ਤੇ ਖੇਡ ਮੈਦਾਨਾਂ ਦੇ ਵਿਕਾਸ ਕਾਰਜਾਂ, ਧਰਮਸ਼ਾਲਾ, ਜਿਮ, ਕਮਿਊਨਿਟੀ ਹਾਲ, ਸ਼ਮਸ਼ਾਨਘਾਟਾਂ ਦੇ ਫਰਸ਼ਾਂ, ਸੜਕਾਂ, ਪੰਚਾਇਤ ਘਰਾਂ ਅਤੇ ਸਕੂਲਾਂ ਆਦਿ ਦੇ ਅਧੂਰੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਜਾਰੀ ਕੀਤੀ ਹੈ।



# ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਪੁਤਲਾ ਫੂਕਿਆ

**ਮਾਹਿਲਪੁਰ (ਸ਼ਫ਼ਰੀ)**- ਸੀ ਪੀ ਐਮ ਅਤੇ ਸੀਟੂ ਦੇ ਸੱਦੇ ਤੇ ਦੇਸ਼ ਦੇ ਸਿਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਪੁਤਲਾ ਫੂਕਿਆ।ਇਸ ਮੌਕੇ ਦਰਸ਼ਨ ਸਿੰਘ ਮੱਟੂ ਮਹਿੰਦਰ ਕੁਮਾਰ ਬੱਡੋਆਣ ਜੋਗਿੰਦਰ ਕੌਰ ਆਸ਼ਾ ਵਰਕਰ ਨੇ ਕਿਹਾ ਕਿ ਜਿਸ ਤਰਾਂ ਸੋਨਮ ਬਾਗ ਚੁਕ ਨੂੰ ਜੋ ਕਿ ਵਿਦਿਆਰਥੀਆਂ ਦੀਆਂ ਮੰਗਾਂ ਨੂੰ ਲੈ ਕੇ ਅਨਸ਼ਨ ਤੇ ਬੈਠਾ ਸੀ ਉਸ ਨੂੰ ਕਿਵੇਂ ਪੁਲਸ ਬਲਾਂ ਵਲੋਂ ਧੱਕੇ ਨਾਲ ਚੁਕ ਕੇ ਲਿਜਾਇਆ ਗਿਆ, ਦੀ ਨਿਖੇਧੀ ਕੀਤੀ ਸਿੱਖਿਆ ਮੰਤਰੀ ਨੂੰ ਵਜ਼ਾਰਤ ਵਿਚੋਂ ਕੱਢਣ ਦੀ ਮੰਗ ਕੀਤੀ ਗਈ।ਆਗੂਆਂ ਨੇ ਕਿਹਾ ਕਿ ਸਿੱਖਿਆ ਮੰਤਰੀ ਨੂੰ ਵਿਦਿਆਰਥੀਆਂ ਦੇ ਪੇਪਰ ਲੀਕ ਦੀ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਤੁਰੰਤ ਅਸਤੀਫ਼ਾ ਦੇਣਾ ਚਾਹੀਦਾ ਹੈ।ਸੀ ਪੀ ਐਮ ਤੇ ਸੀਟੂ ਦੇ ਆਗੂਆਂ ਨੇ ਕਿਹਾ ਕਿ ਭਾਜਪਾ ਦੇ ਸੱਤਾ ਦੇ ਆਉਣ ਤੋਂ ਬਾਅਦ ਦੇਸ਼ ਵਿਚ ਲਗਾਤਾਰ ਸਾਹਮਣੇ ਆ ਰਹੇ ਪੇਪਰ ਲੀਕ ਘਪਲਿਆਂ ਨੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਹੈ । ਸਰਕਾਰ ਦੀ ਨਾਕਾਮੀ ਅਤੇ ਲਾਪਰਵਾਹੀ ਕਾਰਨ ਕਰੋੜਾਂ ਨੌਜਵਾਨਾਂ ਦਾ ਸਰਕਾਰੀ ਭਰਤੀ ਪ੍ਰਣਾਲੀ ਤੇ ਪ੍ਰੀਖਿਆਵਾਂ ਤੋਂ ਵਿਸ਼ਵਾਸ ਉਠਦਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਸਾਡੀ ਪਾਰਟੀ ਅਤੇ ਜਨਤਕ ਜਥੇਬੰਦੀਆਂ ਵਿਦਿਆਰਥੀਆਂ ਦੇ ਚਲ ਰਹੇ ਘੋਲ ਦੀ ਹਿਮਾਇਤ ਕਰਦੀਆਂ ਹਨ। ਇਸ ਮੌਕੇ ਕੁਲਵਿੰਦਰ ਸੰਘਾ, ਅਵਤਾਰ ਸਿੰਘ, ਬਿੰਦਰ ਪਾਲ ਕੌਰ, ਗੁਰਮੇਲ ਕਲਸੀ ਤੇ ਕਿਸ਼ਨ ਨੰਬਰਦਾਰ ਨੇ ਵੀ ਸੰਬੋਧਨ ਕੀਤਾ ।



# ਰਾਜੀਵ ਸਿੰਗਲਾ ਅਗਰਵਾਲ ਭਲਾਈ ਬੋਰਡ ਦੇ ਚੇਅਰਮੈਨ ਨਿਯੁਕਤ



**ਆਦਮਪੁਰ, (ਪਰਮਜੀਤ ਸਿੰਘ)**- ਆਦਮਪੁਰ ਦੇ ਰਾਜੀਵ ਸਿੰਗਲਾ ਨੂੰ ਆਦਮਪੁਰ ਵਿਧਾਨ ਸਭਾ ਹਲਕੇ ਲਈ ਪੰਜਾਬ ਅਗਰਵਾਲ ਭਲਾਈ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਪੰਜਾਬ ਅਗਰਵਾਲ ਭਲਾਈ ਬੋਰਡ ਦੇ ਚੇਅਰਮੈਨ ਅਸ਼ਵਨੀ ਅਗਰਵਾਲ ਨੇ ਕੀਤੀ। ਰਾਜੀਵ ਸਿੰਗਲਾ ਨੇ ਅਗਰਵਾਲ ਭਲਾਈ ਬੋਰਡ ਦਾ ਚੇਅਰਮੈਨ ਨਿਯੁਕਤ ਕਰਨ ਲਈ ਪੰਜਾਬ ਸਰਕਾਰ ਅਤੇ ਹਲਕੇ ਦੇ ਇੰਚਾਰਜ ਪਵਨ ਕੁਮਾਰ ਟੀਨੂੰ ਦਾ ਧੰਨਵਾਦ ਕੀਤਾ।

# ਜੰਗਬੰਦੀ ਟੁੱਟਣ ਲਈ ਅਮਰੀਕਾ-ਇਜ਼ਰਾਇਲ ਦੇ ਹਾਕਮ ਕਸੂਰਵਾਰ : ਪਾਸਲਾ

**ਜਲੰਧਰ**- 'ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ' (ਆਰ ਐੱਮ ਪੀ ਆਈ) ਦੀ ਪੰਜਾਬ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ 'ਚ ਬੋਲਦੇ ਹੋਏ ਪਾਰਟੀ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਲੰਘੇ ਦਿਨੀਂ ਅਮਰੀਕਾ-ਈਰਾਨ ਦਰਮਿਆਨ ਹੋਈ ਜੰਗਬੰਦੀ ਟੁੱਟ ਜਾਣ 'ਤੇ ਡੂੰਘਾ ਦੁੱਖ ਜਾਹਿਰ ਕਰਦਿਆਂ ਕਿਹਾ ਹੈ ਕਿ ਨਵੇਂ ਸਿਰਿਓਂ ਜੰਗ ਛਿੜ ਜਾਣ ਦੇ ਮੁੱਖ ਦੋਸ਼ੀ ਅਮਰੀਕਾ ਤੇ ਇਜ਼ਰਾਇਲ ਦੇ ਹਾਕਮ ਹਨ। ਪਾਸਲਾ ਨੇ ਕਿਹਾ ਹੈ ਕਿ ਇਹ ਗੱਲ ਵਾਰ-ਵਾਰ ਸੱਚ ਸਿੱਧ ਹੋ ਰਹੀ ਹੈ ਕਿ 'ਜਦੋਂ ਤੱਕ ਸਾਮਰਾਜ ਦੀ ਹੋਂਦ ਕਾਇਮ ਹੈ ਉਦੋਂ ਤਾਈਂ ਸੰਸਾਰ ਦੇ ਲੋਕੀਂ ਅਮਨ-ਚੈਨ ਨਾਲ ਹਰਗਿਜ ਨਹੀਂ ਰਹਿ ਸਕਦੇ।' ਉਨ੍ਹਾਂ ਕਿਹਾ ਕਿ 'ਸਾਮਰਾਜੀ ਅਮਰੀਕਾ ਨਾਲ ਯੁਧਨੀਤਕ ਸਾਂਝਾਂ ਕਾਇਮ ਕਰਨ ਦੇ ਨਤੀਜੇ ਵਜੋਂ ਮੋਦੀ ਸਰਕਾਰ ਵਲੋਂ ਕੂਟਨੀਤੀ ਦੇ ਖੇਤਰ 'ਚ ਲਏ ਗਏ ਰੱਦੀ ਨਿਰਣਿਆਂ ਸਦਕਾ ਦੇਸ਼ ਦੇ ਵੱਕਾਰ ਨੂੰ ਭਾਰੀ ਸੱਟ ਵੱਜੀ ਹੈ।' ਪਾਸਲਾ ਨੇ ਦੇਸ਼ ਵਾਸੀਆਂ, ਖਾਸ ਕਰਕੇ ਪੰਜਾਬੀਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਅਮਰੀਕਾ ਤੇ ਦੂਜੇ ਅਮੀਰ ਦੇਸ਼ਾਂ ਨਾਲ ਕੀਤੇ ਜਾ ਰਹੇ, ਦੇਸ਼ ਦੀ ਖੇਤੀ, ਦਰਮਿਆਨੇ ਤੇ ਛੋਟੇ ਉਦਯੋਗ-ਕਾਰੋਬਾਰ ਅਤੇ ਪ੍ਰਚੂਨ ਵਪਾਰ ਨੂੰ ਤਬਾਹ ਕਰਨ ਵਾਲੇ 'ਵਿਦੇਸ਼ ਵਪਾਰ ਸਮਝੌਤਿਆਂ' ਖਿਲਾਫ ਨਿਰਣਾਇਕ ਲੋਕ ਯੁੱਧ ਵਿੱਢਣ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਪਾਰਟੀ ਵੱਲੋਂ ਖੱਬੀਆਂ ਧਿਰਾਂ ਅਤੇ 'ਬਹੁਜਨ ਲੈਫਟ ਫਰੰਟ' ਦੇ ਸਹਿਯੋਗ ਨਾਲ ਪੰਜਾਬ ਵਿਧਾਨ ਸਭਾ ਦੀਆਂ 15 ਸੀਟਾਂ 'ਤੇ ਉਮੀਦਵਾਰ ਖੜ੍ਹੇ ਕੀਤੇ ਜਾਣਗੇ। ਮੀਟਿੰਗ ਨੇ ਮੋਦੀ ਸਰਕਾਰ ਦੀਆਂ ਨੀਤੀਆਂ ਸਦਕਾ ਹੋਈ ਦੇਸ਼ ਦੇ ਅਰਥਚਾਰੇ ਦੀ ਭਾਰੀ ਤਬਾਹੀ ਤੇ ਸਿੱਟੇ ਵਜੋਂ ਲੋਕਾਂ ਨੂੰ ਝੱਲਣੀਆਂ ਪੈ ਰਹੀਆਂ ਬੇਸ਼ੁਮਾਰ ਮੁਸੀਬਤਾਂ ਪ੍ਰਤੀ ਡੂੰਘੀ ਚਿੰਤਾ ਜ਼ਾਹਰ ਕੀਤੀ ਹੈ।



# ਟੀਨੂੰ ਨੇ ਆਂਗਣਵਾੜੀ ਵਰਕਰਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਆਦਮਪੁਰ (ਪਰਮਜੀਤ ਸਿੰਘ)**- 'ਆਪ' ਦੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਵਲੋਂ ਬੀ ਡੀ ਪੀ ਉ ਦਫਤਰ ਆਦਮਪੁਰ ਵਿਖੇ ਨਿਯੁਗਤ ਹੋਈਆਂ ਹਲਕਾ ਆਦਮਪੁਰ ਦੀਆਂ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ। ਇਸ ਮੌਕੇ ਨਵ-ਨਿਯੁਕਤ ਵਰਕਰਾਂ ਨੂੰ ਦਿਲੋਂ ਮੁਬਾਰਕਬਾਦ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿਤੀਆ ।ਨਵ ਨਿਯੁਗਤ ਔਰਤਾ ਵਲੋਂ ਨਿਯੁਗਤੀ ਪੱਤਰ ਪ੍ਰਾਪਤ ਕਰਕੇ ਖੁਸ਼ੀ ਇਜ਼ਹਾਰ ਕਰਦਿਆਂ ਇਸ ਲੋਕ-ਪੱਖੀ ਪਹਿਲ ਲਈ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤ ਗਿਆ।ਪਵਨ ਕੁਮਾਰ ਟੀਨੂ ਵਲੋਂ ਬੋਲਦਿਆ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਲੋਕ ਭਲਾਈ ਲਈ ਵਚਨਬੱਧ ਹੈ।

# 5 ਨੂੰ ਪੇਂਡੂ ਤੇ ਖੇਤ ਮਜ਼ਦੂਰਾਂ ਦੀ ਰੈਲੀ 'ਚ ਸ਼ਾਮਲ ਹੋਣਗੇ ਦਿਹਾਤੀ ਮਜ਼ਦੂਰ : ਨਾਹਰ, ਨੂਰਪੁਰੀ

**ਜਲੰਧਰ (ਰਾਜੇਸ਼ ਥਾਪਾ)**- ਦਿਹਾਤੀ ਮਜ਼ਦੂਰ ਸਭਾ ਦੀ ਜ਼ਿਲ੍ਹਾ ਜਲੰਧਰ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਨਿਰਮਲ ਸਹੋਤਾ ਦੀ ਪ੍ਰਧਾਨਗੀ ਹੇਠ ਸਭਾ ਦੇ ਦਫਤਰ ਨਕੋਦਰ ਵਿਖੇ ਹੋਈ। ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ ਨੇ ਦੇਸ਼ ਦੀ ਮੌਜੂਦਾ ਰਾਜਨੀਤਿਕ ਅਵਸਥਾ 'ਤੇ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੋਦੀ ਸਰਕਾਰ ਨੇ ਉਦਾਰੀਕਰਨ, ਸੰਸਾਰੀਕਰਨ ਅਤੇ ਨਿੱਜੀਕਰਨ ਦੀਆਂ ਨੀਤੀਆਂ ਤੇਜ਼ੀ ਨਾਲ ਲਾਗੂ ਕਰਕੇ ਪਬਲਿਕ ਸੈਕਟਰ ਤਬਾਹ ਕਰ ਦਿੱਤਾ ਹੈ ਤੇ ਕਾਰਪੋਰੇਟ ਘਰਾਣਿਆਂ ਨੂੰ ਲੋਕਾਂ ਦੀ ਲੁੱਟ ਦੀਆਂ ਖੁੱਲਾਂ ਦਿਤੀਆਂ ਹੋਈਆਂ ਹਨ ਜਿਸ ਕਾਰਨ ਮਹਿੰਗਾਈ ਨੇ ਗਰੀਬਾਂ ਅਤੇ ਆਮ ਲੋਕਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ। ਰਹਿੰਦੀ ਕਸਰ ਪਟਰੋਲ, ਡੀਜਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਬੇਤਹਾਸ਼ਾ ਵਾਧਾ ਕਰਕੇ ਪੂਰੀ ਕਰ ਦਿੱਤੀ ਹੈ। ਸੂਬਾ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਬੇਰੁਜ਼ਗਾਰੀ ਸਭ ਹੱਦਾਂ ਬੰਨੇ ਪਾਰ ਕਰ ਗਈ ਹੈ। ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਬਣਾ ਕੇ ਮਜ਼ਦੂਰਾਂ ਦੇ ਬਲਦੇ ਚੁੱਲੇ ਠੰਡੇ ਪਾ ਦਿੱਤੇ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਵੇਲੇ ਜੋ ਲੋਕਾਂ ਨਾਲ ਵਾਅਦੇ ਕੀਤੇ ਸਨ ਉਹ ਪੂਰੇ ਨਹੀਂ ਕੀਤੇ ਜਾ ਰਹੇ ਜਿਨ੍ਹਾਂ ਨੂੰ ਮਨਵਾਉਣ ਲਈ ਮਜ਼ਦੂਰ ਜਥੇਬੰਦੀਆਂ ਲਗਾਤਾਰ ਸੰਘਰਸ਼ ਕਰਦੀਆਂ ਆ ਰਹੀਆਂ ਹਨ। ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਪਰਮਜੀਤ ਰੰਧਾਵਾ ਨੇ ਦੱਸਿਆ ਕਿ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਬੇਜ਼ਮੀਨੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਸਰਕਾਰ ਵੱਲੋਂ ਲਗਾਤਾਰ ਅਣਗੌਲਿਆ ਕਰਨ ਵਿਰੁੱਧ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕਰਕੇ, ਮੁੱਖ ਮੰਤਰੀ ਦੀ ਜਲੰਧਰ ਸਥਿਤ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ। ਰੈਲੀ ਦੀ ਤਿਆਰੀ ਲਈ ਜ਼ਿਲਿਆਂ ਅੰਦਰ ਮੀਟਿੰਗਾਂ ਕਰਕੇ 19 ਜੁਲਾਈ ਤੋਂ 3 ਅਗਸਤ ਤੱਕ ਪਿੰਡਾਂ ਅੰਦਰ ਮੀਟਿੰਗਾਂ ਕਰਕੇ ਮਜ਼ਦੂਰਾਂ ਦੀ ਲਾਮਬੰਦੀ ਕੀਤੀ ਜਾਵੇਗੀ।ਉਹਨਾਂ ਕਿਹਾ ਕਿ 5 ਅਗਸਤ ਨੂੰ ਪੰਜਾਬ ਭਰ 'ਚੋਂ ਮਜ਼ਦੂਰ ਆਪਣੇ ਪਰਵਾਰਾਂ ਸਮੇਤ ਰੈਲੀ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋਣਗੇ।ਇਸ ਸਮੇ ਮੀਟਿੰਗ ਵਿੱਚ ਇਹ ਵੀ ਵਿਚਾਰਿਆ ਗਿਆ ਹੈ ਕਿ 21 ਜੁਲਾਈ ਨੂੰ ਪੁਲਸ ਪਰਸ਼ਾਸ਼ਨ ਦੀਆਂ ਵਧੀਕੀਆਂ ਖਿਲਾਫ ਡੀ ਐਸ ਪੀ ਸ਼ਾਹਕੋਟ ਨੂੰ ਦਿਹਾਤੀ ਮਜ਼ਦੂਰ ਸਭਾ ਦੀ ਜ਼ਿਲ੍ਹਾ ਕਮੇਟੀ ਵੱਲੋਂ ਕਾਮਰੇਡ ਦਰਸ਼ਨ ਨਾਹਰ ਦੀ ਹਾਜ਼ਰੀ ਵਿੱਚ ਡੈਪੂਟੇਸ਼ਨ ਮਿਲੇਗੀ। ਇਸ ਸਮੇਂ ਜ਼ਿਲਾ ਕਮੇਟੀ ਮੈਂਬਰ ਐਡਵੋਕੇਟ ਦਲਵੀਰ ਸਹੋਤਾ, ਸਰਬਜੀਤ ਢੇਰੀਆਂ, ਮੇਜਰ ਫਿਲੌਰ, ਅਮ੍ਰਿਤ ਨੰਗਲ, ਬਲਵੀਰ ਰਸੂਲਪੁਰ, ਨਛੱਤਰ ਮਾਹੂੰਵਾਲ, ਗੁਰਦੀਪ ਸਿੰਘ ਗੋਗੀ, ਰੀਨਾ ਕੋਟਲੀ ਗਾਜਰਾਂ, ਬਲਕਾਰ ਨੂਰਪੁਰੀ,ਤਾਰਾ ਸਿੰਘ ਥੰਮੂਵਾਲ ਤੇ ਮਾਸਟਰ ਕੁਲਦੀਪ ਵਾਲੀਆ ਹਾਜ਼ਰ ਸਨ।

# ਵਾਂਗਚੁੱਕ ਨੂੰ ਜ਼ਬਰੀ ਚੁੱਕ ਕੇ ਹਸਪਤਾਲ ਦਾਖਲ ਕਰਵਾਉਣ ਦੀ ਨਿਖੇਧੀ

**ਜਲੰਧਰ (ਗਿਆਨ ਸੈਦਪੁਰੀ)** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਵਲੋਂ ਸਮਾਜਿਕ ਕਾਰਕੁੰਨ ਸੋਨਮ ਵਾਂਗਚੁੱਕ ਨੂੰ ਜ਼ਬਰੀ ਚੁੱਕ ਕੇ ਹਸਪਤਾਲ ਦਾਖਲ ਕਰਵਾ ਕਿ ਉਸ ਦੀ ਭੁੱਖ ਹੜਤਾਲ ਖਤਮ ਕਰਵਾਉਣ ਦੀ ਦੀ ਸਖ਼ਤ ਨਿਖੇਧੀ ਕੀਤੀ ਗਈ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਅਜਮੇਰ ਸਿੰਘ ਨੇ ਕਿਹਾ ਕਿ ਕੇਂਦਰ ਸੱਤਾ ਤੇ ਕਾਬਜ਼ ਭਾਜਪਾ ਸਰਕਾਰ ਲੀਕ ਹੋਏ ਨੀਟ ਦੇ ਪੇਪਰ 'ਚ ਆਪਣੀ ਨਾਕਾਮੀ ਨੂੰ ਛੁਪਾਉਣ ਲਈ ਸ਼ਾਂਤਮਈ ਢੰਗ ਨਾਲ ਭੁੱਖ ਹੜਤਾਲ ਤੇ ਬੈਠੇ ਸਮਾਜਿਕ ਕਾਰਕੁੰਨ ਸੋਨਮ ਵਾਂਗਚੁੱਕ ਨੂੰ ਜ਼ਬਰੀ ਚੁੱਕ ਕੇ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਪੇਪਰ ਲੀਕ ਹੋਣ ਕਾਰਨ ਲੱਖਾਂ ਨੌਜਵਾਨਾਂ ਦਾ ਭਵਿੱਖ ਦਾਅ ਤੇ ਲੱਗ ਗਿਆ ਜਿਸ ਕਾਰਨ ਬੇਰੁਜ਼ਗਾਰ ਨੌਜਵਾਨ ਨਿਰਾਸ਼ਾ ਦੇ ਆਲਮ ਵਿਚ ਫਸ ਗਏ।

ਪੇਪਰ ਲੀਕ ਹੋਣ ਕਰਕੇ ਕਈ ਨੌਜਵਾਨਾਂ ਨੇ ਤਾਂ ਆਤਮ ਹੱਤਿਆ ਕਰ ਲਈ। ਸਿੱਖਿਆ ਮੰਤਰੀ ਧਰਮਿੰਦਰ ਦੇ ਅਸਤੀਫੇ ਦੀ ਮੰਗ ਨੂੰ ਲੈਕੇ ਜੰਤਰ ਮੰਤਰ ਤੇ ਬੈਠੇ ਨੌਜਵਾਨਾਂ ਨੂੰ ਆਗੂ ਰਹਿਤ ਕਰਨ ਲਈ ਹੀ ਸੋਨਮ ਵਾਂਗਚੁੱਕ ਦੀ ਜ਼ਬਰੀ ਉਠਾਇਆ ਗਿਆ ਹੈ ਜਿਸ ਦੀ ਪਾਰਟੀ ਸਖ਼ਤ ਨਿਖੇਧੀ ਕਰਦੀ ਹੈ ਤੇ ਇਸ ਕਾਰਵਾਈ ਨੂੰ ਮਨੁੱਖੀ ਅਧਿਕਾਰਾਂ ਦਾ ਉਲੰਘਣਾ ਮੰਨਦੀ ਹੈ। ਪੇਪਰ ਲੀਕ ਲਈ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਡਿਪਟੀ ਸਪੀਕਰ ਵੱਲੋਂ ਨਵ ਨਿਯੁਕਤ ਬੋਰਡ ਚੇਅਰਪਰਸਨਾਂ ਦਾ ਸਵਾਗਤ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਬੋਰਡਾਂ ਦੇ ਨਵੇਂ ਨਿਯੁਕਤ ਚੇਅਰਪਰਸਨਾਂ ਦੇ ਸਨਮਾਨ ਵਿੱਚ ਗੜ੍ਹਸ਼ੰਕਰ ਦੇ ਸਿਵਾਲਿਕ ਪੈਲਸ ਵਿਖੇ ਇੱਕ ਸ਼ਾਨਦਾਰ ਅਤੇ ਭਰਵਾਂ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਵਿਧਾਇਕ ਗੜ੍ਹਸ਼ੰਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਨਵੇਂ ਨਿਯੁਕਤ ਚੇਅਰਪਰਸਨਾਂ ਨੂੰ ਸਨਮਾਨਤ ਕਰਦਿਆਂ ਉਨ੍ਹਾਂ ਨੂੰ ਨਵੀਆਂ ਜ਼ਿੰਮੇਵਾਰੀਆਂ ਲਈ ਦਿਲੋਂ ਵਧਾਈ ਦਿੱਤੀ ਅਤੇ ਲੋਕ ਸੇਵਾ ਨੂੰ ਸਰਵ ਉੱਚ ਤਰਜੀਹ ਦੇਣ ਦਾ ਸੱਦਾ ਦਿੱਤਾ।ਸਨਮਾਨਿਤ ਕੀਤੇ ਗਏ ਚੇਅਰਪਰਸਨਾਂ ਵਿੱਚ ਜਸਕਰਨ ਤੰਬਰ (ਸੈਣੀ ਵੈਲਫੇਅਰ ਬੋਰਡ), ਦਲਜੀਤ ਸਿੰਘ (ਸੈਣ ਸਮਾਜ ਵੈਲਫੇਅਰ ਬੋਰਡ), ਜਸਪ੍ਰੀਤ ਫਲੋਰਾ (ਰਾਮਗੜ੍ਹੀਆ ਵੈਲਫੇਅਰ ਬੋਰਡ), ਪਰਵੀਨ ਕੁਮਾਰ (ਰਾਜਪੂਤ ਕਲਿਆਣ ਬੋਰਡ), ਦਲਵਿੰਦਰ ਪਾਲ ਸਿੰਘ (ਖੱਤਰੀ ਅਰੋੜਾ ਵੈਲਫੇਅਰ ਬੋਰਡ), ਪਾਸਟਰ ਕੁਲਵਿੰਦਰ ਸਿੰਘ (ਮਸੀਹ ਵੈਲਫੇਅਰ ਬੋਰਡ), ਇਸਮਾਈਲ ਖਾਨ (ਮੁਸਲਿਮ ਵਿਕਾਸ ਬੋਰਡ), ਬਲਵਿੰਦਰ ਸਿੰਘ ਡੱਬ (ਪ੍ਰਜਾਪਤ ਸਮਾਜ ਵੈਲਫੇਅਰ ਬੋਰਡ), ਰਾਜਵਰਿੰਦਰ ਸਿੰਘ ਥਿੰਦ (ਕੰਬੋਜ ਵੈਲਫੇਅਰ ਬੋਰਡ), ਵਿਕਾਸ ਕਾਂਡਾ (ਸਵਰਨਕਾਰ ਵੈਲਫੇਅਰ ਬੋਰਡ), ਹਰਮੇਸ਼ ਲਾਲ (ਗੁੱਜਰ ਵੈਲਫੇਅਰ ਬੋਰਡ), ਰਾਜੀਵ ਕੁਮਾਰ ਸ਼ਰਮਾ (ਬ੍ਰਾਹਮਣ ਵੈਲਫੇਅਰ ਬੋਰਡ), ਪ੍ਰਦੀਪ ਲੋਈ (ਦਲਿਤ ਵਿਕਾਸ ਬੋਰਡ), ਗੋਲਡੀ ਭੂਸ਼ਣ (ਖੇਡ ਭਲਾਈ ਬੋਰਡ), ਜੀਤ ਰਾਮ (ਬਾਜ਼ੀਗਰ ਅਤੇ ਟੱਪਰੀਵਾਸ ਵੈਲਫੇਅਰ ਬੋਰਡ) ਅਤੇ ਭੂਸ਼ਣ ਕੁਮਾਰ ਅਗਰਵਾਲ (ਅਗਰਵਾਲ ਵੈਲਫੇਅਰ ਬੋਰਡ) ਸ਼ਾਮਲ ਸਨ। ਆਪਣੇ ਸੰਬੋਧਨ ਦੌਰਾਨ ਡਿਪਟੀ ਸਪੀਕਰ ਸ. ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ-ਭਲਾਈ, ਪਾਰਦਰਸ਼ੀ ਪ੍ਰਸ਼ਾਸਨ ਅਤੇ ਸਰਵਪੱਖੀ ਵਿਕਾਸ ਲਈ ਦ੍ਰਿੜ੍ਹ ਵਚਨਬੱਧ ਹੈ।

ਇਸ ਸਮਾਗਮ ਵਿੱਚ ਹਲਕਾ ਸੰਗਠਨ ਇੰਚਾਰਜ ਚਰਨਜੀਤ ਸਿੰਘ ਚੰਨੀ, ਮਾਰਕੀਟ ਕਮੇਟੀ ਗੜ੍ਹਸ਼ੰਕਰ ਦੇ ਚੇਅਰਮੈਨ ਬਲਦੀਪ ਸਿੰਘ ਸੈਣੀ, ਐਮ.ਸੀ. ਪ੍ਰਿੰਸ਼ ਚੌਧਰੀ, ਬਲਾਕ ਪ੍ਰਧਾਨ ਗੁਲਸ਼ਨ ਠਾਕੁਰ, ਸਮੂਹ ਗ੍ਰਾਮ ਪੰਚਾਇਤਾਂ ਦੇ ਨੁਮਾਇੰਦੇ, ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ, ਸਮਾਜ ਸੇਵੀ, ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਸਨ।



# ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੀ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ

**ਸ਼ਾਹਕੋਟ (ਗਿਆਨ ਸੈਦਪੁਰੀ)** ਪਿਛਲੇ ਦਿਨੀਂ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਮੁਹੱਲਾ ਧੂੜਕੋਟ ਵਿਖੇ ਹੋਈ ਕਮੇਟੀ ਦੀ ਮੀਟਿੰਗ ਵਿਚ ਭਾਈ ਕਸ਼ਮੀਰ ਸਿੰਘ ਖ਼ਾਲਸਾ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ ਸੀ ਤੇ ਬਾਕੀ ਅਹੁਦੇਦਾਰਾਂ ਦੀ ਚੋਣ ਦੇ ਅਧਿਕਾਰ ਪ੍ਰਧਾਨ ਨੂੰ ਸੌਂਪੇ ਗਏ ਸਨ। ਪ੍ਰਧਾਨ ਕਸ਼ਮੀਰ ਸਿੰਘ ਖ਼ਾਲਸਾ ਵਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਬਾਕੀ ਅਹੁਦੇਦਾਰ ਨਿਯੁਕਤ ਕਰ ਲਏ ਗਏ ਹਨ ਜਿਨ੍ਹਾਂ ਵਿਚ ਬਲਵਿੰਦਰ ਸਿੰਘ ਚੰਦੀ ਨੂੰ ਸੀਨੀਅਰ ਮੀਤ ਪ੍ਰਧਾਨ, ਗਿਆਨ ਸਿੰਘ ਮਿਸਤਰੀ ਨੂੰ ਮੀਤ ਪ੍ਰਧਾਨ, ਤਰਲੋਕ ਸਿੰਘ ਚਾਨਾ ਨੂੰ ਸਕੱਤਰ, ਕਸ਼ਮੀਰ ਸਿੰਘ ਨੂੰ ਸਹਾਇਕ ਸਕੱਤਰ, ਭੁਪਿੰਦਰ ਸਿੰਘ ਜੱਸਲ ਨੂੰ ਖ਼ਜ਼ਾਨਚੀ ਨਿਯੁਕਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਬੀਰ ਸਿੰਘ ਸੋਨੂੰ ਰੱਲ੍ਹ, ਅਜੀਤ ਸਿੰਘ ਦਾਸੀਕੇ, ਸਿਕੰਦਰ ਸਿੰਘ ਲਾਲਕਾ, ਹਰਵਿੰਦਰ ਸਿੰਘ ਜੋਸਨ, ਇੰਦਰਜੀਤ ਸਿੰਘ, ਲਖਵਿੰਦਰ ਸਿੰਘ, ਰੁਪਿੰਦਰ ਸਿੰਘ, ਸੁਖਬੀਰ ਸਿੰਘ ਸੋਨੂੰ, ਸ਼ਿੰਗਰਾ ਸਿੰਘ, ਬਲਦੇਵ ਸਿੰਘ ਲਾਲਕਾ, ਧੀਰਾ ਲਾਲਕਾ, ਪ੍ਰਕਾਸ਼ ਸਿੰਘ ਪਾਸੀ, ਜਿੰਦਰ, ਸੰਦੀਪ ਸਿੰਘ, ਮੁਕੇਸ਼, ਗੁਰਸ਼ਰਨਜੀਤ ਸਿੰਘ ਬੱਬੂ, ਕਾਕਾ, ਸੁਖਕਰਨ ਸਿੰਘ ਸੁੱਖਾ, ਬੀਤਾ, ਰੋਸ਼ਨ ਲਾਲ ਅਤੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਨਾਹਰ ਸਿੰਘ ਹਾਜ਼ਰ ਸਨ।



# ਅੱਜ ਪੇਸ਼ੀ ਦੌਰਾਨ ਸੁਖਬੀਰ ਸਿੰਘ ਬਾਦਲ ਦੇ ਹੱਕ 'ਚ ਸੈਂਕੜੇ ਵਰਕਰ ਹੋਣਗੇ ਸ਼ਾਮਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਵ ਤਲਵਾੜ ਨੇ ਮੌਜੂਦਾ ਸਿਆਸੀ ਹਾਲਾਤਾਂ ਸਬੰਧੀ ਵਰਕਰਾਂ ਨਾਲ ਇੱਕ ਅਹਿਮ ਬੈਠਕ ਕੀਤੀ।ਬੈਠਕ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਤੋਂ ਵੱਖ-ਵੱਖ ਸਰਕਾਰਾਂ ਬੇਅਦਬੀ ਦੇ ਮਾਮਲੇ ਨੂੰ ਲੈ ਕੇ ਸਿਆਸਤ ਕਰਦੀਆਂ ਆ ਰਹੀਆਂ ਹਨ, ਪਰ ਅਸਲ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਦੀ ਬਜਾਏ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।


ਤਲਵਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਹਿਲਾਂ ਬਣੀਆਂ ਸਾਰੀਆਂ ਜਾਂਚ ਟੀਮਾਂ (ਸਿੱਟ) ਨੂੰ ਪੂਰਾ ਸਹਿਯੋਗ ਦਿੱਤਾ ਹੈ ਤੇ ਇਸ ਵਾਰ ਵੀ ਉਹ ਜਾਂਚ ਵਿੱਚ ਪੂਰਾ ਸਹਿਯੋਗ ਕਰਨਗੇ।ਉਨ੍ਹਾਂ ਐਲਾਨ ਕੀਤਾ ਕਿ 20 ਜੁਲਾਈ ਨੂੰ ਚੰਡੀਗੜ੍ਹ ਵਿੱਚ ਹੋਣ ਵਾਲੀ ਪੇਸ਼ੀ ਦੌਰਾਨ ਸੁਖਬੀਰ ਸਿੰਘ ਬਾਦਲ ਦੇ ਸਮਰਥਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹਜ਼ਾਰਾਂ ਵਰਕਰ ਮੌਜੂਦ ਰਹਿਣਗੇ ਅਤੇ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਤੋਂ ਵੀ ਸੈਂਕੜੇ ਵਰਕਰ ਇਸ ਮੌਕੇ 'ਤੇ ਸ਼ਮੂਲੀਅਤ ਕਰਨਗੇ।

ਬੈਠਕ ਨੂੰ ਪ੍ਰੇਮ ਸਿੰਘ (ਜ਼ਿਲ੍ਹਾ ਪ੍ਰਧਾਨ, ਅਨੁਸੂਚਿਤ ਜਾਤੀ ਮੋਰਚਾ), ਬਿਕਰਮਜੀਤ ਸਿੰਘ ਕਲਸੀ, ਸੰਤੋਖ ਸਿੰਘ ਔਜਲਾ (ਜ਼ਿਲ੍ਹਾ ਪ੍ਰਧਾਨ, ਵਪਾਰ ਸੈੱਲ), ਨਰਿੰਦਰ ਸਿੰਘ ਅਤੇ ਸੰਜੀਵ ਥਾਪਰ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸੁਖਵੀਰ ਸਿੰਘ,ਬਲਦੇਵ ਸਿੰਘ, ਦਵਿੰਦਰ ਸਿੰਘ, ਵਿਸ਼ਾਲ, ਅਨਮੋਲ, ਜੋਧ ਸਿੰਘ, ਰਿਸ਼ਵ ਮੱਟੂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਹੋਰ ਸੀਨੀਅਰ ਆਗੂ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।



# ਯੂ ਐੱਸ ਐੱਮ ਐੱਸ ਤੇ ਆਫ਼ਸ਼ੋਰ ਮਾਰਕੀਟਰਜ਼ ਵਿਚਕਾਰ ਸਮਝੌਤਾ ਪੱਤਰ 'ਤੇ ਹਸਤਾਖਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਮੈਨੇਜਮੈਂਟ ਸਟੱਡੀਜ਼ (ਯੂ ਐੱਸ ਐੱਮ ਐੱਸ) ਨੇ ਉਦਯੋਗ ਤੇ ਅਕਾਦਮਿਕ ਜਗਤ ਦਰਮਿਆਨ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਨੂੰ ਵਿਹਾਰਕ ਸਿੱਖਣ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਆਫ਼ਸ਼ੋਰ ਮਾਰਕੀਟਰਜ਼ ਨਾਲ ਇੱਕ ਸਮਝੌਤਾ ਪੱਤਰ (ਐੱਮ ਓ ਯੂ) 'ਤੇ ਹਸਤਾਖਰ ਕੀਤੇ ਹਨ। ਯੂ ਐੱਸ ਐੱਮ ਐੱਸ ਦੀ ਡੀਨ ਡਾ. ਸੁਨੈਨਾ ਖੁਰਾਨਾ ਨੇ ਦੱਸਿਆ ਕਿ ਇਸ ਸਮਝੌਤੇ 'ਤੇ ਯੂਨੀਵਰਸਿਟੀ ਵੱਲੋਂ ਰਜਿਸਟਰਾਰ ਡਾ. ਨਵਨੀਤ ਕੁਮਾਰ ਯਾਦਵ ਨੇ ਦਸਤਖਤ ਕੀਤੇ। ਇਸ ਮੌਕੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਉਨ੍ਹਾਂ ਕਿਹਾ ਕਿ ਇਸ ਭਾਈਵਾਲੀ ਦਾ ਮੁੱਖ ਉਦੇਸ਼ ਅਕਾਦਮਿਕ ਸਿੱਖਿਆ ਅਤੇ ਉਦਯੋਗ ਦੀਆਂ ਲੋੜਾਂ ਵਿਚਕਾਰ ਮੌਜੂਦ ਪਾੜੇ ਨੂੰ ਘਟਾਉਂਦੇ ਹੋਏ ਵਿਦਿਆਰਥੀਆਂ ਨੂੰ ਅਸਲ ਕਾਰੋਬਾਰੀ ਅਤੇ ਮਾਰਕੀਟਿੰਗ ਪ੍ਰਕਿਰਿਆਵਾਂ ਨਾਲ ਜਾਣੂ ਕਰਵਾਉਣਾ ਹੈ। ਇਸ ਸਹਿਯੋਗ ਰਾਹੀਂ ਵਿਦਿਆਰਥੀਆਂ ਨੂੰ ਇੰਟਰਨਸ਼ਿਪ, ਲਾਈਵ ਪ੍ਰੋਜੈਕਟਾਂ, ਉਦਯੋਗਿਕ ਮਾਹਿਰਾਂ ਨਾਲ ਸੰਵਾਦ, ਵਰਕਸ਼ਾਪਾਂ ਅਤੇ ਹੁਨਰ ਵਿਕਾਸ ਪ੍ਰੋਗਰਾਮਾਂ ਵਿੱਚ ਭਾਗ ਲੈਣ ਦੇ ਮੌਕੇ ਮਿਲਣਗੇ, ਜਿਸ ਨਾਲ ਉਨ੍ਹਾਂ ਦੀ ਪੇਸ਼ੇਵਰ ਯੋਗਤਾ ਅਤੇ ਰੁਜ਼ਗਾਰਯੋਗਤਾ ਵਿੱਚ ਮਹੱਤਵਪੂਰਨ ਵਾਧਾ ਹੋਵੇਗਾ। ਡਾ. ਖੁਰਾਨਾ ਨੇ ਕਿਹਾ ਕਿ ਇਹ ਪਹਿਲਕਦਮੀ ਮੈਨੇਜਮੈਂਟ ਦੇ ਵਿਦਿਆਰਥੀਆਂ ਨੂੰ ਵਿਹਾਰਕ ਤਜਰਬਾ ਹਾਸਲ ਕਰਨ ਦੇ ਨਾਲ-ਨਾਲ ਆਧੁਨਿਕ ਕਾਰੋਬਾਰੀ ਮਾਹੌਲ, ਉਦਯੋਗਿਕ ਕਾਰਜ-ਸੱਭਿਆਚਾਰ ਤੇ ਵਿਸ਼ਵ ਪੱਧਰੀ ਮਾਰਕੀਟਿੰਗ ਰੁਝਾਨਾਂ ਦੀ ਡੂੰਘੀ ਸਮਝ ਵਿਕਸਿਤ ਕਰਨ ਵਿੱਚ ਸਹਾਇਕ ਸਾਬਤ ਹੋਵੇਗੀ।



# ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਮੁਲਾਜ਼ਮਾਂ ਕੀਤਾ ਵਿਰੋਧ ਪ੍ਰਦਰਸ਼ਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਦੇ ਫੈਸਲੇ ਅਨੁਸਾਰ ਅਤੇ ਪੰਜਾਬ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚੇ ਵੱਲੋਂ 17 ਜੁਲਾਈ 2020 ਦੇ ਨਵੇਂ ਸਕੇਲਾਂ ਸੰਬੰਧੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਅਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਸਥਾਨਕ ਗਾਂਧੀ ਪਾਰਕ ਵਿਚ ਰੋਸ ਰੈਲੀ ਕਰਨ ਉਪਰੰਤ ਬੰਗਾ ਚੌਂਕ ਵਿੱਚ ਪੱਤਰ ਦੀਆਂ ਕਾਪੀਆਂ ਸਾੜ ਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਉਸ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਉੱਪਰ ਪੰਜਾਬ ਸਕੇਲ ਰੱਦ ਕਰਕੇ ਅਧੂਰਾ ਕੇਂਦਰੀ ਪੇਅ ਸਕੇਲ ਥੋਪ ਦਿੱਤਾ ਗਿਆ ਸੀ। ਜਿਸ ਕਾਰਨ ਨਵੇਂ ਭਰਤੀ ਹੋਣ ਵਾਲੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਉੱਪਰ ਵੱਡਾ ਕੱਟ ਲਗਾ ਦਿੱਤਾ ਗਿਆ ਸੀ। ਸੱਤਾ ਵਿੱਚ ਆਉਣ ਤੋਂ ਪਹਿਲਾਂ ਪੰਜਾਬ ਦੇ ਮੁਲਾਜ਼ਮਾਂ ਲਈ ਪੰਜਾਬ ਤਨਖਾਹ ਸਕੇਲ ਅਤੇ ਪੁਰਾਣੀ ਪੈਨਸ਼ਨ ਲਾਗੂ ਕਰਨ ਦੇ ਹੱਕ ਵਿੱਚ ਹਾਮੀ ਭਰਨ ਵਾਲੀ ਆਪ ਸਰਕਾਰ ਵੀ ਪਿਛਲੇ ਚਾਰ ਸਾਲ ਤੋਂ ਪੰਜਾਬ ਸਕੇਲ, ਪੁਰਾਣੀ ਪੈਨਸ਼ਨ, ਡੀਏ ਅਤੇ ਭੱਤਿਆਂ ਦੀ ਬਹਾਲੀ ਅਤੇ ਪੈਨਸ਼ਨਰਾਂ ਦੀਆਂ ਮੰਨੀਆਂ ਮੰਗਾਂ ਲਾਗੂ ਕਰਨ ਤੋਂ ਕਿਨਾਰਾ ਕਰ ਚੁੱਕੀ ਹੈ। ਇਸ ਦੌਰਾਨ ਆਗੂਆਂ ਐਲਾਨ ਕੀਤਾ ਕਿ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਦੇ ਸੱਦੇ 'ਤੇ 7 ਅਗਸਤ ਨੂੰ ਚੰਡੀਗੜ੍ਹ ਵਿਖੇ ਹੋਣ ਜਾ ਰਹੀ ਵਿਸ਼ਾਲ ਸੂਬਾ ਪੱਧਰੀ ਰੈਲੀ ਵਿੱਚ ਵੱਡੀ ਗਿਣਤੀ ਨਾਲ਼ ਹਿੱਸਾ ਬਣਿਆ ਜਾਵੇਗਾ। ਇਸ ਮੌਕੇ ਅਸ਼ਵਨੀ ਰਾਣਾ,ਸੱਤਪਾਲ ਕਲੇਰ,ਸਤਪਾਲ ਮਿਨਹਾਸ, ਗੁਰਮੇਲ ਸਿੰਘ, ਰਤਨ ਸਿੰਘ, ਨਰੇਸ਼ ਕੁਮਾਰ, ਪਰਮਾ ਨੰਦ, ਸ਼ਿੰਗਾਰਾ ਰਾਮ, ਗੁਰਨਾਮ ਹਾਜੀਪੁਰ, ਗੋਪੀ ਰਾਮ, ਜੋਗਿੰਦਰ ਸਿੰਘ ਹੀਰ, ਜੀਤ ਸਿੰਘ ਬਗਵਾਈ, ਨਿਤਿਨ ਸੁਮਨ, ਸਤਪਾਲ ਕਲੇਰ, ਮੈਡਮ ਤ੍ਰਿਪਤੀ, ਲਹਿੰਬਰ ਸਿੰਘ ਸਾਥੀ ਸ਼ਾਮਲ ਰਹੇ।



# ਆਜ਼ਾਦ ਪ੍ਰੈੱਸ ਐਂਡ ਵੈੱਲਫੇਅਰ ਕਲੱਬ ਦੀ ਮੀਟਿੰਗ

**ਬਲਾਚੌਰ, (ਜਸਵਿੰਦਰ ਬੈਂਸ)**: ਆਜ਼ਾਦ ਪ੍ਰੈੱਸ ਐਂਡ ਵੈੱਲਫੇਅਰ ਕਲੱਬ ਦੀ ਇੱਕ ਅਹਿਮ ਮਾਸਿਕ ਮੀਟਿੰਗ ਕਲੱਬ ਦੇ ਪ੍ਰਧਾਨ ਨਰੇਸ਼ ਕੁਮਾਰ ਹੈਪੀ ਰਾਣਾ ਦੀ ਪ੍ਰਧਾਨਗੀ ਹੇਠ ਸ਼ਿਵਾਲਿਕ ਹੋਟਲ, ਬਲਾਚੌਰ ਵਿਖੇ ਸਫਲਤਾਪੂਰਵਕ ਸੰਪੰਨ ਹੋਈ। ਮੀਟਿੰਗ ਦੌਰਾਨ ਪੱਤਰਕਾਰੀ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ, ਸਮਾਜਿਕ ਸਰੋਕਾਰਾਂ ਨੂੰ ਪ੍ਰਮੁੱਖਤਾ ਦੇਣ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੀ ਸ਼ੁਰੂਆਤ ਮੌਕੇ ਕਲੱਬ ਦੇ ਜਨਰਲ ਸਕੱਤਰ ਡਾ. ਤੇਜਿੰਦਰ ਸਿੰਘ ਜੋਤ ਨੇ ਪਿਛਲੇ ਮਹੀਨੇ ਦੌਰਾਨ ਕਲੱਬ ਵੱਲੋਂ ਕੀਤੀਆਂ ਗਤੀਵਿਧੀਆਂ, ਲੋਕ ਭਲਾਈ ਦੇ ਕਾਰਜਾਂ ਅਤੇ ਪੱਤਰਕਾਰ ਭਾਈਚਾਰੇ ਦੀਆਂ ਪ੍ਰਾਪਤੀਆਂ ਦੀ ਵਿਸਥਾਰਪੂਰਵਕ ਰਿਪੋਰਟ ਪੇਸ਼ ਕੀਤੀ। ਇਸ ਮੌਕੇ ਕਾਠਗੜ੍ਹ ਤੋਂ ਚੇਅਰਮੈਨ ਸਤੀਸ਼ ਕੁਮਾਰ ਤੇ ਪੋਜੇਵਾਲ ਤੋਂ ਤਰਸੇਮ ਕਟਾਰੀਆ ਨੇ ਪਹੁੰਚੇ ਹੋਏ ਸਮੂਹ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਮੀਟਿੰਗ ਵਿੱਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਨਵ-ਨਿਯੁਕਤ ਯੂਥ ਕਾਂਗਰਸ ਪ੍ਰਧਾਨ ਇੰਜੀ. ਹਿੱਤਰਾਜ ਜੰਡੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਅਭਿਸ਼ੇਕ ਰਾਣਾ, ਰਵੀ ਰਾਣਾ ਅਤੇ ਸ਼ੈਂਟੀ ਰਾਣਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਕਲੱਬ ਵੱਲੋਂ ਇੰਜੀ. ਹਿੱਤਰਾਜ ਜੰਡੀ ਦਾ ਸਨਮਾਨ ਵੀ ਕੀਤਾ ਗਿਆ।ਮੀਟਿੰਗ ਵਿੱਚ ਜਤਿੰਦਰ ਕਲੇਰ, ਜਸਵਿੰਦਰ ਬੈਂਸ, ਸਤਨਾਮ ਚਾਹਲ, ਉਮੇਸ਼ ਜੋਸ਼ੀ, ਸ਼ੇਰਜੰਗ ਰਾਣਾ, ਸਮਰਦੀਪ ਸਿੰਘ, ਪਰਸ਼ੋਤਮ (ਸੋਨਾ) ਪੰਡਿਤ, ਸੁਰਜੀਤ ਸਿੰਘ ਕੰਗਣਾ ਬੇਟ ਸਮੇਤ ਵੱਡੀ ਗਿਣਤੀ ਵਿੱਚ ਪੱਤਰਕਾਰ ਅਤੇ ਸਮਾਜ ਸੇਵੀ ਸ਼ਖ਼ਸੀਅਤਾਂ ਹਾਜ਼ਰ ਸਨ।



# ਆਪਰੇਸ਼ਨ ਪ੍ਰਹਾਰ-3.0 ਨੇ ਡਰੱਗ-ਗੈਂਗਸਟਰ ਗਠਜੋੜ ਨੂੰ ਕਰਾਰਾ ਝਟਕਾ ਦਿੱਤਾ : ਡੀ ਜੀ ਪੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਵਿੱਢੀ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ 16 ਦਿਨਾਂ ਦੀ ਸੂਬਾ ਪੱਧਰੀ ਖੁਫੀਆ ਜਾਣਕਾਰੀ ਅਧਾਰਤ ਇਨਫੋਰਸਮੈਂਟ ਮੁਹਿੰਮ, ਆਪਰੇਸ਼ਨ ਪ੍ਰਹਾਰ-3.0 ਚਲਾਈ, ਜਿਸ ਦੌਰਾਨ ਸੰਗਠਿਤ ਅਪਰਾਧ ਅਤੇ ਡਰੱਗ-ਗੈਂਗਸਟਰ ਗਠਜੋੜ ਨੂੰ ਵੱਡੇ ਪੱਧਰ 'ਤੇ ਠੱਲ ਪਾਈ ਗਈ। ਇਸ ਆਪਰੇਸ਼ਨ ਦੌਰਾਨ, ਪੁਲਿਸ ਟੀਮਾਂ ਨੇ ਸੂਬੇ ਦੇ ਸਾਰੀਆਂ ਪੁਲਿਸ ਰੇਂਜਾਂ ਅਤੇ ਕਮਿਸ਼ਨਰੇਟਾਂ ਵਿੱਚ ਗੈਂਗਸਟਰਾਂ, ਉਨ੍ਹਾਂ ਦੇ ਸਾਥੀਆਂ, ਡਰੱਗ ਤਸਕਰਾਂ ਅਤੇ ਲੋੜੀਂਦੇ ਅਪਰਾਧੀਆਂ ਨਾਲ ਜੁੜੇ 5,448 ਸਥਾਨਾਂ 'ਤੇ ਛਾਪੇਮਾਰੀ ਕੀਤੀ।ਇਸ ਸਬੰਧੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕਿਹਾ, ਨੂੰਆਪਰੇਸ਼ਨ ਪ੍ਰਹਾਰ-3.0 ਲੋਕਾਂ ਦਾ ਵਿਸ਼ਵਾਸ ਮਜ਼ਬੂਤ ਕਰਨ, ਪੁਲਿਸ ਦੀ ਮੌਜੂਦਗੀ ਨੂੰ ਵਧਾਉਣ ਅਤੇ ਰਾਜ ਵਿੱਚ ਚੱਲ ਰਹੇ ਸੰਗਠਿਤ ਅਪਰਾਧ, ਨਸ਼ਾ ਤਸਕਰੀ ਅਤੇ ਹੋਰ ਅਪਰਾਧਿਕ ਨੈੱਟਵਰਕਾਂ ਨੂੰ ਕਰਾਰਾ ਝਟਕਾ ਦੇਣ ਲਈ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਕਿਹਾ, 'ਇਹ ਆਪਰੇਸ਼ਨ 16 ਦਿਨਾਂ ਲਈ ਕ੍ਰਮਬੱਧ ਢੰਗ ਨਾਲ ਚਲਾਇਆ ਗਿਆ ਸੀ, ਜਿਸ ਵਿੱਚ ਹਰ ਰੋਜ਼ ਇੱਕ ਵਿਸ਼ੇਸ਼ ਪੁਲਿਸ ਰੇਂਜ ਜਾਂ ਕਮਿਸ਼ਨਰੇਟ ਵਿੱਚ ਮੁਹਿੰਮ ਚਲਾਈ ਜਾਂਦੀ ਸੀ। ਇਸ ਯੋਜਨਾਬੱਧ ਪਹੁੰਚ ਨਾਲ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਅਪਰਾਧਿਕ ਨੈਟਵਰਕਾਂ ਨੂੰ ਕਰਾਰਾ ਝਟਕਾ ਦਿੱਤਾ ਅਤੇ ਸਾਰੀਆਂ ਫੀਲਡ ਯੂਨਿਟਾਂ ਦੇ ਆਪਸੀ ਤਾਲਮੇਲ ਨਾਲ ਆਪਰੇਸ਼ਨ ਨੂੰ ਨੇਪਰੇ ਚਾੜ੍ਹਿਆ।' ਇਸ ਆਪਰੇਸ਼ਨ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ, ਸਪੈਸ਼ਲ ਡਾਇਰੈਕਟਰ ਜਨਰਲ ਆਫ ਪੁਲਿਸ (ਕਾਨੂੰਨ ਅਤੇ ਵਿਵਸਥਾ) ਪ੍ਰਵੀਨ ਸਿਨਹਾ ਨੇ ਕਿਹਾ, ਆਪਰੇਸ਼ਨ ਪ੍ਰਹਾਰ-3.0 ਦੌਰਾਨ ਕੁੱਲ 3,949 ਵਿਅਕਤੀਆਂ, ਜਿਨ੍ਹਾਂ ਵਿੱਚ 42 ਗੈਂਗਸਟਰ ਅਤੇ ਉਨ੍ਹਾਂ ਦੇ ਸਾਥੀ, 1,201 ਨਸ਼ਾ ਤਸਕਰ, 119 ਭਗੌੜੇ ਅਪਰਾਧੀ ਤੇ 2,587 ਲੋੜੀਂਦੇ ਮੁਲਜ਼ਮ ਸ਼ਾਮਲ ਹਨ, ਨੂੰ ਗ੍ਰਿਫਤਾਰ ਕੀਤਾ ਗਿਆ, ਜਦਕਿ 1,520 ਵਿਅਕਤੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ।ਉਨ੍ਹਾਂ ਦੱਸਿਆ ਕਿ ਇਸ ਆਪਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 12 ਹਥਿਆਰ, 10.47 ਕਿਲੋ ਹੈਰੋਇਨ, 1.50 ਕਿਲੋ ਅਫੀਮ, 30 ਕਿਲੋ ਗਾਂਜਾ, 259 ਕਿਲੋ ਭੁੱਕੀ, 21,746 ਨਸ਼ੀਲੀਆਂ ਗੋਲੀਆਂ ਅਤੇ ਕੈਪਸੂਲ, 646.25 ਲੀਟਰ ਲਾਹਣ, 1,243.5 ਲੀਟਰ ਨਜ਼ਾਇਜ ਸ਼ਰਾਬ ਅਤੇ 4.03 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ।

# ਆਦਿ ਧਰਮ ਮਿਸ਼ਨ ਭਾਰਤ ਵੱਲੋਂ ਚੇਅਰਮੈਨ ਸੰਤ ਸਰਵਣ ਦਾਸ ਬੋਹਣ ਦਾ ਧੰਨਵਾਦ

**ਹੁਸ਼ਿਆਰਪੁਰ (ਓ ਪੀ ਰਾਣਾ)**- ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਡੇਰਾ 108 ਸੰਤ ਸੀਤਲ ਦਾਸ ਬੋਹਣ ਵਿਖੇ



ਗੱਦੀ ਨਸ਼ੀਨ ਸੰਤ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਨਾਲ ਮੁਲਾਕਾਤ ਕੀਤੀ। ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਸ਼ਾਂ ਵਲੋਂ ਆਦਿ ਧਰਮ ਦੀ ਹੋਂਦ ਨੂੰ ਕਾਇਮ ਰੱਖਦਿਆਂ ਆਦਿ ਧਰਮ ਦੇ ਨਾਅਰੇ ਨੂੰ ਬੁਲੰਦ ਕਰਨ ਅਤੇ ਸੰਗਤਾਂ ਨੂੰ ਸੰਦੇਸ਼ ਜਾਰੀ ਕਰਕੇ ਸਾਡਾ ਸਭ ਦਾ ਧਰਮ 'ਆਦਿ ਧਰਮ' ਹੈ ਅਤੇ ਜਨਗਣਨਾ ਵਿੱਚ 'ਆਦਿ ਧਰਮ' ਲਿਖਵਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸੰਤ ਧਰਮਪਾਲ ਧਾਮ ਚਾਨਣਪੁਰੀ ਸ਼ੇਰਗੜ੍ਹ, ਅਮਿਤ ਕੁਮਾਰ ਪਾਲ ਕੌਮੀ ਕੈਸ਼ੀਅਰ, ਵਰਿੰਦਰ ਬੰਗਾ ਜਨਰਲ ਸਕੱਤਰ, ਮੀਡੀਆ ਸਕੱਤਰ ਓ ਪੀ ਰਾਣਾ ਵੀ ਹਾਜ਼ਰ ਸਨ। ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਆਦਿ ਧਰਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ, ਬਾਬੂ ਕਾਂਸ਼ੀ ਰਾਮ ਨੇ ਭਾਰਤ ਦੇ ਬਹੁਗਿਣਤੀ ਲੋਕਾਂ ਦੇ ਸੰਵਿਧਾਨਕ ਅਧਿਕਾਰਾਂ ਦੀ ਪ੍ਰਾਪਤੀ ਅਤੇ ਸੁਰੱਖਿਆ ਲਈ ਸੰਘਰਸ਼ ਕੀਤਾ ਅਤੇ ਸਦੀਆਂ ਤੋਂ ਲਿਤਾੜੀ ਦੱਬੀ ਹੋਈ ਕੌਮ ਨੂੰ ਸਮਾਨਅੰਤਰ ਜੀਵਨ ਜਿਉਣ ਦੇ ਹੱਕ ਲੈ ਕੇ ਦਿੱਤੇ।

ਉਨਾਂ ਕਿਹਾ ਰਹਿਬਰਾਂ ਦੇ ਸੰਘਰਸ਼ ਸਦਕਾ ਸਾਡੀ ਗੌਰਵਮਈ ਪਹਿਚਾਣ ਆਦਿ ਧਰਮ ਦਾ ਕਾਲਿਮ ਸਥਾਪਿਤ ਕਰਾਇਆ ਗਿਆ ਸੀ ਜੋ ਕਿ 1931 ਦੀ ਮਰਦਮ ਸ਼ੁਮਾਰੀ ਸਮੇਂ ਇਹ ਖਾਨਾ ਮੌਜੂਦ ਸੀ ਅਤੇ ਲੱਖਾਂ ਲੋਕਾਂ ਵਲੋਂ ਆਪਣਾ ਧਰਮ ਆਦਿ ਧਰਮ ਲਿਖਵਾਇਆ ਗਿਆ ਸੀ, ਪਰ ਸਮੇਂ ਦੀਆਂ ਸਰਕਾਰਾਂ ਦੀ ਬਦਨੀਤੀ ਕਾਰਨ ਇਹ ਆਦਿ ਧਰਮ ਦਾ ਖਾਨਾ ਹਟਾ ਦਿੱਤਾ ਗਿਆ, ਸਾਨੂੰ ਆਪਣੀ ਹੋਂਦ ਨੂੰ ਕਾਇਮ ਰੱਖਣ ਅਤੇ ਆਦਿ ਧਰਮ ਦਾ ਖਾਨਾ ਮੁੜ ਸਥਾਪਿਤ ਕਰਾਉਣ ਲਈ ਧਾਰਮਿਕ, ਸਮਾਜਿਕ ਅਤੇ ਪੜ੍ਹੇ ਲਿਖੇ ਬੁੱਧੀਜੀਵੀਆਂ ਦੇ ਸਹਿਯੋਗ ਨਾਲ ਵੱਡਾ ਸੰਘਰਸ਼ ਆਰੰਭ ਕਰਨਾ ਚਾਹੀਦਾ ਹੈ, ਜਿਸ ਦੀ ਅਗਵਾਈ ਪੰਜਾਬ ਦੇ ਸਤਿਕਾਰਯੋਗ ਸੰਤ ਸਮਾਜ ਨੂੰ ਕਰਨੀ ਚਾਹੀਦੀ ਹੈ। ਇਸ ਮੌਕੇ ਡੇਰਾ ਸੰਤ ਸੀਤਲ ਦਾਸ ਬੋਹਣ ਦੇ ਸੇਵਾਦਾਰ ਲਵਪ੍ਰੀਤ, ਚਰਨਜੀਤ ਮੱਛਰੀਵਾਲ, ਬਾਬੂ ਰਾਮ ਭੱਜ ਕਰਾੜੀ ਸੇਵਾ ਮੁਕਤ ਇੰਸਪੈਕਟਰ ਅਤੇ ਸੰਗਤਾਂ ਹਾਜ਼ਰ ਸਨ।

# ਵੈੱਲਫੇਅਰ ਸੋਸਾਇਟੀ ਵੱਲੋਂ ਬਰਸਾਤ ਦੇ ਦਿਨਾਂ 'ਚ ਰੁੱਖ ਲਗਾਉਣ ਦੀ ਅਪੀਲ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਬਰਸਾਤ ਦਾ ਮੌਸਮ ਸ਼ੁਰੂ ਹੋਣ ਵਾਲਾ ਹੈ ਸਾਨੂੰ ਸਾਰਿਆਂ ਨੂੰ ਹੀ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਗੜ੍ਹਸ਼ੰਕਰ ਤੋਂ ਸਿਵਾਲਿਕ







ਸੋਸ਼ਲ ਵੈਲਫੇਅਰ ਸੋਸਾਇਟੀ ਦੇ ਮੈਂਬਰ ਧਰਮਜੀਤ ਸਿੰਘ ਰਾਜਾ, ਲਖਵਿੰਦਰ ਕੁਮਾਰ ਲੱਕੀ, ਸੋਡੀ ਭੰਗਲਾ ਤੇ ਰਾਜਨ ਬੀਰਮਪੁਰ ਨੇ ਕਿਹਾ ਕਿ ਵਾਤਾਵਰਨ ਨੂੰ ਬਚਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਹਰਿਆਲੀ ਨੂੰ ਯਕੀਨੀ ਬਣਾਉਣ ਲਈ ਇਹ ਸਮਾਂ ਸਭ ਤੋਂ ਉੱਤਮ ਹੈ ਅਤੇ ਸਮੇਂ ਦੀ ਲੋੜ ਹੈ। ਇਸ ਸੰਬੰਧੀ ਧਰਮਵੀਰ ਸਿੰਘ ਰਾਜਾ, ਡਾ. ਲਖਵਿੰਦਰ ਕੁਮਾਰ, ਸੋਡੀ ਭੰਗਲਾਂ ਅਤੇ ਰਾਜਨ ਨੇ ਸਾਂਝੇ ਤੌਰ 'ਤੇ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਬਰਸਾਤ ਦੇ ਦਿਨਾਂ ਵਿੱਚ ਲਗਾਏ ਗਏ ਰੁੱਖਾਂ ਦੀ ਦੇਖ-ਭਾਲ ਆਸਾਨ ਹੋ ਜਾਂਦੀ ਹੈ ਅਤੇ ਉਨ੍ਹਾਂ ਦੇ ਵੱਡੇ ਹੋਣ ਦੀ ਆਸ ਵੀ ਵੱਧ ਜਾਂਦੀ ਹੈ। ਇਸ ਮੌਕੇ ਉਹਨਾਂ ਕਿਹਾ ਕਿ ਹਰੇਕ ਵਿਅਕਤੀ ਆਪਣੇ ਜਨਮ ਦਿਨ, ਵਿਆਹ ਦੀ ਵਰ੍ਹੇਗੰਢ ਜਾਂ ਕਿਸੇ ਵੀ ਖ਼ੁਸ਼ੀ ਦੇ ਮੌਕੇ 'ਤੇ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਵੇ। ਵੱਧ ਰਹੇ ਪ੍ਰਦੂਸ਼ਣ, ਗਰਮੀ ਅਤੇ ਜੰਗਲਾਂ ਦੇ ਘੱਟਣ ਕਾਰਨ ਧਰਤੀ ਦਾ ਸੰਤੁਲਨ ਵਿਗੜ ਰਿਹਾ ਹੈ। ਇਸ ਨੂੰ ਸਿਰਫ ਰੁੱਖ ਲਗਾ ਕੇ ਹੀ ਠੀਕ ਕੀਤਾ ਜਾ ਸਕਦਾ ਹੈ।ਮੈਂਬਰਾਂ ਨੇ ਨੌਜਵਾਨਾਂ, ਵਿਦਿਆਰਥੀਆਂ ਅਤੇ ਸਮਾਜਿਕ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਸਕੂਲਾਂ, ਪਾਰਕਾਂ, ਸੜਕਾਂ ਦੇ ਕਿਨਾਰਿਆਂ ਅਤੇ ਖਾਲੀ ਥਾਵਾਂ 'ਤੇ ਪੌਦੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਦੇਖਭਾਲ ਦਾ ਜ਼ਿੰਮਾ ਵੀ ਚੁੱਕਣ।ਅਖੀਰ ਉਹਨਾਂ ਕਿਹਾ ਕਿ ਸਾਡੀ ਸੰਸਥਾ ਹੁਣ ਤਕ ਕਰੀਬ 600 ਤੋਂ ਵੱਧ ਰੁੱਖ ਲਗਾ ਚੁੱਕੀ ਹੈ ਉਹਨਾਂ ਅਪੀਲ ਕੀਤੀ ਕਿ ਇਸ ਰੁੱਖ ਲਗਾਉਣ ਦੀ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

# ਮੀਜ਼ਲਜ਼-ਰੁਬੇਲਾ ਕੈਚਅੱਪ ਰਾਊਂਡ ਮੁਹਿੰਮ ਅੱਜ ਤੋਂ

**ਮੋਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਮੁਹਾਲੀ ਵਿਚ 20 ਤੋਂ 25 ਜੁਲਾਈ ਤਕ ਵਿਸ਼ੇਸ਼ ਮੀਜ਼ਲਜ਼-ਰੁਬੇਲਾ ਕੈਚਅੱਪ ਰਾਊਂਡ ਚਲਾਇਆ ਜਾਵੇਗਾ। ਇਸ ਮੁਹਿੰਮ ਦਾ ਮੁੱਖ ਉਦੇਸ਼ 9 ਮਹੀਨੇ ਤੋਂ 2 ਸਾਲ ਤਕ ਦੇ ਉਨ੍ਹਾਂ ਸਾਰੇ ਬੱਚਿਆਂ ਨੂੰ ਮੀਜ਼ਲਜ਼-ਰੁਬੇਲਾ (ਐੱਮ ਆਰ) ਵੈਕਸੀਨ ਦੇਣਾ ਹੈ, ਜੋ ਨਿਯਮਤ ਟੀਕਾਕਰਨ ਪ੍ਰੋਗਰਾਮ ਦੌਰਾਨ ਇਸ ਵੈਕਸੀਨ ਦੀ ਇਕ ਜਾਂ ਦੋਵੇਂ ਖੁਰਾਕਾਂ ਲੈਣ ਤੋਂ ਕਿਸੇ ਕਾਰਨ ਰਹਿ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਖ਼ਸਰਾ/ਰੁਬੇਲਾ ਖ਼ਤਰਨਾਕ ਬੀਮਾਰੀਆਂ ਹਨ, ਜੋ ਬੱਚਿਆਂ ਅੰਦਰ ਅੰਨ੍ਹਾਪਣ, ਨਿਮੋਨੀਆ ਅਤੇ ਦਿਮਾਗੀ ਬੁਖ਼ਾਰ ਜਿਹੀਆਂ ਗੰਭੀਰ ਪੇਚੀਦਗੀਆਂ ਪੈਦਾ ਕਰ ਸਕਦੀਆਂ ਹਨ। ਸਮੇਂ ਸਿਰ ਟੀਕਾਕਰਨ ਰਾਹੀਂ ਇਨ੍ਹਾਂ ਬੀਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਵਿਸ਼ੇਸ਼ ਕੈਚਅੱਪ ਰਾਊਂਡ ਇਸ ਲਈ ਚਲਾਇਆ ਜਾ ਰਿਹਾ ਹੈ ਤਾਂ ਕਿ ਕੋਈ ਵੀ ਯੋਗ ਬੱਚਾ ਖ਼ਸਰਾ-ਰੁਬੇਲਾ ਦੀ ਸੁਰੱਖਿਆ ਤੋਂ ਵਾਂਝਾ ਨਾ ਰਹੇ।ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਜ਼ਿਲ੍ਹੇ ਦੀਆਂ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਅਤੇ ਨਿਰਧਾਰਤ ਟੀਕਾਕਰਨ ਸੈਸ਼ਨਾਂ ਤੇ ਐੱਮ.ਆਰ. ਦਾ ਟੀਕਾ ਮੁਫ਼ਤ ਲਗਾਇਆ ਜਾਵੇਗਾ।

# ਐੱਸ ਆਈ ਆਰ-2026 ਦਾ ਸੋਧਿਆ ਹੋਇਆ ਸ਼ਡਿਊਲ ਜਾਰੀ

**ਹੁਸ਼ਿਆਰਪੁਰ, ਮੇਹਟੀਆਣਾ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ, ਜਗਤਾਰ ਸਿੰਘ ਭੁੰਗਰਨੀ)**- ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ 1 ਅਕਤੂਬਰ, 2026 ਦੇ ਆਧਾਰ 'ਤੇ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ)-2026 ਲਈ ਸੋਧਿਆ ਹੋਇਆ



ਕਾਰਜਕ੍ਰਮ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੋਧੇ ਹੋਏ ਸ਼ਡਿਊਲ ਅਨੁਸਾਰ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੀ ਕਾਰਵਾਈ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਸੋਧੇ ਹੋਏ ਸ਼ਡਿਊਲ ਅਨੁਸਾਰ ਬੂਥ ਲੈਵਲ ਅਫ਼ਸਰਾਂ ਵੱਲੋਂ ਘਰ-ਘਰ ਜਾ ਕੇ ਸਰਵੇਖਣ ਦੀ ਕਾਰਵਾਈ ਹੁਣ 3 ਅਗਸਤ, 2026 ਤੱਕ ਕੀਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਮੁੱਢਲੀ ਵੋਟਰ ਸੂਚੀ 13 ਅਗਸਤ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ ਅਤੇ ਮਿਤੀ 13 ਅਗਸਤ ਤੋਂ 12 ਸਤੰਬਰ, 2026 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 13 ਅਗਸਤ ਤੋਂ 8 ਅਕਤੂਬਰ, 2026 ਤੱਕ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ 12 ਅਕਤੂਬਰ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਸੂਚੀ ਦੀ ਇਸ ਵਿਸ਼ੇਸ਼ ਪੁਨਰ-ਜਾਂਚ ਦੌਰਾਨ ਬੂਥ ਲੈਵਲ ਅਫ਼ਸਰਾਂ ਨੂੰ ਪੂਰਾ ਸਹਿਯੋਗ ਦੇਣ ਅਤੇ ਜੇਕਰ ਕਿਸੇ ਵੋਟਰ ਦੇ ਵੇਰਵਿਆਂ ਵਿੱਚ ਸੋਧ, ਨਵੇਂ ਨਾਮ ਦੀ ਸ਼ਮੂਲੀਅਤ ਜਾਂ ਹੋਰ ਕੋਈ ਦਾਅਵਾ/ਇਤਰਾਜ਼ ਹੋਵੇ ਤਾਂ ਨਿਰਧਾਰਤ ਸਮੇਂ ਦੌਰਾਨ ਸੰਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਜਾਂ ਬੀ.ਐਲ.ਓ. ਰਾਹੀਂ ਜ਼ਰੂਰ ਦਰਜ ਕਰਵਾਇਆ ਜਾਵੇ। ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਸਮੂਹ ਰਾਜਨੀਤਿਕ ਪਾਰਟੀਆਂ, ਚੋਣ ਅਧਿਕਾਰੀਆਂ ਅਤੇ ਆਮ ਲੋਕਾਂ ਨੂੰ ਵੀ ਸੋਧੇ ਹੋਏ ਸ਼ਡਿਊਲ ਬਾਰੇ ਸੂਚਿਤ ਕੀਤਾ ਜਾ ਰਿਹਾ ਹੈ ਤਾਂ ਜੋ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ)- 2026 ਦੀ ਸਮੁੱਚੀ ਪ੍ਰਕਿਰਿਆ ਨਿਰਵਿਘਨ ਅਤੇ ਪਾਰਦਰਸ਼ੀ ਢੰਗ ਨਾਲ ਸੰਪੰਨ ਕੀਤੀ ਜਾ ਸਕੇ।

# ਰੋਟਰੀ ਕਲੱਬ ਬੰਗਾ ਦਾ ਇੰਸਟਾਲੇਸ਼ਨ ਸਮਾਰੋਹ ਕਰਵਾਇਆ

**ਬੰਗਾ (ਅਵਤਾਰ ਕਲੇਰ)**- ਰੋਟਰੀ ਕਲੱਬ ਬੰਗਾ ਦੇ ਰੋਟਰੀ ਸਾਲ 2026-27 ਲਈ ਨਵੇਂ ਪ੍ਰਧਾਨ ਰੋਟੇਰੀਅਨ ਸਰਨਜੀਤ ਸਿੰਘ ਅਤੇ ਉਨ੍ਹਾਂ ਦੀ ਟੀਮ ਦਾ ਇੰਸਟਾਲੇਸ਼ਨ ਸਮਾਰੋਹ ਬੰਗਾ ਵਿਖੇ ਕਰਵਾਇਆ ਗਿਆ। ਰੋਟਰੀ ਡਿਸਟ੍ਰਿਕਟ 3070 ਦੇ ਡਿਸਟ੍ਰਿਕਟ ਗਵਰਨਰ ਅਨਿਲ ਸਿੰਘਲ ਨੇ ਇੰਸਟਾਲੇਸ਼ਨ ਅਫ਼ਸਰ ਵਜੋਂ ਨਵੇਂ ਪ੍ਰਧਾਨ ਸਰਨਜੀਤ ਸਿੰਘ, ਸਕੱਤਰ ਭੁਪਿੰਦਰ ਸਿੰਘ ਅਤੇ ਕਲੱਬ ਦੀ ਨਵੀਂ ਕਾਰਜਕਾਰਨੀ ਨੂੰ ਅਹੁਦੇ ਅਤੇ ਫ਼ਰਜ਼ਾਂ ਦੀ ਸਹੁੰ ਚੁਕਵਾਈ। ਸਮਾਗਮ ਦੌਰਾਨ ਸਾਬਕਾ ਪ੍ਰਧਾਨ



ਪਰਵੀਨ ਕੁਮਾਰ ਨੇ ਮੁੱਖ ਮਹਿਮਾਨ ਡਿਸਟ੍ਰਿਕਟ ਗਵਰਨਰ ਅਨਿਲ ਸਿੰਘਲ, ਡਿਸਟ੍ਰਿਕਟ ਸਕੱਤਰ ਨਰੇਸ਼ ਆਨੰਦ ਅਤੇ ਸਹਾਇਕ ਗਵਰਨਰ ਗੁਰਬਖ਼ਸ਼ ਸਿੰਘ ਗਿੱਲ ਦਾ ਸਵਾਗਤ ਕਰਦਿਆਂ ਰੋਟਰੀ ਸਾਲ 2025-26 ਦੌਰਾਨ ਕਲੱਬ ਵੱਲੋਂ ਕੀਤੇ ਗਏ ਸੇਵਾ ਕਾਰਜਾਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਪ੍ਰਧਾਨਗੀ ਦੌਰਾਨ ਕਲੱਬ ਨੇ 34 ਸਮਾਜ ਸੇਵੀ ਪ੍ਰੋਜੈਕਟ ਸਫਲਤਾਪੂਰਵਕ ਪੂਰੇ ਕੀਤੇ, ਜਿਨ੍ਹਾਂ ਵਿੱਚ ਮੈਡੀਕਲ ਅਤੇ ਖ਼ੂਨਦਾਨ ਕੈਂਪ, ਵਾਤਾਵਰਣ ਸੰਭਾਲ ਲਈ ਬੂਟੇ ਲਗਾਉਣਾ, ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਉਣਾ, ਅੰਨਪੂਰਨਾ ਮਿਸ਼ਨ ਤਹਿਤ ਅੰਨਦਾਨ ਅਤੇ ਲੰਗਰ ਸੇਵਾ ਸਮੇਤ ਹੋਰ ਕਈ ਲੋਕ ਭਲਾਈ ਦੇ ਪ੍ਰੋਜੈਕਟ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ 'ਤੇ 8.70 ਲੱਖ ਰੁਪਏ ਤੋਂ ਵੱਧ ਦੀ ਰਕਮ ਖਰਚ ਕੀਤੀ ਗਈ। ਨਵੇਂ ਪ੍ਰਧਾਨ ਸਰਨਜੀਤ ਸਿੰਘ ਨੇ ਕਲੱਬ ਮੈਂਬਰਾਂ ਵੱਲੋਂ ਜਤਾਏ ਵਿਸ਼ਵਾਸ ਲਈ ਧੰਨਵਾਦ ਪ੍ਰਗਟ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਆਪਣੀ ਟੀਮ ਦੇ ਸਹਿਯੋਗ ਨਾਲ ਸੇਵਾ, ਸਿੱਖਿਆ, ਸਿਹਤ, ਵਾਤਾਵਰਣ ਸੰਭਾਲ ਅਤੇ ਸਮਾਜ ਭਲਾਈ ਦੇ ਖੇਤਰਾਂ ਵਿੱਚ ਹੋਰ ਪ੍ਰਭਾਵਸ਼ਾਲੀ ਪ੍ਰੋਜੈਕਟ ਲਾਗੂ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਡਿਸਟ੍ਰਿਕਟ ਗਵਰਨਰ ਅਨਿਲ ਸਿੰਘਲ ਅਤੇ ਨਵੇਂ ਪ੍ਰਧਾਨ ਵੱਲੋਂ ਨਵੇਂ ਮੈਂਬਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ। ਇਸ ਦੇ ਨਾਲ ਹੀ ਸਾਲ ਦੌਰਾਨ ਸ਼ਾਨਦਾਰ ਸਮਾਜ ਸੇਵਾ ਕਰਨ ਵਾਲੇ ਕਲੱਬ ਮੈਂਬਰਾਂ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੌਰਾਨ ਕਲੱਬ ਪ੍ਰਧਾਨ ਸਰਨਜੀਤ ਸਿੰਘ ਦੀ ਧਰਮਪਤਨੀ ਸੁਰਜੀਤ ਕੌਰ ਅਤੇ ਸਕੱਤਰ ਭੁਪਿੰਦਰ ਸਿੰਘ ਦੀ ਧਰਮਪਤਨੀ ਆਸ਼ਾ ਰਾਣੀ ਨੇ ਸੋਨੀਆ ਸਿੰਗਲ ਅਤੇ ਸੈਲਵੀਆ ਸੰਧੂ ਨੂੰ ਯਾਦਗਾਰੀ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ ਸੁਰਿੰਦਰ ਪਾਲ ਖੇਪਰ, ਨਿਤਿਨ ਦੁੱਗਲ, ਪਰਮਜੀਤ ਸਿੰਘ ਭੋਗਲ, ਕਿੰਗ ਭਾਰਗਵ, ਡਾ. ਪ੍ਰੀਤਪਾਲ ਸਿੰਘ, ਅਨਿਲ ਕਟਾਰੀਆ, ਰੋਟੇਰੀਅਨ ਇਕਬਾਲ ਸਿੰਘ ਬਾਜਵਾ, ਰਾਜ ਕੁਮਾਰ ਭੰਮਰਾ, ਇੰਦਰਜੀਤ ਸਿੰਘ, ਜਸਵਿੰਦਰ ਸਿੰਘ ਮਾਨ, ਅਮਨਦੀਪ ਸਿੰਘ, ਅਭੀਸ਼ੇਕ ਖੰਨਾ ਸਮੇਤ ਕਲੱਬ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਮਹਿਮਾਨ ਹਾਜ਼ਰ ਸਨ।

# ਸੋਨਮ ਵਾਂਗਚੁਕ ਨੂੰ ਬਿਨਾਂ ਸ਼ਰਤ ਰਿਹਾਅ ਕਰੋ : ਪਾਸਲਾ

**ਜਲੰਧਰ** : ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਕੇਂਦਰੀ ਸਟੈਂਡਿੰਗ ਕਮੇਟੀ ਵਲੋਂ ਜਾਰੀ ਇਕ ਬਿਆਨ ਰਾਹੀਂ ਪਾਰਟੀ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਉੱਘੇ ਚੌਗਿਰਦਾ ਤੇ ਸਮਾਜਿਕ ਕਾਰਕੁੰਨ ਸੋਨਮ ਵਾਂਗਚੁਕ ਦੀ ਗੈਰ ਸੰਵਿਧਾਨਕ ਗ੍ਰਿਫਤਾਰੀ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਵਾਂਗਚੁਕ ਨੂੰ ਫੌਰੀ, ਬਿਨਾਂ ਸ਼ਰਤ ਰਿਹਾਅ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਉਨ੍ਹਾਂ ਕੋਲਕਾਤਾ ਵਿਖੇ ਸੋਨਮ ਵਾਂਗਚੁਕ ਦੀ ਗ੍ਰਿਫਤਾਰੀ ਵਿਰੁੱਧ ਸ਼ਾਂਤਮਈ ਅਨਸ਼ਨ 'ਤੇ ਬੈਠੇ 'ਵਿਸ਼ਵ ਭਾਰਤੀ' ਤੇ 'ਸ਼ਾਂਤੀ ਨਿਕੇਤਨ' ਦੇ ਵਿਦਿਆਰਥੀਆਂ, ਖਾਸ ਕਰਕੇ ਲੜਕੀਆਂ ਦੀ 'ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ' (ਏ.ਬੀ.ਵੀ.ਪੀ.) ਦੇ ਗੁੰਡਿਆਂ ਵਲੋਂ ਕੀਤੀ ਕੁੱਟਮਾਰ ਦੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੇ ਜਾਣ ਦੀ ਵੀ ਮੰਗ ਕੀਤੀ ਹੈ। ਸਾਥੀ ਪਾਸਲਾ ਨੇ ਕਿਹਾ ਕਿ [illegible] ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਹੁਕਮਾਂ ਤਹਿਤ ਕੀਤੀ ਹੈ। ਸਾਥੀ ਪਾਸਲਾ ਨੇ ਪੱਛਮੀ ਬੰਗਾਲ ਦੇ ਰਾਣੀ ਗੰਜ ਵਿਖੇ ਸੰਸਾਰ ਭਰ 'ਚ ਭਾਰਤ ਦਾ ਨਾਂਅ ਉੱਚਾ ਕਰਨ ਵਾਲੇ ਮਹਾਪੰਡਤ ਰਾਹੁਲ ਸੰਕਰਤਾਇਨ ਦੇ ਬੁੱਤ ਨੂੰ ਨੁਕਸਾਨ ਪੁਚਾਏ ਜਾਣ ਦੀ ਅਤਿਅੰਤ ਨਿੰਦਣਯੋਗ ਵਾਰਦਾਤ ਦੀ ਵੀ ਕਰੜੀ ਨਿੰਦਿਆ ਕੀਤੀ ਹੈ। ਸਾਥੀ ਮੰਗਤ ਰਾਮ ਪਾਸਲਾ ਨੇ ਦੇਸ਼ ਦੇ ਮਹਾਨ ਰਾਜਨੀਤੀਵਾਨਾਂ 'ਚੋਂ ਇਕ, ਪੱਛਮੀ ਬੰਗਾਲ ਦੇ ਸਾਬਕਾ ਮੁੱਖ ਮੰਤਰੀ ਕਾਮਰੇਡ ਜਿਓਤੀ ਬਾਸੂ ਦੀ ਯਾਦਗਾਰ ਬਣਾਉਣ ਲਈ ਕੋਲਕਾਤਾ ਵਿਖੇ ਜਨਤਕ ਉਗਰਾਹੀ ਕਰ ਰਹੇ ਖੱਬੇ ਪੱਖੀ ਕਾਰਕੁੰਨਾਂ 'ਤੇ ਬੀਜੇਪੀ ਦੇ ਗੁੰਡਾ ਤੱਤਾਂ ਵਲੋਂ ਪੁਲਸ ਦੀ ਮੌਜੂਦਗੀ 'ਚ ਕੀਤੇ ਗਏ ਕਾਤਲਾਨਾ ਹਮਲੇ ਦੀ ਵੀ ਜ਼ੋਰਦਾਰ ਨਿਖੇਧੀ ਕੀਤੀ ਹੈ।


# ਮੋਦੀ ਦੀ ਜਲੰਧਰ ਫੇਰੀ ਭਵਿੱਖ ਨੂੰ ਆਕਾਰ ਦੇਣ 'ਚ ਭਾਰਤ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦੀ : ਮਿੱਤਲ



**ਜਲੰਧਰ (ਸ਼ੈਲੀ ਐਲਬਰਟ)**- ਰਾਜ ਸਭਾ ਮੈਂਬਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸੰਸਥਾਪਕ ਚਾਂਸਲਰ, ਡਾ. ਅਸ਼ੋਕ ਕੁਮਾਰ ਮਿੱਤਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਜਲੰਧਰ ਦੌਰੇ 'ਤੇ ਸਵਾਗਤ ਕੀਤਾ ਅਤੇ ਪੁਨਰ-ਵਿਕਸਤ ਜਲੰਧਰ ਕੈਂਟ ਰੇਲਵੇ ਸਟੇਸ਼ਨ ਦੇ ਉਦਘਾਟਨ ਨੂੰ ਭਾਰਤ ਦੇ ਬੁਨਿਆਦੀ ਢਾਂਚੇ ਦੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੱਸਿਆ। ਉਨ੍ਹਾਂ ਕਿਹਾ ਕਿ ਇਤਿਹਾਸਕ ਸਟੇਸ਼ਨ ਦਾ ਰੂਪਾਂਤਰਣ ਇੱਕ ਵਿਸ਼ਾਲ ਰਾਸ਼ਟਰੀ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਹੈ ਜਿਸਦਾ ਉਦੇਸ਼ ਜਨਤਕ ਬੁਨਿਆਦੀ ਢਾਂਚਾ ਬਣਾਉਣਾ ਹੈ ਜੋ ਆਧੁਨਿਕ, ਆਸਾਨੀ ਨਾਲ ਪਹੁੰਚਯੋਗ ਅਤੇ ਦੇਸ਼ ਦੀ ਵਿਕਾਸ [illegible] ਹੋਵੇ। ਡਾ. ਮਿੱਤਲ ਨੇ ਕਿਹਾ ਕਿ ਜਲੰਧਰ ਕੈਂਟ ਰੇਲਵੇ ਸਟੇਸ਼ਨ ਦਾ ਪੁਨਰ-ਵਿਕਾਸ [illegible] ਮੇਰੇ ਮਾਤਾ-ਪਿਤਾ 1947 ਦੀ ਵੰਡ ਤੋਂ ਬਾਅਦ ਜਲੰਧਰ ਛਾਉਣੀ ਆਏ ਸਨ, ਆਪਣੀ ਜ਼ਿੰਦਗੀ ਦੁਬਾਰਾ ਸ਼ੁਰੂ ਕਰਨ ਦੀ ਉਮੀਦ ਵਿੱਚ। ਮੇਰਾ ਜਨਮ ਇੱਥੇ ਹੋਇਆ ਅਤੇ ਮੈਂ ਆਪਣੀ ਜ਼ਿੰਦਗੀ ਵਿੱਚ ਇਸ ਸਟੇਸ਼ਨ ਨੂੰ ਪੀੜ੍ਹੀਆਂ ਤੋਂ ਪੀੜ੍ਹੀਆਂ ਦੇ ਸੁਪਨਿਆਂ [illegible] ਇੱਕ ਆਤਮਵਿਸ਼ਵਾਸੀ, ਆਧੁਨਿਕ ਭਾਰਤ ਦੇ ਪ੍ਰਤੀਕ ਵਿੱਚ ਬਦਲਦੇ ਹੋਏ ਦੇਖਣਾ ਮੈਨੂੰ ਬਹੁਤ ਮਾਣ ਦਿੰਦਾ ਹੈ। ਅਜਿਹਾ ਮਹਿਸੂਸ ਹੁੰਦਾ ਹੈ ਜਿਵੇਂ ਮੈਂ ਆਪਣੇ ਸ਼ਹਿਰ ਅਤੇ ਆਪਣੇ ਦੇਸ਼ ਦੋਵਾਂ ਦੀ ਯਾਤਰਾ ਦਾ ਗਵਾਹ ਹਾਂ।

# ਐੱਸ ਕੇ ਐੱਮ ਦੇ ਸੱਦੇ 'ਤੇ 22 ਨੂੰ ਮੌੜਾ ਟੋਲ ਪਲਾਜ਼ਾ ਕੀਤਾ ਜਾਵੇਗਾ ਪਰਚੀ ਮੁਕਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇੱਥੇ ਸੰਯੁਕਤ ਕਿਸਾਨ ਮੋਰਚਾ ਦੀਆਂ ਵੱਖ ਵੱਖ ਜਥੇਬੰਦੀਆਂ ਦੀ ਇਕ ਸਾਂਝੀ ਮੀਟਿੰਗ ਸਥਾਨਕ ਬੱਸ ਸਟੈਂਡ ਦੇ ਨੇੜੇ ਟੈਕਸੀ ਸਟੈਂਡ ਵਿਖੇ ਹੋਈ। ਇਹ ਮੀਟਿੰਗ



ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ 22 ਜੁਲਾਈ ਨੂੰ 11 ਵਜੇ ਤੋਂ ਲੈ ਕੇ 2 ਵਜੇ ਤੱਕ ਮੋੜਾ ਟੋਲ ਪਲਾਜਾ ਪਰਚੀ ਮੁਕਤ ਕਰਨ ਦਾ ਫੈਸਲਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਮਰੇਡ ਗੁਰਨਾਮ ਸਿੰਘ ਔਲਖ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕਰ ਰਹੀ ਹੈ ਜੋ ਕਿ ਦੇਸ਼ ਦੀ ਕਿਸਾਨੀ ਲਈ ਮੌਤ ਦੇ ਵਾਰੰਟ ਹਨ। ਇਸ ਸਮਝੌਤੇ ਨਾਲ ਕਿਸਾਨੀ ਤੇ ਬਹੁਤ ਵੱਡਾ ਪ੍ਰਭਾਵ ਪੈਵੇਗਾ।ਅਮਰੀਕਾ ਤੋਂ ਖੇਤੀ ਨਾਲ ਸੰਬੰਧਿਤ ਡੈਅਰੀ, ਪੋਲਟਰੀ ਨਾਲ ਸੰਬੰਧਿਤ ਸਾਰੀਆਂ ਚੀਜ਼ਾਂ ਬਿਨਾਂ ਟੈਕਸ ਜਦੋਂ ਭਾਰਤ ਵਿੱਚ ਆਉਣਗੀਆਂ ਤਾਂ ਇਥੋਂ ਦੇ ਆਮ ਲੋਕਾਂ ਦਾ ਜੀਣਾ ਦੁੱਭਰ ਹੋ ਜਾਵੇਗਾ। ਉਹਨਾਂ ਨੂੰ ਧੰਦੇ ਛੱਡਣੇ ਪੈਣਗੇ। ਉਹਨਾਂ ਨੇ ਇਲਾਕੇ ਦੇ ਸਾਰੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ 22 ਜੁਲਾਈ ਨੂੰ 11 ਵਜੇ ਮੌੜਾ ਟੋਲ ਪਲਾਜੇ ਤੇ ਪੁੱਜਣ। ਉਹਨਾਂ ਨੇ ਹੋਰ ਵੀ ਦੱਸਿਆ ਕਿ ਬੀ ਜੇ ਪੀ ਦੇ ਵੱਡੇ ਆਗੂਆਂ ਦੇ ਘਰਾਂ ਦਾ ਵੀ ਘਿਰਾਓ ਕੀਤਾ ਜਾਵੇਗਾ। ਅੱਜ ਦੀ ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਨਰੇਗਾ ਕਰਮਚਾਰੀਆਂ ਤੇ ਕੀਤੇ ਪੁਲਿਸ ਤਸ਼ੱਦਦ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਇਸ ਮੌਕੇ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਤਹਿਸੀਲ ਪ੍ਰਧਾਨ ਨਰਿੰਦਰ ਸਿੰਘ ਮਾਵੀ, ਜਮਹੂਰੀ ਕਿਸਾਨ ਸਭਾ ਦੇ ਆਗੂ ਦਰਸ਼ਨ ਸਿੰਘ ਬੜਵਾ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਨੰਗਲੀ, ਬਲਵਿੰਦਰ ਕੁਮਾਰ, ਸੋਹਣ ਸਿੰਘ ਵੀ ਹਾਜ਼ਰ ਸਨ।

# ਮਨੋਰਮਾ ਮੇਅਰ ਨੂੰ ਭਾਵਪੂਰਨ ਸ਼ਰਧਾਂਜਲੀ ਭੇਟ ਕੀਤੀ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸੁਪਰ ਸਪੈਸ਼ਲਿਟੀ ਹਸਪਤਾਲ ਦੇ ਸੰਚਾਲਕ ਡਾ. ਚੰਦਰ ਬੌਰੀ ਦੀ ਸੱਸ, ਇੰਨੋਸੈਂਟ ਹਾਰਟਸ ਗਰੁੱਪ ਅਤੇ ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੀ ਐਗਜ਼ਿਕਿਊਟਿਵ ਡਾਇਰੈਕਟਰ (ਕਾਲਜਜ਼ ਅਤੇ ਫਾਇਨੈਂਸ) ਆਰਾਧਨਾ ਬੌਰੀ ਅਤੇ ਪ੍ਰਸਿੱਧ ਉਦਯੋਗਪਤੀ ਅਮਿਤ ਮੇਅਰ ਦੀ ਮਾਤਾ ਸਵਰਗਵਾਸੀ ਸ੍ਰੀਮਤੀ ਮਨੋਰਮਾ ਮੇਅਰ ਦੇ ਦੇਹਾਂਤ 'ਤੇ ਉਨ੍ਹਾਂ ਦੀ ਯਾਦ ਵਿੱਚ ਰੱਖੇ ਗਏ ਅਰਦਾਸ ਸਮਾਗਮ



ਦੌਰਾਨ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਸਵਰਗਵਾਸੀ ਸ੍ਰੀਮਤੀ ਮਨੋਰਮਾ ਮੇਅਰ ਧਾਰਮਿਕ ਅਤੇ ਸਮਾਜਿਕ ਕਦਰਾਂ-ਕੀਮਤਾਂ ਵਿੱਚ ਡੂੰਘੀ ਆਸਥਾ ਰੱਖਣ ਵਾਲੀ ਇੱਕ ਪ੍ਰੇਰਨਾਦਾਇਕ ਸ਼ਖ਼ਸੀਅਤ ਸਨ। ਉਨ੍ਹਾਂ ਨੇ ਆਪਣੇ ਜੀਵਨ ਦੌਰਾਨ ਸਮਾਜ ਸੇਵਾ, ਮਾਨਵੀ ਕਦਰਾਂ-ਕੀਮਤਾਂ ਦੇ ਪ੍ਰਸਾਰ ਅਤੇ ਸਮਾਜਿਕ ਉਤਥਾਨ ਲਈ ਹਮੇਸ਼ਾ ਸਰਗਰਮ ਭੂਮਿਕਾ ਨਿਭਾਈ।

ਉਨ੍ਹਾਂ ਦੀ ਸਾਦਗੀ, ਉਦਾਰਤਾ ਅਤੇ ਸੇਵਾ-ਭਾਵਨਾ ਹਰ ਕਿਸੇ ਲਈ ਪ੍ਰੇਰਨਾ ਦਾ ਸਰੋਤ ਰਹੀ। ਮਨੋਰਮਾ ਮੇਅਰ ਆਪਣੇ ਪਿੱਛੇ ਇੱਕ ਭਰਪੂਰ ਅਤੇ ਸੰਸਕਾਰੀ ਪਰਵਾਰ ਛੱਡ ਗਏ ਹਨ, ਜੋ ਉਨ੍ਹਾਂ ਦੇ ਦੱਸੇ ਰਾਹ 'ਤੇ ਚੱਲਦਿਆਂ ਸਮਾਜ ਦੀ ਭਲਾਈ ਲਈ ਹਮੇਸ਼ਾ ਸਮਰਪਿਤ ਰਹੇਗਾ।ਅਰਦਾਸ ਸਮਾਗਮ ਮੌਕੇ ਸਮਾਜ ਦੇ ਹਰ ਵਰਗ, ਵਕੀਲ ਭਾਈਚਾਰੇ ਅਤੇ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਹਾਜ਼ਰੀ ਭਰ ਕੇ ਸਵਰਗਵਾਸੀ ਮਨੋਰਮਾ ਮੇਅਰ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ।

ਇਸ ਮੌਕੇ ਇੰਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਡਾ. ਅਨੂਪ ਬੌਰੀ, ਐਗਜ਼ਿਕਿਊਟਿਵ ਡਾਇਰੈਕਟਰ (ਅਕਾਦਮਿਕਸ) ਸ੍ਰੀਮਤੀ ਸ਼ੈਲੀ ਬੌਰੀ, ਡਾ. ਰੋਹਨ ਬੌਰੀ, ਡਾ. ਪਲਕ ਗੁਪਤਾ ਬੌਰੀ, ਪ੍ਰਬੰਧਨ ਦੇ ਸੀਨੀਅਰ ਮੈਂਬਰਾਂ ਅਤੇ ਸਮੂਹ ਦੇ ਸਟਾਫ ਨੇ ਵੀ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਮੇਅਰ ਪਰਿਵਾਰ ਪ੍ਰਤੀ ਆਪਣੀਆਂ ਡੂੰਘੀਆਂ ਸੰਵੇਦਨਾਵਾਂ ਪ੍ਰਗਟ ਕੀਤੀਆਂ।

ਇਸ ਦੌਰਾਨ ਉਨ੍ਹਾਂ ਨੇ ਮੇਅਰ ਪਰਵਾਰ ਤੇ ਪਰਵਾਰਕ ਮੈਂਬਰ ਪ੍ਰਦੀਪ ਖੋਸਲਾ ਨਾਲ ਇਸ ਅਪੂਰਣਯੋਗ ਘਾਟੇ 'ਤੇ ਆਪਣਾ ਦੁੱਖ ਸਾਂਝਾ ਕੀਤਾ।

ਸਾਰੇ ਹਾਜ਼ਰ ਸੱਜਣਾਂ ਨੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕਰਦਿਆਂ ਕਿਹਾ ਕਿ ਸਵਰਗਵਾਸੀ ਮਨੋਰਮਾ ਮੇਅਰ ਵੱਲੋਂ ਸਮਾਜ ਦੀ ਤਰੱਕੀ, ਸੇਵਾ ਅਤੇ ਮਾਨਵੀ ਕਦਰਾਂ-ਕੀਮਤਾਂ ਲਈ ਕੀਤੇ ਗਏ ਯੋਗਦਾਨ ਸਦਾ ਯਾਦ ਰੱਖੇ ਜਾਣਗੇ।

# ਸਾਹਿਤਕ ਸੱਥ ਵੱਲੋਂ ਗ਼ਜ਼ਲ ਵਰਕਸ਼ਾਪ ਤੇ ਕਵੀ ਦਰਬਾਰ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਹਿਤਕ ਸੱਥ ਖਰੜ ਦੀ ਇਕੱਤਰਤਾ ਸਥਾਨਕ ਖਾਲਸਾ ਸਕੂਲ ਵਿਖੇ ਹੋਈ। ਪ੍ਰਧਾਨਗੀ ਮੰਡਲ ਵਿਚ ਸੱਥ ਦੇ ਪ੍ਰਧਾਨ ਜਸਵਿੰਦਰ ਸਿੰਘ ਕਾਈਨੌਰ, ਬਾਬੂ ਰਾਮ ਦੀਵਾਨਾ, ਫੈਸਲ ਖਾਨ ਅਤੇ ਅਮਰਜੀਤ ਕੌਰ ਮੋਰਿੰਡਾ ਸ਼ਾਮਿਲ ਹੋਏ। ਤਰਸੇਮ ਸਿੰਘ ਕਾਲੇਵਾਲ ਦੇ ਧਾਰਮਿਕ ਗੀਤ ਉਪਰੰਤ ਗਾਇਕ ਗੁਰਵਿੰਦਰ ਗੁਰੀ ਨੇ ਹਰਮੋਨੀਅਮ ਤੇ ਖ਼ੂਬਸੂਰਤ ਗ਼ਜ਼ਲ



ਪੇਸ਼ ਕੀਤੀ। ਜਨਾਬ ਫੈਸਲ ਖਾਨ ਨੇ ਗ਼ਜ਼ਲ ਬਾਰੇ ਵਿਸਥਾਰ-ਪੂਰਵਕ ਗੱਲ ਕਰਦਿਆਂ ਗ਼ਜ਼ਲ ਵਿਚ ਵਰਤੇ ਜਾਂਦੇ ਤਕਨੀਕੀ ਸ਼ਬਦਾਂ, ਬਹਿਰਾਂ ਅਤੇ ਤਕਤੀਹ ਆਦਿ ਬਾਰੇ ਜਾਣਕਾਰੀ ਸਾਂਝੀ ਕੀਤੀ। ਵਰਕਸ਼ਾਪ ਦੌਰਾਨ ਸਰੋਤਿਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵੀ ਵਧੀਆ ਢੰਗ ਨਾਲ ਦਿੱਤੇ ਗਏ। ਗ਼ਜ਼ਲ ਦੇ ਸਿੱਖਿਆਰਥੀਆਂ ਲਈ ਇਹ ਵਰਕਸ਼ਾਪ ਬਹੁਤ ਲਾਹੇਵੰਦ ਸਾਬਿਤ ਹੋਈ। ਕਵੀ ਦਰਬਾਰ ਵਿਚ ਜਸਵਿੰਦਰ ਸਿੰਘ ਕਾਈਨੌਰ, ਅਮਰਜੀਤ ਕੌਰ ਮੋਰਿੰਡਾ, ਫੈਸਲ ਖਾਨ, ਹਾਕਮ ਸਿੰਘ ਨੱਤਿਆਂ, ਕੇਸਰ ਸਿੰਘ ਇੰਸਪੈਕਟਰ, ਖ਼ੁਸ਼ੀ ਰਾਮ ਨਿਮਾਣਾ, ਬਲਦੇਵ ਸਿੰਘ ਬੁਰਜਾਂ, ਗੁਰਸ਼ਰਨ ਸਿੰਘ ਕਾਕਾ, ਪਿਆਰਾ ਸਿੰਘ ਰਾਹੀ, ਡਾ. ਰੂਪ ਸਾਗਰ, ਸੁਮਿੱਤਰ ਸਿੰਘ ਦੋਸਤ, ਦਲਬੀਰ ਸਿੰਘ ਸਰੋਆ ਨੇ ਆਪੋ ਆਪਣੀਆਂ ਕਾਵਿ ਰਚਨਾਵਾਂ ਰਾਹੀਂ ਖ਼ੂਬ ਰੰਗ ਬੰਨ੍ਹਿਆ। ਸੱਥ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਪੱਤਰਕਾਰ ਕਾਲ਼ਾ ਸਿੰਘ ਸੈਣੀ ਅਤੇ ਫੈਸਲ ਖਾਨ ਨੂੰ ਲੋਈ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਕਾਂਗਰਸ ਨੇ ਫਗਵਾੜਾ 'ਚ ਸੰਗਠਨ ਨੂੰ ਮਜ਼ਬੂਤ ਕਰਨ ਦੀ ਕਵਾਇਦ ਕੀਤੀ ਤੇਜ਼

**ਫਗਵਾੜਾ (ਡਾ. ਰਮਨ)**- ਪੰਜਾਬ ਕਾਂਗਰਸ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਫਗਵਾੜਾ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੀ ਮੁਹਿੰਮ ਤਹਿਤ ਇੱਕ ਵਿਸ਼ੇਸ਼ ਮੀਟਿੰਗ ਵਿਧਾਇਕ ਤੇ ਜ਼ਿਲ੍ਹਾ



ਕਾਂਗਰਸ ਕਮੇਟੀ ਕਪੂਰਥਲਾ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ.ਏ.ਐਸ.) ਦੇ ਗ੍ਰਹਿ ਵਿਖੇ ਉਹਨਾਂ ਹਾਜ਼ਰੀ 'ਚ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਸੀਨੀਅਰ ਕਾਂਗਰਸੀ ਆਗੂ ਸੁਦੇਸ਼ ਸ਼ਰਮਾ, ਅਸ਼ੋਕ ਡੀਲਕਸ, ਗੁਰਜੀਤ ਪਾਲ ਵਾਲੀਆ, ਤਜਿੰਦਰ ਬਾਵਾ ਅਤੇ ਮੁਨੀਸ਼ ਪ੍ਰਭਾਕਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਦੌਰਾਨ ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਭਾਰਦਵਾਜ ਨੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਦਾ ਐਲਾਨ ਕਰਦਿਆਂ ਮੁਕੇਸ਼ ਭਾਟੀਆ ਨੂੰ ਉਪ ਪ੍ਰਧਾਨ, ਵਿਪਨ ਸ਼ਰਮਾ ਅਤੇ ਵਿਪਨ ਕੁਮਰਾ ਨੂੰ ਜਨਰਲ ਸਕੱਤਰ, ਮੁਨੀਸ਼ ਢੱਲਾ, ਮਨਜੀਤ ਕੁਮਾਰ, ਯੁਵਰਾਜ ਯੂਵੀ, ਅੰਕਿਤ ਗੁਪਤਾ ਅਤੇ ਸੰਨੀ ਕੁਮਾਰ ਨੂੰ ਸਕੱਤਰ, ਤੁਲਸੀ ਰਾਮ ਖੋਸਲਾ ਨੂੰ ਸਪੋਕਸਪਰਸਨ ਅਤੇ ਗੁਰਨੇਕ ਸਿੰਘ ਬਿੰਨਿੰਗ ਨੂੰ ਟਰਾਂਸਪੋਰਟ ਸੈੱਲ ਦਾ ਪ੍ਰਧਾਨ ਨਿਯੁਕਤ ਕੀਤਾ। ਇਸੇ ਦੌਰਾਨ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਸੰਗਠਨ ਦੇ ਵਿਸਥਾਰ ਲਈ ਇੰਸਪੈਕਟਰ ਨਰਿੰਦਰ ਸਿੰਘ, ਮੋਹਨ ਸਿੰਘ, ਤਰਸੇਮ ਕਲੂਚਾ, ਡਾ. ਜੋਗਿੰਦਰ ਪਾਲ ਬੱਤਰਾ, ਡਾ. ਰਮਨ ਸ਼ਰਮਾ, ਪਰਸ਼ੋਤਮ ਲਾਲ, ਪਰਮਜੀਤ ਕੁਮਾਰ ਕਾਕਾ, ਸੁਭਾਸ਼ ਕੁਮਾਰ, ਅਵਤਾਰ ਸਿੰਘ ਤਾਰੀ ਅਤੇ ਸ਼ੌਂਕੀ ਰਾਮ ਪਾਰਸ ਨੂੰ ਮੰਡਲ ਪ੍ਰਧਾਨ ਨਿਯੁਕਤ ਐਲਾਨਿਆ। ਉਨ੍ਹਾਂ ਸਮੂਹ ਨਵੇਂ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਵੀ ਵੰਡੇ। ਵਿਧਾਇਕ ਧਾਲੀਵਾਲ ਨੇ ਆਪਣੇ ਸੰਬੋਧਨ ਵਿੱਚ ਨਵੇਂ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਬੂਥ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ। ਮੀਟਿੰਗ ਵਿੱਚ ਸੁਨੀਲ ਪਾਂਡੇ, ਅਵਿਨਾਸ਼ ਗੁਪਤਾ, ਆਦਰਸ਼ ਪਾਹਵਾ, ਹੰਸ ਰਾਜ, ਨਰਿੰਦਰ ਠੇਕੇਦਾਰ, ਸ਼ੰਕਰ ਝਾਂਝੀ, ਪਰਮਜੀਤ ਧਰਮਸੋਤ, ਸ਼ਮਸ਼ੇਰ ਭਾਰਤੀ, ਜਤਿੰਦਰ ਕੌਰ, ਸੁਰਜੀਤ ਕੌਰ, ਗੁਰਦੀਪ ਕੌਰ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# ਭਾਈ ਸੁਖਜੀਤ ਸਿੰਘ ਡਰੋਲੀ ਨੇ ਭਾਜਪਾ ਪੰਜਾਬ ਪ੍ਰਧਾਨ ਨਾਲ ਕੀਤੀ ਮੁਲਾਕਾਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬੀਤੇ ਦਿਨੀਂ ਜਲੰਧਰ ਕੈਂਟ ਰੇਲਵੇ ਸਟੇਸ਼ਨ ਦਾ ਸ਼ੁੱਭ ਆਰੰਭ ਮੌਕੇ ਪ੍ਰਧਾਨ ਮੰਤਰੀ ਸਾਬ ਨਰਿੰਦਰ ਮੋਦੀ ਜੀ ਦੇਆਰਾ ਕੀਤਾ ਗਿਆ ਜਿਸ ਦੇ ਨਿੱਘੇ ਸੱਦੇ



'ਤੇ ਅਵਤਾਰ ਸਿੰਘ ਡਾਡੀਆ ਕਿਸਾਨ ਮੋਰਚਾ ਪ੍ਰਧਾਨ, ਪ੍ਰਦੀਪ ਸਿੰਘ ਰਾਣਾ ਆਈ ਵਿੰਗ ਇਨਚਾਰਜ ਅਤੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ. ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਉਚੇਚੇ ਤੌਰ 'ਤੇ ਪੁੱਜੇ ਅਤੇ ਭਾਰਤ ਦੇ ਵੱਖ ਵੱਖ ਸਟੇਸ਼ਨਾਂ ਦਾ ਸੁੰਦਰੀ ਕਰਨ ਕਰਨ ਅਤੇ ਨਵੀਆਂ ਆਧੁਨਿਕ ਟ੍ਰੇਨਾਂ ਸੰਚਾਲਿਤ ਕਰਨ ਲਈ ਉਨ੍ਹਾਂ ਭਾਰਤ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਇਸ ਦੌਰਾਨ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਡਰੋਲੀ ਜੀ ਨੇ ਭਾਰਤੀ ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਮੁਲਾਕਾਤ ਦੌਰਾਨ ਐੱਨ ਜੀ ਓ ਵੱਲੋਂ ਪੰਜਾਬ ਦੇ ਐਨ ਆਰ ਆਈ ਦੇ ਵੱਡੇ ਸਹਿਯੋਗ ਨਾਲ ਮਾਨਵਤਾ ਦੀ ਸੱਚੀ ਸੁੱਚੀ ਸੇਵਾ ਲਈ ਚੱਲ ਰਹੀਆਂ ਸੇਵਾਵਾਂ ਤੋਂ ਜਾਣੂ ਕਰਵਾਇਆ।

# ਮੁਲਾਜ਼ਮਾਂ ਨੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਤਨਖਾਹ ਸਕੇਲਾਂ ਨੂੰ ਤੋੜ ਕੇ ਨਵੀਆਂ ਭਰਤੀਆਂ ਤੇ ਲਾਗੂ ਕੀਤੇ ਅਧੂਰੇ ਕੇਂਦਰੀ ਤਨਖਾਹ ਸਕੇਲਾਂ ਖ਼ਿਲਾਫ਼ ਸੂਬੇ ਭਰ ਵਿੱਚ ਸਕੂਲਾਂ, ਦਫਤਰਾਂ ਅਤੇ ਤਹਿਸੀਲ ਪੱਧਰ ਤੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਗਏ। ਪੰਜਾਬ ਸਕੇਲ,ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚੇ ਵੱਲੋਂ 17-7-2020 ਦੇ ਮਾਰੂ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕ ਕੇ ਅਤੇ ਕਾਲੇ ਬੈਜ ਲਾ ਕੇ ਰੋਸ ਦਿਵਸ ਵੱਜੋਂ ਮਨਾਉਣ ਦੇ ਦਿੱਤੇ ਸੱਦੇ ਨੂੰ



ਮੁਲਾਜ਼ਮਾਂ ਦਾ ਭਰਪੂਰ ਹੁੰਗਾਰਾ ਮਿਲਿਆ ਹੈ। ਇਸ ਮੌਕੇ ਸਮੂਹ ਮੁਲਾਜ਼ਮਾਂ ਤੇ ਇਕਸਾਰ ਪੰਜਾਬ ਪੇ ਸਕੇਲ ਬਹਾਲ ਕਰਨ ਦੀ ਮੰਗ ਨੂੰ ਵੀ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ। ਇਹਨਾਂ ਰੋਸ ਪ੍ਰਦਰਸ਼ਨਾਂ ਦੀ ਰਿਪੋਰਟ ਜਾਰੀ ਕਰਦਿਆਂ ਮੋਰਚੇ ਦੇ ਕਨਵੀਨਰਾਂ ਵਿਕਰਮ ਦੇਵ ਸਿੰਘ, ਗੁਰਦੀਪ ਸਿੰਘ ਬਾਸੀ, ਸੰਦੀਪ ਗਿੱਲ, ਅਤਿੰਦਰ ਪਾਲ ਸਿੰਘ, ਦੀਪਕ ਕੰਬੋਜ, ਕੁਲਦੀਪ ਸਿੰਘ, ਸੁਰਿੰਦਰ ਸੋਨੀ ਤੇ ਬਲਿਹਾਰ ਬੱਲੀਨੇ ਦੱਸਿਆ ਕਿ ਸੂਬੇ ਵਿੱਚ 15 ਤੋਂ ਵੱਧ ਜ਼ਿਲ੍ਹਿਆਂ ਅੰਦਰ ਅਧੂਰੇ ਪੇ ਸਕੇਲਾਂ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਅਤੇ ਕਾਲੇ ਬਿੱਲੇ ਲੈ ਕੇ ਰੋਸ ਪ੍ਰਦਰਸ਼ਨ ਕੀਤੇ ਗਏ।ਇਸ ਮੌਕੇ ਸਰਕਾਰ ਦੀ ਮੁਲਾਜ਼ਮਾਂ ਦੀ ਇਸ ਅਹਿਮ ਮੰਗ ਨੂੰ ਹੱਲ ਕਰਨ ਵਿੱਚ ਨਕਾਮੀ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਇਸ ਤੋਂ ਇਲਾਵਾ ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਹਕੀਕੀ ਰੂਪ ਵਿੱਚ ਲਾਗੂ ਕਰਨ ਸੰਬੰਧੀ ਸਟੈਂਡਰਡ ਓਪਰੇਟਿੰਗ ਪ੍ਰੋਸੀਜਰ (ਐੱਸ ਓ ਪੀ) ਜਾਰੀ ਕਰਨ ਅਤੇ ਸਮੂਹ ਨਵੀਂ ਪੈਨਸ਼ਨ ਸਕੀਮ (ਐੱਨ ਪੀ ਐੱਸ) ਮੁਲਾਜ਼ਮਾਂ ਦੇ ਜੀ ਪੀ ਐਫ ਖਾਤੇ ਖੋਲਣ ਦੀ ਮੰਗ ਕੀਤੀ ਗਈ।

# ਰਿਟਾਇਰਡ ਏ ਐੱਸ ਆਈ ਨੇ ਅਮਰੀਕਾ ਤੋਂ ਹਵਾਲਾ ਰਾਹੀਂ ਭੇਜੇ ਸਨ 16 ਲੱਖ ਰੁਪਏ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਐਫ ਬੀ ਆਈ ਦੀ ਚਾਰਜਸ਼ੀਟ ਤੋਂ ਬਾਅਦ ਚਰਚਾ ਵਿੱਚ ਆਏ ਜਲੰਧਰ ਦੇ ਪੰਜਾਬ ਐਵੇਨਿਊ (ਲੱਦੇਵਾਲੀ) ਨਿਵਾਸੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਦੀ ਭੂਮਿਕਾ ਦੀ ਜਾਂਚ ਕਰ ਰਹੇ ਐਸ ਪੀ (ਇਨਵੈਸਟੀਗੇਸ਼ਨ) ਵਿਨੀਤ ਅਹਲਾਵਤ ਦੀ ਜਾਂਚ ਵਿੱਚ ਇਹ ਸਪੱਸ਼ਟ ਹੋਇਆ ਹੈ ਕਿ ਰਿਟਾਇਰਡ ਏ ਐਸ ਆਈ ਚਰਨਜੀਤ ਸਿੰਘ ਤੋਂ ਪਹਿਲੀ ਕਿਸ਼ਤ ਵਜੋਂ 16 ਲੱਖ ਰੁਪਏ ਲਏ ਗਏ ਸਨ। ਚਰਨਜੀਤ ਸਿੰਘ ਨੇ ਇਹ ਰਕਮ ਅਮਰੀਕਾ ਤੋਂ ਹਵਾਲੇ ਰਾਹੀਂ ਭਾਰਤ ਭੇਜੀ ਸੀ। ਜਾਂਚ ਦੌਰਾਨ ਇੱਕ ਅਜਿਹਾ ਗਵਾਹ ਸਾਹਮਣੇ ਆਇਆ, ਜਿਸ ਨੇ ਜਲੰਧਰ ਦੇ ਸ਼ਾਸਤਰੀ ਮਾਰਕੀਟ ਵਿੱਚ 16 ਲੱਖ ਰੁਪਏ ਦੀ ਹਵਾਲਾ ਰਕਮ ਦੀ ਡਿਲਿਵਰੀ ਲਈ ਸੀ।



ਪੁਲਿਸ ਅਨੁਸਾਰ ਹਵਾਲਾ ਨੈੱਟਵਰਕ ਨਾਲ ਇਲਾਕੇ ਦਾ ਇੱਕ ਕਾਰੋਬਾਰੀ ਜੁੜਿਆ ਹੋਇਆ ਹੈ ਅਤੇ ਉਸ ਦੇ ਪੂਰੇ ਨੈੱਟਵਰਕ ਦੀ ਜਾਂਚ ਕੀਤੀ ਜਾ ਰਹੀ ਹੈ। ਫੋਰੈਂਸਿਕ ਜਾਂਚ ਦੌਰਾਨ ਇੱਕ ਪੁਲਿਸ ਮੁਲਾਜ਼ਮ ਨੇ ਦੱਸਿਆ ਕਿ ਉਸ ਨੂੰ ਇੰਸਪੈਕਟਰ ਨਾਗਰਾ ਦਾ ਫੋਨ ਆਇਆ ਸੀ ਤੇ ਸ਼ਾਸਤਰੀ ਮਾਰਕੀਟ ਤੋਂ 16 ਲੱਖ ਰੁਪਏ ਦੀ ਪੇਮੈਂਟ ਲੈ ਕੇ ਪਹੁੰਚਾਉਣ ਲਈ ਕਿਹਾ ਗਿਆ ਸੀ। ਮੁਲਾਜ਼ਮ ਨੇ ਦੱਸਿਆ ਕਿ ਉਸ ਨੂੰ ਇਹ ਨਹੀਂ ਪਤਾ ਸੀ ਕਿ ਰਕਮ ਕਿਸ ਨੇ ਭੇਜੀ ਸੀ ਅਤੇ ਉਸ ਨੇ ਸਿਰਫ ਆਪਣੇ ਸੀਨੀਅਰ ਦੇ ਕਹਿਣ 'ਤੇ ਇਹ ਕੰਮ ਕੀਤਾ।ਪ੍ਰਾਰੰਭਿਕ ਜਾਂਚ ਵਿੱਚ ਉਸ ਦੇ ਬਿਆਨ ਸਹੀ ਪਾਏ ਜਾਣ ਤੋਂ ਬਾਅਦ ਉਸ ਨੂੰ ਮਾਮਲੇ ਵਿੱਚ ਗਵਾਹ ਬਣਾਇਆ ਗਿਆ ਹੈ। ਜਾਂਚ ਟੀਮ ਨੇ ਪੂਰੇ ਸਬੂਤ ਇਕੱਠੇ ਕਰਨ ਤੋਂ ਬਾਅਦ ਨਾਗਰਾ ਨੂੰ ਉਸ ਦੇ ਘਰ ਤੋਂ ਹਿਰਾਸਤ ਵਿੱਚ ਲਿਆ ਸੀ। ਪੁੱਛਗਿੱਛ ਦੌਰਾਨ ਉਹ ਗੈਂਗਸਟਰ ਜੱਗੂ ਭਗਵਾਨਪੁਰੀਆ ਦੇ ਜਬਰਦਸਤੀ ਵਸੂਲੀ ਨੈੱਟਵਰਕ ਨਾਲ ਆਪਣੇ ਸਬੰਧਾਂ ਤੋਂ ਲਗਾਤਾਰ ਇਨਕਾਰ ਕਰਦਾ ਰਿਹਾ। ਪਰ ਜਦੋਂ ਉਸ ਦੇ ਸਾਹਮਣੇ ਫੋਰੈਂਸਿਕ ਸਬੂਤ ਅਤੇ 16 ਲੱਖ ਰੁਪਏ ਲੈਣ ਦੇ ਪੱਕੇ ਪ੍ਰਮਾਣ ਰੱਖੇ ਗਏ ਤਾਂ ਉਹ ਕੋਈ ਜਵਾਬ ਨਹੀਂ ਦੇ ਸਕਿਆ। ਇਸ ਤੋਂ ਬਾਅਦ ਉਸ ਨੂੰ ਮਾਮਲੇ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ। ਐਫ ਬੀ ਆਈ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਉਨ੍ਹਾਂ ਦੀ ਜਾਂਚ ਵਿੱਚ ਜੱਗੂ ਭਗਵਾਨਪੁਰੀਆ ਅਤੇ ਉਸ ਦੇ ਸਾਥੀ ਗੁਰਲਾਲ ਦਾ ਨਾਮ ਸਾਹਮਣੇ ਆਇਆ ਹੈ, ਜੋ ਸਿੱਧੇ ਤੌਰ 'ਤੇ ਇੰਸਪੈਕਟਰ ਨਾਗਰਾ ਦੇ ਸੰਪਰਕ ਵਿੱਚ ਸਨ। ਐਫ ਬੀ ਆਈ ਦੀ ਇੱਕ ਟੀਮ ਜਲਦੀ ਹੀ ਭਾਰਤ ਆ ਰਹੀ ਹੈ ਅਤੇ ਨਾਗਰਾ ਨੂੰ ਅਮਰੀਕਾ ਲਿਜਾਣ ਲਈ ਕਾਨੂੰਨੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।ਸ਼ਿਕਾਇਤਕਰਤਾ ਨੇ 1 ਜਨਵਰੀ 2025 ਤੋਂ 30 ਜੂਨ 2026 ਤੱਕ ਦਰਜ ਸਾਰੇ ਐਨਡੀਪੀਐਸ ਮਾਮਲਿਆਂ ਦਾ ਵੇਰਵਾ ਮੰਗਦਿਆਂ ਡੀਜੀਪੀ ਕੋਲ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।

# ਹਸਪਤਾਲਾਂ ਨੂੰ ਕੰਟਰੋਲ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ : ਸ਼ੰਟੀ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਵਿੱਚ ਪੁਹੰਚੇ ਵਿਸ਼ੇਸ਼ ਰੂਪ ਵਿੱਚ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਪੰਜਾਬ ਦੇ ਹਰੇਕ ਨਾਗਰਿਕ ਦੇ ਸੰਵਿਧਾਨਕ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਪੰਜਾਬ ਸਟੇਟ ਅਤੇ ਚੰਡੀਗੜ੍ਹ (ਯੂਟੀ) ਮਨੁੱਖੀ ਅਧਿਕਾਰ ਕਮਿਸ਼ਨ ਦੀ ਵਚਨਬੱਧਤਾ ਦੁਹਰਾਉਂਦਿਆਂ ਕਮਿਸ਼ਨ ਦੇ ਮੈਂਬਰ ਅਤੇ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਡੀ ਆਰ ਪੀ, ਡੀ ਏ ਵੀ ਸੈਂਟੇਨਰੀ ਪਬਲਿਕ ਸਕੂਲ, ਫਿਲੌਰ ਵਿਖੇ ਖੁੱਲ੍ਹੇ ਕੈਂਪ ਦੌਰਾਨ ਆਮ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਮੌਕੇ 'ਤੇ ਹੀ ਅਧਿਕਾਰੀਆਂ ਨੂੰ ਤੁਰੰਤ ਨਿਪਟਾਰੇ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਸ਼ੰਟੀ ਨੇ ਕਿਹਾ ਕਿ ਕਮਿਸ਼ਨ ਵਲੋਂ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕਤਾ ਲਈ ਸੂਬੇ ਭਰ ਵਿੱਚ ਅਜਿਹੇ ਕੈਂਪ ਲਗਾਏ ਜਾ ਰਹੇ ਹਨ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਲੋਕਾਂ ਤੱਕ ਜ਼ਮੀਨੀ ਪੱਧਰ 'ਤੇ ਨਿਆਂ ਪਹੁੰਚੇ। ਇਸ ਮੌਕੇ ਉਨ੍ਹਾਂ ਨਾਲ ਐੱਸ ਡੀ ਐਮ ਫਿਲੌਰ ਦੀਪਕ ਭਾਟੀਆ ਅਤੇ ਡੀ.ਐਸ.ਪੀ. ਭਰਤ ਮਸੀਹ ਵੀ ਮੌਜੂਦ ਸਨ। ਅਹਿਮ ਪਹਿਲਕਦਮੀਆਂ 'ਤੇ ਚਾਨਣਾ ਪਾਉਂਦਿਆਂ ਸ਼੍ਰੀ ਸ਼ੰਟੀ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕਮਿਸ਼ਨ ਦੇ ਸੁਝਾਅ 'ਤੇ ਨੋਟੀਫਿਕੇਸ਼ਨ ਜਾਰੀ ਕਰਕੇ ਹਸਪਤਾਲਾਂ ਲਈ ਇਹ ਲਾਜ਼ਮੀ ਕਰ ਦਿੱਤਾ ਗਿਆ ਹੈ ਕਿ ਬਕਾਇਆ ਮੈਡੀਕਲ ਬਿੱਲ ਹੋਣ ਦੇ ਬਾਵਜੂਦ ਉਹ ਮ੍ਰਿਤਕ ਦੇਹਾਂ ਨੂੰ ਪਰਿਵਾਰਕ ਮੈਂਬਰਾਂ ਨੂੰ ਸੌਂਪਣ। ਉਨ੍ਹਾਂ ਜ਼ਿਕਰ ਕੀਤਾ ਕਿ ਅਜਿਹੇ ਆਦੇਸ਼ ਜਾਰੀ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਨਾਲ ਹੇਠਲੇ ਪੱਧਰ ਤੱਕ ਮਨੁੱਖੀ ਅਧਿਕਾਰਾਂ ਨੂੰ ਮਜ਼ਬੂਤੀ ਮਿਲੀ ਹੈ। ਉਨ੍ਹਾਂ ਇਹ ਵੀ ਤਾੜਨਾ ਕੀਤੀ ਕਿ ਬਕਾਇਆ ਰਾਸ਼ੀ ਦੀ ਅਦਾਇਗੀ ਨਾ ਹੋਣ ਕਰਕੇ ਮ੍ਰਿਤਕ ਦੇਹ ਨਾ ਦੇਣ ਵਾਲੇ ਕਿਸੇ ਵੀ ਹਸਪਤਾਲ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਅਮਰੀਕੀ ਅਧਿਆਪਕਾਂ ਦੇ ਵਫਦ ਵੱਲੋਂ ਸਕੂਲ ਦਾ ਦੌਰਾ

**ਦਸੂਹਾ (ਕਰਨੈਲ ਮਾਂਗਟ)**- 'ਫੁਲਬ੍ਰਾਈਟ ਟੀਚਰਜ਼ ਫਾਰ ਗਲੋਬਲ ਕਲਾਸਰੂਮ' ਪ੍ਰੋਗਰਾਮ ਦੇ ਹਿੱਸੇ ਵਜੋਂ ਅਮਰੀਕੀ ਅਧਿਆਪਕਾਂ ਦੇ ਇੱਕ ਵਫ਼ਦ ਨੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਡੱਡੂ ਮਾਜਰਾ, ਚੰਡੀਗੜ੍ਹ ਦਾ ਵਿਸ਼ੇਸ਼ ਤੌਰ 'ਤੇ ਦੌਰਾ ਕੀਤਾ। ਸਕੂਲ ਦੀ ਪ੍ਰਿੰਸੀਪਲ ਨੀਰਜਾ ਜੈਨ ਨੇ ਦੱਸਿਆ ਕਿ ਇਸ ਵੱਕਾਰੀ 'ਫੁਲਬ੍ਰਾਈਟ ਟੀਚਰਜ਼ ਫਾਰ ਗਲੋਬਲ



ਕਲਾਸਰੂਮ' ਲਈ ਸਕੂਲ ਦੀ ਚੋਣ ਇੱਕ ਸਖ਼ਤ ਤਿੰਨ-ਪੱਧਰੀ ਚੋਣ ਪ੍ਰਕਿਰਿਆ ਤੋਂ ਬਾਅਦ ਕੀਤੀ ਗਈ ਸੀ। ਉਨ੍ਹਾਂ ਅੱਗੇ ਕਿਹਾ ਕਿ ਚੋਣ ਵਿੱਚ ਦੇਸ਼ ਭਰ ਦੇ ਛੇ ਹੋਰ ਸਕੂਲ ਸ਼ਾਮਲ ਸਨ: ਡੀ ਪੀ ਐੱਸ, ਬੈਂਗਲੁਰੂ, ਕੋਟਕ ਵੂਮੈਨਜ਼ ਐਜੂਕੇਸ਼ਨ ਫਾਊਂਡੇਸ਼ਨ, ਮੁੰਬਈ, ਸਿੰਧੀਆ ਸਕੂਲ, ਫੋਰਟ ਗਵਾਲੀਅਰ, ਸੇਂਟ ਜੋਸਫ਼ ਹਾਇਰ ਸੈਕੰਡਰੀ ਸਕੂਲ, ਤਿਰੂਵਨੰਤਪੁਰਮ, ਐਸਸੀਈਆਰਟੀ, ਤੇਲੰਗਾਨਾ, ਅਤੇ ਸਰਕਾਰੀ ਹਾਈ ਸਕੂਲ, ਕੋਲਕਾਤਾ। ਹਾਲਾਂਕਿ, ਸ਼ਾਨਦਾਰ ਅਧਿਆਪਨ-ਸਿਖਲਾਈ ਅਭਿਆਸਾਂ, ਨਵੀਨਤਾ, ਲੀਡਰਸ਼ਿਪ ਸਮਰੱਥਾਵਾਂ ਅਤੇ ਅਕਾਦਮਿਕ ਗੁਣਵੱਤਾ ਦੇ ਸਖ਼ਤ ਮੁਲਾਂਕਣ ਤੋਂ ਬਾਅਦ, ਸੰਸਥਾ ਨੂੰ (ਪੱਛਮੀ), ਚੰਡੀਗੜ੍ਹ ਦੀ ਪ੍ਰਿੰਸੀਪਲ ਨੀਰਜਾ ਜੈਨ ਦੇ ਨਿੱਜੀ ਯਤਨਾਂ ਅਤੇ ਅਗਵਾਈ ਕਾਰਨ ਫੁਲਬ੍ਰਾਈਟ ਪ੍ਰੋਗਰਾਮ ਅਧੀਨ ਅਮਰੀਕੀ ਵਫ਼ਦ ਦੀ ਮੇਜ਼ਬਾਨੀ ਕਰਨ ਦਾ ਮਾਣ ਪ੍ਰਾਪਤ ਹੋਇਆ। ਉਨ੍ਹਾਂ ਦੱਸਿਆ ਕਿ ਵਫ਼ਦ ਵਿੱਚ ਸੰਯੁਕਤ ਰਾਜ ਅਮਰੀਕਾ ਦੇ ਵੱਖ-ਵੱਖ ਰਾਜਾਂ ਦੇ ਪ੍ਰਸਿੱਧ ਸਿੱਖਿਅਕ ਸ਼ਾਮਲ ਸਨ, ਜਿਨਾਂ ਵਿੱਚ ਐਸ਼ਲੇ ਬ੍ਰਾਇਨਟ (ਵਿਸ਼ਵ ਇਤਿਹਾਸ ਅਤੇ ਭੂਗੋਲ ਮਾਹਰ, ਵਰਤਮਾਨ ਵਿੱਚ ਜੈਕਸਨ ਰੀਡ ਹਾਈ ਸਕੂਲ, ਵਾਸ਼ਿੰਗਟਨ, ਡੀ ਸੀ), ਜੇਨ ਪਾਰਕਰ (ਕਲਾ ਅਧਿਆਪਕ, ਸਨਰ ਪ੍ਰਾਇਮਰੀ ਸਕੂਲ, ਓਕਲੈਂਡ, ਕੈਲੀਫੋਰਨੀਆ) ਤੇ ਜੈਨੀਫਰ ਸਲਵਾਟ (ਅੰਗਰੇਜ਼ੀ ਭਾਸ਼ਾ ਅਧਿਆਪਕ, ਆਰ ਐੱਮ ਕੈਂਪਸ ਮਿਡਲ ਸਕੂਲ, ਹੂਵਰ, ਅਲਾਬਾਮਾ) ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਵਫ਼ਦ ਸਵੇਰੇ ਨਿਰਧਾਰਤ ਸਮੇਂ ਅਨੁਸਾਰ ਸਕੂਲ ਪਹੁੰਚਿਆ, ਜਿੱਥੇ ਵਿਦਿਆਰਥੀਆਂ ਨੇ ਭਾਰਤੀ ਪਰੰਪਰਾ ਅਨੁਸਾਰ ਤਿਲਕ (ਮੱਥੇ ਦਾ ਇੱਕ ਰਵਾਇਤੀ ਭਾਰਤੀ ਨਿਸ਼ਾਨ) ਲਗਾ ਕੇ ਅਤੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਤੋਂ ਬਾਅਦ, ਪ੍ਰਿੰਸੀਪਲ ਦੇ ਦਫ਼ਤਰ ਵਿੱਚ ਇੱਕ ਜਾਣ-ਪਛਾਣ ਮੀਟਿੰਗ ਹੋਈ, ਜਿਸ ਤੋਂ ਬਾਅਦ ਸਕੂਲ ਦੇ ਸੈਮੀਨਾਰ ਹਾਲ ਵਿੱਚ ਇੱਕ ਰਸਮੀ ਸਵਾਗਤ ਸਮਾਰੋਹ ਅਤੇ ਇੱਕ ਸੱਭਿਆਚਾਰਕ ਪ੍ਰੋਗਰਾਮ ਹੋਇਆ, ਜਿਸ ਵਿੱਚ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਦੀ ਇੱਕ ਮਨਮੋਹਕ ਝਲਕ ਦਿਖਾਈ ਗਈ।

# ਸਰ ਮਾਰਸ਼ਲ ਸਕੂਲ ਬੈਂਸ ਅਵਾਨ 'ਚ ਗਤੀਵਿਧੀ ਦਿਵਸ ਮਨਾਇਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਰ ਮਾਰਸ਼ਲ ਸਕੂਲ ਬੈਂਸ ਅਵਾਨ ਵਿੱਚ ਚੇਅਰਮੈਨ ਰਜਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਿੰਸੀਪਲ ਕੁਲਵੀਰ ਸਿੰਘ ਦੀ ਅਗਵਾਈ ਵਿੱਚ ਗਤੀਵਿਧੀਆਂ ਦਿਵਸ ਮਨਾਇਆ ਗਿਆ



ਜਿਸ ਵਿੱਚ ਸਕੂਲ ਦੇ ਵੱਖ-ਵੱਖ ਕਲੱਬਾਂ ਦੀਆ ਗਤੀਵਿਧੀਆਂ ਕਰਵਾਈਆਂ ਗਈਆਂ। ਹੈਰੀਟੇਜ ਕਲੱਬ ਵੱਲੋਂ ਵਿਦਿਆਰਥੀਆਂ ਲਈ ਪਗੜੀ ਬੰਨਣ ਲਈ ਟ੍ਰੇਨਿੰਗ ਸੈਸ਼ਨ ਕਰਵਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਹੁਮ ਹੁਮਾ ਕੇ ਹਿੱਸਾ ਲਿਆ। ਇਸ ਮੌਕੇ ਮਾਹਰ ਦਸਤਾਰ ਕੋਚ ਵੱਲੋਂ ਬੱਚਿਆਂ ਨੂੰ ਬਾਰੀਕੀ ਨਾਲ ਪਗੜੀ ਬੰਨਣ ਦੇ ਨਿਯਮ ਸਿਖਾਏ ਗਏ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਰ ਮਾਰਸ਼ਲ ਐਜੂਕੇਸ਼ਨ ਸੁਸਾਇਟੀ ਦੇ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਨੇ ਪਗੜੀ ਸਿਖਲਾਈ ਕੈਂਪ ਦੀ ਸ਼ਲਾਘਾ ਕਰਦਿਆਂ ਬੱਚਿਆਂ ਨੂੰ ਪੱਗ ਦੀ ਮਹੱਤਤਾ ਅਤੇ ਇਸ ਦੇ ਗੌਰਵਮਈ ਇਤਿਹਾਸ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਸਮੂਹ ਵਿਦਿਆਰਥੀਆਂ ਨੂੰ ਦਸਤਾਰ ਸਜਾਉਣ ਲਈ ਉਤਸ਼ਾਹਿਤ ਕੀਤਾ।ਇਸ ਤੋਂ ਇਲਾਵਾ ਰੀਡਿੰਗ ਕਲੱਬ ਨੇ ਹਿਡਨ ਵਰਡ ਚੈਲੰਜ ਗਤੀਵਿਧੀ ਕਰਵਾਈ। ਹੈਲਥ ਐਂਡ ਵੈਲਨੈਸ ਕਲੱਬ ਨੇ ਯੋਗਾ ਗਤੀਵਿਧੀ ਕਰਵਾਈ। ਸਪੋਰਟਸ ਕਲੱਬ ਨੇ ਬਾਸਕਟ ਬਾਲ ਦੇ ਮੁਕਾਬਲੇ ਕਰਵਾਏ ਅਤੇ ਈਕੋ ਕਲੱਬ ਨੇ ਪੌਦੇ ਲਗਾ ਕੇ ਵਾਤਾਵਰਨ ਨੂੰ ਬਚਾਉਣ ਦਾ ਸੁਨੇਹਾ ਦਿੱਤਾ। ਪ੍ਰਿੰਸੀਪਲ ਕੁਲਵੀਰ ਸਿੰਘ ਨੇ ਦੱਸਿਆ ਕਿ ਸਕੂਲ ਵਿੱਚ ਚੱਲ ਰਹੇ ਵੱਖ-ਵੱਖ ਕਲੱਬ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਹਰ ਮਹੀਨੇ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਦਾ ਆਯੋਜਨ ਕਰਦੇ ਹਨ ਜਿਹਨਾਂ ਵਿੱਚ ਸਾਰੇ ਹੀ ਵਿਦਿਆਰਥੀ ਵੱਧ ਚੜ ਕੇ ਹਿੱਸਾ ਲੈਂਦੇ ਹਨ। ਇਸ ਮੌਕੇ ਸੰਸਥਾ ਦੇ ਵਾਈਸ ਚੇਅਰਮੈਨ ਸਰਦਾਰ ਕੁਲਵੰਤ ਸਿੰਘ ਮਾਰਸ਼ਲ ਤੋਂ ਇਲਾਵਾ ਸਟਾਫ ਮੈਂਬਰ ਮਨੀਸ਼ ਸਿੰਘ, ਸਿਮਰਨਜੀਤ ਕੌਰ ,ਪ੍ਰਿਅੰਕਾ, ਕੋਮਲ, ਚਰਨਜੀਤ ਕੌਰ, ਅਮਨਪ੍ਰੀਤ ਕੌਰ, ਅਮਨਦੀਪ ਕੌਰ, ਅੰਮ੍ਰਿਤ ਕੌਰ, ਮਨਦੀਪ ਕੌਰ, ਟੀਨਾ ਸ਼ਰਮਾ, ਰਣਜੀਤ ਕੌਰ, ਮਨਪ੍ਰੀਤ, ਪਰਵੀਨ ਕੌਰ, ਸੁਮਨ ਸ਼ਰਮਾ ਆਦਿ ਮੌਜੂਦ ਸਨ।

# ਹਵਾ ਪ੍ਰਦੂਸ਼ਣ ਤੇ ਫੇਫੜਿਆਂ ਦੀ ਸਿਹਤ ਸਬੰਧੀ ਜਾਗਰੂਕਤਾ ਪ੍ਰੋਗਰਾਮ

**ਕਰਤਾਰਪੁਰ (ਹਰਮੇਸ਼ ਦੱਤ)**- ਸਿਵਲ ਸਰਜਨ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵਿੰਦਰ ਕੌਰ ਦੀ ਅਗਵਾਈ ਹੇਠ ਸੀ ਐਚ ਸੀ ਕਰਤਾਰਪੁਰ ਵਿਖੇ ਫੀਲਡ ਸਟਾਫ ਲਈ ਹਵਾ ਪ੍ਰਦੂਸ਼ਣ ਅਤੇ ਫੇਫੜਿਆਂ ਦੀ ਸਿਹਤ ਸੰਬੰਧੀ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਲੰਗ ਕੇਅਰ ਫਾਊਂਡੇਸ਼ਨ ਵੱਲੋਂ ਸ੍ਰੀਮਤੀ ਰਿਤਵਿਕਾ ਅਤੇ ਸ੍ਰੀਮਤੀ ਹ੍ਰਿਤਿਕਾ ਨੇ ਸਿਹਤ ਵਿਭਾਗ ਦੇ ਫੀਲਡ ਸਟਾਫ ਨੂੰ ਹਵਾ ਪ੍ਰਦੂਸ਼ਣ ਦੇ ਸਰੀਰ, ਖ਼ਾਸ ਕਰਕੇ ਫੇਫੜਿਆਂ ਉੱਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ



ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਵਧਦਾ ਹਵਾ ਪ੍ਰਦੂਸ਼ਣ ਦਮਾ, ਸੀ ਓ ਪੀ ਡੀ , ਫੇਫੜਿਆਂ ਦੇ ਇਨਫੈਕਸ਼ਨ ਅਤੇ ਹੋਰ ਸਾਹ ਸੰਬੰਧੀ ਬਿਮਾਰੀਆਂ ਦਾ ਇੱਕ ਵੱਡਾ ਕਾਰਨ ਬਣ ਰਿਹਾ ਹੈ। ਸੈਸ਼ਨ ਦੌਰਾਨ ਫੀਲਡ ਸਟਾਫ ਨੂੰ ਘਰ-ਘਰ ਜਾ ਕੇ ਲੋਕਾਂ ਨੂੰ ਸਾਫ਼ ਹਵਾ ਦੇ ਮਹੱਤਵ, ਧੂੰਏਂ ਤੋਂ ਬਚਾਅ, ਕੂੜਾ ਨਾ ਸਾੜਨ, ਤੰਬਾਕੂਨੋਸ਼ੀ ਤੋਂ ਦੂਰ ਰਹਿਣ, ਘਰਾਂ ਵਿੱਚ ਸਹੀ ਹਵਾਦਾਰੀ ਬਣਾਈ ਰੱਖਣ ਅਤੇ ਸਾਹ ਨਾਲ ਸੰਬੰਧਿਤ ਲੱਛਣਾਂ ਦੀ ਸਮੇਂ ਸਿਰ ਜਾਂਚ ਕਰਵਾਉਣ ਲਈ ਪ੍ਰੇਰਿਤ ਕਰਨ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਟੀਬੀ , ਲੰਬੇ ਸਮੇਂ ਦੀ ਖੰਘ ਅਤੇ ਹੋਰ ਫੇਫੜਿਆਂ ਦੀਆਂ ਬਿਮਾਰੀਆਂ ਦੀ ਛੇਤੀ ਪਛਾਣ ਅਤੇ ਲੋੜਵੰਦ ਮਰੀਜ਼ਾਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਰੈਫਰ ਕਰਨ ਦੀ ਅਹਿਮੀਅਤ ਉੱਤੇ ਵੀ ਚਰਚਾ ਕੀਤੀ ਗਈ।ਸੀਨੀਅਰ ਮੈਡੀਕਲ ਅਫ਼ਸਰ ਡਾ. ਰਵਿੰਦਰ ਕੌਰ ਨੇ ਕਿਹਾ ਕਿ ਸਿਹਤ ਕਰਮਚਾਰੀ ਸਮਾਜ ਵਿੱਚ ਸਿਹਤ ਜਾਗਰੂਕਤਾ ਫੈਲਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੂੰ ਦਿੱਤੀ ਗਈ ਇਹ ਜਾਣਕਾਰੀ ਲੋਕਾਂ ਤੱਕ ਪਹੁੰਚਾ ਕੇ ਹਵਾ ਪ੍ਰਦੂਸ਼ਣ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਜਾ ਸਕਦਾ ਹੈ।ਇਸ ਜਾਗਰੂਕਤਾ ਪ੍ਰੋਗਰਾਮ ਦੇ ਪ੍ਰਬੰਧ ਬਲਾਕ ਐਕਸਟੈਂਸ਼ਨ ਐਜੂਕੇਟਰ ਹਿਮਾਲਿਆ ਪ੍ਰਕਾਸ਼ ਵੱਲੋਂ ਕੀਤੇ ਗਏ। ਪ੍ਰੋਗਰਾਮ ਦੌਰਾਨ ਹਾਜ਼ਰ ਸਿਹਤ ਕਰਮਚਾਰੀਆਂ ਨੇ ਵਿਸ਼ੇਸ਼ਗਿਆਨਾਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਆਪਣੇ ਸਵਾਲਾਂ ਦੇ ਜਵਾਬ ਪ੍ਰਾਪਤ ਕਰਕੇ ਸਮਾਜ ਵਿੱਚ ਪ੍ਰਭਾਵਸ਼ਾਲੀ ਸਿਹਤ ਜਾਗਰੂਕਤਾ ਫੈਲਾਉਣ ਦਾ ਸੰਕਲਪ ਲਿਆ।

# ਮਾਤਾ ਜਗੀਰ ਕੌਰ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ

**ਨੰਗਲ (ਸੁਰਜੀਤ ਸਿੰਘ ਢੇਰ)**- ਪ੍ਰੈੱਸ ਕਲੱਬ ਨੰਗਲ ਡੈਮ ਦੇ ਪ੍ਰਧਾਨ ਗੁਰਭਾਗ ਸਿੰਘ ਦੀ ਮਾਤਾ ਜਗੀਰ ਕੌਰ 75 ਪਤਨੀ ਮਹਿੰਦਰ ਸਿੰਘ ਨੰਬਰਦਾਰ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸ਼ਹੀਦੀ ਬਾਗ ਮਜਾਰੀ ਵਿਖੇ ਹੋਇਆ।



ਇਸ ਮੌਕੇ ਤੇ ਵੱਖ ਵੱਖ ਆਗੂਆਂ, ਧਾਰਮਿਕ ਸਖਸ਼ੀਅਤਾਂ ਨੇ ਮਾਤਾ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ। ਮਾਤਾ ਜੀ ਬੀਤੇ ਦਿਨੀਂ ਸਾਹ ਦੀ ਗਤੀ ਰੁਕਣ ਕਾਰਨ ਸਦੀਵੀ ਵਿਛੋੜਾ ਦੇ ਗਏ ਸਨ। ਨੰਬਰਦਾਰ ਪਰਿਵਾਰ ਇਲਾਕੇ ਵਿੱਚ ਨਾਮੀ ਪਰਵਾਰਾਂ ਵਿੱਚ ਗਿਣਿਆ ਜਾਂਦਾ ਹੈ। ਇਸ ਮੌਕੇ ਤੇ ਮਾਤਾ ਜੀ ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਨੈਣਾ ਦੇਵੀ ਦੇ ਵਿਧਾਇਕ ਰਣਧੀਰ ਸ਼ਰਮਾ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਸੰਜੀਵ ਗੌਤਮ, ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਅਕਾਲੀ ਦਲ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਮੋਹਨ ਸਿੰਘ ਢਾਹੇ , ਦਿੱਲੀ ਐਸ ਜੀ ਪੀ ਸੀ ਦੇ ਸਾਬਕਾ ਪ੍ਰਧਾਨ ਕੁਲਵੰਤ ਸਿੰਘ ਬਾਂਠ, ਹਕੀਮ ਹਰਮਿੰਦਰ ਪਾਲ ਸਿੰਘ ਮਨਿਹਾਸ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਮਾਤਾ ਜਗੀਰ ਕੌਰ ਬਹੁਤ ਹੀ ਮਿਲਣਸਾਰ ਮਿਲਾਪੜੇ ਸੁਭਾਅ ਦੇ ਮਾਲਕ ਸਨ। ਉਨ੍ਹਾਂ ਨੇ ਆਪਣੇ ਬੱਚਿਆਂ ਨੂੰ ਵਧੀਆ ਸੰਸਾਰਕ ਗੁਣ ਦਿੱਤੇ। ਇਸ ਮੌਕੇ ਤੇ ਸੋਹਣ ਸਿੰਘ ਬੈਂਸ, ਕਾਂਗਰਸ ਦੇ ਸਕਤਰ ਡਾਕਟਰ ਰਵਿੰਦਰ ਦੀਵਾਨ, ਖੱਤਰੀ ਬੋਰਡ ਦੇ ਚੇਅਰਮੈਨ ਦੀਪਕ ਸੋਨੀ , ਐਕਸਨ ਬੀ ਬੀ ਐੱਮ ਬੀ ਗੁਰਚਰਨ ਸਿੰਘ, ਲਾਅ ਆਫੀਸਰ ਹਰਪ੍ਰੀਤ ਸਿੰਘ, ਇੰਜੀਨੀਅਰ ਇਕਬਾਲ ਸਿੰਘ, ਮਾਸਟਰ ਜਸਵੰਤ ਸਿੰਘ , ਚੀਫ ਇੰਜੀਨੀਅਰ ਬੀ ਬੀ ਐੱਮ ਬੀ ਸੀ ਪੀ ਸਿੰਘ, ਐਕਸਨ ਬਾਸੂ , ਸਾਬਕਾ ਡੀਐੱਮ ਮੰਡੀ ਬੋਰਡ ਗੁਰਭਜਨ ਸਿੰਘ ਔਲਖ , ਮੰਡੀ ਬੋਰਡ ਡੀ ਐੱਮ ਗ਼ਗਨਦੀਪ ਸਿੰਘ , ਸਾਬਕਾ ਐਕਸਨ ਰਣਜੀਤ ਸਿੰਘ ਨਾਗਰਾ , ਪੱਤਰਕਾਰ ਅਤੇ ਇਤਿਹਾਸਕਾਰ ਸ਼ਮਸ਼ੇਰ ਸਿੰਘ ਡੂਮੇਵਾਲ, ਸਾਬਕਾ ਥਾਣੇਦਾਰ ਹਰਜੀਤ ਸਿੰਘ ਮੂਸਾਪੁਰ, ਥਾਣੇਦਾਰ ਸਰਤਾਜ ਸਿੰਘ, ਐਨ ਆਰ ਆਈ ਹਰਜੀਤ ਸਿੰਘ ਖੱਟੜਾ, ਸਾਬਕਾ ਬਲੋਕ ਸੰਮਤੀ ਮੈਂਬਰ ਕੇਹਰ ਸਿੰਘ ਮਾਂਗੇਵਾਲ, ਪੱਤਰਕਾਰ ਅਭੀ ਰਾਣਾ, ਪੱਤਰਕਾਰ ਜਰਨੈਲ ਸਿੰਘ ਨੀਕੂਵਾਲ , ਪੱਤਰਕਾਰ ਸਤਨਾਮ ਸਿੰਘ ਸ਼ੇਰਾ, ਪੱਤਰਕਾਰ ਕੁਲਦੀਪ ਸ਼ਰਮਾ, ਪੱਤਰਕਾਰ ਦਲਜੀਤ ਅਰੋੜਾ, ਪੱਤਰਕਾਰ ਸੁਪਿੰਦਰ ਜੈਜੀ, ਪੱਤਰਕਾਰ ਕੁਲਵਿੰਦਰਜੀਤ ਸਿੰਘ ਭਾਟੀਆ , ਸਵਰਨ ਸਿੰਘ ਲੰਬੜਦਾਰ, ਹਰਪਾਲ ਸਿੰਘ, ਸਰਪੰਚ ਭੁਪਿੰਦਰ ਕੌਰ, ਨੰਬਰਦਾਰ ਹਰਪ੍ਰੀਤ ਕੌਰ ਜਿੰਦਬੜੀ, ਇੰਦਰਜੀਤ ਸਿੰਘ ਫੋਜੀ ਸਮੇਤ ਇਲਾਕੇ ਦੀਆਂ ਸ਼ਖ਼ਸੀਅਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਮੀਟਰ ਰੀਡਰਾਂ ਦੀ ਹੜਤਾਲ ਨੇ ਵਧਾਈ ਲੋਕਾਂ ਦੀ ਚਿੰਤਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਵਿੱਚ ਬਿਜਲੀ ਮੀਟਰ ਰੀਡਰਾਂ ਦੀ ਚੱਲ ਰਹੀ ਹੜਤਾਲ ਹੁਣ ਸਿੱਧੇ ਤੌਰ 'ਤੇ ਆਮ ਲੋਕਾਂ ਲਈ ਚਿੰਤਾ ਦਾ ਕਾਰਨ ਬਣਦੀ ਜਾ ਰਹੀ ਹੈ। ਇੱਕ ਪਾਸੇ ਸੂਬੇ ਵਿੱਚ ਅਸਹਿਣਯੋਗ ਗਰਮੀ ਪੈ ਰਹੀ ਹੈ ਅਤੇ ਲੋਕਾਂ ਨੂੰ ਆਪਣੇ ਘਰਾਂ ਵਿੱਚ ਏਸੀ, ਕੂਲਰ ਅਤੇ ਹੋਰ ਬਿਜਲੀ ਉਪਕਰਨ ਲਗਾਤਾਰ ਚਲਾਉਣੇ ਪੈ ਰਹੇ ਹਨ, ਦੂਜੇ ਪਾਸੇ ਮੀਟਰਾਂ ਦੀ ਸਮੇਂ ਸਿਰ ਰੀਡਿੰਗ ਨਾ ਹੋਣ ਕਾਰਨ ਖਪਤਕਾਰਾਂ ਵਿੱਚ ਇਹ ਡਰ ਵਧਦਾ ਜਾ ਰਿਹਾ ਹੈ ਕਿ ਕਿਤੇ ਦੋ ਮਹੀਨਿਆਂ ਦੀ ਇਕੱਠੀ ਰੀਡਿੰਗ ਉਨ੍ਹਾਂ ਨੂੰ 600 ਯੂਨਿਟ ਦੀ ਸੀਮਾ ਤੋਂ ਉੱਪਰ ਨਾ ਲੈ ਜਾਵੇ।ਪੰਜਾਬ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਨੂੰ 600 ਯੂਨਿਟ ਤੱਕ ਮੁਫ਼ਤ ਬਿਜਲੀ ਦੀ ਸਹੂਲਤ ਦਿੱਤੀ ਜਾਂਦੀ ਹੈ। ਪਰ ਜੇਕਰ ਮੀਟਰ ਰੀਡਿੰਗ ਹੜਤਾਲ ਕਾਰਨ ਸਮੇਂ ਸਿਰ ਨਾ ਹੋਵੇ ਅਤੇ ਖਪਤ ਇੱਕੋ ਵਾਰ ਦਰਜ ਕੀਤੀ ਜਾਵੇ, ਤਾਂ ਬਹੁਤ ਸਾਰੇ ਖਪਤਕਾਰਾਂ ਨੂੰ ਇਹ ਡਰ ਹੈ ਕਿ ਉਹ ਇਸ ਸੀਮਾ ਤੋਂ ਉੱਪਰ ਚਲੇ ਜਾਣਗੇ ਅਤੇ ਉਨ੍ਹਾਂ ਨੂੰ ਹਜ਼ਾਰਾਂ ਰੁਪਏ ਦੇ ਬਿਜਲੀ ਬਿੱਲ ਭਰਨੇ ਪੈ ਸਕਦੇ ਹਨ।ਲੋਕਾਂ ਦਾ ਕਹਿਣਾ ਹੈ ਕਿ ਉਹ ਨਾ ਤਾਂ ਹੜਤਾਲ ਲਈ ਜ਼ਿੰਮੇਵਾਰ ਹਨ ਅਤੇ ਨਾ ਹੀ ਰੀਡਿੰਗ ਵਿੱਚ ਹੋ ਰਹੀ ਦੇਰੀ ਲਈ। ਫਿਰ ਆਖਿਰ ਇਸ ਸਥਿਤੀ ਦਾ ਆਰਥਿਕ ਬੋਝ ਆਮ ਖਪਤਕਾਰਾਂ 'ਤੇ ਕਿਉਂ ਪਾਇਆ ਜਾਵੇ ? ਲੋਕਾਂ ਦਾ ਮੰਨਣਾ ਹੈ ਕਿ ਜੇਕਰ ਪ੍ਰਸ਼ਾਸਨਿਕ ਕਾਰਨਾਂ ਕਰਕੇ ਰੀਡਿੰਗ ਸਮੇਂ ਸਿਰ ਨਹੀਂ ਹੋ ਸਕੀ ਤਾਂ ਇਸ ਦਾ ਨੁਕਸਾਨ ਜਨਤਾ ਨੂੰ ਨਹੀਂ ਝੱਲਣਾ ਚਾਹੀਦਾ।ਖਪਤਕਾਰਾਂ ਨੇ ਪੰਜਾਬ ਸਰਕਾਰ ਅਤੇ ਪਾਵਰਕਾਮ ਤੋਂ ਮੰਗ ਕੀਤੀ ਹੈ ਕਿ ਮੀਟਰ ਰੀਡਰਾਂ ਦੀ ਹੜਤਾਲ ਦਾ ਜਲਦ ਤੋਂ ਜਲਦ ਹੱਲ ਕੱਢਿਆ ਜਾਵੇ।

## ਅੱਗਰਵਾਲ ਭਲਾਈ ਬੋਰਡ ਦੇ ਚੇਅਰਮੈਨ ਭੀਮ ਗਰਗ ਦਾ ਸਨਮਾਨ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਪੰਜਾਬ ਸਰਕਾਰ ਵੱਲੋਂ ਸਮਾਜਿਕ ਤਾਣੇ-ਬਾਣੇ ਨੂੰ ਮਜ਼ਬੂਤ ਕਰਨ ਤੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਹਾਲ ਹੀ ਵਿੱਚ ਅੱਗਰਵਾਲ ਭਲਾਈ ਬੋਰਡ ਹਲਕਾ ਧੂਰੀ ਦੇ ਚੇਅਰਮੈਨ ਵਜੋਂ ਨਿਯੁਕਤ ਕੀਤੇ ਗਏ ਭੀਮ ਗਰਗ ਦਾ ਸਥਾਨਕ ਆਗੂਆਂ ਤੇ ਪਤਵੰਤੇ ਸੱਜਣਾਂ ਵੱਲੋਂ ਭਰਵਾਂ ਸਨਮਾਨ ਕੀਤਾ ਗਿਆ।ਇਸੇ ਦੌਰਾਨ ਕੌਂਸਲਰ ਸੰਦੀਪ ਸੋਨੀ ਬਾਂਸਲ, ਸਾਬਕਾ ਕੌਂਸਲਰ ਦਰਸ਼ਨ ਕੁਮਾਰ ਗਰਗ ਤੇ ਮੁਨੀਸ਼ ਕੁਮਾਰ ਨੇ ਨਵ-ਨਿਯੁਕਤ ਚੇਅਰਮੈਨ ਭੀਮ ਗਰਗ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਇਸ ਵੱਕਾਰੀ ਜ਼ਿੰਮੇਵਾਰੀ ਲਈ ਵਧਾਈ ਦਿੱਤੀ।ਇਸ ਮੌਕੇ ਹਾਜ਼ਰ ਆਗੂਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਭੀਮ ਗਰਗ ਵਰਗੀ ਮਿਹਨਤੀ ਤੇ ਸੂਝਵਾਨ ਸ਼ਖ਼ਸੀਅਤ ਨੂੰ ਇਸ ਅਹੁਦੇ 'ਤੇ ਤਾਇਨਾਤ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ।ਉਨ੍ਹਾਂ ਕਿਹਾ ਕਿ ਸ੍ਰੀ ਭੀਮ ਗਰਗ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਮੋਹਰੀ ਰਹੇ ਹਨ।ਉਨ੍ਹਾਂ ਦੀ ਅਗਵਾਈ ਹੇਠ ਅੱਗਰਵਾਲ ਭਲਾਈ ਬੋਰਡ ਨਾ ਸਿਰਫ਼ ਅੱਗਰਵਾਲ ਸਮਾਜ ਦੀਆਂ ਮੁਸ਼ਕਲਾਂ ਨੂੰ ਹੱਲ ਕਰੇਗਾ, ਸਗੋਂ ਹਲਕਾ ਧੂਰੀ ਦੇ ਸਰਬਪੱਖੀ ਵਿਕਾਸ ਵਿੱਚ ਵੀ ਆਪਣਾ ਵੱਡਾ ਯੋਗਦਾਨ ਪਾਵੇਗਾ।ਆਪਣੇ ਸਨਮਾਨ ਤੋਂ ਬਾਅਦ ਚੇਅਰਮੈਨ ਭੀਮ ਗਰਗ ਨੇ ਸਾਰੇ ਆਗੂਆਂ ਤੇ ਇਲਾਕਾ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ ਦਿੱਲੀ ਮਹਾਂ ਰੈਲੀ ਦੀਆਂ ਤਿਆਰੀਆਂ ਜਾਰੀ



ਰਾਏਕੋਟ (ਸੰਤੋਖ ਗਿੱਲ/ਇਕਬਾਲ ਸਿੰਘ)-ਕਿਸਾਨ ਜਥੇਬੰਦੀਆਂ ਦੇ ਸਾਂਝੇ ਮੰਚ ਦੇਸ਼ ਬਚਾਓ ਮੋਰਚਾ ਦੇ ਸੱਦੇ 'ਤੇ 21 ਜੁਲਾਈ ਨੂੰ ਦਿੱਲੀ ਦੇ ਕਿਸਾਨ ਘਾਟ ਵਿੱਚ ਹੋਣ ਵਾਲੀ ਮਹਾਂਰੈਲੀ ਦੀਆਂ ਤਿਆਰੀਆਂ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ।ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੀ ਮੀਟਿੰਗ ਬੁਢੇਲ ਚੌਕ (ਭੌਰਾ ਸਾਹਿਬ) ਨੇੜੇ ਜ਼ਿਲ੍ਹਾ ਖ਼ਜ਼ਾਨਚੀ ਅਮਰੀਕ ਸਿੰਘ ਤਲਵੰਡੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ ਹੋਣ ਵਾਲੀ ਮਹਾਂਰੈਲੀ ਵਿੱਚ ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਕਾਫ਼ਲੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਇਹ ਸਮਝੌਤਾ ਖੇਤੀਬਾੜੀ, ਡੇਅਰੀ, ਪੋਲਟਰੀ ਤੇ ਹੋਰ ਆਰਥਿਕ ਖੇਤਰਾਂ ਲਈ ਘਾਤਕ ਹੈ, ਜਿਸ ਕਾਰਨ ਇਸ ਨੂੰ ਰੱਦ ਕਰਵਾਉਣ ਲਈ ਦੇਸ਼-ਪੱਧਰੀ ਸੰਘਰਸ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਨਾਲ ਸਬੰਧਤ ਘਟਨਾਵਾਂ 'ਤੇ ਅਧਾਰਤ ਫ਼ਿਲਮ ਸਤਲੁਜ 'ਤੇ ਲੱਗੀ ਪਾਬੰਦੀ ਹਟਾਉਣ ਦੀ ਮੰਗ ਕੀਤੀ।ਮੀਟਿੰਗ ਵਿੱਚ ਪੰਥੀਆਂ ਪਿੰਡ ਦੇ ਸਾਬਕਾ ਸਰਪੰਚ ਜਗਦੀਸ਼ ਸਿੰਘ ਦੀ ਅਵਾਰਾ ਕੁੱਤਿਆਂ ਦੇ ਹਮਲੇ ਵਿੱਚ ਹੋਈ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਪਿੰਡ ਵਿੱਚ ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਤੁਰੰਤ ਹੱਲ ਕਰਨ ਦੀ ਮੰਗ ਕੀਤੀ ਗਈ।ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜਸਵੰਤ ਸਿੰਘ ਮਾਨ, ਜਥੇਦਾਰ ਗੁਰਮੇਲ ਸਿੰਘ ਢੱਟ, ਰਣਜੀਤ ਸਿੰਘ ਗੁੜ੍ਹੇ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ।

## ਇੰਟੀਗ੍ਰੇਟਿਡ ਸਕੂਲ ਵਿਖੇ ਪੌਦੇ ਲਗਾਉਣ ਦੀ ਮੁਹਿੰਮ ਸ਼ੁਰੂ



ਕੋਟ ਈਸੇ ਖਾਂ (ਅੰਜੂ ਡਾ)-ਸਾਵਣ ਮਹੀਨੇ ਦੇ ਸ਼ੁਰੂਆਤ ਮੌਕੇ ਇੰਟੀਗ੍ਰੇਟਿਡ ਕਾਨਵੈਂਟ ਸਕੂਲ ਖੋਸਾ ਕੋਟਲਾ (ਮੋਗਾ) ਵਿਖੇ ਵਿਦਿਆਰਥੀਆਂ ਵੱਲੋਂ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੰਦਿਆਂ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ਾਨਦਾਰ ਸ਼ੁਰੂਆਤ ਕੀਤੀ ਗਈ।ਇਸ ਮੌਕੇ ਸੰਤ ਗਿਆਨੀ ਗੁਰਮੀਤ ਸਿੰਘ ਮੁੱਖ ਮਹਿਮਾਨ ਵਜੋਂ ਪਹੁੰਚੇ।ਉਨ੍ਹਾਂ ਆਪਣੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਰੁੱਖ ਲਗਾਉਣਾ ਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ।ਇਸ ਸਮਾਗਮ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀ.ਈ.ਓ.) ਨਿਸ਼ਾਨ ਸਿੰਘ, ਹੈੱਡ ਕਾਂਸਟੇਬਲ ਸਰਬਜੀਤ ਸਿੰਘ, ਸੇਵਾਮੁਕਤ ਪ੍ਰਿੰਸੀਪਲ ਰਾਜੇਸ਼ ਗਰਗ ਤੇ ਤਰਸੇਮ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਸਾਰੇ ਮਹਿਮਾਨਾਂ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਾਤਾਵਰਣ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਸੰਦੇਸ਼ ਦਿੱਤਾ।ਸਕੂਲ ਦੇ ਚੇਅਰਮੈਨ ਚੰਦ ਸਿੰਘ ਤੇ ਪ੍ਰਿੰਸੀਪਲ ਮਨਦੀਪ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਸਕੂਲ ਦੇ ਸਮੂਹ ਸਟਾਫ਼, ਵਿਦਿਆਰਥੀਆਂ ਤੇ ਮਹਿਮਾਨਾਂ ਨੇ ਮਿਲ ਕੇ ਸਕੂਲ ਕੈਂਪਸ ਵਿੱਚ ਵੱਖ-ਵੱਖ ਕਿਸਮ ਦੇ ਬੂਟੇ ਲਗਾਏ ਤੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਕਲਪ ਲਿਆ।ਸਮਾਗਮ ਦੇ ਅੰਤ ਵਿੱਚ ਸਕੂਲ ਦੇ ਸਮੂਹ ਸਟਾਫ਼ ਨੇ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਦਾ ਅਹਿਦ ਕੀਤਾ।

## ਪਿਤਾ ਦੀ ਯਾਦ 'ਚ ਸਕੂਲ ਨੂੰ ਏ ਸੀ ਭੇਟ



ਨਾਭਾ (ਅਮਨ ਗਰਗ)-ਸਰਕਾਰੀ ਪ੍ਰਾਇਮਰੀ ਸਕੂਲ ਕੋਟਲੀ ਬਲਾਕ ਬਾਬਰਪੁਰ ਨਾਭਾ ਜ਼ਿਲ੍ਹਾ ਪਟਿਆਲਾ ਵਿੱਚ ਪੜ੍ਹਦੇ ਬੱਚਿਆਂ ਲਈ ਐੱਨ ਆਰ ਆਈ ਬੰਟੂ ਕੁਮਾਰ ਦੇ ਸਮੂਹ ਪਰਵਾਰ ਪਿੰਡ ਕੋਟਲੀ ਨੇ ਆਪਣੇ ਪਿਤਾ ਸਵਰਗਵਾਸੀ ਧਰਮ ਸਿੰਘ ਦੀ ਯਾਦ ਵਿੱਚ ਪੜ੍ਹਦੇ ਬੱਚਿਆਂ ਲਈ ਏ ਸੀ 1.5 ਟਨ ਲਗਵਾਇਆ ਗਿਆ, ਜਿਸ ਦਾ ਉਦਘਾਟਨ ਉਨ੍ਹਾਂ ਦੀ ਸਤਿਕਾਰਯੋਗ ਮਾਤਾ ਸ੍ਰੀਮਤੀ ਬਿਮਲਾ ਦੇਵੀ ਵੱਲੋਂ ਬਟਨ ਦਵਾ ਕੇ ਕੀਤਾ ਗਿਆ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਪੜ੍ਹਨ ਲਈ ਆਸਾਨੀ ਰਹੇ ਤੇ ਬੱਚੇ ਮਨ ਲਾ ਕੇ ਪੜ੍ਹਨ, ਇਸ ਲਈ ਸਕੂਲ ਵਿੱਚ ਏ ਸੀ ਲਗਵਾਇਆ ਗਿਆ ਹੈ।ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਸਟਾਫ਼ ਵੱਲੋਂ ਅਜਿਹੀ ਸੋਚ ਲਈ ਕੋਟਲੀ ਦਾ ਧੰਨਵਾਦ ਕੀਤਾ ਗਿਆ।ਇਸ ਸਮੇਂ ਮੈਡਮ ਰਜਨਾ ਅੰਕੁਸ਼, ਅਧਿਆਪਕ ਪ੍ਰਗਟ ਸਿੰਘ (ਸਕੂਲ ਇੰਚਾਰਜ), ਕੁਲਵਿੰਦਰ ਕੌਰ ਸਿੱਖਿਆ ਮਾਹਰ ਐੱਸ ਐੱਮ ਸੀ ਕਮੇਟੀ, ਆਂਗਣਵਾੜੀ ਵਰਕਰ ਨਰਿੰਦਰ ਕੌਰ, ਨਿਰਮਲਾ ਦੇਵੀ ਹੈਲਪਰ, ਜਸਪਾਲ ਕੌਰ ਕੁੱਕ ਵਰਕਰ ਹਾਜ਼ਰ ਸਨ।

## ਬਾਬਾ ਤਿਲੋਕੇਵਾਲਾ ਵੱਲੋਂ ਰਵਿਦਾਸ ਮੰਦਰ ਲਈ ਚੈੱਕ ਭੇਟ



ਸਿਰਸਾ (ਸੁਰਿੰਦਰ ਪਾਲ ਸਿੰਘ)-ਸ੍ਰੀ ਗੁਰੂ ਰਵਿਦਾਸ ਸਭਾ ਪਿੰਡ ਝੋਰੜ ਰੋਹੀ ਦੇ ਸੇਵਕਾਂ ਵੱਲੋਂ ਗੁਰਦੁਆਰਾ ਸ੍ਰੀ ਨਿਰਮਲਸਰ ਸਾਹਿਬ ਤਿਲੋਕੇਵਾਲਾ ਵਿਖੇ ਪਹੁੰਚ ਕੇ ਦੁਨਿਆਵੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਬੋਲਦਿਆਂ ਗੁਰੂ ਰਵਿਦਾਸ ਸਭਾ ਝੋਰੜ ਰੋਹੀ ਦੇ ਪ੍ਰਧਾਨ ਜਸਵੰਤ ਸਿੰਘ ਨੇ ਕਿਹਾ ਕਿ ਪਿੰਡ ਤਿਲੋਕੇਵਾਲਾ ਦੇ ਗੁਰਦੁਆਰਾ ਨਿਰਮਲਸਰ ਸਾਹਿਬ ਦੇ ਮੁੱਖ ਸੇਵਾਦਾਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ ਵੱਲੋਂ ਸਾਡੀ ਕਮੇਟੀ ਨੂੰ ਲੰਗਰ ਸੇਵਾ ਲਈ 30 ਹਜ਼ਾਰ ਰੁਪਏ ਦਾ ਚੈੱਕ ਲੰਗਰ ਸੇਵਾ ਹਿੱਤ ਭੇਟ ਕੀਤਾ ਗਿਆ। ਇਸ ਮੌਕੇ ਉਨ੍ਹਾਂ ਗੁਰੂ ਰਵਿਦਾਸ ਮੰਦਰ ਕਮੇਟੀ ਵੱਲੋਂ ਬਾਬਾ ਤਿਲੋਕੇਵਾਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਜੀ ਸਮੇਂ-ਸਮੇਂ 'ਤੇ ਗੁਰੂ ਰਵਿਦਾਸ ਸਭਾ ਝੋਰੜ ਰੋਹੀ ਸਮੇਤ ਸਾਰੇ ਧਾਰਮਿਕ ਸਥਾਨਾਂ ਲਈ ਸਹਾਇਤਾ ਪ੍ਰਦਾਨ ਕਰਦੇ ਰਹਿੰਦੇ ਹਨ। ਗੁਰੂ ਰਵਿਦਾਸ ਮੰਦਰ ਕਮੇਟੀ ਦੇ ਖਜ਼ਾਨਚੀ ਮੰਗਤ ਰਾਮ ਨੇ ਸਾਡੇ ਪੱਤਰਕਾਰ ਨੂੰ ਦੱਸਿਆ ਕਿ ਪਿੰਡ ਝੋਰੜ ਰੋਹੀ ਵਿੱਚ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਸਭਾ ਵੱਲੋਂ ਹਰ ਸਾਲ ਖੇਡ ਟੂਰਨਾਮੈਂਟ ਕਰਵਾਏ ਜਾਂਦੇ ਹਨ। ਇਸ ਸਮੇਂ ਉਨ੍ਹਾਂ ਦੇ ਨਾਲ ਜਸਵੰਤ ਸਿੰਘ ਪੰਚ ਤੇ ਬੀਰਪਾਲ ਸਿੰਘ ਸਮੇਤ ਪਿੰਡ ਝੋਰੜ ਰੋਹੀ ਦੇ ਪੱਤਵੰਤੇ ਮੌਜੂਦ ਸਨ।

## ਬੀ ਬੀ ਐੱਸ ਬੀ ਕਾਨਵੈਂਟ ਸਕੂਲ ਨੇ ਬੈਡਮਿੰਟਨ 'ਚ ਮਾਰੀਆਂ ਮੱਲਾਂ



ਜਗਰਾਉਂ (ਅਮਿਤ ਖੰਨਾ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਬੀ ਬੀ ਐੱਸ ਬੀ ਕਾਨਵੈਂਟ ਸਕੂਲ ਸਿੱਧਵਾਂ ਬੇਟ, ਜੋ ਕਿ ਸਕੂਲ ਵਿੱਚ ਧਾਰਮਿਕ ਤੇ ਸੱਭਿਆਚਾਰਕ ਗਤੀਵਿਧੀਆਂ ਕਰਵਾਉਂਦੀ ਰਹਿੰਦੀ ਹੈ, ਇਸੇ ਲੜੀ ਤਹਿਤ ਇਸ ਸਕੂਲ ਦੇ ਵਿਦਿਆਰਥੀਆਂ ਨੇ ਬੈਡਮਿੰਟਨ 'ਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣਾ ਤੇ ਸਕੂਲ ਦਾ ਨਾਂਅ ਚਮਕਾਇਆ। ਸੱਤ ਪਾਲ ਮਿੱਤਲ ਸਕੂਲ ਲੁਧਿਆਣਾ ਵਿਖੇ ਹੋਏ ਮੈਚਾਂ ਵਿੱਚ ਬੀ ਬੀ ਐੱਸ ਬੀ ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਅੰਡਰ 19 ਲੜਕਿਆਂ ਨੇ ਦੂਜਾ ਸਥਾਨ ਤੇ ਅੰਡਰ 14 ਲੜਕਿਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਮਿਸਜ਼ ਮੋਨਾ ਠਾਕੁਰ ਨੇ ਬੱਚਿਆਂ ਦੀ ਉਨ੍ਹਾਂ ਦੇ ਮਾਪਿਆਂ ਤੇ ਡੀ ਪੀ ਅਧਿਆਪਕਾਂ ਦਾ ਖਾਸ ਤੌਰ 'ਤੇ ਧੰਨਵਾਦ ਕੀਤਾ ਤੇ ਹੋਰ ਬੱਚਿਆਂ ਨੂੰ ਵੀ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਨੇ ਇਸ ਉਪਲਬਧੀ ਦਾ ਸਿਹਰਾ ਸਕੂਲ ਪ੍ਰਿੰਸੀਪਲ ਮੈਡਮ ਨੂੰ ਦਿੱਤਾ।ਇਸ ਮੌਕੇ ਸਕੂਲ ਦੀ ਸਮੂਹ ਮੈਨੇਜਮੈਂਟ ਜਿਸ ਵਿੱਚ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ, ਗਗਨਦੀਪ ਬਾਵਾ ਜੀ ਖਾਸ ਤੌਰ 'ਤੇ ਮੌਜੂਦ ਸਨ।

## ਸਫ਼ਾਈ ਕਰਮਚਾਰੀਆਂ ਵੱਲੋਂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ

ਬਰੇਟਾ (ਰੀਤਵਾਲ)-ਸ਼ਹਿਰ ਦੇ ਨਗਰ ਕੌਂਸਲ ਦੇ ਸਫ਼ਾਈ ਕਰਮਚਾਰੀਆਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਵੱਡੀ ਗਿਣਤੀ ਵਿੱਚ ਕਰਮਚਾਰੀ ਹੱਥਾਂ ਵਿੱਚ ਬੈਨਰ ਤੇ ਤਖ਼ਤੀਆਂ ਫੜ ਕੇ ਸੜਕਾਂ 'ਤੇ ਉੱਤਰੇ ਤੇ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਗਟ ਕੀਤਾ। ਪ੍ਰਦਰਸ਼ਨਕਾਰੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਦੀਆਂ ਤਨਖ਼ਾਹਾਂ ਸਮੇਂ ਸਿਰ ਨਹੀਂ ਦਿੱਤੀਆਂ ਜਾ ਰਹੀਆਂ ਅਤੇ ਬਹੁਤ ਸਾਰੇ ਕਰਮਚਾਰੀ ਅਜੇ ਵੀ ਕੱਚੀ ਨੌਕਰੀ 'ਤੇ ਕੰਮ ਕਰ ਰਹੇ ਹਨ, ਜਿਨ੍ਹਾਂ ਨੂੰ ਪੱਕਾ ਕਰਨ ਦਾ ਵਾਅਦਾ ਕਈ ਸਾਲਾਂ ਤੋਂ ਪੂਰਾ ਨਹੀਂ ਹੋਇਆ।ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਕੰਮ ਦੌਰਾਨ ਲੋੜੀਂਦੇ ਸੁਰੱਖਿਆ ਸਾਧਨ (ਦਸਤਾਨੇ, ਮਾਸਕ, ਵਰਦੀ ਆਦਿ) ਵੀ ਮੁਹੱਈਆ ਨਹੀਂ ਕਰਵਾਏ ਜਾਂਦੇ, ਜਿਸ ਕਾਰਨ ਉਨ੍ਹਾਂ ਦੀ ਸਿਹਤ ਨੂੰ ਖ਼ਤਰਾ ਬਣਿਆ ਰਹਿੰਦਾ ਹੈ।ਪ੍ਰਦਰਸ਼ਨ ਦੌਰਾਨ ਕਰਮਚਾਰੀ ਯੂਨੀਅਨ ਦੇ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਜਲਦੀ ਹੀ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਪ੍ਰਸ਼ਾਸਨ ਵੱਲੋਂ ਹਾਲੇ ਤੱਕ ਇਸ ਮਾਮਲੇ 'ਤੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ।

# ਡਰੇਨ 'ਤੇ ਪੁਲ ਬਣਾਉਣ ਦੀ ਮੰਗ ਨੂੰ ਲੈ ਕੇ ਕਿਸਾਨਾਂ ਵੱਲੋਂ ਨਾਅਰੇਬਾਜ਼ੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਹਮੀਦੀ ਤੋਂ ਖੇਤਾਂ ਨੂੰ ਜਾਂਦੇ ਰੋਹੀ ਵਾਲੇ ਕੱਚੇ ਰਸਤੇ ਵਿਚਕਾਰ ਲੰਘਦੀ ਅੱਪ ਲਸਾੜਾ ਡਰੇਨ ਉੱਪਰ ਪੱਕਾ ਪੁਲ ਨਾ ਹੋਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਾਣਕਾਰੀ ਅਨੁਸਾਰ ਡਰੇਨ ਦੇ ਦੋਵੇਂ ਪਾਸੇ ਜ਼ਮੀਨ ਹੋਣ ਕਰਕੇ ਕਿਸਾਨਾਂ ਨੂੰ ਆਪਣੇ ਖੇਤਾਂ ਤੱਕ ਪਹੁੰਚਣ ਲਈ ਹਰ ਰੋਜ਼ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਸਮੱਸਿਆ ਨੂੰ ਲੈ ਕੇ ਇਕੱਠੇ ਹੋਏ ਕਿਸਾਨਾਂ ਨੇ ਸੰਬੰਧਤ ਵਿਭਾਗ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਤੁਰੰਤ ਪੱਕਾ ਪੁਲ ਬਣਾਉਣ ਦੀ ਮੰਗ ਕੀਤੀ।ਕਿਸਾਨਾਂ ਦਾ ਕਹਿਣਾ ਹੈ ਕਿ ਮਜਬੂਰੀਵੱਸ ਉਹ ਆਪਣੇ ਖਰਚੇ 'ਤੇ ਪੁਲੀਆਂ ਦੱਬ ਕੇ ਅਸਥਾਈ ਰਸਤਾ ਬਣਾਉਂਦੇ ਹਨ, ਤਾਂ ਜੋ ਵਾਹਨ ਖੇਤਾਂ ਤੱਕ ਪਹੁੰਚ ਸਕਣ। ਪਰ ਜਦੋਂ ਵੀ ਡਰੇਨ ਦੀ ਸਫ਼ਾਈ ਜਾਂ ਬਰਸਾਤ ਦਾ ਮੌਸਮ ਆਉਂਦਾ ਹੈ ਤਾਂ ਇਹ ਪੁਲੀਆਂ ਪੁੱਟ ਦਿੱਤੀਆਂ ਜਾਂਦੀਆਂ ਹਨ, ਜਿਸ ਨਾਲ ਸਾਰਾ ਰਸਤਾ ਬੰਦ ਹੋ ਜਾਂਦਾ ਹੈ।ਇਸ ਕਾਰਨ ਉਨ੍ਹਾਂ ਨੂੰ ਆਪਣੇ ਹੀ ਖੇਤਾਂ ਤੱਕ ਪਹੁੰਚਣ ਲਈ ਲਗਭਗ ਪੰਜ ਕਿਲੋਮੀਟਰ ਵਾਧੂ ਸਫ਼ਰ ਕਰਨਾ ਪੈਂਦਾ ਹੈ। ਕਿਸਾਨਾਂ ਨੇ ਦੋਸ਼ ਲਾਇਆ ਕਿ ਸਰਕਾਰਾਂ ਹਰ ਚੋਣ ਦੌਰਾਨ ਪਿੰਡਾਂ ਨੂੰ ਵਿਕਾਸ ਦੀਆਂ ਸਹੂਲਤਾਂ ਦੇਣ ਤੇ ਕੱਚੇ ਰਸਤਿਆਂ ਨੂੰ ਪੱਕੀਆਂ ਸੜਕਾਂ 'ਚ ਬਦਲਣ ਦੇ ਵਾਅਦੇ ਕਰਦੀਆਂ ਹਨ, ਪਰ ਹਮੀਦੀ ਦੇ ਕਿਸਾਨਾਂ ਦੀ ਇਹ ਬੁਨਿਆਦੀ ਮੰਗ ਦਹਾਕਿਆਂ ਤੋਂ ਫ਼ਾਈਲਾਂ 'ਚ ਹੀ ਦੱਬੀ ਪਈ ਹੈ।ਇਸ ਮੌਕੇ ਕਿਸਾਨ ਗੁਰਸੇਵਕ ਸਿੰਘ, ਤਰਸੇਮ ਸਿੰਘ, ਬਲਰਾਜ ਸਿੰਘ, ਗੁਰਮੀਤ ਸਿੰਘ, ਬਲਜੀਤ ਸਿੰਘ, ਅਮਨਦੀਪ ਸਿੰਘ, ਪਾਲ ਸਿੰਘ ਆਦਿ ਕਿਸਾਨਾਂ ਨੇ ਕਿਹਾ ਕਿ ਡਰੇਨ 'ਤੇ ਪੁਲ ਨਾ ਹੋਣ ਕਾਰਨ ਕਈ ਵਾਰ ਐਮਰਜੈਂਸੀ ਹਾਲਾਤਾਂ ਵਿੱਚ ਵੀ ਖੇਤਾਂ ਤੱਕ ਪਹੁੰਚਣਾ ਮੁਸ਼ਕਲ ਹੋ ਜਾਂਦਾ ਹੈ।ਕਿਸਾਨਾਂ ਨੇ ਦੱਸਿਆ ਕਿ ਉਹ ਇਸ ਮੁਸ਼ਕਲ ਨੂੰ ਲੈ ਕੇ ਪਿੰਡ ਦੇ ਸਰਪੰਚ ਉਮਨਦੀਪ ਸਿੰਘ ਸੋਹੀ ਨੂੰ ਮਿਲੇ ਸੀ।ਉਨ੍ਹਾਂ ਭਰੋਸਾ ਦਿੱਤਾ ਕਿ ਇਸ ਮਾਮਲੇ ਨੂੰ ਜਲਦੀ ਹੀ ਸੰਬੰਧਤ ਵਿਭਾਗਾਂ ਤੇ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਪੁਲ ਦੀ ਮਨਜ਼ੂਰੀ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

## ਕਿਸਾਨਾਂ-ਮਜ਼ਦੂਰਾਂ ਵੱਲੋਂ ਕਾਲਾਂਵਾਲੀ ਦੇ ਬਿਜਲੀ ਘਰ ਦਾ ਘਿਰਾਓ



ਸਿਰਸਾ (ਸੁਰਿੰਦਰ ਪਾਲ ਸਿੰਘ)-ਮੋਟਰਾਂ ਲਈ ਬਿਜਲੀ ਨਾ ਮਿਲਣ ਕਾਰਨ ਕਿਸਾਨਾਂ ਦੇ ਨਾਲ ਨਾਲ ਮਜ਼ਦੂਰ ਵੀ ਦਿਹਾੜੀ ਤੋਂ ਵਾਂਝੇ ਬੈਠੇ ਹਨ। ਇਹ ਕਹਿਣਾ ਹੈ ਕਾਲਾਂਵਾਲੀ ਖੇਤਰ ਦੇ ਮਜ਼ਦੂਰ ਆਗੂ ਜਸਦੇਵ ਸਿੰਘ ਉਰਫ ਨਿੱਕਾ ਦਾ। ਉਨ੍ਹਾ ਕਿਹਾ ਕਿ ਅੱਜ ਦੇ ਫਿਰਕੂ ਹਾਲਤਾਂ 'ਚ ਕਿਸਾਨ ਤੇ ਮਜ਼ਦੂਰ ਦੀ ਸਾਂਝ ਨੂੰ ਹੋਰ ਪਕੇਰਾ ਕਰਨ ਦੀ ਲੋੜ ਹੈ। ਜਸਦੇਵ ਸਿੰਘ ਨਿੱਕਾ ਨੇ ਕਿਹਾ ਕਿ ਬਿਜਲੀ ਸਪਲਾਈ ਨਾ ਹੋਣ ਕਾਰਨ ਝੋਨੇ ਵਾਲੇ ਖੇਤ ਤੱਪੜ ਬਣ ਗਏ ਹਨ। ਇਸੇ ਤਰ੍ਹਾਂ ਕਿਸਾਨ ਆਗੂ ਗੁਰਨਾਮ ਸਿੰਘ ਪੱਕਾ ਸ਼ਹੀਦਾਂ ਤੇ ਗੁਰਨਾਮ ਸਿੰਘ ਦੇਸੂ ਮੁਲਕਾਣਾ ਨੇ ਕਿਹਾ ਕਿ ਜਦੋਂ ਤੱਕ ਸਾਡੇ ਖੇਤਾਂ ਤੱਕ ਬਿਜਲੀ ਸਪਲਾਈ ਬਹਾਲ ਨਹੀਂ ਹੁੰਦੀ, ਅਸੀਂ ਬਿਜਲੀ ਘਰ ਅੱਗੇ ਧਰਨਾ ਜਾਰੀ ਰੱਖਾਂਗੇ। ਇਸ ਸਮੇਂ ਉਨ੍ਹਾਂ ਨਾਲ ਕਿਸਾਨ ਬਿੰਦਰ ਸਿੰਘ ਹਲਕਾ ਪ੍ਰਧਾਨ, ਰੇਸ਼ਮ ਸਿੰਘ, ਸੁਖਪਾਲ ਸਿੰਘ, ਜਸਪਾਲ ਸਿੰਘ, ਰਸ਼ਪਾਲ ਸਿੰਘ, ਸੋਹਣ ਸਿੰਘ ਪਾਲ ਸਿੰਘ, ਭੂਰਾ ਸਿੰਘ, ਸ਼ਮਸ਼ੇਰ ਸਿੰਘ, ਰਵਿੰਦਰ ਸਿੰਘ, ਨਰਿੰਦਰ ਸਿੰਘ, ਜਗਤਾਰ ਸਿੰਘ, ਰਾਜਾ ਸਿੰਘ ਬਲਜੀਤ ਸਿੰਘ, ਡਾ: ਮੰਦਰ ਸਿੰਘ ਤੇ ਹਰਪਾਲ ਸਿੰਘ ਸਮੇਤ ਸੈਂਕੜੇ ਕਿਸਾਨ ਹਾਜ਼ਰ ਸਨ।

## ਵੀਰ ਹਕੀਕਤ ਰਾਏ ਸਕੂਲ 'ਚ ਨੈਲਸਨ ਮੰਡੇਲਾ ਦਾ ਜਨਮ ਦਿਹਾੜਾ ਮਨਾਇਆ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਅੰਤਰਰਾਸ਼ਟਰੀ ਪੱਧਰ 'ਤੇ ਅਮਨ ਸ਼ਾਂਤੀ ਤੇ ਭਾਈਚਾਰੇ ਦਾ ਸੰਦੇਸ਼ ਦੇਣ ਵਾਲੇ ਅਫਰੀਕਾ ਦੇ ਸਾਬਕਾ ਰਾਸ਼ਟਰਪਤੀ ਭਾਰਤ ਰਤਨ ਡਾਕਟਰ ਨੈਲਸਨ ਮੰਡੇਲਾ ਦੇ ਜਨਮ ਦਿਹਾੜੇ ਮੌਕੇ ਵੀਰ ਹਕੀਕਤ ਰਾਏ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਐੱਨ ਐੱਸ ਐੱਸ ਯੂਨਿਟ ਵੱਲੋਂ ਵਲੰਟੀਅਰਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਪ੍ਰਿੰਸੀਪਲ ਸ਼੍ਰੀਮਤੀ ਸਰਲਾ ਭਟਨਾਗਰ ਦੀ ਅਗਵਾਈ ਹੇਠ ਕਰਵਾਏ।ਸ਼੍ਰੀਮਤੀ ਸਰਲਾ ਭਟਨਾਗਰ ਤੇ ਕਾਕਾ ਰਾਮ ਵਰਮਾ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ ਸੁਸਾਇਟੀ ਨੇ ਦੱਸਿਆ ਕਿ ਨੈਲਸਨ ਮੰਡੇਲਾ ਨੇ ਬਚਪਨ ਤੋਂ ਹੀ ਨਸਲੀ ਰੰਗ ਭੇਦ, ਦਲਿਤਾਂ ਵਿਰੁੱਧ ਹੋ ਰਹੇ ਅੱਤਿਆਚਾਰਾਂ ਖ਼ਿਲਾਫ਼ ਸੰਘਰਸ਼ ਸ਼ੁਰੂ ਕੀਤੇ, ਪਰ ਕਿਸੇ ਵਿਰੁੱਧ ਨਫ਼ਰਤਾਂ, ਬਦਲੇ ਲੈਣ ਦੀਆਂ ਭਾਵਨਾਵਾਂ ਤੇ ਮਾਨਵਤਾ ਦੀ ਤਬਾਹੀ ਬਾਰੇ ਦਿਲ ਦਿਮਾਗ ਵਿੱਚ ਵਿਚਾਰ ਪੈਦਾ ਨਹੀਂ ਹੋਣ ਦਿੱਤੇ।ਉਨ੍ਹਾਂ ਨੂੰ 27 ਸਾਲ ਜੇਲ੍ਹਾਂ ਵਿੱਚ ਬੰਦ ਰਹਿਣਾ ਪਿਆ।ਉਨ੍ਹਾਂ ਨੇ ਜੇਲ੍ਹਾਂ ਵਿੱਚ ਰਹਿ ਕੇ ਵੀ ਪੜ੍ਹਾਈ ਜਾਰੀ ਰੱਖੀ ਤੇ ਹਮੇਸ਼ਾ ਆਪਣੇ ਦੇਸ਼, ਸਮਾਜ, ਮਾਨਵਤਾ ਤੇ ਦੁਨੀਆ ਦੀ ਸੁਰੱਖਿਆ, ਸਨਮਾਨ, ਖੁਸ਼ਹਾਲੀ, ਉਨਤੀ ਲਈ ਯਤਨਸ਼ੀਲ ਰਹੇ।ਐੱਨ ਐੱਸ ਐੱਸ ਪ੍ਰੋਗਰਾਮ ਅਫ਼ਸਰ ਰਾਜਿੰਦਰ ਕੌਰ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਅੱਜ ਦੇ ਵਿਦਿਆਰਥੀ ਇਸ ਕਰਕੇ ਭਟਕ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਅਧਿਕਾਰਾਂ, ਲਾਲਚ, ਖੁਦਗਰਜ਼ੀਆਂ, ਹੇਰਾਫੇਰੀਆਂ, ਲੁੱਟਮਾਰਾਂ, ਦੌਲਤਾਂ ਦੀਆਂ ਸਵਾਦਾਂ ਫੈਸ਼ਨਾਂ ਤੇ ਖੁਸ਼ੀਆਂ ਅਜ਼ਾਦੀਆਂ ਮਿਲ ਰਹੀਆਂ ਹਨ।

# ਅਖਤਰੀ ਖਾਤੂਨ ਨੇ ਸੰਭਾਲਿਆ ਨਗਰ ਕੌਂਸਲ ਦੇ ਪ੍ਰਧਾਨ ਦਾ ਅਹੁਦਾ

### ਵਿਧਾਇਕ ਡਾ. ਰਹਿਮਾਨ ਨੇ ਦਿੱਤੀਆਂ ਸ਼ੁੱਭ-ਕਾਮਨਾਵਾਂ



ਮਾਲੇਰਕੋਟਲਾ (ਅਸਗਰ ਪਰਿਹਾਰ)-ਨਗਰ ਕੌਂਸਲ ਮਾਲੇਰਕੋਟਲਾ ਦੀ ਨਵ-ਨਿਯੁਕਤ ਪ੍ਰਧਾਨ ਅਖਤਰੀ ਖਾਤੂਨ ਨੇ ਅੱਜ ਅਧਿਕਾਰਤ ਤੌਰ 'ਤੇ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲ ਲਿਆ ਹੈ।ਇਸ ਮੌਕੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਮਾਲੇਰਕੋਟਲਾ ਦੇ ਵਿਧਾਇਕ ਡਾ. ਮੁਹੰਮਦ ਜਮੀਲ ਉਰ ਰਹਿਮਾਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਉਨ੍ਹਾਂ ਨਵੀਂ ਪ੍ਰਧਾਨ ਨੂੰ ਜ਼ਿੰਮੇਵਾਰੀ ਸੰਭਾਲਣ 'ਤੇ ਦਿਲੋਂ ਮੁਬਾਰਕਬਾਦ ਦਿੱਤੀ ਤੇ ਉਮੀਦ ਪ੍ਰਗਟਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਨਗਰ ਕੌਂਸਲ ਸ਼ਹਿਰ ਦੇ ਵਿਕਾਸ ਨੂੰ ਨਵੀਂ ਗਤੀ ਪ੍ਰਦਾਨ ਕਰੇਗੀ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮਾਲੇਰਕੋਟਲਾ ਦੇ ਚਹੁੰ-ਤਰਫ਼ੇ ਵਿਕਾਸ, ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਦੇ ਤੁਰੰਤ ਨਿਪਟਾਰੇ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਹਰ ਸੰਭਵ ਕਦਮ ਚੁੱਕੇ ਜਾਣਗੇ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਕਿਹਾ ਸ਼ਹਿਰ ਵਿੱਚ ਸਾਫ਼-ਸਫ਼ਾਈ, ਸੀਵਰੇਜ ਸਿਸਟਮ, ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ, ਸੜਕਾਂ ਦੀ ਮੁਰੰਮਤ ਤੇ ਸਟਰੀਟ ਲਾਈਟਾਂ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਇਆ ਜਾਵੇਗਾ।ਕੌਂਸਲਰਾਂ, ਪ੍ਰਸ਼ਾਸਨਿਕ ਅਧਿਕਾਰੀਆਂ, ਕਰਮਚਾਰੀਆਂ ਤੇ ਸ਼ਹਿਰ ਦੇ ਆਮ ਲੋਕਾਂ ਦੇ ਸਹਿਯੋਗ ਨਾਲ ਮਾਲੇਰਕੋਟਲਾ ਨੂੰ ਇੱਕ ਸੁੰਦਰ, ਹਰਿਆ-ਭਰਿਆ ਤੇ ਵਿਕਸਤ ਸ਼ਹਿਰ ਬਣਾਇਆ ਜਾਵੇਗਾ।ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਜਿਵੇਂ ਕਿ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕ, ਸਕੂਲ ਆਫ਼ ਐਮੀਨੈਂਸ ਤੇ ਰੁਜ਼ਗਾਰ ਦੇ ਮੌਕੇ ਸਿੱਧੇ ਤੌਰ 'ਤੇ ਲੋਕਾਂ ਤੱਕ ਪਹੁੰਚ ਰਹੇ ਹਨ।ਉਨ੍ਹਾਂ ਉਮੀਦ ਜਤਾਈ ਕਿ ਨਵੀਂ ਪ੍ਰਧਾਨ ਅਖਤਰੀ ਖਾਤੂਨ ਇਨ੍ਹਾਂ ਲੋਕ-ਭਲਾਈ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਨਗਰ ਕੌਂਸਲ ਦੀ ਨਵੀਂ ਪ੍ਰਧਾਨ ਅਖਤਰੀ ਖਾਤੂਨ ਨੇ ਵਿਧਾਇਕ ਡਾ. ਜਮੀਲ ਉਰ ਰਹਿਮਾਨ, ਪੰਜਾਬ ਸਰਕਾਰ, ਸਮੂਹ ਕੌਂਸਲਰਾਂ ਤੇ ਸ਼ਹਿਰ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਮੈਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਮੈਂ ਪੂਰੀ ਤਨਦੇਹੀ, ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਨਿਭਾਵਾਂਗੀ।ਸ਼ਹਿਰ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਤੇ ਮਾਲੇਰਕੋਟਲਾ ਦਾ ਸਰਵਪੱਖੀ ਵਿਕਾਸ ਕਰਨਾ ਮੇਰੀ ਸਭ ਤੋਂ ਵੱਡੀ ਤਰਜੀਹ ਹੋਵੇਗੀ।

## ਫੇਫੜਿਆਂ ਦੀ ਜਾਂਚ ਸੰਬੰਧੀ ਮੁਫ਼ਤ ਕੈਂਪ ਭਲਕੇ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਾਹ ਨਾਲ ਸਬੰਧਤ ਬਿਮਾਰੀਆਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਤੇ ਫੇਫੜਿਆਂ ਦੀਆਂ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਹਸਪਤਾਲਾਂ ਦੀ ਭਾਗੀਦਾਰੀ ਤੇ ਸ੍ਰੀ ਰਾਧਾਕ੍ਰਿਸ਼ਨ ਮੰਦਰ ਹਨੂਮਾਨ ਧਾਮ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ 21 ਜੁਲਾਈ 2026 ਨੂੰ ਮੁਫ਼ਤ ਸਪਾਇਰੋਮੈਟਰੀ ਕੈਂਪ ਲਗਾਇਆ ਜਾਵੇਗਾ। ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇਗਾ, ਜਿਸ ਦੌਰਾਨ ਫੇਫੜਿਆਂ ਦੀ ਆਧੁਨਿਕ ਤਕਨੀਕ ਰਾਹੀਂ ਮੁਫ਼ਤ ਜਾਂਚ ਕੀਤੀ ਜਾਵੇਗੀ ਤੇ ਮਾਹਰ ਡਾਕਟਰਾਂ ਵੱਲੋਂ ਸਲਾਹ ਦਿੱਤੀ ਜਾਵੇਗੀ। ਹਸਪਤਾਲ ਪ੍ਰਬੰਧਨ ਨੇ ਦੱਸਿਆ ਕਿ ਕੈਂਪ ਦੌਰਾਨ ਸਪਾਇਰੋਮੈਟਰੀ ਟੈਸਟ ਬਿਲਕੁਲ ਮੁਫ਼ਤ ਕੀਤਾ ਜਾਵੇਗਾ।

## ਗੁਰਦੁਆਰਾ ਸ੍ਰੀ ਦੁਖਨਿਵਾਰਨ ਵਿਖੇ ਪੰਚਮੀ ਦਿਹਾੜਾ ਮਨਾਇਆ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਨੌਵੇਂ ਪਾਤਸ਼ਾਹ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਪੰਚਮੀ ਦਾ ਦਿਹਾੜਾ ਸੰਗਤਾਂ ਵੱਲੋਂ ਵੱਡੀ ਗਿਣਤੀ 'ਚ ਗੁਰੂ ਘਰ ਨਤਮਸਤਕ ਹੋ ਕੇ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਤੜਕ ਸਵੇਰੇ ਕਵਾੜ ਖੁੱਲਣ ਮਗਰੋਂ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਗੁਰੂ ਦਰਬਾਰ 'ਚ ਮੱਥਾ ਟੇਕਣ ਪੁੱਜੀਆਂ ਸੰਗਤਾਂ ਨੇ ਪਵਿੱਤਰ ਸਰੋਵਰ 'ਚ ਇਸ਼ਨਾਨ ਕੀਤਾ ਤੇ ਪੰਗਤ-ਸੰਗਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਪੰਚਮੀ ਦਿਹਾੜੇ ਮੌਕੇ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਹਜ਼ੂਰੀ ਕੀਰਤਨੀ ਜਥਿਆਂ ਨੇ ਸੰਗਤਾਂ ਨੂੰ ਸ਼ਬਦ ਗੁਰੂ ਨਾਲ ਜੋੜਿਆ, ਉਥੇ ਹੀ ਕਵੀਸ਼ਰੀ ਤੇ ਢਾਡੀ ਜਥਿਆਂ 'ਚ ਅਮਰਜੀਤ ਸਿੰਘ ਅੰਬਾਲਾ, ਅਮਰੀਕ ਸਿੰਘ ਜਨੇਤਪੁਰ, ਗੁਰਵਿੰਦਰ ਸਿੰਘ ਦੁਗਾਲ, ਗੁਰਪਿਆਰ ਸਿੰਘ ਜੌਹਰ, ਮਨਵਿੰਦਰ ਸਿੰਘ ਸੁਨਾਮ ਆਦਿ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾਉਂਦਿਆਂ ਧਰਮ ਤੇ ਸਿੱਖੀ ਪ੍ਰਤੀ ਦ੍ਰਿੜ੍ਹ ਰਹਿਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਗੁਰਦੁਆਰਾ ਸੁਧਾਰ ਲਹਿਰ ਵਿਚ ਆਪਣਾ ਅਹਿਮ ਯੋਗਦਾਨ ਪਾਉਣ ਵਾਲੇ ਤੇਜਾ ਸਿੰਘ ਸਮੁੰਦਰੀ ਅਤੇ ਅਜ਼ਾਦੀ ਸੰਗਰਾਮ ਵਿਚ ਆਪਣੀ ਸ਼ਹਾਦਤ ਦੇਣ ਵਾਲੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦਾ ਸਤਿਕਾਰ ਭੇਟ ਕੀਤਾ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਪੰਚਮੀ ਦੇ ਦਿਹਾੜੇ ਮੌਕੇ ਗੁਰੂ ਘਰ ਹੋਣ ਵਾਲੀ ਸੰਗਤ ਦਾ ਧੰਨਵਾਦ ਕੀਤਾ।

## ਸੀ ਆਈ ਏ ਦੀ ਟੀਮ ਵੱਲੋਂ 2 ਕਿੱਲੋ ਤੋਂ ਵੱਧ ਹੈਰੋਇਨ ਸਮੇਤ 2 ਕਾਬੂ

ਜਲਾਲਾਬਾਦ (ਜੀਤ ਕੁਮਾਰ)-ਫਾਜ਼ਿਲਕਾ ਪੁਲਸ ਵੱਲੋਂ ਨਸ਼ਿਆਂ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਸੀ.ਆਈ.ਏ. ਫਾਜ਼ਿਲਕਾ ਦੀ ਟੀਮ ਵੱਲੋਂ 2 ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 2 ਕਿੱਲੋ 143 ਗਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਇਸ ਸਬੰਧੀ ਆਯੋਜਿਤ ਕਾਨਫਰੰਸ ਦੌਰਾਨ ਫਾਜ਼ਿਲਕਾ ਦੇ ਐੱਸ.ਐੱਸ.ਪੀ. ਗਗਨ ਅਜੀਤ ਸਿੰਘ ਨੇ ਕਿਹਾ ਕਿ 17 ਜੁਲਾਈ 2026 ਨੂੰ ਇੰਸਪੈਕਟਰ ਸੁਨੀਲ ਕੁਮਾਰ ਇੰਚਾਰਜ ਸੀ.ਆਈ.ਏ. ਫਾਜ਼ਿਲਕਾ ਦੀ ਅਗਵਾਈ ਹੇਠ ਏ.ਐੱਸ.ਆਈ. ਰਣਜੀਤ ਸਿੰਘ, ਪੁਲਸ ਪਾਰਟੀ ਸਮੇਤ ਥਾਣਾ ਸਿਟੀ ਫਾਜ਼ਿਲਕਾ ਦੇ ਏਰੀਏ ਵਿੱਚ ਗਸ਼ਤ ਕਰ ਰਹੇ ਸਨ ਤਾਂ ਪੁਲਸ ਪਾਰਟੀ ਨੂੰ ਮੁਹੱਲਾ ਅਨੰਦਪੁਰ ਤੋਂ ਆਵਾ ਲਿੰਕ ਰੋਡ 'ਤੇ ਪਿੱਪਲ ਥੱਲੇ ਦੋ ਨੌਜਵਾਨ ਦਿਖਾਈ ਦਿੱਤੇ, ਜਿਨ੍ਹਾਂ ਨੂੰ ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈੱਕ ਕੀਤਾ ਤਾਂ ਉਨ੍ਹਾਂ ਪਾਸ ਮੌਜੂਦ ਕਿੱਟ ਬੈਗ ਵਿੱਚੋਂ 2 ਕਿੱਲੋ 143 ਗਰਾਮ ਹੈਰੋਇਨ ਬਰਾਮਦ ਹੋਈ, ਜਿਨ੍ਹਾਂ ਦੀ ਪਹਿਚਾਣ ਸਵਰਨ ਸਿੰਘ ਪੁੱਤਰ ਮਿੱਠਣ ਸਿੰਘ ਵਾਸੀ ਬਸਤੀ ਕੇਸਰ ਸਿੰਘ (ਥਾਣਾ ਗੁਰੂ ਹਰਸਹਾਏ) ਜ਼ਿਲ੍ਹਾ ਫਿਰੋਜ਼ਪੁਰ ਤੇ ਗੁਰਪ੍ਰੀਤ ਸਿੰਘ ਪੁੱਤਰ ਲੇਖ ਰਾਜ ਵਾਸੀ ਆਨੰਦਪੁਰ ਮੁਹੱਲਾ ਫਾਜ਼ਿਲਕਾ ਵਜੋਂ ਹੋਈ, ਜਿਨ੍ਹਾਂ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੀ ਜਾਂਚ ਕੀਤੀ ਜਾ ਰਹੀ ਹੈ।

## ਪ੍ਰਿੰਸੀਪਲਾਂ, ਹੈੱਡਮਾਸਟਰਾਂ ਤੇ ਬੀ ਪੀ ਈ ਓਜ਼ ਦੀਆਂ ਪਦਉਨਤੀਆਂ ਤੁਰੰਤ ਕੀਤੀਆਂ ਜਾਣ : ਡੀ ਟੀ ਐੱਫ਼

ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਦੇ ਸਿੱਖਿਆ ਸਕੱਤਰ ਵੱਲੋਂ ਸਕੂਲਾਂ ਦੇ 68 ਪ੍ਰਿੰਸੀਪਲਾਂ ਤੇ ਹੈੱਡਮਾਸਟਰਾਂ ਨੂੰ ਆਪਣੇ ਕਰਮਚਾਰੀਆਂ ਨੂੰ ਤਨਖਾਹ ਦੇਰੀ ਨਾਲ ਪਵਾਉਣ ਕਰਕੇ ਦੋਸ਼ ਸੂਚੀ ਜਾਰੀ ਕਰ ਦਿੱਤੀ ਹੈ, ਜੋ ਕਿ ਤਰਕਹੀਣ ਤੇ ਸਰਾਸਰ ਗਲਤ ਹੈ।ਸਰਕਾਰ ਆਪਣੀਆਂ ਨਕਾਮੀਆਂ ਦਾ ਠੀਕਰਾ ਇਨ੍ਹਾਂ ਅਧਿਕਾਰੀਆਂ ਸਿਰ ਭੰਨ ਰਹੀ ਹੈ। ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾਈ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐੱਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਇਸ ਮਸਲੇ ਬਾਰੇ ਦੱਸਿਆ ਕਿ ਬੀਤੇ ਕੱਲ ਸਿੱਖਿਆ ਸਕੱਤਰ ਸੋਨਾਲੀ ਗਿਰੀ ਦੇ ਦਸਤਖਤਾਂ ਹੇਠ ਜਾਰੀ ਹੋਈ ਸੂਚੀ 'ਚ 68 ਪ੍ਰਿੰਸੀਪਲਾਂ ਤੇ ਹੈੱਡਮਾਸਟਰਾਂ ਨੂੰ ਇਸ ਲਈ ਦੋਸ਼ੀ ਠਹਿਰਾਇਆ ਗਿਆ ਹੈ ਕਿ ਉਨ੍ਹਾਂ ਨੇ ਆਪਣੇ ਅਧੀਨ ਕਰਮਚਾਰੀਆਂ ਨੂੰ ਤਨਖਾਹ ਦੇਰੀ ਨਾਲ ਦਿੱਤੀ ਹੈ। ਆਗੂਆਂ ਨੇ ਕਿਹਾ ਕਿ ਜਿੱਥੇ ਪੰਜਾਬ ਦੇ ਸੈਕੰਡਰੀ ਸਕੂਲਾਂ 'ਚ ਪ੍ਰਿੰਸੀਪਲਾਂ ਦੀਆਂ 1900 ਚੋਂ 1100 ਤੋਂ ਵੱਧ ਪੋਸਟਾਂ ਖਾਲੀ ਪਈਆਂ ਹਨ, ਹੈੱਡਮਾਸਟਰਾਂ ਦੀਆਂ 50% ਪੋਸਟਾਂ ਖਾਲੀ ਪਈਆਂ ਹਨ ਤੇ ਮਾਨਸਾ ਵਰਗੇ ਜ਼ਿਲ੍ਹੇ 'ਚ ਇੱਕ ਵੀ ਬੀ ਪੀ ਈ ਓ ਨਹੀਂ ਹੈ, ਉੱਥੇ ਕਰਮਚਾਰੀਆਂ ਨੂੰ ਤਨਖਾਹਾਂ ਸਮੇਂ ਸਿਰ ਮਿਲਣਾ ਕਿਵੇਂ ਵੀ ਸੰਭਵ ਨਹੀਂ।ਇਸ ਲਈ ਪ੍ਰਿੰਸੀਪਲਾਂ ਨੂੰ ਦੋਸ਼ੀ ਠਹਿਰਾਉਣਾ ਕਿਸੇ ਤਰ੍ਹਾਂ ਵੀ ਪ੍ਰਸੰਗਿਕ ਨਹੀਂ।ਆਗੂਆਂ ਨੇ ਕਿਹਾ ਕਿ ਜਥੇਬੰਦੀ ਪ੍ਰਿੰਸੀਪਲਾਂ ਤੇ ਹੈੱਡਮਾਸਟਰਾਂ ਨਾਲ ਡੱਟ ਕੇ ਖੜੀ ਹੈ ਤੇ ਇਸ ਦੋਸ਼ ਸੂਚੀ ਨੂੰ ਵਾਪਸ ਕਰਵਾਉਣ ਲਈ ਤਿੱਖਾ ਸੰਘਰਸ਼ ਵਿੱਢਣ ਤੋਂ ਵੀ ਗੁਰੇਜ਼ ਨਹੀਂ ਕਰੇਗੀ। ਡੀ ਟੀ ਐੱਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ, ਮੀਤ ਪ੍ਰਧਾਨ ਨਵੀਨ ਗੋਇਲ ਬੋਹਾ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਲੰਬੇ ਸਮੇਂ ਤੋਂ ਪ੍ਰਿੰਸੀਪਲਾਂ, ਹੈੱਡਮਾਸਟਰਾਂ ਤੇ ਬੀ ਪੀ ਈ ਓਜ਼ ਦੀਆਂ ਪ੍ਰੋਮੋਸ਼ਨਾਂ ਕਰਨ ਦੀ ਮੰਗ ਕਰ ਰਹੀ ਹੈ, ਪਰ ਵਿਭਾਗ ਦੇ ਅਧਿਕਾਰੀ ਇਸ ਨੂੰ ਕਿਸੇ ਤਣ ਪੱਤਣ ਨਹੀਂ ਲਗਾ ਰਹੇ, ਜਿਸ ਕਾਰਨ ਸਕੂਲਾਂ ਤੇ ਦਫਤਰਾਂ ਦਾ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰਪਾਲ ਸਿੰਘ ਆਗੂਆਂ ਨੇ ਮੰਗ ਕੀਤੀ ਕਿ ਇਹ ਦੋਸ਼ ਸੂਚੀ ਤੁਰੰਤ ਵਾਪਸ ਲਈ ਜਾਵੇ। ਆਗੂਆਂ ਨੇ ਮੰਗ ਕੀਤੀ ਕਿ ਪ੍ਰਿੰਸੀਪਲਾਂ, ਹੈੱਡਮਾਸਟਰਾਂ ਤੇ ਬੀ ਪੀ ਈ ਓਜ਼ ਦੀਆਂ ਪ੍ਰੋਮੋਸ਼ਨਾਂ ਤੁਰੰਤ ਕੀਤੀਆਂ ਜਾਣ।

## ਪ੍ਰਧਾਨ ਮੰਤਰੀ ਦੀ ਜਲੰਧਰ ਫੇਰੀ ਹਰ ਪੱਖੋਂ ਸਫਲ ਰਹੀ : ਪਰਮਪਾਲ ਕੌਰ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਲੋਕ ਸਭਾ ਹਲਕਾ ਬਠਿੰਡਾ ਦੇ ਕੁਆਰਡੀਨੇਟਰ ਪਰਮਪਾਲ ਕੌਰ ਸਿੱਧੂ ਤੇ ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜਲੰਧਰ ਫੇਰੀ ਨੂੰ ਹਰ ਪੱਖੋਂ ਸਫਲ ਤੇ ਪੰਜਾਬ ਲਈ ਨਵੀਂ ਉਮੀਦਾਂ ਜਗਾਉਣ ਵਾਲੀ ਦੱਸਿਆ। ਪਰਮਪਾਲ ਕੌਰ ਸਿੱਧੂ ਨੇ ਕਿਹਾ ਕੇ ਦੇਸ਼ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਬਣਨ ਤੋਂ ਬਾਅਦ ਭਾਰਤ ਨੇ ਹਰ ਖੇਤਰ 'ਚ ਤਰੱਕੀ ਕੀਤੀ। ਪ੍ਰਧਾਨ ਮੰਤਰੀ ਵੱਲੋਂ ਅੰਮ੍ਰਿਤਸਰ ਤੋਂ ਵਾਰਾਨਸੀ ਲਈ ਚਲਾਈ ਰਵੀਦਾਸ ਐਕਸਪ੍ਰੈੱਸ ਸੰਗਤਾਂ ਲਈ ਵਰਦਾਨ ਸਾਬਿਤ ਹੋਵੇਗੀ। ਉਕਤ ਭਾਜਪਾ ਆਗੂਆਂ ਨੇ ਕਿਹਾ ਕਿ ਜਲੰਧਰ ਫੇਰੀ ਦੌਰਾਨ ਉਨ੍ਹਾਂ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸਵਾਗਤ ਕਰਨ ਮੌਕੇ ਸੰਖੇਪ ਮੁਲਾਕਾਤ ਹੋਈ, ਜਿਸ ਦੌਰਾਨ ਉਨ੍ਹਾਂ ਪੰਜਾਬ ਲਈ ਐਲਾਨ ਕੀਤੇ ਪ੍ਰੋਜੈਕਟ ਤੇ ਰਵੀਦਾਸ ਐਕਸਪ੍ਰੈੱਸ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਫੇਰੀ ਹਰ ਪੱਖੋਂ ਸਫਲ ਰਹੀ ਹੈ, ਇਸ ਫੇਰੀ ਦੌਰਾਨ ਐਲਾਨ ਕੀਤੇ ਗਏ ਹਜ਼ਾਰਾਂ ਕਰੋੜ ਦੇ ਨਵੇਂ ਪ੍ਰੋਜੈਕਟ ਪੰਜਾਬ ਨੂੰ ਮਿਲੇ ਹਨ। ਪ੍ਰਧਾਨ ਮੰਤਰੀ ਦੀ ਪੰਜਾਬ ਪੱਖੀ ਸੋਚ ਨਾਲ ਪੰਜਾਬੀਆਂ ਨੂੰ ਨਵੀਆਂ ਉਮੀਦਾਂ ਵੀ ਜਾਗੀਆਂ ਹਨ। ਇਸ ਮੌਕੇ ਜ਼ਿਲ੍ਹਾ ਮੀਡੀਆ ਕਨਵੀਨਰ ਰਤਨ ਸ਼ਰਮਾ ਮਲੂਕਾ ਵੀ ਹਾਜ਼ਰ ਸਨ।

## ਪੱਤੀ ਮੁਲਤਾਨੀ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ



ਜਗਰਾਉਂ (ਅਮਿਤ ਖੰਨਾ, ਨਛੱਤਰ ਸੰਧੂ)-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਜਗਰਾਉਂ ਐੱਸ. ਆਰ. ਕਲੇਰ ਵੱਲੋਂ ਸਰਕਲ ਗਿੱਦੜਵਿੰਡੀ ਦੇ ਪਿੰਡ ਪੱਤੀ ਮੁਲਤਾਨੀ ਵਿਖੇ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਲਾਮਬੱਧ ਹੋਣ ਦਾ ਸੱਦਾ ਦਿੱਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਤੇ ਆਗੂਆਂ ਦੀਆਂ ਕਮੇਟੀਆਂ ਦਾ ਗਠਨ ਵੀ ਕੀਤਾ ਗਿਆ।ਇਸ ਮੌਕੇ ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਪ੍ਰਧਾਨ ਸਤਪਾਲ ਕੌਰ ਗਰੇਵਾਲ, ਯੂਥ ਪ੍ਰਧਾਨ ਜਸਪ੍ਰੀਤ ਸਿੰਘ ਲੱਖਾ, ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਪ੍ਰਧਾਨ ਪਰਮਿੰਦਰ ਸਿੰਘ ਹਠੂਰ, ਜਸਵੰਤ ਸਿੰਘ ਪੱਤੀ ਮੁਲਤਾਨੀ, ਪ੍ਰਧਾਨ ਸੁਖਦੇਵ ਸਿੰਘ ਜੱਗਾ ਕਾਉਂਕੇ, ਪ੍ਰਧਾਨ ਹਰਵਿੰਦਰ ਸਿੰਘ ਸੋਢੀਵਾਲ, ਪ੍ਰਧਾਨ ਸੁਖਪ੍ਰੀਤ ਸਿੰਘ ਜਗਰਾਉਂ, ਪ੍ਰਧਾਨ ਗੁਰਵਿੰਦਰ ਸਿੰਘ ਤਰਫ ਕੋਟਲੀ, ਪ੍ਰਧਾਨ ਹਰਮਨਜੋਤ ਸਿੰਘ ਤਿਹਾੜਾ ਅਮਰੀਕ ਸਿੰਘ ਕੰਨੀਆ ਹੁਸੈਨੀ ਤੋਂ ਇਲਾਵਾ ਹੋਰ ਅਨੇਕਾਂ ਵਰਕਰ ਤੇ ਆਗੂ ਹਾਜ਼ਰ ਸਨ।

# ਕਾਂਗਰਸੀ ਆਗੂ ਅਰਾਈ ਮਾਜਰਾ ਵੱਲੋਂ ਮਜ਼ਦੂਰਾਂ ਦੇ ਹੱਕ 'ਚ ਹਾਅ ਦਾ ਨਾਅਰਾ

### ਸਫਾਈ ਸੇਵਕਾਂ ਨੇ ਸਰਕਾਰ ਦਾ ਪੁਤਲਾ ਫੂਕਿਆ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਨਗਰ ਕੌਂਸਲਾਂ ਅਧੀਨ ਕੰਮ ਕਰਦੇ ਸਫਾਈ ਸੇਵਕਾਂ ਦੀ ਜਥੇਬੰਦੀ ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ 'ਤੇ ਅਣਮਿੱਥੇ ਸਮੇਂ ਦੀ ਚੱਲ ਰਹੀ ਹੜਤਾਲ ਦੌਰਾਨ ਸਫਾਈ ਸੇਵਕ ਮਜ਼ਦੂਰ ਯੂਨੀਅਨ ਪਾਤੜਾਂ ਵੱਲੋਂ ਪ੍ਰਧਾਨ ਰਵੀ ਕੁਮਾਰ ਲੋਹਟ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦੀਆਂ ਮਜ਼ਦੂਰ ਮਾਰੂ ਨੀਤੀਆਂ ਦੇ ਵਿਰੋਧ ਵਿੱਚ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਰੋਸ ਪ੍ਰਦਰਸ਼ਨ ਕਰਦਿਆਂ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਰੋਸ ਪ੍ਰਦਰਸ਼ਨ ਵਿੱਚ ਕਾਂਗਰਸ ਪਾਰਟੀ ਦੇ ਐੱਸਸੀ ਸੈੱਲ ਦੇ ਚੇਅਰਮੈਨ ਤੇ ਵਿਧਾਨ ਸਭਾ ਹਲਕਾ ਸ਼ੁਕਰਾਣਾ ਤੋਂ ਸੰਭਾਵੀ ਉਮੀਦਵਾਰ ਨਛੱਤਰ ਸਿੰਘ ਅਰਾਈਮਾਜਰਾ ਨੇ ਸ਼ਮੂਲੀਅਤ ਕਰਦਿਆਂ ਸਫਾਈ ਸੇਵਕਾਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਕਾਂਗਰਸੀ ਆਗੂ ਨਛੱਤਰ ਸਿੰਘ ਅਰਾਈਮਾਜਰਾ ਨੇ ਕਿਹਾ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਸਫਾਈ ਸੇਵਕਾਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਸੀ, ਪਰ ਸਾਢੇ ਚਾਰ ਸਾਲ ਦੇ ਕਰੀਬ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਸਰਕਾਰ ਨੇ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਹੋਇਆ ਹੈ।ਉਨ੍ਹਾਂ ਕਿਹਾ ਕਿ 8 ਜੁਲਾਈ ਤੋਂ ਰਾਜ ਭਰ ਵਿੱਚ ਸਫਾਈ ਸੇਵਕਾਂ ਦੀ ਅਣਮਿੱਥੇ ਸਮੇਂ ਦੀ ਚੱਲ ਰਹੀ ਸਫਾਈ ਸੇਵਕਾਂ ਦੀ ਹੜਤਾਲ ਕਰਕੇ ਸ਼ਹਿਰਾਂ ਵਿੱਚ ਕੂੜੇ ਦੇ ਢੇਰ ਲੱਗ ਰਹੇ ਹਨ, ਪਰ ਬਦਕਿਸਮਤੀ ਦੀ ਗੱਲ ਹੈ ਕਿ ਬਰਸਾਤਾਂ ਦੇ ਮੌਸਮ ਦੌਰਾਨ ਲੋਕ ਹਿਤੈਸ਼ੀ ਕਹਾਉਣ ਵਾਲੀ ਸਰਕਾਰ ਸਫਾਈ ਸੇਵਕਾਂ ਦੀਆਂ ਮੰਗਾਂ ਦੀ ਕੋਈ ਪ੍ਰਵਾਹ ਨਹੀਂ ਕਰ ਰਹੀ।ਇਸ ਦੌਰਾਨ ਸਫਾਈ ਸੇਵਕ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਰਵੀ ਕੁਮਾਰ ਲੋਹਟ, ਸਰਪ੍ਰਸਤ ਬਲਵਾਨ ਸਿੰਘ ਚੌਹਾਨ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਸਫਾਈ ਸੇਵਕਾਂ ਨੂੰ ਪੱਕੇ ਕਰਨ ਸਮੇਤ ਹੋਰ ਰਹਿੰਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੋਮਨਾਥ ਕਲਿਆਣ, ਰਵਿੰਦਰ ਕੁਮਾਰ ਗੱਗੀ, ਸੁਭਾਸ਼ ਲੋਹਟ, ਜਗਤਾਰ ਸਿੰਘ ਤਾਰੀ, ਕਿਰਪਾਲ ਸਿੰਘ, ਸ਼ੀਨੋ ਦੇਵੀ, ਦੀਪ ਕੌਰ, ਰਾਣੀ ਕੌਰ ਤੇ ਅਮਰਜੀਤ ਕੌਰ ਆਦਿ ਹਾਜ਼ਰ ਸਨ।

## ਰਾਤ ਸਮੇਂ ਲੱਗਦੇ ਬਿਜਲੀ ਕੱਟਾਂ ਤੋਂ ਲੋਕ ਪ੍ਰੇਸ਼ਾਨ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਇਲਾਕੇ ਵਿੱਚ ਪੈ ਰਹੀ ਅੱਤ ਦੀ ਗਰਮੀ ਦੇ ਨਾਲ-ਨਾਲ ਰਾਤ ਸਮੇਂ ਲੱਗ ਰਹੇ ਲੰਬੇ ਬਿਜਲੀ ਕੱਟਾਂ ਕਾਰਨ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਰਾਤ ਵੇਲੇ ਵਾਰ-ਵਾਰ ਬਿਜਲੀ ਬੰਦ ਹੋਣ ਕਾਰਨ ਨਾ ਤਾਂ ਨੀਂਦ ਪੂਰੀ ਹੋ ਰਹੀ ਹੈ ਤੇ ਨਾ ਹੀ ਗਰਮੀ ਤੋਂ ਕੋਈ ਰਾਹਤ ਮਿਲ ਰਹੀ ਹੈ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ, ਜ਼ਿਲ੍ਹਾ ਜਨਰਲ ਸਕੱਤਰ ਸੁਖਚੈਨ ਸਿੰਘ ਸੋਨੀ ਨੰਗਲ, ਬਲਾਕ ਪ੍ਰਧਾਨ ਇਕਬਾਲ ਸਿੰਘ ਰਣਸੀਂਹ ਖੁਰਦ ਨੇ ਕਿਹਾ ਕਿ ਤੇਜ਼ ਗਰਮੀ ਵਿੱਚ ਰਾਤ ਸਮੇਂ ਲੱਗ ਰਹੇ ਬਿਜਲੀ ਕੱਟਾਂ ਨੇ ਲੋਕਾਂ ਦੀ ਪ੍ਰੇਸ਼ਾਨੀ ਹੋਰ ਵਧਾ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਨੀਂਦ ਪੂਰੀ ਨਾ ਹੋਣ ਕਾਰਨ ਬਜ਼ੁਰਗਾਂ, ਬੱਚਿਆਂ ਤੇ ਮਰੀਜ਼ਾਂ ਨੂੰ ਸਭ ਤੋਂ ਵੱਧ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਗਰਮੀ ਨਾਲ ਸਬੰਧਤ ਬਿਮਾਰੀਆਂ ਦਾ ਖ਼ਤਰਾ ਵੀ ਵਧ ਰਿਹਾ ਹੈ।ਆਗੂਆਂ ਨੇ ਪੰਜਾਬ ਸਰਕਾਰ ਤੇ ਬਿਜਲੀ ਵਿਭਾਗ ਤੋਂ ਮੰਗ ਕੀਤੀ ਕਿ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਰਾਤ ਸਮੇਂ ਲੱਗ ਰਹੇ ਬੇਲੋੜੇ ਬਿਜਲੀ ਕੱਟ ਤੁਰੰਤ ਬੰਦ ਕੀਤੇ ਜਾਣ ਤੇ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ, ਤਾਂ ਜੋ ਆਮ ਜਨਤਾ ਨੂੰ ਰਾਹਤ ਮਿਲ ਸਕੇ।

# 'ਧਰਤੀ, ਰੁੱਖ, ਹਵਾ ਤੇ ਪਾਣੀ ਨਾ ਸਾਂਭੇ ਤਾਂ ਖ਼ਤਮ ਕਹਾਣੀ' ਵਿਸ਼ੇ 'ਤੇ ਸੈਮੀਨਾਰ




ਰਾਮਪੁਰਾ ਫੂਲ (ਦਰਸ਼ਨ ਜਿੰਦਲ) ਰਾਮਪੁਰਾ ਫੂਲ ਵੱਲੋਂ ਪ੍ਰਧਾਨ ਰਾਣਾ ਸ਼ਰਮਾ ਤੇ ਚੇਅਰਮੈਨ ਕੁਲਜੀਤ ਸਿੰਘ ਢੀਂਗਰਾ ਦੀ ਅਗਵਾਈ ਹੇਠ 'ਧਰਤੀ, ਰੁੱਖ, ਹਵਾ ਤੇ ਪਾਣੀ ਨਾ ਸਾਂਭੇ ਤਾਂ ਖ਼ਤਮ ਕਹਾਣੀ' ਵਿਸ਼ੇ 'ਤੇ ਇੱਕ ਪ੍ਰਭਾਵਸ਼ਾਲੀ ਵਾਤਾਵਰਨ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ 'ਚ ਵਾਤਾਵਰਨ ਸੰਭਾਲ, ਕੁਦਰਤੀ ਸਰੋਤਾਂ ਦੀ ਰੱਖਿਆ ਤੇ ਰੁੱਖ ਲਗਾਉਣ ਦੀ ਲੋੜ 'ਤੇ ਗੰਭੀਰ ਚਰਚਾ ਕੀਤੀ ਗਈ।ਇਸ ਮੌਕੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਇੰਪਰੂਵਮੈਂਟ ਟਰੱਸਟ ਬਠਿੰਡਾ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ, ਹਲਕਾ ਮੌੜ ਦੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਸਿੱਪੀ ਭਾਕਰ, ਫਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਐੱਸ. ਐੱਸ. ਚੱਠਾ ਤੇ ਮਾਤਾ ਸੁੰਦਰੀ ਗਰੁੱਪ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ।ਮੁੱਖ ਮਹਿਮਾਨ ਬਲਕਾਰ ਸਿੰਘ ਸਿੱਧੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਧਰਤੀ, ਪਾਣੀ, ਹਵਾ ਤੇ ਰੁੱਖ ਮਨੁੱਖਤਾ ਲਈ ਪ੍ਰਮਾਤਮਾ ਦੀਆਂ ਅਨਮੋਲ ਦਾਤਾਂ ਹਨ, ਜਿਨ੍ਹਾਂ ਦੀ ਸੰਭਾਲ ਕਰਨਾ ਹਰ ਨਾਗਰਿਕ ਦਾ ਫ਼ਰਜ਼ ਹੈ।ਉਨ੍ਹਾਂ ਕਿਹਾ ਕਿ ਜੇ ਅਸੀਂ ਅੱਜ ਵਾਤਾਵਰਨ ਦੀ ਰੱਖਿਆ ਲਈ ਗੰਭੀਰ ਨਾ ਹੋਏ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਦੀ ਭਾਰੀ ਕੀਮਤ ਚੁਕਾਉਣੀ ਪਵੇਗੀ।ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਪਾਣੀ ਦੀ ਸੰਭਾਲ ਕਰਨ ਤੇ ਪ੍ਰਦੂਸ਼ਣ ਘਟਾਉਣ ਦਾ ਸੰਕਲਪ ਲੈਣ ਦੀ ਅਪੀਲ ਕੀਤੀ।ਇਸ ਦੌਰਾਨ ਚੇਅਰਮੈਨ ਜਤਿੰਦਰ ਸਿੰਘ ਭੱਲਾ, ਮੌੜ ਹਲਕੇ ਦੇ ਸੀਨੀਅਰ ਆਪ ਆਗੂ ਸਿੱਪੀ ਭਾਕਰ, ਚੇਅਰਮੈਨ ਐੱਸ. ਐੱਸ. ਚੱਠਾ ਤੇ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਵਾਤਾਵਰਨ ਦੀ ਰੱਖਿਆ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ।ਬੁਲਾਰਿਆਂ ਨੇ ਪੱਤਰਕਾਰ ਭਾਈਚਾਰੇ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਕਲਮ ਤੇ ਕੈਮਰੇ ਰਾਹੀਂ ਵਾਤਾਵਰਨ ਸੰਭਾਲ ਦਾ ਸੰਦੇਸ਼ ਹਰ ਘਰ ਤੱਕ ਪਹੁੰਚਾਉਣ, ਤਾਂ ਜੋ ਲੋਕਾਂ ਵਿੱਚ ਇਸ ਪ੍ਰਤੀ ਹੋਰ ਜਾਗਰੂਕਤਾ ਪੈਦਾ ਹੋ ਸਕੇ।ਸਮਾਗਮ ਦੌਰਾਨ ਸਮਾਜਿਕ, ਵਿੱਦਿਅਕ ਤੇ ਲੋਕ ਸੇਵਾ ਦੇ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰੈੱਸ ਕਲੱਬ (ਰਜਿ.) ਬਠਿੰਡਾ ਦੇ ਪ੍ਰਧਾਨ ਬਖਤੌਰ ਢਿੱਲੋਂ ਤੇ ਸੀਨੀਅਰ ਪੱਤਰਕਾਰ ਗੁਰਤੇਜ ਸਿੰਘ ਸਿੱਧੂ ਵੀ ਹਾਜ਼ਰ ਰਹੇ।ਸੈਮੀਨਾਰ ਦੇ ਅੰਤ ਵਿੱਚ ਸਮੂਹ ਹਾਜ਼ਰੀਨ ਨੇ ਵਾਤਾਵਰਨ ਦੀ ਰੱਖਿਆ, ਵੱਧ ਤੋਂ ਵੱਧ ਰੁੱਖ ਲਗਾਉਣ, ਪਾਣੀ ਦੀ ਹਰ ਬੂੰਦ ਦੀ ਕਦਰ ਕਰਨ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਹਰਿਆ-ਭਰਿਆ ਪੰਜਾਬ ਸਿਰਜਣ ਦਾ ਸੰਕਲਪ ਲਿਆ।ਸਟੇਜ ਸੰਚਾਲਨ ਅਜੀਤ ਅਗਰਵਾਲ ਨੇ ਕੀਤਾ।

## ਦੇਵ ਮਾਨ ਨੇ ਲੋਕ ਮਿਲਣੀ 'ਚ ਰਾਸ਼ਨ ਕਿੱਟਾਂ ਵੰਡੀਆਂ



ਨਾਭਾ (ਅਮਨ ਗਰਗ)-ਹਲਕਾ ਨਾਭਾ ਦੇ ਵਿਧਾਇਕ ਸ੍ਰੀ ਗੁਰਦੇਵ ਸਿੰਘ ਦੇਵ ਮਾਨ ਨੇ ਅੱਜ ਸ਼ਹਿਰ ਦੇ ਵਾਰਡ ਨੰਬਰ 1 ਵਿੱਚ ਪਹੁੰਚ ਕੇ ਪੰਜਾਬ ਸਰਕਾਰ ਦੀ ਮੇਰੀ ਰਸੋਈ ਸਕੀਮ ਤਹਿਤ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ।ਇਸ ਮੌਕੇ ਉਨ੍ਹਾਂ ਨੇ ਲੋਕ ਮਿਲਣੀ ਕਰਕੇ ਇਲਾਕਾ ਨਿਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਤੇ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਸੰਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ। ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਇਲਾਕਾ ਵਾਸੀਆਂ ਨੇ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕ ਮਿਲਣੀ ਰਾਹੀਂ ਉਨ੍ਹਾਂ ਨੂੰ ਆਪਣੀਆਂ ਸਮੱਸਿਆਵਾਂ ਸਿੱਧੇ ਤੌਰ 'ਤੇ ਰੱਖਣ ਦਾ ਮੌਕਾ ਮਿਲਿਆ ਹੈ।ਉਨ੍ਹਾਂ ਮੇਰੀ ਰਸੋਈ ਸਕੀਮ ਤੇ ਹੋਰ ਲੋਕ-ਭਲਾਈ ਪਹਿਲਕਦਮੀਆਂ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਉਨ੍ਹਾਂ ਨਾਲ ਸੁਖਵਿੰਦਰ ਕੌਰ ਲਾਲਕਾ ਕੌਂਸਲਰ, ਕਸ਼ਮੀਰ ਸਿੰਘ ਲਾਲਕਾ, ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ, ਪੱਪੀ ਸਰਪੰਚ ਬਿਰਧਨੋ ਤੇ ਵੱਡੀ ਗਿਣਤੀ ਵਿੱਚ ਅਹੁਦੇਦਾਰ ਤੇ ਵਾਰਡ ਨਿਵਾਸੀ ਮੌਜੂਦ ਸਨ।

# 22 ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਟੋਲ ਪਲਾਜ਼ੇ ਬੰਦ ਕਰਨ ਦਾ ਐਲਾਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਕਿਸਾਨ ਯੂਨੀਅਨ ਜ਼ਿਲ੍ਹਾ ਤਰਨ ਤਾਰਨ ਦੇ ਆਗੂਆਂ ਦੀ ਮੀਟਿੰਗ ਰਵਿੰਦਰ ਸਿੰਘ ਪੱਧਰੀ ਦੀ ਪ੍ਰਧਾਨਗੀ ਹੇਠ ਪਿੰਡ ਪੱਧਰੀ ਖ਼ੁਰਦ ਵਿਖੇ ਹੋਈ। ਮੀਟਿੰਗ ਨੂੰ ਸੁਖਵਿੰਦਰ ਸਿੰਘ ਮਹਿਲ ਅਮਰਕੋਟ, ਬਲਬੀਰ ਸਿੰਘ ਝਾਮਕਾ, ਸਤਨਾਮ ਸਿੰਘ ਭੂਰੇ, ਰਵੇਲ ਸਿੰਘ ਝਾਮਕਾ ਤੇ ਪ੍ਰਗਟ ਸਿੰਘ ਢਿੱਲੋਂ ਆਦਿ ਨੇ ਸੰਬੋਧਨ ਕੀਤਾ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲੇ ਕੀਤੇ ਗਏ ਜਿਵੇਂ 20-21 ਸਤੰਬਰ 2026 ਨੂੰ ਕੁਲ ਹਿੰਦ ਕਿਸਾਨ ਮਹਾਂ ਸਭਾ ਦਾ ਕੌਮੀ ਸੰਮੇਲਨ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਿਹਾ ਹੈ। ਇਸ ਸੰਮੇਲਨ ਵਿਚ ਦੇਸ਼ ਭਰ ਦੀਆਂ ਕਿਸਾਨ ਜਥੇਬੰਦੀਆਂ ਏਕਤਾ ਦਾ ਐਲਾਨ ਕਰਨ ਜਾ ਰਹੀਆਂ ਹਨ, ਇਸ ਤੇ ਮੀਟਿੰਗ ਵਿੱਚ ਖੁਸ਼ੀ ਜ਼ਾਹਰ ਕੀਤੀ ਗਈ। 22 ਜੁਲਾਈ ਨੂੰ ਐੱਸ ਕੇ ਐੱਮ ਦੇ ਸੱਦੇ ਤੇ 12 ਤੋਂ 3 ਵਜੇ ਤੱਕ ਟੋਲ ਪਲਾਜ਼ੇ ਪਰਚੀ ਮੁਕਤ ਕੀਤੇ ਜਾ ਰਹੇ ਹਨ, ਤਰਨਤਾਰਨ ਜ਼ਿਲ੍ਹੇ ਵਿੱਚ ਉਸਮਾ, ਵੇਂਗੂਪੁਰ ਤੇ ਮੰਨਣ ਦੇ ਕੋਲ ਪਲਾਜ਼ਿਆਂ ਵਿਚ ਸਾਥੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਸੋਏ ਖੱਬੇ ਮਿੱਲ ਵਿਖੇ ਅਮਰੀਕਾ ਵਿਰੁੱਧ ਅਤੇ ਕਿਸਾਨ ਦੇ ਕੰਮ ਚਲਾਉਣ ਲਈ ਲਗਾਤਾਰ ਧਰਨੇ ਦੀ ਮੁਕੰਮਲ ਹਮਾਇਤ ਕੀਤੀ ਗਈ, ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ, ਦਰਿਆਈ ਪਾਣੀਆਂ ਦਾ ਮਸਲਾ ਰਿਪੇਰੀਅਨ ਕਾਨੂੰਨ ਤਹਿਤ ਹੱਲ ਕਰਨਾ, ਪੰਜਾਬੀ ਬੋਲਦੇ ਇਲਾਕਿਆਂ ਸਮੇਤ ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨਾ, ਲੈਂਡ ਪੂਲਿੰਗ ਪਾਲਸੀ ਨੂੰ ਰੱਦ ਕਰਨਾ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੀ ਹਿੱਸੇਦਾਰੀ ਬਹਾਲ ਕਰਨਾ, ਕਿਸਾਨ ਮਜ਼ਦੂਰ ਪਰਿਵਾਰ ਦੇ ਮੁਖੀ ਦੀ ਸਲਾਨਾ ਦਸ ਹਜ਼ਾਰ ਪੈਨਸ਼ਨ ਲਗਾਉਣ, ਸਾਰੀਆਂ ਫ਼ਸਲਾਂ ਲਈ ਘੱਟੋ ਘੱਟ ਸਮਰਥਨ ਮੁੱਲ, ਐੱਮ ਐੱਸ ਪੀ ਦਾ ਗਰੰਟੀ ਕਾਨੂੰਨ ਬਣਾਉਣ, ਕਿਸਾਨਾਂ ਮਜ਼ਦੂਰਾਂ ਦੇ ਸਾਰੇ ਕਰਜ਼ੇ ਮੁਆਫ਼ ਕਰਨਾ, ਮਨਰੇਗਾ ਕਾਨੂੰਨ ਨੂੰ ਪੁਰਾਣੇ ਸਰੂਪ ਵਿੱਚ ਬਹਾਲ ਕਰਨਾ ਆਦਿ। ਉਪਰੋਕਤ ਤੋਂ ਇਲਾਵਾ ਗੁਰਵੇਲ ਸਿੰਘ, ਜਗਜੀਤ ਸਿੰਘ, ਸੁਖਵਿੰਦਰ ਸਿੰਘ, ਬਲਦੇਵ ਸਿੰਘ, ਹਰਬੰਸ ਸਿੰਘ, ਅੰਮ੍ਰਿਤਪਾਲ ਸਿੰਘ, ਸਤਨਾਮ ਸਿੰਘ ਭੂਰੇ, ਰੇਸ਼ਮ ਸਿੰਘ ਭੂਰੇ, ਮਲਾਗਰ ਸਿੰਘ ਸਰਹਾਲੀ, ਸਰਵਣ ਸਿੰਘ, ਜਗਜੀਤ ਸਿੰਘ, ਯੁਵਰਾਜ ਸਿੰਘ, ਹਰਜਿੰਦਰ ਸਿੰਘ ਨਾਰਲੀ, ਬਲਬੀਰ ਸਿੰਘ ਧੁੰਨ, ਨਛੱਤਰ ਸਿੰਘ, ਸਵਰਨ ਸਿੰਘ, ਜਸਪਾਲ ਸਿੰਘ, ਹਰਭਾਲ ਸਿੰਘ ਕਲੇਰ, ਜਸਪਾਲ ਸਿੰਘ, ਗੁਰਜੰਟ ਸਿੰਘ ਹੈਪੀ ਵਰਨਾਲਾ ਆਦਿ ਵੀ ਹਾਜ਼ਰ ਸਨ।

# ਆਰ ਐੱਮ ਪੀ ਆਈ ਵੱਲੋਂ ਢਡਵਾਲ ਵਿਖੇ ਕੀਤਾ ਗਿਆ ਰੋਸ ਪ੍ਰਦਰਸ਼ਨ



ਪਠਾਨਕੋਟ (ਦਵਿੰਦਰ ਸਿੰਘ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐੱਮ.ਪੀ.ਆਈ.) ਦੇ ਸੱਦੇ ਤਹਿਤ ਪਿੰਡ ਢਡਵਾਲ ਵਿਖੇ ਕੀਤੇ ਰੋਸ ਪ੍ਰਦਰਸ਼ਨ ਉਪਰੰਤ ਪਾਰਟੀ ਆਗੂ ਕਾਮਰੇਡ ਬਲਵੰਤ ਸਿੰਘ ਘੋਹ, ਨਿਰੰਜਨ ਸਿੰਘ, ਸਰਵੰਤ ਸਿੰਘ ਨੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਵਾਤਾਵਰਨ ਤੇ ਸਮਾਜਿਕ ਕਾਰਕੁੰਨ ਸ੍ਰੀ ਸੋਨਮ ਵਾਂਗਚੁਕ ਦੀ ਗੈਰ-ਸੰਵਿਧਾਨਕ ਗ੍ਰਿਫ਼ਤਾਰੀ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਸ੍ਰੀ ਵਾਂਗਚੁਕ ਨੂੰ ਫੌਰੀ, ਬਿਨਾਂ ਸ਼ਰਤ ਰਿਹਾਅ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।

ਕੇਂਦਰੀ ਯੂਨੀਵਰਸਿਟੀ ਵਿਖੇ ਸੋਨਮ ਵਾਂਗਚੁਕ ਦੀ ਗ੍ਰਿਫ਼ਤਾਰੀ ਵਿਰੁਧ ਸ਼ਾਂਤਮਈ ਅਨਸ਼ਨ ਤੇ ਬੈਠੇ ਵਿਸ਼ਵ ਭਾਰਤੀ ਦੇ ਸ਼ਾਂਤੀ ਨਿਕੇਤਨ ਦੇ ਵਿਦਿਆਰਥੀਆਂ, ਖਾਸ ਕਰਕੇ ਲੜਕੀਆਂ ਦੀ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏ.ਬੀ.ਵੀ.ਪੀ.) ਦੇ ਗੁੰਡਿਆਂ ਵੱਲੋਂ ਕੀਤੀ ਵਹਿਸ਼ਿਆਨਾ ਕੁੱਟਮਾਰ ਦਾ ਗੰਭੀਰ ਨੋਟਿਸ ਲੈਂਦਿਆਂ ਉਕਤ ਗੁੰਡਾਗਰਦੀ ਦੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੇ ਜਾਣ ਦੀ ਵੀ ਮੰਗ ਕੀਤੀ ਹੈ।ਪੱਛਮੀ ਬੰਗਾਲ ਦੇ ਰਾਣੀ ਗੰਜ ਵਿਖੇ ਸੰਸਾਰ ਭਰ 'ਚ ਭਾਰਤ ਦਾ ਨਾਂ ਉੱਚਾ ਕਰਨ ਵਾਲੇ ਮਹਾਨ ਪਿੱਠਵ ਗਾਇਕ ਕਾਕਰਾਂ ਜੀ ਦੇ ਬੁੱਤ ਨੂੰ ਨੁਕਸਾਨ ਪੁਚਾਏ ਜਾਣ ਦੀ ਅਤਿਅੰਤ ਨਿੰਦਣਯੋਗ ਵਾਰਦਾਤ ਦੀ ਵੀ ਕਰੜੀ ਨਿੰਦਾ ਕੀਤੀ ਹੈ।

ਉਨ੍ਹਾਂ ਕਿਹਾ ਕਿ ਭਾਰਤੀ ਤੇ ਵਿਸ਼ਵ ਦਰਸ਼ਨ ਦੇ ਮਹਾਨ ਗਿਆਤਾ ਰਾਹੁਲ ਸੰਕ੍ਰਤਾਇਨ ਦਾ ਬੁੱਤ ਤੋੜਨ ਵਾਲੇ ਹਿੰਦੂਤਵੀ ਖ਼ਰੂਦੀਆਂ ਤੇ ਹੋਰ ਕੱਟੜ ਪੰਥੀਆਂ ਨੂੰ ਇਹ ਸਾਫ ਸਮਝ ਲੈਣਾ ਚਾਹੀਦਾ ਹੈ ਕਿ ਮਹਾਨ ਸ਼ਖ਼ਸੀਅਤ ਦਾ ਮੁਜੱਸਮਾ ਤੋੜੇ ਜਾਣ ਨਾਲ ਉਸ ਦੇ ਵਿਚਾਰ ਨਹੀਂ ਮਰਦੇ, ਸਗੋਂ ਲੋਕ ਚੇਤਨਾ ਨੂੰ ਹੋਰ ਵੀ ਸ਼ਿੱਦਤ ਨਾਲ ਝੰਜੋੜਦੇ ਹਨ।

# ਮੁੱਖ ਮੰਤਰੀ ਵੱਲੋਂ ਸਕੂਲਾਂ ਦੇ ਮੁਲਾਂਕਣ ਲਈ 'ਸੱਚ' ਪੋਰਟਲ ਲਾਂਚ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਲਾਨ ਕੀਤਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਬਲਾਕ ਪੱਧਰ 'ਤੇ ਸਰਵੋਤਮ ਕੰਮ ਕਰਨ ਵਾਲੀਆਂ 'ਸਕੂਲ ਪ੍ਰਬੰਧਨ ਕਮੇਟੀਆਂ' ਨੂੰ ਇਨਾਮ ਵਜੋਂ 10 ਲੱਖ ਰੁਪਏ ਦਿੱਤੇ ਜਾਣਗੇ। ਇਸ ਰਕਮ ਦੀ ਵਰਤੋਂ ਸਕੂਲ ਦੇ ਵਿਕਾਸ ਵਿੱਚ ਕੀਤੀ ਜਾਵੇਗੀ। ਇਸ ਵਿੱਚ ਸਰਵੋਤਮ ਸਕੂਲ ਪ੍ਰਬੰਧਨ ਕਮੇਟੀ ਦੀ ਚੋਣ 'ਸੱਚ' ਪੋਰਟਲ ਰਾਹੀਂ ਕੀਤੀ ਜਾਵੇਗੀ।

ਇਸ ਤੋਂ ਇਲਾਵਾ, ਸਾਰੀਆਂ 'ਸਕੂਲ ਪ੍ਰਬੰਧਨ ਕਮੇਟੀਆਂ' ਨੂੰ ਪੀਣ ਵਾਲੇ ਪਾਣੀ ਦੀ ਟੈਂਕੀ ਠੀਕ ਕਰਵਾਉਣ, ਟਾਇਲਟ ਅਤੇ ਕੰਧ ਦੀ ਮੁਰੰਮਤ ਵਰਗੇ ਛੋਟੇ-ਮੋਟੇ ਅਤੇ ਜ਼ਰੂਰੀ ਕੰਮਾਂ ਲਈ ਇੱਕ ਲੱਖ ਰੁਪਏ ਤੱਕ ਖਰਚ ਕਰਨ ਦੀਆਂ ਸ਼ਕਤੀਆਂ ਦਿੱਤੀਆਂ ਜਾਣਗੀਆਂ। ਵਧੀਕ ਡਿਪਟੀ ਕਮਿਸ਼ਨਰ ਦੀ ਮਨਜ਼ੂਰੀ ਤੋਂ ਬਾਅਦ 25 ਲੱਖ ਰੁਪਏ ਤੱਕ ਖਰਚ ਕਰਨ ਦੀ ਇਜਾਜ਼ਤ ਹੋਵੇਗੀ।

# ਜਮਹੂਰੀ ਕਿਸਾਨ ਸਭਾ ਦੀ ਇਕੱਤਰਤਾ 'ਚ ਭਾਰਤ-ਅਮਰੀਕਾ ਵਪਾਰ ਸਮਝੌਤਾ ਰੱਦ ਕਰਨ ਦੀ ਮੰਗ



ਮਜੀਠਾ (ਸੋਨਿਮ ਆਨੰਦ)-ਜਮਹੂਰੀ ਕਿਸਾਨ ਸਭਾ ਪੰਜਾਬ ਦੀ ਮਜੀਠਾ ਜ਼ੋਨ ਵੱਲੋਂ ਮਜੀਠਾ ਵਿਖੇ ਵਿਸ਼ੇਸ਼ ਇਕੱਤਰਤਾ ਕਰਵਾਈ ਗਈ।ਇਕੱਤਰਤਾ ਦੀ ਪ੍ਰਧਾਨਗੀ ਸੂਬਾ ਆਗੂ ਸੁੱਚਾ ਸਿੰਘ ਭੋਰਾਵਾਲ ਅਤੇ ਜਗਮੋਹਣ ਸਿੰਘ ਨੇ ਸਾਂਝੇ ਤੌਰ ਤੇ ਕੀਤੀ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨੇ ਹਿੱਸਾ ਲਿਆ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਸਤਨਾਮ ਸਿੰਘ ਅਜਨਾਲਾ ਅਤੇ ਆਗੂ ਰਤਨ ਸਿੰਘ ਰੰਧਾਵਾ ਨੇ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਦੋਵੇਂ ਸਰਕਾਰਾਂ ਲਗਾਤਾਰ ਪੇਂਡੂ ਲੋਕਾਂ ਦੇ ਹੱਕ ਮਾਰ ਰਹੀਆਂ ਹਨ।ਆਉਣ ਵਾਲੇ ਸਮੇਂ ਵਿੱਚ ਪਿੰਡਾਂ ਨੂੰ ਹੋਰ ਜਾਗਰੂਕ ਕਰਕੇ ਸੰਘਰਸ਼ ਤੇਜ਼ ਹੋਣ ਦੀ ਲੋੜ ਹੈ ਤਾਂ ਜੋ ਖੇਤੀ ਅਤੇ ਖੇਤੀ ਨਾਲ ਜੁੜੇ ਕਿੱਤਿਆਂ ਨੂੰ ਬਚਾਇਆ ਜਾ ਸਕੇ।ਕਿਸਾਨ ਆਗੂ ਹਰਭਜਨ ਸਿੰਘ ਟਰਪਈ ਨੇ ਭਾਰਤ ਅਤੇ ਅਮਰੀਕਾ ਦਰਮਿਆਨ ਹੋਣ ਜਾ ਰਹੇ ਵਪਾਰ ਸਮਝੌਤੇ ਨੂੰ ਕਿਸਾਨੀ ਲਈ ਘਾਤਕ ਦੱਸਿਆ।ਆਗੂਆਂ ਨੇ ਮੰਗ ਕੀਤੀ ਕਿ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦਾ ਸਾਰਾ ਕਰਜ਼ਾ ਮੁਆਫ ਕੀਤਾ ਜਾਵੇ।ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਮੁਤਾਬਕ ਸਾਰੀਆਂ ਫਸਲਾਂ ਦੀ ਐੱਮ.ਐੱਸ.ਪੀ ਨੂੰ ਕਾਨੂੰਨੀ ਹੱਕ ਦਿੱਤਾ ਜਾਵੇ।ਸਰਕਾਰ ਵੱਲੋਂ ਜਲਦੀ ਲਾਗੂ ਕੀਤੇ ਜਾਣ ਵਾਲੇ ਨਵੇਂ ਬਿਜਲੀ ਬਿੱਲ ਨੂੰ ਰੱਦ ਕੀਤਾ ਜਾਵੇ ਅਤੇ ਸਮਾਰਟ ਮੀਟਰ ਲਗਾਉਣ ਦੀ ਪ੍ਰਕਿਰਿਆ ਨੂੰ ਤੁਰੰਤ ਰੋਕਿਆ ਜਾਵੇ।ਨਵੇਂ ਨਰੇਗਾ ਕਾਨੂੰਨ ਨੂੰ ਰੱਦ ਕਰਕੇ ਪੁਰਾਣਾ ਨਰੇਗਾ ਕਾਨੂੰਨ ਮੁੜ ਲਾਗੂ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਪਾਣੀ ਬਚਾਉਣ ਲਈ ਤੁਰੰਤ ਠੋਸ ਕਦਮ ਚੁੱਕਣੇ ਚਾਹੀਦੇ ਹਨ।ਮੀਟਿੰਗ ਨੂੰ ਸਮਸ਼ੇਰ ਸਿੰਘ ਮਜੀਠਾ, ਜਗਦੀਸ਼ ਸਿੰਘ ਸਕੱਤਰ ਕਲੇਰ ਮਾਂਗਟ, ਸਵਰਨ ਸਿੰਘ ਟਰਪਈ, ਰਣਬੀਰ ਸਿੰਘ ਮਜੀਠਾ ਸਮੇਤ ਹੋਰ ਆਗੂਆਂ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਕੁਲਦੀਪ ਸਿੰਘ ਪੰਡੋਰੀ ਵੜੈਚ, ਦਲਬੀਰ ਸਿੰਘ, ਹਰਦੇਵ ਸਿੰਘ ਟਰਪਈ, ਰਘਬੀਰ ਸਿੰਘ, ਗੁਰਮੇਜ ਸਿੰਘ, ਸਵਰਾਜ ਸਿੰਘ, ਸਤਰਾਜ ਸਿੰਘ, ਸੁਖਵਿੰਦਰ ਸਿੰਘ, ਅਜੀਤ ਸਿੰਘ, ਕਾਬਲ ਸਿੰਘ, ਸਤਵੰਤ ਸਿੰਘ, ਬਲਵਿੰਦਰ ਸਿੰਘ, ਜਸਜੀਤ ਸਿੰਘ ਸ਼ਹਿਜ਼ਾਦਾ, ਸੁਰਜੀਤ ਸਿੰਘ, ਨਵਤੇਜ ਸਿੰਘ ਅਤੇ ਜਸਵੰਤ ਸਿੰਘ ਆਦਿ ਹਾਜ਼ਰ ਸਨ।


# ਹਰਸ਼ਪ੍ਰੀਤ ਦੀ ਮੌਤ 'ਤੇ ਭਲਾਈਪੁਰ ਨੇ ਕੀਤਾ ਪਰਵਾਰ ਨਾਲ ਦੁੱਖ ਸਾਂਝਾ



ਬਿਆਸ (ਪਰਮਜੀਤ ਸਿੰਘ ਰੱਖੜਾ) ਬੀਤੇ ਦਿਨੀਂ ਬਿਆਸ ਨੇੜਲੇ ਪਿੰਡ ਬੁੱਢਾ ਥੇਹ ਦੇ ਨੌਜਵਾਨ ਹਰਸ਼ਪ੍ਰੀਤ ਸਿੰਘ (17) ਦੀ ਸਰਯਨ 'ਚ ਝੀਲ 'ਚ ਡੁੱਬਣ ਕਾਰਨ ਮੌਤ ਹੋ ਗਈ ਸੀ। ਇਸ ਮੌਕੇ ਕਾਂਗਰਸ ਪਾਰਟੀ ਦੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਇੰਚਾਰਜ ਤੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਨੇ ਉਸ ਦੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।ਭਲਾਈਪੁਰ ਨੇ ਕਿਹਾ ਕਿ ਨੌਜਵਾਨ ਪੁੱਤ ਦੀ ਮੌਤ ਨਾਲ ਪਰਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਇਸ ਮੌਕੇ ਉਹਨਾ ਨਾਲ ਪ੍ਰਦੀਪ ਸਿੰਘ ਭਲਾਈਪੁਰ ਪ੍ਰਧਾਨ ਜ਼ਿਲ੍ਹਾ ਕਪੂਰਥਲਾ, ਚੇਅਰਮੈਨ ਬਲਕਾਰ ਸਿੰਘ ਬੱਲ, ਸਰਪੰਚ ਹਰਜੀਤ ਸਿੰਘ ਅਨਾਇਤਪੁਰ, ਬਲਾਕ ਸੰਮਤੀ ਮੈਂਬਰ ਅਮਿਤਪਾਲ ਸਿੰਘ ਬਿਆਸ, ਜੈਮਲ ਸਿੰਘ ਸ਼ਾਹ, ਸਰਪੰਚ ਰਘਬੀਰ ਸਿੰਘ, ਕੇਸ਼ੀ ਪਹਿਲਵਾਨ, ਪ੍ਰਧਾਨ ਅਨੀਤਾ ਰਾਣੀ, ਹਰਮਨ ਭਲਾਈਪੁਰ, ਪੀ ਏ ਜਗਦੀਪ ਸਿੰਘ ਮਾਨ, ਢੱਲੋਂ ਬਿਆਸ, ਸਾਬਕਾ ਸਰਪੰਚ ਸਿਕੰਦਰ ਸਿੰਘ, ਨਿਰਮਲ ਸਿੰਘ, ਸਾਬਕਾ ਸਰਪੰਚ ਸਤਵਿੰਦਰ ਕੌਰ, ਜਗਦੀਪ ਸਿੰਘ ਤੇ ਇੰਸਪੈਕਟਰ ਹਰਜੀਤ ਸਿੰਘ ਆਦਿ ਸਨ।

# ਮਾਤਾ ਜਸਵੀਰ ਕੌਰ ਦੀ ਨਿੱਘੀ ਯਾਦ 'ਚ ਬਰਸੀ ਸਮਾਗਮ




ਝਬਾਲ, (ਹਰਜਿੰਦਰ ਸਿੰਘ ਸੋਨੀ)-ਗੁਰਦੁਆਰਾ ਕਿਲਾ ਸਾਹਿਬ ਪਿੰਡ ਠੱਠਗੜ੍ਹ ਨੇੜੇ ਝਬਾਲ ਜ਼ਿਲਾ ਤਰਨਤਾਰਨ ਵਿਖੇ ਬਾਬਾ ਸੁੱਧ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਕਿਲਾ ਸਾਹਿਬ ਠੱਠਗੜ੍ਹ, ਟੂਸੇ ਸ੍ਰੀ ਮਾਛੀਵਾੜਾ ਸਾਹਿਬ, ਹੇਮਕੁੰਟ ਸਾਹਿਬ ਲੰਗਰਾਂ ਵਾਲਿਆਂ ਦੇ ਧਰਮ ਪਤਨੀ ਮਾਤਾ ਜਸਵੀਰ ਕੌਰ ਦੀ ਨਿੱਘੀ ਯਾਦ ਵਿੱਚ ਬਰਸੀ ਸਮਾਗਮ ਮਨਾਇਆ ਗਿਆ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਏ ਗਏ ਭੋਗ ਉਪਰੰਤ ਰਾਗੀ ਸਿੰਘਾਂ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ ਤੇ ਕਵੀਸ਼ਰੀ ਜਥੇ ਭਾਈ ਸੰਦੀਪ ਸਿੰਘ ਚੰਦਨ ਠੱਠਗੜ੍ਹ ਵੱਲੋਂ ਵਾਰਾਂ ਗਾ ਕੇ ਮਾਤਾ ਜਸਵੀਰ ਕੌਰ ਦੇ ਜੀਵਨ ਸਬੰਧੀ ਸੰਗਤਾਂ ਨੂੰ ਜਾਣੂ ਕਰਵਾਇਆ ਗਿਆ।ਇਸ ਮੌਕੇ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਬਾਬਾ ਸੁੱਧ ਸਿੰਘ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਭੇਟ ਕੀਤਾ ਗਿਆ। ਪੁੱਜੇ ਸੰਤ ਮਹਾਂਪੁਰਸ਼, ਸੰਤ ਸਮਾਜ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਤੋਂ ਇਲਾਵਾ ਬਾਬਾ ਲਾਲ ਸਿੰਘ ਲਾਲੀ ਜਲੰਧਰ ਵਾਲੇ, ਬਾਬਾ ਗੁਰਦੀਪ ਸਿੰਘ ਪੱਪੂ ਬੁਰਜ ਹਰੀ ਸਿੰਘ ਵਾਲਾ, ਬਾਬਾ ਲਵਪ੍ਰੀਤ ਸਿੰਘ ਤਰਨਾ ਦਲ ਸ੍ਰੀ ਆਨੰਦਪੁਰ ਸਾਹਿਬ, ਬਾਬਾ ਕੰਵਲਜੀਤ ਸਿੰਘ ਅਰਦਾਸੀਆ ਗੁਰਦਾਸਪੁਰ ਵਾਲਿਆਂ ਵੱਲੋਂ ਸਵ: ਮਾਤਾ ਜਸਵੀਰ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਸਰਪੰਚ ਸੋਨੀ ਠੱਠਗੜ੍ਹ, ਉਦਯੋਗਪਤੀ ਪ੍ਰਿੰਸਪਾਲ ਸਿੰਘ ਠੱਠਗੜ੍ਹ ਸਮੇਤ ਪੁੱਜੀਆਂ ਧਾਰਮਿਕ ਤੇ ਰਾਜਸੀ ਸ਼ਖ਼ਸੀਅਤਾਂ ਨੂੰ ਬਾਬਾ ਸੁੱਧ ਸਿੰਘ, ਬਾਬਾ ਸਰਬਜੀਤ ਸਿੰਘ, ਬਾਬਾ ਸਤਵੰਤ ਸਿੰਘ ਸੋਨੂੰ ਆਦਿ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

# ਵਿਕਾਸ ਸ਼ਰਮਾ ਦਰਜਨਾਂ ਸਾਥੀਆਂ ਸਮੇਤ ਆਪ 'ਚ ਸ਼ਾਮਲ



ਪਠਾਨਕੋਟ, (ਦਵਿੰਦਰ ਸਿੰਘ) ਵਿਧਾਨ ਸਭਾ ਹਲਕਾ ਭੋਆ ਦੇ ਤਰਗੜ੍ਹ ਖੇਤਰ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਭਾਜਪਾ-ਆਰਐੱਸਐੱਸ ਦੇ ਆਗੂ ਵਿਕਾਸ ਸ਼ਰਮਾ ਆਪਣੇ ਦਰਜਨਾਂ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਨਵੇਂ ਸ਼ਾਮਲ ਹੋਏ ਆਗੂਆਂ ਅਤੇ ਕਾਰਜਕਰਤਾਵਾਂ ਨੂੰ ਸਰੋਪੇ ਪਾ ਕੇ ਸਨਮਾਨਿਤ ਕੀਤਾ ਅਤੇ ਪਾਰਟੀ ਵਿੱਚ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕ-ਹਿਤੈਸ਼ੀ ਨੀਤੀਆਂ ਅਤੇ ਵਿਕਾਸਮੁਖੀ ਸੋਚ ਦੇ ਆਧਾਰ ਤੇ ਲਗਾਤਾਰ ਮਜ਼ਬੂਤ ਹੋ ਰਹੀ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਸਾਥੀਆਂ ਦੇ ਸ਼ਾਮਲ ਹੋਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤੀ ਮਿਲੇਗੀ।ਇਸ ਮੌਕੇ ਸੁਨੀਲ ਦੱਤ, ਸ਼ੁਭ ਲਤਾ, ਸੌਰਵ, ਨਿਤਿਨ, ਅਮਿਤ, ਰਮੇਸ਼ ਕੁਮਾਰ, ਜੀਵਨ ਕੁਮਾਰ, ਸਾਜਨ ਕੁਮਾਰ, ਜੌਨੀ, ਨਰਿੰਦਰ ਕੁਮਾਰ, ਬਿਮਲਾ ਦੇਵੀ, ਰਾਣੀ ਦੇਵੀ, ਸਿਰੋਜ ਬਾਲਾ ਅਤੇ ਸਤਿਆ ਦੇਵੀ ਨੇ ਵੀ ਆਮ ਆਦਮੀ ਪਾਰਟੀ ਦੀ ਮੈਂਬਰਸ਼ਿਪ ਗ੍ਰਹਿਣ ਕੀਤੀ।

# ਵਿਧਾਇਕ ਟੌਂਗ ਨੇ 13 ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਵੰਡੇ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਅਤੇ ਨੌਜਵਾਨਾਂ ਨੂੰ ਪਾਰਦਰਸ਼ੀ ਢੰਗ ਨਾਲ ਰੁਜ਼ਗਾਰ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਤਹਿਤ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਦਲਬੀਰ ਸਿੰਘ ਟੌਂਗ ਨੇ ਆਪਣੇ ਕੈਂਪ ਦਫ਼ਤਰ ਵਿਖੇ ਮਿਸ਼ਨ ਪੋਸ਼ਣ 2.0 ਅਤੇ ਆਂਗਣਵਾੜੀ ਸਰਵਿਸਿਜ਼ ਸਕੀਮ ਅਧੀਨ ਹਲਕਾ ਬਾਬਾ ਬਕਾਲਾ ਸਾਹਿਬ ਨਾਲ ਸੰਬੰਧਿਤ ਵੱਖ-ਵੱਖ ਪਿੰਡਾਂ ਲਈ ਚੁਣੀਆਂ ਗਈਆਂ 13 ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਵਿਧਾਇਕ ਸ. ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਯੋਗਤਾ ਅਤੇ ਮੈਰਿਟ ਦੇ ਆਧਾਰ ਤੇ ਬਿਨਾਂ ਕਿਸੇ ਸਿਫ਼ਾਰਸ਼ ਜਾਂ ਰਿਸ਼ਵਤਖੋਰੀ ਦੇ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰ ਸਮਾਜ ਦੇ ਸਭ ਤੋਂ ਮਹੱਤਵਪੂਰਨ ਵਰਗਾਂ—ਬੱਚਿਆਂ, ਗਰਭਵਤੀ ਮਹਿਲਾਵਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ—ਤੱਕ ਪੋਸ਼ਣ ਅਤੇ ਸਿਹਤ ਸਬੰਧੀ ਸਰਕਾਰੀ ਯੋਜਨਾਵਾਂ ਦੇ ਲਾਭ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਉਮੀਦ ਪ੍ਰਗਟਾਈ ਕਿ ਨਵ-ਨਿਯੁਕਤ ਵਰਕਰ ਮਿਸ਼ਨ ਪੋਸ਼ਣ 2.0 ਦੇ ਉਦੇਸ਼ਾਂ ਨੂੰ ਸਫ਼ਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੀਆਂ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਰੁਜ਼ਗਾਰ ਦੇ ਮੌਕੇ ਵਧਾਉਣ ਦੇ ਨਾਲ-ਨਾਲ ਲੋਕ ਭਲਾਈ ਦੀਆਂ ਸਕੀਮਾਂ ਨੂੰ ਪੂਰੀ ਪਾਰਦਰਸ਼ਤਾ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ।ਇਸ ਮੌਕੇ ਬਲਾਕ ਰਈਆ ਦੇ ਸੀਡੀਪੀਓ ਜਸਪ੍ਰੀਤ ਸਿੰਘ, ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ, ਵਿਸ਼ਾਲ ਸ਼ਰਮਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਔਜਲਾ ਨੇ ਸਰਹੱਦੀ ਕਿਸਾਨਾਂ ਨੂੰ ਦੋ ਨਵੇਂ ਬੇੜੇ ਸੌਂਪੇ

**ਕਿਹਾ : ਇਹ ਬੇੜੇ ਕਿਸਾਨਾਂ ਲਈ ਕਿਸੇ ਜੀਵਨ ਰੇਖਾ ਤੋਂ ਘੱਟ ਨਹੀਂ ਹਨ**



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਐਤਵਾਰ ਨੂੰ ਸਰਹੱਦੀ ਇਲਾਕੇ ਦੇ ਕਮਾਲਪੁਰ ਚੌਕੀ ਤੋਂ ਅੱਗੇ ਬੀਐੱਸਐੱਫ ਦੇ ਬੀਓਪੀ 56 ਨੰਬਰ ਗੇਟ ਨੇੜੇ ਰਾਵੀ ਦਰਿਆ ਵਿਚ ਐੱਮਪੀ ਲੈਡ ਫੰਡ ਤਹਿਤ ਦੋ ਨਵੇਂ ਵੱਡੇ ਬੇੜੇ ਕਿਸਾਨਾਂ ਨੂੰ ਸਮਰਪਿਤ ਕੀਤੇ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਬੇੜੇ ਸਰਹੱਦੀ ਕਿਸਾਨਾਂ ਲਈ ਕਿਸੇ ਜੀਵਨ ਰੇਖਾ ਤੋਂ ਘੱਟ ਨਹੀਂ ਹਨ, ਕਿਉਂਕਿ ਦਰਿਆ ਪਾਰ ਪਿੰਡਾਂ ਦੀ ਜ਼ਮੀਨ ਤੱਕ ਪਹੁੰਚਣ ਲਈ ਇਹੀ ਇਕੋ-ਇਕ ਸਾਧਨ ਹੈ। ਇਸ ਦੌਰਾਨ ਉਨ੍ਹਾਂ ਨਾਲ ਉਨ੍ਹਾਂ ਦੇ ਭਰਾ ਸੁਖਜਿੰਦਰ ਔਜਲਾ ਵੀ ਮੌਜੂਦ ਸਨ। ਔਜਲਾ ਨੇ ਦੱਸਿਆ ਕਿ ਇਸ ਸਥਾਨ 'ਤੇ ਬੀਐੱਸਐੱਫ ਦੀ ਡਿਫੈਂਸ ਲਾਈਨ ਹੈ ਤੇ ਇਸ ਤੋਂ ਅੱਗੇ ਦਰਿਆ ਪਾਰ ਕਿਸਾਨਾਂ ਦੀ ਖੇਤੀਬਾੜੀ ਵਾਲੀ ਜ਼ਮੀਨ ਪੈਂਦੀ ਹੈ। ਪਿਛਲੇ ਸਾਲ ਆਏ ਭਿਆਨਕ ਹੜ੍ਹਾਂ ਦੌਰਾਨ ਪਹਿਲਾਂ ਦਿੱਤੇ ਗਏ ਬੇੜੇ ਰੁੜ੍ਹ ਗਏ ਸਨ, ਜਿਸ ਕਾਰਨ ਕਿਸਾਨਾਂ ਨੂੰ ਆਪਣੀ ਜ਼ਮੀਨ ਤਕ ਪਹੁੰਚਣ ਵਿਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਕਿਸਾਨਾਂ ਦੀ ਲਗਾਤਾਰ ਮੰਗ ਨੂੰ ਧਿਆਨ ਵਿਚ ਰੱਖਦਿਆਂ ਹੁਣ ਦੋ ਨਵੇਂ ਬੇੜੇ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਸਾਲ 2016 ਵਿਚ ਵੀ ਜਦੋਂ ਉਹ ਇਸ ਇਲਾਕੇ ਵਿਚ ਆਏ ਸਨ ਤਾਂ ਕਿਸਾਨਾਂ ਨੇ ਬੇੜਿਆਂ ਦੀ ਮੰਗ ਰੱਖੀ ਸੀ। ਉਸ ਸਮੇਂ ਉਨ੍ਹਾਂ ਨੇ ਆਪਣੇ ਨਿੱਜੀ ਯਤਨਾਂ ਨਾਲ ਬੇੜਿਆਂ ਦਾ ਪ੍ਰਬੰਧ ਕੀਤਾ ਸੀ, ਜਦੋਂਕਿ ਹੁਣ ਸੰਸਦ ਮੈਂਬਰ ਬਣਨ ਤੋਂ ਬਾਅਦ ਐੱਮਪੀ ਲੈਡ ਫੰਡ ਰਾਹੀਂ ਇਹ ਸਹੂਲਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਕੁੱਲ ਚਾਰ ਵੱਡੇ ਬੇੜੇ ਦਿੱਤੇ ਜਾ ਚੁੱਕੇ ਹਨ, ਜਦਕਿ ਲੋੜ ਅਨੁਸਾਰ ਕੁਝ ਛੋਟੀਆਂ ਬੇੜੀਆਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਔਜਲਾ ਨੇ ਕਿਹਾ ਕਿ ਨਵੇਂ ਬੇੜਿਆਂ ਦੀ ਸਮਰੱਥਾ ਇੰਨੀ ਹੈ ਕਿ ਇਨ੍ਹਾਂ 'ਤੇ ਟਰੈਕਟਰ, ਕੰਬਾਈਨ ਹਾਰਵੈਸਟਰ ਤੇ ਹੋਰ ਭਾਰੀ ਖੇਤੀਬਾੜੀ ਮਸ਼ੀਨਰੀ ਵੀ ਆਸਾਨੀ ਨਾਲ ਦਰਿਆ ਪਾਰ ਲਿਜਾਈ ਜਾ ਸਕਦੀ ਹੈ। ਇਸ ਤੋਂ ਇਲਾਵਾ ਛੋਟੀਆਂ ਬੇੜੀਆਂ ਵੀ ਦਿੱਤੀਆਂ ਗਈਆਂ ਹਨ, ਤਾਂ ਜੋ ਦੋ ਤੋਂ ਪੰਜ ਵਿਅਕਤੀ ਜਾਂ ਛੋਟਾ ਖੇਤੀਬਾੜੀ ਸਾਮਾਨ ਲੈ ਕੇ ਜਾਣ ਵਾਲੇ ਕਿਸਾਨਾਂ ਨੂੰ ਵੱਡੇ ਬੇੜੇ ਦੀ ਉਡੀਕ ਨਾ ਕਰਨੀ ਪਵੇ ਅਤੇ ਉਹ ਆਪਣੀ ਲੋੜ ਅਨੁਸਾਰ ਖ਼ੁਦ ਵੀ ਬੇੜੀ ਚਲਾ ਸਕਣ। ਕੁਲਦੀਪ ਸਿੰਘ ਧਾਲੀਵਾਲ ਵੱਲੋਂ ਕੀਤੀਆਂ ਟਿੱਪਣੀਆਂ ਦਾ ਜਵਾਬ ਦਿੰਦਿਆਂ ਔਜਲਾ ਨੇ ਕਿਹਾ ਕਿ ਵਿਕਾਸ ਕਾਰਜ ਸਿਰਫ਼ ਫੋਟੋਆਂ ਖਿੱਚਵਾਉਣ ਨਾਲ ਨਹੀਂ ਹੁੰਦੇ, ਸਗੋਂ ਲਗਾਤਾਰ ਮਿਹਨਤ, ਯੋਜਨਾਬੱਧ ਢੰਗ ਨਾਲ ਮਾਮਲੇ ਉਠਾਉਣ ਤੇ ਸੰਸਦ ਵਿਚ ਲੋਕਾਂ ਦੀ ਆਵਾਜ਼ ਬੁਲੰਦ ਕਰਨ ਨਾਲ ਪ੍ਰੋਜੈਕਟ ਮਨਜ਼ੂਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਪਹਿਲਾ ਫਰਜ਼ ਨਸ਼ਿਆਂ ਨੂੰ ਰੋਕਣਾ ਅਤੇ ਨੌਜਵਾਨਾਂ ਨੂੰ ਬਚਾਉਣਾ ਹੋਣਾ ਚਾਹੀਦਾ ਹੈ।

# ਪ੍ਰਿੰਸੀਪਲਾਂ ਤੋਂ ਸੱਖਣੇ ਸਕੂਲਾਂ ਕਾਰਨ ਹੋ ਰਿਹਾ ਵਿਦਿਆਰਥੀਆਂ ਦੀ ਸਿੱਖਿਆ ਦਾ ਭਾਰੀ ਨੁਕਸਾਨ



ਧਾਰੀਵਾਲ, ਜੈਂਤੀਪੁਰ (ਮਨਦੀਪ ਸਿੰਘ ਵਿੱਕੀ, ਸੁਖਬੀਰ ਸਿੰਘ ਸਿੱਧੂ)-ਗੌਰਮਿੰਟ ਸਕੂਲ ਲੈਕਚਰਾਰ ਪ੍ਰਮੋਸ਼ਨ ਫਰੰਟ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਆਨਲਾਈਨ ਮੋਡ ਵਿੱਚ ਹੋਈ। ਇਸ ਵਿੱਚ ਲੰਮੇ ਸਮੇਂ ਤੋਂ ਤਰੱਕੀਆਂ ਦੀ ਉਡੀਕ ਕਰ ਰਹੇ ਲੈਕਚਰਾਰਾਂ ਨੇ ਭਾਗ ਲਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸੂਬਾ ਆਗੂ ਡਾਕਟਰ ਪਰਮਜੀਤ ਸਿੰਘ ਕਲਸੀ, ਅਰੁਣ ਕੁਮਾਰ ਤੇ ਰਣਬੀਰ ਸਿੰਘ ਸੋਹਲ ਨੇ ਦੱਸਿਆ ਪੰਜਾਬ ਦੇ 1927 ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪ੍ਰਿੰਸੀਪਲ ਦੀਆਂ ਅਸਾਮੀਆਂ ਮਨਜ਼ੂਰ ਹਨ। ਬੀਤੇ ਸਮੇਂ ਵਿੱਚ ਇਕੱਤਰ ਕੀਤੇ ਡਾਟੇ ਅਨੁਸਾਰ ਪੰਜਾਬ ਵਿੱਚ ਤਕਰੀਬਨ 1200 ਅਸਾਮੀਆਂ ਖ਼ਾਲੀ ਹਨ, ਜੋ ਕੁਲ ਅਸਾਮੀਆਂ ਦਾ ਤਕਰੀਬਨ 62 ਫੀਸਦੀ ਬਣਦੀਆਂ ਹਨ। ਉਨ੍ਹਾਂ ਨੇ ਕੁਝ ਜ਼ਿਲ੍ਹਿਆਂ ਦੇ ਡਾਟੇ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਮਾਨਸਾ 'ਚ ਕਰੀਬ 65, ਫਰੀਦਕੋਟ 28, ਫ਼ਤਿਹਗੜ੍ਹ ਸਾਹਿਬ 24, ਫਿਰੋਜ਼ਪੁਰ 39, ਕਪੂਰਥਲਾ 40, ਮੋਗਾ 64, ਬਠਿੰਡਾ 90, ਲੁਧਿਆਣਾ 100, ਮੁਕਤਸਰ ਸਾਹਿਬ 42, ਐੱਸ ਬੀ ਐੱਸ ਨਗਰ 46, ਹੁਸ਼ਿਆਰਪੁਰ 66, ਪਟਿਆਲਾ 40, ਸੰਗਰੂਰ 66, ਬਰਨਾਲਾ 39, ਰੋਪੜ 31, ਸ੍ਰੀ ਅੰਮ੍ਰਿਤਸਰ ਸਾਹਿਬ 50, ਤਰਨਤਾਰਨ 61, ਗੁਰਦਾਸਪੁਰ 70, ਪਠਾਨਕੋਟ 27, ਜਲੰਧਰ 110, ਮੁਹਾਲੀ 7, ਫਾਜ਼ਿਲਕਾ 24, ਮਲੇਰਕੋਟਲਾ 15 ਮਨਜ਼ੂਰ ਪ੍ਰਿੰਸੀਪਲ ਤੋਂ ਸੱਖਣੇ ਹਨ । ਤੇਜਿੰਦਰ ਸਿੰਘ ਤੇ ਗੁਰਮੀਤ ਸਿੰਘ ਨਾਗੀ ਨੇ ਦੱਸਿਆ ਕਿ ਪੰਜਾਬ ਵਿੱਚ ਪਿਛਲੀ ਵਾਰ 2022 194 ਪ੍ਰਿੰਸੀਪਲ ਦੀਆਂ ਪ੍ਰਮੋਸ਼ਨਾ ਹੋਈਆਂ ਸਨ, ਜਿਨ੍ਹਾਂ ਵਿੱਚ ਤਕਰੀਬਨ 149 ਪ੍ਰਿੰਸੀਪਲ ਹੀ ਜੁਆਇਨ ਹੋਏ ਸਨ, ਜਿਸ ਤੋਂ ਬਾਅਦ ਵਿਭਾਗ ਲੰਮੀ ਕਾਨੂੰਨੀ ਪ੍ਰਕਿਰਿਆ ਵਿੱਚ ਉਲਝ ਗਿਆ ਅਤੇ ਵਿਭਾਗ ਦੇ ਕੁਝ ਅਧਿਕਾਰੀਆਂ ਦੀਆਂ ਗ਼ਲਤੀਆਂ ਕਾਰਨ ਪ੍ਰਮੋਸ਼ਨਾ ਕੋਰਟ ਕੇਸਾਂ ਵਿੱਚ ਉਲਝ ਗਈਆਂ । ਹੁਣ ਮਾਣਯੋਗ ਪੰਜਾਬ ਤੇ ਹਰਿਆਣਾ ਉੱਚ ਅਦਾਲਤ ਵਿੱਚ ਲੰਬਿਤ ਕੇਸਾਂ ਵਿੱਚ ਚੱਲ ਰਹੀ ਸਟੇਅ ਖ਼ਤਮ ਹੋ ਗਈ ਹੈ ਅਤੇ ਤਰੱਕੀਆਂ ਕਰਨ ਲਈ ਢੁੱਕਵਾਂ ਸਮਾਂ ਹੈ। ਗੁਰਵਿੰਦਰ ਸਿੰਘ ਤੇ ਨਿਰਮਲਜੀਤ ਸਿੰਘ ਨੇ ਦੱਸਿਆ ਕਿ ਪ੍ਰਿੰਸੀਪਲ ਬਣਨ ਲਈ ਸਿੱਧੀ ਭਰਤੀ ਦਾ ਕੋਟਾ 25% (486 ਅਸਾਮੀਆਂ) ਅਤੇ ਤਰੱਕੀਆਂ ਦਾ ਕੋਟਾ 75% (1459) ਅਸਾਮੀਆਂ ਹੈ। ਤਰੱਕੀਆਂ ਦੇ ਕੋਟੇ ਵਿੱਚੋਂ ਬਤੌਰ ਪ੍ਰਿੰਸੀਪਲ ਤਰੱਕੀਆਂ ਲਈ ਤਿੰਨ ਧਿਰਾਂ ਯੋਗ ਹਨ, ਇਨ੍ਹਾਂ ਵਿੱਚੋਂ ਗਿਣਤੀ ਦੇ ਮਾਪਦੰਡ ਉਤੇ ਲੈਕਚਰਾਰ ਦਾ ਕੋਟਾ 70% (1021 ਅਸਾਮੀਆਂ), ਹੈੱਡ ਮਾਸਟਰ ਦਾ ਕੋਟਾ 20% (292 ਅਸਾਮੀਆਂ) ਅਤੇ ਵੋਕੇਸ਼ਨਲ ਲੈਕਚਰਾਰ ਦਾ ਕੋਟਾ 10% ( 146) ਬਣਦਾ ਹੈ। ਇਸ ਸਮੇਂ ਤਿੰਨਾਂ ਕਾਡਰਾਂ ਦੀ ਸੀਨੀਅਰਤਾ ਵਿਭਾਗ ਵੱਲੋਂ ਜਾਰੀ ਕੀਤੀ ਜਾ ਚੁੱਕੀ ਹੈ ਅਤੇ ਕਿਸੇ ਵੀ ਸੀਨੀਅਰਤਾ ਉਤੇ ਕੋਈ ਸਟੇਅ ਆਰਡਰ ਨਹੀਂ ਹਨ । ਜਥੇਬੰਦੀ ਦੇ ਆਗੂਆਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਕੱਤਰ ਸਕੂਲ ਸਿੱਖਿਆ ਸੋਨਾਲੀ ਗਿਰੀ ਆਈ. ਏ. ਐੱਸ. ਤੋਂ ਮੰਗ ਕੀਤੀ ਕਿ ਪੰਜਾਬ ਵਿੱਚ ਪ੍ਰਿੰਸੀਪਲਾਂ ਦੀਆਂ ਨੂੰ ਅਣਹੋਂਦ ਕਾਰਨ ਹੋ ਰਹੇ ਸਿੱਖਿਆ ਦੇ ਨੁਕਸਾਨ ਤੇ ਸਕੂਲ ਸਿੱਖਿਆ ਦੇ ਵਿਕਾਸ ਦੇ ਹੋ ਰਹੇ ਹਰਜਾਨੇ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਦਿਆਰਥੀਆਂ ਦੇ ਹਿੱਤ ਵਿੱਚ ਜਲਦੀ ਤੋਂ ਜਲਦੀ ਤਰੱਕੀਆਂ ਕੀਤੀਆਂ ਜਾਣ।

# ਭਲਕੇ ਸੁਖਬੀਰ ਬਾਦਲ ਰਾਵੀ ਦਰਿਆ ਦੇ ਬੰਨ੍ਹਾਂ ਦਾ ਲੈਣਗੇ ਜਾਇਜ਼ਾ : ਲੰਗਾਹ



ਧਾਰੀਵਾਲ, (ਮਨਦੀਪ ਵਿੱਕੀ)-ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਸੁੱਚਾ ਸਿੰਘ ਲੰਗਾਹ ਨੇ ਰਾਵੀ ਦਰਿਆ ਨਾਲ ਲੱਗਦੇ ਪਿੰਡਾਂ ਦੀਆਂ ਸੰਗਤਾਂ, ਕਿਸਾਨਾਂ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਮੂਹ ਵਰਕਰਾਂ ਨੂੰ 21 ਜੁਲਾਈ ਨੂੰ ਡੇਰਾ ਬਾਬਾ ਨਾਨਕ ਵਿਖੇ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ 21 ਜੁਲਾਈ ਨੂੰ ਦੁਪਹਿਰ 12 ਵਜੇ ਡੇਰਾ ਬਾਬਾ ਨਾਨਕ ਪਹੁੰਚ ਕੇ ਰਾਵੀ ਦਰਿਆ ਦੇ ਬੰਨ੍ਹਾਂ ਅਤੇ ਪਿਛਲੇ ਸਾਲ ਹੜ੍ਹਾਂ ਦੌਰਾਨ ਪ੍ਰਭਾਵਿਤ ਹੋਏ ਇਲਾਕਿਆਂ ਦਾ ਜਾਇਜ਼ਾ ਲੈਣਗੇ।ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਪਿਛਲੇ ਸਾਲ ਰਾਵੀ ਦਰਿਆ ਦੇ ਬੰਨ੍ਹ ਟੁੱਟਣ ਕਾਰਨ ਗੁਰਦਾਸਪੁਰ ਜ਼ਿਲ੍ਹੇ ਵਿੱਚ ਭਾਰੀ ਤਬਾਹੀ ਹੋਈ ਸੀ।ਹਜ਼ਾਰਾਂ ਏਕੜ ਫਸਲਾਂ ਪਾਣੀ ਹੇਠ ਆ ਗਈਆਂ, ਅਨੇਕਾਂ ਘਰ ਢਹਿ ਗਏ ਅਤੇ ਲੋਕਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪਿਆ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਪਰਿਵਾਰ ਅੱਜ ਵੀ ਪੂਰੀ ਤਰ੍ਹਾਂ ਸੰਭਲ ਨਹੀਂ ਸਕੇ ਅਤੇ ਕਈ ਲੋਕ ਸਰਕਾਰੀ ਸਹਾਇਤਾ ਦੀ ਉਡੀਕ ਕਰ ਰਹੇ ਹਨ।ਲੰਗਾਹ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ ਕਿ ਕੁਝ ਥਾਵਾਂ ਤੇ ਬੰਨ੍ਹਾਂ ਦੀ ਮੁਰੰਮਤ ਮਿਆਰੀ ਢੰਗ ਨਾਲ ਨਹੀਂ ਕੀਤੀ ਗਈ ਅਤੇ ਕਥਿਤ ਤੌਰ 'ਤੇ ਰੇਤ ਪਾ ਕੇ ਹੀ ਕੰਮ ਮੁਕੰਮਲ ਦਿਖਾ ਦਿੱਤਾ ਗਿਆ।ਇਸ ਮੌਕੇ ਅਮਰੀਕ ਸਿੰਘ ਸਾਬਕਾ ਚੇਅਰਮੈਨ ਵਡਾਲਾ ਬਾਂਗਰ, ਬਲਵਿੰਦਰ ਸਿੰਘ ਢਿੱਲੋਂ, ਗੁਰਜਿੰਦਰ ਸਿੰਘ ਅਠਵਾਲ, ਤਜਬੀਰ ਸਿੰਘ ਪੀਏ ਲਗਾਹ, ਸਿਮਰਿ ਵੈਰੋਕੇ ਬਾਜਵਾ ਦਿਹਾਤੀ ਪ੍ਰਧਾਨ,ਸੁਖਵਿੰਦਰ ਸਿੰਘ ਪੱਕੀਵਾਂ, ਅੰਮ੍ਰਿਤ ਖਾਸਾ, ਲਾਲੀ ਜੌਹਲ ਨੰਗਲ, ਪ੍ਰਭਜੀਤ ਸਿੰਘ ਬੱਲ ਪ੍ਰਧਾਨ ਯੂਥ ਅਕਾਲੀ ਦਲ ਸ਼ਹਿਰੀ, ਬਲਵਿੰਦਰ ਸਿੰਘ ਲੋਪਾ , ਕੁਲਜੀਤ ਸਿੰਘ ਮਝੈਲ, ਰਜਿੰਦਰ ਸਿੰਘ ਵੈਰੋਕੇ ਬਾਜਵਾ, ਸਤਨਾਮ ਸਿੰਘ ਪਟਵਾਰੀ ਠੇਠਰਕੇ ਸਰਕਲ ਜਥੇਦਾਰ, ਕੁਲਦੀਪ ਸਿੰਘ ਪੰਨਵਾਂ, ਤਰਸੇਮ ਸਿੰਘ ਬਸਤੀ ਗੁਰਵਿੰਦਰ ਸਿੰਘ ਗੁਰਚੱਕ, ਕਿਰਨਜੀਤ ਕੌਰ ਕਲਾਨੌਰ ਆਦਿ ਹਾਜ਼ਰ ਸਨ।

# ਕੱਥੂਨੰਗਲ 'ਚ ਮੈਡੀਕਲ ਨਸ਼ਾ ਜ਼ੋਰਾਂ 'ਤੇ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਮਾਨ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਅਤੇ ਨਸ਼ਿਆਂ ਦਾ ਜੜ੍ਹ ਤੋਂ ਖਾਤਮਾ ਕਰਨ ਲਈ ਈ-ਰਿਕਸ਼ੇ ਵੀ ਚਲਾਏ ਗਏ ਜਿਸ ਦੀ ਪੂਰੇ ਪੰਜਾਬ ਭਰ ਵਿੱਚ ਸ਼ਲਾਘਾ ਕੀਤੀ ਜਾ ਰਹੀ ਹੈ ਪਰ ਨਸ਼ਾ ਤਸਕਰ ਚੋਰ ਮੋਰੀਆਂ ਰਾਹੀਂ ਨਸ਼ਾ ਅਤੇ ਮੈਡੀਕਲ ਸਟੋਰਾਂ ਵਾਲੇ ਮੈਡੀਕਲ ਨਸ਼ਾ ਵੇਚ ਰਹੇ ਹਨ। ਅਜਿਹਾ ਹੀ ਇੱਕ ਮਾਮਲਾ ਹਲਕਾ ਮਜੀਠਾ 'ਚ ਪੈਂਦੇ ਪਿੰਡ ਕੱਥੂਨੰਗਲ 'ਚ ਸਾਹਮਣੇ ਆਇਆ ਹੈ ਜਿੱਥੇ ਦੋ ਨਸ਼ੇੜੀ ਡੰਗਰਾਂ ਦੇ ਹਸਪਤਾਲ ਦੀ ਬਿਲਡਿੰਗ ਦੇ ਪਿਛਲੇ ਪਾਸੇ ਨਸ਼ੇ ਦੇ ਇੰਜੈਕਸ਼ਨ ਲਗਾ ਰਹੇ ਸੀ। ਜਦੋਂ ਪੱਤਰਕਾਰਾਂ ਨੇ ਉਨ੍ਹਾਂ ਨੂੰ ਪੁੱਛਿਆ ਕਿ ਨਸ਼ਾ ਅਤੇ ਸਰਿੰਜਾਂ ਕਿਸ ਕੋਲੋਂ ਲੈ ਕੇ ਆਏ ਹੋ ਤਾਂ ਉਨ੍ਹਾਂ ਦੱਸਣ ਤੋਂ ਇਨਕਾਰ ਕੀਤਾ ਅਤੇ ਆਪਣੀ ਜਗ੍ਹਾ ਛੱਡ ਕੇ ਭੱਜ ਗਏ।ਇਸ ਮਸਲੇ ਬਾਰੇ ਐੱਸਐੱਚਓ ਕੱਥੂਨੰਗਲ ਦੀ ਮੈਡਮ ਹਰਸਿਮਰਜੀਤ ਕੌਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅੱਜ ਮੈਂ ਇੱਥੇ ਨਹੀਂ ਹਾਂ, ਕੱਲ ਆਉਣਾ ਹੈ, ਫਿਰ ਆ ਕੇ ਦੇਖਦੀ ਹਾਂ।ਇਸ ਮਸਲੇ ਦੀ ਪੁਰਜ਼ੋਰ ਨਿਖੇਧੀ ਕਰਦਿਆਂ ਸੀਪੀਆਈ ਸੈਕਟਰੀ ਮਜੀਠਾ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਆਪ ਸਰਕਾਰ ਨੇ ਨਸ਼ੇ ਨੂੰ ਬਹੁਤ ਵੱਡੇ ਪੱਧਰ 'ਤੇ ਠੱਲ੍ਹ ਪਾਈ ਹੈ ਪਰ ਕੁਝ ਪੁਲਸ ਅਫਸਰਾਂ ਦੀ ਅਣਗਹਿਲੀ ਕਾਰਨ ਨਸ਼ਾ ਅੱਜ ਵੀ ਵਿਕ ਰਿਹਾ।ਕਾਮਰੇਡ ਨੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੂੰ ਵੀ ਕਿਹਾ ਕਿ ਨਸ਼ਿਆਂ ਨੂੰ ਠੱਲ੍ਹ ਪਾਉਣ ਵਾਸਤੇ ਪੁਲਸ ਦੀ ਇਲਾਕੇ ਵਿੱਚ ਚੌਕਸੀ ਵਧਾਈ ਜਾਵੇ ਤਾਂ ਜੋ ਮਾਵਾਂ ਦੇ ਪੁੱਤ ਜੋ ਟੀਕੇ ਲਾ ਕੇ ਮਰ ਰਹੇ ਹਨ, ਦੀਆਂ ਜਾਨਾਂ ਨੂੰ ਬਚਾਇਆ ਜਾ ਸਕੇ।

# ਪ੍ਰਧਾਨ ਮੰਤਰੀ ਮੋਦੀ ਦੀ ਪੰਜਾਬ ਫੇਰੀ ਸਿਰਫ ਇੱਕ ਚੋਣ ਸਟੰਟ : ਲਿਬਰੇਸ਼ਨ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸੀਪੀਆਈ ਐੱਮਐੱਲ ਲਿਬਰੇਸ਼ਨ ਅੰਮ੍ਰਿਤਸਰ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਚਰਨਜੀਤ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਵਿੱਚ ਲਿਬਰੇਸ਼ਨ ਦੇ ਸੂਬਾ ਸਕੱਤਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਜ਼ਿਲਾ ਸਕੱਤਰ ਬਲਬੀਰ ਸਿੰਘ ਮੂਧਲ ਨੇ ਦੇਸ਼ ਦੇ ਰਾਜਨੀਤਿਕ ਹਾਲਾਤ 'ਤੇ ਚਰਚਾ ਕੀਤੀ।ਇਸ ਸਮੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਜੰਤਰ ਮੰਤਰ ਦਿੱਲੀ ਵਿਖੇ ਭੁੱਖ ਹੜਤਾਲ 'ਤੇ ਬੈਠੇ ਸੋਨੂ ਵਾਂਗਚੁੱਕ ਅਤੇ ਆਇਸਾ ਦੀ ਆਗੂ ਨੇਹਾ ਅਤੇ ਉਨਾਂ ਦੇ ਸਾਥੀਆਂ ਨੂੰ ਮੋਦੀ ਸਰਕਾਰ ਵੱਲੋਂ ਚੁੱਕ ਕੇ ਲੈ ਜਾਣ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਬੀਤੇ ਵੀਹ ਦਿਨਾਂ ਤੋਂ ਭੁੱਖ ਹੜਤਾਲ ਕਰ ਰਹੇ ਇਨ੍ਹਾਂ ਆਗੂਆਂ ਨਾਲ ਉਨ੍ਹਾਂ ਦੀਆਂ ਮੰਗਾਂ ਉਤੇ ਗੱਲ ਕਰਨ ਦੀ ਬਜਾਏ ਉਨ੍ਹਾਂ ਨੂੰ ਚੁੱਕ ਕੇ ਲੈ ਜਾਣਾ ਸਰਾ ਸਰ ਲੋਕਤੰਤਰ ਵਿਰੋਧੀ ਹੈ।ਉਨ੍ਹਾਂ ਕਿਹਾ ਕਿ ਇਨਸਾਫ ਮੰਗ ਕਰਦਾ ਹੈ ਕਿ ਸਰਕਾਰ ਕਾਕਰੋਚ ਜਨਤਾ ਪਾਰਟੀ ਅਤੇ ਸੋਨਮ ਵਾਂਗ ਚੁੱਕ ਦੀਆਂ ਮੰਗਾਂ ਪ੍ਰਵਾਨ ਕਰਕੇ ਉਨ੍ਹਾਂ ਦੀ ਭੁੱਖ ਹੜਤਾਲ ਨੂੰ ਖਤਮ ਕਰੇ।ਮੀਟਿੰਗ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪੰਜਾਬ ਫੇਰੀ ਤੇ ਚਰਚਾ ਕਰਦਿਆਂ ਵਿਚਾਰ ਸਾਂਝਾ ਕੀਤਾ ਗਿਆ ਕਿ ਪ੍ਰਧਾਨ ਮੰਤਰੀ ਦੀ ਪੰਜਾਬ ਫੇਰੀ ਨਿਰੋਲ ਇਲੈਕਸ਼ਨ ਸਟੰਟ ਸਾਬਤ ਹੋਈ ਹੈ।ਮੀਟਿੰਗ ਵਿੱਚ ਦਲਜੀਤ ਦੁਸਾਂਝ ਦੀ ਸਤਲੁਜ ਫਿਲਮ ਨੂੰ ਕੇਂਦਰ ਸਰਕਾਰ ਵੱਲੋਂ ਰੋਕਣ ਦੀ ਸਖਤ ਨਿਖੇਧੀ ਕੀਤੀ ਗਈ ਅਤੇ ਇਹ ਵੀ ਕਿਹਾ ਗਿਆ ਕਿ ਕੁਝ ਤਾਕਤਾਂ ਵੱਲੋਂ ਇਸ ਫਿਲਮ ਨੂੰ ਲਿਆਉਣ ਪਿੱਛੇ ਭਾਜਪਾ ਦੀ ਸਿਆਸਤ ਦੱਸਣ ਦਾ ਅਰਥ ਦਲਜੀਤ ਦੁਸਾਂਝ ਨੂੰ ਭਾਜਪਾ ਦਾ ਏਜੰਟ ਦੱਸਣਾ ਪੰਜਾਬੀਆਂ ਦੀਆਂ ਭਾਵਨਾਵਾਂ ਤੇ ਲੂਣ ਛਿੜਕਣ ਦੇ ਬਰਾਬਰ ਹੈ।

ਇਸ ਸਮੇਂ ਮੀਟਿੰਗ ਵਿਚ ਸ਼ਮਸ਼ੇਰ ਹੇਰ, ਮੰਗਲ ਸਿੰਘ ਧਰਮਕੋਟ, ਨਿਰਮਲ ਸਿੰਘ ਛੱਜਲਵਡੀ, ਨਰਿੰਦਰ ਤੇੜਾ, ਓਮ ਪ੍ਰਕਾਸ਼ ਲਹਿਰਾ, ਭੁਪਿੰਦਰ ਸਿੰਘ ਮੀਰਾਂਕੋਟ ਅਤੇ ਕੁਲਵਿੰਦਰ ਸਿੰਘ ਅਜਨਾਲਾ ਸ਼ਾਮਲ ਸਨ।

# 22 ਦੀ ਸੰਗਰੂਰ ਰੈਲੀ ਫ਼ੈਸਲਾਕੁੰਨ ਹੋਵੇਗੀ : ਡਾ. ਸੁਨੀਲ ਤਰਗੋਤਰਾ



ਤਰਨਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਭਰ ਦੇ ਕਮਿਊਨਟੀ ਹੈਲਥ ਅਫ਼ਸਰਾਂ (ਸੀਐੱਚਓ) ਵੱਲੋਂ ਆਪਣੀਆਂ ਪਹਿਲਾਂ ਤੋਂ ਮੰਨੀਆਂ ਹੋਈਆਂ ਮੰਗਾਂ ਦੇ ਨੋਟੀਫਿਕੇਸ਼ਨ ਜਾਰੀ ਕਰਵਾਉਣ ਲਈ ਚੱਲ ਰਿਹਾ ਸੰਘਰਸ਼ ਲਗਾਤਾਰ ਤੇਜ਼ ਹੋ ਰਿਹਾ ਹੈ।ਸੂਬੇ ਭਰ ਦੇ ਸੀਐੱਚਓ ਨੇ ਆਪਣੇ-ਆਪਣੇ ਆਯੁਸ਼ਮਾਨ ਆਰੋਗਿਆ ਕੇਂਦਰਾਂ ਵਿੱਚ ਕਾਲੇ ਬਿੱਲੇ ਲਗਾ ਕੇ ਡਿਊਟੀਆਂ ਨਿਭਾਉਂਦਿਆਂ ਰੋਸ ਪ੍ਰਗਟ ਕੀਤਾ।ਸੀਐੱਚਓ ਆਗੂ ਡਾ. ਸੁਨੀਲ ਤਰਗੋਤਰਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਕਈ ਮੀਟਿੰਗਾਂ ਦੌਰਾਨ ਸੀਐੱਚਓ ਦੀਆਂ ਜਾਇਜ਼ ਮੰਗਾਂ ਨੂੰ ਸਿਧਾਂਤਕ ਤੌਰ 'ਤੇ ਸਵੀਕਾਰ ਕਰਦੇ ਹੋਏ ਜਲਦੀ ਨੋਟੀਫਿਕੇਸ਼ਨ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅੱਜ ਤੱਕ ਇਸ ਸਬੰਧੀ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ।ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਵਾਅਦਾ-ਖ਼ਿਲਾਫ਼ੀ ਕਾਰਨ ਸਮੂਹ ਸੀਐੱਚਓ ਵਿੱਚ ਭਾਰੀ ਨਿਰਾਸ਼ਾ ਅਤੇ ਰੋਸ ਹੈ।ਉਨ੍ਹਾਂ ਕਿਹਾ ਕਿ ਸੀਐੱਚਓ ਦਾ ਰੈਗੂਲਰ ਕਾਡਰ ਮਨਜ਼ੂਰ ਕਰਨਾ, ਹੋਰ ਸੂਬਿਆਂ ਦੇ ਮੁਕਾਬਲੇ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਘੱਟ ਤਨਖ਼ਾਹ ਦੀ ਵਿਸੰਗਤੀ ਦੂਰ ਕਰਨਾ, ਸਾਲ 2018 ਤੋਂ ਬੰਦ ਪਿਆ ਵਫ਼ਾਦਾਰੀ ਬੋਨਸ (ਲੌਇਲਟੀ ਬੋਨਸ) ਮੁੜ ਬਹਾਲ ਕਰਨਾ ਅਤੇ ਪਹਿਲਾਂ ਹੀ ਮੰਨੀਆਂ ਹੋਈਆਂ ਵਿੱਤੀ ਮੰਗਾਂ ਦੇ ਨੋਟੀਫਿਕੇਸ਼ਨ ਜਾਰੀ ਕਰਨਾ ਕੋਈ ਨਵੀਆਂ ਮੰਗਾਂ ਨਹੀਂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਇਨ੍ਹਾਂ ਮੰਗਾਂ 'ਤੇ ਪਹਿਲਾਂ ਹੀ ਸਕਾਰਾਤਮਕ ਰੁਖ ਅਪਣਾ ਚੁੱਕੀ ਹੈ ਅਤੇ ਹੁਣ ਸੀਐਚਓ ਸਿਰਫ਼ ਲਿਖਤੀ ਨੋਟੀਫਿਕੇਸ਼ਨ ਦੀ ਉਡੀਕ ਕਰ ਰਹੇ ਹਨ।ਸੀਐੱਚਓ ਯੂਨੀਅਨ ਦੇ ਸੂਬਾ ਪ੍ਰਧਾਨ ਡਾ. ਰਵਿੰਦਰ ਸਿੰਘ ਕਾਹਲੋਂ ਨੇ ਕਿਹਾ ਕਿ ਸਰਕਾਰ ਦੀ ਲਗਾਤਾਰ ਦੇਰੀ ਅਤੇ ਲਾਰੇਬਾਜ਼ੀ ਕਾਰਨ ਸੰਘਰਸ਼ ਦਿਨੋਂ-ਦਿਨ ਹੋਰ ਮਜ਼ਬੂਤ ਹੁੰਦਾ ਜਾ ਰਿਹਾ ਹੈ।ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 22 ਜੁਲਾਈ ਤੋਂ ਪਹਿਲਾਂ ਮੰਨੀਆਂ ਹੋਈਆਂ ਮੰਗਾਂ ਦੇ ਨੋਟੀਫਿਕੇਸ਼ਨ ਜਾਰੀ ਨਾ ਕੀਤੇ ਗਏ ਤਾਂ ਸੰਗਰੂਰ ਦੀ ਰੈਲੀ ਪੰਜਾਬ ਦੇ ਸਿਹਤ ਕਰਮੀਆਂ ਦੇ ਰੋਸ ਦਾ ਇਤਿਹਾਸਕ ਪ੍ਰਗਟਾਵਾ ਸਾਬਤ ਹੋਵੇਗੀ।ਇਸ ਮੌਕੇ ਸੰਘਰਸ਼ ਨੂੰ ਹੋਰ ਵਿਸ਼ਾਲ ਬਣਾਉਣ ਲਈ ਅਗਲੀ ਰਣਨੀਤੀ ਦਾ ਵੀ ਐਲਾਨ ਕੀਤਾ ਜਾਵੇਗਾ।ਉਨ੍ਹਾਂ ਸਪਸ਼ਟ ਤੌਰ 'ਤੇ ਕਿਹਾ ਕਿ ਸੀ ਐੱਚ ਓ ਆਪਣੀਆਂ ਜਾਇਜ਼ ਮੰਗਾਂ ਤੋਂ ਇੱਕ ਕਦਮ ਵੀ ਪਿੱਛੇ ਨਹੀਂ ਹਟਣਗੇ।

# ਪੋਲਿੰਗ ਬੂਥਾਂ 'ਤੇ ਲੱਗੇ ਵਿਸ਼ੇਸ਼ ਕੈਂਪ; ਲੋਕਾਂ ਨੇ ਉਤਸ਼ਾਹ ਨਾਲ ਭਰਵਾਏ ਗਣਨਾ ਫਾਰਮ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਜ਼ਿਲ੍ਹਾ ਚੋਣ ਅਫ਼ਸਰ- ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉਪਲ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਮੁਹਿੰਮ ਤਹਿਤ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ ਤੇ ਵਿਸ਼ੇਸ਼ ਕੈਂਪ ਲਗਾਏ ਗਏ।ਕੈਂਪਾਂ ਦੌਰਾਨ ਬੂਥ ਪੱਧਰੀ ਅਧਿਕਾਰੀ (ਬੀ.ਐੱਲ.ਓ.) ਆਪਣੇ-ਆਪਣੇ ਪੋਲਿੰਗ ਬੂਥਾਂ ਤੇ ਹਾਜ਼ਰ ਰਹੇ ਅਤੇ ਵੋਟਰਾਂ ਨੂੰ ਗਣਨਾ ਫਾਰਮ ਭਰਨ, ਲੋੜੀਂਦੇ ਦਸਤਾਵੇਜ਼ ਜਮ੍ਹਾ ਕਰਵਾਉਣ ਅਤੇ ਡਿਜੀਟਾਈਜ਼ੇਸ਼ਨ ਸਬੰਧੀ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕੀਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਲੱਗੇ ਇਨ੍ਹਾਂ ਵਿਸ਼ੇਸ਼ ਕੈਂਪਾਂ ਨੂੰ ਲੋਕਾਂ ਵੱਲੋਂ ਚੰਗਾ ਹੁੰਗਾਰਾ ਮਿਲਿਆ ਅਤੇ ਵੱਡੀ ਗਿਣਤੀ ਵਿੱਚ ਯੋਗ ਵੋਟਰਾਂ ਨੇ ਆਪਣੇ ਗਣਨਾ ਫਾਰਮ ਭਰ ਕੇ ਜਮ੍ਹਾਂ ਕਰਵਾਏ।ਜਿਨ੍ਹਾਂ ਬੂਥਾਂ ਤੇ ਡਿਜੀਟਾਈਜ਼ੇਸ਼ਨ ਦਾ ਕੰਮ ਬਾਕੀ ਸੀ, ਉਥੇ ਫਾਰਮਾਂ ਦੀ ਡਿਜੀਟਾਈਜ਼ੇਸ਼ਨ ਅਤੇ ਇਕੱਤਰਤਾ ਦਾ ਕੰਮ ਤੇਜ਼ੀ ਨਾਲ ਕੀਤਾ ਗਿਆ, ਜਦਕਿ ਹੋਰ ਬੂਥਾਂ ਤੇ ਦਸਤਾਵੇਜ਼ਾਂ ਦੀ ਜਾਂਚ ਅਤੇ ਤਰੁੱਟੀਆਂ ਦੂਰ ਕਰਨ ਦਾ ਕੰਮ ਜਾਰੀ ਰਿਹਾ।ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਐੱਸ. ਆਈ. ਆਰ. ਤਹਿਤ ਘਰ-ਘਰ ਸਰਵੇ ਅਤੇ ਗਣਨਾ ਫਾਰਮ ਇਕੱਤਰ ਕਰਨ ਦਾ ਕੰਮ 3 ਅਗਸਤ ਤੱਕ ਜਾਰੀ ਰਹੇਗਾ।ਉਨ੍ਹਾਂ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੇ ਹਾਲੇ ਤੱਕ ਆਪਣਾ ਗਣਨਾ ਫਾਰਮ ਜਮ੍ਹਾ ਨਹੀਂ ਕਰਵਾਇਆ ਤਾਂ ਉਹ ਆਪਣੇ ਬੀ.ਐੱਲ.ਓ. ਨਾਲ ਸੰਪਰਕ ਕਰਕੇ ਜਾਂ ਨਜ਼ਦੀਕੀ ਪੋਲਿੰਗ ਬੂਥ ਰਾਹੀਂ ਲੋੜੀਂਦੇ ਦਸਤਾਵੇਜ਼ ਸਮੇਤ ਫਾਰਮ ਜਮ੍ਹਾ ਕਰਵਾਉਣ ਤਾਂ ਜੋ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ ਦਾ ਕੰਮ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।

# ਸਾਬਕਾ ਚੇਅਰਮੈਨ ਗੁਰਬਿੰਦਰ ਸਿੰਘ ਖਹਿਰਾ ਦੀਆਂ ਅਸਥੀਆਂ ਜਲ ਪ੍ਰਵਾਹ



ਸ੍ਰੀ ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲ੍ਹੀ)-ਅਚਾਨਕ ਵਿਛੋੜਾ ਦੇ ਗਏ ਮਾਰਕੀਟ ਕਮੇਟੀ ਖਡੂਰ ਸਾਹਿਬ ਦੇ ਸਾਬਕਾ ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਗੁਰਬਿੰਦਰ ਸਿੰਘ ਖਹਿਰਾ (ਰੂਬੀ ਪਿੰਡੀਆ) ਦੀਆਂ ਅਸਥੀਆਂ ਖਹਿਰਾ ਪਰਿਵਾਰ ਵੱਲੋਂ ਸਿੱਖ ਧਾਰਮਿਕ ਰਵਾਇਤਾਂ ਅਨੁਸਾਰ ਪਵਿੱਤਰ ਬਾਉਲੀ ਸਾਹਿਬ ਦੇ ਜਲ ਨਾਲ ਇਸ਼ਨਾਨ ਉਪਰੰਤ ਦਰਿਆ ਬਿਆਸ ਵਿਖੇ ਜਲ ਪ੍ਰਵਾਹ ਕੀਤੀਆਂ ਗਈਆਂ। ਜ਼ਿਕਰਯੋਗ ਹੈ ਕਿ ਗੁਰਬਿੰਦਰ ਸਿੰਘ ਖਹਿਰਾ (ਰੂਬੀ ਪਿੰਡੀਆ) ਕੁੱਝ ਚਿਰ ਪਹਿਲਾਂ ਆਪਣੇ ਪਰਿਵਾਰ ਸਮੇਤ ਅਮਰੀਕਾ ਦੇ ਸ਼ਹਿਰ ਟਰੇਸੀ (ਕੈਲੀਫੋਰਨੀਆ) ਵਿਖੇ ਸੈਟਲ ਹੋ ਗਏ ਸਨ।ਉਹ 49 ਸਾਲਾਂ ਦੇ ਸਨ।ਇਸ ਮੌਕੇ ਅਰਦਾਸ ਵਿੱਚ ਸ਼ਾਮਲ ਮਰਹੂਮ ਗੁਰਬਿੰਦਰ ਸਿੰਘ ਰੂਬੀ ਦੇ ਮਾਤਾ ਜਸਵੰਤ ਕੌਰ ਖਹਿਰਾ ਅਤੇ ਭੈਣ ਮਨਦੀਪ ਕੌਰ ਸਹੋਤਾ, ਸੱਸ ਦਲਬੀਰ ਕੌਰ, ਜਰਮਨਜੀਤ ਸਿੰਘ ਨਾਗੋਕੇ, ਕੁਲਵੰਤ ਸਿੰਘ ਖਹਿਰਾ, ਸੁਰਜੀਤ ਸਿੰਘ ਖਹਿਰਾ, ਹਰਮੀਤ ਸਿੰਘ ਖਹਿਰਾ, ਗੁਰਇਕਬਾਲ ਸਿੰਘ ਖਹਿਰਾ, ਹਰਬਿੰਦਰ ਸਿੰਘ ਲਾਟੀ ਖਹਿਰਾ, ਕਸ਼ਮੀਰ ਸਿੰਘ ਖਹਿਰਾ, ਸੁਰਜੀਤ ਕੌਰ, ਨਰਿੰਦਰ ਕੌਰ, ਨਵਨੀਤ ਕੌਰ, ਗਗਨਦੀਪ ਸਿੰਘ, ਸੰਦੀਪ ਸਿੰਘ ਪ੍ਰਿੰਸ, ਸੁਖਨੰਦਨ ਸਿੰਘ, ਜਸਪਾਲ ਸਿੰਘ, ਸੋਹਣ ਸਿੰਘ, ਸਤਿੰਦਰ ਕੌਰ ਖਹਿਰਾ, ਹਰਪਾਲ ਕੌਰ ਖਹਿਰਾ, ਭੁਪਿੰਦਰ ਕੌਰ ਖਹਿਰਾ, ਸਵਿੰਦਰ ਕੌਰ, ਸੁਰਿੰਦਰਜੀਤ ਕੌਰ ਖਹਿਰਾ ਆਦਿ ਹਾਜ਼ਰ ਸਨ।

# ਚੇਅਰਮੈਨ ਚੀਮਾ ਵੱਲੋਂ ਮਿਸ਼ਨ-2027 ਫਤਿਹ ਕਰਨ ਵਾਸਤੇ ਪਿੰਡ ਲੋਹੁਕਾ ਤੋਂ ਆਰੰਭਤਾ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲਏ ਗਏ ਫੈਸਲੇ ਇਤਿਹਾਸਕ ਹਨ।ਇਨ੍ਹਾਂ ਲੋਕ-ਪੱਖੀ ਫੈਸਲਿਆਂ ਸਦਕਾ ਲੋਕ ਮਾਨ ਨੂੰ ਦਿਲੋਂ ਪਿਆਰ ਕਰਦੇ ਹਨ ਅਤੇ 2027 ਵਿੱਚ ਉਨ੍ਹਾਂ ਨੂੰ ਮੁੜ ਮੁੱਖ ਮੰਤਰੀ ਵਜੋਂ ਵੇਖਣਾ ਲੋਚਦੇ ਹਨ।ਇਹ ਪ੍ਰਗਟਾਵਾ ਰਣਜੀਤ ਸਿੰਘ ਚੀਮਾ (ਚੇਅਰਮੈਨ, ਜਲ ਸਰੋਤ ਪ੍ਰਬੰਧਨ ਵਿਕਾਸ ਨਿਗਮ ਪੰਜਾਬ ਅਤੇ ਇੰਚਾਰਜ ਲੋਕ ਸਭਾ ਹਲਕਾ ਖਡੂਰ ਸਾਹਿਬ) ਨੇ ਪਿੰਡ ਲੋਹੁਕਾ ਵਿਖੇ ਮਿਸ਼ਨ 2027 ਫਤਿਹ ਸਬੰਧੀ ਰੱਖੀ ਇੱਕ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਚੇਅਰਮੈਨ ਚੀਮਾ ਨੇ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। ਔਰਤਾਂ ਨੂੰ ਸਰਕਾਰੀ ਬੱਸਾਂ ਵਿੱਚ ਮੁਫ਼ਤ ਸਫ਼ਰ ਦੀ ਸਹੂਲਤ ਮੁਹੱਈਆ ਕਰਵਾਈ ਗਈ ਹੈ।ਮੇਰੀ ਰਸੋਈ ਯੋਜਨਾ ਤਹਿਤ ਘਰ-ਘਰ ਰਾਸ਼ਨ ਕਿੱਟਾਂ ਪਹੁੰਚਾਈਆਂ ਜਾ ਰਹੀਆਂ ਹਨ।ਮਾਵਾਂ ਧੀਆਂ ਸਤਿਕਾਰ ਯੋਗ ਯੋਜਨਾ ਤਹਿਤ ਜਨਰਲ ਵਰਗ ਦੀਆਂ ਔਰਤਾਂ ਨੂੰ 1,000 ਰੁਪਏ ਅਤੇ ਐੱਸ. ਸੀ. ਵਰਗ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ।ਵਿਰੋਧੀ ਪਾਰਟੀਆਂ ਤੇ ਨਿਸ਼ਾਨਾ ਸਾਧਦਿਆਂ ਚੇਅਰਮੈਨ ਚੀਮਾ ਨੇ ਕਿਹਾ ਕਿ ਅਕਾਲੀਆਂ ਅਤੇ ਕਾਂਗਰਸੀਆਂ ਨੇ ਹਮੇਸ਼ਾ ਪੰਜਾਬ ਨੂੰ ਲੁੱਟਿਆ ਅਤੇ ਰਾਜ ਵਾਸੀਆਂ ਨੂੰ ਕੁੱਟਿਆ ਹੈ।ਉਨ੍ਹਾਂ ਕਿਹਾ ਕਿ ਜਦੋਂ ਦੀ ਪੰਜਾਬ ਅੰਦਰ ਮਾਨ ਸਰਕਾਰ ਆਈ ਹੈ, ਉਦੋਂ ਤੋਂ ਸਿਰਫ਼ ਲੋਕ-ਪੱਖੀ ਫੈਸਲੇ ਹੀ ਲਏ ਗਏ ਹਨ ਅਤੇ ਲੋਕਾਂ ਨੂੰ ਹਰ ਸੁੱਖ-ਸਹੂਲਤ ਦਿੱਤੀ ਜਾ ਰਹੀ ਹੈ।ਹੁਣ ਮਿਸ਼ਨ 2027 ਫਤਿਹ ਕਰਨ ਦੀ ਆਰੰਭਤਾ ਅੱਜ ਤੋਂ ਹੀ ਕਰੋ ਅਤੇ ਘਰ-ਘਰ ਜਾ ਕੇ ਮਾਨ ਸਰਕਾਰ ਦੀਆਂ ਨੀਤੀਆਂ ਸਬੰਧੀ ਵੋਟਰਾਂ ਨੂੰ ਜਾਗਰੂਕ ਕਰੋ।ਇਸ ਵਿਸ਼ਾਲ ਮੀਟਿੰਗ 'ਚ ਸਰਪੰਚ ਗੁਰਜੀਤ ਸਿੰਘ ਲੋਹੁਕਾ ਖੁਰਦ, ਡਾਕਟਰ ਤਰਸੇਮ ਸਿੰਘ, ਲਵਜੀਤ ਸਿੰਘ, ਖੁਸ਼ਵੰਤ ਸਿੰਘ, ਪਰਮਜੀਤ ਸਿੰਘ ਸੱਜਣ ਸਿੰਘ, ਨਿਸ਼ਾਨ ਸਿੰਘ, ਬੀਬੀ ਮਨਜੀਤ ਕੌਰ, ਬੀਬੀ ਰਾਜਵੀਰ ਕੌਰ ਸਵਰਨ ਸਿੰਘ (ਸਮੂਹ ਮੈਂਬਰ ਪੰਚਾਇਤ), ਖੁਸ਼ਵਿੰਦਰ ਸਿੰਘ, ਸਰਪਿੰਦਰ ਜੀਤ ਸਿੰਘ, ਗੁਰਚਰਨ ਸਿੰਘ ਪੋਲੀ ਅਤੇ ਰੁਪਿੰਦਰ ਪਾਲ ਸਿੰਘ ਲੋਹੁਕਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਰਾਹੁਲ ਗਾਂਧੀ ਦਾ ਵਾਅਦਾ ਔਜਲਾ ਨੇ ਕੀਤਾ ਪੂਰਾ, ਹੜ੍ਹ ਪ੍ਰਭਾਵਿਤ ਪਰਿਵਾਰ ਨੂੰ ਸੌਂਪਿਆ ਨਵਾਂ ਘਰ



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਐਤਵਾਰ ਨੂੰ ਸਰਹੱਦੀ ਪਿੰਡ ਘੋਨੇਵਾਲ ਦੇ ਹੜ੍ਹ ਪ੍ਰਭਾਵਿਤ ਇਕ ਪਰਿਵਾਰ ਨੂੰ ਮੁੜ ਤਿਆਰ ਕੀਤਾ ਨਵਾਂ ਘਰ ਸੌਂਪਿਆ। ਇਹ ਉਹੀ ਪਰਿਵਾਰ ਹੈ, ਜਿਸ ਨਾਲ ਸਾਲ 2025 ਵਿਚ ਆਏ ਭਿਆਨਕ ਹੜ੍ਹਾਂ ਦੌਰਾਨ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਮੁਲਾਕਾਤ ਕਰ ਕੇ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਸੀ। ਔਜਲਾ ਨੇ ਕਿਹਾ ਕਿ ਸਰਕਾਰ ਵੱਲੋਂ ਉਮੀਦ ਮੁਤਾਬਕ ਸਹਾਇਤਾ ਨਾ ਮਿਲਣ ਤੋਂ ਬਾਅਦ ਉਨ੍ਹਾਂ ਨੇ ਆਪਣੇ ਨਿੱਜੀ ਯਤਨਾਂ ਤੇ ਸੱਜਣਾਂ-ਮਿੱਤਰਾਂ ਦੇ ਸਹਿਯੋਗ ਨਾਲ ਪਰਿਵਾਰ ਦਾ ਘਰ ਦੁਬਾਰਾ ਬਣਵਾਇਆ। ਸੰਸਦ ਮੈਂਬਰ ਔਜਲਾ ਨੇ ਦੱਸਿਆ ਕਿ ਘੋਨੇਵਾਲ ਪਿੰਡ ਹੜ੍ਹਾਂ ਤੋਂ ਸਭ ਤੋਂ ਵੱਧ ਪ੍ਰਭਾਵਿਤ ਪਿੰਡਾਂ ਵਿਚੋਂ ਇਕ ਸੀ। ਹੜ੍ਹ ਦਾ ਪਾਣੀ ਇਸ ਪਰਿਵਾਰ ਦੇ ਘਰ ਵਿਚ ਪੂਰੀ ਤਰ੍ਹਾਂ ਦਾਖ਼ਲ ਹੋ ਗਿਆ ਸੀ, ਜਿਸ ਕਾਰਨ ਮਕਾਨ ਦੀਆਂ ਨੀਂਹਾਂ ਤਕ ਨੂੰ ਨੁਕਸਾਨ ਪਹੁੰਚਿਆ, ਚਾਰ ਦੀਵਾਰੀ ਢਹਿ ਗਈ ਤੇ ਘਰ ਰਹਿਣ ਯੋਗ ਨਹੀਂ ਰਿਹਾ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੇ ਦੌਰੇ ਦੌਰਾਨ ਇਸ ਪਰਿਵਾਰ ਦੀ ਹਾਲਤ ਸਾਹਮਣੇ ਆਈ ਸੀ ਅਤੇ ਉਸ ਵੇਲੇ ਪ੍ਰਸ਼ਾਸਨ ਤੇ ਸਰਕਾਰ ਨੂੰ ਘਰ ਦੀ ਮੁਰੰਮਤ ਕਰਵਾਉਣ ਦੀ ਅਪੀਲ ਵੀ ਕੀਤੀ ਗਈ ਸੀ, ਪਰ ਕੋਈ ਮਦਦ ਨਹੀਂ ਮਿਲੀ। ਔਜਲਾ ਨੇ ਕਿਹਾ ਕਿ ਬਾਅਦ ਵਿਚ ਉਨ੍ਹਾਂ ਨੂੰ ਇਹ ਵੀ ਪਤਾ ਲੱਗਾ ਕਿ ਇਹ ਕਹਿ ਕੇ ਜ਼ਿੰਮੇਵਾਰੀ ਤੋਂ ਪਾਸਾ ਵੱਟਿਆ ਜਾ ਰਿਹਾ ਸੀ ਕਿ ਕਿਉਂਕਿ ਰਾਹੁਲ ਗਾਂਧੀ ਇੱਥੇ ਆਏ ਸਨ, ਇਸ ਲਈ ਘਰ ਵੀ ਉਹੀ ਬਣਵਾਉਣ। ਉਨ੍ਹਾਂ ਕਿਹਾ ਕਿ ਅਜਿਹੀ ਸੰਕੀਰਨ ਸੋਚ ਲੋਕਤੰਤਰ ਲਈ ਠੀਕ ਨਹੀਂ ਹੈ। ਇਸ ਤੋਂ ਬਾਅਦ ਉਨ੍ਹਾਂ ਨੇ ਆਪਣੇ ਪੱਧਰ 'ਤੇ ਸੱਜਣਾਂ-ਮਿੱਤਰਾਂ ਤੇ ਸਮਾਜਸੇਵੀਆਂ ਦੇ ਸਹਿਯੋਗ ਨਾਲ ਘਰ ਦਾ ਮੁੜ ਨਿਰਮਾਣ ਕਰਵਾਉਣ ਦਾ ਫ਼ੈਸਲਾ ਕੀਤਾ। ਉਨ੍ਹਾਂ ਦੱਸਿਆ ਕਿ ਪਰਿਵਾਰ ਦੀ ਲੋੜ ਤੇ ਮਰਜ਼ੀ ਅਨੁਸਾਰ ਪੂਰੇ ਘਰ ਦਾ ਨਵੇਂ ਸਿਰੇ ਤੋਂ ਨਿਰਮਾਣ ਕਰਵਾਇਆ ਗਿਆ ਹੈ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਪਰਿਵਾਰ ਦੀ ਸਹੂਲਤ ਲਈ ਅੱਗੇ ਬਰਾਂਡਾ ਤੇ ਬਾਥਰੂਮ ਦਾ ਕੰਮ ਵੀ ਕਰਵਾਇਆ ਜਾਵੇਗਾ, ਤਾਂ ਜੋ ਘਰ ਹਰ ਪੱਖੋਂ ਮੁਕੰਮਲ ਹੋ ਸਕੇ। ਇਸ ਮੌਕੇ ਪਰਿਵਾਰ ਦੇ ਮੈਂਬਰਾਂ ਨੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਹੜ੍ਹ ਵੇਲੇ ਉਨ੍ਹਾਂ ਨੂੰ ਕੁਝ ਸਰਕਾਰੀ ਮੁਆਵਜ਼ਾ ਤਾਂ ਮਿਲਿਆ ਸੀ, ਪਰ ਉਹ ਹੋਏ ਨੁਕਸਾਨ ਦੇ ਮੁਕਾਬਲੇ ਬਹੁਤ ਘੱਟ ਸੀ। ਉਨ੍ਹਾਂ ਦੇ ਪਸ਼ੂਆਂ ਦਾ ਵੀ ਨੁਕਸਾਨ ਹੋਇਆ, ਪਰ ਉਸ ਦਾ ਕੋਈ ਮੁਆਵਜ਼ਾ ਨਹੀਂ ਮਿਲਿਆ। ਪਰਿਵਾਰ ਨੇ ਦੱਸਿਆ ਕਿ ਰਾਹੁਲ ਗਾਂਧੀ ਨੇ ਦੌਰੇ ਦੌਰਾਨ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ ਸੀ ਤੇ ਬਾਅਦ ਵਿਚ ਜਦੋਂ ਉਹ ਗੁਰਜੀਤ ਸਿੰਘ ਔਜਲਾ ਨੂੰ ਮਿਲੇ ਤਾਂ ਉਨ੍ਹਾਂ ਨੇ ਤਿੰਨ ਹਫ਼ਤਿਆਂ ਵਿਚ ਕੰਮ ਸ਼ੁਰੂ ਕਰਵਾਉਣ ਦਾ ਵਾਅਦਾ ਕੀਤਾ।

# ਗੈਰ-ਕਾਨੂੰਨੀ ਖੋਖੇ ਦੀ ਉਸਾਰੀ ਰੋਕੀ, ਨਿਰਮਾਣ ਸਮੱਗਰੀ ਜ਼ਬਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਸਰਕਾਰੀ ਜ਼ਮੀਨ 'ਤੇ ਹੋ ਰਹੇ ਗੈਰ-ਕਾਨੂੰਨੀ ਕਬਜ਼ਿਆਂ ਅਤੇ ਉਸਾਰੀਆਂ ਖ਼ਿਲਾਫ਼ ਆਪਣੀ ਜ਼ੀਰੋ ਟੋਲਰੈਂਸ ਨੀਤੀ ਤਹਿਤ ਨਗਰ ਨਿਗਮ ਅੰਮ੍ਰਿਤਸਰ ਨੇ ਐਤਵਾਰ ਨੂੰ ਵੀ ਤੁਰੰਤ ਕਾਰਵਾਈ ਕਰਦਿਆਂ ਗਵਾਲਾ ਮੰਡੀ, ਰਾਮਤੀਰਥ ਰੋਡ ਵਿਖੇ ਬਣਾਏ ਜਾ ਰਹੇ ਇੱਕ ਗੈਰ-ਕਾਨੂੰਨੀ ਖੋਖੇ (ਕਿਓਸਕ) ਦੀ ਉਸਾਰੀ ਰੁਕਵਾ ਦਿੱਤੀ। ਜਿਵੇਂ ਹੀ ਇਸ ਗੈਰ-ਕਾਨੂੰਨੀ ਉਸਾਰੀ ਦੀ ਜਾਣਕਾਰੀ ਨਗਰ ਨਿਗਮ ਨੂੰ ਮਿਲੀ, ਐਸਟੇਟ ਵਿਭਾਗ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਚੱਲ ਰਹੇ ਨਿਰਮਾਣ ਕੰਮ ਨੂੰ ਰੁਕਵਾਉਂਦਿਆਂ ਉੱਥੇ ਪਈ ਨਿਰਮਾਣ ਸਮੱਗਰੀ ਨੂੰ ਜ਼ਬਤ ਕਰ ਲਿਆ, ਤਾਂ ਜੋ ਅੱਗੇ ਹੋਰ ਗੈਰ-ਕਾਨੂੰਨੀ ਉਸਾਰੀ ਨਾ ਹੋ ਸਕੇ। ਇਹ ਕਾਰਵਾਈ ਨਗਰ ਨਿਗਮ ਕਮਿਸ਼ਨਰ ਸ਼੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਕੱਤਰ-ਕਮ-ਐਸਟੇਟ ਅਫ਼ਸਰ ਸ਼੍ਰੀ ਸੁਸ਼ਾਂਤ ਭਾਟੀਆ ਦੀ ਨਿਗਰਾਨੀ ਹੇਠ ਕੀਤੀ ਗਈ। ਐਤਵਾਰ ਹੋਣ ਦੇ ਬਾਵਜੂਦ ਐਸਟੇਟ ਵਿਭਾਗ ਨੇ ਤੁਰੰਤ ਕਾਰਵਾਈ ਕਰਕੇ ਇਹ ਸਪੱਸ਼ਟ ਸੰਦੇਸ਼ ਦਿੱਤਾ ਕਿ ਸਰਕਾਰੀ ਜ਼ਮੀਨ 'ਤੇ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਉਸਾਰੀ ਜਾਂ ਕਬਜ਼ਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਨਗਰ ਨਿਗਮ ਕਮਿਸ਼ਨਰ ਸ਼੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਸਰਕਾਰੀ ਜ਼ਮੀਨ 'ਤੇ ਗੈਰ-ਕਾਨੂੰਨੀ ਕਬਜ਼ੇ ਜਾਂ ਉਸਾਰੀ ਕਰਨ ਵਾਲਿਆਂ ਖ਼ਿਲਾਫ਼ ਅੱਗੇ ਵੀ ਸਖ਼ਤ ਕਾਰਵਾਈ ਜਾਰੀ ਰਹੇਗੀ।

ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਮਨਜ਼ੂਰੀ ਕੋਈ ਵੀ ਉਸਾਰੀ ਨਾ ਕਰਨ ਅਤੇ ਜੇਕਰ ਕਿਤੇ ਵੀ ਗੈਰ-ਕਾਨੂੰਨੀ ਉਸਾਰੀ ਜਾਂ ਕਬਜ਼ੇ ਦੀ ਜਾਣਕਾਰੀ ਮਿਲੇ ਤਾਂ ਤੁਰੰਤ ਨਗਰ ਨਿਗਮ ਨੂੰ ਸੂਚਿਤ ਕਰਨ, ਤਾਂ ਜੋ ਸਮੇਂ ਸਿਰ ਬਣਦੀ ਕਾਰਵਾਈ ਕੀਤੀ ਜਾ ਸਕੇ।

# ਆਤਮ ਨਿਰਭਰ ਪੰਜਾਬ ਬਣਾਉਣ ਲਈ ਪ੍ਰਵਾਸੀ ਪੰਜਾਬੀ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਨੂੰ ਸਹਿਯੋਗ ਕਰਨ : ਡਾ. ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ)** ਭਾਰਤ ਰਤਨ, ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਅਤੇ ਬਸਪਾ ਸੰਸਥਾਪਕ ਕਾਂਸ਼ੀ ਰਾਮ ਦੇ ਜਨਮ ਦਿਨ ਸਬੰਧੀ ਵਿਸ਼ੇਸ਼ ਪ੍ਰੋਗਰਾਮ ਕਨੇਡਾ ਦੇ ਸ਼ਹਿਰ ਸਰੀ, ਬ੍ਰਿਟਸ਼ ਕੋਲੰਬੀਆ ਵਿਖੇ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਪਾਰਲੀਮੈਂਟ ਸ਼ਾਮਲ ਹੋਏ ਜਿਨ੍ਹਾਂ ਨੇ ਪੰਜਾਬ ਸੰਭਾਲੋ ਮੁਹਿੰਮ ਬਾਰੇ ਸਰੋਤਿਆਂ ਨੂੰ ਜਾਣਕਾਰੀ ਦਿੱਤੀ ਉਹਨਾਂ ਮੌਜੂਦਾ ਸਰਕਾਰਾਂ ਦੁਆਰਾ ਲੋਕਾਂ ਦੀ ਲੁੱਟ ਖਸੁੱਟ ਅਤੇ ਅਤਿਆਚਾਰਾਂ ਤੋਂ ਜਾਗਰੂਕ ਕਰਾਇਆ।ਵਰਲਡ ਵਾਈਡ ਬੀ ਐਸ ਪੀ ਸਪੋਰਟਰ ਟੀਮ ਬ੍ਰਿਟਸ਼ ਕੋਲੰਬੀਆ ਵੱਲੋਂ ਕਰਵਾਏ ਸਮਾਗਮ ਵਿੱਚ ਬੋਲਦਿਆਂ ਡਾ. ਕਰੀਮਪੁਰੀ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਅਤੇ ਕਾਂਸ਼ੀ ਰਾਮ ਜੀ ਦੇ ਜੀਵਨ ਸੰਘਰਸ਼ ਅਤੇ ਦੱਬੇ ਲਿਤਾੜੇ ਹੋਏ ਸਮਾਜ ਦੇ ਲੋਕਾਂ ਲਈ ਕੀਤੇ ਮਹਾਨ ਕੰਮਾਂ ਬਾਰੇ ਚਾਨਣਾ ਪਾਇਆ ਅਤੇ ਮੁਹਿੰਮ ਨੂੰ ਕਿਵੇਂ ਕਿ ਪਿਛਲੇ ਇੱਕ ਸਾਲ ਤੋਂ ਪੰਜਾਬ ਵਿੱਚ ਚੱਲ ਰਹੀ ਹੈ ਦੇ ਸੰਕਲਪ ਬਾਰੇ ਜਾਣਕਾਰੀ ਦਿੱਤੀ। ਕਰੀਮਪੁਰੀ ਨੇ ਸਮੂਹ ਪੰਜਾਬੀ ਪ੍ਰਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਸੰਭਾਲੋ ਮੁਹਿੰਮ ਨਾਲ ਜੁੜਨ ਦਾ ਸੱਦਾ ਦਿੱਤਾ ਅਤੇ ਬਹੁਜਨ ਸਮਾਜ ਪਾਰਟੀ ਨੂੰ



ਪੰਜਾਬ ਦੀ ਸੱਤਾ ਸੰਭਾਲ ਕੇ ਪੰਜਾਬ ਨੂੰ ਨਸ਼ਾ ਮੁਕਤ, ਬੇਰੁਜ਼ਗਾਰਾਂ ਨੂੰ ਰੁਜ਼ਗਾਰ, ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਵਿੱਚ 100% ਸਟਾਫ ਭਰਤੀ ਕਰਨ ਅਤੇ ਪੰਜਾਬ ਨੂੰ ਫੈਂਡ ਮਾਫੀਆ ਗੁੰਡੇ ਮਾਫੀਆ ਮੁਕਤ ਅਤੇ ਕਰਜ਼ਾ ਮੁਕਤ ਬਣਾਉਣ ਦਾ ਭਰੋਸਾ ਦਿੱਤਾ। ਪ੍ਰੋਗਰਾਮ ਵਿੱਚ ਹੋਰ ਸ਼ਖ਼ਸੀਅਤਾਂ ਜਿਨਾਂ ਵਿੱਚ ਕਨੇਡਾ ਸਰੀ ਸ਼ਹਿਰ ਦੇ ਐਮ ਪੀ ਸੁਖਮਨ ਸਿੰਘ ਗਿੱਲ, ਐਡਵੋਕੇਟ ਹਰਗੋਪਾਲ ਸਿੰਘ ਸਾਬਕਾ ਵਿਧਾਇਕ ਬਲਾਚੌਰ, ਹਰਬਲਾਸ ਸਿੰਘ ਇੰਗਲੈਂਡ, ਹਰਬਲਾਸ ਸਿੰਘ ਭਿੰਡਰ ਯੂ ਐਸ ਏ, ਸ੍ਰੀ ਰਾਮ ਆਸਰਾ ਸੇਵਾ ਮੁਕਤ ਐਜੂਕੇਸ਼ਨ ਅਫਸਰ, ਸ੍ਰੀਮਤੀ ਹਰਜਿੰਦਰ ਕੌਰ ਕਰੀਮਪੁਰੀ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ ਮਿਸ਼ਨਰੀ ਕਲਾਕਾਰਾਂ ਪੰਮਾ ਸੁੰਨੜ, ਆਰ ਕੇ ਹੀਰ ਅਤੇ ਲੱਖਾ ਨੇ ਪੰਜਾਬ ਸੰਭਾਲੋ ਮੁਹਿੰਮ ਬਾਰੇ ਜਾਗਰਿਤ ਕੀਤਾ। ਵਰਲਡ ਵਾਈਡ ਬੀਐਸਪੀ ਸਪੋਰਟਰ ਟੀਮ ਕਨੇਡਾ ਜਿਸ ਵਿੱਚ ਇੰਜੀਨੀਅਰ ਸੁਰਿੰਦਰ ਸੰਧੂ, ਰੂਪ ਲਾਲ ਗੱਡੂ ਹਰਭਜਨ ਬਿਰਦੀ, ਗੁਰਮੀਤ ਬੈਂਸ, ਹਰਮੇਸ਼ ਸ਼ਰਮਾ, ਦਿਲਬਾਗ ਰਾਏ, ਰਮੇਸ਼ ਚੰਦਰ, ਇੰਜਨੀਅਰ ਜਗਦੀਸ਼ ਕੁਮਾਰ, ਧਰਮਪਾਲ, ਸੋਨੂੰ ਨਾਨ ਨੇ ਸਮਾਗਮਾਂ ਦੀ ਕਾਮਯਾਬੀ ਲਈ ਦਿਨ ਰਾਤ ਇੱਕ ਕੀਤਾ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਇੰਜੀ. ਸੁਰਿੰਦਰ ਸੰਧੂ ਨੇ ਬਾਖੂਬੀ ਨਿਭਾਈ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਨਵ-ਨਿਯੁਕਤ ਚੇਅਰਪਰਸਨਾਂ ਦਾ ਕੁਲਜੀਤ ਸਿੰਘ ਰੰਧਾਵਾ ਨੇ ਕੀਤਾ ਸਨਮਾਨ

**ਡੇਰਾਬੱਸੀ (ਵਿਨੋ ਕੁਮਾਰ ਜੈਨ)** ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਸਮਾਜਾਂ ਦੇ ਨਵ-ਨਿਯੁਕਤ ਚੇਅਰਪਰਸਨਾਂ ਦਾ ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪ੍ਰਮੋਦ ਕੁਮਾਰ, ਮੁਸਲਿਮ ਭਾਈਚਾਰੇ ਤੋਂ ਅਨਵਰ ਅਲੀ (ਸੋਨੂੰ ਖਾਨ), ਬੈਰਾਗੀ ਸਮਾਜ ਤੋਂ ਰਾਕੇਸ਼ ਕੁਮਾਰ ਬੈਰਾਗੀ, ਗੁੱਜਰ ਸਮਾਜ ਤੋਂ ਕੀਤ ਗੁੱਜਰ, ਬਾਜ਼ੀਗਰ ਅਤੇ ਤਰਖਿਆਣ ਭਾਈਚਾਰੇ ਤੋਂ ਸਖੀ ਰਾਮ, ਖੇਡ ਜਗਤ ਤੋਂ ਪ੍ਰਤਾਪ ਵਿਰਕ, ਸੈਨ ਸਮਾਜ ਤੋਂ ਮੁਕੇਸ਼ ਸੈਨ, ਰਾਏ ਸਿੱਖ ਸਮਾਜ ਤੋਂ ਰਮੇਸ਼ ਬਡਲ, ਵਿਮੁਕਤੀ ਸਮਾਜ ਤੋਂ ਬਿਲਾਸ, ਦਲਿਤ ਸਮਾਜ ਤੋਂ ਧਰਮਵੀਰ ਸਿੰਘ, ਅਗਰਵਾਲ ਸਮਾਜ



ਆਪਣੀ ਰਿਹਾਇਸ਼ ਵਿਖੇ ਸਨਮਾਨ ਕੀਤਾ।ਇਸ ਮੌਕੇ ਉਨ੍ਹਾਂ ਨੂੰ ਵਧਾਈ ਦਿੰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਨੂੰ ਯੋਗ ਨੁਮਾਇੰਦਗੀ ਅਤੇ ਸਨਮਾਨ ਦੇਣ ਲਈ ਵਚਨਬੱਧ ਹੈ।ਸਨਮਾਨਿਤ ਕੀਤੇ ਗਏ ਨਵ-ਨਿਯੁਕਤ ਚੇਅਰਪਰਸਨਾਂ ਵਿੱਚ ਰਾਮਗੜ੍ਹੀਆ ਸਮਾਜ ਤੋਂ ਜਗਜੀਤ ਕੌਰ, ਸੈਣੀ ਸਮਾਜ ਤੋਂ ਮਲਕੀਤ ਸੈਣੀ, ਬ੍ਰਾਹਮਣ ਸਮਾਜ ਤੋਂ ਸਚਿਨ ਸ਼ਰਮਾ, ਰਾਜਪੂਤ ਕਲਿਆਣ ਸਭਾ ਤੋਂ ਤੋਂ ਮਹਿਮਾ ਅਗਰਵਾਲ, ਪ੍ਰਜਾਪਤ ਸਮਾਜ ਤੋਂ ਸੰਜੀਵ ਕੁਮਾਰ, ਮਸੀਹ ਭਾਈਚਾਰੇ ਤੋਂ ਫੂਲ ਕੁਮਾਰ ਅਤੇ ਖੱਤਰੀ ਸਮਾਜ ਤੋਂ ਰਾਜੀਵ ਕੁਮਾਰ ਸ਼ਾਮਲ ਸਨ।ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਸਮਾਜਾਂ ਨੂੰ ਪ੍ਰਤੀਨਿਧਤਾ ਦੇ ਕੇ ਸਮਾਜਿਕ ਭਾਗੀਦਾਰੀ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।ਇਸ ਮੌਕੇ ਸਾਰੇ ਨਵ-ਨਿਯੁਕਤ ਚੇਅਰਪਰਸਨਾਂ ਨੇ ਵਿਧਾਇਕ ਰੰਧਾਵਾ ਦਾ ਧੰਨਵਾਦ ਕੀਤਾ।

# ਸਫ਼ਾਈ ਕਾਮਿਆਂ ਵੱਲੋਂ ਕੀਤੀ ਜਾ ਰਹੀ ਹੜਤਾਲ ਦਾ ਪ.ਸ.ਸ.ਫ਼. ਵੱਲੋਂ ਸਮਰਥਨ

**ਜਲੰਧਰ (ਰਾਜੇਸ਼ ਥਾਪਾ)** ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਥੇ ਸਾਂਝੇ ਪ੍ਰੈਸ ਬਿਆਨ ਰਾਹੀ ਕਿਹਾ ਹੈ ਕਿ ਸੂਬੇ ਅੰਦਰ ਸਫਾਈ ਸੇਵਕਾਂ ਵਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਅਤੇ ਸਰਕਾਰ ਦੀ



ਵਾਅਦਾ-ਖਿਲਾਫੀ ਵਿਰੁੱਧ ਅਣਮਿੱਥੇ ਸਮੇਂ ਦੀ ਹੜਤਾਲ ਕੀਤੀ ਹੋਈ ਹੈ ਜਿਸਦਾ ਜੱਥੇਬੰਦੀ ਵਲੋਂ ਪੂਰਣ ਸਮਰਥਨ ਕੀਤਾ ਜਾਂਦਾ ਹੈ ਅਤੇ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਖਿਲਾਫ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਵੀ ਤਿੱਖਾ ਕਰਨ ਦਾ ਐਲਾਨ ਕੀਤਾ ਗਿਆ। ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਰਿਵਰਜੀਤ ਵਿਰਦੀ ਨੇ ਕਿਹਾ ਕਿ ਮੌਜੂਦਾ ਸਰਕਾਰ ਇਹਨਾਂ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਹੱਲ ਕਰਨ ਦੀ ਥਾਂ ਉਹਨਾਂ ਤੇ ਐਸਮਾ ਲਗਾਉਣ ਦੀ ਤਿਆਰੀ ਕਰ ਰਹੀ ਹੈ ਜਿਸਦਾ ਪ.ਸ.ਸ.ਫ. ਵੱਲੋਂ ਤਿੱਖਾ ਵਿਰੋਧ ਕੀਤਾ ਜਾ ਰਿਹਾ ਹੈ। ਜੱਥੇਬੰਦੀ ਦੇ ਆਗੂਆਂ ਕਰਮਜੀਤ ਸਿੰਘ ਬੀਹਲਾ, ਮੱਖਣ ਸਿੰਘ ਵਾਹਿਦਪੁਰੀ, ਸੁਖਵਿੰਦਰ ਸਿੰਘ ਚਾਹਲ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਵੀ ਸਫਾਈ ਸੇਵਕਾਂ ਵਲੋਂ ਲਗ-ਭਗ ਮਹੀਨਾ ਭਰ ਹੜਤਾਲ ਕਰਕੇ ਪੂਰਣ ਤੌਰ ਤੇ ਕੰਮ ਬੰਦ ਰੱਖਿਆ ਸੀ ਅਤੇ ਸੰਘਰਸ਼ ਦੇ ਦਬਾਅ ਸਦਕਾ ਸਰਕਾਰ ਵੱਲੋਂ ਕੀਤੀ ਮੀਟਿੰਗ ਵਿੱਚ ਕੋਈ ਵੀ ਮੰਗ ਪ੍ਰਵਾਨ ਨਹੀਂ ਕੀਤੀ ਗਈ ਜਿਸ ਕਾਰਣ ਮੁੜ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵਲੋਂ ਮਿਤੀ 7 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੀ ਜਾਣ ਵਾਲੀ ਵਿਸ਼ਾਲ ਸੂਬਾਈ ਰੈਲੀ ਵਿੱਚ ਸੂਬੇ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਆਗੂਆਂ ਵਲੋਂ ਸਮੂਹ ਮੁਲਾਜ਼ਮ ਵਰਗ ਨੂੰ ਸਫਾਈ ਸੇਵਕਾਂ ਦੀ ਹੜਤਾਲ ਦਾ ਸਮਰਥਨ ਕਰਨ ਅਤੇ ਉਹਨਾਂ ਵਲੋਂ ਕੀਤੇ ਜਾਣ ਵਾਲੇ ਐਕਸ਼ਨਾਂ ਵਿੱਚ ਭਰਵੀਂ ਹਾਜ਼ਰੀ ਦੀ ਅਪੀਲ ਕੀਤੀ ਗਈ ਹੈ।

# ਨਵੀਂਆਂ ਨਿਯੁਕਤੀਆਂ ਨਾਲ 'ਆਪ' ਨੂੰ ਮਿਲੇਗੀ ਮਜ਼ਬੂਤੀ : ਗਰੋਵਰ

**ਸ਼ਾਹਕੋਟ (ਗਿਆਨ ਸੈਦਪੁਰੀ)-** ਬੀਤੇ ਦਿਨੀ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿੱਚ ਵੱਖ ਵੱਖ ਬਰਾਦਰੀਆਂ ਨਾਲ ਸਬੰਧਿਤ ਆਪਣੇ ਆਗੂਆਂ ਨੂੰ ਪਾਰਟੀ ਵਿੱਚ ਜਿੰਮੇਵਾਰੀਆਂ ਸੌਂਪੀਆ ਗਈਆਂ ਹਨ। ਇਸੇ ਸਿਲਸਿਲਾ ਤਹਿਤ ਹਲਕਾ ਸ਼ਾਹਕੋਟ ਵਿੱਚ ਬ੍ਰਾਹਮਣ ਵੈੱਲਫੇਅਰ ਬੋਰਡ ਸ਼ਾਹਕੋਟ ਤੋਂ ਟਰਜੀਤ ਬਹਾਦਰ ਨੂੰ ਚੇਅਰਮੈਨ ਅਤੇ ਸ਼ਿਵ ਸ਼ੰਭੂ ਗੁਪਤਾ ਨੂੰ ਅੱਗਰਵਾਲ



ਵੈੱਲਫੇਅਰ ਬੋਰਡ ਹਲਕਾ ਸ਼ਾਹਕੋਟ ਦੇ ਚੇਅਰਮੈਨ ਨਿਯੁਕਤ ਕੀਤਾ ਗਿਆ। ਟਰਜੀਤ ਬਹਾਦਰ ਅਤੇ ਸ਼ਿਵ ਸ਼ੰਭੂ ਗੁਪਤਾ ਨੂੰ ਚੇਅਰਮੈਨ ਨਿਯੁਕਤ ਕਰਨ 'ਤੇ ਸ਼ਾਹਕੋਟ ਤੋਂ ਮੈਂਬਰ ਨਗਰ ਪੰਚਾਇਤ ਸ਼ਾਹਕੋਟ ਪ੍ਰਵੀਨ ਗਰੋਵਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਨਿਯੁਕਤੀਆਂ ਨਾਲ ਹਲਕੇ ਵਿੱਚ ਆਮ ਆਦਮੀ ਪਾਰਟੀ ਹੋਰ ਮਜ਼ਬੂਤ ਹੋਵੇਗੀ।

# ਬਿਜਲੀ-ਪਾਣੀ ਦੀ ਕਿੱਲਤ ਖ਼ਿਲਾਫ਼ ਡੇਰਾ ਬੱਸੀ 'ਚ ਹਾਹਾਕਾਰ

**ਡੇਰਾ ਬੱਸੀ (ਵਿਨੋ ਕੁਮਾਰ ਜੈਨ)** ਸਥਾਨਕ ਕਾਲਜ ਕਲੋਨੀ, ਸੈਕਟਰ-11 ਦੇ ਨਿਵਾਸੀ ਪਿਛਲੇ ਤਿੰਨ ਦਿਨਾਂ ਤੋਂ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਹਨ।ਇਲਾਕੇ ਵਿੱਚ ਪਿਛਲੇ 72 ਘੰਟਿਆਂ ਤੋਂ ਬਿਜਲੀ ਅਤੇ ਪਾਣੀ ਦੀ ਸਪਲਾਈ ਪੂਰੀ ਤਰ੍ਹਾਂ ਠੱਪ ਹੋਣ ਕਾਰਨ ਅੱਕੇ ਹੋਏ ਸਥਾਨਕ ਲੋਕਾਂ ਦਾ ਗੁੱਸਾ ਅੱਜ ਸੜਕਾਂ 'ਤੇ ਫੁੱਟ ਪਿਆ।ਪ੍ਰਸ਼ਾਸਨ ਅਤੇ ਬਿਜਲੀ ਬੋਰਡ ਦੇ ਅੜੀਅਲ ਰਵੱਈਏ ਤੋਂ

● ਗੁੱਸੇ 'ਚ ਆਏ ਲੋਕਾਂ ਨੇ ਲਾਇਆ ਜਾਮ



ਪ੍ਰੇਸ਼ਾਨ ਹੋ ਕੇ ਇਲਾਕਾ ਨਿਵਾਸੀਆਂ ਨੇ ਮੁੱਖ ਸੜਕ 'ਤੇ ਭਾਰੀ ਜਾਮ ਲਗਾ ਦਿੱਤਾ ਅਤੇ ਸਰਕਾਰ ਤੇ ਮਹਿਕਮੇ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।ਜਾਮ ਦੀ ਸੂਚਨਾ ਮਿਲਦਿਆਂ ਹੀ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੀਨੀਅਰ ਆਗੂ ਅਤੇ ਪੰਜਾਬ ਸਰਕਾਰ ਦੇ ਸਾਬਕਾ ਮੰਤਰੀ ਸੁਰਿੰਦਰ ਸਿੰਘ ਸੈਣੀ ਤੁਰੰਤ ਮੌਕੇ 'ਤੇ ਪਹੁੰਚੇ।ਉਨ੍ਹਾਂ ਨੇ ਨਾ ਸਿਰਫ਼ ਲੋਕਾਂ ਦਾ ਦਰਦ ਨੂੰ ਸੁਣਿਆ, ਸਗੋਂ ਮੌਕੇ 'ਤੇ ਹੀ ਬਿਜਲੀ ਬੋਰਡ ਦੇ ਉੱਚ ਅਧਿਕਾਰੀਆਂ (ਐਸ.ਡੀ.ਓ.) ਨੂੰ ਤਲਬ ਕਰਕੇ ਦੋ ਘੰਟਿਆਂ ਦੇ ਅੰਦਰ-ਅੰਦਰ ਸਮੱਸਿਆ ਨੂੰ ਹੱਲ ਕਰਨ ਦਾ ਅਲਟੀਮੇਟਮ ਦਿਵਾਇਆ, ਜਿਸ ਤੋਂ ਬਾਅਦ ਲੋਕਾਂ ਨੇ ਜਾਮ ਖੋਲ੍ਹਿਆ। ਕਾਲਜ ਕਲੋਨੀ ਸੈਕਟਰ-11 ਦੇ ਵਸਨੀਕਾਂ ਨੇ ਦੱਸਿਆ ਕਿ ਪਿਛਲੇ ਤਿੰਨ ਦਿਨਾਂ ਤੋਂ ਇਲਾਕੇ ਵਿੱਚ 24-24 ਘੰਟੇ ਦੇ ਲੰਮੇ ਕੱਟ ਲੱਗ ਰਹੇ ਹਨ। ਇਸ ਅਸਹਿ ਗਰਮੀ ਦੇ ਮੌਸਮ ਵਿੱਚ ਬਿਜਲੀ ਅਤੇ ਪਾਣੀ ਨਾ ਹੋਣ ਕਾਰਨ ਘਰਾਂ ਵਿੱਚ ਬੈਠਣਾ ਮੁਸ਼ਕਲ ਹੋ ਗਿਆ ਹੈ।ਲੋਕਾਂ ਨੇ ਦੋਸ਼ ਲਾਇਆ ਕਿ ਉਨ੍ਹਾਂ ਨੇ ਕਈ ਵਾਰ ਬਿਜਲੀ ਬੋਰਡ ਦੇ ਸ਼ਿਕਾਇਤ ਕੇਂਦਰ ਵਿੱਚ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ, ਪਰ ਅਧਿਕਾਰੀਆਂ ਵੱਲੋਂ ਕੋਈ ਤਸੱਲੀਬਖਸ਼ ਜਵਾਬ ਨਹੀਂ ਦਿੱਤਾ ਗਿਆ, ਜਿਸ ਕਾਰਨ ਮਜਬੂਰ ਹੋ ਕੇ ਉਨ੍ਹਾਂ ਨੂੰ ਸੜਕ 'ਤੇ ਉਤਰਨਾ ਪਿਆ। ਜਦੋਂ ਕਾਲਜ ਕਲੋਨੀ ਦੇ ਲੋਕਾਂ ਵੱਲੋਂ ਜਾਮ ਲਗਾਉਣ ਕਾਰਨ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ ਅਤੇ ਸਥਿਤੀ ਤਣਾਅਪੂਰਨ ਹੋ ਗਈ, ਤਾਂ ਭਾਜਪਾ ਆਗੂ ਸੁਰਿੰਦਰ ਸਿੰਘ ਸੈਣੀ ਆਪਣੀ ਟੀਮ ਸਮੇਤ ਉੱਥੇ ਪਹੁੰਚੇ। ਉਨ੍ਹਾਂ ਨੇ ਧਰਨਾਕਾਰੀ ਲੋਕਾਂ ਦੇ ਵਿਚਕਾਰ ਬੈਠ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ।ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਤੋਂ ਬਾਅਦ ਸੈਣੀ ਨੇ ਕਿਹਾ ਕਿ ਇਸ ਭਿਆਨਕ ਗਰਮੀ ਵਿੱਚ ਬਿਜਲੀ ਅਤੇ ਪਾਣੀ ਵਰਗੀਆਂ ਮੁੱਢਲੀਆਂ ਸਹੂਲਤਾਂ ਤੋਂ ਲੋਕਾਂ ਨੂੰ ਸੜਕਾਂ 'ਤੇ ਬੈਠਣਾ ਪਵੇ, ਇਹ ਪ੍ਰਸ਼ਾਸਨ ਦੇ ਮੂੰਹ 'ਤੇ ਵੱਡੀ ਨਾਕਾਮੀ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਸੁਰਿੰਦਰ ਸਿੰਘ ਸੈਣੀ ਨੇ ਤੁਰੰਤ ਪਾਵਰਕਾਮ ਦੇ ਉੱਚ ਅਧਿਕਾਰੀਆਂ ਨਾਲ ਫ਼ੋਨ 'ਤੇ ਰਾਬਤਾ ਕੀਤਾ ਅਤੇ ਸਬੰਧਤ ਐਸ ਡੀ ਓ ਨੂੰ ਤੁਰੰਤ ਮੌਕੇ 'ਤੇ ਪਹੁੰਚਣ ਲਈ ਕਿਹਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਜਪਾ ਆਗੂ ਸੁਰਿੰਦਰ ਸਿੰਘ ਸੈਣੀ ਨੇ ਮੌਜੂਦਾ ਸਰਕਾਰ ਅਤੇ ਬਿਜਲੀ ਵਿਭਾਗ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ। ਉਨ੍ਹਾਂ ਕਿਹਾ, 'ਸਰਕਾਰਾਂ ਮੁਫ਼ਤ ਅਤੇ 24 ਘੰਟੇ ਬਿਜਲੀ ਦੇਣ ਦੇ ਵੱਡੇ-ਵੱਡੇ ਦਾਅਵੇ ਕਰਦੀਆਂ ਹਨ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਲੋਕਾਂ ਨੂੰ ਤਿੰਨ-ਤਿੰਨ ਦਿਨ ਬਿਜਲੀ ਨਹੀਂ ਮਿਲ ਰਹੀ। ਡੇਰਾ ਬੱਸੀ ਵਰਗੇ ਉਦਯੋਗਿਕ ਅਤੇ ਵਿਕਸਤ ਖੇਤਰ ਵਿੱਚ ਅਜਿਹੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।' ਉਨ੍ਹਾਂ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਭਵਿੱਖ ਵਿੱਚ ਕਾਲਜ ਕਲੋਨੀ ਜਾਂ ਕਿਸੇ ਵੀ ਹੋਰ ਇਲਾਕੇ ਵਿੱਚ ਅਜਿਹੀ ਲਾਪਰਵਾਹੀ ਦੁਹਰਾਈ ਗਈ ਤਾਂ ਉਹ ਜਨਤਾ ਦੇ ਹੱਕਾਂ ਲਈ ਤਿੱਖਾ ਸੰਘਰਸ਼ ਵਿੱਢਣਗੇ।

# ਕੇਂਦਰੀ ਤੇ ਸੂਬਾਈ ਸਰਕਾਰਾਂ ਖੇਡਾਂ ਦੇ ਖੇਤਰ ਨੂੰ ਉਭਾਰਨ ਲਈ ਸਵੈ-ਪੜਚੋਲ ਕਰਨ : ਤਲਵਿੰਦਰ ਹੀਰ

**ਮਾਹਿਲਪੁਰ (ਮਿਸ਼ਰੀ)** ਅੱਜ ਜਦੋਂ ਸੰਸਾਰ ਭਰ 'ਚ ਫੁੱਟਬਾਲ ਦੇ ਵਿਸ਼ਵ ਕੱਪ ਮੈਚਾਂ ਦਾ ਜਾਦੂ ਹਰ ਇੱਕ ਇਨਸਾਨ ਦੇ ਸਿਰ ਚੜ੍ਹ ਕੇ ਬੋਲ ਰਿਹਾ ਹੈ ਤਾਂ ਆਪਣੇ ਏਨੀ ਵੱਡੀ ਜਨ-ਸੰਖਿਆ ਵਾਲੇ ਦੇਸ਼ ਦਾ ਇਨ੍ਹਾਂ ਸੰਸਾਰ ਪੱਧਰੀ ਮੁਕਾਬਲਿਆਂ ਤੱਕ ਨਾ ਪਹੁੰਚਣਾ ਵੀ ਬਹੁਤ ਹੀ ਦੁਖਦਾਈ ਤੇ ਸ਼ਰਮਨਾਕ ਗੱਲ ਹੈ।ਦੇਸ਼ ਅੰਦਰ ਜ਼ਮੀਨੀ ਪੱਧਰ 'ਤੇ ਖਿਡਾਰੀਆਂ ਤੇ ਕਲਾ ਕੌਸ਼ਲਤਾ ਦੀ ਕੋਈ ਘਾਟ ਨਹੀਂ।ਓਲੰਪੀਅਨ ਫੁੱਟਬਾਲਰਾਂ ਦੇ ਸਿਰਮੌਰ ਏਸ਼ੀਅਨ ਤੇ ਭਾਰਤੀ ਫੁੱਟਬਾਲ ਟੀਮ ਦੇ ਕਪਤਾਨ ਰਹੇ ਜਰਨੈਲ ਸਿੰਘ ਸਵ: ਸਰਦਾਰ ਜਰਨੈਲ ਸਿੰਘ ਪਨਾਮ ਨੂੰ ਆਪਣੀ ਖੇਡ ਕਲਾ ਤੇ ਜਨੂੰਨ ਸਦਕਾ ਦੇ ਨਾਮ 'ਏਸ਼ੀਅਨ ਆਲ ਸਟਾਰ' ਦੀ ਜਰਨੈਲੀ ਤਿੰਨ ਵਾਰ ਭਾਰਤੀ ਫੁੱਟਬਾਲ ਟੀਮ ਦਾ ਕਪਤਾਨ ਤੇ ਪੂਰੇ ਸੰਸਾਰ ਫੁੱਟਬਾਲ ਟੀਮ ਦਾ ਸੈਂਟਰ ਫੁੱਲ ਬੈਕ ਬਣਨ ਦਾ ਸੁਭਾਗ ਪ੍ਰਾਪਤ ਹੈ।ਇੰਡੀਅਨ ਫੁੱਟਬਾਲ ਫੈਡਰੇਸ਼ਨ ਦੇ ਪ੍ਰਧਾਨ ਸਰ ਸਟੈਨਲੇ ਰਾਊਸ ਨੇ 1967 ਵਿੱਚ ਕਿਹਾ ਸੀ ਏਸ਼ੀਆ ਦਾ ਜਰਨੈਲ ਦੁਨੀਆਂ ਦੀ ਹਰ ਟੀਮ 'ਚ ਖੇਡਣ ਦੀ ਸਮਰੱਥਾ ਰੱਖਦਾ ਹੈ।ਨਿੱਕੇ ਹੁੰਦਿਆਂ ਪੈਸੇ ਇਕੱਠੇ ਕਰਕੇ 60 ਮੀਲ ਸਾਈਕਲ ਚਲਾ ਕੇ ਜਲੰਧਰ ਤੋਂ ਫੁੱਟਬਾਲ ਖਰੀਦਣ ਵਾਲੇ ਜਰਨੈਲ ਨੇ ਫੁੱਟਬਾਲ ਖੇਡਦਿਆਂ ਪੂਰੀ ਦੁਨੀਆਂ ਨੂੰ ਗਾਹਿਆ ਤੇ ਭਾਰਤੀ ਫੁੱਟਬਾਲ ਦਾ ਨਾਂਅ ਚਮਕਾਇਆ।ਸਾਨੂੰ ਮਾਣ ਹੈ ਕਿ ਉਨ੍ਹਾਂ ਦਾ ਵਿਦੇਸ਼ ਵਸਦਾ ਸਪੁੱਤਰ ਹਰਸ਼ਮੋਹਣ ਸਿੰਘ ਫੁੱਟਬਾਲ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਪੰਜਾਬ ਦੇ ਸਾਰੇ ਖਿਡਾਰੀਆਂ ਨਾਲ ਲਗਾਤਾਰ ਸੰਪਰਕ 'ਚ ਰਹਿੰਦਾ ਹੈ। ਅਰਜਨਾ ਐਵਾਰਡੀ ਇੰਦਰ ਸਿੰਘ ਨੇ 1974 'ਚ ਪੰਜਾਬ 'ਚ ਹੋਈ ਰਾਸ਼ਟਰੀ ਚੈਂਪੀਅਨਸ਼ਿਪ ਵਿੱਚ 23 ਗੋਲ ਕਰਕੇ ਰਿਕਾਰਡ ਕਾਇਮ ਕੀਤਾ।ਸਨ 1969 ਤੇ 1975 ਵਿੱਚ ਭਾਰਤੀ ਫੁੱਟਬਾਲ ਟੀਮ ਦੀ ਕਪਤਾਨੀ ਕੀਤੀ।ਲੀਡਰਜ਼ ਕਲੱਬ ਦੇ ਬਾਨੀ ਲਾਲਾ ਦਵਾਰਕਾ ਦਾਸ ਸਹਿਗਲ ਉਸ ਨੂੰ ਦਿਲੋਂ ਪਿਆਰ ਕਰਦੇ ਸਨ।ਉਸ ਨੂੰ ਪੰਜਾਬ ਦੇ 'ਪੇਲੇ' ਵੀ ਕਹਿ ਕੇ ਸਨਮਾਨ ਨਾਲ ਨਿਵਾਜਿਆ ਜਾਂਦਾ ਰਿਹਾ ਹੈ।ਪਿੰਡ ਖੈਰੜ ਦੇ ਪਿਤਾ ਕਿਸ਼ਨ ਸਿੰਘ ਤੇ ਮਾਤਾ ਚੰਨਣ ਕੌਰ ਦਾ ਹੋਣਹਾਰ ਸਪੁੱਤਰ ਗੁਰਦੇਵ ਸਿੰਘ ਗਿੱਲ ਵੀ ਸਵ: ਸਰਦਾਰ ਜਰਨੈਲ ਸਿੰਘ ਤੇ ਇੰਦਰ ਸਿੰਘ ਦੀਆਂ ਪੈੜ੍ਹਾਂ ਨੱਪਦਾ ਆਪਣੀਂ ਮਿਹਨਤ, ਲਗਨ ਤੇ ਫੁੱਟਬਾਲ ਪ੍ਰਤੀ ਜਨੂੰਨ ਸਦਕਾ ਅਰਜਨਾ ਐਵਾਰਡੀ ਫੁੱਟਬਾਲ ਬਣਿਆ।ਫੁੱਟਬਾਲ ਦੀ ਖੇਡ ਨੂੰ ਚਾਰ ਚੰਦ ਲਾਉਣ ਲਈ 1964 ਤੋਂ 1998 ਤੱਕ ਉਸ ਨੇ ਸਭ ਤੋਂ ਲੰਬੀ ਸਰਗਰਮ ਪਾਰੀ ਖੇਡੀ।ਭਾਰਤੀ ਫੁੱਟਬਾਲ ਟੀਮ ਦੀ ਕਪਤਾਨੀ ਵੀ ਕੀਤੀ।ਓਸ ਵੱਲੋਂ 77ਵਰ੍ਹੇ ਦੀ ਉਮਰ ਦੇ ਲੱਗਭੱਗ ਸੂਬੇ 'ਚ ਫੁੱਟਬਾਲ ਟੂਰਨਾਮੈਂਟਾਂ 'ਤੇ ਪਹੁੰਚਦਾ ਤੇ ਨਵੀਂ ਪੀੜ੍ਹੀ ਨੂੰ ਮਿਹਨਤ ਨਾਲ ਫੁੱਟਬਾਲ ਖੇਡਣ ਲਈ ਏਸ਼ਦੇ। ਇਨ੍ਹੀਂ ਦਿਨੀਂ ਵੀ ਉਹ ਨਵੇਂ ਖਿਡਾਰੀਆਂ ਨੂੰ ਉਤਸ਼ਾਹਿਤ ਤੇ ਊਰਜਾ ਪ੍ਰਦਾਨ ਕਰਨ ਲਈ ਪੰਜਾਬ ਫੁੱਟਬਾਲ ਐਸੋਸੀਏਸ਼ਨ ਵਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਚੱਲ ਰਹੀ ਚੈਂਪੀਅਨਸ਼ਿਪ ਵਿੱਚ ਸ਼ਮੂਲੀਅਤ ਕਰਨ ਲਈ ਪਹੁੰਚਿਆ ਹੋਇਆ।ਆਓ ਸਾਰੇ ਮਿਲ ਕੇ ਫੁੱਟਬਾਲ ਦੀ ਖੇਡ ਸਮੇਤ ਸਾਰੀਆਂ ਖੇਡਾਂ ਜਿਨ੍ਹਾਂ 'ਚ ਪੰਜਾਬ ਤੇ ਦੇਸ਼ ਹਾਸ਼ੀਏ ਤੇ ਪੁੱਜ ਚੁੱਕਾ ਹੈ ਨੂੰ ਮੁੜ ਸਵ: ਸਰਦਾਰ ਜਰਨੈਲ ਸਿੰਘ, ਇੰਦਰ ਸਿੰਘ, ਗੁਰਦੇਵ ਸਿੰਘ ਗਿੱਲ, ਸਵ: ਮਨਜੀਤ ਸਿੰਘ ਗਿੱਲ, ਗੁਰਕ੍ਰਿਪਾਲ ਸਿੰਘ ਪਾਲੀ, ਕੇਸੋ ਕਿਰਪਾਲ ਸਿੰਘ ਸਮੇਤ ਸਾਰੇ ਪੁਰਾਣੇ ਨਵੇਂ ਫੁੱਟਬਾਲਰਾਂ ਵੱਲੋਂ ਪਾਈਆਂ ਪੈੜਾਂ 'ਤੇ ਤੋਰਨ ਲਈ ਯਤਨਸ਼ੀਲ ਹੋਈਏ।



# ਕੁਲਵੰਤ ਸਿੰਘ ਵੱਲੋਂ ਲੋਕ ਮਿਲਣੀ 'ਚ ਸਰਕਾਰ ਦੇ ਕੰਮ ਬਾਰੇ ਜਾਣਕਾਰੀ ਇਕੱਤਰ ਕੀਤੀ

**ਮੋਹਾਲੀ (ਗੁਰਜੀਤ ਬਿੱਲਾ)-** ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਵੱਲੋਂ ਪਿੰਡ ਗੀਗੇ ਮਾਜਰਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੇ ਦੌਰਾਨ ਪਿੰਡਵਾਸੀਆਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਾਰੇ ਚਾਰ ਸਾਲ ਪੂਰੇ ਹੋਣ ਦੌਰਾਨ ਲੋਕਾਂ ਦੇ ਵਿੱਚ ਜਾ ਕੇ ਉਨ੍ਹਾਂ ਤੋਂ ਕੰਮਾਂ-ਕਾਜਾਂ ਬਾਰੇ ਜਾਣਕਾਰੀ ਹਾਸਲ ਕਰਨ ਅਤੇ ਸਰਕਾਰ ਦੀਆਂ ਸਕੀਮਾਂ ਸਹੀ ਮਾਇਨਾ ਤੱਕ ਲੋਕਾਂ ਤੱਕ ਪਹੁੰਚ ਰਹੀਆਂ ਹਨ, ਦੇ ਬਾਰੇ ਵਿੱਚ ਵਿਸਥਾਰਿਤ ਰਿਪੋਰਟ ਤਿਆਰ ਕਰਨ ਦੇ ਮਕਸਦ ਹਿਤ ਲੋਕ ਮਿਲਣੀ ਪ੍ਰੋਗਰਾਮਾਂ ਦਾ ਦੌਰ ਸ਼ੁਰੂ ਹੋ ਚੁੱਕਿਆ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ ਲੋਕ ਮਿਲਣੀ ਪ੍ਰੋਗਰਾਮਾਂ ਦੇ ਦੌਰਾਨ ਹੋ ਰਹੀਆਂ ਵੱਡੀਆਂ ਇਕੱਤਰਤਾਵਾਂ ਇਸ ਗੱਲ ਦਾ ਸਪਸ਼ਟ ਪ੍ਰਗਟਾਵਾ ਹਨ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਹੋਰਾਂ ਵੱਲੋਂ ਜੋ ਗਰੰਟੀਆਂ ਸੂਬੇ ਦੇ ਲੋਕਾਂ ਨਾਲ ਵਿਧਾਨ ਸਭਾ ਚੋਣਾਂ ਦੇ ਦੌਰਾਨ ਲੋਕਾਂ ਦੀ ਕਚਹਿਰੀ ਵਿੱਚ ਜਾ ਕੇ ਦਿੱਤੀਆਂ ਗਈਆਂ ਸਨ।

# ਜਨਗਣਨਾ ਦੇ ਪਹਿਲੇ ਪੜਾਅ ਦੀ ਸਫਲਤਾ 'ਤੇ ਨਾਇਬ ਤਹਿਸੀਲਦਾਰ ਵੱਲੋਂ ਟੀਮ ਸਨਮਾਨਤ

**ਡੇਰਾਬੱਸੀ (ਵਿਨੋ ਕੁਮਾਰ ਜੈਨ)-** ਡੇਰਾਬੱਸੀ ਗ੍ਰਾਮੀਣ ਖੇਤਰ ਵਿੱਚ ਜਨਗਣਨਾ ਦੇ ਪਹਿਲੇ ਪੜਾਅ ਦੌਰਾਨ 100 ਫ਼ੀਸਦੀ ਟੀਚਾ ਹਾਸਲ ਕਰਨ ਵਾਲੀ ਟੀਮ ਨੂੰ ਮਿਊਂਸਪਲ ਦਫ਼ਤਰ ਡੇਰਾਬੱਸੀ ਵਿਖੇ ਆਯੋਜਿਤ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ। ਸਮਾਗਮ ਵਿੱਚ ਨਾਇਬ ਤਹਿਸੀਲਦਾਰ ਹਰਸਿਮਰਨ ਸਿੰਘ ਨੇ ਜਨਗਣਨਾ ਦੇ ਤਿੰਨ ਦਰਜਨ ਤੋਂ ਵੱਧ ਸੁਪਰਵਾਈਜ਼ਰਾਂ ਅਤੇ ਗਿਣਤੀਕਾਰਾਂ ਨੂੰ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਪ੍ਰਸ਼ੰਸਾ ਪੱਤਰ ਵੰਡ ਕਰਕੇ ਸਨਮਾਨਤ



ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਨਾਇਬ ਤਹਿਸੀਲਦਾਰ ਹਰਸਿਮਰਨ ਸਿੰਘ ਨੇ ਕਿਹਾ ਕਿ ਜਨਗਣਨਾ ਵਰਗੇ ਵਿਸ਼ਾਲ ਤੇ ਚੁਣੌਤੀਪੂਰਨ ਕਾਰਜ ਨੂੰ ਚਾਰਜ ਅਫ਼ਸਰ ਤੇ ਤਹਿਸੀਲਦਾਰ ਡੇਰਾਬੱਸੀ ਬੀਰਕਰਨ ਸਿੰਘ ਦੀ ਅਗਵਾਈ ਹੇਠ ਪੂਰੀ ਟੀਮ ਨੇ ਸਮਰਪਣ, ਅਨੁਸ਼ਾਸਨ ਅਤੇ ਬਿਹਤਰ ਤਾਲਮੇਲ ਨਾਲ ਸਫਲਤਾਪੂਰਵਕ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪਹਿਲੇ ਪੜਾਅ ਵਿੱਚ ਨਿਰਧਾਰਿਤ ਸਾਰੇ ਟੀਚਿਆਂ ਦੀ 100 ਫ਼ੀਸਦੀ ਪ੍ਰਾਪਤੀ ਟੀਮ ਦੀ ਸਖ਼ਤ ਮਿਹਨਤ ਅਤੇ ਲਗਨ ਦਾ ਨਤੀਜਾ ਹੈ। ਉਨ੍ਹਾਂ ਦੱਸਿਆ ਕਿ ਜਨਗਣਨਾ ਦਾ ਦੂਜਾ ਪੜਾਅ ਨਵੰਬਰ ਮਹੀਨੇ ਤੋਂ ਸ਼ੁਰੂ ਕੀਤਾ ਜਾਵੇਗਾ, ਜਿਸ ਲਈ ਸਾਰੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

# ਗੁਰਾਇਆ ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ, ਮੀਤ ਪ੍ਰਧਾਨ ਦੀ ਚੋਣ ਜਲਦੀ : ਹਰਜੋਤ ਕੌਰ ਲੋਹਟੀਆ

**ਗੁਰਾਇਆ (ਬਿੰਦਰ ਸੁੰਮਨ)-** ਗੁਰਾਇਆ ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੀਤ ਪ੍ਰਧਾਨ ਦੇ ਅਹੁਦਿਆ ਦੀ ਮਿਆਦ ਖਤਮ ਹੋਣ ਤੇ ਨਵੇ ਅਹੁਦੇਦਾਰਾਂ ਦੀ ਚੋਣ ਨਹੀਂ ਕੀਤੀ ਗਈ ਸੀ, ਇਸ ਸਬੰਧੀ ਹਲਕਾ ਇੰਚਾਰਜ ਫਿਲੌਰ ਮੈਡਮ ਹਰਜੋਤ ਕੌਰ ਲੋਹਟੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਜਲਦੀ ਹੀ ਇਨ੍ਹਾਂ ਅਹੁਦਿਆਂ ਦੀ ਨਿਯੁਕਤੀ ਕਰ ਦਿੱਤੀ ਜਾਵੇਗੀ, ਉਨ੍ਹਾਂ ਕਿਹਾ ਕਿ ਨਗਰ ਕੌਂਸਲ ਫਿਲੌਰ ਦੇ ਪ੍ਰਧਾਨ ਅਤੇ ਵਾਇਸ ਪ੍ਰਧਾਨ ਦੀ ਚੋਣ ਵੀ ਅਗਲੇ ਹਫਤੇ ਕਰ ਦਿੱਤੀ ਜਾਵੇਗੀ।ਪ੍ਰਧਾਨ ਦੀ ਚੋਣ ਸੰਬੰਧੀ ਉਨ੍ਹਾਂ ਕਿਹਾ ਕਿ ਹਾਈਕਮਾਂਡ ਦੇ ਆਦੇਸ਼ਾਂ ਦੇ ਪ੍ਰਧਾਨ ਅਤੇ ਵਾਇਸ ਪ੍ਰਧਾਨ ਦੀ ਚੋਣ ਕੀਤੀ ਜਾਵੇਗੀ, ਉਨ੍ਹਾਂ ਦਾਅਵਾ ਕੀਤਾ ਕਿ ਨਗਰ ਕੌਂਸਲ ਫਿਲੌਰ ਤੇ ਆਮ ਪਾਰਟੀ ਦਾ ਕਬਜ਼ਾ ਹੋਵੇਗਾ। ਅੱਜ ਉਨ੍ਹਾਂ ਪੰਜਾਬ ਸਰਕਾਰ ਦੀ ਲੋਕ ਭਲਾਈ ਯੋਜਨਾ ਮੇਰੀ ਰਸੋਈ ਸਕੀਮ ਤਹਿਤ ਗੁਰਾਇਆ ਦੇ ਵੱਖ-ਵੱਖ ਵਾਰਡਾਂ ਵਿੱਚ ਰਾਸ਼ਨ ਕਾਰਡ ਧਾਰਕ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਪ੍ਰਧਾਨ ਨਗਰ ਕੌਂਸਲ ਗੁਰਾਇਆ ਹਰਮੇਸ਼ ਲਾਲ, ਕੌਂਸਲਰ ਰਾਹੁਲ ਪੁੰਜ, ਕੌਂਸਲਰ ਜਸਵੀਰ ਸਿੰਘ, ਕੌਂਸਲਰ ਪਤੀ ਸੰਜੀਵ ਹੀਰ, ਕੌਂਸਲਰ ਪਤੀ ਮੁਨੀਸ਼ ਬਾਵਾ, ਰੌਸ਼ਨ ਲਾਲ ਰੋਸ਼ੀ, ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ ਗੌਰਵ ਬਾਵਾ ਤੋ ਇਲਾਵਾ ਆਪ ਪਾਰਟੀ ਦੇ ਆਗੂ, ਵਰਕਰ ਅਤੇ ਲਾਭਪਾਤਰੀ ਹਾਜ਼ਰ ਸਨ।



# ਸੰਤ ਬਾਬਾ ਸਮੁੰਦ ਸਿੰਘ ਯਾਦਗਾਰੀ ਸਮਾਗਮ ਕਰਵਾਇਆ



**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)-** ਗੁਰਦੁਆਰਾ ਸਾਹਿਬ ਕੋਟ ਕਲਗੀਧਰ ਤਪ ਅਸਥਾਨ ਸੰਤ ਬਾਬਾ ਸਮੁੰਦ ਸਿੰਘ ਪਿੰਡ ਰੜਾ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਸਮੁੰਦ ਸਿੰਘ ਜੀ ਦੀ ਸਾਲਾਨਾ 98ਵੀਂ ਬਰਸੀ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ ਤੇ ਧਾਰਮਿਕ ਸਮਾਗਮ ਸ਼ਰਧਾ, ਸਤਿਕਾਰ ਤੇ ਸੇਵਾ ਭਾਵਨਾ ਨਾਲ ਕਰਵਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਵਾਸੀ ਭਾਰਤੀਆਂ, ਨਗਰ ਤੇ ਇਲਾਕੇ ਦੀਆਂ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਪਹਿਲਾਂ 15 ਜੁਲਾਈ ਤੋਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਹੈਡ ਗ੍ਰੰਥੀ ਬਾਬਾ ਦਲਵੀਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਕਰਵਾਏ ਗਏ ਕੀਰਤਨ ਸਮਾਗਮ ਕਰਵਾਏ। ਕੀਰਤਨ ਸਮਾਗਮ ਦੌਰਾਨ ਪ੍ਰਧਾਨ ਮਲਕੀਤ ਸਿੰਘ, ਹੈਡ ਗ੍ਰੰਥੀ ਬਾਬਾ ਦਲਵੀਰ ਸਿੰਘ, ਜਗਜੀਤ ਸਿੰਘ ਰੜਾ, ਚਰਨਜੀਤ ਸਿੰਘ ਸੰਧੂ, ਰਘਵੀਰ ਸਿੰਘ, ਹਰਵਿੰਦਰ ਸਿੰਘ ਅਮਰੀਕ ਸਿੰਘ, ਬਲਵੀਰ ਸਿੰਘ ਰੜਾ ਸੈਕਟਰੀ ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮਨਦੀਪ ਸਿੰਘ, ਸੁਖਵਿੰਦਰ ਸਿੰਘ, ਜਸਵੀਰ ਸਿੰਘ ਜੱਸਾ, ਪ੍ਰਤਾਪ ਸਿੰਘ, ਐਸ ਵੀਰ ਸਿੰਘ,ਦਲਜੀਤ ਸਿੰਘ, ਜੋਗਿੰਦਰ ਸਿੰਘ ਸ਼ਾਹ, ਸੰਦੀਪ ਸਿੰਘ ਦਿੱਲੀ, ਹਰਦੀਪ ਸਿੰਘ, ਮਾਸਟਰ ਜਗਦੀਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਲਗਵਾਈ।

# ਲੋਕ ਸਭਾ ਮੈਂਬਰ ਨੂੰ ਮੌਨਸੂਨ ਸੈਸ਼ਨ ਦੌਰਾਨ ਸਭਿਆਚਾਰਕ ਪ੍ਰਦੂਸ਼ਣ ਦਾ ਮਸਲਾ ਉਭਾਰਨ ਲਈ ਇਪਟਾ ਵੱਲੋਂ ਪੱਤਰ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)-** ਇਪਟਾ ਵੱਲੋਂ ਲੋਕ ਸਭਾ ਮੈਂਬਰ ਡਾ. ਅਮਰ ਸਿੰਘ (ਮੱਧ ਪ੍ਰਦੇਸ਼ ਦੇ ਸਾਬਕਾ ਚੀਫ ਸੈਕਟਰੀ) ਨੂੰ ਨਾਟਕਕਾਰ, ਨਾਟ-ਨਿਰਦੇਸ਼ਕ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਦੀ ਰਹਿਨੁਮਾਈ ਹੇਠ ਇਪਟਾ ਕਾਰਕੁਨ ਨਾਟਕਰਮੀ ਪੁਨੀਤ ਵਾਟਸ ਅਤੇ ਸਰਘੀ ਕਲਾ ਕੇਂਦਰ ਦੇ ਸਲਾਹਕਾਰ ਕ੍ਰਿਸ਼ਣ ਲਾਲ ਸੈਣੀ ਆਦਿ ਨੇ ਮਿਲਕੇ 20 ਜੁਲਾਈ ਤੋਂ ਸ਼ੁਰੂ ਹੋ ਰਹੇ ਮੌਨਸੂਨ ਸੈਸ਼ਨ ਦੌਰਾਨ ਸਭਿਆਚਾਰਕ ਪ੍ਰਦੂਸ਼ਣ ਦਾ ਮਸਲਾ ਉਭਾਰਨ ਲਈ



ਪੱਤਰ ਦਿੱਤਾ।ਡਾ. ਅਮਰ ਸਿੰਘ ਨੇ ਪੱਤਰ ਧਿਆਨ ਨਾਲ ਵਾਚਣ ਤੋਂ ਬਾਅਦ ਸਭਿਆਚਾਰਕ ਪ੍ਰਦੂਸ਼ਣ ਵਰਗੇ ਗੰਭੀਰ ਮਸਲੇ ਨੂੰ ਗੰਭੀਰਤਾ ਨੂੰ ਸਮਝਦਿਆਂ ਮੌਨਸੂਨ ਸ਼ੈਸ਼ਨ ਦੌਰਾਨ ਇਹ ਮਸਲਾ ਉਭਾਰਨ ਦੀ ਹਾਮੀ ਭਰੀ।ਸੰਜੀਵਨ ਸਿੰਘ ਨੇ ਕਿਹਾ ਕਿ ਬੇਸ਼ਕ ਡਾ. ਅਮਰ ਸਿੰਘ ਪਹਿਲੀ ਵਾਰ ਮਿਲਣ ਦਾ ਮੌਕਾ ਮਿਲਿਆ ਹੈ ਪਰ ਉਨ੍ਹਾਂ ਦੇ ਸਨਿਮਰ ਅਤੇ ਸ਼ਾਤ ਸੁਭਾਅ, ਹਰ ਕਿਸੇ ਦੀ ਗੱਲ ਧਿਆਨ ਨਾਲ ਸੁਣਨਾ ਕਾਬਲੇ ਤਾਰੀਫ ਹੈ।

ਸਮਾਜ ਵਿਚ ਨਸ਼ਿਆ ਦੇ ਵੱਧ ਰਹੇ ਰੁਝਾਨ, ਔਰਤਾ ਪ੍ਰਤੀ ਅਪਰਾਧਾਂ ਅਤੇ ਗੈਂਗਸਟਰਵਾਦ ਲਈ ਲੱਚਰਤਾ, ਅਸ਼ਲੀਲਤਾ, ਹਥਿਆਰਾਂ ਅਤੇ ਨਸ਼ਿਆਂ ਨੂੰ ਉਤਸ਼ਾਹਿਤ ਕਰਦੀ ਗੀਤਕਾਰੀ ਤੇ ਗਾਇਕੀ ਵੀ ਜ਼ੁੰਮੇਵਾਰ ਹੈ।ਇਸ ਲਈ ਸਭਿਆਚਾਰਕ ਪ੍ਰਦੂਸ਼ਣ ਵਰਗੇ ਗੰਭੀਰ ਮਸਲੇ ਨੂੰ ਗੰਭੀਰਤਾ ਨਾਲ ਲੈਣ ਦੀ ਜ਼ਰੂਰਤ ਹੈ।

# ਇੰਦਰਜੀਤ ਕੌਰ ਮਾਨ ਨੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਬਲਾਕ ਨੂਰਮਹਿਲ ਦੇ ਪਿੰਡ ਬੁਰਜ ਕੇਲਾ, ਲੱਧੜ ਕਲਾਂ, ਕਾਦੀਆਂ, ਭੁੱਲਰਾਂ, ਖੋਖੇਵਾਲ, ਥੰਮਣਵਾਲ, ਰਾਵਾਂ, ਔਜਲਾ ਮੁਆਈ, ਨਾਗਰਾ ਅਤੇ ਭਾਰੂਵਾਲ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਪੰਚਾਇਤਾ ਕੋਲੋਂ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ।ਕਿੰਨੇ ਪੈਸੇ ਖਰਚ ਕਰ ਲਏ ਗਏ, ਕਿੰਨੇ ਪੈਸੇ ਪੰਚਾਇਤਾਂ ਕੋਲ ਪਏ ਹਨ, ਲੋਕਾਂ ਦੀ ਇਕੱਤਰਤਾ ਵਿੱਚ ਜ਼ਿਕਰ ਕੀਤਾ ਗਿਆ। ਬੀਬੀ ਮਾਨ ਨੇ ਪੰਚਾਂ ਸਰਪੰਚਾਂ ਕੋਲੋ ਨਵੇਂ ਕੰਮਾਂ ਦੀਆਂ ਪ੍ਰਪੋਜ਼ਲਾਂ ਮੰਗੀਆਂ ਅਤੇ ਹੋਰ ਪੈਸੇ ਦੇਣ ਦਾ ਵਾਅਦਾ ਕੀਤਾ।ਬੀਬੀ ਮਾਨ ਨੇ ਇਸ ਦੌਰਾਨ ਲੋਕਾਂ ਨੂੰ ਉਹਨਾਂ ਦੀਆਂ



ਨਿੱਜੀ ਦੁੱਖ ਤਕਲੀਫਾਂ ਜਾਣੀਆਂ ਅਤੇ ਉਹਨਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ।ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਇੱਕ-ਇੱਕ ਕਰਕੇ ਜੇਕਰ ਕੀਤਾ।ਇਲਾਜ ਵਾਸਤੇ 10 ਲੱਖ ਰੁਪਏ ਦਾ ਮੈਡੀਕਲ ਕਾਰਡ ਦੀ ਵਰਤੋਂ ਕਰਨ ਬਾਰੇ ਜਿਕਰ ਕੀਤਾ। ਇਸ ਮੌਕੇ ਬੀਬੀ ਮਾਨ ਨੇ ਖਾਸ ਕਰਕੇ ਨੌਜਵਾਨਾਂ ਤੋਂ ਜਿੰਮ ਅਤੇ ਗਰਾਉਂਡਾਂ ਬਾਰੇ ਡੀਮਾਂਡ ਮੰਗੀ ਗਈ।ਇਸ ਮੌਕੇ ਜਸਬੀਰ ਸਿੰਘ ਸੰਗੋਵਾਲ, ਸਰਪੰਚ ਰੇਸ਼ਮਾ ਬੁਰਜ ਹਸਨ, ਅਮਰਜੀਤ ਸਿੰਘ, ਹੈਪੀ ਲੱਧੜ, ਗੁਰਦੇਵ ਸਿੰਘ ਭੁੱਲਰ, ਰਣਜੀਤ ਸਿੰਘ ਕਾਦੀਆਂ, ਅਜੇ ਕੁਮਾਰ, ਵਰਿੰਦਰ ਬੰਟੀ, ਅਮਰਜੀਤ ਸਿੰਘ, ਜਸਵੀਰ ਸਿੰਘ, ਕਮਲਜੀਤ ਕੌਰ , ਸੰਦੀਪ ਕੌਰ, ਜਤਿੰਦਰ ਸਿੰਘ, ਭਜਨ ਸਿੰਘ, ਜੋਤੀ, ਜੋਗਾ ਸਿੰਘ, ਨਿਰਮਲ ਸਿੰਘ, ਰਾਜੇਸ਼ ਸਰਪੰਚ ਨਾਗਰਾ, ਸੰਦੀਪ ਸਿੰਘ, ਪੱਪਾ ਸਰਪੰ,ਚ ਨਿੱਕਾ ਭਾਰੂਵਾਲ, ਸੁਲੱਖਣ ਸਿੰਘ, ਸੌਦਾਗਰ ਸਿੰਘ, ਰਣਜੀਤ ਸਿੰਘ, ਬਲਜਿੰਦਰ ਸਿੰਘ ਅਤੇ ਹੋਰ ਹਾਜ਼ਰ ਸਨ।


# ਲੋਕ ਇਨਸਾਫ ਮੰਚ ਪੰਜਾਬ ਵੱਲੋਂ 31 ਨੂੰ ਭੁੱਖ ਹੜਤਾਲ

**ਫਿਲੌਰ (ਨਿਰਮਲ)-** ਲੋਕ ਇਨਸਾਫ ਮੰਚ ਪੰਜਾਬ ਦੀ ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜੇ ਨੀਟ ਪੇਪਰ ਲੀਕ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹਾਦਤ ਦਿਵਸ ਮੌਕੇ 11 ਮੈਂਬਰਾਂ ਵੱਲੋਂ ਇੱਕ ਦਿਨ ਦੀ ਭੁੱਖ ਹੜਤਾਲ ਕੀਤੀ ਜਾਵੇਗੀ। ਇਹ ਭੁੱਖ ਹੜਤਾਲ ਨੇੜੇ ਪੰਡਤ ਸ਼ਰਧਾ ਰਾਮ ਫਿਲੌਰੀ ਚੌਕ, ਫਿਲੌਰ ਵਿਖੇ ਹੋਵੇਗੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਨੀਟ ਪੇਪਰ ਲੀਕ ਸਿਰਫ਼ ਇੱਕ ਪ੍ਰੀਖਿਆ ਵਿੱਚ ਹੋਈ ਗੜਬੜ ਨਹੀਂ, ਸਗੋਂ ਦੇਸ਼ ਦੀ ਸਿੱਖਿਆ ਪ੍ਰਣਾਲੀ ਦੀ ਭਰੋਸੇਯੋਗਤਾ ਅਤੇ ਲੱਖਾਂ ਵਿਦਿਆਰਥੀਆਂ ਦੇ ਸੁਪਨਿਆਂ 'ਤੇ ਗੰਭੀਰ ਸਵਾਲ ਹੈ। ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਸੋਨਮ ਵਾਂਗਚੁੱਕ ਨੇ ਲੋਕਤੰਤਰੀ ਢੰਗ ਨਾਲ ਭੁੱਖ ਹੜਤਾਲ ਦਾ ਰਾਹ ਚੁਣ ਕੇ ਲੋਕਾਂ ਦੇ ਮੁੱਦਿਆਂ ਨੂੰ ਦੇਸ਼ ਦੇ ਸਾਹਮਣੇ ਰੱਖਿਆ ਹੈ। ਲੋਕ ਇਨਸਾਫ ਮੰਚ ਪੰਜਾਬ ਉਨ੍ਹਾਂ ਦੇ ਲੋਕਤੰਤਰੀ ਸੰਘਰਸ਼ ਦਾ ਸਤਿਕਾਰ ਕਰਦਾ ਹੈ ਅਤੇ ਸ਼ਾਂਤੀਪੂਰਨ ਤਰੀਕੇ ਨਾਲ ਆਪਣੀ ਆਵਾਜ਼ ਉਠਾਉਣ ਦੇ ਅਧਿਕਾਰ ਦੇ ਨਾਲ ਖੜ੍ਹਾ ਹੈ। ਲੋਕ ਇਨਸਾਫ ਮੰਚ ਪੰਜਾਬ ਨੇ ਸਮੂਹ ਵਿਦਿਆਰਥੀ ਜਥੇਬੰਦੀਆਂ, ਨੌਜਵਾਨਾਂ, ਅਧਿਆਪਕਾਂ, ਸਮਾਜਿਕ ਅਤੇ ਲੋਕਤੰਤਰੀ ਸੰਗਠਨਾਂ ਨੂੰ ਅਪੀਲ ਕੀਤੀ ਕਿ ਉਹ 31 ਜੁਲਾਈ ਨੂੰ ਫਿਲੌਰ ਪਹੁੰਚ ਕੇ ਇਸ ਲੋਕ ਹਿੱਤ ਦੇ ਸੰਘਰਸ਼ ਨੂੰ ਮਜ਼ਬੂਤ ਕਰਨ। ਇਸ ਮੌਕੇ ਲੋਕ ਇਨਸਾਫ ਮੰਚ ਪੰਜਾਬ ਦੇ ਸਕੱਤਰ ਪਰਸ਼ੋਤਮ ਫਿਲੌਰ, ਡਾ. ਸੁਨੀਲ ਗੰਨਾਪਿੰਡ, ਡਾ. ਸੰਦੀਪ ਸੰਤੋਖਪੁਰਾ, ਹਨੀ ਫਿਲੌਰ, ਮਾਸਟਰ ਹੰਸ ਰਾਜ, ਰਾਜਵਿੰਦਰ ਮੁਠੱਡਾ ਅਤੇ ਹੋਰ ਅਹੁਦੇਦਾਰ ਹਾਜ਼ਰ ਸਨ।

# ਬਰਾੜ ਦਿਹਾਤੀ ਤੇ ਹਿੱਕੀ ਸ਼ਹਿਰੀ ਪ੍ਰਧਾਨ ਨਿਯੁਕਤ

**ਜਲੰਧਰ (ਇਕਬਾਲ ਸਿੰਘ ਉਭੀ)-** ਪ੍ਰਧਾਨ ਮੰਤਰੀ ਦੇ ਦੌਰੇ ਤੋਂ ਕਰੀਬ 24 ਘੰਟਿਆਂ ਦੇ ਅੰਦਰ ਹੀ ਭਾਜਪਾ ਨੇ ਸੰਗਠਨ ਵਿੱਚ ਵਿਆਪਕ ਤਬਦੀਲੀਆਂ ਕਰਦਿਆਂ ਪੰਜਾਬ ਵਿੱਚ ਭਾਜਪਾ ਦੀ ਸਾਖ ਨੂੰ ਮਜ਼ਬੂਤ ਕਰਨ ਲਈ 18 ਜ਼ਿਲ੍ਹਿਆਂ ਦੇ ਨਵੇਂ ਪ੍ਰਧਾਨਾਂ ਦਾ ਐਲਾਨ ਕਰ ਦਿੱਤਾ ਗਿਆ।ਨਵੀਆਂ ਨਿਯੁਕਤੀਆਂ ਅਨੁਸਾਰ ਅਸ਼ੋਕ ਸਰੀਨ ਹਿੱਕੀ ਨੂੰ ਜਲੰਧਰ ਸ਼ਹਿਰੀ ਦਾ ਪ੍ਰਧਾਨ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਮਨਮੀਤ ਸਿੰਘ ਵਿੱਕੀ ਨੂੰ ਜਲੰਧਰ ਦੇਹਾਤੀ (ਉਤੱਰੀ) ਅਤੇ ਜਗਬੀਰ ਸਿੰਘ ਬਰਾੜ ਨੂੰ ਜਲੰਧਰ ਦੇਹਾਤੀ (ਦੱਖਣੀ) ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।

# ਸੀ ਪੀ ਆਈ (ਐਮ) ਦੀ ਮੀਟਿੰਗ 23 ਨੂੰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਸੀ ਪੀ ਆਈ, ਐਮ ਦੀ ਜ਼ਿਲ੍ਹਾ ਕਮੇਟੀ ਦੀ ਅਹਿਮ ਮੀਟਿੰਗ 23 ਜੁਲਾਈ ਨੂੰ ਸਵੇਰੇ 10 ਵਜੇ ਪਾਰਟੀ ਦਫ਼ਤਰ ਸਥਿਤ ਕਾਮਰੇਡ ਚੰਨਣ ਸਿੰਘ ਧੂਤ ਹਾਲ ਹੁਸ਼ਿਆਰਪੁਰ ਵਿਖੇ ਹੋਵੇਗੀ। ਇਸ ਮੀਟਿੰਗ ਬਾਰੇ ਜਾਣਕਾਰੀ ਦਿੰਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੁਰਨੇਕ ਸਿੰਘ ਭੱਜਲ ਨੇ ਦੱਸਿਆ ਕਿ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿਚ ਪਹੁੰਚਣਗੇ। ਇਸ ਮੀਟਿੰਗ ਦੌਰਾਨ ਪਾਰਟੀ ਦੇ ਸੰਗਠਨਾਤਮਕ ਮਸਲਿਆਂ, ਮੌਜੂਦਾ ਸਿਆਸੀ ਹਾਲਾਤਾਂ ਅਤੇ ਆਉਣ ਵਾਲੇ ਪ੍ਰੋਗਰਾਮਾਂ ਸੰਬੰਧੀ ਵਿਸਥਾਰ ਨਾਲ ਚਰਚਾ ਕੀਤੀ ਜਾਵੇਗੀ।

# ਫਿਰਨੀ ਲਈ 1 ਕਰੋੜ ਦੀ ਗ੍ਰਾਂਟ ਜਾਰੀ ਕਰਨ 'ਤੇ ਚੱਬੇਵਾਲ ਦਾ ਧੰਨਵਾਦ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-** ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਵਲੋਂ ਫਗਵਾੜਾ ਦੇ ਪਿੰਡ ਪਾਂਸ਼ਟਾ ਦੇ ਵਸਨੀਕਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਪਿੰਡ ਦੀ ਫਿਰਨੀ ਜਿਸ ਦੀ ਲੰਬਾਈ ਕਰੀਬ 1 ਕਿ:ਮੀ: ਹੈ ਅਤੇ ਇਸਦੀ ਹਾਲਤ ਬਹੁਤ ਜਿਆਦਾ ਖਸਤਾ ਹੈ, ਦੀ ਸੀ.ਸੀ. ਫਲੋਰਿੰਗ ਟਾਇਲਾਂ ਨਾਲ ਉਸਾਰੀ ਲਈ 1 ਕਰੋੜ ਰੁਪਏ ਦੀ ਗ੍ਰਾਂਟ ਐਮ ਪੀ ਕੋਟੇ ਵਿੱਚੋਂ ਜਾਰੀ ਕੀਤੀ ਗਈ ਹੈ। ਜਿਸ ਨੂੰ ਲੈ ਕੇ ਪਿੰਡ ਦੀ ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਨੇ ਡਾ. ਰਾਜਕੁਮਾਰ ਚੱਬੇਵਾਲ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪਿੰਡ ਵਾਸੀਆਂ ਅਨੁਸਾਰ ਖਸਤਾ ਹਾਲ ਫਿਰਨੀ ਤੋਂ ਲੰਘਦੀ ਟੈਰਫਿਕ ਨੂੰ ਕਾਫੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਝੋਨੇ/ਕਣਕਾਂ ਦੇ ਸੀਜਨ ਦੌਰਾਨ ਜਿੱਥੇ ਕਿਸਾਨਾਂ ਨੂੰ ਆਪਣੀ ਫਸਲ ਇੱਕ ਜਗਾ ਤੋਂ ਦੂਸਰੀ ਜਗਾ ਤੇ ਲਿਜਾਉਣ ਲਈ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਹੀ ਸਕੂਲੀ ਵਿਦਿਆਰਥੀਆਂ ਨੂੰ ਅਕਸਰ ਹੀ ਸਕੂਲ ਆਉਣ ਜਾਣ ਸਮੇਂ ਕਾਫੀ ਮੁਸ਼ਕਲ ਪੇਸ਼ ਆਉਂਦੀ ਹੈ। ਇਸ ਤੋਂ ਇਲਾਵਾ ਬਰਸਾਤਾਂ ਦੇ ਸੀਜਨ ਦੌਰਾਨ ਇਸ ਫਿਰਨੀ ਦੀ ਹਾਲਤ ਬਹੁਤ ਜਿਆਦਾ ਖਰਾਬ ਹੋ ਜਾਂਦੀ ਹੈ ਜਿਸ ਕਾਰਨ ਪਿੰਡ ਵਾਸੀਆਂ ਤੇ ਸਕੂਲੀ ਬੱਚਿਆਂ ਦਾ ਲੰਘਣਾ ਮੁਸ਼ਕਲ ਹੋ ਜਾਂਦਾ ਹੈ। ਲੇਕਿਨ ਹੁਣ ਇਸ ਫਿਰਨੀ ਦੇ ਸੀ ਸੀ ਫਲੋਰਿੰਗ ਨਾਲ 18 ਫੁੱਟ ਚੌੜਾ ਹੋਣ ਨਾਲ ਲੰਮੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦਾ ਸਥਾਈ ਹਲ ਹੋਵੇਗਾ।

# ਐੱਫ ਆਈ ਆਰ ਰੱਦ ਕਰਵਾਉਣ ਹਾਈ ਕੋਰਟ ਪੁੱਜਾ ਇਮਰਜਿੰਗ ਇੰਡੀਆ ਦਾ ਐੱਮ ਡੀ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਫਲੈਟ ਨਾ ਦੇਣ ਕਰਕੇ ਧੋਖਾਧੜੀ ਦੇ ਕੇਸ ਵਿੱਚ ਫਸੇ ਇਮਰਜਿੰਗ ਇੰਡੀਆ ਦੇ ਐੱਮ ਡੀ ਗੁਰਪ੍ਰੀਤ ਸਿੰਘ ਸਿੱਧੂ ਨੇ ਸਮਝੌਤੇ ਦੇ ਅਧਾਰ ਤੇ ਐਫ ਆਈ ਆਰ ਰੱਦ ਕਰਵਾਉਣ ਲਈ ਹਾਈਕੋਰਟ ਪਹੁੰਚ ਕੀਤੀ ਹੈ। ਹਾਈਕੋਰਟ ਨੇ ਜਿੱਥੇ ਨੋਟਿਸ ਜਾਰੀ ਕਰਕੇ ਜਵਾਬ ਮੰਗ ਲਿਆ ਹੈ, ਉੱਥੇ ਹੀ ਗੁਰਪ੍ਰੀਤ ਸਿੰਘ ਵਿਰੁੱਧ ਹੋਰ ਮਾਮਲਿਆਂ ਦੀ ਜਾਣਕਾਰੀ ਮੰਗ ਲਈ ਹੈ।ਇਸ ਮਾਮਲੇ ਤੋਂ ਇਹ ਸਾਹਮਣੇ ਆਇਆ ਹੈ ਕਿ ਨਿਵੇਸ਼ਕਾਂ ਨਾਲ ਧੋਖੇ ਦੇ ਕੇਸ ਵਿੱਚ ਖਹਿੜਾ ਛੁਡਵਾਉਣ ਲਈ ਆਖਰ ਬਿਲਡਰਾਂ ਨੂੰ ਸਮਝੌਤੇ ਦਾ ਰਾਹ ਅਖਤਿਆਰ ਕਰਨਾ ਪੈ ਰਿਹਾ ਹੈ। ਮਾਮਲੇ ਮੁਤਾਬਕ ਦਹਾਕੇ ਪਹਿਲਾਂ ਖਰੜ ਬਨੂੜ ਰੋਡ ਤੇ ਸੰਤੇ ਮਾਜਰਾ ਵਿਖੇ ਇਮਰਜਿੰਗ ਇੰਡੀਆ ਵਿੱਚ ਫਲੈਟ ਨਾ ਦੇ ਸਕਣ ਕਰਕੇ ਐੱਮ ਡੀ ਗੁਰਪ੍ਰੀਤ ਸਿੰਘ ਸਿੱਧੂ ਨੇ ਗੁਰਦਾਸਪੁਰ ਦੇ ਪਿੰਡ ਖਹਿਰਾ ਕੋਟਲੀ ਦੀ ਰੁਪਜੀਤ ਕੌਰ ਨੂੰ ਇੱਕ ਦੁਕਾਨ ਦੀ ਰਜਿਸਟਰੀ ਕਰਵਾ ਕੇ ਸਮਝੌਤਾ ਕੀਤਾ। ਫਲੈਟ ਨਾ ਦੇ ਸਕਣ ਕਾਰਨ ਇੱਕ ਪਲਾਟ ਦੀ ਰਜਿਸਟਰੀ ਕਰਵਾ ਦਿੱਤੀ ਗਈ ਪਰ ਕਬਜਾ ਨਾ ਦੇਣ ਤੇ ਰੁਪਜੀਤ ਕੌਰ ਨੇ ਪੁਲਿਸ ਨੂੰ ਸ਼ਿਕਾਇਤ ਕੀਤੀ ਤੇ ਮਾਮਲਾ ਦਰਜ ਹੋਣ ਤੇ ਹੁਣ ਦੁਕਾਨ ਦੇ ਕੇ ਸਮਝੌਤਾ ਕੀਤਾ। ਸਮਝੌਤੇ ਦੇ ਅਧਾਰ ਤੇ ਐਫਆਈਆਰ ਰੱਦ ਕਰਵਾਉਣ ਲਈ ਹਾਈਕੋਰਟ ਪਹੁੰਚ ਕੀਤੀ ਗਈ ਤੇ ਰੁਪਜੀਤ ਕੌਰ ਵੱਲੋਂ ਪੇਸ਼ ਹੋਏ ਐਡਵੋਕੇਟ ਗਗਨ ਪ੍ਰਦੀਪ ਸਿੰਘ ਬੱਲ ਵੱਲੋਂ ਪੈਰਵੀ ਕੀਤੇ ਜਾਣ ਤੇ ਜਸਟਿਸ ਮਨੀਸ਼ਾ ਬੱਤਰਾ ਦੀ ਬੈਂਚ ਨੇ ਪੁਲਸ ਨੂੰ ਨੋਟਿਸ ਜਾਰੀ ਕਰਕੇ ਹਦਾਇਤ ਕੀਤੀ ਹੈ ਕਿ ਗੁਰਪ੍ਰੀਤ ਸਿੰਘ ਸਿੱਧੂ ਦੇ ਜੇਲ੍ਹ ਵਿੱਚੋਂ ਬਿਆਨ ਦਰਜ ਕਰਵਾਏ ਜਾਣ। ਗੁਰਪ੍ਰੀਤ ਸਿੰਘ ਇਸੇ ਕੇਸ ਵਿੱਚ ਨਜ਼ਰਬੰਦ ਹੈ।

# ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਸਰਕਾਰੀ ਦਫ਼ਤਰਾਂ 'ਚ ਡੇਂਗੂ-ਵਿਰੋਧੀ ਮੁਹਿੰਮ


**ਮੋਹਾਲੀ (ਗੁਰਜੀਤ ਬਿੱਲਾ)-** ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਨੇ ਵੱਖ-ਵੱਖ ਸਰਕਾਰੀ ਦਫ਼ਤਰਾਂ ਵਿਚ ਚੈਕਿੰਗ ਕੀਤੀ।



ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਟੀਮਾਂ ਨੇ ਦਫ਼ਤਰਾਂ ਵਿਚ ਪਾਣੀ ਇਕੱਤਰ ਹੋਣ ਦੀ ਸੰਭਾਵਨਾ ਵਾਲੀਆਂ ਥਾਵਾਂ 'ਤੇ ਨਿਰੀਖਣ ਕੀਤਾ।ਜਿਥੇ ਪਾਣੀ ਖੜ੍ਹਾ ਸੀ, ਉਥੇ ਦਵਾਈ ਦਾ ਛਿੜਕਾਅ ਕੀਤਾ ਗਿਆ। ਟੀਮਾਂ ਨੇ ਗਮਲੇ, ਕੂਲਰ, ਫ਼ਰਿੱਜ ਅਤੇ ਹੋਰ ਕੰਟੇਨਰ ਚੈੱਕ ਕੀਤੇ ਅਤੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਕਿਤੇ ਵੀ ਪਾਣੀ ਖੜ੍ਹਾ ਨਾ ਹੋਣ ਦਿਤਾ ਜਾਵੇ।ਡਾ. ਜੈਨ ਨੇ ਦਸਿਆ ਕਿ ਇਹ ਮੁਹਿੰਮ ਸਾਰੇ ਜ਼ਿਲ੍ਹੇ ਵਿਚ ਚੱਲ ਰਹੀ ਹੈ। ਅਧਿਕਾਰੀਆਂ ਸਮੇਤ ਹੋਰ ਸਟਾਫ਼ ਜਿਥੇ ਘਰ-ਘਰ ਜਾ ਕੇ ਸਰਵੇਖਣ ਕਰ ਰਹੇ ਹਨ, ਉਥੇ ਚਾਲਾਨ ਕੱਟਣ ਦੀ ਕਾਰਵਾਈ ਵੀ ਕੀਤੀ ਜਾ ਰਹੀ ਹੈ।

# 'ਆਪ' ਵੱਲੋਂ ਵੱਖ-ਵੱਖ ਵਰਗਾਂ ਦੇ ਚੇਅਰਮੈਨ ਨਿਯੁਕਤ

**ਗੁਰਾਇਆ (ਬਿੰਦਰ ਸੁੰਮਨ):** ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਵੱਲੋਂ ਵਿਧਾਨ ਸਭਾ ਹਲਕਾ ਫਿਲੌਰ 'ਚ ਵੱਖ ਵੱਖ ਵਰਗਾਂ ਦੇ ਚੇਅਰਮੈਨ ਨਿਯੁਕਤ ਕੀਤੇ ਗਏ, ਜਿਸ ਵਿੱਚ ਗੁਰਾਇਆ ਤੋਂ ਕੌਂਸਲਰ ਮਨੋਜ ਗੋਗਨਾ ਨੂੰ ਸਵਰਨਕਾਰ ਵੈਲਫੇਅਰ ਬੋਰਡ ਦਾ ਚੇਅਰਮੈਨ, ਕੌਂਸਲਰ ਸੁਦੇਸ਼ ਕੁਮਾਰ ਨੂੰ ਦਲਿਤ ਵਿਕਾਸ ਬੋਰਡ ਦਾ ਚੇਅਰਮੈਨ, ਜਸਵੀਰ ਸਿੰਘ ਨੂੰ ਰਾਮਗੜੀਆਂ ਵੈਲਫੇਅਰ ਬੋਰਡ ਦਾ ਚੇਅਰਮੈਨ, ਗੌਰਵ ਬਾਵਾ ਨੂੰ ਬਰਾਗੀ ਵੈਲਫੇਅਰ ਬੋਰਡ ਦਾ ਚੇਅਰਮੈਨ ਜਦ ਕਿ



ਵਰਿੰਦਰ ਸਿੰਘ ਨੂੰ ਸੈਣੀ ਵੈਲਫੇਅਰ ਬੋਰਡ ਵਿਧਾਨ ਸਭਾ ਹਲਕਾ ਫਿਲੌਰ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ। ਇਨ੍ਹਾਂ ਨਿਯੁਕਤੀਆ ਨੂੰ ਲੈ ਕੇ ਨਗਰ ਕੌਂਸਲ ਗੁਰਾਇਆ ਵਿਖੇ ਇੱਕ ਸਨਮਾਨ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਉਚੇਚੇ ਤੌਰ 'ਤੇ ਹਰਜੋਤ ਕੌਰ ਲੋਹਟੀਆ ਹਲਕਾ ਇੰਚਾਰਜ ਵਿਧਾਨ ਸਭਾ ਹਲਕਾ ਫਿਲੌਰ ਪਹੁੰਚੇ। ਇਸ ਮੌਕੇ ਬੋਲਦਿਆਂ ਨਵ ਨਿਯੁਕਤ ਚੇਅਰਮੈਨਾਂ ਨੇ ਕਿਹਾ ਕਿ ਪਾਰਟੀ ਵੱਲੋਂ ਉਹਨਾਂ ਨੂੰ ਜੋ ਜਿਮੇਵਾਰੀ ਦਿੱਤੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾ ਕੇ ਵਿਧਾਨ ਸਭਾ ਹਲਕਾ ਫਿਲੌਰ ਵਿੱਚ ਪਾਰਟੀ ਦੀ ਹੋਰ ਮਜ਼ਬੂਤੀ ਲਈ ਸਖ਼ਤ ਮਿਹਨਤ ਕਰਨਗੇ। ਇਸ ਮੌਕੇ ਪ੍ਰਧਾਨ ਨਗਰ ਕੌਂਸਲ ਗੁਰਾਇਆ ਹਰਮੇਸ਼ ਲਾਲ, ਸੰਗਠਨ ਇੰਚਾਰਜ ਵਿਧਾਨ ਸਭਾ ਹਲਕਾ ਫਿਲੌਰ ਸੰਜੇ ਅਟਵਾਲ, ਰੌਸ਼ਨ ਲਾਲ ਰੋਸ਼ੀ, ਚੇਅਰਮੈਨ ਮਨੋਜ ਗੋਗਨਾ, ਚੇਅਰਮਨ ਸੁਦੇਸ਼ ਕੁਮਾਰ, ਚੇਅਰਮੈਨ ਜਸਵੀਰ ਸਿੰਘ, ਚੇਅਰਮੈਨ ਗੌਰਵ ਬਾਵਾ, ਚੇਅਰਮੈਨ ਵਰਿੰਦਰ ਸੈਣੀ, ਕੌਂਸਲਰ ਰਾਹੁਲ ਪੁੰਜ, ਸਰਪੰਚ ਹਰਕਮਲ ਸਿੰਘ, ਕੌਂਸਲਰ ਜਤਿਨ ਕੁਮਾਰ, ਸਰਪੰਚ ਲਾਡੀ ਬਸਰਾ ਤੋ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।


# ਦੋ ਕਿਸਾਨਾਂ ਦੇ ਡੇਰੇ ਤੋਂ ਤਿੰਨ ਮੱਝਾਂ ਤੇ ਇੱਕ ਬੱਕਰੀ ਚੋਰੀ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)-** ਕਿਸ਼ਨਗੜ੍ਹ ਦੇ ਨਜ਼ਦੀਕੀ ਪਿੰਡ ਸੰਘਵਾਲ ਵਿਖੇ ਸ਼ਨੀਵਾਰ ਦੀ ਰਾਤ ਨੂੰ ਤੜਕੇ ਪਿੰਡ ਦੇ ਦੋ ਕਿਸਾਨਾਂ ਦੇ ਪਿੰਡ ਬਾਹਰ ਸਥਿਤ ਡੇਰਿਆਂ ਤੋਂ ਤਿੰਨ ਮੱਝਾਂ ਅਤੇ ਇੱਕ ਬੱਕਰੀ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ। ਜਾਣਕਾਰੀ ਦਿੰਦੇ ਹੋਏ ਲਖਬੀਰ ਸਿੰਘ ਉਰਫ ਲੱਖੂ ਪੁੱਤਰ ਪਰਸਨ ਸਿੰਘ ਨੇ ਦੱਸਿਆ ਕਿ ਉਹ ਸ਼ਨੀਵਾਰ ਦੀ ਰਾਤ ਨੂੰ ਆਪਣੇ ਡੇਰੇ ਤੋਂ 12ਵਜੇ ਆਪਣੇ ਪਸ਼ੂ ਵੱਡੀ ਸ਼ੈਡ ਵਿੱਚ ਬੰਨ ਕੇ ਅਤੇ ਵੱਡੇ ਸ਼ਟਰ ਨੂੰ ਬਾਹਰੋਂ ਤਾਲੇ ਲਾ ਕੇ ਆਪਣੇ ਪਿੰਡ ਘਰ ਵਿੱਚ ਸੌਣ ਲਈ ਆ ਗਏ। ਜਦ ਉਹ ਰੋਜ਼ਾਨਾ ਦੀ



ਤਰ੍ਹਾਂ ਐਤਵਾਰ ਸਵੇਰ ਨੂੰ ਮੱਝਾਂ ਅਤੇ ਗਾਵਾਂ ਦਾ ਦੁੱਧ ਚੋਣ ਵਾਸਤੇ ਗਏ ਤਾਂ ਦੇਖਿਆ ਕਿ ਜਿਸ ਸ਼ੈਡ ਵਿੱਚ ਪਸ਼ੂ ਬੰਨੇ ਹੋਏ ਸਨ ਉਸ ਦਾ ਸ਼ਟਰ ਟੁੱਟਾ ਹੋਇਆ ਸੀ ਅਤੇ ਉਸ ਵਿੱਚ ਬੰਨੀਆਂ ਦੋ ਦੁਧਾਰੂ ਮੱਝਾਂ ਅਤੇ ਸ਼ੈਡ ਵਿੱਚ ਬੰਨੀ ਇੱਕ ਬੱਕਰੀ ਵੀ ਗਾਇਬ ਸੀ ਜਿਨਾਂ ਦੀ ਕੀਮਤ ਕਰੀਬ ਢਾਈ ਲੱਖ ਰੁਪਏ ਬਣਦੀ ਹੈ। ਉਸ ਨੇ ਦੱਸਿਆ ਕੀ ਸ਼ੈਡ ਦੇ ਅੰਦਰ ਅਤੇ ਬਾਹਰ ਦੁਧਾਰੂ ਗਾਵਾਂ ਵੀ ਬੰਨੀਆਂ ਹੋਈਆਂ ਸਨ ਪਰ ਚੋਰਾਂ ਵੱਲੋਂ ਉਹਨਾਂ ਨੂੰ ਨਹੀਂ ਲਿਜਾਇਆ ਗਿਆ। ਉਹਨਾਂ ਅੱਗੇ ਦੱਸਿਆ ਕਿ 2016 'ਚ ਵੀ ਉਸ ਦੇ ਡੇਰੇ ਤੋਂ ਸੀ ਛੇ ਦੁਧਾਰੂ ਮੱਝਾਂ ਚੋਰੀ ਹੋਈਆਂ ਸਨ ਜਿਨਾਂ ਬਾਰੇ ਵੀ ਕੋਈ ਥਹੁ ਪਤਾ ਨਹੀਂ ਲੱਗਿਆ ਸੀ। ਇਸ ਤਰ੍ਹਾਂ ਹੀ ਦੂਸਰੇ ਕਿਸਾਨ ਦਾਰਾ ਸਿੰਘ ਪੁੱਤਰ ਜੋਗਿੰਦਰ ਸਿੰਘ ਨੇ ਦੱਸਿਆ ਕਿ ਉਹਨਾਂ ਦੀ ਸ਼ੈਡ ਦਾ ਵੀ ਸ਼ਟਰ ਤੋੜ ਕੇ ਇੱਕ ਮੱਝ ਚੋਰੀ ਕਰ ਲਈ ਗਈ ਜਿਸ ਦੀ ਕੀਮਤ ਕਰੀਬ ਲੱਖ ਰੁਪਏ ਦੀ ਹੈ। ਚੋਰਾਂ ਵੱਲੋਂ ਦੋਨਾਂ ਡੇਰਿਆਂ ਤੇ ਜੋ ਸ਼ਟਰ ਤੋੜੇ ਸਨ ਉਹ ਗੱਡੀ ਦੀ ਬੈਕ ਮਾਰ ਕੇ ਹੀ ਤੋੜੇ ਗਏ ਹਨ ਜਿਸ ਦੇ ਨਿਸ਼ਾਨ ਸ਼ਟਰਾਂ ਤੇ ਸਾਫ ਦਿਖਾਈ ਦਿੰਦੇ ਹਨ। ਮੱਝਾਂ ਚੋਰੀ ਦੀ ਸੂਚਨਾ ਪੁਲਿਸ ਚੌਂਕੀ ਕਿਸ਼ਨਗੜ੍ਹ ਵਿੱਚ ਕਰ ਦਿੱਤੀ ਗਈ ਹੈ।


# ਪ੍ਰਧਾਨ ਮੰਤਰੀ ਵੱਲੋਂ ਕੀਤੇ ਜਾ ਰਹੇ ਕਰੋੜਾਂ ਦੇ ਵਿਕਾਸ ਪ੍ਰਾਜੈਕਟਾਂ ਨਾਲ ਪੰਜਾਬ ਦੀ ਬਦਲੇਗੀ ਨੁਹਾਰ : ਖੁਰਾਣਾ



**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)-** ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਕਰੋੜਾਂ ਰੁਪਏ ਦੀ ਲਾਗਤ ਨਾਲ ਜੋ ਪੰਜਾਬ ਵਿੱਚ ਜਾ ਰਹੀ ਕਾਰਜਾਂ ਦੀ ਆਰੰਭਤਾ ਕਰਵਾਈ ਗਈ ਹੈ ਉਸ ਨਾਲ ਪੰਜਾਬ ਆਰਥਿਕ ਤੇ ਵਿਕਾਸ ਪੱਖੋਂ ਹੋਰ ਜਿਆਦਾ ਬੁਲੰਦੀਆਂ ਤੇ ਪਹੁੰਚੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਲੈਨਿੰਗ ਬੋਰਡ ਆਫ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਅਤੇ ਭਾਜਪਾ ਸਟੇਟ ਐਗਜ਼ੈਕਟਿਵ ਤੇ ਮੈਂਬਰ ਜਵਾਹਰ ਖੁਰਾਣਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਰੈਲੀ ਵਿੱਚ ਜਾਣ ਤੋਂ ਪਹਿਲਾਂ ਕਰਨ ਸਮੇਂ ਕੀਤਾ। ਇਸ ਮੌਕੇ ਉਹਨਾਂ ਨੇ ਰੈਲੀ ਵਿੱਚ ਸ਼ਾਮਲ ਹੋਣ ਜਾ ਰਹੇ ਭਾਜਪਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਇਹ ਦੂਸਰੀ ਪੰਜਾਬ ਫੇਰੀ ਅਤੇ ਇਸ ਫੇਰੀ ਨਾਲ ਜਿੱਥੇ ਪੰਜਾਬ ਤਰੱਕੀਆਂ ਦੀਆਂ ਮੰਜਿਲਾਂ ਸਰ ਕਰੇਗਾ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਕਰੋੜਾਂ ਰੁਪਏ ਦੀ ਲਾਗਤ ਨਾਲ ਜੋ ਵੀ ਉਦਘਾਟਨ ਕੀਤੇ ਹਨ ਆਉਣ ਵਾਲੇ ਸਮੇਂ ਵਿੱਚ ਉਹਨਾਂ ਕਾਰਜਾਂ ਨੂੰ ਪੂਰਾ ਕਰਕੇ ਕੇਂਦਰ ਸਰਕਾਰ ਪੰਜਾਬ ਨੂੰ ਤਰੱਕੀਆਂ ਦੀ ਰਾਹਾਂ 'ਤੇ ਤੋਰੇਗੀ। ਇਸ ਮੌਕੇ ਜ਼ਿਲਾ ਵਾਈਸ ਪ੍ਰਧਾਨ ਵੀਨੂ ਪੰਡਿਤ, ਅਸ਼ੋਕ ਕੁਮਾਰ, ਰਾਜ ਕੁਮਾਰ, ਜੁਗਰਾਜ ਸਿੰਘ, ਵਿਕੀ ਮੈਦਾਨ, ਸੁਖਬੀਰ ਸਿੰਘ, ਕੁਲਵੰਤ ਸਿੰਘ, ਪ੍ਰੇਮ ਕੁਮਾਰ ਅਸ਼ਵਨੀ ਕੁਮਾਰ ਧਰਮਿੰਦਰ ਕੁਮਾਰ ਤੇ ਹੋਰ ਭਾਜਪਾ ਵਰਕਰ ਵੀ ਹਾਜ਼ਰ ਸਨ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਕੇਂਦਰੀ ਤਨਖਾਹ ਸਕੇਲਾਂ ਵਾਲੇ ਪੱਤਰ ਦੀਆਂ ਕਾਪੀਆਂ ਫੂਕੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵਲੋਂ ਬਣਾਈ ਗਈ ਸਾਂਝੀ ਤਾਲਮੇਲ ਕਮੇਟੀ ਵਲੋਂ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਵਿਖੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ 20ਜੁਲਾਈ 2020 ਨੂੰ ਜਾਰੀ ਕੀਤੇ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ।ਤਹਿਸੀਲ ਪੱਧਰ 'ਤੇ ਕੀਤੀ ਗਈ ਇਕੱਤਰਤਾ ਮੌਕੇ ਸੰਬੋਧਨ ਕਰਦਿਆਂ ਸੂਬਾ ਆਗੂ ਸਤੀਸ਼ ਰਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਜਿਹੜੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਜੋ ਵਾਅਦੇ ਕੀਤੇ ਸੀ ਉਹਨਾਂ ਨੂੰ ਪੂਰਾ ਕਰਨ ਤੋਂ ਭੱਜ ਗਈ ਹੈ, ਮੁੱਖ ਮੰਤਰੀ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਹੱਲ ਕਰਨ ਲਈ ਜਥੇਬੰਦੀਆਂ ਨਾਲ ਕੋਈ ਵੀ ਮੀਟਿੰਗ ਨਹੀਂ ਕੀਤੀ ਗਈ ਅਤੇ ਚੋਣਾਂ ਤੋਂ ਪਹਿਲਾਂ ਕੀਤੇ ਗਏ ਕਿਸੇ ਵੀ ਵਾਅਦੇ ਨੂੰ ਵਫਾ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਅੱਜ ਦੇ ਦਿਨ ਹੀ 17 ਜੁਲਾਈ 2020 ਨੂੰ ਪੰਜਾਬ ਸਰਕਾਰ ਵਲੋਂ ਨਵੇਂ ਭਰਤੀ ਮੁਲਾਜ਼ਮਾਂ ਤੇ ਕੇਂਦਰੀ ਸਕੇਲ ਲਾਗੂ ਕਰਨ ਦਾ ਪੱਤਰ ਜਾਰੀ ਕੀਤਾ ਗਿਆ ਸੀ ਪ੍ਰੰਤੂ ਸਿਰਫ ਤਾਨਖਾਹ ਸਕੇਲ ਹੀ ਲਾਗੂ ਕੀਤੇ ਗਏ ਹਨ ਜਦਕਿ ਕੇਂਦਰ ਦੇ ਮੁਲਾਜ਼ਮਾਂ ਨੂੰ ਮਿਲ ਰਹੇ ਭੱਤੇ ਅਤੇ ਹੋਰ ਸਹੂਲਤਾਂ ਵੀ ਲਾਗੂ ਕਰਨੀਆਂ ਬਣਦੀਆਂ ਸਨ। ਇਸ ਆਮ ਆਦਮੀ ਦੀ ਸਰਕਾਰ ਵਲੋਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਮਤਰੇਈ ਮਾਂ ਵਰਗਾ ਸਲੂਕ ਕੀਤਾ ਜਾ ਰਿਹਾ ਹੈ ਜਿਸ ਦਾ ਜਵਾਬ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਦਿੱਤਾ ਜਾਵੇਗਾ। ਇਸ ਮੌਕੇ




ਸੰਬੋਧਨ ਕਰਦਿਆਂ ਜਥੇਬੰਦੀਆਂ ਦੇ ਆਗੂਆਂ ਮਨਜੀਤ ਸੈਣੀ, ਬਹਾਦਰ ਸਿੰਘ ਅਨਿਰੁਧ ਮੋਦਗਿੱਲ, ਇੰਦਰਜੀਤ ਵਿਰਦੀ, ਓਂਕਾਰ ਸਿੰਘ, ਸੰਜੀਵ ਧੂਤ ਨੇ ਕਿਹਾ ਕਿ ਇਹ ਸੰਘਰਸ਼ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਪੰਜਾਬ ਦੇ 6ਵੇ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਲਾਗੂ ਕਰਨਾ, ਪੈਨਸ਼ਨਰਜ਼ ਤੇ 2.59 ਦਾ ਫਾਰਮੂਲਾ ਲਾਗੂ ਕਰਨਾ, ਆਊਟਸੋਰਸ, ਕੰਟਰੈਕਟ, ਡੇਲੀਵੇਜਿਜ਼ ਅਤੇ ਵੱਖ ਵੱਖ ਸਕੀਮਾਂ ਅਤੇ ਐਨ ਐਚ ਐਮ ਤੇ ਸਰਵ ਸਿੱਖਿਆ ਅਭਿਆਨ ਅਧੀਨ ਕੰਮ ਕਰਦੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ, ਜਜ਼ੀਆ ਟੈਕਸ ਬੰਦ ਕਰਨ, ਰੋਕੇ ਗਏ 37 ਭੱਤਿਆਂ ਨੂੰ ਮੁੜ ਚਾਲੂ ਕਰਵਾਉਣ ਲਈ ਕੀਤਾ ਜਾ ਰਿਹਾ ਹੈ। ਬੁਲਾਰਿਆਂ ਨੇ ਸਰਕਾਰ 'ਤੇ ਦੋਸ਼ ਲਗਾਇਆ ਕਿ ਇਹਨਾਂ ਵਾਅਦਿਆਂ ਨੂੰ ਸਰਕਾਰ ਵੱਲੋਂ ਪੂਰਾਂ ਕਰਨ ਦੀ ਬਜਾਏ ਅੱਜ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦਾ 18% ਬਣਦੇ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਬਕਾਇਆ ਦੇਣ ਤੋਂ ਭੱਜ ਰਹੀ ਹੈ ਅਤੇ ਹਾਈਕੋਰਟ ਕਰੋਟ ਵਿੱਚ ਹਲਫ਼ਨਾਮਾ ਦੇ ਰਹੀ ਹੈ ਕਿ ਮਹਿਗਾਈ ਭੱਤਾ ਮੁਲਾਜ਼ਮਾਂ ਨੂੰ ਨਹੀਂ ਦੇਣਾ ਬਣਦਾ।ਉਪਰੋਕਤ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਸਰਕਾਰ ਨੂੰ ਚਲਦਾ ਕਰਨ ਲਈ ਮੁਲਾਜ਼ਮ ਅਤੇ ਪੈਨਸ਼ਨਰ ਨਿਰਨਾਇਕ ਭੂਮਿਕਾ ਨਿਭਾਉਣਗੇ। ਉਹਨਾਂ ਦੱਸਿਆ ਕਿ 7 ਅਗਸਤ ਨੂੰ ਮੋਹਾਲੀ ਵਿਖੇ ਹੋਣ ਵਾਲੀ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੌਕੇ ਮਨਜੀਤ ਸਿੰਘ ਬਾਜਵਾ, ਬਲਵੀਰ ਸਿੰਘ ਸੈਣੀ, ਗੁਰਪ੍ਰੀਤ ਸਿੰਘ ਮਕੀਮਪੁਰ, ਬਲਵੀਰ ਸਿੰਘ, ਭੁਪਿੰਦਰ ਸਿੰਘ, ਓਮ ਸਿੰਘ ਸਠਿਆਣਾ, ਨੀਰਜ ਧੀਮਾਨ, ਰਵੀ ਦੱਤ, ਦੀਪਕ ਤ੍ਰੇਹਨ, ਪਰਦੁਮਣ ਸਿੰਘ ਖਰਾਲ, ਵਿਕਰਮਜੀਤ ਸਿੰਘ ਆਹਲੂਵਾਲੀਆ, ਪ੍ਰਿੰਸੀਪਲ ਹਰਵਿੰਦਰ ਸਿੰਘ, ਵਰਿਆਮ ਸਿੰਘ ਮਿਨਹਾਸ, ਪਰਮਜੀਤ ਸਿੰਘ ਕਾਲਕੱਟ, ਪਵਨ ਕੁਮਾਰ ਆਦਿ ਆਗੂ ਵੀ ਹਾਜ਼ਰ ਸਨ।

# ਬਿਜਲੀ ਕੱਟਾਂ ਨੇ ਲੋਕਾਂ ਦਾ ਜਿਊਣਾ ਮੁਹਾਲ ਕੀਤਾ

**ਬੰਗਾ (ਅਵਤਾਰ ਕਲੇਰ)-** ਅੱਤ ਦੀ ਪੈ ਰਹੀ ਗਰਮੀ ਦੇ ਦਰਮਿਆਨ ਬਿਜਲੀ ਦੇ ਲੰਬੇ ਅਤੇ ਅਣ-ਐਲਾਨੇ ਕੱਟਾਂ ਨੇ ਲੋਕਾਂ ਦਾ ਜਿਊਣਾ ਮੁਹਾਲ ਕਰ ਦਿੱਤਾ ਹੈ। ਪਿੰਡ ਦੁਸਾਂਝ ਕਲਾਂ ਅਤੇ ਇਸ ਦੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਬਿਜਲੀ ਦੀ ਮਾੜੀ ਸਪਲਾਈ ਕਾਰਨ ਸਥਾਨਕ ਨਿਵਾਸੀਆਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹਾਲਾਤ ਇਹ ਬਣ ਗਏ ਹਨ ਕਿ ਲੋਕਾਂ ਨੂੰ ਅੱਜ ਦੇ ਡਿਜੀਟਲ ਯੁੱਗ ਵਿੱਚ ਵੀ ਮੁੜ ਪੁਰਾਣੇ ਸਮਿਆਂ ਵਾਂਗ ਹੱਥਾਂ ਵਿੱਚ ਪੱਖੀਆਂ ਫੜ ਕੇ ਵਕਤ ਕੱਟਣਾ ਪੈ ਰਿਹਾ ਹੈ। ਬੀਤੀ ਰਾਤ 9 ਵਜੇ ਬੱਤੀ ਗੁੱਲ ਹੋ ਗਈ। ਸਾਰੀ ਰਾਤ ਕੱਟ ਲੱਗਾ ਹੋਣ ਕਰਕੇ ਇਨਵਰਟਰ ਵੀ ਜਵਾਬ ਦੇ ਗਏ। ਸਵੇਰੇ 7 ਵਜੇ ਬੱਤੀ ਆਈ ਤਾਂ ਪਿੰਡ ਵਾਸੀਆਂ ਦੇ ਸਾਹ ਵਿਚ ਸਾਹ ਆਏ। ਪਿੰਡ ਦੇ ਮੋਹਤਬਰ ਨਿਵਾਸੀ ਅਤੇ ਹੈਂਡੀਕੈਪਡ ਵੈਲਫ਼ੇਅਰ ਸੁਸਾਇਟੀ ਰਜਿ ਪੰਜਾਬ ਦੇ ਪ੍ਰਧਾਨ ਸਤਨਾਮ ਦੁਸਾਂਝ ਪਿੰਡ ਦੁਸਾਂਝ ਕਲਾਂ ਦੇ ਸਮੂਹ ਨਿਵਾਸੀਆਂ ਨੇ ਪਾਵਰਕੌਮ ਦੇ ਉੱਚ ਅਧਿਕਾਰੀਆਂ ਅਤੇ ਸਬੰਧਿਤ ਵਿਭਾਗ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਬਿਜਲੀ ਦੇ ਲੰਬੇ ਕੱਟਾਂ ਦੀ ਸਮੱਸਿਆ ਦਾ ਪੱਕਾ ਹੱਲ ਕੀਤਾ ਜਾਵੇ ਤੇ ਖੇਤਰ ਵਿੱਚ ਬਿਜਲੀ ਦੀ ਸਪਲਾਈ ਨੂੰ ਸੁਚਾਰੂ ਬਣਾਇਆ ਜਾਵੇ।

# ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ-119 ਦੀ ਮੀਟਿੰਗ


**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਇਥੇ ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ-119 ਦੀ ਜੋਨ ਪਹਿਲਾ ਦੀ ਐਡਵਾਇਜ਼ਰੀ ਮੀਟਿੰਗ ਐਲੀ. ਅਸ਼ਵਨੀ ਕੁਮਾਰ ਦੱਤਾ ਦੀ ਪ੍ਰਧਾਨਗੀ ਹੇਠ



ਕੀਤੀ ਗਈ ਜਿਸ ਵਿੱਚ ਇੰਟਰਨੈਸ਼ਨਲ ਵਾਇਸ ਪ੍ਰੈਜੀਡੈਂਟ-2 ਐਲੀ. ਅਸ਼ੋਕ ਪੁਰੀ ਵਿਸ਼ੇਸ਼ ਤੌਰ ਤੇ ਹਾਜ਼ਿਰ ਹੋਏ। ਡਿਸਟ੍ਰਿਕ-119 ਦੇ ਜੋਨ ਪਹਿਲਾ ਵਿੱਚ ਅਲਾਇੰਸ ਕਲੱਬ ਹੁਸ਼ਿਆਰਪੁਰ, ਹੁਸ਼ਿਆਰਪੁਰ ਗ੍ਰੇਟਰ, ਵੋਮੈਨ ਰਿਪਬਲਿਕ, ਕੱਕੋ ਅਤੇ ਅਲਾਇੰਸ ਕਲੱਬ ਹੁਸ਼ਿਆਰਪੁਰ ਸਰਗਮ ਆਉਂਦੇ ਹਨ। ਮੀਟਿੰਗ ਦੇ ਸ਼ੁਰੂ ਵਿੱਚ ਹੁਸ਼ਿਆਰਪੁਰ ਸਰਗਮ ਦੇ ਪ੍ਰਧਾਨ ਐਲੀ. ਅਜੇ ਸਹਿਦੇਵ ਨੇ ਕਲੱਬ ਵੱਲੋਂ ਕੀਤੇ ਗਏ ਕੰਮਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਤੇ ਹੁਸ਼ਿਆਰਪੁਰ ਗ੍ਰੇਟਰ ਦੇ ਪ੍ਰਧਾਨ ਐਲੀ. ਅਜੇ ਸ਼ਾਰਧਾ ਨੇ ਦੱਸਿਆ ਕਿ ਬੀਤੀ ਤਿਮਾਹੀ ਵਿੱਚ ਵੱਖ-ਵੱਖ ਪ੍ਰੋਗਰਾਮ ਕਰਨ ਉਪਰੰਤ ਕਲੱਬ ਦਾ ਅਗਲਾ ਪ੍ਰੋਗਰਾਮ ਸਥਾਨਕ ਰੇਲਵੇ ਮੰਡੀ ਸਕੂਲ ਵਿੱਚ ਕੀਤਾ ਜਾਣਾ ਹੈ । ਇਸ ਮੌਕੇ ਤੇ ਜੋਨ ਐਡਵਾਈਜ਼ਰ ਐਲੀ. ਰਮੇਸ਼ ਕੁਮਾਰ ਨੇ ਨੌਰਥ ਮਲਟੀਪਲ ਦੀਆਂ ਗਤੀਵਿਧੀਆ ਨੂੰ ਧਿਆਨ ਵਿੱਚ ਰੱਖਦੇ ਹੋਏ ਜਲਦੀ ਹੀ ਨੌਰਥ ਮਲਟੀਪਲ ਪੱਧਰ ਦੇ ਇੱਕ ਟੂਰ ਪ੍ਰੋਗਰਾਮ ਦਾ ਆਯੋਜਨ ਕੀਤਾ ਜਾਣਾ ਹੈ। ਜਿਸ ਲਈ ਜੋਨ ਪਹਿਲਾ ਦੇ ਸਮੂਹ ਮੈਂਬਰਾਂ ਨੂੰ ਸਰਗਰਮੀ ਨਾਲ ਤਿਆਰੀ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਐਲੀ. ਅਸ਼ੋਕ ਪੁਰੀ ਨੇ ਦੱਸਿਆ ਕਿ ਸਾਨੂੰ ਅਲਾਇੰਸ ਕਲੱਬ ਇੰਟਰਨੈਸ਼ਨਲ ਦੇ ਵਿਧਾਨ ਨੂੰ ਮੁੱਖ ਰੱਖਦੇ ਹੋਏ ਗਤੀਵਿਧੀਆ ਕਰਨੀਆਂ ਚਾਹੀਦੀਆਂ ਹਨ। ਜਿਸ ਨਾਲ ਸਾਡੇ ਕਲੱਬਾਂ ਦੇ ਪ੍ਰਧਾਨ ਇੰਟਰਨੈਸ਼ਨਲ ਲਈ ਬੈਸਟ ਪ੍ਰੈਜੀਡੈਂਟ ਦਾ ਅਵਾਰਡ ਜਿਤ ਸਕਣ। ਇਸ ਮੌਕੇ ਤੇ ਜੋਨ ਦੀਆਂ ਗਤੀਵਿਧੀਆਂ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਪਾਸਟ ਡਿਸਟ੍ਰਿਕ ਗਵਰਨਰ ਐਲੀ. ਵਿਵੇਕ ਸਾਹਨੀ ਨੂੰ ਜੋਨ ਪਹਿਲਾ ਦੇ ਇੰਚਾਰਜ ਦੀਆਂ ਜਿੰਮੇਵਾਰੀਆਂ ਦਿੱਤੀਆਂ ਗਈਆਂ। ਮੀਟਿੰਗ ਦੇ ਅਖੀਰ ਵਿੱਚ ਐਲੀ. ਅਜੇ ਸਹਿਦੇਵ, ਐਲੀ. ਅਜੇ ਸ਼ਾਰਧਾ, ਐਲੀ. ਰਮੇਸ਼ ਕੁਮਾਰ, ਐਲੀ. ਅਸ਼ਵਨੀ ਕੁਮਾਰ ਦੱਤਾ ਅਤੇ ਐਲੀ. ਅਸ਼ੋਕ ਪੁਰੀ ਨੇ ਐਲੀ. ਵਿਵੇਕ ਸਾਹਨੀ ਨੂੰ ਜੋਨ ਇੰਚਾਰਜ ਬਣਨ ਤੇ ਸਨਮਾਨਤ ਕੀਤਾ।

# ਚੀਫ਼ ਜਸਟਿਸ ਵੱਲੋਂ ਨਸ਼ਿਆਂ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਮੁੜ-ਵਸੇਬਾ ਲਈ ਮੁਹਿੰਮ ਦੀ ਸ਼ੁਰੂਆਤ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਭਾਰਤ ਦੇ ਚੀਫ਼ ਜਸਟਿਸ ਮਾਣਯੋਗ ਜਸਟਿਸ ਸੂਰਿਆ ਕਾਂਤ ਨੇ ਪੰਜਾਬ ਵਿੱਚ ਨੌਜਵਾਨ ਸੁਧਾਰ ਅਤੇ ਮੁੜ-ਵਸੇਬਾ ਮੁਹਿੰਮ ਦੀ ਸ਼ੁਰੂਆਤ ਕੀਤੀ, ਜੋ ਕਿ ਨੌਜਵਾਨਾਂ ਵਿੱਚ ਨਸ਼ਿਆਂ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਵੱਡ ਆਕਾਰੀ ਰਾਜ ਪੱਧਰੀ ਪਹਿਲਕਦਮੀ ਹੈ। ਇਸ ਮੁਹਿੰਮ ਦਾ ਉਦਘਾਟਨ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਕਾਰਜਕਾਰੀ ਚੀਫ਼ ਜਸਟਿਸ ਅਤੇ ਮਾਣਯੋਗ ਹਾਈ ਕੋਰਟ ਦੇ ਹੋਰ ਜੱਜ ਸਾਹਿਬਾਨ ਦੀ ਮੌਜੂਦਗੀ ਵਿੱਚ ਕੀਤਾ ਗਿਆ। ਪੰਜਾਬ ਰਾਜ ਕਾਨੂੰਨੀ ਸੇਵਾਵਾਂ



ਅਥਾਰਟੀ ਦੇ ਬੁਲਾਰੇ ਨੇ ਦੱਸਿਆ ਕਿ ਇਹ ਤ੍ਰੈਮਾਸੀ ਮੁਹਿੰਮ 18 ਜੁਲਾਈ ਤੋਂ 31 ਅਕਤੂਬਰ, 2026 ਤੱਕ ਸਾਰੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਰਾਹੀਂ ਮਿਸ਼ਨ ਮੋਡ ਵਿੱਚ ਚਲਾਈ ਜਾਵੇਗੀ। ਬੁਲਾਰੇ ਨੇ ਅੱਗੇ ਦੱਸਿਆ ਕਿ ਮੁਹਿੰਮ ਦਾ ਉਦੇਸ਼ ਮੁੜ-ਵਸੇਬਾ ਸਹੂਲਤਾਂ ਰਾਹੀਂ ਨਸ਼ਿਆਂ ਦੇ ਸ਼ਿਕਾਰ ਨੌਜਵਾਨਾਂ ਦੀ ਸਹਾਇਤਾ ਕਰਨਾ, ਨਸ਼ੀਲੇ ਪਦਾਰਥਾਂ ਦੀ ਵਰਤੋਂ ਨੂੰ ਰੋਕਣਾ, ਇਲਾਜ ਤੱਕ ਆਸਾਨ ਪਹੁੰਚ ਯਕੀਨੀ ਬਣਾਉਣ ਦੇ ਨਾਲ-ਨਾਲ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਸਿਹਤਮੰਦ ਅਤੇ ਨਸ਼ਾ ਮੁਕਤ ਜੀਵਨ ਜਿਉਣ ਲਈ ਉਤਸ਼ਾਹਿਤ ਕਰਨਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਪਹਿਲਕਦਮੀ ਲਈ ਤਿੰਨ-ਪੜਾਵੀ ਯੋਜਨਾ ਤਿਆਰ ਕੀਤੀ ਗਈ ਹੈ। ਪਹਿਲੇ ਪੜਾਅ ਤਹਿਤ 18-31 ਜੁਲਾਈ ਤੱਕ- ਸੰਸਥਾਗਤ ਤਿਆਰੀ, ਸਮਰੱਥਾ ਨਿਰਮਾਣ, ਜ਼ਿਲ੍ਹਾ ਮੈਪਿੰਗ ਅਤੇ ਸੰਵੇਦਨਸ਼ੀਲ ਖੇਤਰਾਂ ਅਤੇ ਵਿਅਕਤੀਆਂ ਦੀ ਪਛਾਣ ਕੀਤੀ ਜਾਵੇਗੀ। ਦੂਜੇ ਪੜਾਅ ਵਿੱਚ 1 ਤੋਂ 30 ਸਤੰਬਰ ਤੱਕ ਡੀ ਐੱਲ ਐੱਸ.ਏਜ਼. ਵੱਲੋਂ ਸਵੈ-ਇੱਛਤ ਸਲਾਹ-ਮਸ਼ਵਰਾ, ਪਰਵਾਰਕ ਸਲਾਹ-ਮਸ਼ਵਰਾ ਅਤੇ ਪੀੜਤ ਨੌਜਵਾਨਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਲਈ ਰੈਫਰ ਕਰਨਾ ਸ਼ਾਮਲ ਹੈ। ਜ਼ਿਕਰਯੋਗ ਹੈ ਕਿ ਲਾਭਪਾਤਰੀਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ। ਇਸੇ ਤਰ੍ਹਾਂ ਤੀਜਾ ਪੜਾਅ ਜੋ 1 ਤੋਂ 31 ਅਕਤੂਬਰ ਤੱਕ ਹੋਵੇਗਾ ,ਜਿਸ ਦੌਰਾਨ ਇਲਾਜ ਤੋਂ ਬਾਅਦ ਮੁੜ-ਵਸੇਬਾ ਅਤੇ ਫਾਲੋ-ਅੱਪ ਹੋਣਗੇ।